ਸੋਮਵਾਰ, 29 ਸਤੰਬਰ, 2025
14 ਅੱਸੂ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 119

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 29 SEPTEMBER, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12

## ਕਰੂਰ ਤ੍ਰਾਸਦੀ 'ਚ ਮ੍ਰਿਤਕਾਂ ਦੀ ਗਿਣਤੀ 40

### ਮਾਮਲਾ ਹਾਈ ਕੋਰਟ ਪੁੱਜਾ, ਸੀ ਬੀ ਆਈ ਜਾਂਚ ਦੀ ਮੰਗ



**ਚੇਨਈ :** ਅਦਾਕਾਰ ਤੋਂ ਸਿਆਸਤਦਾਨ ਬਣੇ ਵਿਜੇ ਦੀ ਅਗਵਾਈ ਵਾਲੀ ਟੀ ਵੀ ਕੇ ਨੇ ਐਤਵਾਰ ਮਦਰਾਸ ਹਾਈ ਕੋਰਟ ਤੋਂ ਭਗਦੜ ਮਾਮਲੇ ਦੀ ਸੀ ਬੀ ਆਈ ਜਾਂ ਸਿੱਟ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਟੀ ਵੀ ਕੇ ਨੇ ਮਦਰਾਸ ਹਾਈ ਕੋਰਟ ਦੇ ਜਸਟਿਸ ਐੱਮ ਧੰਡਪਾਣੀ ਦੇ ਸਾਹਮਣੇ ਜ਼ਿਕਰ ਕੀਤਾ ਕਿ ਪਾਰਟੀ ਵੱਲੋਂ 27 ਸਤੰਬਰ ਨੂੰ ਕਰੂਰ ਵਿੱਚ ਕਰਵਾਈ ਗਈ ਰੈਲੀ ਦੌਰਾਨ ਭਗਦੜ ਘਟਨਾ ਦੀ ਸੀ ਬੀ ਆਈ ਜਾਂ ਵਿਸ਼ੇਸ਼ ਜਾਂਚ ਟੀਮ ਤੋਂ ਜਾਂਚ ਕਰਵਾਈ ਜਾਵੇ। ਟੀ ਵੀ ਕੇ ਪਾਰਟੀ ਦੇ ਆਗੂ ਨਿਰਮਲ ਕੁਮਾਰ ਮੁਤਾਬਕ ਜੱਜ ਨੇ ਵਕੀਲਾਂ ਨੂੰ ਮਦਰਾਸ ਹਾਈ ਕੋਰਟ ਦੇ ਮਦੁਰਾਈ ਬੈਂਚ ਅੱਗੇ ਪਟੀਸ਼ਨ ਦਾਇਰ ਕਰਨ ਲਈ ਕਿਹਾ ਅਤੇ ਇਸ ਦੀ ਸੁਣਵਾਈ ਸੋਮਵਾਰ ਨੂੰ ਦੁਪਹਿਰ 2:15 ਵਜੇ ਹੋਵੇਗੀ। ਇਸ ਦੌਰਾਨ ਮਚੀ ਭਗਦੜ ਵਿਚ ਮਰਨ ਵਾਲਿਆਂ ਦੀ ਗਿਣਤੀ ਵਧ ਕੇ 40 ਹੋ ਗਈ ਹੈ। ਮ੍ਰਿਤਕਾਂ ਤੇ ਜ਼ਖ਼ਮੀਆਂ ਵਿੱਚ ਬੱਚੇ ਵੀ ਸ਼ਾਮਲ ਹਨ। ਭਗਦੜ ਦੌਰਾਨ ਬੇਹੋਸ਼ ਹੋਏ ਬਹੁਤ ਸਾਰੇ ਲੋਕਾਂ ਨੂੰ ਇਲਾਜ ਲਈ ਸਥਾਨਕ ਹਸਪਤਾਲਾਂ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ ਨੇ ਦੇਰ ਰਾਤ ਚੇਨਈ ਤੋਂ ਕਰੂਰ ਜਾ ਕੇ ਹਸਪਤਾਲ ਵਿਚ ਜ਼ਖ਼ਮੀਆਂ ਦੀ ਖ਼ਬਰਸਾਰ ਲਈ ਤੇ ਉਨ੍ਹਾਂ ਨੂੰ ਬਿਹਤਰ ਇਲਾਜ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ।

ਇਸੇ ਦੌਰਾਨ ਵਿਜੇ ਨੇ ਮਾਰੇ ਗਏ ਲੋਕਾਂ ਦੇ ਪਰਵਾਰਾਂ ਨੂੰ 20-20 ਲੱਖ ਰੁਪਏ ਦੇਣ ਦਾ ਐਲਾਨ ਕੀਤਾ ਹੈ। ਉਸ ਨੇ ਕਿਹਾ ਕਿ ਇਹ ਬਹੁਤ ਦੁਖਦਾਈ ਘਟਨਾ ਹੈ। ਪੀੜਤ ਪਰਵਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਉਸ ਨੇ ਕਿਹਾ ਕਿ ਮ੍ਰਿਤਕਾਂ ਦੇ ਪਰਵਾਰਾਂ ਨੂੰ 20-20 ਲੱਖ ਰੁਪਏ ਅਤੇ ਜ਼ਖ਼ਮੀਆਂ ਨੂੰ 2-2 ਲੱਖ ਰੁਪਏ ਦਿੱਤੇ ਜਾਣਗੇ।

## ਚੈਤਨਯਾਨੰਦ ਸਰਸਵਤੀ ਆਗਰਾ ਤੋਂ ਨੱਪਿਆ



**ਨਵੀਂ ਦਿੱਲੀ :** ਦਿੱਲੀ ਦੀ ਇੱਕ ਨਿੱਜੀ ਸੰਸਥਾ ਵਿੱਚ 17 ਵਿਦਿਆਰਥਣਾਂ ਦੇ ਜਿਨਸੀ ਸ਼ੋਸ਼ਣ ਦੇ ਮੁਲਜ਼ਮ ਅਖੌਤੀ ਧਾਰਮਕ ਆਗੂ ਚੈਤਨਯਾਨੰਦ ਸਰਸਵਤੀ ਨੂੰ ਉੱਤਰ ਪ੍ਰਦੇਸ਼ ਦੇ ਆਗਰਾ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਦਿੱਲੀ ਪੁਲਸ ਦੇ ਅਧਿਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਦੀ ਇੱਕ ਟੀਮ ਨੇ ਸੂਚਨਾ ਦੇ ਆਧਾਰ 'ਤੇ ਸਰਸਵਤੀ (62) ਨੂੰ ਆਗਰਾ ਵਿੱਚੋਂ ਕਾਬੂ ਕੀਤਾ। ਇਸ ਤੋਂ ਪਹਿਲਾਂ ਪੁਲਸ ਨੇ ਸਰਸਵਤੀ ਨਾਲ ਜੁੜੇ ਕਈ ਬੈਂਕ ਖਾਤਿਆਂ ਵਿੱਚ ਜਮ੍ਹਾਂ 8 ਕਰੋੜ ਰੁਪਏ ਦੇ ਲੈਣ-ਦੇਣ 'ਤੇ ਰੋਕ ਲਾ ਦਿੱਤੀ ਸੀ। ਅਖੌਤੀ ਧਾਰਮਿਕ ਆਗੂ ਵਿਰੁੱਧ ਦਰਜ ਐਫ ਆਈ ਆਰ ਮੁਤਾਬਕ ਉਹ ਵਿਦਿਆਰਥਣਾਂ ਨੂੰ ਦੇਰ ਰਾਤ ਆਪਣੇ ਕਮਰੇ ਵਿੱਚ ਆਉਣ ਅਤੇ ਉਨ੍ਹਾਂ ਨੂੰ ਇਤਰਾਜ਼ਯੋਗ ਸੰਦੇਸ਼ ਭੇਜਣ ਲਈ ਮਜਬੂਰ ਕਰਦਾ ਸੀ। ਉਸ 'ਤੇ ਆਪਣੇ ਫ਼ੋਨ ਰਾਹੀਂ ਉਨ੍ਹਾਂ ਦੀਆਂ ਗਤੀਵਿਧੀਆਂ ਦੀ ਨਿਗਰਾਨੀ ਕਰਨ ਦਾ ਵੀ ਦੋਸ਼ ਹੈ।

ਜਾਂਚ ਦੌਰਾਨ ਇਹ ਖੁਲਾਸਾ ਵੀ ਹੋਇਆ ਕਿ ਮੁਲਜ਼ਮ ਨੇ ਕਥਿਤ ਤੌਰ 'ਤੇ

• ਬਾਕੀ ਸਫਾ 2 'ਤੇ

## ਮੋਗਾ 'ਚ ਲਾਲ ਵਰਦੀਧਾਰੀ ਜਵਾਨੀ ਵੱਲੋਂ ਵਿਸ਼ਾਲ ਸੰਮੇਲਨ ਤੇ ਮਾਰਚ

### ਨੌਜਵਾਨ ਪੀੜ੍ਹੀ ਨੂੰ ਭਗਤ ਸਿੰਘ ਦਾ ਗਹਿਨ ਅਧਿਐਨ ਕਰਨਾ ਚਾਹੀਦੈ : ਜਗਰੂਪ







**ਮੋਗਾ :** ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਦੇ ਸੱਦੇ 'ਤੇ ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਐਤਵਾਰ ਸਥਾਨਕ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਸੈਂਕੜੇ ਲਾਲ ਵਰਦੀਧਾਰੀ ਨੌਜਵਾਨਾਂ ਅਤੇ ਵਿਦਿਆਰਥੀਆਂ ਵੱਲੋਂ ਵਿਸ਼ਾਲ ਬਨੇਗਾ ਵਲੰਟੀਅਰ ਸੰਮੇਲਨ ਉਪਰੰਤ ਬਾਜ਼ਾਰਾਂ ਵਿੱਚ ਵਿਸ਼ਾਲ ਮਾਰਚ ਕੀਤਾ ਗਿਆ। ਇਸ ਵਲੰਟੀਅਰ ਸੰਮੇਲਨ ਅਤੇ ਮਾਰਚ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਕਰਮਵੀਰ ਕੌਰ ਬੱਧਨੀ, ਸੂਬਾ ਸਕੱਤਰ ਚਰਨਜੀਤ ਛਾਂਗਾਰਾਏ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਕੁਮਾਰ ਧਰਮੂਵਾਲਾ, ਸੂਬਾ ਸਕੱਤਰ ਸੁਖਵਿੰਦਰ ਮਲੋਟ, ਸੂਬਾ ਮੀਤ ਪ੍ਰਧਾਨ ਜਗਵਿੰਦਰ ਕਾਕਾ, ਸੂਬਾ ਖਜ਼ਾਨਚੀ ਵਿਸ਼ਾਲ ਵਲਟੋਹਾ ਅਤੇ ਸ਼ੁਬੇਗ ਝੰਗੜਭੈਣੀ ਨੇ ਕੀਤੀ। ਇਸ ਮੌਕੇ ਪੰਜਾਬ ਭਰ ਵਿੱਚੋਂ ਸੈਂਕੜੇ ਨੌਜਵਾਨਾਂ ਅਤੇ ਵਿਦਿਆਰਥੀਆਂ ਨੇ ਭਗਤ ਸਿੰਘ ਦੀ ਫੋਟੋ ਅਤੇ ਬਨੇਗਾ ਵਾਲੀਆਂ ਟੀ ਸ਼ਰਟਾਂ ਪਹਿਨ ਕੇ ਇਸ ਇਤਿਹਾਸਕ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ।

ਸਮਾਗਮ ਦਾ ਉਦਘਾਟਨ ਅਤੇ ਸਵਾਗਤੀ ਭਾਸ਼ਣ ਪਰਮਜੀਤ ਢਾਬਾਂ ਸਾਬਕਾ ਸੂਬਾ ਪ੍ਰਧਾਨ ਸਰਬ ਭਾਰਤ ਨੌਜਵਾਨ ਸਭਾ ਨੇ ਕੀਤਾ। ਉਹਨਾ ਇਸ ਮੌਕੇ ਪਰਮਗੁਣੀ ਭਗਤ ਸਿੰਘ ਦੇ ਜਨਮ ਦਿਨ ਦੀਆਂ ਸਭ ਨੂੰ ਮੁਬਾਰਕਾਂ ਦਿੱਤੀਆਂ ਅਤੇ ਕਿਹਾ ਕਿ ਪਰਮਗੁਣੀ ਭਗਤ ਸਿੰਘ ਦਾ ਸਮੁੱਚਾ ਜੀਵਨ ਦੇਸ਼ ਨੂੰ ਆਜ਼ਾਦ ਕਰਵਾ ਕੇ ਸਮਾਜਵਾਦੀ ਪ੍ਰਬੰਧ ਸਥਾਪਤ ਕਰਨ ਦੇ ਸੰਘਰਸ਼ ਵਿੱਚ ਗੁਜ਼ਰਿਆ। ਅੱਜ ਦੀ ਨੌਜਵਾਨ ਪੀੜ੍ਹੀ ਨੂੰ ਉਹਨਾ ਦੇ ਇਨਕਲਾਬੀ ਜੀਵਨ ਤੋਂ ਸੇਧ ਲੈਣੀ ਚਾਹੀਦੀ ਹੈ।

ਵਲੰਟੀਅਰ ਸੰਮੇਲਨ ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਦਿਆਂ ਬਨੇਗਾ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਜਗਰੂਪ ਸਿੰਘ ਨੇ ਪਰਮਗੁਣੀ ਭਗਤ ਸਿੰਘ ਦੇ ਜਨਮ ਦਿਨ ਦੀਆਂ ਅਮੁੱਕ ਮੁਬਾਰਕਾਂ ਦਿੰਦਿਆਂ ਭਗਤ ਦੇ ਜੀਵਨ ਫਲਸਫੇ ਨੂੰ ਸਲਾਮ ਪੇਸ਼ ਕੀਤੀ। ਉਹਨਾ ਆਪਣੇ ਸੰਬੋਧਨ ਵਿੱਚ ਕਿਹਾ ਕਿ ਪਰਮਗੁਣੀ ਭਗਤ ਸਿੰਘ ਇਕ ਮਹਾਨ ਸ਼ਹੀਦ ਹੋਣ ਦੇ ਨਾਲ-ਨਾਲ ਉੱਚ ਕੋਟੀ ਦਾ ਵਿਦਵਾਨ ਵੀ ਸੀ। ਉਸ ਨੇ ਆਪਣੀ ਵਿਦਵਤਾ ਦੇ ਬਲ 'ਤੇ ਹੀ ਦੁਨੀਆ ਦਾ ਧਿਆਨ ਆਪਣੇ ਵੱਲ ਖਿੱਚਿਆ ਹੈ। ਉਹਨਾ ਕਿਹਾ ਕਿ ਭਗਤ ਦੀ ਜੇਲ੍ਹ ਡਾਇਰੀ ਅਤੇ ਹੱਥਾਂ ਲਿਖਤਾਂ ਉਸ ਦੀ ਵਿਦਵਤਾ ਦਾ ਉਤਮ ਸਬੂਤ ਹਨ। ਆਗੂਆਂ ਨੇ ਮੌਜੂਦਾ ਨੌਜਵਾਨ ਪੀੜ੍ਹੀ ਨੂੰ ਭਗਤ ਸਿੰਘ ਦਾ ਗਹਿਨ ਅਧਿਐਨ ਕਰਨ ਅਤੇ ਭਗਤ ਸਿੰਘ ਦੇ ਸੁਪਨਿਆਂ ਦਾ ਸਮਾਜ ਬਣਾਉਣ ਲਈ ਅੱਗੇ ਆਉਣ ਦੀਆਂ ਅਪੀਲ ਕੀਤੀ।

ਇਸ ਮੌਕੇ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਕਰਮਵੀਰ ਬੱਧਨੀ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ ਨੇ ਭਗਤ ਸਿੰਘ ਦੇ ਜਨਮ ਦਿਨ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਭਗਤ ਸਿੰਘ ਦੀ ਵਾਰਿਸ ਜਵਾਨੀ ਉਹਨਾ ਦੇ ਪਾਏ ਪੂਰਨਿਆਂ ਚੱਲ ਕੇ ਇਕ ਵੱਡੀ ਲਾਮਬੰਦੀ ਕਰ ਰਹੀ ਹੈ, ਜੋ ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ ਦੇਸ਼ ਦੀ ਪਾਰਲੀਮੈਂਟ ਵਿੱਚੋਂ ਪਾਸ ਕਰਵਾਉਣ ਲਈ ਚੱਲ ਰਹੇ ਸੰਘਰਸ਼ ਨੂੰ ਹੋਰ ਤੇਜ਼ ਕਰੇਗੀ। ਨੌਜਵਾਨਾਂ-ਵਿਦਿਆਰਥੀਆਂ ਦੇ ਆਗੂਆਂ ਨੇ ਕਿਹਾ ਕਿ ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ (ਬਨੇਗਾ) ਹਰ ਇਕ ਲਈ ਰੁਜ਼ਗਾਰ ਦੀ ਗਾਰੰਟੀ ਕਰਕੇ ਸਭ ਦੇ ਚੰਗੇ ਭਵਿੱਖ ਦੀ ਆਸ ਨੂੰ ਪੂਰਾ ਕਰਦਾ ਹੈ। ਇਸ ਮੌਕੇ ਏ ਆਈ ਐੱਸ ਐੱਫ ਦੇ ਸੂਬਾ ਸਕੱਤਰ ਸੁਖਵਿੰਦਰ ਮਲੋਟ ਨੇ ਕਿਹਾ ਕਿ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਭਗਤ ਸਿੰਘ ਦੇ ਵਿਚਾਰਾਂ ਨਾਲ ਲੈਸ ਹੋ ਕੇ ਉਹਨਾ ਦੇ ਸੁਪਨਿਆਂ ਦਾ ਸਮਾਜ ਸਥਾਪਤ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

ਇਸ ਇਤਿਹਾਸਕ ਦਿਨ ਮੌਕੇ ਸਰਬ ਭਾਰਤ ਨੌਜਵਾਨ ਸਭਾ ਦੇ ਸਾਬਕਾ ਸੂਬਾ ਸਕੱਤਰ ਕੁਲਦੀਪ ਭੋਲਾ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਜਗਸੀਰ ਖੋਸਾ, ਏ ਆਈ ਐੱਸ ਐੱਫ ਦੇ ਆਗੂ ਨਵਜੋਤ ਕੌਰ ਬਿਲਾਸਪੁਰ, ਕਿਸਾਨ ਆਗੂ ਬਲਕਾਰ ਦੁਧਾਲਾ ਨੇ ਕਿਹਾ ਕਿ ਅੱਜ ਸਮਾਜ ਵਿੱਚ ਹੋ ਰਹੇ ਹਰ ਤਰ੍ਹਾਂ ਦੇ ਸੰਘਰਸ਼ ਦੀ ਅਗਵਾਈ ਪਰਮਗੁਣੀ ਭਗਤ ਸਿੰਘ ਦੀ ਵਿਚਾਰਧਾਰਾ ਕਰ ਰਹੀ ਹੈ, ਜਿਸ ਨਾਲ ਭਗਤ ਸਿੰਘ ਦਾ ਵਿਚਾਰਧਾਰਕ ਕੱਦ ਦੁਨੀਆ ਵਿੱਚ ਹੋਰ ਵੱਡਾ ਹੋ ਰਿਹਾ ਹੈ। ਆਗੂਆਂ ਕਿਹਾ ਕਿ ਆਜ਼ਾਦੀ ਤੋਂ ਬਾਅਦ ਬਣੀਆਂ ਸਰਮਾਏਦਾਰੀ ਸਰਕਾਰਾਂ ਵੱਲੋਂ ਭਗਤ ਸਿੰਘ ਦੀ ਸੋਚ ਵਿੱਚ ਖੋਟ ਰਲਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ

• ਬਾਕੀ ਸਫਾ 2 'ਤੇ


## ਭਾਰਤ ਫੈਸਲੇ ਲੈਣ ਦੀ ਆਜ਼ਾਦੀ ਨੂੰ ਕਾਇਮ ਰੱਖੇਗਾ : ਜੈਸ਼ੰਕਰ

**ਜਨੇਵਾ :** ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਕਿਹਾ ਕਿ ਭਾਰਤ ਬਦਲ ਦੀ ਚੋਣ ਕਰਨ ਦੀ ਆਪਣੀ ਆਜ਼ਾਦੀ ਨੂੰ ਹਮੇਸ਼ਾ ਕਾਇਮ ਰੱਖੇਗਾ। ਉਨ੍ਹਾ ਕਿਹਾ ਕਿ ਭਾਰਤ ਸਮਕਾਲੀ ਵਿਸ਼ਵ ਵਿਚ ਤਿੰਨ ਪ੍ਰਮੁੱਖ ਸਿਧਾਂਤਾਂ—'ਸਵੈ-ਨਿਰਭਰਤਾ', 'ਸਵੈ-ਰੱਖਿਆ' ਤੇ 'ਸਵੈ-ਵਿਸ਼ਵਾਸ' ਉੱਤੇ ਅੱਗੇ ਵਧ ਰਿਹਾ ਹੈ। ਜੈਸ਼ੰਕਰ ਨੇ ਪਾਕਿਸਤਾਨ ਦੇ ਅਸਿੱਧੇ ਹਵਾਲੇ ਨਾਲ ਗੁਆਂਢੀ ਮੁਲਕ ਨੂੰ 'ਅੱਤਵਾਦ ਦਾ ਕੇਂਦਰ' ਦੱਸਿਆ। ਜੈਸ਼ੰਕਰ ਨੇ ਸੰਯੁਕਤ ਰਾਸ਼ਟਰ ਜਨਰਲ ਅਸੈਂਬਲੀ ਦੇ 80ਵੇਂ ਉੱਚ ਪੱਧਰੀ ਸੈਸ਼ਨ ਨੂੰ ਸੰਬੋਧਨ ਕਰਦਿਆਂ ਕਿਹਾ, 'ਭਾਰਤ ਦੇ ਲੋਕਾਂ ਵੱਲੋਂ ਨਮਸਕਾਰ।' ਉਨ੍ਹਾ ਆਲਮੀ ਆਗੂਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ 'ਆਪਣੇ 'ਤੇ ਟੇਕ' ਦਾ ਮਤਲਬ ਆਪਣੀਆਂ ਸਮਰਥਾਵਾਂ ਵਧਾਉਣਾ, ਆਪਣੀ ਤਾਕਤ ਵਧਾਉਣਾ ਤੇ ਆਪਣੀ ਪ੍ਰਤਿਭਾ ਨੂੰ ਅੱਗੇ ਵਧਣ ਦੇਣਾ ਹੈ। ਉਨ੍ਹਾ ਕਿਹਾ, 'ਚਾਹੇ ਇਹ ਮੈਨੂਫੈਕਚਰਿੰਗ ਖੇਤਰ ਹੋਵੇ, ਪੁਲਾੜ ਪ੍ਰੋਗਰਾਮ, ਫਾਰਮਾਸਿਊਟੀਕਲ ਉਤਪਾਦਨ ਜਾਂ ਡਿਜੀਟਲ ਐਪਲੀਕੇਸ਼ਨਾਂ ਵਿੱਚ ਹੋਵੇ, ਅਸੀਂ ਪਹਿਲਾਂ ਹੀ ਨਤੀਜੇ ਦੇਖ ਰਹੇ ਹਾਂ। ਭਾਰਤ ਵਿੱਚ ਨਿਰਮਾਣ ਅਤੇ ਨਵੀਨਤਾ ਦਾ ਲਾਭ ਕੁੱਲ ਆਲਮ ਨੂੰ ਵੀ ਮਿਲਦਾ ਹੈ।' ਜੈਸ਼ੰਕਰ ਨੇ 'ਸਵੈ-ਰੱਖਿਆ' ਬਾਰੇ ਵਿਸਥਾਰ ਨਾਲ ਗੱਲ ਕਰਦਿਆਂ ਕਿਹਾ ਕਿ ਭਾਰਤ ਆਪਣੇ ਲੋਕਾਂ ਦੀ ਰੱਖਿਆ ਕਰਨ ਅਤੇ ਦੇਸ਼ ਅਤੇ ਵਿਦੇਸ਼ ਵਿੱਚ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਕਰਨ ਲਈ ਵਚਨਬੱਧ ਹੈ।

ਜੈਸ਼ੰਕਰ ਨੇ ਕਿਹਾ ਕਿ ਅਜਿਹੇ ਸਮੇਂ ਜਦੋਂ ਯੂਕਰੇਨ ਅਤੇ ਪੱਛਮੀ ਏਸ਼ੀਆ ਵਿੱਚ ਦੋ ਅਹਿਮ ਟਕਰਾਅ ਚੱਲ ਰਹੇ ਹਨ, ਇਹ ਸਵਾਲ ਪੁੱਛਿਆ ਜਾਣਾ ਚਾਹੀਦਾ ਹੈ ਕਿ ਕੀ ਸੰਯੁਕਤ ਰਾਸ਼ਟਰ ਉਮੀਦਾਂ 'ਤੇ ਖਰਾ ਉਤਰਿਆ ਹੈ, ਉਨ੍ਹਾ ਕਿਹਾ, 'ਸਾਡੇ ਵਿੱਚੋਂ ਹਰੇਕ ਕੋਲ ਸ਼ਾਂਤੀ ਅਤੇ ਖੁਸ਼ਹਾਲੀ ਵਿੱਚ ਯੋਗਦਾਨ ਪਾਉਣ ਦਾ ਮੌਕਾ ਹੈ। ਟਕਰਾਅ ਦੇ ਮਾਮਲੇ ਵਿੱਚ ਖਾਸ

• ਬਾਕੀ ਸਫਾ 2 'ਤੇ

## ਮਿਥੁਨ ਮਨਹਾਸ ਦੀ ਨਵੇਂ ਬੀ ਸੀ ਸੀ ਆਈ ਪ੍ਰਧਾਨ ਵਜੋਂ ਚੋਣ



**ਨਵੀਂ ਦਿੱਲੀ :** ਦਿੱਲੀ ਦੇ ਸਾਬਕਾ ਕਪਤਾਨ ਮਿਥੁਨ ਮਨਹਾਸ ਨੂੰ ਭਾਰਤੀ ਕ੍ਰਿਕਟ ਕੰਟਰੋਲ ਬੋਰਡ ਦਾ ਨਵਾਂ ਪ੍ਰਧਾਨ ਚੁਣਿਆ ਗਿਆ ਹੈ। ਬੀ ਸੀ ਸੀ ਆਈ ਦੀ ਇਥੇ ਸਾਲਾਨਾ ਜਨਰਲ ਬਾਡੀ ਮੀਟਿੰਗ ਦੌਰਾਨ ਇਹ ਫੈਸਲਾ ਲਿਆ ਗਿਆ। ਇਸ ਦੌਰਾਨ ਅਮਿਤਾ ਸ਼ਰਮਾ ਨੂੰ ਮਹਿਲਾ ਟੀਮ ਦੀ ਚੋਣ ਕਰਨ ਵਾਲੀ ਕਮੇਟੀ ਦਾ ਪ੍ਰਧਾਨ ਬਣਾਇਆ ਗਿਆ ਹੈ। ਮਨਹਾਸ (45) ਬੀ ਸੀ ਸੀ ਆਈ ਦੇ 37ਵੇਂ ਪ੍ਰਧਾਨ ਬਣ ਗਏ ਹਨ, ਉਹ ਰੋਜਰ ਬਿੰਨੀ ਦੀ ਥਾਂ ਲੈਣਗੇ, ਜਿਨ੍ਹਾਂ ਪਿਛਲੇ ਮਹੀਨੇ 70 ਸਾਲ ਦੇ ਹੋਣ ਮਗਰੋਂ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਸੀ। ਸਾਬਕਾ ਹਰਫਨਮੌਲਾ ਖਿਡਾਰੀ ਮਨਹਾਸ ਨੇ 1997-98 ਤੇ 2016-17 ਦਰਮਿਆਨ 157 ਪਹਿਲੀ ਸ਼੍ਰੇਣੀ, 130 ਲਿਸਟ ਏ ਤੇ 55 ਆਈ ਪੀ ਐੱਲ ਮੈਚ ਖੇਡੇ ਹਨ।

## ਜਵੰਦਾ ਦੀ ਹਾਲਤ ਅਜੇ ਵੀ ਗੰਭੀਰ



**ਮੁਹਾਲੀ :** ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਮੁਹਾਲੀ ਦੇ ਫੋਰਟਿਸ ਹਸਪਤਾਲ ਵਿਚ ਪਹੁੰਚ ਕੇ ਪੰਜਾਬੀ ਗਾਇਕ ਰਾਜਵੀਰ ਜਵੰਦਾ ਦੀ ਖ਼ਬਰਸਾਰ ਲਈ। ਜਵੰਦਾ ਸਨਿੱਚਰਵਾਰ ਸ਼ਾਮੀਂ ਬੱਦੀ ਨੇੜੇ ਸੜਕ ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋ ਗਿਆ ਸੀ। ਗਾਇਕ ਦੀ ਹਾਲਤ ਗੰਭੀਰ ਦੱਸੀ ਜਾਂਦੀ ਹੈ। ਮੁੱਖ ਮੰਤਰੀ ਨੇ ਆਪਣੀ ਇਸ ਫੇਰੀ ਦੌਰਾਨ ਡਾਕਟਰਾਂ ਨਾਲ ਵੀ ਗੱਲਬਾਤ ਕੀਤੀ। ਉਨ੍ਹਾਂ ਜਵੰਦਾ ਦੇ ਪਰਵਾਰਕ ਮੈਂਬਰਾਂ ਨੂੰ ਵੀ ਹੌਸਲਾ ਦਿੱਤਾ ਅਤੇ ਉਨ੍ਹਾ ਦੇ ਜਲਦੀ ਠੀਕ ਹੋਣ ਦੀ ਉਮੀਦ ਪ੍ਰਗਟਾਈ। ਫੋਰਟਿਸ ਹਸਪਤਾਲ ਮੁਹਾਲੀ ਵੱਲੋਂ ਜਾਰੀ ਮੈਡੀਕਲ ਬੁਲੇਟਿਨ ਅਨੁਸਾਰ ਗਾਇਕ ਦੀ ਹਾਲਤ ਅਜੇ ਵੀ ਗੰਭੀਰ ਬਣੀ ਹੋਈ ਹੈ ਅਤੇ ਉਹ ਅਜੇ ਵੀ ਵੈਂਟੀਲੇਟਰ ਸਪੋਰਟ 'ਤੇ ਹਨ। ਜ਼ਿਕਰਯੋਗ ਹੈ ਕਿ ਬੱਦੀ ਤੋਂ ਸ਼ਿਮਲਾ ਜਾਂਦਿਆਂ ਜਵੰਦਾ ਦਾ ਬਾਈਕ ਇੱਕ ਪਸ਼ੂ ਨਾਲ ਟਕਰਾ ਗਿਆ ਸੀ। ਗਾਇਕ ਨੂੰ ਗੰਭੀਰ ਹਾਲਤ ਵਿੱਚ ਮੁਹਾਲੀ ਦੇ ਫੋਰਟਿਸ ਹਸਪਤਾਲ ਵਿੱਚ ਲਿਆਂਦਾ ਗਿਆ ਸੀ। ਉਨ੍ਹਾਂ ਦੇ ਸਿਰ ਅਤੇ ਗੋੜ੍ਹ ਦੀ ਹੱਡੀ ਵਿੱਚ ਕਾਫੀ ਸੱਟਾਂ ਵੱਜੀਆਂ ਹਨ ਅਤੇ ਉਨ੍ਹਾਂ ਨੂੰ ਦਿਲ ਦਾ ਦੌਰਾ ਵੀ ਪਿਆ ਹੈ।

## ਕੈਨੇਡਾ ਦੀ ਜੇਲ੍ਹ 'ਚੋਂ ਭੱਜਾ ਕਾਤਲ ਇੰਟਰਪੋਲ ਵੱਲੋਂ ਦੋਹਾ ਕਤਰ 'ਚ ਕਾਬੂ

**ਵੈਨਕੂਵਰ :** ਤਿੰਨ ਸਾਲ ਪਹਿਲਾਂ ਬ੍ਰਿਟਿਸ਼ ਕੋਲੰਬੀਆ ਦੀ ਜੇਲ੍ਹ 'ਚੋਂ ਫ਼ਰਾਰ ਹੋਏ 38 ਸਾਲਾ ਰਬੀਹ ਅਖਲੀਲ ਨੂੰ ਇੰਟਰਪੋਲ ਦੇ ਰੈੱਡ ਕਾਰਨਰ ਨੋਟਿਸ ਤਹਿਤ ਦੋਹਾ ਕਤਰ ਤੋਂ ਕਾਬੂ ਕੀਤਾ ਗਿਆ ਹੈ। ਕੈਨੇਡਾ ਦੀ ਕੇਂਦਰੀ ਪੁਲਸ ਵਲੋਂ ਉਸ ਨੂੰ ਵਾਪਸ ਲਿਆਉਣ ਲਈ ਰਸਮੀ ਕਾਰਵਾਈਆਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਉਸ ਨੂੰ ਹੱਤਿਆ ਅਤੇ ਨਸ਼ਾ ਤਸਕਰੀ ਦੇ ਦੋਸ਼ਾਂ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ। ਇੰਟਰਪੋਲ ਵੱਲੋਂ ਜਾਰੀ ਰਿਲੀਜ਼ ਅਨੁਸਾਰ ਅਖਲੀਲ ਦੀ ਗ੍ਰਿਫ਼ਤਾਰੀ ਵਿੱਚ ਦੋਹਾ ਦੀ ਕੌਮੀ ਬਿਊਰੋ ਤੇ ਉਥੋਂ ਦੇ ਗ੍ਰਹਿ ਵਿਭਾਗ ਵੱਲੋਂ ਭਰਵਾਂ ਸਹਿਯੋਗ ਦਿੱਤਾ ਗਿਆ।

## 100 ਫੁੱਟ ਉੱਚਾ ਤਿਰੰਗਾ ਲੋਕਾਂ ਨੂੰ ਸਮਰਪਤ

**ਖਟਕੜ ਕਲਾਂ (ਅਵਤਾਰ ਕਲੇਰ, ਕੁਲਵਿੰਦਰ ਸਿੰਘ ਦੁਰਗਾਪੁਰੀਆ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਸ਼ਹੀਦ-ਆਜ਼ਮ ਭਗਤ ਸਿੰਘ ਨੂੰ ਉਨ੍ਹਾ ਦੇ ਜਨਮ ਦਿਵਸ 'ਤੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਆਉਣ ਵਾਲੇ ਮਹੀਨਿਆਂ ਵਿੱਚ ਮਹਾਨ ਸ਼ਹੀਦ ਦੇ ਜੱਦੀ ਪਿੰਡ ਵਿਖੇ ਸ਼ਹੀਦ ਭਗਤ ਸਿੰਘ ਵਿਰਾਸਤੀ ਕੰਪਲੈਕਸ ਸੂਬੇ ਨੂੰ ਸਮਰਪਤ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਸ਼ਹੀਦ-ਏ-ਆਜ਼ਮ ਦੇ ਜਨਮ ਦਿਵਸ 'ਤੇ ਅਜਾਇਬਘਰ ਵਿੱਚ ਸਥਾਪਤ ਕੀਤਾ ਗਿਆ 100 ਫੁੱਟ ਉੱਚਾ ਤਿਰੰਗਾ ਝੰਡਾ ਵੀ ਲੋਕਾਂ ਨੂੰ ਸਮਰਪਤ ਕੀਤਾ। ਉਨ੍ਹਾ ਕਿਹਾ ਕਿ ਇਹ ਕੌਮੀ ਝੰਡਾ ਸ਼ਹੀਦ ਭਗਤ ਸਿੰਘ ਵਿਰਾਸਤੀ ਕੰਪਲੈਕਸ ਦਾ ਹਿੱਸਾ ਹੈ, ਜੋ ਸਾਰਿਆਂ ਲਈ ਸਤਿਕਾਰਤ ਇਸ ਸਥਾਨ ਦਾ ਮਾਣ-ਸਨਮਾਨ ਹੋਰ ਵਧਾਏਗਾ। ਉਨ੍ਹਾ ਕਿਹਾ ਕਿ 51.70 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਜਾ ਰਿਹਾ ਇਹ ਕੰਪਲੈਕਸ ਸ਼ਹੀਦ-ਏ-ਆਜ਼ਮ ਨੂੰ ਇੱਕ ਨਿਮਰ ਸ਼ਰਧਾਂਜਲੀ ਹੈ।

ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਇਹ ਕੰਪਲੈਕਸ ਸਿਰਫ਼ ਇੱਕ ਸਮਾਰਕ ਨਹੀਂ, ਸਗੋਂ ਇੱਕ ਵਿਲੱਖਣ ਅਨੁਭਵ ਹੋਵੇਗਾ, ਕਿਉਂਕਿ ਇਹ ਸੈਲਾਨੀਆਂ ਨੂੰ ਮਾਤ ਭੂਮੀ ਲਈ ਸ਼ਹੀਦ ਭਗਤ ਸਿੰਘ ਦੀ ਮਹਾਨ ਕੁਰਬਾਨੀ, ਉਨ੍ਹਾ ਦੀ ਡੂੰਘੀ ਸੂਝ-ਬੂਝ ਅਤੇ ਦਲੇਰਾਨਾ ਭਾਵਨਾ ਬਾਰੇ ਨੇੜਿਓਂ ਜਾਣਨ ਦਾ ਮੌਕਾ ਦੇਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦੇ-ਆਜ਼ਮ ਭਗਤ ਸਿੰਘ ਕੋਈ ਆਮ ਵਿਅਕਤੀ ਨਹੀਂ, ਸਗੋਂ ਇੱਕ ਸੋਚ ਸਨ ਅਤੇ ਸਾਨੂੰ ਦੇਸ਼ ਦੀ ਤਰੱਕੀ ਲਈ ਉਨ੍ਹਾ ਦੇ ਨਕਸ਼ੇ-ਕਦਮਾਂ 'ਤੇ ਚੱਲਣਾ ਚਾਹੀਦਾ ਹੈ।

ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਬੁੱਤ 'ਤੇ ਫੁੱਲ ਮਾਲਾ ਭੇਟ ਕੀਤੀ ਅਤੇ ਮਹਾਨ ਸ਼ਹੀਦ ਦੇ ਪਿਤਾ ਸਰਦਾਰ ਕਿਸ਼ਨ ਸਿੰਘ ਦੀ ਯਾਦਗਾਰ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਉਨ੍ਹਾ ਮਹਾਨ ਸ਼ਹੀਦ ਦੀ ਤਸਵੀਰ ਦੀ ਰੰਗੋਲੀ ਬਣਾਉਣ ਵਾਲੀ ਮਜਾਰਾ ਢੀਂਗਰੀਆਂ ਦੀ 11ਵੀਂ ਜਮਾਤ ਦੀ ਵਿਦਿਆਰਥਣ ਦੀਕਸ਼ਾ ਰਾਜੂ ਨੂੰ ਸ਼ਾਬਾਸ਼ ਵੀ ਦਿੱਤੀ।

## ਇਜ਼ਰਾਈਲ ਨੇ 66 ਹਜ਼ਾਰ ਤੋਂ ਵੱਧ ਫਲਸਤੀਨੀ ਮਾਰ'ਤੇ



**ਦੀਰ ਅਲ-ਬਲਾਹ :** ਗਾਜ਼ਾ ਦੇ ਸਿਹਤ ਮੰਤਰਾਲੇ ਵੱਲੋਂ ਐਤਵਾਰ ਜਾਰੀ ਅੰਕੜਿਆਂ ਮੁਤਾਬਕ ਇਜ਼ਰਾਈਲੀ ਹਮਲਿਆਂ ਕਾਰਨ ਮਰਨ ਵਾਲੇ ਫਲਸਤੀਨੀਆਂ ਦੀ ਗਿਣਤੀ 60 ਹਜ਼ਾਰ ਤੋਂ ਟੱਪ ਗਈ ਹੈ।

ਇਨ੍ਹਾਂ ਵਿੱਚੋਂ 79 ਪਿਛਲੇ 24 ਘੰਟਿਆਂ ਵਿੱਚ ਮਾਰੇ ਗਏ। ਮੰਤਰਾਲੇ ਮੁਤਾਬਕ ਹਮਾਸ ਵੱਲੋਂ 7 ਅਕਤੂਬਰ 2023 ਨੂੰ ਕੀਤੇ ਗਏ ਹਮਲੇ ਤੋਂ ਬਾਅਦ ਇਜ਼ਰਾਈਲ ਵੱਲੋਂ ਸ਼ੁਰੂ ਕੀਤੇ ਗਏ ਹਮਲਿਆਂ 'ਚ 66,005 ਲੋਕ ਮਾਰੇ ਗਏ ਹਨ ਤੇ 168,162 ਜ਼ਖ਼ਮੀ ਹੋਏ ਹਨ। ਮਰਨ ਵਾਲਿਆਂ ਵਿੱਚੋਂ ਅੱਧੇ ਬੱਚੇ ਤੇ ਔਰਤਾਂ ਹਨ।

ਮਾਹਰਾਂ ਮੁਤਾਬਕ ਗਾਜ਼ਾ ਵਿੱਚ ਕਾਲ ਵਾਲੀ ਹਾਲਤ ਹੈ ਤੇ 90 ਫੀਸਦੀ ਲੋਕ ਉਜੜਨ ਲਈ ਮਜਬੂਰ ਹੋਏ ਹਨ।

## ਛੱਤੀਸਗੜ੍ਹ 'ਚ ਇਸ ਸਾਲ ਮਾਰੇ ਜਾਣ ਵਾਲੇ ਮਾਓਵਾਦੀਆਂ ਦੀ ਗਿਣਤੀ 252



**ਕਾਂਕੇਰ :** ਸੁਰੱਖਿਆ ਬਲਾਂ ਨੇ ਐਤਵਾਰ ਛੱਤੀਸਗੜ੍ਹ ਦੇ ਕਾਂਕੇਰ ਜ਼ਿਲ੍ਹੇ ਵਿੱਚ ਇੱਕ ਮਹਿਲਾ ਕੇਡਰ ਸਣੇ ਤਿੰਨ ਮਾਓਵਾਦੀਆਂ ਨੂੰ ਮਾਰ ਦਿੱਤਾ। ਪੁਲਸ ਅਨੁਸਾਰ ਕਾਂਕੇਰ ਪੁਲਸ ਸਟੇਸ਼ਨ ਦੀ ਹੱਦ ਅੰਦਰ ਛਿੰਦਖੜਕ ਪਿੰਡ ਦੇ ਜੰਗਲੀ ਪਹਾੜੀ ਖੇਤਰ ਵਿੱਚ ਮੁਕਾਬਲਾ ਉਦੋਂ ਹੋਇਆ, ਜਦੋਂ ਕਾਂਕੇਰ ਅਤੇ ਗੈਰੀਆਬੰਦ ਤੋਂ ਜ਼ਿਲ੍ਹਾ ਰਿਜ਼ਰਵ ਗਾਰਡ ਦੀ ਟੀਮ ਨੇ ਬੀ ਐੱਸ ਐੱਫ ਦੇ ਜਵਾਨਾਂ ਨਾਲ ਮਿਲ ਕੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ।

ਕਾਂਕੇਰ ਦੇ ਐੱਸ ਐੱਸ ਪੀ ਆਈ ਕੇ ਏਲੇਸੇਲਾ ਨੇ ਕਿਹਾ ਕਿ ਗੋਲੀਬਾਰੀ ਦੌਰਾਨ ਦੋ ਮਾਓਵਾਦੀ ਅਤੇ ਇੱਕ ਮਹਿਲਾ ਮਾਓਵਾਦੀ ਨੂੰ ਮਾਰ ਦਿੱਤਾ ਗਿਆ, ਜਿਸ 'ਤੇ 14 ਲੱਖ ਰੁਪਏ ਦਾ ਇਨਾਮ ਸੀ। ਇਸ ਸਾਲ ਹੁਣ ਤਕ ਬਸਤਰ ਖੇਤਰ, ਜਿਸ ਵਿੱਚ ਕਾਂਕੇਰ, ਬਸਤਰ, ਕੋਂਡਾਗਾਓਂ, ਬੀਜਾਪੁਰ, ਦਾਂਤੇਵਾੜਾ, ਨਾਰਾਇਣਪੁਰ ਤੇ ਸੁਕਮਾ ਜ਼ਿਲ੍ਹੇ ਆਉਂਦੇ ਹਨ, ਵਿੱਚ 223 ਸਣੇ ਸੂਬੇ ਵਿੱਚ ਕੁਲ 252 ਮਾਓਵਾਦੀ ਮਾਰੇ ਗਏ ਹਨ। ਪਿਛਲੇ ਸਾਲ ਬਸਤਰ ਖੇਤਰ ਵਿੱਚ 217 ਸਣੇ ਸੂਬੇ ਵਿੱਚ 219 ਮਾਰੇ ਗਏ ਸਨ।

## ਹੜ੍ਹਾਂ ਦੌਰਾਨ 6515 ਪੰਛੀਆਂ ਤੇ 502 ਪਸ਼ੂਆਂ ਦੀ ਮੌਤ

**ਚੰਡੀਗੜ੍ਹ :** ਪੰਜਾਬ ਵਿੱਚ ਪਿਛਲੀ ਦਿਨੀਂ ਆਏ ਹੜ੍ਹ ਕਾਰਨ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਤ ਹੋਇਆ ਹੈ। ਹੜ੍ਹ ਕਾਰਨ ਜਿੱਥੇ ਆਮ ਲੋਕਾਂ ਦੀ ਜ਼ਿੰਦਗੀ ਲੀਹੋਂ ਲਹਿ ਗਈ, ਉੱਥੇ ਪਸ਼ੂ-ਪੰਛੀਆਂ ਦਾ ਵੀ ਭਾਰੀ ਨੁਕਸਾਨ ਹੋਇਆ ਹੈ। ਅਧਿਕਾਰਤ ਰਿਪੋਰਟ ਮੁਤਾਬਕ ਹੁਣ ਤੱਕ 59 ਜਣਿਆਂ ਦੀ ਮੌਤ ਹੋ ਚੁੱਕੀ ਹੈ। ਇਸੇ ਤਰ੍ਹਾਂ 6,515 ਪੰਛੀਆਂ ਅਤੇ 502 ਪਸ਼ੂਆਂ ਦੀ ਮੌਤ ਦਰਜ ਕੀਤੀ ਗਈ ਹੈ। ਸੂਬਾ ਸਰਕਾਰ ਨੇ ਇਸ ਮੁੱਦੇ 'ਤੇ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦਿਆ ਹੈ।

ਸੋਮਵਾਰ ਮੁੱਖ ਮੰਤਰੀ ਭਗਵੰਤ ਮਾਨ ਸਦਨ ਵਿੱਚ ਹੜ੍ਹ ਨਾਲ ਹੋਏ ਨੁਕਸਾਨ ਦੀ ਵਿਸਥਾਰਤ ਰਿਪੋਰਟ ਪੇਸ਼ ਕਰਨਗੇ ਅਤੇ ਪੀੜਤ ਲੋਕਾਂ ਤੇ ਪਸ਼ੂ ਪਾਲਕਾਂ ਲਈ ਮੁਆਵਜ਼ੇ ਦਾ ਐਲਾਨ ਕਰਨਗੇ। ਪਸ਼ੂ ਪਾਲਣ ਵਿਭਾਗ ਨੇ 23 ਸਤੰਬਰ ਤੱਕ ਦੇ ਨੁਕਸਾਨ ਨੂੰ ਆਧਾਰ ਬਣਾ ਕੇ ਰਿਪੋਰਟ ਤਿਆਰ ਕੀਤੀ ਹੈ। ਅੰਕੜਿਆਂ ਮੁਤਾਬਕ 6515 ਪੰਛੀਆਂ ਦੀ ਮੌਤ ਹੋਈ, ਜਿਨ੍ਹਾਂ ਵਿੱਚ ਸਭ ਤੋਂ ਵੱਧ 5,015 ਮੌਤਾਂ ਅੰਮ੍ਰਿਤਸਰ 'ਚ ਦਰਜ ਕੀਤੀਆਂ ਗਈਆਂ। ਪੋਲਟਰੀ ਫਾਰ ਸਭ ਤੋਂ ਵੱਧ ਪ੍ਰਭਾਵਿਤ ਹੋਏ। ਇਸੇ ਤਰ੍ਹਾਂ ਹੁਸ਼ਿਆਰਪੁਰ 'ਚ ਕਰੀਬ 1500 ਮੁਰਗੇ-ਮੁਰਗੀਆਂ ਦੀ ਮੌਤ ਹੋਈ। ਸੂਬੇ ਵਿੱਚ ਹੜ੍ਹ ਕਾਰਨ ਹੁਣ ਤੱਕ 502 ਪਸ਼ੂ ਮਾਰੇ ਗਏ ਜਾਂ ਪਾਣੀ 'ਚ ਰੁੜ੍ਹ ਗਏ।

ਸਭ ਤੋਂ ਵੱਧ ਮਾਰ ਅੰਮ੍ਰਿਤਸਰ ਜ਼ਿਲ੍ਹੇ 'ਤੇ ਪਈ, ਜਿੱਥੇ 218 ਪਸ਼ੂਆਂ ਦੀ ਮੌਤ ਹੋਈ। ਇਨ੍ਹਾਂ ਵਿੱਚ 172 ਸੂਰ, 18 ਵੱਛੇ, 22 ਵੱਛੀਆਂ ਅਤੇ ਇੱਕ ਘੋੜਾ ਸ਼ਾਮਲ ਹੈ। ਅਜਨਾਲਾ ਖੇਤਰ ਵਿੱਚ ਅਚਾਨਕ ਆਏ ਹੜ੍ਹ ਕਾਰਨ ਲੋਕ ਆਪਣੇ ਪਸ਼ੂਆਂ ਨੂੰ ਵੀ ਨਹੀਂ ਬਚਾ ਸਕੇ। ਗੁਰਦਾਸਪੁਰ ਵਿੱਚ 151 ਪਸ਼ੂਆਂ ਦੀ ਮੌਤ ਹੋਈ। ਇਸੇ ਤਰ੍ਹਾਂ ਫ਼ਿਰੋਜ਼ਪੁਰ ਵਿੱਚ ਇੱਕ ਵੱਛੇ ਸਣੇ ਦੋ ਪਸ਼ੂਆਂ ਦੇ ਮਾਰੇ ਜਾਣ ਦੀ ਪੁਸ਼ਟੀ ਹੋਈ ਹੈ। ਹੜ੍ਹ ਪ੍ਰਭਾਵਤ ਇਲਾਕਿਆਂ ਵਿੱਚ ਮਹਾਂਮਾਰੀ ਫੈਲਣ ਦਾ ਖ਼ਤਰਾ ਦੇਖਦਿਆਂ ਪਸ਼ੂ ਪਾਲਣ ਵਿਭਾਗ ਨੇ ਵੱਡੇ ਪੱਧਰ 'ਤੇ ਟੀਕਾਕਰਨ ਮੁਹਿੰਮ ਸ਼ੁਰੂ ਕੀਤੀ ਹੈ। ਵਿਭਾਗ ਮੁਤਾਬਕ

• ਬਾਕੀ ਸਫਾ 2 'ਤੇ

## ਕਿਸਾਨਾਂ ਦਾ ਦਿਲ ਜਿੱਤਣ ਲਈ ਆਈ ਈ ਸੀ ਯੋਜਨਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਸੂਬੇ ਵਿੱਚ ਪਰਾਲੀ ਸਾੜਨ ਦੀ ਗੰਭੀਰ ਸਮੱਸਿਆ ਨਾਲ ਨਜਿੱਠਣ ਅਤੇ ਟਿਕਾਊ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਤ ਕਰਨ ਵੱਲ ਅਹਿਮ ਕਦਮ ਚੁੱਕਦਿਆਂ ਪੰਜਾਬ ਸਰਕਾਰ ਵੱਲੋਂ ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ ਆਰ ਐੱਮ) ਲਈ ਇੱਕ ਵਿਆਪਕ ਅਤੇ ਅਭਿਲਾਸ਼ੀ ਸੂਚਨਾ, ਸਿੱਖਿਆ ਅਤੇ ਸੰਚਾਰ (ਆਈ ਈ ਸੀ) ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ। ਇਹ ਐਲਾਨ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕੀਤਾ।

ਉਹਨਾ ਦੱਸਿਆ ਕਿ ਇਸ ਵਿਆਪਕ ਮੁਹਿੰਮ ਦਾ ਉਦੇਸ਼ ਸੂਬੇ ਦੇ ਭਾਈਚਾਰਿਆਂ, ਵਿਦਿਆਰਥੀਆਂ ਅਤੇ ਕਿਸਾਨਾਂ ਨੂੰ ਸਿੱਧੇ ਤੌਰ 'ਤੇ ਸ਼ਾਮਲ ਕਰਨਾ ਹੈ, ਤਾਂ ਜੋ ਵਾਤਾਵਰਣ ਅਨੁਕੂਲ ਅਭਿਆਸਾਂ ਵੱਲ ਵਿਹਾਰਕ ਤਬਦੀਲੀ ਲਿਆਂਦੀ ਜਾ ਸਕੇ ਅਤੇ ਟਿਕਾਊ ਖੇਤੀਬਾੜੀ ਨੂੰ ਉਤਸ਼ਾਹਤ ਕੀਤਾ ਜਾ ਸਕੇ। ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਬਹੁ-ਪੱਖੀ ਆਈ ਈ ਸੀ ਰਣਨੀਤੀ ਵਿੱਚ ਵੱਧ ਤੋਂ ਵੱਧ ਪਹੁੰਚ ਅਤੇ ਪ੍ਰਭਾਵ ਨੂੰ ਯਕੀਨੀ ਬਣਾਉਣ ਲਈ ਤਿਆਰ ਕੀਤੀਆਂ ਗਈਆਂ ਗਤੀਵਿਧੀਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਸ਼ਾਮਲ ਹੈ। ਜਾਣਕਾਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਸਾਰਤ ਕਰਨ ਲਈ ਵਿਭਾਗ ਵੱਲੋਂ ਪੇਂਡੂ ਖੇਤਰਾਂ ਵਿੱਚ ਜਾਣਕਾਰੀ ਭਰਪੂਰ ਸੰਦੇਸ਼ ਪ੍ਰਸਾਰਤ ਕਰਨ ਲਈ 50 ਸਮਰਪਿਤ ਪ੍ਰਚਾਰ ਵੈਨਾਂ ਤਾਇਨਾਤ ਕੀਤੀਆਂ ਜਾਣਗੀਆਂ। ਇਸ ਤੋਂ ਇਲਾਵਾ ਸੱਭਿਆਚਾਰਕ ਢੰਗ ਨਾਲ ਸੰਦੇਸ਼ ਪਹੁੰਚਾਉਣ ਲਈ 444 'ਨੁੱਕੜ ਨਾਟਕ' ਕਰਵਾਏ ਜਾਣਗੇ। ਉਨ੍ਹਾ ਦੱਸਿਆ ਕਿ ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ ਆਰ ਐੱਮ) ਦੇ ਫਾਇਦਿਆਂ ਅਤੇ ਝੋਨੇ ਦੀ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਨੂੰ ਉਜਾਗਰ ਕਰਨ ਲਈ ਸੂਬੇ ਭਰ ਵਿੱਚ 12,500 ਜਾਣਕਾਰੀ ਭਰਪੂਰ ਕੰਧ ਚਿੱਤਰ ਬਣਾਏ ਜਾਣਗੇ।

ਖੁੱਡੀਆਂ ਨੇ ਕਿਹਾ ਕਿ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ ਆਰ ਐੱਮ) ਬਾਰੇ ਜਾਣਕਾਰੀ, ਮਾਹਰਾਂ ਦੀ ਸਲਾਹ ਅਤੇ ਸਰਕਾਰੀ ਯੋਜਨਾਵਾਂ ਤੱਕ ਸਿੱਧੀ ਪਹੁੰਚ ਪ੍ਰਦਾਨ ਕਰਨ ਲਈ 3,333 ਪਿੰਡ-ਪੱਧਰੀ ਕੈਂਪ ਅਤੇ 296 ਬਲਾਕ-ਪੱਧਰੀ ਕੈਂਪ ਲਗਾਏ ਜਾਣਗੇ, ਜਿਸ ਨਾਲ ਉਨ੍ਹਾਂ ਨੂੰ ਟਿਕਾਊ ਅਭਿਆਸਾਂ ਨੂੰ ਅਪਣਾਉਣ ਲਈ ਜਾਗਰੂਕ ਕੀਤਾ ਜਾ ਸਕੇਗਾ। ਇਸ ਤੋਂ ਇਲਾਵਾ ਹਰ ਪਰਿਵਾਰ ਤੱਕ ਨਿੱਜੀ ਤੌਰ 'ਤੇ ਸੰਦੇਸ਼ ਪਹੁੰਚਾਉਣ ਲਈ 148 ਆਸ਼ਾ ਵਰਕਰਾਂ ਨੂੰ ਪਿੰਡਾਂ ਵਿੱਚ ਘਰ-ਘਰ ਜਾਗਰੂਕਤਾ ਮੁਹਿੰਮਾਂ ਚਲਾਉਣ ਲਈ ਲਾਮਬੰਦ ਕੀਤਾ ਜਾਵੇਗਾ। ਸਕੂਲੀ ਵਿਦਿਆਰਥੀਆਂ ਵਿੱਚ ਛੋਟੀ ਉਮਰ ਤੋਂ ਹੀ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਤਾਮਿਲ ਨਾਡੂ ਵਿੱਚ ਮੱਚੀ ਹੈ ਫੇਰ ਭਾਜੜ,
ਸੱਠ ਕੁ ਲੋਕਾਂ ਦੀ ਚਲੀ ਗਈ ਜਾਨ ਬੇਲੀ।
ਐਕਟਰ ਕਿਸੇ ਬੁਲਾਇਆ ਤੇ ਲੋਕ ਆਏ,
ਰਾਜਸੀ ਲੱਗਾ ਇਹ ਖੋਲ੍ਹਣ ਦੁਕਾਨ ਬੇਲੀ।
ਲੋਕੀਂ ਦੱਖਣ ਦੇ ਫਿਲਮ ਪਰਭਾਵ ਅੰਦਰ,
ਜਾਣਦੇ ਐਕਟਰ ਨੂੰ ਹਨ ਭਗਵਾਨ ਬੇਲੀ।
ਭਾਜੜ ਮੌਕੇ ਹਨ ਮਰਦੇ ਤਾਂ ਆਮ ਲੋਕੀਂ,
ਪਿੱਛੋਂ ਮੁਆਵਜ਼ੇ ਦੇ ਆਏ ਐਲਾਨ ਬੇਲੀ।
ਬੁੱਧੂ ਸਮਝਣ ਤੇ ਵਰਤਣ ਦੀ ਖੇਡ ਸਾਰੀ,
ਅਕਲ ਲੋਕਾਂ ਨੂੰ ਅਜੇ ਨਹੀਂ ਆਈ ਬੇਲੀ।
ਕੱਟੇ ਦੇ ਸਿੰਗ ਨੂੰ ਜੀਹਦਾ ਵੀ ਹੱਥ ਪੈਂਦਾ,
ਜਾਂਦਾ ਫਿਰ ਖੇਹ ਹੀ ਉਹ ਉਡਾਈ ਬੇਲੀ।

-ਤੀਸ ਮਾਰ ਖਾਂ

## ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਭਖ਼ਦੇ ਮੁੱਦਿਆਂ 'ਤੇ ਵਿਚਾਰ-ਚਰਚਾ



**ਜਲੰਧਰ :** ਗਦਰ ਲਹਿਰ ਦੀ ਬਗੀਚੀ 'ਚ ਖਿੜੇ ਸੂਹੇ ਫੁੱਲ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ ਐਤਵਾਰ ਦੇਸ਼ ਭਗਤ ਯਾਦਗਾਰ ਹਾਲ ਵਿਖੇ ਬਹੁਤ ਹੀ ਗੰਭੀਰ ਵਿਚਾਰ-ਚਰਚਾ ਅਤੇ ਅਜੋਕੇ ਸਮੇਂ ਦੇ ਭਖ਼ਦੇ ਮੁੱਦਿਆਂ ਉਪਰ ਕੇਂਦਰਤ ਕਰਕੇ ਮਨਾਇਆ ਗਿਆ।

ਸਮਾਗਮ ਦੀ ਸ਼ੁਰੂਆਤ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਵੱਲੋਂ ਸਤੰਬਰ ਮਹੀਨੇ ਦੀਆਂ ਇਤਿਹਾਸਿਕ ਘਟਨਾਵਾਂ ਅਤੇ ਨਾਇਕਾਂ ਦੀ ਦੇਣ ਉਪਰ ਰੌਸ਼ਨੀ ਪਾਉਣ ਨਾਲ ਹੋਈ। ਉਹਨਾ ਕਈ ਹੋਰ ਪੱਖਾਂ ਨੂੰ ਛੋਹਣ ਦੇ ਨਾਲ਼-ਨਾਲ਼ ਪਹਿਲੀ ਨਵੰਬਰ ਗ਼ਦਰੀ ਗੁਲਾਬ ਕੌਰ ਨੂੰ ਸਮਰਪਿਤ ਨੇੜੇ ਢੁਕ ਰਹੇ ਗਦਰੀ ਬਾਬਿਆਂ ਦੇ ਮੇਲੇ ਬਾਰੇ ਜਾਣਕਾਰੀ ਦਿੰਦਿਆਂ ਸਭ ਨੂੰ ਸਹਿਯੋਗ ਦੇਣ ਅਤੇ ਹੁੰਮ-ਹੁਮਾ ਕੇ ਪੁੱਜਣ ਦੀ ਅਪੀਲ ਕੀਤੀ। ਸਮਾਗਮ 'ਚ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਪੱਤਰਕਾਰ ਜਗਤ ਦੀ ਸ਼ਖ਼ਸੀਅਤ ਸਤਨਾਮ ਸਿੰਘ ਮਾਣਕ, ਡਾਕਟਰ ਪਰਮਿੰਦਰ ਸਿੰਘ, ਚਿਰੰਜੀ ਲਾਲ ਕੰਗਣੀਵਾਲ, ਸੁਰਿੰਦਰ ਕੁਮਾਰੀ ਕੋਛੜ, ਲਾਇਬ੍ਰੇਰੀ ਦੀ ਇੱਕ ਵਿਦਿਆਰਥਣ ਅਤੇ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ ਨੇ ਆਪਣੇ ਵਿਚਾਰ ਰੱਖੇ।

ਸਮੂਹ ਬੁਲਾਰਿਆਂ ਨੇ ਸ਼ਹੀਦ ਭਗਤ ਸਿੰਘ ਦੇ ਪਰਿਵਾਰਕ ਜੀਵਨ, ਬਚਪਨ, ਵਿਦਿਆਕ ਅਦਾਰਿਆਂ, ਲਾਇਬ੍ਰੇਰੀਆਂ, ਸਾਹਿਤ ਚਿੰਤਨ, ਇਤਿਹਾਸ ਅਤੇ ਜ਼ਿੰਦਗੀ ਦੇ ਬੇਸ਼ੁਮਾਰ ਪੱਖਾਂ ਬਾਰੇ ਚਾਨਣਾ ਪਾਇਆ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਭਗਤ ਸਿੰਘ ਸਾਮਰਾਜਵਾਦ ਤੋਂ ਮੁਕਤ ਆਜ਼ਾਦ, ਧਰਮ ਨਿਰਪੱਖ, ਅਗਾਂਹਵਧੂ ਸਮਾਜ ਸਿਰਜਣ ਲਈ ਭਾਰਤੀ ਇਨਕਲਾਬ ਦਾ ਅੱਜ ਵੀ ਚਮਕਦਾ ਸੂਹਾ ਸਿਤਾਰਾ ਹੈ। ਬੁਲਾਰਿਆਂ ਨੇ ਸੋਨਮ ਵਾਂਗਚੁੱਕ ਦੀ ਗ੍ਰਿਫ਼ਤਾਰੀ ਦੀ ਜ਼ੋਰਦਾਰ ਨਿੰਦਾ ਕੀਤੀ। ਪੰਜਾਬ ਅੰਦਰ ਹੁਸ਼ਿਆਰਪੁਰ ਦੀ ਘਟਨਾ ਨੂੰ ਲੈ ਕੇ ਵਿਸ਼ੇਸ਼ ਭਾਈਚਾਰੇ ਨੂੰ ਹਮਲੇ ਦਾ ਨਿਸ਼ਾਨਾ ਬਣਾਉਣ ਅਤੇ ਹੜ੍ਹ ਪੀੜਤਾਂ ਸਮੇਤ ਹਰ ਮਸਲੇ ਮੌਕੇ ਲੋਕਾਂ ਦੀ ਬਾਂਹ ਫੜਨ ਵਾਲਿਆਂ ਖਿਲਾਫ਼ ਜ਼ਹਿਰ ਉਗਲਣ ਦਾ ਸਖ਼ਤ ਨੋਟਿਸ ਲਿਆ। ਅਛੂਤ, ਜਾਤ-ਪਾਤ ਦਾ ਸਵਾਲ, ਫਲਸਤੀਨ ਦੇ ਲੋਕਾਂ ਦਾ ਨਸਲਘਾਤ, ਆਦਿਵਾਸੀਆਂ ਅਤੇ ਕਮਿਊਨਿਸਟ ਇਨਕਲਾਬੀਆਂ 'ਤੇ ਹਮਲੇ ਬੰਦ ਕਰਨ ਦੀ ਆਵਾਜ਼ ਉਠਾਈ। ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਸਲਾਮ ਕਰਨ ਜਾਣ ਤੋਂ ਰੋਕਣ ਲਈ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਕਾਰਕੁਨਾਂ ਦੇ ਘਰਾਂ ਅੰਦਰ ਛਾਪੇ ਮਾਰਨ ਦੀ ਨਿੰਦਾ ਕੀਤੀ ਗਈ। ਬਦਲਾ ਨਹੀਂ, ਸਮਾਜਿਕ ਬਦਲਾਅ ਬਾਰੇ ਭਗਤ ਸਿੰਘ ਦੇ ਪਰਪੱਕ ਵਿਚਾਰਾਂ ਦਾ ਅਧਿਐਨ ਕਰਨ ਅਤੇ ਉਹਨਾਂ ਦੀ ਲੋਅ ਘਰ-ਘਰ ਲਿਜਾਣ ਦੀ ਅਪੀਲ ਕੀਤੀ ਗਈ। ਇਸ ਮੌਕੇ ਕਮੇਟੀ ਦੇ ਮੀਤ ਪ੍ਰਧਾਨ ਕੁਲਵੰਤ ਸਿੰਘ ਸੰਧੂ, ਵਿੱਤ ਸਕੱਤਰ ਸੀਤਲ ਸਿੰਘ ਸੰਘਾ, ਕਮੇਟੀ ਮੈਂਬਰ ਗੁਰਮੀਤ, ਪ੍ਰਗਟ ਸਿੰਘ ਜਾਮਾਰਾਏ, ਡਾ. ਤਜਿੰਦਰ ਵਿਰਲੀ, ਗਿਆਨ ਸੈਦਪੁਰੀ, ਰੁਪਿੰਦਰ ਕੌਰ ਮਾੜੀਮੇਘਾ ਇਸਤਰੀ ਸਭਾ ਦੀ ਸੂਬਾਈ ਆਗੂ, ਧਰਮਿੰਦਰ ਮੁਕੇਰੀਆਂ ਅਤੇ ਭਗਵੰਤ ਰਸੂਲਪੁਰੀ ਵਿਚਾਰ-ਚਰਚਾ ਵਿੱਚ ਸ਼ਾਮਲ ਹੋਏ।

29-SEP-PAGE-1.qxd 9/28/2025 9:13 PM Page 2



## ਸ਼ਹੀਦ ਭਗਤ ਸਿੰਘ ਕਲੱਬ ਨੇ ਭਗਤ ਸਿੰਘ ਦਾ 118ਵਾਂ ਜਨਮ ਦਿਹਾੜਾ ਮਨਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ਼ਹੀਦ ਭਗਤ ਸਿੰਘ ਕਲੱਬ ਰਜਿ. ਮੁਕਤਸਰ ਵੱਲੋਂ ਐਤਵਾਰ ਨੂੰ ਜਲਾਲਾਬਾਦ-ਟਿੱਬੀ ਸਾਹਿਬ ਰੋਡ 'ਤੇ ਸਥਿਤ ਸ਼ਹੀਦ ਭਗਤ ਸਿੰਘ ਚੌਕ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ 118ਵਾਂ ਜਨਮ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ।ਕਲੱਬ ਦੇ ਪ੍ਰਧਾਨ ਸੰਜੇ ਵਾਲੀਆ ਦੀ ਪ੍ਰਧਾਨਗੀ ਹੇਠ ਹੋਏ ਪ੍ਰੋਗਰਾਮ ਦੌਰਾਨ ਬੁਲਾਰਿਆਂ ਨੇ ਸ਼ਹੀਦ ਭਗਤ ਸਿੰਘ ਦੇ ਜੀਵਨ 'ਤੇ ਚਰਚਾ ਕੀਤੀ।ਵਿਦਿਆਰਥੀਆਂ ਨੇ ਭਗਤ ਸਿੰਘ ਦੇ ਜੀਵਨ 'ਤੇ ਆਧਾਰਤ ਗੀਤ ਅਤੇ ਕਵਿਤਾਵਾਂ ਵੀ ਪੇਸ਼ ਕਰਕੇ ਤਾੜੀਆਂ ਖੱਟੀਆਂ।ਉਨ੍ਹਾਂ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ। ਕਲੱਬ ਵੱਲੋਂ ਰਾਮਾ ਕ੍ਰਿਸ਼ਨਾ ਮਿਡਲ ਸਕੂਲ ਵਿਖੇ ਵੀ ਸਮਾਗਮ ਕੀਤਾ ਗਿਆ।ਸ਼ਹੀਦ ਭਗਤ ਸਿੰਘ ਕਲੱਬ ਦੇ ਪ੍ਰਧਾਨ ਸੰਜੇ ਵਾਲੀਆ ਤੇ ਹੋਰ ਅਹੁਦੇਦਾਰਾਂ ਨੇ ਸ਼ਹੀਦ ਭਗਤ ਸਿੰਘ ਦੀ ਤਸਵੀਰ ਮੂਹਰੇ ਸ਼ਮਾਂ ਰੋਸ਼ਨ ਕਰਨ ਦੀ ਰਸਮ ਅਦਾ ਕੀਤੀ।ਬੁਲਾਰਿਆਂ ਨੇ ਸ਼ਹੀਦ ਦੇ ਜੀਵਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਪ੍ਰਧਾਨ ਸੰਜੇ ਵਾਲੀਆ ਨੇ ਕਿਹਾ ਕਿ ਸਮਾਜ ਵਿਚ ਭਗਤ ਸਿੰਘ ਦੀਆਂ ਸਿੱਖਿਆਵਾਂ ਨੂੰ ਫੈਲਾਉਣ ਦੀ ਲੋੜ ਹੈ।ਵਿਦੇਸ਼ੀ ਤਾਕਤਾਂ ਨੇ ਪਹਿਲਾਂ ਭਾਰਤ ਨੂੰ ਧਰਮ, ਖੇਤਰ ਤੇ ਭਾਸ਼ਾ ਦੇ ਆਧਾਰ 'ਤੇ ਵੰਡਿਆ ਸੀ। ਭਾਰਤ ਨੂੰ ਇੱਕ ਵਾਰ ਫਿਰ ਇਨ੍ਹਾਂ ਹੀ ਮੁੱਦਿਆਂ 'ਤੇ ਲੜਾਇਆ ਜਾ ਰਿਹਾ ਹੈ, ਜਿਸ ਭਾਰਤ ਨੂੰ ਦੇਸ਼ ਭਗਤਾਂ ਨੇ ਏਕਤਾ ਤੇ ਅਖੰਡਤਾ ਦੀ ਮਾਲਾ ਵਿੱਚ ਬੁਣਿਆ ਸੀ, ਉਹ ਇੱਕ ਵਾਰ ਫਿਰ ਟੁੱਟਣ ਦੀ ਕਗਾਰ 'ਤੇ ਹੈ।ਪ੍ਰੋਗਰਾਮ ਦੇ ਅੰਤ ਵਿੱਚ ਕਲੱਬ ਵੱਲੋਂ ਵਿਦਿਆਰਥੀਆਂ ਨੂੰ ਤੋਹਫ਼ੇ ਭੇਟ ਕੀਤੇ।ਇਹ ਤੋਹਫ਼ੇ ਸਾਈਂ ਬੁੱਕ ਪਲਾਜ਼ਾ ਦੇ ਮਾਲਕ ਕਲੱਬ ਮੈਂਬਰ ਸਤੀਸ਼ ਅਰੋੜਾ ਦੁਆਰਾ ਸਪਾਂਸਰ ਕੀਤੇ ਗਏ ਸਨ।ਲੱਡੂਆਂ ਦੀ ਰਿਫਰੈਸ਼ਮੈਂਟ ਸੋਨੂੰ ਖੁੰਗਰ ਦੁਆਰਾ ਕੀਤੀ ਗਈ।ਪੀਆਰਓ ਜਗਦੀਸ਼ ਜੋਸ਼ੀ ਨੇ ਸਾਰਿਆਂ ਦਾ ਧੰਨਵਾਦ ਕੀਤਾ।

## ਮਸਲਿਆਂ ਦੇ ਹੱਲ ਲਈ ਬੱਝਵਾਂ ਅੰਦੋਲਨ ਸਮੇਂ ਦੀ ਲੋੜ : ਗੋਰੀਆ

**ਸ਼ਾਹਕੋਟ (ਗਿਆਨ ਸੈਦਪੁਰੀ)**-ਹਰਿਆਣਾ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਜਿਲੇ ਸਿੰਘ ਪਾਲ ਨੇ ਦੱਸਿਆ ਕਿ ਕਰਨਾਲ ਦੀ ਐੱਮ ਸੀ ਕਲੋਨੀ ਵਿੱਚ ਸਥਿਤ ਸੀ ਪੀ ਆਈ ਦੇ ਸੂਬਾ ਦਫਤਰ ਵਿੱਚ ਯੂਨੀਅਨ ਦੀ ਸੂਬਾ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਦੀ ਪ੍ਰਧਾਨਗੀ ਸੂਬਾ ਪ੍ਰਧਾਨ ਐਡਵੋਕੇਟ ਅਰੁਣ ਕੁਮਾਰ ਛਕਰਵਾਲ ਨੇ ਕੀਤੀ। ਜਿਲੇ ਸਿੰਘ ਪਾਲ ਨੇ ਯੂਨੀਅਨ ਦੀਆਂ ਸਰਗਰਮੀਆਂ ਦੀ ਰਿਪੋਰਟ ਪੇਸ਼ ਕੀਤੀ।

ਸਭ ਤੋਂ ਪਹਿਲਾਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਵਸ 'ਤੇ ਉਹਨਾ ਦੀ ਤਸਵੀਰ 'ਤੇ ਫੁੱਲਾਂ ਦਾ ਹਾਰ ਪਾ ਕੇ ਪੁਸ਼ਪਾਂਜਲੀ ਭੇਟ ਕੀਤੀ ਗਈ। ਉਹਨਾ ਦੇ ਕ੍ਰਾਂਤੀਕਾਰੀ ਵਿਚਾਰਾਂ 'ਤੇ ਵੀ ਚਰਚਾ ਕੀਤੀ ਗਈ।

ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਨੇ ਆਪਣੇ ਸੰਬੋਧਨ ਵਿੱਚ ਵਰਤਮਾਨ ਹਾਲਾਤ ਤੇ ਖੇਤ ਮਜ਼ਦੂਰਾਂ ਦੀ ਸਥਿਤੀ 'ਤੇ ਵਿਸਥਾਰਪੂਰਵਕ ਚਾਨਣਾ ਪਾਇਆ। ਉਹਨਾ ਕਿਹਾ ਕਿ ਭਾਜਪਾ ਸਰਕਾਰ ਵੱਲੋਂ ਸਰਕਾਰੀ ਜਾਇਦਾਦ ਨੂੰ ਕੌਡੀਆਂ ਦੇ ਭਾਅ ਵੇਚ ਕੇ ਕਾਰਪੋਰੇਟ ਘਰਾਣਿਆਂ ਨੂੰ ਮਾਲਾ-ਮਾਲ ਕੀਤਾ ਜਾ ਰਿਹਾ ਹੈ। ਐੱਸ ਸੀ, ਓ ਬੀ ਸੀ ਅਤੇ ਰਾਖਵਾਂਕਰਨ ਦੇ ਹੱਕਦਾਰ ਹੋਰ ਨੌਜਵਾਨਾਂ ਨੂੰ ਨੌਕਰੀਆਂ ਤੋਂ ਵਾਂਝੇ ਰੱਖਿਆ ਜਾ ਰਿਹਾ ਹੈ। ਗੋਰੀਆ ਨੇ ਕਿਹਾ ਕਿ ਇਹ ਸਰਕਾਰ ਮਨਰੇਗਾ ਦੇ ਬਜਟ ਵਿੱਚ ਕਟੌਤੀ ਕਰ ਰਹੀ ਹੈ। ਕਮਜ਼ੋਰ ਤਬਕਿਆਂ ਦੇ ਵਿਦਿਆਰਥੀਆਂ ਨੂੰ ਸਮੇਂ ਸਿਰ ਵਜ਼ੀਫ਼ੇ ਦੀ ਅਦਾਇਗੀ ਨਹੀਂ ਕੀਤੀ ਜਾ ਰਹੀ। ਹਰਿਆਣਾ ਸਮੇਤ ਦੇਸ਼ ਦੇ ਹੋਰ ਸੂਬਿਆਂ ਵਿੱਚ ਖੇਤ ਮਜ਼ਦੂਰਾਂ ਨੂੰ ਰਿਹਾਇਸ਼ੀ ਪਲਾਟ ਦੇਣ ਤੋਂ ਆਨਾਕਾਨੀ ਕੀਤੀ ਜਾ ਰਹੀ ਹੈ ਅਤੇ ਉਹਨਾਂ ਦੇ ਬੀ ਪੀ ਐੱਲ ਕਾਰਡ ਕੱਟੇ ਜਾ ਰਹੇ ਹਨ। ਖੇਤ ਮਜ਼ਦੂਰਾਂ ਦੀ ਪੈਨਸ਼ਨ ਬੰਦ ਕਰਨ ਦੇ ਮਨਸ਼ੇ ਨਾਲ ਤਰ੍ਹਾਂ-ਤਰ੍ਹਾਂ ਦੀਆਂ ਸ਼ਰਤਾਂ ਲਾਈਆਂ ਜਾ ਰਹੀਆਂ ਹਨ।

ਗੋਰੀਆ ਨੇ ਕਿਹਾ ਕਿ ਖੇਤ ਮਜ਼ਦੂਰਾਂ ਨੂੰ ਸੰਗਠਿਤ ਕਰਨਾ ਅਤੇ ਉਨ੍ਹਾਂ ਦੇ ਭਖਦੇ ਮਸਲਿਆਂ ਨੂੰ ਲੈ ਕੇ ਵਿਆਪਕ ਅੰਦੋਲਨ ਕਰਨਾ ਸਮੇਂ ਦੀ ਲੋੜ ਹੈ। ਮੀਟਿੰਗ ਵਿੱਚ ਵਿਚਾਰ-ਚਰਚਾ ਉਪਰੰਤ ਫੈਸਲਾ ਕੀਤਾ ਗਿਆ ਕਿ ਸੂਬੇ ਵਿੱਚ ਖੇਤ ਮਜ਼ਦੂਰ ਯੂਨੀਅਨ ਦੇ 50 ਹਜ਼ਾਰ ਮੈਂਬਰ ਬਣਾਏ ਜਾਣਗੇ। 2 ਨਵੰਬਰ ਤੱਕ ਸਾਰੇ ਜ਼ਿਲ੍ਹਿਆਂ ਦੇ ਅਹੁਦੇਦਾਰਾਂ ਦੀਆਂ ਮੀਟਿੰਗਾਂ ਕਰਵਾਈਆਂ ਜਾਣਗੀਆਂ।ਮੀਟਿੰਗ ਵਿੱਚ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਵਿੱਤ ਸਕੱਤਰ ਅਤੇ ਸੂਬਾ ਮੀਤ ਪ੍ਰਧਾਨ ਦਰਿਆਓ ਸਿੰਘ ਕਸ਼ਅਪ, ਫੂਲ ਸਿੰਘ ਇੰਦੌਰਾ, ਪ੍ਰੀਤਮ ਟਬਰਾ ਸਰਪੰਚ, ਮਨੀ ਰਾਮ ਬੇਲ ਰੱਖਾ, ਲਖਮੀ ਚੰਦ, ਧਰਮਪਾਲ ਸਿਰਸੀ, ਹਰੀ ਰਾਮ, ਜੈ ਨਾਰਾਇਣ, ਭੁਪਿੰਦਰ ਕਸ਼ਅਪ, ਕ੍ਰਿਸ਼ਨ ਗਿਰੀ, ਸਤਿਬੀਰ ਕਸ਼ਅਪ, ਬਾਲ ਕਿਸ਼ਨ, ਬੀਰ ਸਿੰਘ, ਸੋਨੂ ਪਾਲ, ਬਲਵੰਤ ਘਿਲੌਰ, ਦਾਰਾ ਸਿੰਘ ਡੱਬਵਾਲੀ ਤੇ ਜੈ ਪ੍ਰਕਾਸ਼ ਆਦਿ ਸ਼ਾਮਲ ਸਨ।



ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਗੁਲਜ਼ਾਰ ਸਿੰਘ ਗੋਰੀਆ।

## ਪਰਾਲੀ ਸਾੜਨ ਖ਼ਿਲਾਫ਼ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੀਨੀਅਰ ਪੁਲਿਸ ਕਪਤਾਨ ਡਾ. ਅਖਿਲ ਚੌਧਰੀ (ਆਈ.ਪੀ.ਐਸ.) ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਦੀਆਂ ਚਾਰੇ ਸਬ ਡਵੀਜ਼ਨਾਂ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਤੇ ਲੰਬੀ ਵਿੱਚ ਪਰਾਲੀ ਸਾੜਨ ਖ਼ਿਲਾਫ਼ ਵਿਸ਼ਾਲ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਗਈ ਹੈ।ਇਸ ਮੁਹਿੰਮ ਅਧੀਨ ਪੁਲਸ ਵੱਲੋਂ ਪਿੰਡ ਪੱਧਰ ਤੇ ਸੈਮੀਨਾਰ ਆਯੋਜਤ ਕਰਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਤੇ ਇਸਦੇ ਬਦਲਵੇ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਅਭਿਆਨ ਤਹਿਤ ਪੁਲਿਸ ਟੀਮਾਂ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਕਿਸਾਨਾਂ ਨੂੰ ਸਮਝਾਇਆ ਜਾ ਰਿਹਾ ਹੈ ਕਿ ਪਰਾਲੀ ਸਾੜਨ ਨਾਲ ਵਾਤਾਵਰਣ ਪ੍ਰਦੂਸ਼ਤ ਹੁੰਦਾ ਹੈ, ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ ਤੇ ਸਿਹਤ 'ਤੇ ਵੀ ਗੰਭੀਰ ਪ੍ਰਭਾਵ ਪੈਂਦਾ ਹੈ।ਐਸ.ਐਸ.ਪੀ. ਡਾ. ਅਖਿਲ ਚੌਧਰੀ ਦੀ ਦੇਖ-ਰੇਖ ਹੇਠ ਪੁਲਿਸ ਵੱਲੋਂ ਉਹ ਪਿੰਡ ਸ਼ਨਾਖ਼ਤ ਕੀਤੇ ਗਏ ਹਨ, ਜਿੱਥੇ ਪਿਛਲੇ ਸਾਲਾਂ ਦੌਰਾਨ ਪਰਾਲੀ ਸਾੜਨ ਦੀਆਂ ਘਟਨਾਵਾਂ ਵੱਧ ਹੋਈਆਂ ਸਨ।ਇਨ੍ਹਾਂ ਹਾਟਸਪਾਟ ਇਲਾਕਿਆਂ ਵਿੱਚ ਵਿਸ਼ੇਸ਼ ਟੀਮਾਂ ਤੈਨਾਤ ਕੀਤੀਆਂ ਗਈਆਂ ਹਨ, ਜੋ ਕਿਸਾਨਾਂ ਨਾਲ ਨਿਰੰਤਰ ਸੰਪਰਕ ਵਿੱਚ ਰਹਿ ਕੇ ਉਨ੍ਹਾਂ ਨੂੰ ਸਹਿਯੋਗ ਦੇ ਰਹੀਆਂ ਹਨ।ਨਾਲ ਹੀ ਹਰ ਸਬ ਡਿਵੀਜ਼ਨ ਵਿੱਚ ਪੈਟਰੋਲਿੰਗ ਤੇ ਜਾਗਰੂਕਤਾ ਪ੍ਰੋਗਰਾਮ ਵੀ ਕੀਤੇ ਜਾ ਰਹੇ ਹਨ। ਪੁਲਸ ਅਧਿਕਾਰੀਆਂ ਨੇ ਸੈਮੀਨਾਰਾਂ ਦੌਰਾਨ ਕਿਸਾਨਾਂ ਨੂੰ ਸੰਦੇਸ਼ ਦਿੱਤਾ ਕਿ ਪਰਾਲੀ ਸਾੜਨ ਨਾਲ ਸਿਰਫ ਵਾਤਾਵਰਣ ਹੀ ਨਹੀਂ, ਸਗੋਂ ਖੇਤੀਬਾੜੀ ਵੀ ਪ੍ਰਭਾਵਤ ਹੁੰਦੀ ਹੈ। ਧੂੰਏਂ ਕਾਰਨ ਸੜਕ ਹਾਦਸੇ ਵਧਦੇ ਹਨ, ਜੋ ਜਾਨ-ਮਾਲ ਦੀ ਹਾਨੀ ਦਾ ਕਾਰਣ ਬਣਦੇ ਹਨ।ਇਸ ਲਈ ਹਰ ਕਿਸਾਨ ਦਾ ਫ਼ਰਜ਼ ਹੈ ਕਿ ਉਹ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਪਰਾਲੀ ਸਾੜਨ ਦੀ ਬਜਾਏ ਇਸ ਦੇ ਬਦਲਵੇਂ ਪ੍ਰਬੰਧਮ ਕੀਤੇ। ਐਸ.ਐਸ.ਪੀ. ਡਾ. ਅਖਿਲ ਚੌਧਰੀ ਨੇ ਦੱਸਿਆ ਕਿ ਖੇਤਾਂ ਵਿੱਚੋਂ ਪਰਾਲੀ ਨੂੰ ਇਕੱਠਾ ਕਰਕੇ ਉਦਯੋਗਾਂ ਵਿੱਚ ਇਸਦੀ ਵਰਤੋਂ ਕਰਨ ਲਈ ਕਈ ਉਦਯੋਗਪਤੀਆਂ ਨਾਲ ਗੱਲਬਾਤ ਹੋ ਚੁੱਕੀ ਹੈ।ਜਲਦ ਹੀ ਇਹ ਉਦਯੋਗਪਰਤੀ ਆਪਣੇ ਵਾਹਨ ਰਾਹੀਂ ਪਿੰਡਾਂ ਵਿੱਚੋਂ ਪਰਾਲੀ ਦੀਆਂ ਗੱਠਾਂ ਇਕੱਠੀਆਂ ਕਰਕੇ ਇਸ ਨੂੰ ਇੰਧਨ ਵਜੋਂ ਵਰਤਣਗੇ।

## ਹਿਸਾਰ-ਅਗਰੋਹਾ-ਸਿਰਸਾ ਰੇਲ ਲਾਈਨ ਦਾ ਕੰਮ ਤੁਰੰਤ ਸ਼ੁਰੂ ਕੀਤਾ ਜਾਵੇ : ਬਜਰੰਗ ਦਾਸ ਗਰਗ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਅਗਰੋਹਾ ਧਾਮ ਵੈਸ਼ਯ ਸਮਾਜ ਦੇ ਰਾਸ਼ਟਰੀ ਕਾਰਜਕਾਰੀ ਪ੍ਰਧਾਨ ਬਜਰੰਗ ਦਾਸ ਗਰਗ ਨੇ ਸਰਕਾਰ ਉੱਤੇ ਅਗਰੋਹਾ ਧਾਮ ਤੇ ਅੱਗਰਵਾਲ ਭਾਈਚਾਰੇ ਦੀ ਅਣਦੇਖੀ ਕਰਨ ਦਾ ਦੋਸ਼ ਲਾਇਆ।ਮਹਾਰਾਜਾ ਅਗਰਸੈਨ ਜਯੰਤੀ ਮੌਕੇ ਉਨ੍ਹਾਂ ਕੇਂਦਰ ਸਰਕਾਰ ਨੂੰ ਤੁਰੰਤ ਹਿਸਾਰ-ਅਗਰੋਹਾ-ਸਿਰਸਾ ਰੇਲ ਲਾਈਨ ਦਾ ਕੰਮ ਸ਼ੁਰੂ ਕਰਨ ਦੀ ਮੰਗ ਕੀਤੀ।

## ਬਾਬਾ ਖੇਤਰਪਾਲ ਜੀ ਦਾ 15ਵਾਂ ਵਿਸ਼ਾਲ ਜਾਗਰਣ ਕਰਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਭਾਈ ਮਸਤਾਨ ਸਿੰਘ ਨਗਰ ਸਾਹਮਣੇ ਨਾਕਾ ਨੰਬਰ 6 ਨੇੜੇ ਨਿਹੰਗਾਂ ਦੀ ਛਾਉਣੀ ਵਿਖੇ ਜੈ ਬਾਬਾ ਖੇਤਰਪਾਲ ਸੇਵਾ ਸੋਸਾਇਟੀ ਵੱਲੋਂ ਬਾਬਾ ਜੀ ਦਾ 15ਵਾਂ ਵਿਸ਼ਾਲ ਜਾਗਰਣ ਕਰਾਇਆ ਗਿਆ।ਜਾਗਰਣ ਦੀ ਸ਼ੁਰੂਆਤ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਵੱਲੋਂ ਜੋਤੀ ਪ੍ਰਚੰਡ ਕਰਕੇ ਕਰਾਈ ਗਈ। ਜਾਗਰਣ ਦੌਰਾਨ ਸੁਖਦੇਵ ਮਸਤੀ ਫ਼ਿਰੋਜ਼ਪੁਰ ਵਾਲੇ, ਨਿਸ਼ਾ ਖੈਰਾ ਫ਼ਿਰੋਜ਼ਪੁਰ ਵਾਲੇ ਤੇ ਸ਼ਬੀਰ ਖਾਨ ਵੱਲੋਂ ਬਾਬਾ ਜੀ ਦੇ ਸੁੰਦਰ ਭਜਨਾਂ ਦਾ ਗੁਣਗਾਨ ਕੀਤਾ ਗਿਆ।ਹਨੀ ਫੱਤਣਵਾਲਾ ਨੇ ਕਿਹਾ ਕਿ ਧਾਰਮਿਕ ਸਮਾਗਮ ਕਰਾਉਣਾ ਇਕ ਬਹੁਤ ਹੀ ਸ਼ਲਾਘਾਯੋਗ ਤੇ ਨੇਕ ਉਪਰਾਲਾ ਹੈ ਅਤੇ ਸਾਨੂੰ ਸਭ ਨੂੰ ਅਜਿਹੇ ਸਮਾਗਮ ਕਰਾਉਣ ਲਈ ਵਧ ਤੋਂ ਵਧ ਸਹਿਯੋਗ ਕਰਨਾ ਚਾਹੀਦਾ ਹੈ।ਹਨੀ ਫੱਤਣਵਾਲਾ ਨੇ ਜਿਥੇ ਸੋਸਾਇਟੀ ਨੂੰ ਜਾਗਰਣ ਕਰਾਉਣ 'ਤੇ ਵਧਾਈ ਦਿੱਤੀ, ਉਥੇ ਸੁਸਾਇਟੀ ਨੂੰ ਆਰਥਿਕ ਸਹਿਯੋਗ ਵੀ ਦਿੱਤਾ।ਅੰਤ ਸੋਸਾਇਟੀ ਵੱਲੋਂ ਹਨੀ ਫੱਤਣਵਾਲਾ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।

## ਸੁਨਾਮ 'ਚ 5149ਵੀਂ ਮਹਾਰਾਜਾ ਅਗਰਸੈਨ ਜਯੰਤੀ 'ਤੇ ਸ਼ਾਨਦਾਰ ਸਮਾਗਮ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਅਗਰਵਾਲ ਸਭਾ (ਰਜਿ. 159) ਵੱਲੋਂ ਮਹਾਰਾਜਾ ਅਗਰਸੈਨ ਦੀ 5149ਵੀਂ ਜਯੰਤੀ ਸ਼ਿਵ ਨਿਕੇਤਨ ਧਰਮਸ਼ਾਲਾ ਵਿੱਚ ਸ਼ਾਨਦਾਰ ਢੰਗ ਨਾਲ ਮਨਾਈ ਗਈ।ਸਮਾਗਮ ਦੀ ਅਗਵਾਈ ਅਗਰਵਾਲ ਸਭਾ ਦੇ ਪ੍ਰਧਾਨ ਵਿਕਰਮ ਗਰਗ ਨੇ ਕੀਤੀ।ਉਨ੍ਹਾਂ ਮਹਿਮਾਨਾਂ ਦਾ ਧੰਨਵਾਦ ਕਰਦਿਆਂ 7 ਅਕਤੂਬਰ ਨੂੰ ਅਗਰੋਹਾ ਧਾਮ ਸਾਲਾਨਾ ਮੇਲੇ 'ਚ ਸ਼ਿਰਕਤ ਕਰਨ ਦੀ ਅਪੀਲ ਕੀਤੀ।ਇਸ ਮੌਕੇ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਹਸਤੀਆਂ ਨੇ ਮਹਾਰਾਜਾ ਅਗਰਸੈਨ ਦੇ ਆਦਰਸ਼ਾਂ 'ਤੇ ਚੱਲਣ ਦਾ ਸੰਕਲਪ ਲਿਆ।ਸਮਾਗਮ 'ਚ ਅਗਰੋਹਾ ਵਿਕਾਸ ਟਰੱਸਟ ਦੇ ਕਾਰਜਕਾਰੀ ਪ੍ਰਧਾਨ ਬਜਰੰਗ ਦਾਸ ਗਰਗ, ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ, ਸੰਗਰੂਰ ਤੋਂ ਸੰਸਦ ਮੈਂਬਰ ਮੀਤ ਹੇਅਰ, ਏਆਈਸਸੀਸੀ ਦੇ ਸੰਯੁਕਤ ਖ਼ਜ਼ਾਨਚੀ ਵਿਜੈ ਇੰਦਰ ਸਿੰਗਲਾ, ਆਰਵ ਦੇ ਐਮ.ਡੀ. ਅਰੁਣ ਸਿੰਗਲਾ, ਰੀਅਲ ਐਸਟੇਟ ਡਿਵੈਲਪਰ ਮਹਿੰਦਰ ਗੋਇਲ, ਡੇਕੋ ਸਟਾਰ ਦੇ ਐਮ.ਡੀ. ਮਨੋਜ ਕੁਮਾਰ ਅਤੇ ਪੰਜਾਬ ਕੇਸਰੀ ਦੇ ਬਿਊਰੋ ਚੀਫ਼ ਵਿਵੇਕ ਸਿੰਧਵਾਨੀ ਸਮੇਤ ਕਈ ਪ੍ਰਸਿੱਧ ਹਸਤੀਆਂ ਨੇ ਹਾਜ਼ਰੀ ਭਰੀ।ਬਜਰੰਗ ਦਾਸ ਗਰਗ ਨੇ ਕਿਹਾ ਕਿ ਮਹਾਰਾਜਾ ਅਗਰਸੈਨ ਜਯੰਤੀ ਦੇਸ਼-ਪੱਧਰ 'ਤੇ ਮਨਾਈ ਜਾ ਰਹੀ ਹੈ।ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਦਿਨ ਨੂੰ ਰਾਸ਼ਟਰੀ ਛੁੱਟੀ ਐਲਾਨੇ, ਜਿਸ ਨਾਲ ਦੇਸ਼ ਵਿੱਚ ਭਾਈਚਾਰੇ ਅਤੇ ਏਕਤਾ ਦਾ ਸੁਨੇਹਾ ਜਾਵੇ।

## ਸ੍ਰੀ ਰਾਮ ਫਾਈਨੈਂਸ ਲਿਮ: ਵੱਲੋਂ 40 ਵਿਦਿਆਰਥੀਆਂ ਨੂੰ ਦਿੱਤਾ ਗਿਆ ਵਜ਼ੀਫ਼ਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਮਾਜਿਕ ਜ਼ਿੰਮੇਵਾਰੀ ਪ੍ਰੋਗਰਾਮ ਦੇ ਤਹਿਤ ਸ਼੍ਰੀ ਰਾਮ ਫਾਈਨੈਂਸ ਲਿਮਿਟਡ ਵੱਲੋਂ ਗਰੀਬ ਤੇ ਹੋਣਹਾਰ ਵਿਦਿਆਰਥੀਆਂ ਲਈ ਵਜ਼ੀਫ਼ਾ ਯੋਜਨਾ ਤਹਿਤ 40 ਵਿਦਿਆਰਥੀਆਂ ਨੂੰ ਵਜ਼ੀਫਾ ਦਿੱਤਾ ਗਿਆ। ਕੰਪਨੀ ਦਾ ਮਕਸਦ ਸਿੱਖਿਆ ਦੇ ਖੇਤਰ 'ਚ ਸਮਾਜਿਕ ਯੋਗਦਾਨ ਪਾਉਂਦਿਆਂ ਉਨ੍ਹਾਂ ਵਿਦਿਆਰਥੀਆਂ ਦੀ ਮਦਦ ਕਰਨਾ ਹੈ, ਜੋ ਆਰਥਿਕ ਰੁਕਾਵਟਾਂ ਕਰਕੇ ਆਪਣੇ ਸੁਪਨੇ ਪੂਰੇ ਕਰਨ ਤੋਂ ਵਾਂਝੇ ਰਹਿ ਜਾਂਦੇ ਹਨ।ਕੰਪਨੀ ਦੇ ਸੀਨੀਅਰ ਅਧਿਕਾਰੀਆਂ ਨੇ ਕਿਹਾ ਕਿ ਸ਼੍ਰੀ ਰਾਮ ਫਾਈਨੈਂਸ ਲਿਮਿਟਡ ਹਮੇਸ਼ਾ ਤੋਂ ਹੀ ਆਮ ਲੋਕਾਂ ਦੀ ਭਲਾਈ ਲਈ ਕੰਮ ਕਰਦੀ ਆ ਰਹੀ ਹੈ।ਵਜ਼ੀਫ਼ਾ ਸਕੀਮ ਦੇ ਜ਼ਰੀਏ ਹਜ਼ਾਰਾਂ ਬੱਚਿਆਂ ਨੂੰ ਉੱਚ ਸਿੱਖਿਆ ਪ੍ਰਾਪਤ ਕਰਨ ਵਿੱਚ ਸਹਾਇਤਾ ਮਿਲੇਗੀ।

## ਸੀਨੀਅਰ ਸਿਟੀਜ਼ਨ ਕੌਂਸਲ ਦੀ ਜਨਰਲ ਬਾਡੀ ਦੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੀਨੀਅਰ ਸਿਟੀਜ਼ਨ ਕੌਂਸਲ ਮੈਂਬਰਾਂ ਦੀ ਜਨਰਲ ਬਾਡੀ ਦੀ ਮੀਟਿੰਗ ਸਰਦਾਰੀ ਲਾਲ ਕਾਮਰਾ ਦੀ ਪ੍ਰਧਾਨਗੀ ਹੇਠ ਸਕੱਤਰੇਤ ਵਿਖੇ ਸੀਨੀਆਰ ਸਿਟੀਜ਼ਨ ਡੇ ਕੇਅਰ ਸੈਂਟਰ ਵਿਖੇ ਹੋਈ।ਮੀਟਿੰਗ ਦੇ ਅਰੰਭ ਵਿੱਚ ਮੈਂਬਰਾਂ ਦੀ ਸਹਿਮਤੀ ਨਾਲ ਐਲਾਨ ਕੀਤਾ ਕਿ ਪਹਿਲੀ ਅਕਤੂਬਰ ਨੂੰ ਕੌਂਸਲ ਦਫਤਰ ਵਿੱਚ ਸੀਨੀਅਰ ਸਿਟੀਜ਼ਨ ਦਿਵਸ ਮਨਾਇਆ ਜਾਵੇਗਾ।ਮੰਚ ਦਾ ਸੰਚਾਲਨ ਕਰਦਿਆਂ ਗੁਰਚਰਨ ਸਿੰਘ ਨੇ ਸਾਰੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਸਾਨੂੰ ਮਹੀਨੇਵਾਰ ਮੀਟਿੰਗ ਵਿੱਚ ਜ਼ਰੂਰ ਸ਼ਾਮਲ ਹੋਣਾ ਚਾਹੀਦਾ ਹੈ।ਪ੍ਰਧਾਨ ਕਾਮਰਾ ਨੇ ਸਾਰੇ ਮੈਂਬਰਾਂ ਦੇ ਉਤਸ਼ਾਹ ਨੂੰ ਵੇਖਦਿਆਂ ਐਲਾਨ ਕੀਤਾ ਕਿ ਹੜ੍ਹ ਪੀੜਤਾਂ ਦੀ ਮਦਦ ਕੀਤੀ ਜਾਵੇਗੀ।ਮੀਟਿੰਗ ਵਿੱਚ ਸਭ ਤੋਂ ਪਹਿਲਾਂ ਕਾਮਰਾ ਨੇ ਯੋਗਦਾਨ ਪਾਇਆ ਤੇ ਪਿੱਛੋਂ ਮੈਂਬਰਾਂ ਨੇ ਆਪਣੀ ਸਮਰੱਥਾ ਅਨੁਸਾਰ ਮੌਕੇ 'ਤੇ ਪੈਸੇ ਜਮ੍ਹਾਂ ਕਰਵਾਏ ਤੇ ਕੁਝ ਮੈਂਬਰਾਂ ਨੇ ਅਗਲੀ ਮੀਟਿੰਗ 'ਚ ਜਮ੍ਹਾਂ ਕਰਵਾਉਣ ਲਈ ਕਿਹਾ।ਮੀਟਿੰਗ ਵਿੱਚ ਸਭ ਤੋਂ ਵੱਡੀ ਉਮਰ ਦੇ ਮੈਂਬਰ ਜਸਵੰਤ ਸਿੰਘ ਲੋਹਾਮ ਨੂੰ ਕੌਂਸਲ ਵੱਲੋਂ ਸਨਮਾਨਤ ਕੀਤਾ ਗਿਆ।ਮਹੀਨਾ ਸਤੰਬਰ ਦੌਰਾਨ ਜਨਮ ਲੈਣ ਵਾਲੇ ਮੈਂਬਰਾਂ ਡਾ. ਹਰਪ੍ਰੀਤ ਸਿੰਘ, ਨਿਰੰਜਨ ਸਿੰਘ ਤੇ ਜਗਦੀਪ ਸਿੰਘ ਕੈਂਥ ਨੂੰ ਵਧਾਈ ਦਿੱਤੀ ਤੇ ਖੁਸ਼ੀਆਂ ਸਾਂਝੀਆਂ ਕੀਤੀਆਂ।

## ਹੜ੍ਹ ਪੀੜਤਾਂ ਲਈ ਨਵੇਂ ਘਰਾਂ ਦੀ ਉਸਾਰੀ ਵੱਲ ਕਲਗੀਧਰ ਟਰੱਸਟ ਦਾ ਅਹਿਮ ਕਦਮ

**ਚੀਮਾ ਮੰਡੀ (ਰਵਿੰਦਰ ਚੀਮਾ)**




ਕਲਗੀਧਰ ਟਰੱਸਟ ਗੁਰਦਵਾਰਾ ਬੜੂ ਸਾਹਿਬ ਹਿਮਾਚਲ ਪ੍ਰਦੇਸ਼ ਵੱਲੋਂ ਹਰ ਵਾਰ ਦੀ ਤਰ੍ਹਾਂ ਕੁਦਰਤੀ ਆਫਤਾਂ ਨੂੰ ਨਜਿੱਠਣ ਲਈ ਅਕਾਲ ਸੇਵਾ ਟੀਮਾਂ ਨੂੰ ਭੇਜਣ ਦਾ 26 ਅਗਸਤ ਤੋਂ ਉੱਦਮ ਕੀਤਾ ਗਿਆ।ਪਿਛਲੇ ਦਿਨਾਂ ਵਿੱਚ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਪ੍ਰਧਾਨ ਦਵਿੰਦਰ ਸਿੰਘ ਵੱਲੋਂ ਭਰੋਸਾ ਦਿੱਤਾ ਗਿਆ ਸੀ ਕਿ ਕਲਗੀਧਰ ਟਰੱਸਟ ਨੇ ਇਹ ਬੀੜਾ ਚੁੱਕਿਆ ਹੈ ਕਿ ਸੰਗਤਾਂ ਦਾ ਪੈਸਾ ਸਹੀ ਤਰੀਕੇ ਨਾਲ ਇਸ਼ਤੇਮਾਲ ਹੋਵੇ, ਜੋ ਹੜ੍ਹ ਪੀੜਤਾਂ ਦੀਆ ਬੁਨਿਆਦੀ ਲੋੜਾਂ ਅਸੀਂ ਪੂਰੀਆਂ ਕਰ ਰਹੇ ਹਾਂ ਤੇ ਨਾਲ ਹੀ ਉਹਨਾਂ ਨੇ ਜਾਣਕਾਰੀ ਦਿੱਤੀ ਗਈ ਸੀ ਕਿ ਜੋ ਚੌਥਾ ਫੇਜ ਹੈ, ਜਿਸ ਵਿੱਚ ਜਿਨ੍ਹਾਂ ਦੇ ਘਰਾਂ ਨੂੰ ਨੁਕਸਾਨ ਪਹੁੰਚਿਆ ਹੈ, ਉਨ੍ਹਾਂ ਦੀ ਜਾਂਚ ਕਰਕੇ ਉਨ੍ਹਾਂ ਦੀ ਨਵੇਂ ਮਕਾਨ ਜਾਂ ਨੁਕਸਾਨੇ ਘਰਾਂ ਦੀ ਮੁਰੰਮਤ ਕੀਤੀ ਜਾਵੇਗੀ। ਇਸੇ ਤਹਿਤ ਕਲਗੀਧਰ ਟਰੱਸਟ ਗੁਰਦੁਆਰਾ ਬੜੂ ਸਾਹਿਬ ਦੇ ਉਪ ਪ੍ਰਧਾਨ ਜਗਜੀਤ ਸਿੰਘ (ਕਾਕਾ ਵੀਰ ਜੀ) ਵੱਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਮੁਜੱਫਰਪੁਰਾ ਦੇ ਇੱਕੋ ਪਿੰਡ ਵਿੱਚ ਦੋ ਨਵੇਂ ਪ੍ਰੀ-ਫੈਬ੍ਰਿਕੇਟਡ ਮਟੀਰੀਅਲ ਨਾਲ ਮਕਾਨ ਤਿਆਰ ਕਰਕੇ ਦਿੱਤੇ ਗਏ।

ਉਨ੍ਹਾਂ ਦੱਸਿਆ ਕਿ ਸੰਦੀਪ ਸਿੰਘ (ਗੁੰਥੀ ਸਿੰਘ) ਤੇ ਸੁਖਦੇਵ ਸਿੰਘ (ਮਿਹਨਤ ਮਜ਼ਦੂਰੀ) ਜਿਨ੍ਹਾਂ ਦੇ ਮਕਾਨ ਹੜ੍ਹਾਂ ਦੇ ਪਾਣੀ ਤੇ ਭਾਰੀ ਬਾਰਿਸ਼ ਕਰਕੇ ਢਹਿ ਗਏ ਸਨ, ਇਨ੍ਹਾਂ ਦੋਵੇ ਪਰਵਾਰਾਂ ਨੂੰ 96 ਘੰਟਿਆਂ ਵਿੱਚ 1000 ਸੁਕੇਅਰ ਫੁੱਟ ਅਤੇ 850 ਸੁਕੇਅਰ ਫੁੱਟ ਏਰੀਏ ਦੇ ਮਕਾਨ ਤਿਆਰ ਕਰਕੇ ਦਿੱਤੇ ਗਏ, ਜਿਸ ਵਿੱਚ ਰਸੋਈ ਦੇ ਰਾਸ਼ਨ ਤੋਂ ਲੈ ਕੇ ਕੁੱਲ ਘਰੇਲੂ ਸੁੱਖ ਸਹੂਲਤ (ਬੈਡ, ਗੱਦੇ, ਪੱਖੇ, ਰਸੋਈ ਦਾ ਇੱਕ ਕੁਝ ਦਿਨਾ ਦਾ ਰਾਸ਼ਨ ਆਦਿ) ਸਮਾਨ ਮੁਹੱਈਆ ਕਰਾਇਆ ਗਿਆ।ਇਨ੍ਹਾਂ ਘਰਾਂ ਦਾ ਉਦਘਾਟਨ ਲਈ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਕੀਤਾ ਗਿਆ।

ਇਸ ਮੌਕੇ ਹਰਫ਼ ਚੀਮਾ, ਪਿੰਡ ਦੇ ਪਤਵੰਤੇ ਮੌਜੂਦ ਸਨ।ਉਨ੍ਹਾਂ ਹੋਰ ਦੱਸਿਆ ਕਿ ਇਸ ਤਰ੍ਹਾਂ ਦੇ ਲਗਭਗ 100 ਨਵੇਂ ਪ੍ਰੀ-ਫੈਬ੍ਰਿਕੇਟਡ ਮਟੀਰੀਅਲ ਨਾਲ ਮਕਾਨ ਤਿਆਰ ਕਰਕੇ (400 ਤੋਂ 900 ਸੁਕੇਅਰ ਫੁੱਟ ਤੱਕ ਉਸਾਰੀ ਕੀਤੀ ਜਾਵੇਗੀ) ਲੋੜਵੰਦਾਂ ਨੂੰ ਅਸੀਂ ਸੰਗਤ ਦੇ ਸਹਿਯੋਗ ਨਾਲ ਬਣਾ ਕੇ ਦਿਆਂਗੇ।ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਕਾਰਜਾਂ ਲਈ ਸੰਗਤ ਦੇ ਸਹਿਯੋਗ ਦੀ ਵੱਧ ਵੱਧ ਲੋੜ ਹੈ।ਹਰ ਦੇਸ਼ ਵਾਸੀ ਦਾ ਇਹ ਫ਼ਰਜ਼ ਬਣਦਾ ਹੈ ਕਿ ਉਹ ਆਪਣੇ ਦਸਵੰਧ ਦਾ ਹਿੱਸਾ ਇਨ੍ਹਾਂ ਦੀ ਮਦਦ ਕਰਨ ਲਈ ਜ਼ਰੂਰ ਦਾਨ ਕਰਨਾ ਚਾਹੀਦਾ ਹੈ ਤਾਂ ਜੁ ਜਿਨ੍ਹਾਂ ਦੇ ਘਰ ਨੁਕਸਾਨੇ ਗਏ ਹਨ, ਉਨ੍ਹਾਂ ਦੀ ਮੁਰੰਮਤ ਕੀਤੀ ਜਾ ਸਕੇ ਜਾਂ ਨਵੇਂ ਬਣਾ ਕੇ ਦਿੱਤੇ ਜਾਣੇ ਚਾਹੀਦੇ ਹਨ। ਸਾਨੂੰ ਸਭ ਨੂੰ ਇਹ ਹੰਭਲਾ ਜਰੂਰ ਮਾਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰਦਾਸਪੁਰ ਜ਼ਿਲ੍ਹੇ ਵਿੱਚ ਇੱਕ ਹੋਰ ਘਰ ਦੀ ਉਸਾਰੀ ਦੀ ਸ਼ੁਰੂਆਤ ਕੀਤੀ ਹੈ।ਜ਼ਿਕਰਯੋਗ ਹੈ ਕਿ ਇੱਕ ਆਮ ਆਦਮੀ ਲਈ ਇਸ ਤਰ੍ਹਾਂ ਹੜ੍ਹਾਂ ਦੀ ਮਾਰ ਪੈਣ 10 ਸਾਲ ਤੱਕ ਆਰਥਿਕ ਸਥਿਤੀ ਵਿੱਚੋਂ ਬਾਹਰ ਨਿਕਲ ਸਕਦਾ ਹੈ। ਇਨ੍ਹਾਂ ਹਾਲਾਤ ਵਿੱਚ ਘਰ ਪਾਉਣਾ ਇੱਕ ਸੁਪਨੇ ਦੀ ਤਰ੍ਹਾਂ ਹੈ। ਉਨ੍ਹਾਂ ਕਿਹਾ ਕਿ ਅਕਾਲ ਟੀਮ ਵੱਲੋਂ ਗੁਰਦਾਸਪੁਰ, ਪਠਾਨਕੋਟ, ਅੰਮ੍ਰਿਤਸਰ, ਤਰਨਤਾਰਨ, ਫ਼ਾਜ਼ਿਲਕਾ ਤੇ ਫ਼ਿਰੋਜ਼ਪੁਰ ਜ਼ਿਲ੍ਹਿਆਂ ਵਿੱਚ ਹੜ੍ਹ ਪੀੜਤਾਂ ਦੇ ਰਾਹਤ ਕਾਰਜਾਂ ਲਈ ਹੜ੍ਹ ਪੀੜਤ ਰਾਹਤ ਕੈਂਪ ਬਣਾਏ ਗਏ ਹਨ, ਜੋ ਗੁਰਦਾਸਪੁਰ ਤੇ ਪਠਾਨਕੋਟ ਜ਼ਿਲ੍ਹੇ ਲਈ ਅਕਾਲ ਅਕੈਡਮੀ ਤਿੱਬੜ, ਦੀਨਾਨਗਰ, ਸੁਜਾਨਪੁਰ ਅਤੇ ਡੇਰਾ ਬਾਬਾ ਨਾਨਕ ਵਿਖੇ, ਅੰਮ੍ਰਿਤਸਰ ਜ਼ਿਲ੍ਹੇ ਲਈ ਅਕਾਲ ਅਕੈਡਮੀ ਵਛੋਆ ਤੇ ਅਕਾਲ ਅਕੈਡਮੀ ਦਦੇਹਰ ਸਾਹਿਬ ਵਿਖੇ ਤੇ ਫਾਜ਼ਿਲਕਾ ਜ਼ਿਲ੍ਹੇ ਵਿੱਚ ਅਕਾਲ ਅਕੈਡਮੀ ਥੇਹ ਕਲੰਦਰ ਵਿਖੇ ਕੈਂਪ ਬਣਾਇਆ ਗਿਆ, ਜਿਥੋਂ ਨੇੜੇ ਦੇ ਹੜ੍ਹ ਪ੍ਰਭਾਵਤ ਇਲਾਕਿਆਂ ਵਿੱਚ ਤੇ ਢਾਣੀਆਂ ਤੱਕ ਪਹੁੰਚ ਕਰਕੇ ਬਿਜਲੀ ਦੇ ਉਪਕਰਨ, ਬਾਥਰੂਮਾਂ ਦੀ ਬਲੋਕੇਜ਼ ਤੇ ਹੋਰ ਸਮਾਨ ਦੀ ਮੁਰੰਮਤ ਕੀਤੀ ਜਾਂਦੀ ਹੈ।ਪਿੰਡਾਂ ਵਿੱਚ ਮੈਡੀਕਲ ਕੈਂਪ ਵੀ ਲਾਏ ਜਾ ਰਹੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਮੈਡੀਕਲ ਕੈਂਪ ਲਾਏ ਜਾ ਰਹੇ ਹਨ।ਇਸਦੇ ਨਾਲ ਹੀ ਉਪਰੋਕਤ ਜ਼ਿਲ੍ਹਿਆਂ ਦੇ ਪਿੰਡਾਂ ਵਿੱਚ ਫੋਗਿੰਗ ਵੀ ਕੀਤੀ ਜਾਂਦੀ ਹੈ।ਹੁਣ ਤੱਕ ਲਗਭਗ 153 ਪਿੰਡਾਂ 'ਚੋਂ 5500 ਤੋਂ ਵੱਧ ਵਿਅਕਤੀਆਂ ਨੂੰ ਰੈਸਕਿਊ ਕਰਕੇ ਸੁਰੱਖਿਅਤ ਜਗ੍ਹਾ 'ਤੇ ਪੁਚਾਇਆ ਗਿਆ।ਗੁਰਦੁਆਰਾ ਬੜੂ ਸਾਹਿਬ, ਹਿਮਾਚਲ ਪ੍ਰਦੇਸ਼ ਵਿਖੇ ਸਰਬੱਤ ਦੇ ਭਲੇ ਲਈ ਸ੍ਰੀ ਸਹਿਜ ਪਾਠ ਸਾਹਿਬ ਨਿਰੰਤਰ ਚੱਲ ਰਹੇ ਹਨ, ਜਿੱਥੇ ਪੰਜਾਬ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਜਾਂਦੀ ਹੈ।

## ਡਾ. ਹਰਜੋਤ ਕਮਲ ਦੀ ਅਗਵਾਈ ਹੇਠ ਭਾਜਪਾ ਵੱਲੋਂ ਮੈਡੀਕਲ ਕੈਂਪ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਜਨਤਾ ਪਾਰਟੀ ਵੱਲੋਂ ਸ਼ੁਰੂ ਕੀਤੇ ਗਏ ਦੇਸ਼ ਵਿਆਪੀ ਸੇਵਾ ਪਖਵਾੜੇ ਦੇ ਹਿੱਸੇ ਵਜੋਂ ਐਤਵਾਰ ਨੂੰ ਭਾਜਪਾ ਦੇ ਦੁੱਨੇਕੇ ਜ਼ਿਲ੍ਹਾ ਦਫ਼ਤਰ ਵਿਖੇ ਇੱਕ ਮੁਫ਼ਤ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ, ਜਿਸ 'ਚ 200 ਤੋਂ ਵੱਧ ਮਰੀਜ਼ਾਂ ਦੀ ਡਾਕਟਰੀ ਜਾਂਚ ਕੀਤੀ ਗਈ ਅਤੇ ਲੋੜਵੰਦਾਂ ਨੂੰ ਮੌਕੇ 'ਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ।ਮੋਗਾ ਵਿਧਾਨ ਸਭਾ ਹਲਕੇ ਦੇ ਪੇਂਡੂ ਮੰਡਲਾਂ ਵੱਲੋਂ ਲਗਾਏ ਗਏ ਇਸ ਮੈਡੀਕਲ ਕੈਂਪ ਦਾ ਉਦਘਾਟਨ ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਨੇ ਕੀਤਾ।ਮੋਗਾ ਵਿਧਾਨ ਸਭਾ ਹਲਕੇ ਦੇ ਇੰਚਾਰਜ ਦੇਵਪ੍ਰਿਯ ਤਿਆਗੀ ਤੇ ਦੁਸਹਿਰਾ ਗਰਾਊਂਡ ਰੋਡ 'ਤੇ ਸਥਿਤ ਮਿੱਤਲ ਹਸਪਤਾਲ ਦੇ ਡਾ. ਸੰਜੀਵ ਮਿੱਤਲ ਮੌਜੂਦ ਸਨ।ਇਸ ਮੌਕੇ ਬੋਲਦਿਆਂ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਨੇ ਕਿਹਾ ਕਿ ਸੇਵਾ ਪਖਵਾੜਾ ਰਾਜਨੀਤੀ ਤੋਂ ਉੱਪਰ ਉੱਠ ਕੇ ਕਰਵਾਇਆ ਜਾ ਰਿਹਾ ਹੈ।ਇਹ ਪੰਦਰਵਾੜਾ 17 ਸਤੰਬਰ ਨੂੰ ਜ਼ਿਲ੍ਹੇ ਭਰ ਦੇ ਹਰ ਡਵੀਜ਼ਨ ਵਿੱਚ ਖੂਨਦਾਨ ਕੈਂਪਾਂ ਨਾਲ ਸ਼ੁਰੂ ਹੋਇਆ, ਜਿਸ ਵਿੱਚ ਨੌਜਵਾਨਾਂ ਨੇ ਬਹੁਤ ਉਤਸ਼ਾਹ ਦਿਖਾਇਆ।ਕੈਂਪ ਦੇ ਸਾਰੇ ਪ੍ਰਬੰਧ ਕੈਂਪ ਦੇ ਸ਼ਹਿਰ ਇੰਚਾਰਜ ਦੇਵਪ੍ਰਿਯਾ ਤਿਆਗੀ ਨੇ ਸੰਭਾਲੇ।ਕੈਂਪ ਵਿੱਚ ਮਿੱਤਲ ਹਸਪਤਾਲ ਦੇ ਡਾਕਟਰਾਂ ਦੀ ਟੀਮ, ਡਾ. ਵਿਮਲ ਕੰਬੋਜ, ਡਾ. ਗੀਤਿਕਾ ਬਜਾਜ, ਜਸਵਿੰਦਰ ਕੌਰ, ਜਸਵਿੰਦਰ ਸਿੰਘ ਮੌਜੂਦ ਸਨ।ਇਸ ਮੌਕੇ ਭਾਜਪਾ ਦੇ ਕੈਪਟਨ ਅਮਰਜੀਤ ਸਿੰਘ, ਜਸ਼ਨਪ੍ਰੀਤ ਸਿੰਘ, ਹਰਪ੍ਰੀਤ ਸਿੰਘ ਜੀਤਾ, ਜਤਿੰਦਰ ਅਰੋੜਾ, ਸਤਨਾਮ ਸਿੰਘ ਮਹੇਸ਼ਵਰੀ ਆਦਿ ਮੌਜੂਦ ਸਨ।

## ਧਾਰਮਿਕ ਦੀਵਾਨ 10 ਤੋਂ

**ਮੋਗਾ (ਇਕਬਾਲ ਸਿੰਘ ਖਹਿਰਾ)**-ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਦਿਵਸ ਦੀ ਖੁਸ਼ੀ ਵਿੱਚ ਚਾਰ ਰੋਜ਼ਾ 40ਵੇਂ ਧਾਰਮਿਕ ਦੀਵਾਨ 10 ਅਕਤੂਬਰ ਤੋਂ 13 ਅਕਤੂਬਰ ਤੱਕ ਗੁਰੂ ਨਾਨਕ ਕਾਲਜ ਮੋਗਾ ਵਿਖੇ ਸਜਾਏ ਜਾ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕਾਂ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਆਨੰਦ ਈਸ਼ਵਰ ਦਰਬਾਰ (ਨਾਨਕਸਰ) ਠਾਠ ਦੇ ਮੁਖੀ ਪੂਰਨ ਮਹਾਂਪੁਰਖ ਬੱਧਨੀ ਕਲਾਂ ਵਾਲੇ ਬਾਬਾ ਜੀ ਵੱਲੋਂ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਕਥਾ ਕੀਰਤਨ ਹੋਵੇਗਾ ਤੇ ਮਹਾਪੁਰਖਾਂ ਵੱਲੋਂ ਰਾਤ ਦੇ ਦੀਵਾਨ ਸਜਾਏ ਜਾਣਗੇ।ਇਸ ਸਮਾਗਮ ਵਿੱਚ ਬਾਬਾ ਗੁਰਬਖਸ਼ ਸਿੰਘ ਜੀ, ਬਾਬਾ ਜਗਤਾਰ ਸਿੰਘ ਜੀ ਤੋਂ ਇਲਾਵਾ ਨਾਨਕਸਰ ਤੇ ਹੋਰ ਵੀ ਸੰਪਰਦਾਇ ਦੇ ਸੰਤ ਮਹਾਂਪੁਰਖ ਪਹੁੰਚਣਗੇ।ਉਨ੍ਹਾਂ ਦੱਸਿਆ ਕਿ 13 ਅਕਤੂਬਰ ਨੂੰ ਅੰਮ੍ਰਿਤ ਸੰਚਾਰ ਹੋਵੇਗਾ, ਜਿਸ 'ਚ ਸੰਗਤਾਂ ਨਾਮ ਲਿਖਵਾ ਕੇ ਗੁਰੂ ਦੀਆਂ ਦਾਤਾਂ ਪ੍ਰਾਪਤ ਕਰ ਸਕਦੀਆਂ ਹਨ।

## ਖੇਡਾਂ, ਐੱਸ.ਐੱਮ.ਸੀ. ਟ੍ਰੇਨਿੰਗ ਤੇ ਪ੍ਰੀਖਿਆਵਾਂ ਇੱਕੋ ਸਮੇਂ ਕਰਾਉਣ ਦੇ ਸਿੱਖਿਆ ਵਿਭਾਗ ਨੇ ਚਾੜ੍ਹੇ ਨਾਦਰਸ਼ਾਹੀ ਫ਼ੁਰਮਾਨ

**ਮਾਨਸਾ (ਆਤਮਾ ਸਿੰਘ ਪਮਾਰ)**-ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਸੂਬਾ ਸਕੱਤਰ ਮਹਿੰਦਰ ਕੌੜਿਆਂਵਾਲੀ, ਵਿੱਤ ਸਕੱਤਰ ਅਸ਼ਵਨੀ ਅਵਸਥੀ, ਜ਼ਿਲ੍ਹਾ ਪ੍ਰਧਾਨ ਅਮੋਲਕ ਡੇਲੂਆਣਾ ਸਕੱਤਰ ਹੰਸਾ ਸਿੰਘ ਤੇ ਵਿੱਤ ਸਕੱਤਰ ਸੁਖਵੀਰ ਬੱਬੀ ਨੇ ਸਿੱਖਿਆ ਵਿਭਾਗ ਵਲੋਂ ਬਗੈਰ ਕੋਈ ਵਿੱਦਿਅਕ ਕੈਲੰਡਰ ਬਣਾਏ ਅਧਿਆਪਕਾਂ ਨੂੰ ਇੱਕੋ ਸਮੇਂ ਵੱਖ-ਵੱਖ ਕੰਮਾਂ ਵਿੱਚ ਉਲਝਾਉਣ ਦੀ ਸਖ਼ਤ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਦਿਨਾਂ ਵਿੱਚ ਸੂਬੇ ਦੇ ਸਕੂਲਾਂ ਵਿੱਚ ਸਤੰਬਰ ਮਹੀਨੇ ਦੀਆਂ ਟਰਮ ਪ੍ਰੀਖਿਆਵਾਂ ਚੱਲ ਰਹੀਆਂ ਹਨ, ਜੋ ਅਗਲੇ ਹਫ਼ਤੇ ਤੱਕ ਚੱਲਣਗੀਆਂ ਤੇ ਸੋਮਵਾਰ ਤੋਂ ਪ੍ਰਾਇਮਰੀ ਸਕੂਲਾਂ ਦੀਆਂ ਖੇਡਾਂ ਸ਼ੁਰੂ ਹੋ ਰਹੀਆਂ ਹਨ।ਸਿੱਖਿਆ ਵਿਭਾਗ ਨੇ ਜਿਨ੍ਹਾਂ ਦਿਨਾਂ ਵਿੱਚ ਪ੍ਰਾਇਮਰੀ ਸਕੂਲਾਂ ਦੀਆਂ ਖੇਡਾਂ ਕਰਾਉਣ ਦੇ ਹੁਕਮ ਦਿੱਤੇ ਸਨ, ਹੁਣ ਉਨ੍ਹਾਂ ਦਿਨਾਂ ਵਿੱਚ ਹੀ ਸਕੂਲਾਂ ਵਿੱਚ ਨਵੀਆਂ ਬਣੀਆਂ ਸਕੂਲ ਮੈਨੇਜਮੈਂਟ ਕਮੇਟੀਆਂ (ਐੱਸ.ਐੱਮ.ਸੀ.) ਦੀਆਂ ਟ੍ਰੇਨਿੰਗਾਂ ਕਰਾਉਣ ਦੇ ਹੁਕਮ ਆ ਗਏ ਹਨ।ਵਰਨਣਯੋਗ ਹੈ ਕਿ ਵਿਦਿਆਰਥੀਆਂ ਦੇ ਸਤੰਬਰ ਟਰਮ ਪ੍ਰੀਖਿਆਵਾਂ ਦੇ ਨਾਲ ਹੀ ਚੋਣ ਕਮਿਸ਼ਨ ਵਲੋਂ ਪਹਿਲਾਂ ਹੀ ਸੂਬੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ ਦਾ ਕੰਮ ਚੱਲ ਰਿਹਾ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਅਧਿਆਪਕ ਬੀ.ਐੱਲ.ਓ. ਵਜੋਂ ਡਿਊਟੀਆਂ ਨਿਭਾਅ ਰਹੇ ਹਨ, ਜਿਨ੍ਹਾਂ ਨੂੰ ਵੱਖ-ਵੱਖ ਵਿਧਾਨ ਸਭਾ ਹਲਕਿਆਂ ਦੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਪਹਿਲਾਂ ਹੀ ਸਕੂਲਾਂ ਤੋਂ ਫ਼ਾਰਗ ਕਰਵਾ ਕੇ ਬੀ.ਐੱਲ.ਓ. ਦੇ ਕੰਮਾਂ ਉੱਤੇ ਤਾਇਨਾਤ ਕੀਤਾ ਹੋਇਆ ਹੈ।

ਡੀ.ਟੀ.ਐਫ ਮਾਨਸਾ ਦੇ ਆਗੂਆਂ ਜਸਵੀਰ ਭੰਮਾ, ਕੌਰ ਸਿੰਘ ਫੱਗੂ, ਅਸ਼ਵਨੀ ਖੁਡਾਲ ਨੇ ਕਿਹਾ ਕਿ ਸਰਕਾਰ ਸੂਬੇ ਦੀ ਸਿੱਖਿਆ ਨੂੰ ਲੈ ਕੇ ਜ਼ਰਾ ਵੀ ਗੰਭੀਰ ਨਹੀਂ ਹੈ, ਜਿਸਦੀ ਤਾਜ਼ਾ ਮਿਸਾਲ ਸਿੱਖਿਆ ਵਿਭਾਗ ਵਲੋਂ ਅਧਿਆਪਕਾਂ ਉੱਤੇ ਇੱਕੋ ਸਮੇਂ ਕਈ ਕੰਮ ਥੋਪਣਾ ਹੈ।ਸੂਬੇ ਦੀਆਂ ਬਹੁਤ ਸਾਰੀਆਂ ਸਕੂਲ ਮੈਨੇਜਮੈਂਟ ਕਮੇਟੀਆਂ ਵਿੱਚ ਪੰਜਾਬ ਸਰਕਾਰ ਵੱਲੋਂ ਸਿਆਸੀ ਦਖਲ ਅੰਦਾਜੀ ਦੇ ਅਜੰਡੇ ਤਹਿਤ ਨਿਯਮਾਂ ਵਿੱਚ ਕੀਤੀਆਂ ਗੈਰ ਵਾਜਬ ਤਬਦੀਲੀਆਂ ਰਾਹੀਂ ਆਪਣੇ ਸਿਆਸੀ ਚਹੇਤਿਆਂ ਨੂੰ ਸ਼ਾਮਿਲ ਕੀਤਾ ਗਿਆ ਹੈ, ਜਿਨ੍ਹਾਂ ਨੂੰ ਸਰਕਾਰੀ ਫੰਡਾਂ 'ਤੇ ਸਟੇਟ ਪੱਧਰ ਦੀਆਂ ਟ੍ਰੇਨਿੰਗਾਂ ਲਵਾਉਣ ਪਿੱਛੋਂ ਹੁਣ ਹੇਠਲੇ ਪੱਧਰ 'ਤੇ ਟ੍ਰੇਨਿੰਗਾਂ ਲਈ ਤਿਆਰ ਕੀਤਾ ਜਾ ਰਿਹਾ ਹੈ।ਅਜਿਹਾ ਕਰਦੇ ਹੋਏ ਜਿੱਥੇ ਸਿੱਖਿਆ ਦੇ ਖੇਤਰ ਵਿੱਚ ਬੇਲੋੜੇ ਸਿਆਸੀ ਦਖ਼ਲ ਨੂੰ ਹਵਾ ਦਿੱਤੀ ਜਾ ਰਹੀ ਹੈ, ਦੂਜੇ ਪਾਸੇ ਸਕੂਲ ਮੁਖੀਆਂ ਅਤੇ ਅਧਿਆਪਕਾਂ ਨੂੰ ਇੱਕੋ ਸਮੇਂ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਉਲਝਾ ਕੇ ਸਕੂਲਾਂ ਦਾ ਵਿਦਿਅਕ ਮਾਹੌਲ ਲੀਰੋ ਲੀਰ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਲੰਮੇ ਸਮੇਂ ਤੋਂ ਮੰਗ ਕਰਦੀ ਆ ਰਹੀ ਹੈ ਸੂਬੇ ਦੇ ਸਕੂਲਾਂ ਦਾ ਵਿੱਦਿਅਕ ਤੇ ਖੇਡ ਕੈਲੰਡਰ ਹਰ ਵਰ੍ਹੇ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਸਮੇਂ ਹੀ ਬਣ ਕੇ ਜਾਰੀ ਕੀਤਾ ਜਾਣਾ ਚਾਹੀਦਾ ਹੈ ਤਾਂ ਜੁ ਅਧਿਆਪਕ ਤੇ ਵਿਦਿਆਰਥੀ ਅਜਿਹੀਆਂ ਘੁੰਮਣਘੇਰੀਆਂ ਵਿੱਚ ਨਾ ਪੈਣ।

## ...ਸ.ਫ਼ਾ 1 ਦੇ ਬਾਕੀ

### ਮੋਗਾ 'ਚ ਲਾਲ ਵਰਦੀਧਾਰੀ ਜਵਾਨੀ ...

ਜਾ ਰਹੀਆਂ ਹਨ, ਜਿਸ ਕਾਰਨ ਭਗਤ ਸਿੰਘ ਦੇ ਸੁਪਨੇ ਅਧੂਰੇ ਹਨ। ਉਹਨਾ ਨੌਜਵਾਨਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਜਵਾਨੀ ਨੂੰ ਭਗਤ ਸਿੰਘ ਦੇ ਸੁਪਨਿਆਂ ਦਾ ਸਮਾਜ ਸਿਰਜਣ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਸਰਬ ਭਾਰਤ ਨੌਜਵਾਨ ਸਭਾ ਦੇ ਕੌਮੀ ਕੌਂਸਲ ਦੇ ਫੈਸਲੇ ਅਨੁਸਾਰ ਭਗਤ ਸਿੰਘ ਦੇ ਜਨਮ ਦਿਨ ਤੋਂ 5 ਅਕਤੂਬਰ ਤੱਕ ਸਟੋਪ ਡਰੱਗ ਸਟਾਰਟ ਸਪੋਰਟਸ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਸ ਮੌਕੇ ਰੀਗਲ ਸਿਨੇਮਾ ਯਾਦਗਾਰ ਨੂੰ ਲਾਇਬਰੇਰੀ ਬਣਾਉਣ, ਹੜ੍ਹਾਂ ਦੀ ਰੋਕਥਾਮ ਲਈ ਪਾਣੀ ਸੰਭਾਲ ਲਈ ਵਾਟਰ ਬੈਂਕ ਬਣਾਉਣ, ਏ.ਆਈ ਦੇ ਦੌਰ ਵਿੱਚ ਨਵਾਂ ਕੰਮ ਪੈਦਾ ਕਰਨ 6 ਘੰਟੇ ਦੀ ਕੰਮ ਦਿਹਾੜੀ ਦੀ ਪ੍ਰਾਪਤੀ ਲਈ, ਹੜ੍ਹਾਂ ਦੌਰਾਨ ਪ੍ਰਭਾਵਤ ਪਿੰਡਾਂ ਦੇ ਸਕੂਲਾਂ ਦੀ ਇਕ ਸਾਲ ਦੀ ਫੀਸ ਮੁਆਫ ਕਰਵਾਉਣ ਲਈ ਆਦਿ ਮਤੇ ਪੇਸ਼ ਕਰਕੇ ਸਰਬਸੰਮਤੀ ਨਾਲ ਪਾਸ ਕੀਤੇ ਗਏ। ਸਮਾਗਮ ਨੂੰ ਹੋਰਨਾਂ ਤੋਂ ਇਲਾਵਾ ਗੁਰਦਿਆਲ ਢਾਬਾਂ, ਵਰਿੰਦਰ ਕੱਤੋਵਾਲ, ਮਦਨ ਗੁਰਦਾਸਪੁਰ, ਨਰਿੰਦਰ ਢਾਬਾਂ, ਗੁਰਦਿੱਤ ਦੀਨਾ, ਹਰਪ੍ਰੀਤ ਨਿਹਾਲ ਸਿੰਘ ਵਾਲਾ, ਨਵਜੋਤ ਕੌਰ, ਰਾਹੁਲ ਗਰਗ, ਸੋਨਾ ਸਿੰਘ ਧੁਨਕੀਆਂ, ਗੋਰਾ ਪਿਪਲੀ, ਜਸਪ੍ਰੀਤ ਬੱਧਨੀ, ਚਰਨਜੀਤ ਚਮੇਲੀ, ਰਾਜਵਿੰਦਰ ਗੋਪਾਲਪੁਰ, ਸਵਰਾਜ ਖੋਸਾ, ਬੋਹੜ ਸਿੰਘ ਬੁੱਟਰ ਹਰਜੀਤ ਢੰਡੀਆਂ, ਕਿਰਤੀ ਫਾਜ਼ਿਲਕਾ, ਪ੍ਰਵੀਨ ਫਾਜ਼ਿਲਕਾ, ਲਵਪ੍ਰੀਤ ਬੱਧਨੀ, ਅਮਨਦੀਪ ਮਾਨਸਾ, ਨਵਕਿਰਨ ਬੱਧਨੀ ਆਦਿ ਆਗੂਆਂ ਨੇ ਸ਼ਮੂਲੀਅਤ ਕੀਤੀ।

### ਹੜ੍ਹਾਂ ਦੌਰਾਨ 6515...

ਸ਼ੁੱਕਰਵਾਰ ਤੱਕ ਪੂਰੇ ਪੰਜਾਬ ਵਿੱਚ 2.33 ਲੱਖ ਤੋਂ ਵੱਧ ਪਸ਼ੂਆਂ ਦਾ ਟੀਕਾਕਰਨ ਕੀਤਾ ਜਾ ਚੁੱਕਿਆ ਹੈ।

ਵਿਭਾਗ ਦੇ ਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਦੱਸਿਆ ਕਿ ਲਗਭਗ ਸਾਰੇ ਪਸ਼ੂਆਂ ਦਾ ਟੀਕਾਕਰਨ ਹੋ ਚੁੱਕਿਆ ਹੈ। ਹੁਣ ਤੱਕ ਕਿਸੇ ਵੱਡੇ ਪੱਧਰ 'ਤੇ ਮਹਾਂਮਾਰੀ ਵਰਗੀ ਸਥਿਤੀ ਸਾਹਮਣੇ ਨਹੀਂ ਆਈ, ਪਰ ਸਥਿਤੀ 'ਤੇ ਨਜ਼ਰ ਰੱਖੀ ਜਾ ਰਹੀ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਹੜ੍ਹ ਮਗਰੋਂ ਪਸ਼ੂਆਂ ਵਿੱਚ ਕਈ ਤਰ੍ਹਾਂ ਦੀਆਂ ਬਿਮਾਰੀਆਂ ਦੇ ਲੱਛਣ ਸਾਹਮਣੇ ਆਏ ਹਨ। ਇਸ ਵਿੱਚ ਖੁਰਾਂ ਨਾਲ ਸੰਬੰਧਤ ਬਿਮਾਰੀਆਂ, ਥਣਾਂ 'ਚ ਸੋਜ, ਚਮੜੀ ਰੋਗ ਅਤੇ ਪੋਸ਼ਣ 'ਚ ਕਮੀ ਸਣੇ ਹੋਰ ਬਿਮਾਰੀਆਂ ਸ਼ਾਮਲ ਹਨ। ਹਰੇ ਚਾਰੇ ਦੀ ਘਾਟ ਕਾਰਨ ਪਾਚਨ ਸੰਬੰਧੀ ਸਮੱਸਿਆਵਾਂ ਵੀ ਵਧੀਆਂ ਹਨ, ਜਿਸ ਦਾ ਸਿੱਧਾ ਅਸਰ ਦੁੱਧ ਉਤਪਾਦਨ 'ਤੇ ਪਿਆ ਹੈ। ਵਿਸ਼ੇਸ਼ ਸੈਸ਼ਨ ਦੌਰਾਨ ਵਿਰੋਧੀ ਧਿਰ ਰਾਹਤ ਕਾਰਜਾਂ ਅਤੇ ਮੁਆਵਜ਼ੇ 'ਤੇ ਸਵਾਲ ਚੁੱਕ ਸਕਦੀ ਹੈ। ਅਜਿਹੇ ਵਿੱਚ ਪਸ਼ੂ ਪਾਲਣ ਵਿਭਾਗ ਦੀ ਰਿਪੋਰਟ ਸਰਕਾਰ ਦੇ ਜਵਾਬ ਦਾ ਆਧਾਰ ਬਣੇਗੀ। ਮੁੱਖ ਮੰਤਰੀ ਭਗਵੰਤ ਮਾਨ ਸਦਨ ਵਿੱਚ ਹੜ੍ਹ ਕਾਰਨ ਹੋਏ ਨੁਕਸਾਨ ਦਾ ਬਿਉਰਾ ਦੇਣ ਦੇ ਨਾਲ-ਨਾਲ ਪੀੜਤ ਲੋਕਾਂ ਅਤੇ ਪਸ਼ੂ ਪਾਲਕਾਂ ਲਈ ਰਾਹਤ ਨੀਤੀ ਸਪੱਸ਼ਟ ਕਰਨਗੇ। ਹੜ੍ਹ ਨੇ ਕਿਸਾਨਾਂ ਤੇ ਡੇਅਰੀ ਕਾਰੋਬਾਰੀਆਂ ਨੂੰ ਡੂੰਘਾ ਆਰਥਕ ਝਟਕਾ ਦਿੱਤਾ ਹੈ। ਪੋਲਟਰੀ ਮਾਲਕਾਂ ਨੂੰ ਭਾਰੀ ਨੁਕਸਾਨ ਝੱਲਣਾ ਪਿਆ ਹੈ।

### ਚੈਤਨਯਾਨੰਦ ਸਰਸਵਤੀ...

ਕਈ ਬੈਂਕ ਖਾਤੇ ਚਲਾਉਣ ਲਈ ਵੱਖ-ਵੱਖ ਨਾਵਾਂ ਅਤੇ ਵੇਰਵਿਆਂ ਦੀ ਵਰਤੋਂ ਕੀਤੀ ਅਤੇ ਆਪਣੇ ਵਿਰੁੱਧ ਐੱਫ ਆਈ ਆਰ ਦਰਜ ਹੋਣ ਤੋਂ ਬਾਅਦ 50 ਲੱਖ ਰੁਪਏ ਤੋਂ ਵੱਧ ਕਢਵਾ ਲਏ। ਪੁਲਸ ਨੂੰ ਉਸ ਕੋਲੋਂ ਕੁਝ ਫ਼ਰਜ਼ੀ ਵਿਜ਼ਟਿੰਗ ਕਾਰਡ ਵੀ ਮਿਲੇ ਹਨ, ਜੋ ਉਸ ਨੂੰ ਸੰਯੁਕਤ ਰਾਸ਼ਟਰ ਅਤੇ ਬ੍ਰਿਕਸ ਨਾਲ ਜੁੜੇ ਹੋਏ ਦਿਖਾਉਂਦੇ ਹਨ।

### ਕਿਸਾਨਾਂ ਦਾ ਦਿਲ...

ਵਾਤਾਵਰਣ ਚੇਤਨਾ ਪੈਦਾ ਕਰਨ ਲਈ ਉਨ੍ਹਾਂ ਨੂੰ ਲੇਖ ਲਿਖਣ, ਪੇਂਟਿੰਗ ਅਤੇ ਵਿਚਾਰ-ਵਟਾਂਦਰਾ ਮੁਕਾਬਲਿਆਂ ਵਿੱਚ ਸ਼ਾਮਲ ਕੀਤਾ ਜਾਵੇਗਾ।

ਉਹਨਾ ਕਿਹਾ ਕਿ ਸਾਡੀ ਮਿੱਟੀ ਅਤੇ ਸਾਡੇ ਲੋਕਾਂ ਦੀ ਸਿਹਤ ਸਾਡੀ ਪ੍ਰਮੁੱਖ ਤਰਜੀਹ ਹੈ। ਇਸ ਸਾਲ ਅਸੀਂ ਸਿਰਫ਼ ਮਸ਼ੀਨਰੀ ਪ੍ਰਦਾਨ ਕਰਨ 'ਤੇ ਧਿਆਨ ਕੇਂਦਰਤ ਨਹੀਂ ਕਰ ਰਹੇ, ਸਗੋਂ ਆਪਣੇ ਕਿਸਾਨ ਭਾਈਚਾਰੇ ਦੇ ਦਿਲਾਂ ਅਤੇ ਮਨਾਂ ਨੂੰ ਜਿੱਤਣ 'ਤੇ ਵੀ ਧਿਆਨ ਕੇਂਦਰਤ ਕਰ ਰਹੇ ਹਾਂ। ਇਹ ਵਿਆਪਕ ਆਊਟਰੀਚ ਪ੍ਰੋਗਰਾਮ ਪਰਾਲੀ ਸਾੜਨ ਵਿਰੁੱਧ ਇੱਕ 'ਜਨਤਕ ਲਹਿਰ' ਹੈ। ਅਸੀਂ ਸਿੱਧੇ ਜ਼ਮੀਨੀ ਪੱਧਰ 'ਤੇ ਪਿੰਡਾਂ, ਸਕੂਲਾਂ ਅਤੇ ਘਰਾਂ ਤੱਕ ਪਹੁੰਚ ਬਣਾ ਰਹੇ ਹਾਂ, ਤਾਂ ਜੋ ਸਾਡੇ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਵਿੱਚ ਅੱਗੇ ਆਉਣ ਲਈ ਸਿੱਖਿਅਤ, ਸਸ਼ਕਤ ਅਤੇ ਉਤਸ਼ਾਹਤ ਕੀਤਾ ਜਾ ਸਕੇ। ਸਾਡਾ ਟੀਚਾ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸਾਫ਼, ਹਰਿਆ-ਭਰਿਆ ਅਤੇ ਸਿਹਤਮੰਦ ਪੰਜਾਬ ਯਕੀਨੀ ਬਣਾਉਣਾ ਹੈ। ਉਨ੍ਹਾ ਕਿਹਾ ਕਿ ਇਹ ਮੁਹਿੰਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਹਵਾ ਪ੍ਰਦੂਸ਼ਣ ਦੀ ਚੁਣੌਤੀ ਨਾਲ ਨਜਿੱਠਣ ਪ੍ਰਤੀ ਦ੍ਰਿੜ੍ਹ ਵਚਨਬੱਧਤਾ ਨੂੰ ਉਜਾਗਰ ਕਰਦੀ ਹੈ।

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਪ੍ਰਬੰਧਕੀ ਸਕੱਤਰ ਡਾ. ਬਸੰਤ ਗਰਗ ਨੇ ਕਿਹਾ ਕਿ ਸਾਲ 2018-19 ਤੋਂ ਹੁਣ ਤਕ ਸੂਬੇ ਦੇ ਕਿਸਾਨਾਂ ਨੂੰ ਕੁੱਲ 1.58 ਲੱਖ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ ਪ੍ਰਦਾਨ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾ ਆਸ ਪ੍ਰਗਟਾਈ ਕਿ ਭਾਈਚਾਰਕ ਸ਼ਮੂਲੀਅਤ ਅਤੇ ਖੇਤੀਬਾੜੀ ਖੇਤਰ ਦੇ ਮਸ਼ੀਨੀਕਰਨ ਨਾਲ ਇਸ ਸੀਜ਼ਨ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਵੱਡੇ ਪੱਧਰ ਉਤੇ ਕਮੀ ਆਵੇਗੀ।

## ਘਰੇਲੂ ਕਲੇਸ਼ ਤੋਂ ਪ੍ਰੇਸ਼ਾਨ ਨੌਜਵਾਨ ਵੱਲੋਂ ਆਸਟਰੇਲੀਆ 'ਚ ਖ਼ੁਦਕੁਸ਼ੀ

**ਮਹਿਲ ਕਲਾਂ (ਬਰਨਾਲਾ) :** ਕਸਬਾ ਮਹਿਲ ਕਲਾਂ (ਬਰਨਾਲਾ) ਨਾਲ ਸੰਬੰਧਤ 41 ਸਾਲਾ ਨੌਜਵਾਨ ਸਰਬਜੀਤ ਸਿੰਘ ਉਰਫ਼ ਸਰਬਾ ਪੁੱਤਰ ਰਣਜੀਤ ਸਿੰਘ ਨੰਬਰਦਾਰ ਵੱਲੋਂ ਆਸਟਰੇਲੀਆ ਦੇ ਐਡੀਲੇਡ ਸ਼ਹਿਰ ਵਿੱਚ ਖ਼ੁਦਕੁਸ਼ੀ ਕਰ ਲੈਣ ਦੀ ਖਬਰ ਹੈ। ਪਰਵਾਰਕ ਮੈਂਬਰਾਂ ਮੁਤਾਬਕ ਸਰਬਜੀਤ ਸਿੰਘ 2015 ਵਿਚ ਵਿਆਹ ਤੋਂ ਬਾਅਦ ਸਪਾਊਜ਼ ਵੀਜ਼ੇ ਰਾਹੀਂ ਆਸਟਰੇਲੀਆ ਗਿਆ ਸੀ। ਉਹ ਦੋ ਬੱਚਿਆਂ ਦਾ ਪਿਤਾ ਹੈ। ਮ੍ਰਿਤਕ ਦੇ ਭਰਾ ਨੇ ਦੱਸਿਆ ਕਿ ਪਿਛਲੇ ਕੁਝ ਸਮੇਂ ਤੋਂ ਦੋਵਾਂ ਜੀਆਂ ਵਿਚਕਾਰ ਕਿਸੇ ਗੱਲ ਨੂੰ ਲੈ ਕੇ ਅਣਬਣ ਰਹਿਣ ਲੱਗੀ, ਇਹ ਗੱਲ ਇਥੋਂ ਤੱਕ ਵਧ ਗਈ ਕਿ ਉਸ ਦੀ ਪਤਨੀ ਨੇ ਬੀਤੀ 17 ਜੂਨ ਨੂੰ ਉਸ ਨੂੰ ਗ੍ਰਿਫ਼ਤਾਰ ਕਰਵਾ ਦਿੱਤਾ। ਉਹ ਬੀਤੀ 4 ਸਤੰਬਰ ਨੂੰ ਹਿਰਾਸਤ ਚੋਂ ਬਾਹਰ ਆਇਆ। ਇਸ ਸਭ ਕਾਸੇ ਤੋਂ ਸਰਬਜੀਤ ਸਿੰਘ ਮਾਨਸਕ ਤੌਰ 'ਤੇ ਪ੍ਰੇਸ਼ਾਨ ਰਹਿਣ ਲੱਗਿਆ। ਬੀਤੀ ਰਾਤ ਉਸ ਨੇ ਕੋਈ ਜ਼ਹਿਰੀਲੀ ਚੀਜ਼ ਖਾ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ। ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਅਤੇ ਵੱਖ-ਵੱਖ ਆਗੂਆਂ ਨੇ ਪੀੜਤ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਭਰੋਸਾ ਦਿੱਤਾ ਹੈ ਕਿ ਲਾਸ਼ ਨੂੰ ਭਾਰਤ ਲਿਆਉਣ ਵਿਚ ਪੂਰੀ ਮਦਦ ਕੀਤੀ ਜਾਵੇਗੀ।

### ਭਾਰਤ ਫੈਸਲੇ ਲੈਣ ਦੀ...

ਕਰਕੇ ਯੂਕਰੇਨ ਅਤੇ ਗਾਜ਼ਾ ਵਿੱਚ ਸਿੱਧੇ ਤੌਰ 'ਤੇ ਸ਼ਾਮਲ ਨਾ ਹੋਣ ਵਾਲੇ ਦੇਸ਼ਾਂ ਨੇ ਵੀ ਟਕਰਾਅ ਦਾ ਅਸਰ ਮਹਿਸੂਸ ਕੀਤਾ ਹੈ।' ਵਿਦੇਸ਼ ਮੰਤਰੀ ਨੇ ਕਿਹਾ, 'ਜਿਹੜੇ ਦੇਸ਼ ਸਾਰੀਆਂ ਧਿਰਾਂ ਨਾਲ ਕੰਮ ਕਰ ਸਕਦੇ ਹਨ, ਉਨ੍ਹਾਂ ਨੂੰ ਹੱਲ ਲੱਭਣ ਲਈ ਅੱਗੇ ਆਉਣਾ ਚਾਹੀਦਾ ਹੈ। ਭਾਰਤ ਦੁਸ਼ਮਣੀ ਖਤਮ ਕਰਨ ਦਾ ਸੱਦਾ ਦਿੰਦਾ ਹੈ ਅਤੇ ਸ਼ਾਂਤੀ ਬਹਾਲ ਕਰਨ ਵਿੱਚ ਮਦਦ ਕਰਨ ਵਾਲੀ ਕਿਸੇ ਵੀ ਪਹਿਲ ਦੀ ਹਮਾਇਤ ਕਰੇਗਾ।'

## ਗਾਇਕ ਜਵੰਦਾ ਦੀ ਸਿਹਤਯਾਬੀ ਲਈ ਅਕਾਲੀ ਦਲ ਵੱਲੋਂ ਅਰਦਾਸ



**ਮੋਗਾ (ਇਕਬਾਲ ਸਿੰਘ ਖਹਿਰਾ)**-ਪ੍ਰਸਿੱਧ ਨੌਜਵਾਨ ਗਾਇਕ ਰਾਜਵੀਰ ਸਿੰਘ ਜਵੰਦਾ ਬੀਤੇ ਦਿਨੀਂ ਆਪਣੇ ਸਾਥੀਆਂ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਸ਼ਿਮਲਾ ਜਾ ਰਹੇ ਸਨ, ਤਾਂ ਅਚਾਨਕ ਮੋਟਰਸਾਈਕਲ ਅੱਗੇ ਅਵਾਰਾ ਪਸ਼ੂ ਆਉਣ ਨਾਲ ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ ਸਨ ਤੇ ਹੁਣ ਉਹ ਮੋਹਾਲੀ ਦੇ ਫੋਰਟਸ ਹਸਪਤਾਲ ਵਿੱਚ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਹੇ ਹਨ।ਜਿੱਥੇ ਉਨ੍ਹਾਂ ਦੇ ਚਾਹੁਣ ਵਾਲੇ ਉਸ ਦੇ ਸਿਹਤਯਾਬ ਹੋ ਜਾਣ ਲਈ ਦੁਆਵਾਂ ਕਰ ਰਹੇ ਹਨ, ਉਥੇ ਅੱਜ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਦੀ ਅਗਵਾਈ ਵਿੱਚ ਸਮੁੱਚੇ ਸ਼੍ਰੋਮਣੀ ਅਕਾਲੀ ਦਲ ਨੇ ਗੁਰਦੁਆਰਾ ਸਾਹਿਬ ਜਾ ਕੇ ਰਾਜਵੀਰ ਸਿੰਘ ਸਲਾਮਤੀ ਲਈ ਗੁਰੂ ਸਾਹਿਬਾਂ ਨੂੰ ਅਰਦਾਸ ਬੇਨਤੀ ਕੀਤੀ।ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਨੌਜਵਾਨ ਗਾਇਕ ਰਾਜਵੀਰ ਸਿੰਘ ਜਵੰਦਾ ਨੇ ਹਮੇਸ਼ਾ ਹੀ ਸਾਫ ਸੁਥਰੇ ਤੇ ਸੱਭਿਆਚਾਰਕ ਗੀਤ ਗਾਏ ਹਨ ਤੇ ਕਦੇ ਵੀ ਉਸ ਨੇ ਲੱਚਰਤਾ ਨੂੰ ਮੂੰਹ ਨਹੀਂ ਲਾਇਆ।ਇਸ ਕਰਕੇ ਉਹ ਸਾਡੇ ਨੌਜਵਾਨਾਂ ਤੇ ਸਾਡੀਆਂ ਧੀਆਂ ਭੈਣਾਂ ਵਿੱਚ ਮਕਬੂਲ ਹੈ, ਇਸ ਲਈ ਉਹ ਸਿਹਤਯਾਬ ਹੋਣ ਹਲਕਾ ਮੋਗਾ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਗੁਰੂ ਘਰ ਦਾ ਓਟ ਆਸਰਾ ਲੈਂਦੇ ਉਨ੍ਹਾਂ ਲਈ ਅਰਦਾਸ ਬੇਨਤੀ ਕੀਤੀ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਬਿੰਦ ਸਿੰਘ ਸਰਕਲ ਪ੍ਰਧਾਨ ਚੜਿੱਕ, ਨਵਜੋਤ ਸਿੰਘ ਮਾਹਲਾ, ਸਾਬਕਾ ਸਰਪੰਚ ਸੁਰਜੀਤ ਸਿੰਘ ਸੰਧੂਆਂ ਵਾਲਾ, ਅਜਮੇਰ ਸਿੰਘ ਸੈਕਟਰੀ, ਸੁਖਦੇਵ ਸਿੰਘ ਬਿੱਲੂ ਚੜਿੱਕ, ਭਿੰਦਰ ਸਿੰਘ ਚੜਿੱਕ, ਡਾਕਟਰ ਗੁਰਪ੍ਰੀਤ ਸਿੰਘ ਚੜਿੱਕ, ਗੁਰਮੇਲ ਸਿੰਘ ਗੇਲਾ, ਗੁਰਪ੍ਰੀਤ ਸਿੰਘ ਗੋਪੀ ਸਾਬਕਾ ਸਰਪੰਚ, ਪ੍ਰਭਜੋਤ ਸਿੰਘ ਪੀਏ ਰਾਜਵੰਤ ਸਿੰਘ ਮਾਹਲਾ, ਗੁਰਵੀਰ ਸਿੰਘ ਲਵਲੀ ਦੁੱਨੇਕੇ ਆਦਿ ਹਾਜ਼ਰ ਸਨ।

## ਪੰਜਾਬ 'ਚ ਬੱਚੇ ਪੈਦਾ ਕਰਨ ਦੀ ਦਰ 'ਚ ਆਈ ਕਮੀ

**ਚੰਡੀਗੜ੍ਹ :** ਪੰਜਾਬ ਵਿੱਚ ਪ੍ਰਜਨਨ ਦਰ 'ਚ ਲਗਾਤਾਰ ਨਿਘਾਰ ਆ ਰਿਹਾ ਹੈ। ਪਿਛਲੇ 10 ਸਾਲਾਂ ਦੌਰਾਨ ਪੰਜਾਬ ਵਿੱਚ ਕੁੱਲ ਪ੍ਰਜਨਨ ਦਰ 11.8 ਫ਼ੀਸਦੀ ਤੱਕ ਡਿੱਗ ਗਈ। ਇਸ ਵਿੱਚ ਦਿਹਾਤੀ ਖੇਤਰ ਦੀ ਪ੍ਰਜਨਨ ਦਰ 'ਚ 11.1 ਫ਼ੀਸਦੀ ਤੇ ਸ਼ਹਿਰੀ ਖੇਤਰ ਵਿੱਚ 12.5 ਫ਼ੀਸਦੀ ਦਾ ਨਿਘਾਰ ਦਰਜ ਕੀਤਾ ਗਿਆ ਹੈ। ਇਹ ਖੁਲਾਸਾ ਕੇਂਦਰ ਸਰਕਾਰ ਵੱਲੋਂ ਸੈਂਪਲ ਰਜਿਸਟਰੇਸ਼ਨ ਸਟੈਟਿਸਟਿਕਲ ਰਿਪੋਰਟ ਵਿੱਚ ਕੀਤਾ ਗਿਆ। ਰਿਪੋਰਟ ਵਿੱਚ ਪ੍ਰਜਨਨ ਦਰ ਦੇ ਨਿਘਾਰ ਦਾ ਮੁੱਖ ਕਾਰਨ ਲੋਕਾਂ ਦੀ ਬਦਲ ਰਹੀ ਜੀਵਨ ਸ਼ੈਲੀ ਨੂੰ ਦੱਸਿਆ ਗਿਆ ਹੈ। ਸਾਲ 2011-13 ਦੌਰਾਨ ਪੰਜਾਬ ਦੀ ਪ੍ਰਜਨਨ ਦਰ 1.7 ਸੀ, ਜੋ ਕਿ 2021-23 ਵਿੱਚ ਘਟ ਕੇ 1.5 ਰਹਿ ਗਈ। ਇਸ ਤਰ੍ਹਾਂ ਪ੍ਰਜਨਨ ਦਰ ਵਿੱਚ 11.8 ਫ਼ੀਸਦੀ ਦਾ ਨਿਘਾਰ ਦਰਜ ਕੀਤਾ ਗਿਆ। ਹਾਲਾਂ ਕਿ ਦੇਸ਼ ਦੇ ਹੋਰਨਾਂ ਸੂਬਿਆਂ 'ਚ ਪ੍ਰਜਨਨ ਦਰ ਵਿੱਚ ਪੰਜਾਬ ਨਾਲੋਂ ਵੱਧ ਨਿਘਾਰ ਆਇਆ ਹੈ। ਸ਼ਹਿਰੀ ਖੇਤਰ ਵਿੱਚ 2011-13 'ਚ ਪ੍ਰਜਨਨ ਦਰ 1.6 ਸੀ, ਜੋ ਕਿ 2021-23 ਵਿੱਚ 1.4 ਰਹਿ ਗਈ। ਇਸ ਵਿੱਚ 12.5 ਫ਼ੀਸਦੀ ਦਾ ਨਿਘਾਰ ਦੇਖਿਆ ਗਿਆ। ਦੂਜੇ ਪਾਸੇ ਕੌਮੀ ਪੱਧਰ 'ਤੇ ਪ੍ਰਜਨਨ ਦਰ ਵਿੱਚ ਵੀ ਨਿਘਾਰ ਦਰਜ ਕੀਤਾ ਗਿਆ ਹੈ। ਸਾਲ 2011-13 'ਚ ਪ੍ਰਜਨਨ ਦਰ 2.4 ਸੀ, ਜੋ ਕਿ 10 ਸਾਲ ਬਾਅਦ 2021-23 ਵਿੱਚ ਘਟ ਕੇ 2 ਫੀਸਦੀ ਰਹਿ ਗਈ ਹੈ। ਇਸ ਵਿੱਚ 16.7 ਫ਼ੀਸਦੀ ਦਾ ਨਿਘਾਰ ਦਰਜ ਕੀਤਾ ਗਿਆ ਹੈ। ਰਿਪੋਰਟ ਵਿੱਚ ਪ੍ਰਜਨਨ ਦਰ ਘਟਣ ਦਾ ਮੁੱਖ ਕਾਰਨ ਵਧ ਰਿਹਾ ਸ਼ਹਿਰੀਕਰਨ, ਔਰਤਾਂ ਵਿੱਚ ਸਿੱਖਿਆ ਤੇ ਕੰਮ ਦੇ ਵਧ ਰਹੇ ਦਬਾਅ ਨੂੰ ਮੰਨਿਆ ਗਿਆ ਹੈ।

## ਸ਼੍ਰੋਮਣੀ ਅਕਾਲੀ ਦਲ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਲਈ 15 ਟਰੱਕ ਪਸ਼ੂ ਚਾਰੇ ਦੇ ਭੇਜੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਹੜ੍ਹਾਂ ਨਾਲ ਪ੍ਰਭਾਵਿਤ ਖੇਤਰਾਂ ਲਈ ਪਿੰਡ ਵੜਿੰਗ ਤੋਂ 15 ਟਰੱਕ ਪਸ਼ੂ ਚਾਰੇ ਦੇ ਭੇਜੇ ਗਏ।ਇਸ ਮੌਕੇ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਤੇ ਪਾਰਟੀ ਦੀ ਵੱਡੀ ਲੀਡਰਸ਼ਿਪ ਮੌਜੂਦ ਰਹੀ।ਅਕਾਲੀ ਦਲ ਦਾ ਕਹਿਣਾ ਹੈ ਕਿ ਜਿੱਥੇ ਸਰਕਾਰ ਫੇਲ੍ਹ ਰਹੀ ਹੈ, ਉੱਥੇ ਪਾਰਟੀ ਲੋਕਾਂ ਦੀ ਸਹਾਇਤਾ ਕਰ ਰਹੀ ਹੈ।ਅੱਜ ਭੇਜੇ ਗਏ 15 ਟਰੱਕਾਂ ਵਿੱਚੋਂ 10 ਪੱਟੀ ਇਲਾਕੇ ਤੇ 5 ਖੰਡੂਰ ਸਾਹਿਬ ਭੇਜੇ ਗਏ।ਮਲੂਕਾ ਨੇ ਕਿਹਾ ਕਿ 1988 ਤੋਂ ਬਾਅਦ ਪੰਜਾਬ ਵਿੱਚ ਸਭ ਤੋਂ ਭਾਰੀ ਹੜ੍ਹ ਆਇਆ ਹੈ, ਜਿਸ ਨਾਲ ਖੇਤੀਬਾੜੀ, ਪਸ਼ੂ, ਘਰਾਂ ਦਾ ਵੱਡਾ ਨੁਕਸਾਨ ਹੋਇਆ। ਜਦੋਂ ਸਰਕਾਰ ਮਦਦ ਨਹੀਂ ਕਰ ਰਹੀ ਸੀ, ਤਾਂ ਸੁਖਬੀਰ ਸਿੰਘ ਬਾਦਲ ਨੇ ਅੱਗੇ ਆ ਕੇ ਸਹਾਇਤਾ ਦੀ ਭਰਪੂਰ ਸੰਭਾਲ ਕੀਤੀ।ਸੁਖਬੀਰ ਸਿੰਘ ਬਾਦਲ ਰਾਤ 11 ਵਜੇ ਤੱਕ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਲੋਕਾਂ ਦੇ ਨਾਲ ਰਹੇ, ਜਿੱਥੇ ਲੋੜ ਸੀ ਉਥੇ ਨਗਦੀ, ਪਸ਼ੂ ਚਾਰਾ, ਡੀਜ਼ਲ, ਦਵਾਈਆਂ ਤੇ ਡਾਕਟਰਾਂ ਦੀ ਟੀਮਾਂ ਪਹੁੰਚਾਈਆਂ ਗਈਆਂ।ਮਲੂਕਾ ਨੇ ਕਿਹਾ ਕਿ ਹੁਣ ਤੱਕ 400 ਟਰੱਕ ਪਸ਼ੂ ਚਾਰੇ ਭੇਜੇ ਜਾ ਚੁੱਕੇ ਹਨ ਤੇ ਜਿਵੇਂ ਲੋੜ ਪਏਗੀ, ਸਹਾਇਤਾ ਜਾਰੀ ਰਹੇਗੀ।ਉਨ੍ਹਾਂ ਗਾਇਕ ਰਾਜਵੀਰ ਜਵੰਦਾ ਦੇ ਹਾਦਸੇ ਬਾਰੇ ਦੱਸਿਆ ਕਿ ਉਹ ਗੰਭੀਰ ਸੱਟਾਂ ਨਾਲ ਜ਼ਖ਼ਮੀ ਹੋਏ ਹਨ, ਪਰ ਪ੍ਰਮਾਤਮਾ ਉਨ੍ਹਾਂ ਨੂੰ ਜਲਦੀ ਤੰਦਰੁਸਤ ਕਰੇ।ਮਲੂਕਾ ਨੇ ਸਰਕਾਰ ਵੱਲੋਂ ਸੜਕਾਂ 'ਤੇ ਪਸ਼ੂਆਂ ਤੇ ਕੁੱਤਿਆਂ ਕਾਰਨ ਹੋ ਰਹੇ ਹਾਦਸਿਆਂ ਬਾਰੇ ਵੀ ਕਿਹਾ ਕਿ ਸਰਕਾਰ ਟੈਕਸ ਲੈਂਦੀ ਹੈ, ਪਰ ਹੱਲ ਨਹੀਂ ਕਰ ਰਹੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ, ਮਨਤਾਰ ਸਿੰਘ ਬਰਾੜ, ਬੰਟੀ ਰਮਾਣਾ, ਹਰਜਿੰਦਰ ਸਿੰਘ ਜਿੰਧੂ ਸਾਬਕਾ ਐਮ ਐੱਲ ਏ, ਬਿੰਦਰ ਗੋਨਿਆਣਾ ਸਕੱਤਰ, ਜਗਤਾਰ ਸਿੰਘ ਪੱਪੀ ਸਰਪੰਚ, ਜਗਜੀਤ ਸਿੰਘ ਹਨੀ ਫੱਤਣ ਵਾਲਾ, ਕੁਲਦੀਪ ਸਿੰਘ ਥਾਂਦੇ ਵਾਲਾ, ਸਰਕਲ ਪ੍ਰਧਾਨ ਅਮਰਜੀਤ ਸਿੰਘ ਖੋਖਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਮੌਜੂਦ ਤੇ ਲੀਡਰ ਸਾਹਿਬਾਨ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

29-Sep-PAGE-3.qxd 9/28/2025 10:43 PM Page 1



# ਏਡੀਸੀ ਡਾ. ਬੇਦੀ ਨੇ ਪਿੰਡ ਹਰਪੁਰਾ 'ਚ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਕੀਤਾ ਪ੍ਰੇਰਿਤ



**ਬਟਾਲਾ/ਹਰਪੁਰਾ (ਤਰਲੋਕ ਬੱਗਾ)**

ਕਾਦੀਆਂ ਬਲਾਕ ਦੇ ਪਿੰਡ ਹਰਪੁਰਾ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਅਤੇ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਏਡੀਸੀ ਡਾ. ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣਾ ਕਿਸੇ ਵੀ ਪੱਖ ਤੋਂ ਸਹੀ ਤੇ ਲਾਭਕਾਰੀ ਨਹੀਂ ਹੈ।ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿੱਥੇ ਜ਼ਹਿਰੀਲੀਆਂ ਗੈਸਾਂ ਨਾਲ ਸਾਡਾ ਵਾਤਾਵਰਨ ਪਲੀਤ ਹੁੰਦਾ ਹੈ ਓਥੇ ਜ਼ਮੀਨ ਦੇ ਉਪਜਾਊ ਤੱਤ ਵੀ ਸੜ ਕੇ ਨਸ਼ਟ ਹੋ ਜਾਂਦੇ ਹਨ।ਉਨ੍ਹਾਂ ਕਿਹਾ ਕਿ ਪਰਾਲੀ ਦਾ ਜ਼ਹਿਰੀਲਾ ਧੂੰਆਂ ਅੱਗ ਲਗਾਉਣ ਵਾਲੇ ਕਿਸਾਨਾਂ ਅਤੇ ਉਸ ਪਿੰਡ ਨੂੰ ਵੀ ਆਪਣਾ ਮਾਰੂ ਅਸਰ ਕਰਦਾ ਹੈ।ਇਸ ਲਈ ਸਾਨੂੰ ਵਡੇਰੇ ਮਾਨਵੀ ਅਤੇ ਵਾਤਾਵਰਣ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਪਰਾਲੀ ਨੂੰ ਅੱਗ ਬਿਲਕੁਲ ਨਹੀਂ ਲਗਾਉਣੀ ਚਾਹੀਦੀ।ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਨੇ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਨੁਕਸਾਨ ਅਤੇ ਇਨ ਸੀਟੂ ਅਤੇ ਐਕਸ ਸੀਟੂ ਤਕਨੀਕ ਨਾਲ ਪਰਾਲੀ ਪ੍ਰਬੰਧਨ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪਰਾਲੀ ਪ੍ਰਬੰਧਨ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸਹਾਇਤਾ ਲਈ ਖੇਤੀਬਾੜੀ ਵਿਭਾਗ ਨਾਲ ਰਾਬਤਾ ਕੀਤਾ ਜਾ ਸਕਦਾ ਹੈ।ਇਸ ਮੌਕੇ ਪਿੰਡ ਹਰਪੁਰਾ ਦੇ ਸਰਪੰਚ ਮਨਦੀਪ ਸਿੰਘ, ਕਿਸਾਨ ਲਾਲ ਸਿੰਘ, ਸੁਖਦੇਵ ਸਿੰਘ, ਬਲਰਾਜ ਸਿੰਘ, ਰਣਜੀਤ ਸਿੰਘ ਪੱਪਾ, ਬਲਵਿੰਦਰ ਸਿੰਘ, ਅਨੇਕ ਸਿੰਘ, ਬਿਕਰਮਜੀਤ ਸਿੰਘ, ਹਰਦੀਪ ਸਿੰਘ ਕਲੇਰ ਆਦਿ ਹਾਜ਼ਰ ਕਿਸਾਨਾਂ ਨੇ ਅਧਿਕਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਪਰਾਲੀ ਨੂੰ ਅੱਗ ਬਿਲਕੁਲ ਨਹੀਂ ਲਗਾਉਣਗੇ।

# ਬਾਬਾ ਬੰਦਾ ਸਿੰਘ ਬਹਾਦਰ ਸਕੂਲ ਨੇ ਤਾਈਕਵਾਂਡੋ 'ਚ ਜਿੱਤੇ ਸੋਨ ਤਮਗੇ




**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਦੇ ਵਿਦਿਆਰਥੀਆਂ ਨੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਹੋਈਆਂ 76ਵੀਆਂ ਜ਼ਿਲਾ ਪੱਧਰ ਦੀਆਂ ਖੇਡਾਂ ਤਾਈਕਵਾਂਡੋ ਖੇਡਾਂ ਵਿੱਚ ਹਿੱਸਾ ਲਿਆ ਅਤੇ ਬਹੁਤ ਹੀ ਵਧੀਆ ਪ੍ਰਦਰਸ਼ਨ ਕਰਦੇ ਹੋਏ ਰਿਸ਼ਵ ਪੁੱਤਰ ਸੁਦਾਮਾ, ਜੈਨਸ ਮਸੀਹ ਪੁੱਤਰ ਹੈਪੀ ਮਸੀਹ, ਸੀਰਾਜਦੀਪ ਸਿੰਘ ਸਪੁੱਤਰ ਅਮਰੀਕ ਸਿੰਘ, ਏਕਮਜੋਤ ਸਿੰਘ ਪੁੱਤਰ ਮੇਜਰ ਸਿੰਘ (ਅੰਡਰ-17) ਦਮਨਪ੍ਰੀਤ ਕੌਰ ਪੁੱਤਰੀ ਜਸਵਿੰਦਰ ਸਿੰਘ (ਅੰਡਰ-14) ਨੇ ਪਹਿਲਾ ਸਥਾਨ ਹਾਸਲ ਕਰਕੇ ਸੋਨੇ ਦੇ ਤਮਗੇ ਪ੍ਰਾਪਤ ਕੀਤੇ ਅਤੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ। ਸਕੂਲ ਪ੍ਰਬੰਧਕਾਂ ਅਤੇ ਪ੍ਰਿੰ. ਕਿਰਨ ਕੇਸਰ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਵਿਦਿਆਰਥੀਆਂ, ਉਨ੍ਹਾਂ ਦੇ ਮਾਤਾ-ਪਿਤਾ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ।ਵੁਸ਼ੂ ਕੋਚ ਪੂਜਾ ਦੀ ਸਖਤ ਮਿਹਨਤ ਦੀ ਸ਼ਲਾਘਾ ਕੀਤੀ ਅਤੇ ਇਸੇ ਤਰ੍ਹਾਂ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

# ਆਰ. ਡੀ. ਖੋਸਲਾ ਸਕੂਲ ਵੱਲੋਂ ਜ਼ਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ 'ਚ ਅੱਵਲ ਸਥਾਨ ਹਾਸਲ



**ਬਟਾਲਾ (ਡਾ. ਮਲਵਿੰਦਰ ਸਿੰਘ)**

ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਸਕੂਲ ਦੀਆਂ ਅੰਡਰ 19 ਟੀਮ ਦੀਆਂ ਵਿਦਿਆਰਥਣਾਂ ਅਨੰਨਿਆ ਅਤੇ ਹਿਮਾਨੀ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਜ਼ਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਪ੍ਰਾਪਤੀ 'ਤੇ ਸਕੂਲ ਚੇਅਰਮੈਨ ਅਰਵਿੰਦ ਖੋਸਲਾ ਪ੍ਰਧਾਨ ਅਜੇ ਖੋਸਲਾ, ਪ੍ਰਿੰ. ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਖੇਡਾਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਸਖ਼ਤ ਮਿਹਨਤ, ਸਮਰਪਣ ਅਤੇ ਟੀਮ ਭਾਵਨਾ ਵਿਦਿਆਰਥੀਆਂ ਨੂੰ ਅੱਗੇ ਲੈ ਕੇ ਜਾਂਦੀ ਹੈ।ਉਨ੍ਹਾਂ ਵਿਦਿਆਰਥੀਆਂ ਤੋਂ ਨਿਰੰਤਰ ਵਧੀਆ ਪ੍ਰਦਰਸ਼ਨ ਦੀ ਉਮੀਦ ਪ੍ਰਗਟ ਕੀਤੀ।ਉਨ੍ਹਾਂ ਨੇ ਜੇਤੂ ਵਿਦਿਆਰਥਣਾਂ ਉਨ੍ਹਾਂ ਦੇ ਮਾਪਿਆਂ ਅਤੇ ਕੋਚ ਤਰਲੋਕ ਸਿੰਘ, ਰਾਜਬੀਰ ਸਿੰਘ ਅਤੇ ਸ੍ਰੇਸ਼ਟਾ ਸ਼ਰਮਾ ਨੂੰ ਉਨ੍ਹਾਂ ਦੀ ਸ਼ਾਨਦਾਰ ਸਿਖਲਾਈ ਅਤੇ ਮਾਰਗਦਰਸ਼ਨ ਲਈ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਵਿੱਚ ਅਜਿਹੀਆਂ ਪ੍ਰਾਪਤੀਆਂ ਨਾ ਸਿਰਫ ਵਿਦਿਆਰਥੀ ਦੇ ਸਰੀਰਕ ਵਿਕਾਸ ਵਿੱਚ ਯੋਗਦਾਨ ਪਾਉਂਦੀਆਂ ਹਨ ਸਗੋਂ ਉਨ੍ਹਾਂ ਦੇ ਆਤਮ ਵਿਸ਼ਵਾਸ ਨੂੰ ਵੀ ਵਧਾਉਂਦੀਆਂ ਹਨ। ਅਜਿਹੇ ਟੂਰਨਾਮੈਂਟ ਵਿਦਿਆਰਥੀਆਂ ਨੂੰ ਆਪਣੀ ਸਮਰੱਥਾ ਅਤੇ ਦ੍ਰਿੜਤਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਵਧੀਆ ਪਲੇਟਫਾਰਮ ਪ੍ਰਦਾਨ ਕਰਦੇ ਹਨ।ਸਕੂਲ ਪ੍ਰਸ਼ਾਸਨ ਨੇ ਵੀ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਅਜਿਹੇ ਖੇਡ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ।ਆਰ. ਡੀ. ਖੋਸਲਾ ਸਕੂਲ ਦੀ ਲੜਕੀਆਂ ਦੀ ਟੀਮ ਨੇ ਪੰਜਾਬ ਸਕੂਲ ਖੇਡਾਂ ਜ਼ਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਆਰ.ਡੀ. ਖੋਸਲਾ ਡੀ.ਏ ਵੀ.ਮਾਡਲ ਸੀਨੀਅਰ ਸੈਕਡਰੀ ਸਕੂਲ ਸਕੂਲ ਦੀਆਂ ਅੰਡਰ 19 ਟੀਮ ਦੀਆਂ ਵਿਦਿਆਰਥਣਾਂ ਅਨੰਨਿਆ ਅਤੇ ਹਿਮਾਨੀ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਜ਼ਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਪ੍ਰਾਪਤੀ 'ਤੇ ਸਕੂਲ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ, ਪ੍ਰਿੰ. ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਖੇਡਾਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਆ।ਉਨ੍ਹਾਂ ਕਿਹਾ ਕਿ ਸਖ਼ਤ ਮਿਹਨਤ, ਸਮਰਪਣ ਅਤੇ ਟੀਮ ਭਾਵਨਾ ਵਿਦਿਆਰਥੀਆਂ ਨੂੰ ਅੱਗੇ ਲੈ ਕੇ ਜਾਂਦੀ ਹੈ।ਉਨ੍ਹਾਂ ਵਿਦਿਆਰਥੀਆਂ ਤੋਂ ਨਿਰੰਤਰ ਵਧੀਆ ਪ੍ਰਦਰਸ਼ਨ ਦੀ ਉਮੀਦ ਪ੍ਰਗਟ ਕੀਤੀ।ਉਨ੍ਹਾਂ ਨੇ ਜੇਤੂ ਵਿਦਿਆਰਥਣਾਂ ਉਨ੍ਹਾਂ ਦੇ ਮਾਪਿਆਂ ਅਤੇ ਕੋਚ ਤਰਲੋਕ ਸਿੰਘ, ਰਾਜਬੀਰ ਸਿੰਘ ਅਤੇ ਸ੍ਰੇਸ਼ਟਾ ਸ਼ਰਮਾ ਨੂੰ ਉਨ੍ਹਾਂ ਦੀ ਸ਼ਾਨਦਾਰ ਸਿਖਲਾਈ ਅਤੇ ਮਾਰਗਦਰਸ਼ਨ ਲਈ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਖੇਡਾਂ ਵਿੱਚ ਅਜਿਹੀਆਂ ਪ੍ਰਾਪਤੀਆਂ ਨਾ ਸਿਰਫ ਵਿਦਿਆਰਥੀ ਦੇ ਸਰੀਰਕ ਵਿਕਾਸ ਵਿੱਚ ਯੋਗਦਾਨ ਪਾਉਂਦੀਆਂ ਹਨ ਸਗੋਂ ਉਨ੍ਹਾਂ ਦੇ ਆਤਮ ਵਿਸ਼ਵਾਸ ਨੂੰ ਵੀ ਵਧਾਉਂਦੀਆਂ ਹਨ।

# ਡਰਾਮਾ ਮੁਕਾਬਲੇ 'ਚ ਬਾਕਮਾਲ ਪੇਸ਼ਕਾਰੀ ਸਦਕਾ ਦੂਸਰਾ ਸਥਾਨ ਹਾਸਲ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਵਿਦਿਆ ਸਕੱਤਰ ਇੰਜੀਨੀਅਰ ਸੁਖਮਿੰਦਰ ਸਿੰਘ ਸਰਪ੍ਰਸਤੀ ਹੇਠ ਪ੍ਰਿੰ. ਡਾ. ਗੁਰਜੀਤ ਸਿੰਘ ਦੀ ਦੇਖ-ਰੇਖ ਅਧੀਨ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੇ ਵਿਦਿਆਰਥੀਆਂ ਨੇ ਰੈੱਡ ਰਿਬਨ ਕਲੱਬ, ਜ਼ਿਲ੍ਹਾ ਗੁਰਦਾਸਪੁਰ ਵੱਲੋਂ ਕਰਵਾਏ ਗਏ ਡਰਾਮਾ ਮੁਕਾਬਲੇ ਵਿੱਚੋਂ ਪੂਰੇ ਜ਼ਿਲ੍ਹੇ ਵਿੱਚੋਂ ਦੂਸਰਾ ਸਥਾਨ ਹਾਸਲ ਕਰਕੇ 2000 ਰੁਪਏ ਦਾ ਇਨਾਮ ਹਾਸਲ ਕੀਤਾ।ਜ਼ਿਕਰਯੋਗ ਹੈ ਕਿ ਪੰਜਾਬ ਰਾਜ ਏਡਜ਼ ਕੰਟਰੋਲ ਸੁਸਾਇਟੀ ਦੇ ਸਹਿਯੋਗ ਨਾਲ ਯੁਵਕ ਸੇਵਾਵਾਂ ਵਿਭਾਗ ਗੁਰਦਾਸਪੁਰ ਵੱਲੋਂ ਰੈੱਡ ਰਿਬਨ ਕਲੱਬਾਂ ਦਾ ਜ਼ਿਲ੍ਹਾ ਪੱਧਰੀ ਡਰਾਮਾ ਮੁਕਾਬਲਾ ਕਰਵਾਇਆ ਗਿਆ।ਕਾਲਜ ਵਿਦਿਆਰਥੀਆਂ ਨੇ ਪ੍ਰੋ. ਮਨਜੀਤ ਕੌਰ ਨੋਡਲ ਅਫ਼ਸਰ ਰੈੱਡ ਰਿਬਨ ਕਲੱਬ ਦੀ ਅਗਵਾਈ ਵਿੱਚ ਐੱਚ. ਆਈ. ਵੀ. ਏਡਜ਼ ਵਿਸ਼ੇ ਨਾਲ ਸਬੰਧਤ ਡਰਾਮਾ ਖੇਡਿਆ।ਕਾਲਜ ਪ੍ਰੋਫ਼ੈਸਰ ਪ੍ਰੀਮਲਜੀਤ ਕੌਰ ਦੇ ਵਿਸ਼ੇਸ਼ ਉਦਮ ਸਦਕਾ ਵਿਦਿਆਰਥੀਆਂ ਨੇ ਬਾਕਮਾਲ ਪੇਸ਼ਕਾਰੀ ਕੀਤੀ।ਪ੍ਰੋਫ਼ੈਸਰ ਸੁਖਜੀਤ ਕੌਰ ਦਾ ਵੀ ਅਹਿਮ ਯੋਗਦਾਨ ਰਿਹਾ।ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਵਿਦਿਆਰਥੀਆਂ ਦੇ ਕਾਲਜ ਪਹੁੰਚਣ ਤੇ ਉਨ੍ਹਾਂ ਨੂੰ ਵਧਾਈ ਦਿੱਤੀ।ਉਨ੍ਹਾਂ ਨੇ ਵਿਦਿਆਰਥੀਆਂ ਦੀ ਕਲਾ ਦੀ ਸ਼ਲਾਘਾ ਕਰਦੇ ਹੋਏ ਸਬੰਧਤ ਅਧਿਆਪਕਾਂ ਦਾ ਵੀ ਉਚੇਚੇ ਤੌਰ 'ਤੇ ਧੰਨਵਾਦ ਕੀਤਾ।

# ਸ਼ਹੀਦ-ਏ-ਆਜ਼ਮ ਭਗਤ ਸਿੰਘ ਨੌਜਵਾਨਾਂ ਲਈ ਪ੍ਰੇਰਨਾ ਸਰੋਤ : ਮੁਕੇਸ਼ ਵਰਮਾ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਨ ਨੂੰ ਮਨਾਉਣ ਲਈ ਸਥਾਨਕ ਏਵੀਐੱਮ ਸੀਨੀਅਰ ਸੈਕੰਡਰੀ ਸਕੂਲ, ਕਾਦੀਆਂ ਵਿਖੇ ਜਗਤ ਪੰਜਾਬੀ ਸਭਾ ਕੈਨੇਡਾ ਦੀ ਪੰਜਾਬ ਇਕਾਈ ਦੇ ਪ੍ਰਧਾਨ ਮੁਕੇਸ਼ ਵਰਮਾ ਦੀ ਅਗਵਾਈ ਹੇਠ ਸਕੂਲ ਡਾਇਰੈਕਟਰ ਆਦਿੱਤਿਆ ਸਹਿਗਲ ਦੇ ਸਹਿਯੋਗ ਨਾਲ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ।ਜਨਰਲ ਸਕੱਤਰ ਪਵਨ ਭਾਰਦਵਾਜ, ਉਪ ਪ੍ਰਧਾਨ ਸਰਵਨ ਸਿੰਘ ਧੰਦਲ, ਵਿਪਿਨ ਪਰਾਸ਼ਰ, ਪ੍ਰਦੀਪ ਸਹਿਗਲ ਅਤੇ ਮੀਡੀਆ ਇੰਚਾਰਜ ਮਕਬੂਲ ਅਹਿਮਦ ਘਨੋਕੇ ਵੀ ਮੌਜੂਦ ਸਨ।ਸਾਰੇ ਮੈਂਬਰਾਂ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਤਸਵੀਰ ਤੇ ਫੁੱਲ ਮਾਲਾਵਾਂ ਭੇਟ ਕੀਤੀਆਂ। ਬਾਅਦ ਵਿੱਚ ਬੋਲਦਿਆਂ ਜਗਤ ਪੰਜਾਬੀ ਸਭਾ ਦੇ ਪ੍ਰਧਾਨ ਮੁਕੇਸ਼ ਵਰਮਾ ਨੇ ਕਿਹਾ ਕਿ ਭਗਤ ਸਿੰਘ ਅੱਜ ਦੇ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਹਨ, ਕਿਉਂਕਿ ਇਸ ਨੌਜਵਾਨ ਦੀ 23 ਸਾਲ ਦੀ ਛੋਟੀ ਉਮਰ ਵਿੱਚ ਦੇਸ਼ ਲਈ ਦਿੱਤੀ ਗਈ ਕੁਰਬਾਨੀ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ।ਉਨ੍ਹਾਂ ਅੱਜ ਦੇ ਨੌਜਵਾਨਾਂ ਨੂੰ ਨਸ਼ੇ ਵਰਗੀਆਂ ਬੁਰਾਈਆਂ ਤੋਂ ਦੂਰ ਰਹਿਣ ਅਤੇ ਇੱਕ ਨਵਾਂ ਸਮਾਜ ਸਿਰਜਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਨਸ਼ਿਆਂ 'ਤੇ ਰੋਕ ਲਗਾ ਕੇ ਹੀ ਅਸੀਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਸੱਚੀ ਸ਼ਰਧਾਂਜਲੀ ਦੇ ਸਕਦੇ ਹਾਂ ਅਤੇ ਉਨ੍ਹਾਂ ਦੇ ਸੁਪਨਿਆਂ ਦੇ ਦੇਸ਼ ਨੂੰ ਸਾਕਾਰ ਕਰ ਸਕਦੇ ਹਾਂ।ਇਸ ਮੌਕੇ ਵਿਪਿਨ ਪਰਾਸ਼ਰ ਨੇ ਨੌਜਵਾਨਾਂ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਨਕਸ਼ੇ-ਕਦਮਾਂ ਤੇ ਚੱਲਣ ਲਈ ਪ੍ਰੇਰਿਤ ਕੀਤਾ।ਜਨਰਲ ਸਕੱਤਰ ਪਵਨ ਭਾਰਦਵਾਜ ਅਤੇ ਪ੍ਰਦੀਪ ਸਹਿਗਲ ਨੇ ਵੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਨੌਜਵਾਨਾਂ ਨੂੰ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਦੀ ਅਪੀਲ ਕੀਤੀ।ਜਗਤ ਪੰਜਾਬੀ ਸਭਾ ਦੇ ਪ੍ਰਧਾਨ ਮੁਕੇਸ਼ ਵਰਮਾ ਅਤੇ ਉਨ੍ਹਾਂ ਦੀ ਟੀਮ ਨੇ ਸਕੂਲ ਪ੍ਰਬੰਧਨ ਨੂੰ ਕਾਇਦੇ-ਏ-ਨੂਰ ਭੇਟ ਕੀਤਾ।ਮੀਡੀਆ ਇੰਚਾਰਜ ਮਕਬੂਲ ਅਹਿਮਦ ਘਨੋਕੇ ਨੂੰ ਸਕੂਲ ਪ੍ਰਬੰਧਨ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।



# ਸ਼ੈਰੀ ਕਲਸੀ ਦੇ ਯਤਨਾਂ ਸਦਕਾ ਬਟਾਲਾ ਕਲੱਬ ਦੀ ਬਦਲੀ ਨੁਹਾਰ ; ਫੈਮਿਲੀ ਲਾਊਂਜ ਦਾ ਹਇਆ ਉਦਘਾਟਨ

**ਬਟਾਲਾ, (ਡਾ. ਮਲਵਿੰਦਰ ਸਿੰਘ)**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਦੇ ਯਤਨਾਂ ਸਦਕਾ ਬਟਾਲਾ ਕਲੱਬ ਦੀ ਨੁਹਾਰ ਬਦਲੀ ਗਈ ਹੈ, ਜਿਸ ਦੇ ਚੱਲਦਿਆਂ ਬਟਾਲਾ ਕਲੱਬ ਵਿੱਚ ਬਣਾਏ ਗਏ ਸ਼ਾਨਦਾਰ ਫੈਮਿਲੀ ਲਾਊਂਜ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਦੇ ਭਰਾ ਸਮਾਜ ਸੇਵੀ ਅੰਮ੍ਰਿ ਕਲਸੀ, ਚੇਅਰਮੈਨ ਮਾਨਿਕ ਮਹਿਤਾ, ਰਾਜੀਵ ਵਿਗ ਜਨਰਲ ਸਕੱਤਰ, ਹਰਵੰਤ ਮਹਾਜਨ ਸਕੱਤਰ, ਪੁਨੀਤ ਬਾਂਸਲ ਵਿੱਤ ਸਕੱਤਰ ਸਮੇਤ ਪੂਰੀ ਟੀਮ ਮੌਜੂਦ ਸੀ।ਗੱਲਬਾਤ ਕਰਦਿਆਂ ਸਮਾਜ ਸੇਵੀ ਅੰਮ੍ਰਿਤ ਕਲਸੀ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵਿਧਾਨ ਸਭਾ ਸ਼ੈਸਨ ਹੋਣ ਕਾਰਨ ਚੰਡੀਗੜ੍ਹ ਸਨ ਅਤੇ ਉਨ੍ਹਾਂ ਨੇ ਮੇਰੀ ਡਿਊਟੀ ਲਗਾਈ ਸੀ ਕਿ ਬਟਾਲਾ ਕਲੱਬ ਜਾ ਕੇ ਪੂਰੀ ਟੀਮ ਨੂੰ ਮੁਬਾਰਕਬਾਦ ਦਿੱਤੀ ਜਾਵੇ।ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ ਨੇ ਬਟਾਲਾ ਕਲੱਬ ਦੀ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਮੁੱਚੀ ਟੀਮ ਪੂਰੀ ਮਿਹਨਤ ਤੇ ਲਗਨ ਨਾਲ ਬਟਾਲਾ ਕਲੱਬ ਦੀ ਵਿਰਾਸਤ ਨੂੰ ਸਾਂਭਣ ਲਈ ਸਫਲ ਉਪਰਾਲੇ ਕਰ ਰਹੀ ਹੈ, ਜੋ ਵਧਾਈ ਦੀ ਹੱਕਦਾਰ ਹੈ।ਇਸ ਮੌਕੇ ਲਾਇਨ ਵੀ. ਐੱਮ. ਗੋਇਲ, ਰਾਕੇਸ਼ ਅਗਰਵਾਲ, ਦੀਪਕ ਪਥਰੀਆ, ਸਸ਼ੀ ਢੱਲ, ਸੁਭਾਸ਼ ਸ਼ਰਮਾ, ਮਨਜੀਤ ਸਿੰਘ ਬੁਮਰਾਹ, ਅਸ਼ੋਕ ਮਹਾਜਨ, ਕਪਿਲ ਗੁਪਤਾ, ਟਰੱਸਟੀ ਸੰਨੀ ਮਸੀਹ, ਰਾਜੇਸ਼ ਢੱਲ, ਬਰਿੰਦਰ ਸਿੰਘ, ਹਰਦੀਪ ਸਿੰਘ ਬਾਜਵਾ, ਡਾ. ਲਖਬੀਰ ਸਿੰਘ, ਲੈਕਚਰਾਰ ਜਸਬੀਰ ਸਿੰਘ, ਲਾਇਨ ਜੋਗਿੰਦਰ ਅੰਗਰੂਲਾ, ਲਾਇਨ ਯੋਗੇਸ਼ ਬੇਰੀ, ਮਾਸਟਰ ਜੋਗਿੰਦਰ ਸਿੰਘ, ਡਾ. ਹਰਪਾਲ ਸਿੰਘ, ਮਾਸਟਰ ਪਰੇਮ ਸਿੰਘ, ਗਗਨ ਪਲਾਜ਼ਾ, ਪਦਮ ਕੋਹਲੀ, ਕੇ. ਕੇ. ਵਿੱਗ, ਅੰਕੁਰ ਮਹਾਜਨ, ਕੇ. ਸਲਹੋਤਰਾ, ਪੁਨੀਤ ਮਰਵਾਹਾ ਅਤੇ ਜਸ਼ਨਦੀਪ ਸਿੰਘ ਬੁਮਰਾਹ ਆਦਿ ਮੌਜੂਦ ਸਨ।



# ਸਰਹੱਦੀ ਲੋਕ ਸੇਵਾ ਕਮੇਟੀ ਦੇ ਸਹਿਯੋਗ ਨਾਲ ਪਿੰਡ ਨੰਗਲ ਵਿਖੇ ਲੱਗਾ 6ਵਾਂ ਮੁਫਤ ਮੈਡੀਕਲ ਕੈਂਪ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਸਰਹੱਦੀ ਲੋਕ ਸੇਵਾ ਕਮੇਟੀ ਅੰਮ੍ਰਿਤਸਰ ਜੋ ਕਿ 2006 ਤੋਂ ਸਰਹੱਦੀ ਲੋਕਾਂ ਦੀ ਸੇਵਾ ਲਈ ਤਤਪਰ ਰਹਿੰਦੀ ਹੈ, ਵੱਲੋਂ ਅਜਨਾਲਾ ਵਿੱਚ ਹੜ੍ਹ ਪੀੜਤਾਂ ਲਈ ਛੇਵਾਂ ਫਰੀ ਮੈਡੀਕਲ ਕੈਂਪ ਪਿੰਡ ਨੰਗਲ ਦੇ ਹਰਬੰਸ ਸਿੰਘ ਅਤੇ ਰਣਬੀਰ ਸਿੰਘ ਦੇ ਘਰ ਲਗਾਇਆ ਗਿਆ। ਸੇਵਾ ਕਮੇਟੀ ਦੇ ਪ੍ਰਧਾਨ ਐਡਵੋਕੇਟ ਸੁਮਤ ਸ਼ਰਮਾ ਨੇ ਦੱਸਿਆ ਕਿ ਸਰਹੱਦੀ ਲੋਕ ਸੇਵਾ ਕਮੇਟੀ ਪੂਰੇ ਪੰਜਾਬ ਵਿੱਚ ਜਿੱਥੇ ਵੀ ਕੋਈ ਕੁਦਰਤੀ ਆਫਤ ਆਵੇ ਉਥੇ ਹਰ ਤਰ੍ਹਾਂ ਦੀ ਸੇਵਾ ਕਰਦੀ ਹੈ। ਸੋਸਾਇਟੀ ਕੋਲ ਐਂਬੂਲੈਂਸ ਦੀ ਸੇਵਾ ਵੀ ਹੈ, ਜਿਸ ਕਿਸੇ ਨੂੰ ਵੀ ਹਸਪਤਾਲ ਜਾਣਾ ਹੋਵੇ ਉਸ ਨੂੰ ਫਰੀ ਲਿਜਾ ਕੇ ਦਾਖਲ ਕਰਵਾਉਂਦੀ ਹੈ। ਜਨਰਲ ਸੈਕਟਰੀ ਬਾਨੂ ਪ੍ਰਕਾਸ਼ ਅਤੇ ਪੰਜਾਬ ਦੇ ਜਨਰਲ ਸੈਕਟਰੀ ਪਵਨ ਸ਼ਰਮਾ ਐਂਬੂਲੈਂਸ ਦੇ ਸੇਵਾ ਕਰਨ ਵਾਲੇ ਡਰਾਈਵਰ ਬੌਬੀ ਪਿੰਡ ਨੰਗਲ ਵਿੱਚ ਪਹੁੰਚੇ। ਇਸ ਮੌਕੇ ਸੁਮਤ ਸ਼ਰਮਾ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਪਿੰਡ ਬਲੜਵਾਲ, ਕਰਾਲੀਆਂ ਵਿਖੇ ਵੀ ਕੈਂਪ ਲਗਾਏ ਗਏ।ਡਾ. ਅਗਮ ਪ੍ਰਤਾਪ ਸਿੰਘ ਹਰ ਵੇਲੇ ਮੋਢੇ ਨਾਲ ਮੋਢਾ ਜੋੜ ਕੇ ਫਰੀ ਸੇਵਾ ਕਰਦੇ ਹਨ। ਇਸ ਮੌਕੇ ਡਾ. ਕਰਨਦੀਪ ਸਿੰਘ ਆਦਰਸ਼ ਅਤੇ ਸਟਾਫ ਹਾਜ਼ਰ ਸੀ।

# ਸੀ ਪੀ ਐੱਮ ਦੇ ਵਫ਼ਦ ਵੱਲੋਂ ਅਜਨਾਲਾ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ

## ਪ੍ਰਵਾਸੀ ਮਜ਼ਦੂਰਾਂ ਖ਼ਿਲਾਫ਼ ਚਲਾਈ ਜਾ ਰਹੀ ਨਫਰਤੀ ਮੁਹਿੰਮ ਨੂੰ ਦੱਸਿਆ ਮੰਦਭਾਗਾ

**ਅੰਮ੍ਰਿਤਸਰ (ਮਨੋਜ ਕੁਮਾਰ)**

ਸੀਪੀਆਈ (ਐੱਮ) ਦੇ ਵਫ਼ਦ ਨੇ ਅਜਨਾਲਾ ਖੇਤਰ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਜਿਸ ਦੀ ਅਗਵਾਈ ਪਾਰਟੀ ਦੇ ਪੋਲਿਟ ਬਿਊਰੋ ਮੈਂਬਰ ਕਾਮਰੇਡ ਅਮਰਾ ਰਾਮ ਤੇ ਵੀਜੂ ਕ੍ਰਿਸ਼ਨਨ ਨੇ ਸਾਂਝੇ ਤੌਰ 'ਤੇ ਕੀਤੀ। ਇਸ ਮੌਕੇ ਪੰਜਾਬ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ, ਸੂਬਾ ਸਕੱਤਰੇਤ ਮੈਂਬਰ ਸਤਨਾਮ ਸਿੰਘ ਵੜੈਚ, ਡਾ. ਗੁਰਿੰਦਰ ਸਿੰਘ, ਮੇਜਰ ਸਿੰਘ ਭਿੱਖੀਵਿੰਡ, ਸੂਬਾ ਕਮੇਟੀ ਮੈਂਬਰ ਇੰਦਰਜੀਤ ਸਿੰਘ ਮਰਾਣਾ, ਕਾਮਰੇਡ ਚਰਨਜੀਤ ਸਿੰਘ ਮਜੀਠਾ, ਡਾ. ਕਵਲਜੀਤ ਕੌਰ, ਕਾਮਰੇਡ ਸੁੱਚਾ ਸਿੰਘ ਅਜਨਾਲਾ ਤੇ ਜਨਕ ਰਾਜ ਆਦਿ ਵੀ ਉਨ੍ਹਾਂ ਨਾਲ ਹਾਜ਼ਰ ਸਨ। ਦੌਰੇ ਉਪਰੰਤ ਅਜਨਾਲਾ ਵਿਖੇ ਪਬਲਿਕ ਰੈਲੀ ਨੂੰ ਸੰਬੋਧਨ ਕਰਦਿਆਂ ਕਾਮਰੇਡ ਅਮਰਾ ਰਾਮ ਨੇ ਕਿਹਾ ਕਿ ਪੰਜਾਬ ਦੇ ਹੜ੍ਹ ਕੁਦਰਤੀ ਕਰੋਪੀ ਕਾਰਨ ਨਹੀਂ ਆਏ, ਸਗੋਂ ਕੇਂਦਰ ਤੇ ਪੰਜਾਬ ਸਰਕਾਰ ਦੀ ਨਾਲਾਇਕੀ ਕਾਰਨ ਆਏ ਹਨ। ਉਨ੍ਹਾਂ ਕਿਹਾ ਕਿ ਇਸ ਸਮੇਂ ਉਨਤ ਤਕਨੀਕ ਤੇ ਮੌਸਮ ਵਿਭਾਗ ਵੱਲੋਂ ਭਾਰੀ ਬਾਰਿਸ਼ ਦੀ ਦਿੱਤੀ ਚੇਤਾਵਨੀ ਦੇ ਬਾਵਜੂਦ ਸਰਕਾਰਾਂ ਨੇ ਜਾਣ ਬੁੱਝ ਕੇ ਪਾਣੀ ਡੈਮਾਂ ਵਿਚ ਡੱਕ ਕੇ ਰੱਖਿਆ। ਪੰਜਾਬ ਸਰਕਾਰ ਨੇ ਵੀ ਅਗਾਊਂ ਹੜ੍ਹ ਰੋਕੂ ਪ੍ਰਬੰਧ ਜਿਨ੍ਹਾਂ ਵਿਚ ਬੰਨ੍ਹਾਂ ਨੂੰ ਪੱਕੇ ਕਰਨਾ ਤੇ ਨਹਿਰਾਂ-ਨਾਲਿਆਂ ਦੀ ਸਫ਼ਾਈ ਵੱਲ ਯੋਗ ਧਿਆਨ ਨਹੀਂ ਦਿੱਤਾ। ਸਿੱਟੇ ਵਜੋਂ ਡੈਮਾਂ ਤੋਂ ਅਚਾਨਕ ਭਾਰੀ ਮਾਤਰਾ ਵਿਚ ਛੱਡੇ ਗਏ ਪਾਣੀ ਕਾਰਨ ਪੰਜਾਬ ਦਾ ਭਾਰੀ ਨੁਕਸਾਨ ਹੋਇਆ। ਉਨ੍ਹਾਂ ਕਿਹਾ ਕਿ ਹੜ੍ਹਾਂ ਦੌਰਾਨ ਬਚਾਓ ਤੇ ਰਾਹਤ ਕਾਰਜਾਂ ਵਿਚ ਵੀ ਸਰਕਾਰਾਂ ਦੀ ਕਾਰਗੁਜ਼ਾਰੀ ਤਸੱਲੀਬਖਸ਼ ਨਹੀਂ ਰਹੀ ਸਗੋਂ ਪੰਜਾਬ ਦੇ ਲੋਕਾਂ ਨੇ ਬੇਮਿਸਾਲ ਏਕਤਾ ਦਾ ਪ੍ਰਗਟਾਵਾ ਕਰਦਿਆਂ ਦਰਿਆਵਾਂ ਨੂੰ ਬੰਨ੍ਹ ਮਾਰੇ ਅਤੇ ਨਿੱਜੀ ਤੌਰ 'ਤੇ ਪੀੜਤਾਂ ਦੀ ਹਰ ਪ੍ਰਕਾਰ ਦੀ ਮਦਦ ਕੀਤੀ। ਪ੍ਰਧਾਨ ਮੰਤਰੀ ਨੇ ਉਸ ਸਮੇਂ ਪੰਜਾਬ ਦਾ ਦੌਰਾ ਕੀਤਾ, ਜਦੋਂ ਹਾਲਾਤ 'ਤੇ ਕਾਬੂ ਪਾ ਲਿਆ ਗਿਆ ਸੀ ਤੇ ਉਨ੍ਹਾਂ ਵੱਲੋਂ ਜੋ ਰਾਹਤ ਪੈਕਜ 1600 ਕਰੋੜ ਦਾ ਦਿੱਤਾ ਗਿਆ ਹੈ, ਉਹ ਬਹੁਤ ਘੱਟ ਹੈ। ਉਨ੍ਹਾਂ ਕੇਂਦਰ ਨੂੰ ਅਪੀਲ ਕੀਤੀ ਕਿ ਪੰਜਾਬ ਨੂੰ ਤ੍ਰਾਸਦੀ ਤੋਂ ਉਭਰਨ ਲਈ ਯੋਗ ਮੁਆਵਜ਼ਾ ਦਿੱਤਾ ਜਾਵੇ। ਇਸ ਮੌਕੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਪੰਜਾਬ ਵਿਚੋਂ ਬਾਹਰ ਕੱਢਣ ਦੀ ਪ੍ਰਵਾਸੀ ਮਜ਼ਦੂਰਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਨੂੰ ਮੰਦਭਾਗਾ ਦੱਸਿਆ ਅਤੇ ਆਪਸੀ ਭਾਈਚਾਰਾ ਤੇ ਸਹਿਯੋਗ ਕਾਇਮ ਰੱਖਣ ਦੀ ਅਪੀਲ ਕੀਤੀ। ਇਸ ਮੌਕੇ ਜ਼ਿਲ੍ਹਾ ਕਮੇਟੀ ਮੈਂਬਰ ਜਸਬੀਰ ਸਿੰਘ ਝਬਾਲ, ਤਰਸੇਮ ਟਪਿਆਲਾ, ਗੁਰਦੀਪ ਸਿੰਘ ਬੁਤਾਲਾ, ਗੁਰਨਾਮ ਤਲਵੰਡੀ, ਸੁਵਿੰਦਰ ਸਿੰਘ ਮੀਰਾਂਕੋਟ, ਨਰਿੰਦਰਪਾਲ ਚਮਿਆਰੀ, ਨਰਿੰਦਰ ਧੰਜਲ, ਕਿਰਪਾ ਰਾਮ, ਸਰੋਜ ਬਾਲਾ, ਰਘਬੀਰ ਕੌਰ ਐਡਵੋਕੇਟ ਕਵਲਜੀਤ ਕੌਰ ਆਦਿ ਸਾਥੀ ਹਾਜ਼ਰ ਸਨ।



# ਚਾਵਾ ਵਿਖੇ ਮਹਾਂਮਾਈ ਦਾ 17ਵਾਂ ਵਿਸ਼ਾਲ ਜਗਰਾਤਾ ਕਰਵਾਇਆ

**ਗੁਰਦਾਸਪੁਰ, (ਜਨਕ ਮਹਾਜਨ)**

ਫਰੈਂਡਜ਼ ਯੂਥ ਕਲੱਬ ਤੇ ਯੂਐੱਸਏ ਯੂਥ ਕਲੱਬ ਰਜਿ. ਗੁਰਦਾਸਪੁਰ ਦੇ ਪ੍ਰਬੰਧਾਂ ਹੇਠ ਮਹਾਂਮਾਈ ਦਾ 17ਵਾਂ ਵਿਸ਼ਾਲ ਜਾਗਰਣ ਨਵਾਂ ਸ਼ਾਲਾ ਚਾਵਾ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਗਿਆ। ਮੁੱਖ ਮਹਿਮਾਨ ਸੀਨੀਅਰ ਕਾਂਗਰਸੀ ਆਗੂ ਅਸ਼ੋਕ ਚੌਧਰੀ ਸਨ ਅਤੇ ਇਲਾਕੇ ਦੇ ਪੁਰਾਣੇ ਸਰਪੰਚ ਤੇ ਕਾਂਗਰਸੀ ਆਗੂ ਵੱਡੀ ਤਾਦਾਦ ਵਿਚ ਹਾਜ਼ਰ ਹੋਏ। ਮੈਡਮ ਡੀ. ਖ਼ਾਨ ਨੇ ਧਾਰਮਿਕ ਗੀਤ ਗਾ ਕੇ 11 ਵਜੇ ਤੱਕ ਚੰਗੀ ਹਾਜ਼ਰੀ ਭਰੀ। ਲੋਕ ਗਾਇਕ ਫਿਰੋਜ਼ ਖਾਨ ਨੇ ਗਣੇਸ਼ ਬੰਦਨਾ ਤੋਂ ਬਾਅਦ ਮਹਾਂਮਾਈ ਦੀਆਂ ਭੇਟਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸੰਗਤਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ। ਜਾਣਕਾਰੀ ਦਿੰਦੇ ਹੋਏ ਪ੍ਰਧਾਨ ਬਿਕਰਮਜੀਤ ਸਿੰਘ, ਸੈਕਟਰੀ ਹਰਜੀਤ ਸਿੰਘ, ਚਰਨਜੀਤ ਸਿੰਘ, ਸੰਨੀ ਅਮਰੀਕਾ, ਰਾਜੂ ਅਮਰੀਕਾ, ਗੋਰਾ ਕੈਨੇਡਾ, ਰਾਜੂ ਅਮਰੀਕਾ, ਸਰਪੰਚ ਸੁਲੱਖਣ ਸਿੰਘ ਚਾਵਾ, ਹਰਭਜਨ ਸਿੰਘ, ਐੱਸਡੀਓ ਭਜਨ ਸਿੰਘ ਅਤੇ ਹੋਰ ਕਲੱਬ ਦੇ ਮੈਂਬਰਾਂ ਤੇ ਆਗੂਆਂ ਨੇ ਦੇਸ਼ਾਂ-ਵਿਦੇਸ਼ਾਂ ਵਿਚ ਰਹਿੰਦੇ ਨੌਜਵਾਨਾਂ ਤੇ ਪਰਿਵਾਰਿਕ ਸਰਪੰਚਾਂ, ਸਮਾਜ ਸੇਵੀ ਜਥੇਬੰਦੀਆਂ ਆਗੂਆਂ ਤੇ ਬੁੱਧੀਜੀਵੀਆਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਇਸ ਮੌਕੇ ਅਸ਼ੋਕ ਚੌਧਰੀ ਨੂੰ ਦੁਸ਼ਾਲਾ ਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ। ਸੰਗਤਾਂ ਵਾਸਤੇ ਕਮੇਟੀ ਨੇ ਲੰਗਰਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਅਤੇ ਜਾਗਰਣ ਵਿਚ ਲਾਈਟਾਂ ਰਾਤ ਵੇਲੇ ਬਾਕਮਾਲ ਸਨ।



# ਡਾ. ਰੂਪਮ ਚੌਧਰੀ ਡਿਪਟੀ ਮੈਡੀਕਲ ਕਮਿਸ਼ਨਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਕੈਂਪਾਂ ਦਾ ਕੀਤਾ ਨਿਰੀਖਣ



**ਝਬਾਲ (ਹਰਜਿੰਦਰ ਸਿੰਘ ਸੋਨੀ)**

ਸਿਵਲ ਸਰਜਨ ਜ਼ਿਲ੍ਹਾ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਰੂਪਮ ਚੌਧਰੀ ਦੀ ਦੇਖਰੇਖ ਅਤੇ ਡਾ. ਰਾਜੂ ਚੌਹਾਨ ਸੀਨੀਅਰ ਮੈਡੀਕਲ ਅਫ਼ਸਰ ਸੀ. ਐੱਚ. ਸੀ. ਝਬਾਲ ਦੀ ਯੋਗ ਅਗਵਾਈ ਹੇਠ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਲਾਕ ਝਬਾਲ ਦੇ ਵੱਖ-ਵੱਖ ਪਿੰਡਾਂ ਵਿੱਚ ਕੈਂਪ ਲਗਾਏ ਜਾ ਰਹੇ ਹਨ ਜਿਨ੍ਹਾਂ ਵਿਚੋਂ ਪਿੰਡ ਮੰਨਣ ਦੇ ਗੁਰਦਵਾਰਾ ਸਾਹਿਬ ਅਤੇ ਸਰਕਾਰੀ ਸੈਕੰਡਰੀ ਸਮਾਰਟ ਸਕੂਲ (ਲੜਕੀਆਂ) ਝਬਾਲ ਵਿਖੇ ਡਾ. ਰੂਪਮ ਚੌਧਰੀ ਡਿਪਟੀ ਮੈਡੀਕਲ ਕਮਿਸ਼ਨਰ ਤਰਨ ਤਾਰਨ ਵੱਲੋਂ ਚੱਲ ਰਹੇ ਕੈਂਪਾਂ ਦਾ ਨਰੀਖਣ ਕੀਤਾ ਗਿਆ।ਇਸ ਮੌਕੇ ਡਾ. ਰੂਪਮ ਚੌਧਰੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਪਹਿਲਕਦਮੀ ਦੇ ਫਲਸਰੂਪ ਪੰਜਾਬ ਦੇ ਹਰ ਨਾਗਰਿਕ ਨੂੰ ਮੁਫ਼ਤ ਇਲਾਜ ਦੀ ਸਹੂਲਤ ਦੇਣ ਲਈ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕੈਂਪ ਲਗਾਏ ਜਾ ਰਹੇ ਹਨ ਜਿਸਦੇ ਤਹਿਤ ਪੰਜਾਬ ਸਰਕਾਰ ਵੱਲੋਂ ਲਾਭਪਾਤਰੀਆਂ ਨੂੰ ਪੰਜਾਬ ਦੇ ਸਾਰੇ (ਸੂਚੀਬੱਧ) ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ।ਉਨ੍ਹਾਂ ਨੇ ਮੀਡੀਆ ਰਾਹੀਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਸਾਨ ਪ੍ਰਕਿਰਿਆ ਰਾਹੀਂ ਆਪਣੀ ਅਤੇ ਆਪਣੇ ਪਰਿਵਾਰ ਦੇ ਮੈਂਬਰਾਂ ਦੀ ਰਜਿਸਟਰੇਸ਼ਨ ਕਰਵਾ ਕੇ ਇਸ ਲੋਕ ਹਿਤੈਸ਼ੀ ਯੋਜਨਾ ਦਾ ਵੱਧ ਤੋਂ ਵੱਧ ਲਾਭ ਲੈਣ।ਉਨ੍ਹਾਂ ਨੇ ਇਸ ਯੋਜਨਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀ ਸਕੀਮ ਦਾ ਸਭ ਨੂੰ ਲਾਭ ਲੈਣਾ ਚਾਹੀਦਾ ਹੈ ਜੋ ਨਿਰਪੱਖ ਤੌਰ 'ਤੇ ਹਰ ਨਾਗਰਿਕ ਲਈ ਉਪਲਬਧ ਕੀਤੀ ਗਈ ਹੈ।ਇਸ ਉਪਰਾਲੇ ਲਈ ਉਨ੍ਹਾਂ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਦਾ ਧੰਨਵਾਦ ਕੀਤਾ।ਇਸ ਮੌਕੇ ਡਾ. ਰੂਪਮ ਚੌਧਰੀ (ਡੀਐੱਮਸੀ ਜ਼ਿਲ੍ਹਾ ਤਰਨ ਤਾਰਨ), ਡਾ. ਰਾਜੂ ਚੌਹਾਨ ਐੱਸਐੱਮਓ ਝਬਾਲ ਦੇ ਨਾਲ ਗੁਰਲਾਲ ਸਿੰਘ ਬਲਾਕ ਐਕਸਟੈਂਸ਼ਨ ਐਜੂਕੇਸ਼ਨ, ਗੁਰਬੀਰ ਸਿੰਘ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ, ਅਵਨੀਤ ਕੌਰ ਸੀਐੱਚਓ, ਅਮਨਪ੍ਰੀਤ ਕੌਰ ਸੀਐੱਚਓ, ਵਰਿੰਦਰ ਕੌਰ ਏਐੱਨਐੱਮ, ਬਲਜੀਤ ਕੌਰ ਏਐੱਨਐੱਮ, ਪਿੰਡ ਮੰਨਣ ਅਤੇ ਝਬਾਲ ਦੇ ਪੰਚਾਇਤ ਮੈਂਬਰ, ਮੋਹਤਬਰ ਅਤੇ ਆਸ਼ਾ ਵਰਕਰਾਂ ਹਾਜ਼ਰ ਸਨ।

# ਸ਼ਹਿਰੀ ਤੇ ਬੇਟ ਇਲਾਕੇ 'ਚ ਨਕਲੀ ਮਠਿਆਈਆਂ ਦੀ ਵਿਕਰੀ ਜ਼ੋਰਾਂ 'ਤੇ

## ਸਿਹਤ ਵਿਭਾਗ ਨੂੰ ਜਾਗਣ ਦੀ ਲੋੜ

**ਗੁਰਦਾਸਪੁਰ, (ਜਨਕ ਮਹਾਜਨ)**

ਤਿਉਹਾਰਾਂ ਦੇ ਸੀਜ਼ਨ ਨੂੰ ਮੁੱਖ ਰੱਖਦੇ ਹੋਏ ਸ਼ਹਿਰੀ ਅਤੇ ਬੇਟ ਖੇਤਰ ਅੰਦਰ ਘਟੀਆ ਮਿਆਰ ਦਾ ਪਨੀਰ, ਖੋਇਆ ਅਤੇ ਖੋਏ ਤੋਂ ਬਣਨ ਵਾਲੀਆਂ ਮਠਿਆਈਆਂ ਦੀ ਵਿਕਰੀ ਜ਼ੋਰਾਂ 'ਤੇ ਹੋ ਰਹੀ ਹੈ। ਲੋਕਾਂ ਦਾ ਸਿਹਤ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਘਟੀਆ ਮਿਆਰ ਦੇ ਬਣੇ ਪਦਾਰਥਾਂ ਦਾ ਜਦੋਂ ਲੋਕ ਸੇਵਨ ਕਰਦੇ ਹਨ ਤਾਂ ਉਹ ਅਕਸਰ ਹੀ ਬਿਮਾਰ ਹੋ ਜਾਂਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਸਿਹਤ ਵਿਭਾਗ ਦੀ ਟੀਮ ਵੱਲੋਂ ਇਨ੍ਹਾਂ ਨਕਲੀ ਮਠਿਆਈਆਂ ਅਤੇ ਦੁੱਧ ਤੋਂ ਘਟੀਆ ਮਿਆਰ ਦੇ ਪਦਾਰਥ ਵੇਚਣ ਵਾਲਿਆਂ ਉਪਰ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ। ਜ਼ਿਕਰਯੋਗ ਹੈ ਕਿ ਗੁਰਦਾਸਪੁਰ ਸ਼ਹਿਰ ਵਿਚ ਮੌਜੂਦਾ ਸਮੇਂ ਹਲਵਾਈ ਦੀਆਂ ਕਾਫ਼ੀ ਛੋਟੀਆਂ-ਵੱਡੀਆਂ ਦੁਕਾਨਾਂ ਹਨ ਜਿਥੇ ਰੋਜ਼ਾਨਾ ਹਜ਼ਾਰਾਂ, ਲੱਖਾਂ ਰੁਪਏ ਦੀ ਮਠਿਆਈ ਆਦਿ ਵਿਕਦੀ ਹੈ ਪਰ ਹੈਰਾਨੀ ਦੀ ਗੱਲ ਹੈ ਕਿ ਕਾਫ਼ੀ ਸਮੇਂ ਤੋਂ ਸਿਹਤ ਵਿਭਾਗ ਵਲੋਂ ਇਨ੍ਹਾਂ ਦੁਕਾਨਦਾਰਾਂ ਦੀਆਂ ਮਠਿਆਈਆਂ ਦੇ ਸੈਂਪਲ ਭਰੇ ਜਾਣ ਦੀਆਂ ਖ਼ਬਰਾਂ ਨਹੀਂ ਮਿਲੀਆਂ। ਘਰਾਂ ਵਿਚ ਆਉਂਦੀ ਮਠਿਆਈ ਲੋਕ 4/5 ਦਿਨਾਂ ਤੋਂ ਵੱਧ ਦਿਨ ਨਹੀਂ ਵਰਤਦੇ ਪਰ ਇਹ ਦੁਕਾਨਦਾਰ ਆਪਣੀ ਮਠਿਆਈ ਬਣਨ ਦੀ ਮਿਤੀ ਅਤੇ ਖ਼ਤਮ ਹੋਣ ਦੀ ਮਿਤੀ ਟਰੇਆਂ 'ਤੇ ਨਹੀਂ ਲਿਖਦੇ ਜਿਸ ਕਾਰਨ ਇਨ੍ਹਾਂ ਮਠਿਆਈਆਂ ਦੀ ਸਹੀ ਮਿਆਰ ਬਾਰੇ ਜਾਣਕਾਰੀ ਨਹੀਂ ਮਿਲਦੀ। ਇਸ ਸਬੰਧੀ ਜਦੋਂ ਡਾ. ਜੀ. ਐੱਸ. ਪੰਨੂੰ ਅਸਿਸਟੈਂਟ ਫੂਡ ਕਮਿਸ਼ਨਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਉਹ ਗਾਹੇ-ਬਗਾਹੇ ਖ਼ਾਣ-ਪੀਣ ਵਾਲੇ ਪਦਾਰਥਾਂ ਦੀ ਚੈਕਿੰਗ ਕਰਦੇ ਰਹਿੰਦੇ ਹਨ ਅਤੇ ਸ਼ੱਕ ਪੈਣ 'ਤੇ ਖ਼ਰਾਬ ਚੀਜ਼ਾਂ ਦੇ ਸੈਂਪਲ ਲੈਬਾਰਟਰੀ ਵਿਚ ਟੈਸਟ ਵਾਸਤੇ ਭੇਜਦੇ ਹਾਂ। ਉਨ੍ਹਾਂ ਦੱਸਿਆ ਕਿ ਫਿਲਹਾਲ ਗੁਰਦਾਸਪੁਰ ਸ਼ਹਿਰ ਵਿਚੋਂ ਨਕਲੀ ਖ਼ਾਣ ਪੀਣ ਦਾ ਸਾਮਾਨ ਵੇਚਣ ਸਬੰਧੀ ਕੋਈ ਸ਼ਿਕਾਇਤ ਨਹੀਂ ਮਿਲੀ।

# ਹਰਨੰਦ ਸਿੰਘ ਬੱਲਿਆਂਵਾਲਾ ਦੀ ਪੁਸਤਕ 'ਭਗਤ ਸਿੰਘ ਦੀਆਂ ਪੈੜਾਂ' ਲੋਕ ਅਰਪਿਤ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**

ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਵਿਚਾਰਾਂ ਨੂੰ ਲੋਕਾਂ ਵਿੱਚ ਲੈ ਜਾਣ ਲਈ ਯਤਨਸ਼ੀਲ ਲੇਖਕ, ਸਮਾਜ ਸੇਵੀ ਅਤੇ ਤਰਕਸ਼ੀਲ ਚਿੰਤਕ ਹਰਨੰਦ ਸਿੰਘ ਬੱਲਿਆਂਵਾਲਾ ਦੀ ਦੂਸਰੀ ਪੁਸਤਕ 'ਭਗਤ ਸਿੰਘ ਦੀਆਂ ਪੈੜਾਂ' ਦਾ ਸ਼ਾਨਦਾਰ ਲੋਕ ਅਰਪਣ ਸਮਾਗਮ ਹੋਇਆ।ਸਮਾਗਮ ਦੀ ਮੇਜ਼ਬਾਨੀ ਗਰੀਨ ਫੀਲਡਜ਼ ਪਬਲਿਕ ਸਕੂਲ ਦਿਆਲਪੁਰਾ (ਤਰਨ ਤਾਰਨ) ਨੇ ਕੀਤੀ।ਸਕੂਲ ਦੇ ਐੱਮ. ਡੀ. ਦੇਵਰਾਜ ਸਿੰਘ ਅਤੇ ਸਕੂਲ ਪ੍ਰਿੰ. ਅਮਨਦੀਪ ਸਿੰਘ ਦੀ ਮੇਜ਼ਬਾਨ ਦੀ ਭੂਮਿਕਾ ਨਿਭਾਈ। ਕਿਤਾਬ ਵਿਚਲੇ ਸਾਰੇ ਲੇਖ ਸ਼ਹੀਦ ਭਗਤ ਸਿੰਘ ਦੇ ਜੀਵਨ ਅਤੇ ਵਿਚਾਰਧਾਰਾ ਦੁਆਲੇ ਘੁੰਮਦੇ ਹਨ।ਕਿਤਾਬ ਦਾ ਲੋਕ ਸਮਰਪਣ ਲੋਕ ਭਾਵਨਾ, ਸਾਂਝੀਵਾਲਤਾ, ਤਰਕਵਾਦੀ ਵਿਚਾਰਧਾਰਾ ਅਤੇ ਪ੍ਰਬੰਧ ਲਈ ਸੁਝਦੇ ਲੋਕਾਂ ਨੇ ਕੀਤਾ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਨੌਜਵਾਨ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਪ੍ਰਾਪਤ ਕਹਾਣੀਕਾਰ ਸਿਮਰਨ ਧਾਲੀਵਾਲ ਨੇ ਸ਼ਿਰਕਤ ਕੀਤੀ।ਮੰਚ ਸੰਚਾਲਕ ਦੇਵਰਾਜ ਸਿੰਘ ਨੇ ਪੁਸਤਕ ਬਾਰੇ ਸਰੋਤਿਆਂ ਨੂੰ ਜਾਣੂ ਕਰਵਾਇਆ। ਵੱਖ-ਵੱਖ ਬੁਲਾਰਿਆਂ ਨੇ ਕਿਤਾਬ ਬਾਰੇ ਵਿਸ਼ਾਗਤ ਅਤੇ ਵਸਤੂਗਤ ਪੱਖੋਂ ਬਹੁਤ ਅਣਮੁੱਲੇ ਵਿਚਾਰ ਪ੍ਰਗਟਾਏ।ਇਸ ਮੌਕੇ ਹਾਜ਼ਰ ਹਸਤੀਆਂ ਕਰਮ ਸਿੰਘ ਹੁੰਦਲ, ਮਾਸਟਰ ਦਲਜੀਤ ਸਿੰਘ ਦਿਆਲਪੁਰਾ, ਕੇਵਲ ਸਿੰਘ ਮਾੜੀ ਕੰਬੋਕੇ, ਮਨਮਿੰਦਰ ਸਿੰਘ ਢਿੱਲੋਂ ਉੱਘੇ ਸਾਹਿਤਕਾਰ, ਡਾ. ਤਾਰਾ ਚੰਦ ਦਿਆਲਪੁਰੀ, ਜਸਵਿੰਦਰ ਸਿੰਘ ਜੱਸ, ਕਾਰਜ ਸਿੰਘ ਆਸਲ, ਸਰਪੰਚ ਹਰਚੰਦ ਸਿੰਘ, ਕਾਰਜ ਸਿੰਘ ਭੁੱਲਰ, ਮਾਸਟਰ ਸੁਰਿੰਦਰ ਸਿੰਘ, ਹਰਜਿੰਦਰ ਸਿੰਘ ਫੌਜੀ, ਰਜਵੰਤ ਬਾਗੜੀਆਂ, ਮਾਸਟਰ ਤਸਵੀਰ ਸਿੰਘ, ਮਾਸਟਰ ਲਾਲੂ ਘੁੰਮਣ, ਮਾਸਟਰ ਬੇਅੰਤ ਸਿੰਘ, ਕਰਨਬੀਰ ਸਿੰਘ, ਬਖ਼ਸ਼ੀਸ਼ ਸਿੰਘ ਉਧੋਕੇ, ਹੁਸਨਪ੍ਰੀਤ ਸਿੰਘ, ਹਰਪ੍ਰੀਤ ਸ਼ਰਮਾ, ਨਰਿੰਦਰ ਸ਼ਰਮਾ, ਮਲਕੀਤ ਰਾਸੀ, ਜਸਪਾਲ ਬਹਿੜਵਾਲ ਅਤੇ ਇੰਦਰਜੀਤ ਸਿੰਘ ਨੇ ਲੋਕ ਅਰਪਣ ਸਮਾਗਮ ਵਿੱਚ ਸ਼ਮੂਲੀਅਤ ਕਰ ਹਰਨੰਦ ਸਿੰਘ ਬੱਲਿਆਂਵਾਲਾ ਨੂੰ ਇਸ ਕਿਤਾਬ ਲਈ ਮੁਬਾਰਕਾਂ ਦਿੱਤੀਆਂ ਅਤੇ ਸਮਾਗਮ ਨੂੰ ਚਾਰ ਚੰਨ ਲਾਏ।ਸਕੂਲ ਦੇ ਬੱਚਿਆਂ ਵੱਲੋਂ ਸ਼ਹੀਦ ਭਗਤ ਸਿੰਘ ਉੱਤੇ ਇੱਕ ਨਾਟਕ ਵੀ ਖੇਡਿਆ ਗਿਆ।ਪ੍ਰੋਗਰਾਮ ਤੋਂ ਬਾਅਦ ਬੱਚਿਆਂ ਵੱਲੋਂ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਆਖਿਰ ਪ੍ਰੋਗਰਾਮ ਯਾਦਗਾਰੀ ਹੋ ਨਿੱਬੜਿਆ।




# ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ 6 ਅਕਤੂਬਰ ਤੋਂ

**ਗੁਰਦਾਸਪੁਰ, (ਜਨਕ ਮਹਾਜਨ)**-ਪਸ਼ੂ ਪਾਲਣ ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਕੁਲਦੀਪ ਸਿੰਘ ਜੱਸੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਵਰਿਆਮ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਗੁਰਦਾਸਪੁਰ ਦੀ ਰਹਿਨੁਮਾਈ ਹੇਠ ਡੇਅਰੀ ਫਾਰਮਰਾਂ ਲਈ 2 ਹਫ਼ਤੇ ਦਾ ਡੇਅਰੀ ਸਿਖਲਾਈ ਕੋਰਸ 6 ਅਕਤੂਬਰ ਤੋਂ 17 ਅਕਤੂਬਰ ਤੱਕ ਡੇਅਰੀ ਸਿਖਲਾਈ ਕੇਂਦਰ ਵੇਰਕਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਇਸ ਡੇਅਰੀ ਸਿਖਲਾਈ ਕੋਰਸ ਵਾਸਤੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ 3 ਅਕਤੂਬਰ ਤੱਕ ਅਰਜ਼ੀਆਂ ਦੇ ਸਕਦੇ ਹਨ। ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਣਾਉਣ ਲਈ 2 ਹਫ਼ਤੇ ਦੀ ਡੇਅਰੀ ਸਿਖਲਾਈ 6 ਅਕਤੂਬਰ ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ ਵੇਰਕਾ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ ਜੋ ਘੱਟੋ-ਘੱਟ 5 ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ ਅਤੇ ਪੇਂਡੂ ਖੇਤਰ ਨਾਲ ਸਬੰਧਿਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ।

# ਰੋਟਰੀ ਕਲੱਬ ਨਾਰਥ ਵੱਲੋਂ ਬੁੱਧੀਜੀਵੀ ਅਧਿਆਪਕ ਅਤੇ ਵਿਦਿਆਰਥੀ ਸਨਮਾਨਿਤ

**ਅੰਮ੍ਰਿਤਸਰ (ਅਰੋੜਾ)**

ਰੋਟਰੀ ਕਲੱਬ ਨਾਰਥ ਵੱਲੋਂ ਮਾਂ ਭਗਵਤੀ ਦੇ ਪਵਿੱਤਰ ਨਰਾਤਿਆਂ ਦੇ ਮੌਕੇ ਇੱਕ ਧਾਰਮਿਕ ਪ੍ਰਾਜੈਕਟ ਨੂੰ ਅੰਜਾਮ ਦਿੰਦੇ ਹੋਏ ਕਲੱਬੇ ਦੇ ਪ੍ਰਧਾਨ ਵਰੁਣ ਕੱਕੜ, ਸਕੱਤਰ ਇੰਜੀ. ਪਰਮੀਤ ਸਿੰਘ, ਪ੍ਰਾਜੈਕਟ ਚੇਅਰਮੈਨ ਰਸਜੀਤ ਸਿੰਘ ਖੇੜਾ, ਅਤੇ ਪ੍ਰਾਜੈਕਟ ਕੋਆਰਡੀਨੇਟਰ ਐੱਸ. ਪੀ. ਅਰੋੜਾ ਦੀ ਦੇਖ ਰੇਖ ਵਿੱਚ ਇੱਕ ਸ਼ਲਾਘਾਯੋਗ ਧਾਰਮਿਕ ਪ੍ਰਾਜੈਕਟ ਨੂੰ ਅੰਜਾਮ ਦਿੰਦੇ ਹੋਏ ਗੁਰੂ ਕੀ ਨਗਰੀ ਵਿਖੇ ਸ਼ਲਾਘਾਯੋਗ ਕੰਮ ਕਰਨ ਵਾਲੀ ਵਿਦਿਆਰਥੀਆਂ ਨੂੰ ਮੁਫ਼ਤ ਸਿੱਖਿਆ ਦੇ ਨਾਲ ਨਾਲ ਮੁਫ਼ਤ ਪੁਸਤਕਾਂ, ਸਟੇਸ਼ਨਰੀ ਅਤੇ ਹੋਰ ਕਈ ਤਰ੍ਹਾਂ ਦੀ ਸਮੱਗਰੀ ਰਾਹੀਂ ਉਨ੍ਹਾਂ ਦੀ ਸਹਾਇਤਾ ਕਰਨ ਵਾਲੀਆਂ ਅਧਿਆਪਕਾਂ ਅਤੇ ਸਿੱਖਿਆ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ।ਕੁੱਝ ਅਧਿਆਪਕਾਂ ਨੂੰ ਕੱਪੜੇ ਅਤੇ ਵਿਦਿਆਰਥੀਆਂ ਨੂੰ ਕਈ ਤਰ੍ਹਾਂ ਦੀ ਖਾਣ ਪੀਣ ਦੀ ਸਮੱਗਰੀ ਵੰਡੀ ਗਈ। ਪ੍ਰਾਜੈਕਟ ਚੇਅਰਮੈਨ ਰਸਜੀਤ ਸਿੰਘ ਖੇੜਾ ਨੇ ਰੋਟਰੀ ਵੱਲੋਂ ਕੀਤੇ ਜਾ ਰਹੇ ਕੰਮਾਂ ਦੇ ਬਾਰੇ ਜਾਣਕਾਰੀ ਮੁਹੱਈਆ ਕਰਵਾਈ।ਰੋਟਰੀ ਦੇ ਜ਼ੋਨਲ ਚੇਅਰਮੈਨ ਸਾਬਕਾ ਜ਼ਿਲ੍ਹਾ ਖਜ਼ਾਨਾ ਅਧਿਕਾਰੀ ਅਤੇ ਸੋਸਾਇਟੀ ਦੇ ਚੀਫ ਐਡਵਾਈਜ਼ਰ ਵਿਜੇ ਭਸੀਨ ਨੇ ਏਆਈਸੀਈ ਸੋਸਾਇਟੀ ਵਿੱਚ ਸਮਾਜ ਸੇਵਾ ਦੀ ਭਾਵਨਾ ਨਾਲ ਕੰਮ ਕਰਨ ਵਾਲੀਆਂ ਅਧਿਆਪਕਾਂ ਦੀ ਭਰਪੂਰ ਸ਼ਲਾਘਾ ਕੀਤੀ। ਰੋਟਰੀ ਦੇ ਸਾਬਕਾ ਸਹਾਇਕ ਗਵਰਨਰ ਅਤੇ ਸੋਸਾਇਟੀ ਦੇ ਮਹਾਂ ਮੀਤ ਪ੍ਰਧਾਨ ਸੰਜੇ ਮਲਿਕ ਨੇ ਪਿਛਲੇ 19 ਸਾਲਾਂ ਵਿੱਚ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਦੇਸ਼ ਅਤੇ ਸਮਾਜ ਭਲਾਈ ਕੰਮਾਂ ਦੇ ਬਾਰੇ ਜਾਣਕਾਰੀ ਦਿੱਤੀ। ਰੋਟਰੀ ਦੇ ਨੌਜਵਾਨ ਪ੍ਰਧਾਨ ਵਰੁਣ ਕੱਕੜ ਨੇ ਕਿਹਾ ਕਿ ਰੋਟਰੀ ਕਲੱਬ ਨਾਰਥ ਦੇ ਵੱਲੋਂ ਲੱਖਾਂ ਰੁਪਏ ਦੀ ਰਾਸ਼ੀ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਇਕੱਠੀ ਕੀਤੀ ਹੈ। ਸੋਸਾਇਟੀ ਦੇ ਪੈਟਰਨ ਅਤੇ ਚੀਫ਼ ਐਡਵਾਈਜ਼ਰ ਅਤੇ ਮਹਾਂ ਮੀਤ ਪ੍ਰਧਾਨ ਨੇ ਆਏ ਹੋਏ ਮੈਂਬਰਾਂ ਅਤੇ ਮਹਿਮਾਨਾਂ ਨੂੰ ਏਆਈਸੀਈ ਸੋਸਾਇਟੀ ਦੇ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ।ਇਸ ਮੌਕੇ ਪ੍ਰਧਾਨ ਅਸ਼ੋਕ ਗ੍ਰੋਵਰ, ਸਾਬਕਾ ਪ੍ਰਧਾਨ ਯਸ਼ਪਾਲ ਅਰੋੜਾ, ਸਾਬਕਾ ਪ੍ਰਧਾਨ ਰਮੇਸ਼ ਕੱਕੜ, ਕਮਲਦੀਪ ਕੌਰ, ਪੁਨੀਤ ਕੌਰ, ਪ੍ਰੀਤੀ, ਮਨਪ੍ਰੀਤ ਕੌਰ, ਅਮਨਪ੍ਰੀਤ ਕੌਰ, ਨੇਹਾ, ਆਸ਼ੂ ਕੁਮਾਰ ਸਹਿਤ ਰੋਟਰੀ ਕਲੱਬ ਨਾਰਥ ਅਤੇ ਸੋਸਾਇਟੀ ਦੇ ਸਮੂਹ ਮੈਂਬਰ ਮੌਜੂਦ ਸਨ।



# ਐੱਨ ਪੀ ਐਸ ਕਰਮਚਾਰੀ 1 ਨੂੰ ਕਰਨਗੇ ਜ਼ਿਲ੍ਹਾ ਪੱਧਰ 'ਤੇ ਭੁੱਖ ਹੜਤਾਲ

**ਜਲੰਧਰ (ਰਾਜੇਸ਼ ਥਾਪਾ)**-ਨੈਸ਼ਨਲ ਮੂਵਮੈਂਟ ਫਾਰ ਓਲਡ ਪੈਨਸ਼ਨ ਸਕੀਮ ਦੇ ਸੱਦੇ ਤੇ 1 ਅਕਤੂਬਰ ਨੂੰ ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਵਲੋਂ ਸਾਂਝੇ ਤੌਰ 'ਤੇ ਜ਼ਿਲ੍ਹਾ ਹੈੱਡਕੁਆਰਟਰਾਂ ਤੇ ਪੁਰਾਣੀ ਪੈਨਸ਼ਨ ਦੀ ਮੰਗ ਨੂੰ ਲੈ ਕੇ ਇੱਕ ਰੋਜ਼ਾ ਭੁੱਖ ਹੜਤਾਲ ਤੇ ਅਧਿਆਪਕ ਅਤੇ ਕਰਮਚਾਰੀ ਬੈਠਣਗੇ। ਜੇਕਰ ਸਾਡੀ ਮੰਗ ਨੂੰ ਅਣਗੌਲਿਆ ਕੀਤਾ ਜਾਂਦਾ ਰਿਹਾ ਤਾਂ 25 ਨਵੰਬਰ ਨੂੰ ਕੀਤਾ ਜਾਵੇਗਾ ਦਿੱਲੀ ਕੂਚ।ਇਸ ਬਾਰੇ ਜਾਣਕਾਰੀ ਦਿੰਦਿਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਕਨਵੀਨਰ ਵੇਦ ਰਾਜ ਅਤੇ ਦਿਲਬਾਗ ਸਿੰਘ ਕੋ ਕਨਵੀਨਰ ਨੇ ਦੱਸਿਆ ਕਿ ਕੇਂਦਰ ਅਤੇ ਰਾਜ ਸਰਕਾਰਾਂ ਅਧਿਆਪਕ ਦਿਵਸ ਤੇ ਅਧਿਆਪਕਾਂ ਦੇ ਮਾਨ ਸਨਮਾਨ ਦੇ ਫੋਕੇ ਦਾਅਵੇ ਕਰਦੇ ਹਨ ਪਰ ਅਧਿਆਪਕਾਂ ਦਾ ਮਾਨ ਸਨਮਾਨ ਸਮਾਜਿਕ ਸੁਰੱਖਿਆ ਵਿੱਚ ਹੈ ਜੋਂ ਕਿ ਰਾਜ ਅਤੇ ਕੇਂਦਰ ਸਰਕਾਰ ਦੋਵੇਂ ਦੇਣ ਤੋਂ ਮੁਨਕਰ ਹਨ। ਇਸ ਹੜਤਾਲ ਦੇ ਵਿੱਚ ਪੰਜਾਬ ਦੇ ਸਮੂਹ ਐਨ ਪੀ ਐਸ ਕਰਮਚਾਰੀ ਭਾਗ ਲੈਣਗੇ ਤੇ 25 ਨਵੰਬਰ ਨੂੰ ਮੁਲਾਜ਼ਮਾਂ ਵੱਲੋਂ ਦਿੱਲੀ ਕੂਚ ਕੀਤਾ ਜਾਵੇਗਾ।ਇਸ ਮੌਕੇ ਪਰੇਮ ਖਲਵਾੜਾ, ਸੰਦੀਪ ਰਾਜੋਵਾਲ,ਕਰਨੈਲ ਫਿਲੌਰ, ਅਮਰਜੀਤ ਭਗਤ, ਕੁਲਵੀਰ ਕੰਦੋਲਾ, ਮਨਜਿੰਦਰ ਗ਼ਦਰਾ,ਅਨਿਲ ਸ਼ਰਮਾ, ਧਰਮ ਪਾਲ ਚੂਹੇਕੀ ਆਦਿ ਵੀ ਹਾਜ਼ਰ ਸਨ।

# ਨਹਿਰ ਅਪਰਬਾਰੀ ਦੁਆਬ ਤੇ ਨਹਿਰ ਕਸੂਰ ਬਰਾਂਚ ਉੱਪਰ ਬਣੇ ਪੁਲ 'ਤੇ ਲਾਈਟਾਂ ਗੁਲ, ਹਾਦਸੇ ਵਾਪਰਨ ਡਰ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ-ਮੁਕੇਰੀਆਂ ਸੜਕ ਵਿਚਕਾਰ ਪੈਂਦੀ ਨਹਿਰ ਅਪਰਬਾਰੀ ਦੁਆਬ ਅਤੇ ਨਹਿਰ ਕਸੂਰ ਬਰਾਂਚ 'ਤੇ ਬਣੇ ਪੁਲ 'ਤੇ ਲੱਗੀਆਂ ਲਾਈਟਾਂ ਨਾ ਜਗਣ ਕਾਰਨ ਹਾਦਸੇ ਹੋਣ ਦਾ ਡਰ ਬਣਿਆ ਰਹਿੰਦਾ ਹੈ ਜਿਸ ਕਾਰਨ ਇਲਾਕਾ ਵਾਸੀਆਂ ਦਾ ਪੰਜਾਬ ਸਰਕਾਰ ਤੇ ਸਬੰਧਿਤ ਵਿਭਾਗ ਵਲੋਂ ਧਿਆਨ ਨਾ ਦੇਣ ਕਰਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕੁਝ ਸਾਲ ਪਹਿਲਾਂ ਨਹਿਰ ਅਪਰਬਾਰੀ ਦੁਆਬ ਤੇ ਕਸੂਰ ਬਰਾਂਚ ਨਹਿਰ ਤੋਂ ਲੰਘਣ ਵਾਸਤੇ ਪੁਲ ਬਣਾਇਆ ਗਿਆ ਸੀ ਜਿਸ 'ਤੇ ਉਸ ਵੇਲੇ 18 ਖੰਭੇ ਲਗਾਏ ਗਏ ਸੀ। ਕੁਝ ਸਮੇਂ ਬਾਅਦ ਹੀ ਲਾਈਟਾਂ ਜਗਣੋਂ ਬੰਦ ਹੋ ਗਈਆਂ ਅਤੇ ਖੰਭੇ ਵੀ ਟੁੱਟ ਭੱਜ ਗਏ। ਲਾਈਟਾਂ ਅਜਕਲ ਗਾਇਬ ਹੋ ਗਈਆਂ ਹਨ। ਇਸ ਪੁਲ ਰਾਹੀਂ ਰੋਜ਼ਾਨਾ ਦਿਨ-ਰਾਤ ਸੈਂਕੜਿਆਂ ਦੀ ਗਿਣਤੀ ਵਿਚ ਛੋਟੇ ਵੱਡੇ ਵਾਹਨ ਦਿੱਲੀ, ਜਲੰਧਰ, ਚੰਡੀਗੜ੍ਹ ਆਦਿ ਤੋਂ ਆਉਂਦੇ ਹੋਏ ਜੰਮੂ, ਊਧਮਪੁਰ, ਸ੍ਰੀਨਗਰ ਸ਼ਹਿਰਾਂ ਨੂੰ ਆਉਂਦੇ-ਜਾਂਦੇ ਹਨ। ਲੋਕਾਂ ਨੇ ਦੱਸਿਆ ਕਿ ਪੁਲ 'ਤੇ ਰਾਤ ਸਮੇਂ ਹਨੇਰਾ ਹੋਣ ਕਾਰਨ ਕਈ ਵਾਰ ਦੋਪਹੀਆ ਵਾਹਨ ਆਪਸ ਵਿਚ ਟਕਰਾ ਕੇ ਹਾਦਸਾ ਗ੍ਰਸਤ ਹੋ ਚੁੱਕੇ ਹਨ ਅਤੇ ਵੱਡੇ ਵਾਹਨਾਂ ਦਾ ਵੀ ਹਾਦਸਾ ਹੋਣ ਦਾ ਡਰ ਬਣਿਆ ਰਹਿੰਦਾ ਹੈ। ਇਲਾਕਾ ਵਾਸੀਆਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਲੋਕ ਨਿਰਮਾਣ ਵਿਭਾਗ ਦੇ ਇਲੈਕਟ੍ਰੀਕਲ ਵਿੰਗ ਨੂੰ ਹਦਾਇਤਾਂ ਕਰਕੇ ਪੁਲ 'ਤੇ ਬੰਦ ਅਤੇ ਖ਼ਰਾਬ ਹੋਈਆਂ ਲਾਈਟਾਂ ਨੂੰ ਚਾਲੂ ਕੀਤਾ ਜਾਵੇ। ਇਲੈਕਟ੍ਰੀਕਲ ਵਿੰਗ ਦੇ ਅਧਿਕਾਰੀ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਪਰ ਸੰਪਰਕ ਨਹੀਂ ਹੋ ਸਕਿਆ।



29-Sep-PAGE-4-25.qxd 9/28/2025 10:42 PM Page 1

ਨਵਾਂ ਜ਼ਮਾਨਾ

ਸੋਮਵਾਰ 29 ਸਤੰਬਰ 2025

# ਬਚਾਅ 'ਚ ਹੀ ਬਚਾਅ

*ਧਾਰਮਕ ਮੇਲਿਆਂ ਤੇ ਸਿਆਸੀ ਇਕੱਠਾਂ ਦੌਰਾਨ ਵਾਪਰਦੀਆਂ ਤ੍ਰਾਸਦੀਆਂ ਵਿੱਚ ਤਾਮਿਲਨਾਡੂ ਦੇ ਸ਼ਹਿਰ ਕਰੂਰ ਦਾ ਨਾਂਅ ਵੀ ਜੁੜ ਗਿਆ ਹੈ, ਜਿੱਥੇ ਸਨਿੱਚਰਵਾਰ ਸ਼ਾਮੀਂ ਸਿਆਸੀ ਰੈਲੀ ਦੌਰਾਨ ਮਚੀ ਭਗਦੜ 'ਚ 40 ਲੋਕਾਂ ਦੀ ਮੌਤ ਹੋ ਗਈ ਤੇ 100 ਤੋਂ ਵੱਧ ਜ਼ਖਮੀ ਹੋ ਗਏ। ਮਰਨ ਵਾਲਿਆਂ 'ਚ 10 ਬੱਚੇ ਤੇ 16 ਮਹਿਲਾਵਾਂ ਹਨ। ਆਯੋਜਕਾਂ ਨੇ ਪ੍ਰਸ਼ਾਸਨ ਨੂੰ 10 ਹਜ਼ਾਰ ਲੋਕਾਂ ਦੇ ਇਕੱਠੇ ਹੋਣ ਦੀ ਗੱਲ ਕਹੀ ਸੀ, ਪਰ ਇਕੱਠ ਲਗਭਗ 27 ਹਜ਼ਾਰ ਦਾ ਹੋ ਗਿਆ। ਰੈਲੀ ਲਈ 500 ਪੁਲਸ ਵਾਲੇ ਤਾਇਨਾਤ ਕੀਤੇ ਗਏ ਸਨ। ਐਕਟਰ ਤੋਂ ਸਿਆਸਤਾਨ ਬਣਿਆ ਜੋਸੇਫ ਵਿਜੇ ਚੰਦਰਸ਼ੇਖਰ ਉਰਫ ਥਲਪਤੀ ਵਿਜੇ ਰੈਲੀ ਵਾਲੀ ਥਾਂ ਛੇ ਘੰਟੇ ਦੀ ਦੇਰੀ ਨਾਲ ਪੁੱਜਿਆ। ਆਯੋਜਕਾਂ ਨੇ ਵਿਜੇ ਦੇ ਦੁਪਹਿਰ 12 ਵਜੇ ਪੁੱਜਣ ਦਾ ਐਲਾਨ ਕੀਤਾ ਸੀ ਤੇ ਭੀੜ ਸਵੇਰੇ 9 ਵਜੇ ਤੋਂ ਜੁੜਨੀ ਸ਼ੁਰੂ ਹੋ ਗਈ ਸੀ। ਉਹ ਇਸ ਤੋਂ ਪਹਿਲਾਂ ਇੱਕ ਹੋਰ ਰੈਲੀ ਕਰਦਿਆਂ 7 ਘੰਟੇ ਲੇਟ ਪੁੱਜਾ। ਲੋਕ ਉਸ ਦੇ ਦੀਦਾਰ ਦੀ ਚਾਹਤ 'ਚ ਘਰਾਂ ਨੂੰ ਨਹੀਂ ਮੁੜੇ, ਸਗੋਂ ਭੀੜ ਹੋਰ ਵਧਦੀ ਗਈ। ਵਿਜੇ ਨੂੰ ਦੱਸਿਆ ਗਿਆ ਕਿ 9 ਸਾਲ ਦੀ ਬੱਚੀ ਗੁਆਚ ਗਈ ਹੈ। ਉਸ ਨੇ ਮੰਚ ਤੋਂ ਉਸ ਨੂੰ ਲੱਭਣ ਦੀ ਅਪੀਲ ਕੀਤੀ, ਜਿਸ ਦੇ ਬਾਅਦ ਭਗਦੜ ਮਚ ਗਈ। ਹੁੰਮ ਵਾਲੇ ਮਾਹੌਲ ਵਿੱਚ ਲੋਕ ਬੇਹੋਸ਼ ਹੁੰਦੇ ਗਏ ਤੇ ਮਿੱਧੇ ਜਾਂਦੇ ਰਹੇ। ਭਗਦੜ ਵਿੱਚ ਇੰਜ ਅਕਸਰ ਹੁੰਦਾ ਹੈ, ਪਰ ਲੋਕ ਫਿਰ ਵੀ ਸਬਕ ਨਹੀਂ ਲੈਂਦੇ।*

*ਤਾਮਿਲਨਾਡੂ ਵਿੱਚ ਐਕਟਰਾਂ ਦੇ ਮੁੱਖ ਮੰਤਰੀ ਦੀ ਕੁਰਸੀ ਤੱਕ ਪੁੱਜਣ ਦਾ ਇਤਿਹਾਸ ਹੈ। ਮੁੱਖ ਮੰਤਰੀ ਬਣੇ ਐੱਮ ਜੀ ਰਾਮਾਚੰਦਰਨ, ਐੱਮ ਕਰੁਣਾਨਿਧੀ ਤੇ ਜੈਲਲਿਤਾ ਪਹਿਲਾਂ ਐਕਟਰ ਹੀ ਹੁੰਦੇ ਸਨ। ਹੋਰ ਵੀ ਕਈ ਐਕਟਰਾਂ ਨੇ ਕਿਸਮਤ ਅਜ਼ਮਾਈ, ਜਿਨ੍ਹਾਂ ਵਿੱਚ ਕਮਲ ਹਾਸਨ ਵੀ ਹੈ। ਅੱਜਕਲ੍ਹ ਦੱਖਣ ਵਿੱਚ ਫਿਲਮਾਂ ਤੋਂ ਸਭ ਤੋਂ ਵੱਧ ਕਮਾਈ ਕਰਨ ਵਾਲੇ ਵਜੋਂ ਜਾਣਿਆ ਜਾਂਦਾ ਵਿਜੇ ਸਰਗਰਮ ਹੈ, ਜਿਸ ਨੇ 2 ਫਰਵਰੀ 2024 ਨੂੰ ਤਮਿਲਗਾ ਵੇਟਰੀ ਕੜਗਮ (ਟੀ ਵੀ ਕੇ) ਪਾਰਟੀ ਬਣਾਈ ਤੇ 2026 ਦੀਆਂ ਅਸੈਂਬਲੀ ਚੋਣਾਂ ਲੜਨ ਦਾ ਐਲਾਨ ਕੀਤਾ। ਇਸੇ ਸਿਲਸਿਲੇ ਵਿੱਚ ਉਹ ਸੂਬੇ ਵਿੱਚ ਰੈਲੀਆਂ ਕਰਕੇ ਲੋਕਾਂ ਨੂੰ ਪਾਰਟੀ ਦੇ ਏਜੰਡੇ, ਵਿਚਾਰਧਾਰਾ ਤੇ ਸੁਧਾਰ ਯੋਜਨਾਵਾਂ ਬਾਰੇ ਦੱਸ ਰਿਹਾ ਹੈ। ਉਹ ਖੁਦ ਨੂੰ ਹੁਕਮਰਾਨ ਡੀ ਐੱਮ ਕੇ ਦੇ ਸਭ ਤੋਂ ਵੱਡੇ ਵਿਰੋਧੀ ਦੇ ਰੂਪ ਵਿੱਚ ਪੇਸ਼ ਕਰ ਰਿਹਾ ਹੈ।*

*ਵਿਜੇ ਨੇ ਮ੍ਰਿਤਕਾਂ ਲਈ 20-20 ਲੱਖ ਤੇ ਜ਼ਖਮੀਆਂ ਲਈ 2-2 ਲੱਖ ਰੁਪਏ ਦੇਣ ਦਾ ਐਲਾਨ ਕੀਤਾ ਹੈ। ਮੁੱਖ ਮੰਤਰੀ ਐੱਮ ਕੇ ਸਟਾਲਿਨ ਨੇ ਵੀ ਮ੍ਰਿਤਕਾਂ ਨੂੰ 10-10 ਲੱਖ ਦੇਣ ਦਾ ਐਲਾਨ ਕੀਤਾ ਹੈ। ਪ੍ਰਧਾਨ ਮੰਤਰੀ ਤੇ ਰਾਸ਼ਟਰਪਤੀ ਤੋਂ ਲੈ ਕੇ ਤਮਾਮ ਆਗੂਆਂ ਨੇ ਤ੍ਰਾਸਦੀ 'ਤੇ ਦੁੱਖ ਪ੍ਰਗਟਾਇਆ ਹੈ। ਹਰ ਤ੍ਰਾਸਦੀ ਤੋਂ ਬਾਅਦ ਦੁੱਖ ਦੇ ਪ੍ਰਗਟਾਵੇ ਤੇ ਮਦਦ ਦਾ ਐਲਾਨ ਹੁੰਦਾ ਹੈ ਅਤੇ ਜਾਂਚ ਕਮਿਸ਼ਨ ਵੀ ਬਣਦੇ ਹਨ ਤੇ ਉਹ ਭਵਿੱਖ 'ਚ ਤ੍ਰਾਸਦੀਆਂ ਰੋਕਣ ਦੇ ਸੁਝਾਅ ਵੀ ਦਿੰਦੇ ਹਨ, ਪਰ ਤ੍ਰਾਸਦੀਆਂ ਫਿਰ ਵਾਪਰ ਜਾਂਦੀਆਂ ਹਨ। ਸਾਫ ਹੈ ਕਿ ਤ੍ਰਾਸਦੀਆਂ ਨੂੰ ਰੋਕਣ ਲਈ ਬਣਦੀ ਜ਼ਿੰਮੇਵਾਰੀ ਨਹੀਂ ਨਿਭਾਈ ਜਾਂਦੀ। ਇਸ ਤ੍ਰਾਸਦੀ ਨੇ ਵੀ ਸਿਆਸੀ ਰੈਲੀਆਂ ਵਿੱਚ ਭੀੜ ਪ੍ਰਬੰਧਨ ਤੇ ਸੁਰੱਖਿਆ ਵਿਵਸਥਾ ਦੀਆਂ ਖਾਮੀਆਂ ਨੂੰ ਉਜਾਗਰ ਕੀਤਾ ਹੈ। ਇਹ ਘਟਨਾ ਨਾ ਸਿਰਫ ਤਾਮਿਲਨਾਡੂ, ਸਗੋਂ ਪੂਰੇ ਦੇਸ਼ ਲਈ ਇੱਕ ਚੇਤਾਵਨੀ ਹੈ ਕਿ ਵੱਡੇ ਆਯੋਜਨਾਂ ਵਿੱਚ ਸੁਰੱਖਿਆ ਨੂੰ ਸਰਬਉੱਚ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ। ਸਿਆਸੀ ਆਗੂਆਂ ਤੇ ਧਾਰਮਕ ਆਗੂਆਂ ਨੇ ਹੁਣ ਵੀ ਬਿਨਾਂ ਯੋਗ ਪ੍ਰਬੰਧਾਂ ਦੇ ਇਕੱਠ ਕਰਨੋਂ ਨਹੀਂ ਹਟਣਾ, ਸਿਆਣਪ ਇਸ ਵਿੱਚ ਹੀ ਹੈ ਕਿ ਲੋਕ ਖੁਦ ਹੀ ਆਪਣਾ ਬਚਾਅ ਕਰਨ। ਨਿੱਕੇ-ਨਿੱਕੇ ਬੱਚੇ ਚੁੱਕ ਕੇ ਅਜਿਹੇ ਇਕੱਠਾਂ ਵਿੱਚ ਜਾਣ ਤੋਂ ਗੁਰੇਜ਼ ਕਰਨ।*

# ਪੰਜਾਬ ਦੀ ਧਰਤੀ-ਜ਼ਮੀਨ ਅਤੇ ਕਾਰਪੋਰੇਟ

ਡਾ. ਐੱਸ ਪੀ ਐੱਸ ਬਰਾੜ

ਗੁਰਬਾਣੀ ਵਿਚ ਧਰਤੀ ਨੂੰ ਮਾਂ ਦਾ ਦਰਜਾ ਦਿੱਤਾ ਗਿਆ ਹੈ। ਇਸ ਦਾ ਕਾਰਨ ਹੈ ਕਿ ਇਨਸਾਨ ਜਦੋਂ ਪੈਦਾ ਹੁੰਦਾ ਹੈ, ਉਸ ਨੂੰ ਮਾਂ ਦੀ ਗੋਦ ਵਿੱਚੋਂ ਸਾਰੀਆਂ ਦੁਨਿਆਵੀ ਅਤੇ ਸਰੀਰਕ (ਖਾਣ-ਪੀਣ) ਜ਼ਰੂਰਤਾਂ ਪੂਰੀਆਂ ਹੁੰਦੀਆਂ ਹਨ, ਪਰ ਜਦੋਂ ਉਹ ਧਰਤੀ 'ਤੇ ਪੈਰ ਰੱਖਦਾ ਹੈ ਤਾਂ ਉਸ ਦੀਆਂ ਇਹ ਸਾਰੀਆਂ ਜ਼ਰੂਰਤਾਂ ਧਰਤੀ ਉਪਰੋਂ ਜਾਂ ਵਿੱਚੋਂ ਪੈਦਾ ਹੁੰਦੀਆਂ ਹਨ। ਇਸ ਵੇਲੇ ਧਰਤੀ ਦਾ ਆਕਾਰ 51 ਕਰੋੜ ਵਰਗ ਕਿਲੋਮੀਟਰ ਹੈ, ਜਿਸ ਦਾ ਦੋ-ਤਿਹਾਈ ਹਿੱਸਾ ਪਾਣੀ ਨਾਲ ਢਕਿਆ ਹੋਇਆ ਹੈ ਅਤੇ ਇੱਕ-ਤਿਹਾਈ ਹਿੱਸੇ ਵਿਚ ਪਹਾੜ, ਜੰਗਲ, ਸ਼ਹਿਰ-ਪਿੰਡ ਵਸਦੇ ਹਨ ਅਤੇ ਖੇਤੀ ਹੁੰਦੀ ਹੈ, ਜਿਸ ਤੋਂ ਰੋਟੀ ਅਤੇ ਕੱਪੜਾ ਮਿਲਦਾ ਹੈ। ਇਸ ਵੇਲੇ ਧਰਤੀ 'ਤੇ ਕੁੱਲ ਅਬਾਦੀ 820 ਕਰੋੜ ਦੀ ਹੈ। ਇਹ ਅਬਾਦੀ ਸਾਧਨਾਂ ਅਨੁਸਾਰ ਕਿਤੇ ਸੰਘਣੀ ਅਤੇ ਕਿਤੇ ਵਿਰਲੀ ਹੈ। ਏਸ ਕਰਕੇ ਇਸ ਦੀ ਕੀਮਤ ਵੀ ਵੱਧ-ਘੱਟ ਹੈ। ਜਿੱਥੇ ਅਬਾਦੀ ਸੰਘਣੀ ਹੈ, ਉਥੇ ਜ਼ਿਆਦਾ ਹੈ ਅਤੇ ਜਿੱਥੇ ਵਿਰਲੀ ਹੈ ਉੱਥੇ ਘੱਟ ਹੈ।

**ਧਰਤੀ ਅਤੇ ਜ਼ਮੀਨ ਵਿਚ ਫ਼ਰਕ** : ਸੌਰ ਮੰਡਲ ਵਿਚ ਪ੍ਰਿਥਵੀ ਇਕ ਗ੍ਰਹਿ ਹੈ, ਜੋ ਸੂਰਜ ਦੁਆਲੇ ਘੁੰਮਦੀ ਹੈ, ਪਰ ਨਿੱਤ ਵਰਤੋਂ ਵਿੱਚ ਸ਼ਬਦ 'ਧਰਤੀ' ਪ੍ਰਿਥਵੀ ਦੇ ਉਸ ਹਿੱਸੇ ਲਈ ਵਰਤਿਆ ਜਾਂਦਾ ਹੈ, ਜੋ ਪਾਣੀ ਹੇਠ ਨਹੀਂ ਹੈ, ਭਾਵ ਸਮੁੰਦਰ ਤੋਂ ਪਾਸੇ ਹੈ। ਮੁੱਖ ਤੌਰ 'ਤੇ ਘਰ, ਸੜਕਾਂ, ਪਹਾੜ ਆਦਿ ਸਭ ਧਰਤੀ ਉੱਪਰ ਹੀ ਹਨ। ਧਰਤੀ ਵਿੱਚੋਂ ਹੀ ਕਈ ਪ੍ਰਕਾਰ ਦੇ ਖਣਿਜ ਅਤੇ ਧਾਤਾਂ ਕੱਢੀਆਂ ਜਾਂਦੀਆਂ ਹਨ।

ਦੂਜੇ ਪਾਸੇ ਜ਼ਮੀਨ ਧਰਤੀ ਦਾ ਉਹ ਉੱਪਰਲਾ ਹਿੱਸਾ ਹੈ, ਜੋ ਉਪਜਾਊ ਹੈ ਅਤੇ ਬਨਸਪਤੀ ਉਗਾਉਣ ਦੇ ਅਨੁਕੂਲ ਹੈ, ਭਾਵ ਧਰਤੀ ਦੀ ਉਹ ਉੱਪਰਲੀ ਪਰਤ, ਜਿਸ ਵਿਚ ਤੁਸੀਂ ਅਨਾਜ, ਫਲ, ਫੁੱਲ, ਸਬਜ਼ੀਆਂ ਆਦਿ ਉਗਾ ਸਕੋ, ਉਸ ਨੂੰ ਜ਼ਮੀਨ ਕਿਹਾ ਜਾਂਦਾ ਹੈ ਜਾਂ ਕਹਿ ਲਿਆ ਜਾਵੇ ਜ਼ਮੀਨ ਗਲਤ ਵਰਤੋਂ ਕਾਰਨ ਜਾਂ ਸੇਮ ਕਾਰਨ ਬੰਜਰ ਹੋ ਸਕਦੀ ਹੈ, ਪਰ ਧਰਤੀ ਤਾਂ ਰਹੇਗੀ। ਧਰਤੀ ਤੋਂ ਉਪਜਾਊ ਜ਼ਮੀਨ ਬਣਦਿਆਂ ਹਜ਼ਾਰਾਂ ਸਾਲ ਲੱਗ ਜਾਂਦੇ ਹਨ। ਜਦੋਂ ਮਨੁੱਖ ਨੇ ਇੱਕ ਜਗ੍ਹਾ ਰਹਿਣਾ ਸ਼ੁਰੂ ਕੀਤਾ ਤਾਂ ਵਸੋਂ ਉਥੋਂ ਸ਼ੁਰੂ ਹੋਈ, ਜਿੱਥੇ ਜ਼ਮੀਨ ਉਪਜਾਊ ਸੀ ਅਤੇ ਪੀਣ ਲਈ ਪਾਣੀ ਉਪਲੱਬਧ ਸੀ। ਇਹ ਵੀ ਕਥਨ ਹੈ 'ਜਿਹੋ ਜਿਹੀ ਜ਼ਮੀਨ, ਉਹੋ ਜਿਹੇ ਮਨੁੱਖ' ਮਤਲਬ ਜੇ ਜ਼ਮੀਨ ਸਿਹਤਮੰਦ ਹੈ ਤਾਂ ਉੱਥੇ ਅਬਾਦੀ ਵੀ ਸਿਹਤਮੰਦ ਹੋਵੇਗੀ।

ਜ਼ਮੀਨ ਦੇ ਪ੍ਰਬੰਧ ਲਈ ਕਈ ਤਰ੍ਹਾਂ ਦੇ ਸਿਸਟਮ ਚਲਾਏ ਗਏ। ਜ਼ਿਮੀਂਦਾਰੀ, ਜਗੀਰਦਾਰੀ, ਮਹਾਲਵਾਰੀ ਆਦਿ ਅਤੇ ਕਈ ਤਰ੍ਹਾਂ ਦੇ ਕਰਮਚਾਰੀ / ਅਹੁਦੇਦਾਰ ਵੀ ਨਿਯੁਕਤ ਕੀਤੇ ਗਏ, ਜਿਵੇਂ ਕਿ ਕਰੋੜੀ, ਆਮੀਲ ਅਤੇ ਪਟਵਾਰੀ ਆਦਿ। ਕਿਸਾਨ ਕੋਲ ਜ਼ਮੀਨ ਵਾਹੁਣ ਦਾ ਹੱਕ ਓਨਾ ਚਿਰ ਹੀ ਸੀ, ਜਿੰਨਾ ਚਿਰ ਉਹ ਮਾਲੀਆ ਦਿੰਦਾ ਸੀ। ਬਾਬਾ ਬੰਦਾ ਸਿੰਘ ਬਹਾਦਰ ਨੇ (1709-15) ਆਪਣੇ ਰਾਜਕਾਲ ਵਿਚ ਪੰਜਾਬ ਵਿੱਚ ਜਿਮੀਂਦਾਰੀ ਸਿਸਟਮ ਖ਼ਤਮ ਕਰ ਦਿੱਤਾ। ਇਸ ਲਈ ਜ਼ਮੀਨੀ ਭਾਵ ਜ਼ਮੀਨ ਦੀ ਮਾਲਕੀ ਸਰਕਾਰ ਤੋਂ ਕਿਸਾਨ ਨੂੰ ਮਿਲ ਗਈ, ਜੋ ਸਿਸਟਮ ਅੱਜ ਵੀ ਚੱਲ ਰਿਹਾ ਹੈ।

**ਦੇਸ਼ ਦੀ ਵੰਡ:** ਸੰਨ 1947 ਵਿੱਚ ਦੇਸ਼ ਦੀ ਵੰਡ ਸਮੇਂ ਸਾਂਝੇ ਪੰਜਾਬ ਦਾ ਉਹ ਹਿੱਸਾ ਜਿਹੜਾ ਜ਼ਿਆਦਾ ਵਿਕਸਤ ਸੀ, ਜ਼ਮੀਨ ਜ਼ਿਆਦਾ ਉਪਜਾਊ ਅਤੇ ਪਾਣੀ ਦੇ ਸਾਧਨ ਜ਼ਿਆਦਾ ਸਨ, ਉਹ ਪਾਕਿਸਤਾਨ ਵਿੱਚ ਚਲਾ ਗਿਆ। ਏਧਰਲੇ ਪੰਜਾਬ ਵਿੱਚ ਜ਼ਮੀਨ ਜ਼ਿਆਦਾਤਰ ਰੇਤਲੀ, ਟਿੱਬੇ, ਉੱਚੀ-ਨੀਵੀਂ ਅਤੇ ਕੱਲਰ ਵਾਲੀ ਸੀ। ਖ਼ਾਸ ਕਰਕੇ ਮਾਲਵੇ ਦਾ ਬਹੁਤਾ ਹਿੱਸਾ ਰੇਤਲਾ ਅਤੇ ਖ਼ੁਸ਼ਕੀ ਦਾ ਮਾਰਿਆ ਸੀ। ਅੱਜ ਜੋ ਪੱਧਰ ਜ਼ਮੀਨ ਉੱਪਰ ਇਕਸਾਰ ਕਣਕ-ਝੋਨਾ ਦਿਸਦਾ ਹੈ, ਇਹ ਕਿਸਾਨਾਂ ਦੀ ਦਹਾਕਿਆਂ ਦੀ ਮਿਹਨਤ ਦਾ ਨਤੀਜਾ ਹੈ, ਜਿਸ ਵਿਚ ਸਮੇਂ ਦੀ ਸਰਕਾਰ ਦਾ ਵੀ ਬਹੁਤ ਵੱਡਾ ਯੋਗਦਾਨ ਹੈ, ਜਿਸ ਨੇ ਮੁਰੱਬਾਬੰਦੀ ਕਰਵਾਈ, ਤਾਂ ਕਿ ਕਿਸਾਨਾਂ ਦੀ ਵੱਖ-ਵੱਖ ਟੁਕੜਿਆਂ ਵਿਚ ਪਈ ਜ਼ਮੀਨ ਇਕੱਠੀ ਹੋ ਸਕੇ। ਇਸ ਨਾਲ ਪਿੰਡਾਂ ਅਤੇ ਖੇਤਾਂ ਨੂੰ ਜਾਂਦੇ ਰਸਤੇ ਵੀ ਸਿੱਧੇ ਹੋਏ। ਤਕਨੀਕੀ ਵਿਕਾਸ ਲਈ ਯੂਨੀਵਰਸਿਟੀਆਂ, ਇੰਜੀਨੀਅਰਿੰਗ ਕਾਲਜ, ਆਈ.ਟੀ.ਆਈ. ਵਰਗੇ ਅਦਾਰੇ ਖੋਲ੍ਹੇ। ਪਾਣੀ ਦੇ ਇੰਤਜ਼ਾਮ ਲਈ ਸੱਤ-ਰੋਜ਼ੀ ਵਾਰੀ ਚਲਾਈ। ਕਿਸਾਨਾਂ ਦੀ ਸਹੂਲਤ ਲਈ ਪੀ ਏ ਡੀ ਬੀ (ਪੰਜਾਬ ਐਗਰੀਕਲਚਰ ਡਿਵੈਲਪਮੈਂਟ ਬੈਂਕ) ਅਤੇ ਕੋਆਪਰੇਟਿਵ ਬੈਂਕ ਅਤੇ ਕੋਆਪਰੇਟਿਵ ਸੋਸਾਇਟੀਆਂ ਖੋਲ੍ਹੀਆਂ। ਪਿੰਡਾਂ ਨੂੰ ਲਿੰਕ ਸੜਕਾਂ ਬਣਾਈਆਂ। ਮੰਡੀਕਰਨ ਸੁਧਾਰਿਆ, ਫ਼ੋਕਲ ਪੁਆਇੰਟ ਬਣਾਏ, ਜਿਸ ਦੇ ਸਿੱਟੇ ਵਜੋਂ ਹਰੀ ਕ੍ਰਾਂਤੀ ਆਈ। ਦੇਸ਼ ਦੀ ਭੁੱਖ ਮਿਟੀ। ਸੂਬਾ ਖੇਤੀ, ਇੰਡਸਟਰੀ ਅਤੇ ਪ੍ਰਤੀ ਜੀਅ ਆਮਦਨ ਵਿਚ ਨੰਬਰ ਇੱਕ ਬਣਿਆ।

**ਜ਼ਮੀਨ ਦੀ ਬਣਤਰ:** ਪੰਜਾਬ ਦੀ ਜ਼ਮੀਨ ਦਰਿਆਵਾਂ ਦੀ ਰੋਹੜ ਨਾਲ ਲਿਆਂਦੀ ਮਿੱਟੀ ਤੋਂ ਬਣੀ ਹੈ ਅਤੇ ਇਸ ਨੂੰ 'ਅਲੂਵੀਅਲ ਸਾਇਲ' ਕਿਹਾ ਜਾਂਦਾ ਹੈ। ਏਸੇ ਕਰਕੇ ਇਸ ਵਿਚ ਚੀਕਣੀ ਮਿੱਟੀ (ਕਲੇਅ) ਪਣਾ (ਸਿਲਟ) ਅਤੇ ਰੇਤੇ ਦੀ ਮਾਤਰਾ ਵਿਚ ਜਗ੍ਹਾ-ਜਗ੍ਹਾ 'ਤੇ ਫ਼ਰਕ ਹੈ। ਸਾਇੰਸਦਾਨਾਂ ਨੇ ਜਿੰਨੇ ਕੁਦਰਤੀ ਤੱਤਾਂ ਦੀ ਹੁਣ ਤੱਕ ਪਹਿਚਾਣ ਕੀਤੀ ਹੈ, ਉਹਨਾਂ ਵਿਚੋਂ ਬਹੁਤੇ ਜ਼ਮੀਨ ਵਿਚ ਪਾਏ ਜਾਂਦੇ ਹਨ, ਜੋ ਬਨਸਪਤੀ ਦੀ ਖ਼ੁਰਾਕ ਦਾ ਹਿੱਸਾ ਬਣਦੇ ਹਨ। ਬੂਟੇ ਦੇ ਵਧਣ-ਫੁੱਲਣ ਲਈ ਭਾਵੇਂ 16 ਤੱਤ ਜ਼ਰੂਰੀ ਹਨ, ਪਰ ਆਮ ਬੂਟੇ ਵਿਚ 70 ਦੇ ਕਰੀਬ ਤੱਤ ਪਾਏ ਜਾਂਦੇ ਹਨ। ਇਹਨਾਂ 70 ਤੱਤਾਂ ਵਿਚੋਂ ਇਨਸਾਨਾਂ ਵਿਚ ਅੱਗੋਂ 60 ਤੱਤ ਪਾਏ ਜਾਂਦੇ ਹਨ। ਇਹਨਾਂ ਵਿੱਚੋਂ ਜ਼ਰੂਰੀ ਸਿਰਫ 25 ਤੱਤ ਹੀ ਗਿਣੇ ਜਾਂਦੇ ਹਨ। ਬਹੁਤਾ ਇਨਸਾਨੀ ਢਾਂਚਾ ਸਿਰਫ਼ 6 ਤੱਤਾਂ ਦਾ ਬਣਿਆ ਹੈ, ਜਿਸ ਵਿਚ ਕਾਰਬਨ, ਆਕਸੀਜਨ, ਹਾਈਡਰੋਜਨ, ਨਾਈਟਰੋਜਨ, ਕੈਲਸ਼ੀਅਮ ਅਤੇ ਫਾਸਫੋਰਸ ਹਨ। ਇਸ ਦੇ ਨਾਲ ਗੰਧਕ (ਸਲਫ਼ਰ), ਪੋਟਾਸ਼ੀਅਮ, ਸੋਡੀਅਮ, ਕਲੋਰੀਨ ਅਤੇ ਮੈਗਨੀਸ਼ੀਅਮ। ਇਹਨਾਂ ਤੋਂ ਇਲਾਵਾ ਕੁਝ ਸੂਖਮ ਤੱਤ, ਜਿਹਨਾਂ ਦੀ ਮਾਤਰਾ 0.01 ਪ੍ਰਤੀਸ਼ਤ ਤੋਂ ਘੱਟ ਹੁੰਦੀ ਹੈ। ਉਹ ਹਨ ਬੋਰੋਨ, ਕੈਡਮੀਅਮ, ਕਰੋਮੀਅਮ, ਕੋਬਾਲਟ, ਕਾਪਰ, ਫਲੋਰੀਨ, ਆਇਓਡੀਨ, ਆਇਰਨ, ਮੈਗਨੀਜ਼, ਮੋਲੀਬਡਿਨਮ, ਸਿਲੀਕੋਨ, ਟਿਨ, ਵਨੇਡੀਅਮ ਅਤੇ ਜ਼ਿੰਕ। ਏਸੇ ਕਰਕੇ ਸ਼ਾਕਾਹਾਰੀ ਲੋਕ ਬਨਸਪਤੀ ਵਿੱਚੋਂ ਵੀ ਸੰਤੁਲਤ ਖੁਰਾਕ ਲੈ ਲੈਂਦੇ ਹਨ। ਜਿਹੜੇ ਪੰਜਾਬੀ ਫ਼ੌਜੀਆਂ ਨੇ ਦੂਜੇ ਵਿਸ਼ਵ ਯੁੱਧ ਵਿਚ ਹਿੱਸਾ ਲਿਆ ਅਤੇ ਜੰਗਲਾਂ ਵਿਚ ਘਿਰ ਗਏ ਉਹਨਾਂ ਨੇ ਕਈ ਕਈ ਦਿਨ ਕੱਚੀ ਬਨਸਪਤੀ 'ਤੇ ਹੀ ਗੁਜ਼ਾਰਾ ਕੀਤਾ।

**ਅੱਜ ਜ਼ਮੀਨ ਦੀ ਸਿਹਤ:** ਅੱਜਕੱਲ੍ਹ ਹਰ ਪੰਜਾਬੀ ਜਾਂ ਭਾਰਤੀ ਜੋ ਜ਼ਮੀਨ ਦੀ ਗੱਲ ਕਰਦਾ ਹੈ, ਉਹ ਇੱਕੋ ਗੱਲ ਕਰਦਾ ਹੈ-ਕਿਸਾਨਾਂ ਨੇ ਰਸਾਇਣਿਕ ਖਾਦਾਂ ਅਤੇ ਜ਼ਹਿਰਾਂ (ਪੈਸਟੀਸਾਈਡ) ਪਾ ਕੇ ਜ਼ਮੀਨ ਦੀ ਸਿਹਤ ਖ਼ਰਾਬ ਕਰ ਦਿੱਤੀ/ਕਮਜ਼ੋਰ ਕਰ ਦਿੱਤੀ। ਇੱਥੋਂ ਤੱਕ ਕਹਿਣ ਵਿੱਚ ਵੀ ਗੁਰੇਜ਼ ਨਹੀਂ ਕਰਦੇ ਕਿ ਜ਼ਮੀਨਾਂ ਬੰਜਰ ਬਣਾ ਦਿੱਤੀਆਂ। ਇਹਨਾਂ ਲੋਕਾਂ ਕੋਲ ਪੇਸ਼ ਕਰਨ ਲਈ ਕੋਈ ਜਾਂਚ ਰਿਪੋਰਟ ਨਹੀਂ, ਬੱਸ ਜੋ ਬੀਕਾਨੇਰ ਵਾਲੀ ਗੱਡੀ ਦੀ ਉਦਾਹਰਣ ਹੀ ਹੈ। ਮੈਂ ਇਹ ਦਾਅਵੇ ਨਾਲ ਕਹਿ ਸਕਦਾ ਹਾਂ ਕਿ ਬੀਕਾਨੇਰ ਨੂੰ ਜਾਂਦੀ ਕੈਂਸਰ ਦੇ ਇਲਾਜ ਲਈ ਗੱਡੀ ਜਾਂ ਇਥੋਂ ਦੇ ਹਸਪਤਾਲਾਂ ਵਿੱਚ ਵਧਦੇ ਮਰੀਜ਼ਾਂ ਲਈ ਜ਼ਿੰਮੇਵਾਰ ਕਿਸਾਨ ਨਹੀਂ, ਬਲਕਿ ਇੱਥੋਂ ਦੀ ਇੰਡਸਟਰੀ, ਕਾਰਪੋਰੇਸ਼ਨਾਂ, ਨਗਰ ਪਾਲਿਕਾਵਾਂ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਹੈ। ਪੰਜਾਬ ਦੀ ਜ਼ਮੀਨ ਦੀਆਂ ਰਸਾਇਣਕ ਅਤੇ ਭੌਤਿਕ ਵਿਸ਼ੇਸ਼ਤਾਈਆਂ ਵਿਚ ਹਰੀ ਕ੍ਰਾਂਤੀ ਦੇ ਸਮੇਂ ਤੋਂ ਲੈ ਕੇ ਹੁਣ ਤੱਕ ਸੁਧਾਰ ਹੋਇਆ ਹੈ। ਜਿਹੜੀ ਜ਼ਮੀਨ ਔਸਤ ਹੈਕਟੇਅਰ ਦੇ 12 ਟਨ ਦਾਣੇ ਹਰ ਸਾਲ ਪੈਦਾ ਕਰਦੀ ਹੈ, ਉਹ ਮਾੜੀ ਕਿਵੇਂ ਹੋ ਸਕਦੀ ਹੈ। ਰਹੀ ਗੱਲ ਰਸਾਇਣਕ ਖਾਦਾਂ ਦੀ,ਪੰਜਾਬ ਵਿਚ ਬਹੁਤੇ ਦੋ ਤੱਤ ਨਾਈਟਰੋਜਨ ਅਤੇ ਫਾਸਫੋਰਸ ਵਰਤੇ ਜਾਂਦੇ ਹਨ, ਇਹਨਾਂ ਤੋਂ ਕਿਤੇ ਘੱਟ ਪੋਟਾਸ਼, ਜ਼ਿੰਕ, ਮੈਗਨੀਜ਼ ਆਇਰਨ ਜਾਂ ਕਾਪਰ ਆਦਿ। ਇਹ ਸਾਰੇ ਹੀ ਤੱਤ ਸਾਡੀ ਖ਼ੁਰਾਕ ਦਾ ਜ਼ਰੂਰੀ ਅੰਗ ਹਨ ਅਤੇ ਕਿਸੇ ਜ਼ਮੀਨ ਜਾਂ ਪਾਣੀ ਵਿਚ ਇਹ ਸਬੂਤ ਨਹੀਂ ਆਇਆ ਕਿ ਰਸਾਇਣਕ ਖਾਦਾਂ ਦੀ ਵਰਤੋਂ ਨਾਲ ਜ਼ਮੀਨ ਜਾਂ ਪਾਣੀ ਖ਼ਰਾਬ ਹੋ ਗਿਆ। ਜਿੱਥੋਂ ਤੱਕ ਪੈਸਟੀਸਾਈਡ ਦੀ ਵਰਤੋਂ ਦੀ ਗੱਲ ਹੈ, ਪੰਜਾਬ ਵਿਚ ਪੈਸਟੀਸਾਈਡ ਸਿਰਫ਼ 665 ਗ੍ਰਾਮ ਪ੍ਰਤੀ ਹੈਕਟੇਅਰ ਸਾਲਾਨਾ ਵਰਤੇ ਜਾਂਦੇ ਹਨ, ਜਦ ਕਿ ਚੀਨ ਵਿਚ 13 ਕਿਲੋ ਅਤੇ ਯੂ.ਕੇ., ਇੰਗਲੈਂਡ ਵਿਚ 6 ਕਿਲੋ ਪ੍ਰਤੀ ਹੈਕਟੇਅਰ ਹੈ। ਦੁਨੀਆ ਭਰ ਦੀ ਔਸਤ 2.37 ਕਿਲੋ ਪ੍ਰਤੀ ਹੈਕਟੇਅਰ ਹੈ। ਇਸ ਤੋਂ ਉਪਰ ਅੱਜ ਤੱਕ ਪੰਜਾਬ ਵਿਚ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਕਿਸੇ ਵੀ ਇਹੋ ਜਿਹੇ ਰਸਾਇਣ ਦੀ ਵਰਤੋਂ ਦੀ ਸਿਫ਼ਾਰਿਸ਼ ਨਹੀਂ ਹੋਈ, ਜਿਹੜਾ ਬਾਇਉਡੀਗਰੇਡੇਬਲ ਨਾ ਹੋਵੇ। ਮਤਲਬ ਜਿਹੜਾ ਰਸਾਇਣ ਬੂਟੇ ਜਾਂ ਜ਼ਮੀਨ ਵਿਚ ਪਾਇਆ ਜਾਵੇਗਾ, ਉਸ ਦਾ ਮਾਲੀਕਿਊਲ ਸਮੇਂ ਨਾਲ ਐਲੀਮੈਂਟਲ ਫਾਰਮ (ਭਾਵ ਤੱਤ) ਵਿੱਚ ਬਦਲ ਜਾਵੇਗਾ ਜਾਂ ਕਹਿ ਲਓ ਉਸ ਦਾ ਜ਼ਹਿਰੀਲਾਪਣ ਖ਼ਤਮ ਹੋ ਜਾਵੇਗਾ। ਕੀ ਐਂਟੀਬਾਓਟਿਕ ਜਾਂ ਫੂਡ ਪਰੇਜ਼ਰਵੇਟਿਵ ਜ਼ਹਿਰ ਨਹੀਂ ਹਨ। ਇਸ ਵੇਲੇ ਭਾਰਤ ਦੀ ਪੈਸਟੀਸਾਈਡ ਇੰਡਸਟਰੀ 24500 ਕਰੋੜ ਦੀ ਹੈ ਅਤੇ ਰਸਾਇਣਕ ਖਾਦਾਂ ਦੀ 92000 ਕਰੋੜ ਦੀ। ਦੂਜੇ ਪਾਸੇ ਮਨੁੱਖੀ ਦਵਾਈਆਂ ਦਾ ਕੁੱਲ ਕਾਰੋਬਾਰ 5,16,000 ਕਰੋੜ ਦਾ ਹੈ, ਜਿਸ ਵਿੱਚੋਂ ਤਕਰੀਬਨ ਅੱਧੇ ਮੁੱਲ ਦੀਆਂ ਦਵਾਈਆਂ ਬਾਹਰ ਭੇਜੀਆਂ ਜਾਂਦੀਆਂ ਹਨ।

**ਜ਼ਮੀਨ ਦੀ ਸੁਚੱਜੀ ਵਰਤੋਂ** : ਪੰਜਾਬ ਦੀ ਅਬਾਦੀ 1971 ਵਿਚ ਇੱਕ ਕਰੋੜ ਪੈਂਤੀ ਲੱਖ ਸੀ, ਜੋ 2023 ਵਿਚ ਵਧ ਕੇ ਤਿੰਨ ਕਰੋੜ ਬਾਰਾਂ ਲੱਖ ਹੋ ਗਈ। ਖੇਤੀਬਾੜੀ ਵਾਲੀ ਜ਼ਮੀਨ ਜੋ ਉਸ ਵਕਤ ਪ੍ਰਤੀ ਜੀਅ 0.311 ਹੈਕਟੇਅਰ (ਤਕਰੀਬਨ 6 ਕਨਾਲ) ਸੀ, ਉਹ ਘਟ ਕੇ 0.134 ਹੈਕਟੇਅਰ (2 ਕਨਾਲ 13 ਮਰਲੇ) ਰਹਿ ਗਈ। ਖੇਤੀਬਾੜੀ ਵਾਲੀ ਜ਼ਮੀਨ 43 ਫੀਸਦੀ ਤੱਕ ਹੀ ਰਹਿ ਗਈ, ਜਿਸ ਵਿੱਚੋਂ ਹਰ ਪੰਜਾਬੀ ਨੇ ਆਪਣੀ ਜ਼ਿੰਦਗੀ ਦੀਆਂ ਲੋੜਾਂ ਪੂਰੀਆਂ ਕਰਨੀਆਂ ਹਨ, ਜਿਸ ਤੋਂ ਮੇਰਾ ਮਤਲਬ ਹੈ ਕਿ ਅੱਗੋਂ ਤੋਂ ਜ਼ਰਖੇਜ਼ ਜ਼ਮੀਨ ਦੀ ਵਰਤੋਂ ਘਰਾਂ, ਸੜਕਾਂ ਅਤੇ ਹੋਰ ਡਿਵੈਲਪਮੈਂਟ ਲਈ ਪਾਸੇ ਨੂੰ ਖਿਲਾਰਨ ਦੀ ਬਜਾਏ ਉੱਪਰ ਨੂੰ ਵਧਣਾ ਚਾਹੀਦਾ ਹੈ। ਅੱਜਕੱਲ੍ਹ ਤਾਂ ਖੇਤੀ ਵਿਚ ਵੀ ਵਰਟੀਕਲ ਕਲਟੀਵੇਸ਼ਨ ਨੂੰ ਉਤਸ਼ਾਹਤ ਕੀਤਾ ਜਾਂਦਾ ਹੈ, ਪਰ ਪੰਜਾਬੀਆਂ ਦਾ ਖਰਚੀਲਾ ਸੁਭਾਅ ਅਤੇ ਵਿੱਤੋਂ ਬਾਹਰਾ ਵਿਖਾਵਾ ਕਰਨਾ ਹਰ ਵਪਾਰੀ ਕਾਰਪੋਰੇਟ ਘਰਾਣੇ ਅਤੇ ਮਜ਼ਦੂਰ ਨੂੰ ਆਵਦੇ ਵੱਲ ਖਿੱਚਦਾ ਹੈ। ਹਰ ਇੱਕ ਨੂੰ ਪੈਰ ਧਰਨ ਲਈ ਜ਼ਮੀਨ ਚਾਹੀਦੀ ਹੈ। ਜੇ ਬਚਦੀ ਹੈ, ਬਚਾ ਲਓ। ਜ਼ਮੀਨ ਤੋਂ ਬਿਨਾਂ ਕਿਸਾਨ/ਜ਼ਿਮੀਦਾਰ/ਸਰਦਾਰ ਜੀ ਕੁਝ ਵੀ ਨਾਂਅ ਨਾਲ ਨਹੀਂ ਲੱਗਣਾ। ਖ਼ਿਆਲ ਰਹੇ ਹੋਰ ਹਰ ਚੀਜ਼ ਵਧਾ ਸਕਦੇ ਹੋ, ਜ਼ਮੀਨ ਨਹੀਂ।

**# ਸੰਪਰਕ : 99151-94104**

ਅੱਜ ਸ਼ਹੀਦੀ ਸਾਕੇ 'ਤੇ ਵਿਸ਼ੇਸ਼

# ਕਾਮਾਗਾਟਾ ਮਾਰੂ ਦਾ ਗਦਰ ਲਹਿਰ 'ਚ ਰੋਲ ਤੇ ਮਹੱਤਤਾ

ਜਸਦੇਵ ਸਿੰਘ ਲਲਤੋਂ

1914 ਵਿੱਚ ਵਾਪਰਿਆ ਕਾਮਾਗਾਟਾ ਮਾਰੂ ਦਾ ਸਾਕਾ, ਭਾਰਤੀਆਂ ਦੀ ਕੈਨੇਡਾ ਅੰਦਰ ਦਾਖਲੇ ਦੀ ਲੜਾਈ ਦਾ ਇੱਕ ਮਹਾਨ ਇਤਿਹਾਸਕ ਸਾਕਾ ਹੈ। ਇਹ ਉਹ ਸਮਾਂ ਸੀ, ਜਿਸ ਵੇਲੇ ਭਾਰਤ ਅੰਗਰੇਜ਼ ਰਾਜ ਦੀ ਜ਼ਾਲਮ ਚੱਕੀ ਵਿੱਚ ਪਿਸ ਰਿਹਾ ਸੀ। ਭਾਈ ਗੁਰਦਿੱਤ ਸਿੰਘ ਸਰਹਾਲੀ ਦੀ ਪਟੇਦਾਰੀ ਹੇਠ ਵਪਾਰਕ ਲੀਹਾਂ 'ਤੇ ਇੱਕ ਜਪਾਨੀ ਕੰਪਨੀ-'ਸ਼ਿਨੇਈ ਕਿਸ਼ੇਨ ਗੋਸ਼ੀ ਕਾਈਸ਼ਾ' ਪਾਸੋਂ 11000 ਡਾਲਰ ਪ੍ਰਤੀ ਮਹੀਨਾ ਦੀ ਦਰ ਨਾਲ ਛੇ ਮਹੀਨੇ ਲਈ ਪਟੇ 'ਤੇ ਲਏ ਜਹਾਜ਼ ਦਾ ਨਾਂਅ 'ਕਾਮਾਗਾਟਾ ਮਾਰੂ' ਸੀ, ਜਿਸ ਨੂੰ ਹਾਂਗਕਾਂਗ ਤੋਂ ਕੈਨੇਡਾ ਲਈ ਤੋਰਿਆ ਜਾਣਾ ਸੀ। 25 ਮਾਰਚ 1914 ਨੂੰ ਹਾਂਗਕਾਂਗ ਦੀ ਗੋਰੀ ਹਕੂਮਤ ਨੇ ਭਾਈ ਗੁਰਦਿੱਤ ਸਿੰਘ 'ਤੇ ਮੁਕੱਦਮਾ ਦਰਜ ਕਰਕੇ ਗ੍ਰਿਫਤਾਰ ਕਰ ਲਿਆ, ਪਰ ਹਾਂਗਕਾਂਗ ਵਿੱਚ ਹੋਏ ਰੋਸ ਐਕਸ਼ਨਾਂ ਦੇ ਸਿੱਟੇ ਵੱਜੋਂ 28 ਮਾਰਚ ਨੂੰ ਕੇਸ ਵਾਪਸ ਲੈ ਕੇ ਉਨ੍ਹਾ ਨੂੰ ਰਿਹਾ ਕਰਨਾ ਪਿਆ। ਰੋਟੀ-ਰੋਜ਼ੀ, ਉੱਚ ਵਿਦਿਆ ਤੇ ਚੰਗੀ ਜ਼ਿੰਦਗੀ ਦੀ ਭਾਲ ਲਈ 165 ਭਾਰਤੀ ਮੁਸਾਫਰ ਹਾਂਗਕਾਂਗ ਤੋਂ, 111 ਸ਼ੰਘਾਈ ਤੋਂ, 86 ਮੋਜੀ (ਜਾਪਾਨ) ਤੋਂ, 14 ਯੋਕੋਹਾਮਾ (ਜਾਪਾਨ) ਤੋਂ ਚੜ੍ਹੇ, ਇਸ ਤਰ੍ਹਾਂ ਕੁੱਲ 376 ਮੁਸਾਫਰ ਸਵਾਰ ਹੋਏ। ਤੀਜੀ ਕਿਸ਼ਤ ਵੇਲੇ ਪੈਸੇ ਦੀ ਤੰਗੀ ਨੂੰ ਪੂਰਾ ਕਰਨ ਲਈ ਭਾਈ ਬਲਵੰਤ ਸਿੰਘ ਖੁਰਦਪੁਰ (ਬਾਅਦ'ਚ ਕੈਨੇਡਾ ਲਹਿਰ ਦੇ ਗਦਰੀ ਸ਼ਹੀਦ) ਭਾਰੀ ਰਕਮ ਲੈ ਕੇ ਮੋਜੀ ਵਿਖੇ ਪੁੱਜੇ, ਇਸ ਤਰ੍ਹਾਂ ਉਨ੍ਹਾ ਵੱਡਾ ਮੋਢਾ ਲਾਇਆ ਅਤੇ ਆਪ ਕੋਬੀ ਤੋਂ ਸਿੱਧਾ ਕੈਨੇਡਾ ਮੂਹਰੇ ਪੁੱਜ ਗਏ। ਇਸ ਤਰ੍ਹਾਂ ਗਦਰ ਪਾਰਟੀ ਅਤੇ ਕੌਮਾਗਾਟਾ ਮਾਰੂ ਦੇ ਆਪਸੀ ਰਿਸ਼ਤੇ ਦੀ ਉਸਾਰੀ ਸ਼ੁਰੂ ਹੋਈ। ਦੂਜੇ ਪਾਸੇ ਹਿੰਦ ਦੀ ਗੋਰੀ ਹੁਕੂਮਤ ਦੇ ਇਸ਼ਾਰੇ 'ਤੇ ਕੈਨੇਡਾ ਹਕੂਮਤ ਨੇ 31 ਮਾਰਚ 1914 ਤੋਂ ਹੀ ਨ-ਦਾਖਲੇ ਬਾਰੇ ਹੁਕਮ ਨੰਬਰ 920 ਲਾਗੂ ਕਰ ਦਿੱਤਾ। 17 ਅਪ੍ਰੈਲ ਨੂੰ ਘਰੋਗੀ ਵਜ਼ੀਰ ਰੋਚੇ ਨੇ ਕੈਨੇਡਾ ਦੀ ਪਾਰਲੀਮੈਂਟ 'ਚ ਐਲਾਨ ਕੀਤਾ ਕਿ ਘਾਟਾਂ ਦੇ ਮਹਿਕਮੇ ਦੇ ਅਫਸਰਾਂ ਨੂੰ ਕਿਹਾ ਗਿਆ ਹੈ ਕਿ ਜੋ ਹਿੰਦੀ ਨਵੇਂ ਰੂਲਾਂ ਨੂੰ ਉਲੰਘ ਕੇ ਆਉਣ ਤਾਂ ਉਨ੍ਹਾਂ ਨੂੰ ਉਤਰਨ ਨਾ ਦਿੱਤਾ ਜਾਵੇ"। ਇਹ ਸੀ ਕੈਨੇਡਾ ਦੀ ਭੂਤਰੀ ਹੋਈ ਸਾਮਰਾਜੀ ਸਰਕਾਰ ਦਾ ਰਵੱਈਆ! 21 ਮਈ ਨੂੰ ਜਹਾਜ਼ ਵਿਕਟੋਰੀਆ ਦੀ ਕੁਰਾਟੀਨ 'ਤੇ 23 ਨੂੰ ਵੈਨਕੂਵਰ ਨੇੜੇ ਪੁੱਜਾ, ਪਰ ਬੰਦਰਗਾਹ ਤੋਂ ਦੂਰ ਦੋ-ਤਿੰਨ ਮੀਲ ਪਿੱਛੇ ਹੀ ਰੋਕ ਦਿੱਤਾ ਗਿਆ।

ਵੈਨਕੂਵਰ 'ਚ ਮੋਰਚਾਬੰਦੀ ਤੇ ਦੇਸ਼-ਪ੍ਰਦੇਸ਼ 'ਚ ਰੋਸ ਲਹਿਰ ਮੁਸਾਫਰਾਂ ਲਈ ਰਾਸ਼ਨ ਪਾਣੀ ਤੇ ਕਿਰਾਏ ਭਾੜੇ ਦੀ ਸਹਾਇਤਾ, ਜਹਾਜ਼ ਨੂੰ ਕੰਢੇ ਲਾਉਣ ਤੇ ਮੁਸਾਫਿਰਾਂ ਦੇ ਕੈਨੇਡਾ ਦਾਖਲੇ ਲਈ ਕੈਨੇਡਾ ਵਸਦੇ ਹਿੰਦੀਆਂ ਨੇ ਮੋਰਚਾ ਆਰੰਭ ਕਰ ਦਿੱਤਾ। ਗੁਰਦੁਆਰਾ ਵੈਨਕੂਵਰ ਵਿੱਚ 3 ਮਈ ਨੂੰ 700 ਦੇ ਕਰੀਬ ਇਕੱਠ ਹੋਇਆ। ਭਾਈ ਬਲਵੰਤ ਸਿੰਘ ਹਸਨ ਰਹੀਮ ਦੀ ਅਪੀਲ 'ਤੇ 60,000 ਡਾਲਰ ਇਕੱਠੇ ਹੋਏ। ਕੈਨੇਡਾ ਵਾਪਸੀ ਭਾਈ ਭਾਗ ਸਿੰਘ ਤੇ ਹਸਨ ਰਹੀਮ ਨੇ ਜਹਾਜ਼ ਦਾ ਨਵਾਂ ਪਟਾ ਆਪਣੇ ਨਾਂਅ ਕਰਵਾ ਕੇ 22,000 ਡਾਲਰ ਦੀ ਕਿਸ਼ਤ ਕੰਪਨੀ ਨੂੰ ਦਿੱਤੀ। ਹਿੰਦ ਸਰਕਾਰ, ਕਾਂਗਰਸ ਪਾਰਟੀ, ਪਟਿਆਲਾ ਤੇ ਨਾਭਾ ਦੇ ਰਾਜਿਆ ਨੂੰ ਮਸਲੇ ਦੇ ਹੱਲ ਲਈ ਤਾਰਾਂ ਦਿੱਤੀ ਗਈਆਂ। ਵਿਕਟੋਰੀਆ ਤੇ ਵੈਨਕੂਵਰ 'ਚ ਹਰ ਰੋਜ਼ ਲੋਕ ਇਕੱਠੇ ਕਰਕੇ ਗੋਰੇ ਸ਼ਾਹੀ ਜ਼ੁਲਮ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾਂਦੀ। ਗਦਰ ਪਾਰਟੀ ਨੇ ਅਖਬਾਰ ਦਾ ਵਿਸ਼ੇਸ਼ ਅੰਕ 'ਕਾਮਾਗਾਟਾਮਾਰੂ' ਕੱਢਿਆ ਅਤੇ ਦੇਸ਼-ਪ੍ਰਦੇਸ਼ ਅੰਦਰ ਜਲਸੇ-ਜਲੂਸਾਂ ਦੀ ਲਹਿਰ ਵਿੱਢ ਦਿੱਤੀ। ਹਿੰਦ 'ਚ ਲਹੌਰ, ਰਾਵਲਪਿੰਡੀ, ਚੱਕਵਾਲ, ਗੁੱਜਰਾਂਵਾਲਾ ਤੇ ਪਟਿਆਲਾ 'ਚ ਰੋਸ ਮੁਜ਼ਾਹਰੇ ਕੀਤੇ ਗਏ। ਪੂਰਬੀ ਦੇਸ਼ਾਂ 'ਚ ਵੀ ਹਿੰਦੀਆਂ ਨੇ ਆਵਾਜ਼ ਉਠਾਈ। ਲੰਡਨ 'ਚ ਮੁਸਲਿਮ ਲੀਗ ਨੇ ਬਸਤੀਆਂ ਦੇ ਲੰਡਨ ਦਫਤਰ ਮੂਹਰੇ ਤਿੱਖਾ ਪ੍ਰਦਰਸ਼ਨ ਕੀਤਾ। ਸਿੱਟੇ ਵਜੋਂ ਮਹੀਨਾਂ ਭਰ ਤੋਂ ਬੁਰੀ ਤਰ੍ਹਾਂ ਭੁੱਖਮਰੀ ਦਾ ਸ਼ਿਕਾਰ ਮੁਸਾਫਰਾਂ ਨੂੰ 28 ਜੂਨ ਤੋਂ ਰਾਸ਼ਨ ਪਾਣੀ ਤੇ 7 ਜੁਲਾਈ ਤੋਂ ਵਕੀਲਾਂ ਨੂੰ ਮਿਲਣ ਦੀ ਆਗਿਆ ਮਿਲੀ, ਪਰੰਤੂ ਅਦਾਲਤਾਂ 'ਚੋਂ ਨਿਆਂ ਨਾ ਮਿਲਿਆ।

16 ਜੁਲਾਈ ਨੂੰ ਕੈਨੇਡਾ ਸਰਕਾਰ ਨੇ ਹਰ ਹਾਲਤ ਜਹਾਜ਼ ਨੂੰ ਵਾਪਸ ਭੇਜਣ ਦੇ ਹੁਕਮ ਚਾੜ੍ਹ ਦਿੱਤੇ। ਵੈਨਕੂਵਰ, ਲੰਡਨ, ਓਟਾਵਾ, ਦਿੱਲੀ ਵਿਚਕਾਰ ਸਰਕਾਰਾਂ ਦੀਆਂ ਆਪਸ ਵਿੱਚ ਤਾਰਾਂ 'ਤੇ ਤਾਰਾਂ ਖੜਕੀਆਂ। 19 ਜੁਲਾਈ ਨੂੰ 'ਸੀ-ਲਾਇਨ' ਨਾਂਅ ਦਾ ਟੱਗ ਜਹਾਜ਼ ਲੈ ਕੇ ਸੈਂਕੜੇ ਗੋਰੇ ਪੁਲਸੀਆਂ ਨੇ ਵੱਡੇ ਤੜਕੇ ਕਾਮਾਗਾਟਾ ਮਾਰੂ 'ਤੇ ਹਮਲਾ ਕਰ ਦਿੱਤਾ। ਮੌਤ ਦੇ ਗਾਨੇ ਬੰਨ੍ਹੀ ਮੁਸਾਫਰਾਂ ਨੇ ਸੋਟੀਆਂ, ਕੁਹਾੜੀਆਂ, ਮਸ਼ੀਨਾਂ ਦੇ ਪੁਰਜ਼ਿਆਂ, ਲੋਹੇ ਦੇ ਡੰਡਿਆਂ ਤੇ ਪੱਥਰ ਦੇ ਕੋਇਲਿਆਂ ਨਾਲ ਮੁਕਾਬਲਾ ਕਰਕੇ 20 ਪੁਲਸੀਏ ਫੱਟੜ ਕਰ ਦਿੱਤੇ। ਪੁਲਸ ਨੇ ਗੋਲੀਆਂ ਚਲਾਈਆਂ, ਕੇਵਲ 1 ਮੁਸਾਫਿਰ ਦੇ ਮੱਥੇ 'ਤੇ ਝਰੀਟ ਆਈ। ਦੂਜੇ ਦਿਨ 'ਰੇਨਬੋ' ਨਾਂਅ ਦਾ ਜੰਗੀ ਜਹਾਜ਼ ਲਿਆ ਕੇ ਸਿੱਧੀ ਗੋਲਾਬਾਰੀ ਕਰਨ ਦੀਆਂ ਧਮਕੀਆਂ ਦਿੱਤੀਆਂ, ਪਰ ਪਹਿਲੀ ਸੰਸਾਰ ਜੰਗ ਦੀਆਂ ਲੋੜਾਂ ਤੇ ਮਜਬੂਰੀਆਂ ਤਹਿਤ ਗੋਰਾਸ਼ਾਹੀ ਨੂੰ ਸਮਝੌਤਾ ਕਰਨਾ ਪਿਆ। ਰਾਸ਼ਨ-ਪਾਣੀ ਤੇ ਕਿਰਾਏ-ਭਾੜੇ ਦਾ ਖਰਚਾ ਕਰਨ ਉਪਰੰਤ, ਕੌਮਾਗਾਟਾ ਮਾਰੂ ਨੂੰ ਵਾਪਸ ਹਿੰਦ ਲਿਜਾਣ ਦਾ ਸਮਝੌਤਾ ਹੋਇਆ। ਗਦਰ ਪਾਰਟੀ ਦੇ ਆਗੂਆਂ ਨੂੰ, ਹੋਰ ਮਿੱਤਰਾਂ ਤੇ ਰਿਸ਼ਤੇਦਾਰਾਂ ਨੂੰ ਮੁਲਾਕਾਤਾਂ ਦੀ ਆਗਿਆ ਮਿਲੀ। ਆਗੂਆਂ ਨੇ ਮੁਸਾਫਰਾਂ ਨੂੰ ਹਿੰਦ 'ਚੋਂ ਗੋਰਾਸ਼ਾਹੀ ਰਾਜ ਖਤਮ ਕਰਨ ਤੇ ਕੌਮੀ ਰਾਜ ਦੀ ਕਾਇਮੀ ਦਾ ਸੰਦੇਸ਼ ਦਿੱਤਾ। ਕਾਫੀ ਗਿਣਤੀ 'ਚ ਮੁਸਾਫਰ ਗਦਰੀ ਯੋਧੇ ਬਣ ਗਏ। ਯੋਕੋਹਾਮਾਂ ਵਿਖੇ ਭਾਈ ਸੋਹਣ ਸਿੰਘ ਭਕਨਾ (ਪ੍ਰਧਾਨ ਗਦਰ ਪਾਰਟੀ) ਨੇ ਮੁਸਾਫਰਾਂ ਨੂੰ ਹਿੰਦ 'ਚ ਗਦਰ ਕਰਨ ਲਈ ਮਾਨਸਕ ਤੌਰ 'ਤੇ ਤਿਆਰ ਕੀਤਾ, 200 ਪਿਸਤੌਲ ਤੇ 2000 ਗੋਲੀਆਂ ਸਪਲਾਈ ਕੀਤੀਆਂ। ਕੌਮਾਗਾਟਾ ਮਾਰੂ ਜਹਾਜ਼ 23 ਸਤੰਬਰ ਨੂੰ ਕਲਕੱਤਾ ਨੇੜੇ ਕਾਲਪੀ ਵਿਖੇ ਪੁੱਜਿਆ।

ਇਸ ਤੋਂ ਬਾਅਦ ਜਹਾਜ਼ 26 ਸਤੰਬਰ ਨੂੰ ਬੱਜ-ਬੱਜ ਘਾਟ ਵਿਖੇ ਲੱਗਿਆ। ਅੰਗਰੇਜ਼ ਹਕੂਮਤ ਨੇ 29 ਸਤੰਬਰ ਨੂੰ ਅਚਾਨਕ ਧੋਖੇ ਨਾਲ ਰੇਲਵੇ ਸਟੇਸ਼ਨ ਨੇੜੇ ਮੁਸਾਫਰਾਂ 'ਤੇ ਗੋਲੀਆਂ ਦਾ ਮੀਂਹ ਵਰ੍ਹਾ ਦਿੱਤਾ। ਸਿੱਟੇ ਵਜੋਂ 19 ਮੁਸਾਫਰ ਤੇ ਇੱਕ ਹੋਰ ਸ਼ਹਿਰੀ ਸ਼ਹੀਦ ਕੀਤੇ, 23 ਫੱਟੜ ਕੀਤੇ, 222 ਜੇਲ੍ਹਾਂ 'ਚ ਡੱਕ ਦਿੱਤੇ ਤੇ 72 ਹੋਰ ਨਿਕਲ ਕੇ ਪੰਜਾਬ ਨੂੰ ਰਵਾਨਾ ਹੋਏ (ਜਿਨ੍ਹਾਂ ਵਿੱਚੋਂ ਉਦੋਂ ਲੋਕਾਂ ਮੁਤਾਬਕ 29 ਮੁਸਾਫਰ ਗੋਰਿਆਂ ਹੱਥੋਂ ਸ਼ਹੀਦ ਕੀਤੇ ਦੱਸੇ ਜਾਂਦੇ ਸਨ)।

ਮੁਸਾਫਰਾਂ ਵੱਲੋਂ ਦੋ-ਤਿੰਨ ਪਿਸਤੌਲਾਂ ਨਾਲ ਕੀਤੇ ਟਾਕਰੇ 'ਚ 6 ਗੋਰੇ ਅਫਸਰ/ਸਿਪਾਹੀ ਤੇ 5 ਦੇਸੀ ਸਿਪਾਹੀ ਫੱਟੜ ਹੋਏ। ਜੇਲ੍ਹੀਂ ਡੱਕੇ, ਜੂਹਬੰਦ ਕੀਤੇ ਅਤੇ ਗੁਪਤਵਾਸ ਹੋਏ ਮੁਸਾਫਰਾਂ 'ਚੋਂ ਕਾਫੀ ਜਣੇ ਗਦਰੀ ਯੋਧੇ ਬਣੇ। ਇਸ ਤਰ੍ਹਾਂ ਕੌਮਾਗਾਟਾ ਮਾਰੂ ਦੇ ਗਦਰੀ ਯੋਧਿਆਂ ਨੇ ਬਰਤਾਨਵੀ ਸਾਮਰਾਜਵਾਦ ਤੇ ਉਸ ਦੇ ਪਿਠੂਆਂ ਦੇ ਜ਼ਾਲਮ ਰਾਜ ਦਾ ਖਾਤਮਾ ਕਰਨ ਅਤੇ ਨਿਆਂ, ਬਰਾਬਰੀ, ਖੁਸ਼ਹਾਲੀ ਤੇ ਆਜ਼ਾਦੀ ਵਾਲਾ, ਖਰਾ ਲੋਕ ਜਮਹੂਰੀ ਰਾਜ ਪ੍ਰਬੰਧ ਸਿਰਜਣ ਲਈ ਬੇਮਿਸਾਲ ਤਿਆਗ ਤੇ ਕੁਰਬਾਨੀਆਂ ਕੀਤੀਆਂ। ਗਦਰੀ ਸ਼ਹੀਦਾਂ ਦਾ ਮਿਸ਼ਨ ਅਧੂਰਾ ਰਹਿ ਗਿਆ, ਪਰ ਇਹ ਮਿਸ਼ਨ ਅੱਜ ਵੀ ਜਿਊਂਦਾ ਹੈ ਤੇ ਰਾਹ ਦਰਸਾਊ ਹੈ। ਗਦਰੀ ਬਾਬੇ ਅਜਿਹਾ ਰਾਜ ਪ੍ਰਬੰਧ ਚਾਹੁੰਦੇ ਸਨ, ਜਿਸ ਵਿੱਚ ਕਿਰਤ ਦਾ ਸਨਮਾਨ ਤੇ ਪੁੱਗਤ ਹੋਵੇ, ਰੋਟੀ, ਕੱਪੜੇ ਤੇ ਮਕਾਨ ਦੀ ਗਰੰਟੀ ਹੋਵੇ, ਹਰ ਬੇਰੁਜ਼ਗਾਰ ਨੂੰ ਪੱਕਾ ਰੋਜ਼ਗਾਰ ਮਿਲੇ, ਹਰ ਵਿਦਿਆਰਥੀ ਨੂੰ ਮੁਫਤ ਵਿੱਦਿਆ ਮਿਲੇ, ਹਰ ਬਿਮਾਰ ਦਾ ਮੁਫਤ ਇਲਾਜ ਹੋਵੇ, ਹਰ ਪੀੜਤ ਨੂੰ ਫੌਰੀ ਨਿਆਂ ਮਿਲੇ, ਹਰ ਤਰ੍ਹਾਂ ਦੀ ਵਿਦੇਸ਼ੀ ਤੇ ਦੇਸੀ ਲੁੱਟ ਤੇ ਜ਼ੁਲਮ ਦਾ ਖਾਤਮਾ ਹੋਵੇ। ਲਾਜ਼ਮੀ ਇੱਕ ਦਿਨ ਅਜਿਹਾ ਆਵੇਗਾ, ਜਦੋਂ ਹਿੰਦ 'ਚ ਗਦਰੀ ਬਾਬਿਆਂ ਦੇ ਸੁਪਨਿਆਂ ਵਾਲਾ ਰਾਜ ਪ੍ਰਬੰਧ ਉਸਰ ਕੇ ਰਹੇਗਾ। ਇਹੀ ਉਨ੍ਹਾਂ ਮਹਾਨ ਯੋਧਿਆਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

# ਕੀ ਨਿਊਜ਼ ਚੈਨਲਾਂ ਦੇ ਐਂਕਰ ਪੱਖਪਾਤੀ ਹੋ ਗਏ ?

ਪ੍ਰੋ.ਪਰਮਜੀਤ ਸਿੰਘ ਨਿੱਕੇ ਘੁੰਮਣ

ਇਹ ਸੱਚ ਹੈ ਕਿ ਪੱਤਰਕਾਰਤਾ ਦੇ ਨਿਯਮਾਂ ਵਿੱਚ ਬੱਝੇ ਹੋਏ ਇਲੈਕਟ੍ਰਾਨਿਕ ਮੀਡੀਆ ਦੇ ਨਿਊਜ਼ ਚੈਨਲਾਂ ਦਾ ਫ਼ਰਜ਼ ਬਣਦਾ ਹੈ ਕਿ ਉਹ ਦਰਸ਼ਕਾਂ ਨੂੰ ਤਸਵੀਰ ਦੇ ਦੋਵੇਂ ਰੁਖ਼ ਵਿਖਾਉਣ ਤੇ ਇਹ ਫ਼ੈਸਲਾ ਦਰਸ਼ਕ 'ਤੇ ਛੱਡ ਦੇਣ ਕਿ ਤਸਵੀਰ ਦਾ ਕਿਹੜਾ ਪਾਸਾ ਸਹੀ ਹੈ ਤੇ ਕਿਹੜਾ ਪਾਸਾ ਗ਼ਲਤ ਹੈ। ਕਿਸੇ ਵੀ ਨਿਊਜ਼ ਰੀਡਰ ਜਾਂ ਡਿਬੇਟ ਸ਼ੋਅ ਦੇ ਐਂਕਰ ਨੂੰ ਜੱਜ ਬਣ ਕੇ ਜਾਂ ਪੱਖਪਾਤੀ ਬਣ ਕੇ ਸ਼ੋਅ ਨਹੀਂ ਚਲਾਉਣਾ ਚਾਹੀਦਾ ਹੈ, ਸਗੋਂ ਡਿਬੇਟ ਵਿਚ ਸ਼ਾਮਿਲ ਵੱਖ-ਵੱਖ ਵਰਗਾਂ ਦੇ ਨੁਮਾਇੰਦਿਆਂ ਨੂੰ ਬਰਾਬਰ ਸਮਾਂ ਦੇ ਕੇ ਉਨ੍ਹਾਂ ਦੀ ਗੱਲ ਨੂੰ ਬਿਨਾਂ ਟੋਕਿਆਂ ਸੁਣ ਕੇ ਤੇ ਫਿਰ ਉਸ ਦਾ ਜਵਾਬ ਵਿਰੋਧੀ ਨੁਮਾਇੰਦੇ ਤੋਂ ਲੈ ਕੇ ਸਾਰਾ ਮੁੱਦਾ ਪੂਰੀ ਤਰ੍ਹਾਂ ਸਮਝਣ ਵਿਚ ਦਰਸ਼ਕਾਂ ਦੀ ਮਦਦ ਕਰਨੀ ਚਾਹੀਦੀ ਹੈ, ਪਰ ਬੜੇ ਹੀ ਦੁੱਖ ਦੀ ਗੱਲ ਹੈ ਕਿ ਲੋਕਤੰਤਰ ਦਾ ਚੌਥਾ ਤੇ ਮਜ਼ਬੂਤ ਥੰਮ੍ਹ ਆਖੇ ਜਾਂਦੇ 'ਪ੍ਰੈੱਸ' ਦੇ ਨੁਮਾਇੰਦੇ ਵਜੋਂ ਕਾਰਜ ਕਰਨ ਲਈ ਬਣਾਏ ਗਏ ਕਈ ਨਿਊਜ਼ ਚੈਨਲ ਕੇਵਲ ਤੇ ਕੇਵਲ ਸਰਕਾਰੀ 'ਧੂਤੇ' ਬਣ ਕੇ ਰਹਿ ਗਏ ਹਨ ਤੇ ਇਨ੍ਹਾਂ ਦੇ ਮੱਥੇ 'ਗੋਦੀ ਮੀਡੀਆ' ਨਾਮਕ ਕਾਲਾ ਧੱਬਾ ਸਾਫ਼-ਸਾਫ਼ ਨਜ਼ਰ ਆ ਰਿਹਾ ਹੈ।

ਭਾਰਤ ਵਿੱਚ ਵੱਖ-ਵੱਖ ਜਾਤਾਂ, ਮਜ਼ਹਬਾਂ, ਭਾਸ਼ਾਵਾਂ ਅਤੇ ਸੱਭਿਆਚਾਰਕ ਭਿੰਨਤਾ ਵਾਲੇ ਲੋਕ ਰਹਿੰਦੇ ਹਨ ਤੇ ਕੁਝ ਸਾਲ ਪਹਿਲਾਂ ਤੱਕ ਜਦੋਂ ਕੇਵਲ 'ਦੂਰਦਰਸ਼ਨ' ਰੂਪੀ ਸਰਕਾਰੀ ਟੀ ਵੀ ਚੈਨਲ ਹੀ ਹੋਂਦ ਵਿੱਚ ਸੀ, ਸਾਰੇ ਧਰਮਾਂ ਤੇ ਮਜ਼ਹਬਾਂ ਦੇ ਨੁਮਾਇੰਦਿਆਂ ਨੂੰ ਬਰਾਬਰ ਵਕਤ ਤੇ ਸਨਮਾਨ ਦੇ ਕੇ ਹਰ ਧਰਮ, ਹਰ ਮਜ਼ਹਬ ਦੀਆਂ ਚੰਗੀਆਂ ਤੇ ਲੋਕ ਭਲਾਈ ਵਾਲੀਆਂ ਅਤੇ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਮਜ਼ਬੂਤ ਕਰਨ ਵਾਲੀਆਂ ਖ਼ਬਰਾਂ ਟੀ ਵੀ 'ਤੇ ਵਿਖਾਈਆਂ ਜਾਂਦੀਆਂ ਸਨ ਤੇ ਇੱਕਪਾਸੜ ਜਾਂ ਮਜ਼ਹਬੀ ਕੱਟੜਤਾ ਫ਼ੈਲਾਉਣ ਵਾਲੇ ਪ੍ਰੋਗਰਾਮ ਪ੍ਰਸਾਰਤ ਕਰਨ ਤੋਂ ਪੂਰਾ ਗੁਰੇਜ਼ ਕੀਤਾ ਜਾਂਦਾ ਸੀ, ਪਰ ਹੁਣ ਅਸੀਂ ਅੱਜ ਜਦੋਂ ਅਖੌਤੀ ਵਿਗਿਆਨ ਅਤੇ ਤਕਨੀਕ ਦੀ ਉੱਚ-ਤਰੱਕੀ ਦੇ ਇਸ ਯੁੱਗ ਵਿੱਚ ਅਤਿਅੰਤ ਪੜ੍ਹੇ-ਲਿਖੇ ਨਿਊਜ਼ ਐਂਕਰਾਂ ਨੂੰ ਵੇਖਦੇ ਤੇ ਸੁਣਦੇ ਹਾਂ ਤਾਂ ਅਧਿਕਤਰ ਨਿਊਜ਼ ਚੈਨਲਾਂ 'ਤੇ ਖ਼ਬਰਾਂ ਦੀ ਚੋਣ ਕਰਨ ਵਿੱਚ, ਖ਼ਬਰਾਂ ਪੜ੍ਹਨ ਦੇ ਅੰਦਾਜ਼ ਵਿੱਚ ਤੇ ਕਿਸੇ ਡਿਬੇਟ ਸ਼ੋਅ ਦੇ ਸੂਤਰਧਾਰ ਦੀ ਸ਼ੈਲੀ-ਸ਼ਬਦਾਵਲੀ ਵਿੱਚ ਕੇਵਲ ਤੇ ਕੇਵਲ ਗਿਰਾਵਟ ਅਤੇ ਸੱਤਾ-ਪੱਖੀ ਉਲਾਰ ਸਪੱਸ਼ਟ ਨਜ਼ਰ ਆਉਂਦਾ ਹੈ।

ਭਾਰਤ ਵਿੱਚ ਪਿੰਡ ਪੱਧਰ ਤੋਂ ਲੈ ਕੇ ਕੌਮੀ ਪੱਧਰ ਤੱਕ ਦੇ ਅਤਿਅੰਤ ਮਹੱਤਵਪੂਰਨ ਮੁੱਦਿਆਂ ਅਤੇ ਸਮੱਸਿਆਵਾਂ ਦੀ ਕੋਈ ਥੋੜ੍ਹ ਨਹੀਂ। ਮਹਿੰਗਾਈ, ਬੇਰੁਜ਼ਗਾਰੀ, ਗ਼ਰੀਬੀ, ਭ੍ਰਿਸ਼ਟਾਚਾਰ,ਚੋਰੀ, ਡਕੈਤੀ, ਲੁੱਟਾਂ-ਖੋਹਾਂ, ਨਸ਼ੇ, ਧੋਖਬਾਜ਼ੀਆਂ, ਸਾਈਬਰ ਕ੍ਰਾਈਮ, ਨਸਲੀ ਵਿਤਕਰਾ, ਹੱਤਿਆ, ਬਲਾਤਕਾਰ, ਅਗਵਾ ਅਤੇ ਵਧਦੀਆਂ ਆਤਮਹੱਤਿਆਵਾਂ ਤੇ ਵਧਦੇ ਸੜਕ ਜਾਂ ਰੇਲ ਹਾਦਸੇ ਆਦਿ ਜਿਹੇ ਅਸੰਖਾਂ ਹੀ ਮਹੱਤਵਪੂਰਨ ਮੁੱਦੇ ਮੁਲਕ ਦੇ ਲੋਕਾਂ ਨੂੰ ਦਰਪੇਸ਼ ਹਨ। ਦੇਸ਼ ਦਾ ਪੈਸਾ ਚੰਦ ਪੂੰਜੀਪਤੀਆਂ ਦੇ ਹੱਥਾਂ ਵਿੱਚ ਸਿਮਟ ਰਿਹਾ ਹੈ ਤੇ ਦੇਸ਼ ਦੀ ਅੱਧੀ ਤੋਂ ਵੱਧ ਆਬਾਦੀ ਗ਼ਰੀਬੀ ਤੇ ਭੁੱਖਮਰੀ ਵੱਲ ਧੱਕੀ ਜਾ ਰਹੀ ਹੈ, ਪਰ ਸਾਡੇ ਨਿਊਜ਼ ਚੈਨਲਾਂ ਨੂੰ 'ਕਾਂਵੜੀਆਂ','ਮਸਜਿਦ ਹੇਠਾਂ ਮੰਦਰ', 'ਹਿੰਦੂ-ਮੁਸਲਮਾਨ', 'ਲਵ-ਜਿਹਾਦ', ਝਟਕਾ ਜਾਂ ਹਲਾਲ ਮੀਟ', 'ਰਾਹੁਲ ਗਾਂਧੀ ਚਿੱਟੀ ਟੀ-ਸ਼ਰਟ ਕਿਉਂ ਪਾਉਂਦਾ ਹੈ ?' ਆਦਿ ਜਿਹੇ ਮੁੱਦੇ ਸਭ ਤੋਂ ਵੱਧ ਮਹੱਤਵਪੂਰਨ ਅਤੇ ਜ਼ਰੂਰੀ ਜਾਪਦੇ ਹਨ ਕਿ ਕੇਵਲ ਇੱਕ ਜਾਂ ਦੋ ਦਿਨ ਨਹੀਂ, ਸਗੋਂ ਹਫ਼ਤਿਆਂ ਜਾਂ ਮਹੀਨਿਆਂਬੱਧੀ ਅਜਿਹੇ ਮੁੱਦਿਆਂ 'ਤੇ ਬਹਿਸ ਕਰਵਾਈ ਜਾ ਰਹੀ ਹੈ। ਅਨੇਕਾਂ ਹੀ ਨਿਊਜ਼ ਐਂਕਰ ਐਸੇ ਹਨ, ਜੋ ਸਰਕਾਰ ਦੀਆਂ ਗ਼ਲਤ ਅਤੇ ਲੋਕ ਮਾਰੂ ਨੀਤੀਆਂ 'ਤੇ ਕਦੇ ਸਵਾਲ ਨਹੀਂ ਚੁੱਕਦੇ ਹਨ ਤੇ ਸੱਤਾਧਾਰੀ ਧਿਰ ਦੇ ਨੁਮਾਇੰਦੇ ਦੇ ਬਚਾਅ ਵਿੱਚ ਹਰ ਚੰਗਾ-ਮਾੜਾ ਤਰਕ ਦੇਣ ਤੋਂ ਗੁਰੇਜ਼ ਨਹੀਂ ਕਰਦੇ ਤੇ ਵਿਰੋਧੀ ਧਿਰ ਦਾ ਕੋਈ ਵੀ ਨੁਮਾਇੰਦਾ ਜਦ ਦਲੀਲ ਨਾਲ ਸੱਤਾ ਧਿਰ ਨੂੰ ਘੇਰਨ ਲਗਦਾ ਹੈ ਤਾਂ ਇਹ 'ਗੋਦੀ ਐਂਕਰ' ਕਹੇ ਜਾਂਦੇ ਪੱਤਰਕਾਰ ਰੌਲਾ ਪਾ ਕੇ ਉਸ ਦੀ ਗੱਲ ਦਰਸ਼ਕਾਂ ਤੱਕ ਪੁੱਜਣ ਹੀ ਨਹੀਂ ਦਿੰਦੇ।

ਕੇਂਦਰ ਵਿੱਚ ਸੱਤਾ 'ਤੇ ਕਾਬਜ਼ ਮੋਦੀ ਸਰਕਾਰ ਨੂੰ ਅਕਸਰ ਸੰਸਦ ਵਿੱਚ ਵਿਰੋਧੀ ਧਿਰ ਵੱਲੋਂ ਭਾਰਤ ਦੇ ਉੱਘੇ ਉਦਯੋਗਪਤੀ ਗੌਤਮ ਅਡਾਨੀ ਦੀ ਗ਼ੈਰ-ਕੁਦਰਤੀ ਤੇਜ਼ੀ ਨਾਲ ਵਧੀ ਜਾਇਦਾਦ ਨੂੰ ਲੈ ਕੇ ਘੇਰਿਆ ਜਾਂਦਾ ਹੈ, ਪਰ ਲਗਭਗ ਸਾਰੇ ਹੀ ਨਿਊਜ਼ ਚੈਨਲ ਇਸ ਮੁੱਦੇ 'ਤੇ ਪ੍ਰਧਾਨ ਮੰਤਰੀ ਜਾਂ ਕਿਸੇ ਕੇਂਦਰੀ ਮੰਤਰੀ ਤੋਂ ਜਵਾਬ ਲੈਣ ਤੋਂ ਪ੍ਰਹੇਜ਼ ਕਰਦੇ ਹਨ। ਅਡਾਨੀ ਦੀ ਮਾਲਕੀ ਵਾਲੀਆਂ ਬੰਦਰਗਾਹਾਂ ਤੋਂ ਅਰਬਾਂ ਰੁਪਏ ਦੇ ਨਸ਼ੀਲੇ ਪਦਾਰਥ ਫੜੇ ਜਾਂਦੇ ਹਨ, ਪਰ ਕੋਈ ਵੀ ਚੈਨਲ ਇਸ ਬਾਰੇ ਕੋਈ ਪ੍ਰੋਗਰਾਮ ਨਹੀਂ ਕਰਦਾ। ਵਿਰੋਧੀ ਧਿਰ ਦਾ ਬੜਾ ਹੀ ਵਾਜਿਬ ਪ੍ਰਸ਼ਨ ਹੈ ਕਿ ਕੇਵਲ ਪੰਜ-ਸੱਤ ਸਾਲ ਵਿੱਚ ਹੀ ਇੱਕ ਵਿਅਕਤੀ 609 ਨੰਬਰ ਦੇ ਅਮੀਰ ਤੋਂ ਉੱਠ ਕੇ ਦੁਨੀਆਂ ਦਾ ਦੂਜਾ ਸਭ ਤੋਂ ਅਮੀਰ ਵਿਅਕਤੀ ਕਿਵੇਂ ਬਣ ਸਕਦਾ ਹੈ, ਜਦੋਂ ਕਿ ਉਹ ਅੱਜ ਵੀ ਭਾਰਤ ਦਾ ਸਭ ਤੋਂ ਵੱਡਾ ਆਮਦਨ ਕਰ ਦਾਤਾ ਨਹੀਂ ਹੈ ? ਅਜਿਹਾ ਕਿਉਂ ਹੈ ਕਿ ਮਾਣਯੋਗ ਪ੍ਰਧਾਨ ਮੰਤਰੀ ਜੀ ਇਸ ਸ਼ਖ਼ਸ ਨੂੰ ਆਪਣੇ ਨਾਲ ਵਿਦੇਸ਼ੀ ਮੁਲਕਾਂ ਦੀ ਯਾਤਰਾ 'ਤੇ ਲੈ ਕੇ ਜਾਂਦੇ ਹਨ ਤੇ ਫਿਰ ਕੁਝ ਦਿਨਾਂ ਬਾਅਦ ਉਨ੍ਹਾਂ ਮੁਲਕਾਂ ਤੋਂ ਇਸ ਸ਼ਖ਼ਸ ਨੂੰ ਵੱਡਾ ਕਾਰੋਬਾਰ ਹਾਸਲ ਹੋ ਜਾਂਦਾ ਹੈ ? ਅਜਿਹਾ ਕਿਉਂ ਹੈ ਕਿ ਇਸ ਸ਼ਖਸ ਨੇ ਬੈਂਕਾਂ ਦਾ ਦੋ ਲੱਖ ਕਰੋੜ ਦੇ ਕਰੀਬ ਕਰਜ਼ਾ ਦੇਣਾ ਹੈ ਪਰ ਹੈ, ਇਹ ਦੁਨੀਆਂ ਦਾ ਸਭ ਤੋਂ ਅਮੀਰ ਸ਼ਖ਼ਸ ? ਐਸਾ ਕਿਉਂ ਹੈ ਕਿ ਭਾਰਤੀ ਜੀਵਨ ਬੀਮਾ ਨਿਗਮ ਅਤੇ ਸਟੇਟ ਬੈਂਕ ਆਫ਼ ਇੰਡੀਆ ਜਿਹੇ ਵੱਡੇ ਸਰਕਾਰੀ ਅਦਾਰੇ ਉਦੋਂ ਵੀ ਅਡਾਨੀ ਦੇ ਸ਼ੇਅਰ ਖਰੀਦਣੇ ਜਾਰੀ ਰੱਖਦੇ ਹਨ, ਜਦੋਂ ਕਿ ਅਡਾਨੀ ਦੇ ਸ਼ੇਅਰ ਲਗਾਤਾਰ ਗਿਰਾਵਟ ਦਰਜ ਕਰ ਰਹੇ ਸਨ ? ਅਜਿਹੇ ਅਨੇਕਾਂ ਸਵਾਲਾਂ ਦੇ ਜਵਾਬ ਸੱਤਾ ਧਿਰ ਵੱਲੋਂ ਨਾ ਸੰਸਦ ਵਿੱਚ ਦਿੱਤੇ ਜਾਂਦੇ ਹਨ ਤੇ ਨਾ ਹੀ ਟੀ ਵੀ ਚੈਨਲਾਂ ਦੇ ਐਂਕਰ ਇਨ੍ਹਾ ਸਵਾਲਾਂ ਦੇ ਜਵਾਬ ਸੱਤਾ ਧਿਰ ਦੇ ਬੁਲਾਰਿਆਂ ਤੋਂ ਲੈਂਦੇ ਹਨ।

ਨੋਟਬੰਦੀ ਦੇ ਲਾਭ, ਜੀ.ਐੱਸ.ਟੀ. ਦੀਆਂ ਉੱਚੀਆਂ ਦਰਾਂ ਨਾਲ ਅੱਠ ਸਾਲ ਤੱਕ 127 ਲੱਖ ਕਰੋੜ ਰੁਪਏ ਦੀ ਰਾਸ਼ੀ ਦੇਸ਼ ਵਾਸੀਆਂ ਤੋਂ ਉਗਰਾਹ ਕੇ ਹੁਣ ਟੈਕਸ ਦਰਾਂ ਵਿਚ ਛੂਟ ਦਾ ਉਤਸਵ ਮਨਾਉਣ ਦਾ ਢਕਵੰਜ ਰਚਣਾ, ਕੌਮਾਂਤਰੀ ਮਾਰਕੀਟ ਵਿੱਚ ਸਸਤੇ ਹੋਣ ਦੇ ਬਾਵਜੂਦ ਭਾਰਤ ਵਿੱਚ ਪੈਟਰੋਲ ਅਤੇ ਰਸੋਈ ਗੈਸ ਦੀਆਂ ਕੀਮਤਾਂ ਵੱਲੋਂ ਅਸਮਾਨ ਛੂਹਣਾ, ਗੁਜਰਾਤ ਵਿੱਚ ਟੁੱਟੇ ਮੋਰਬੀ ਪੁਲ ਦਾ ਮਾਮਲਾ, ਬੀ ਬੀ ਸੀ ਚੈਨਲ ਵੱਲੋਂ ਗੁਜਰਾਤ ਦੰਗਿਆਂ ਸਬੰਧੀ ਪੇਸ਼ ਕੀਤੀ ਦਸਤਾਵੇਜ਼ੀ, ਉੱਤਰ ਪ੍ਰਦੇਸ਼ ਵਿੱਚ ਵਧਦੀਆਂ ਅਗਵਾ, ਬਲਾਤਕਾਰ ਅਤੇ ਹੱਤਿਆ ਦੀਆਂ ਵਧਦੀਆਂ ਵਾਰਦਾਤਾਂ,ਚੀਨ ਦਾ ਭਾਰਤੀ ਸਰਹੱਦ ਦੇ ਅੰਦਰ ਆ ਕੇ ਬੰਕਰ ਤੇ ਸੜਕਾਂ ਤਿਆਰ ਕਰਨਾ, ਵੱਖ-ਵੱਖ ਰਾਜਾਂ ਵਿੱਚ ਲੋਕਾਂ ਦੁਆਰਾ ਬਹੁਮਤ ਨਾਲ ਚੁਣੀਆਂ ਸਰਕਾਰਾਂ ਅਨੈਤਿਕ ਢੰਗਾਂ ਨਾਲ ਸੁੱਟ ਦੇਣਾ, ਕਰੋਨਾ ਦੌਰਾਨ ਆਕਸੀਜਨ ਅਤੇ ਸਿਹਤ ਸਹੂਲਤਾਂ ਦੀ ਘਾਟ ਕਰਕੇ ਅਸੰਖਾਂ ਲੋਕਾਂ ਦਾ ਮਰਨਾ, ਸੰਸਦ ਵਿੱਚ ਬਿਨਾਂ ਬਹਿਸ ਦੇ ਪਾਸ ਕੀਤੇ ਕਿਸਾਨਾਂ ਸੰਬੰਧੀ ਤਿੰਨ ਕਾਲੇ ਕਾਨੂੰਨਾਂ ਖਿਲਾਫ਼ ਸੰਘਰਸ਼ ਕਰਦੇ ਕਿਸਾਨਾਂ ਨੂੰ ਜੀਪ ਹੇਠਾਂ ਕੁਚਲ ਦੇਣਾ, ਡੇਰਾ ਸੱਚਾ ਸੌਦਾ ਦੇ ਮੁਖੀ ਨੂੰ ਵਾਰ-ਵਾਰ ਪੈਰੋਲ ਦੇਣਾ, ਅਡਾਨੀ ਨੂੰ ਬਿਹਾਰ ਵਿਚ ਇਕ ਰੁਪਿਆ ਲੈ ਕੇ ਇਕ ਹਜ਼ਾਰ ਏਕੜ ਉਪਜਾਊ ਜ਼ਮੀਨ ਲੀਜ਼ 'ਤੇ ਦੇਣਾ ਆਦਿ ਜਿਹੇ ਅਸੰਖਾਂ ਮੁੱਦੇ ਇਸ ਮੁਲਕ ਨੂੰ ਦਰਪੇਸ਼ ਹਨ, ਪਰ ਸਾਡੇ ਅਖੌਤੀ ਨਿਊਜ਼ ਐਂਕਰਾਂ ਨੂੰ ਪਤਾ ਨਹੀਂ ਇਹ ਮੁੱਦੇ ਕਿਉਂ ਵਿਖਾਈ ਨਹੀਂ ਦੇ ਰਹੇ ਹਨ ? ਟੀ ਵੀ ਪੱਤਰਕਾਰਾਂ ਦੇ ਇਸ ਪੱਖਪਾਤੀ ਅਤੇ ਪੱਤਰਕਾਰੀ ਧਰਮ ਦੇ ਖ਼ਿਲਾਫ਼ ਵਿਖਾਇਆ ਜਾ ਰਿਹਾ ਰਵੱਈਆ ਸੱਚਮੁੱਚ ਹੀ ਨਿਰਾਸ਼ਾਜਨਕ ਅਤੇ ਨਿੰਦਣਯੋਗ ਹੈ।

**# ਸੰਪਰਕ : 97816-46008**

# ਕੇਂਦਰ ਤੇ ਪੰਜਾਬ ਸਰਕਾਰ ਤੋਂ ਖਫਾ ਆੜ੍ਹਤੀਆਂ ਵੱਲੋਂ ਹੜਤਾਲ ਦੀ ਚੇਤਾਵਨੀ



**ਜਗਰਾਉਂ (ਅਮਿਤ ਖੰਨਾ)**-ਏਸ਼ੀਆ ਦੀ ਦੂਜੀ ਵੱਡੀ ਅਨਾਜ ਮੰਡੀ ਜਗਰਾਉਂ ਵਿੱਚ ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਤੇ ਕੇਂਦਰ ਸਰਕਾਰ ਤੋਂ ਖਫਾ ਹੁੰਦਿਆਂ ਹੜਤਾਲ 'ਤੇ ਜਾਣ ਦੀ ਚੇਤਾਵਨੀ ਦਿੱਤੀ ਹੈ।ਜਗਰਾਉਂ ਮੰਡੀ ਵਿੱਚ ਅੱਜ ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਵੱਲੋਂ ਰੱਖੀ ਗਈ ਆੜ੍ਹਤੀਆ ਚੇਤਨਾ ਕਨਵੈਂਸ਼ਨ 2025 ਵਿੱਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਤੋਂ ਹਜ਼ਾਰਾਂ ਦੀ ਗਿਣਤੀ 'ਚ ਆੜ੍ਹਤੀਆਂ ਨੇ ਸ਼ਿਰਕਤ ਕੀਤੀ।

ਆੜ੍ਹਤੀਆ ਐਸੋਸੀਏਸ਼ਨ ਜਗਰਾਉਂ ਦੇ ਸਹਿਯੋਗ ਨਾਲ ਕਰਵਾਈ ਗਈ ਇਸ ਕਨਵੈਂਸ਼ਨ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਵਿਜੇ ਕਾਲੜਾ ਨੇ ਐਲਾਨ ਕੀਤਾ ਕਿ ਇਸ ਵਾਰ ਸੀਜ਼ਨ ਵਿੱਚ ਜਿੱਥੇ ਸੂਬੇ ਦਾ ਇੱਕ ਵੀ ਆੜ੍ਹਤੀ ਝੋਨੇ ਇਸ ਵਾਰ ਨਮੀ, ਡੈਮੇਜ ਤੇ ਡਿਸਕਲਰ ਦੇ ਨਾਮ 'ਤੇ ਏਜੰਸੀਆਂ ਤੇ ਸੈਲਰਾਂ ਦੀ ਅੰਨ੍ਹੀਂ ਲੁੱਟ 'ਚ ਵਿਚੋਲਗੀ ਨਹੀਂ ਕਰੇਗਾ।ਉਨ੍ਹਾਂ ਸਰਕਾਰ ਨੂੰ ਕਿਹਾ ਕਿ ਜਦੋਂ ਦਾਣਾ ਦਾਣਾ ਖ੍ਰੀਦਣ ਦਾ ਦਾਅਵਾ ਕਰਦੀ ਹੈ ਤਾਂ ਫਿਰ ਝੋਨੇ 'ਚ ਖਾਮੀਆਂ ਕੱਢਣ ਵਾਲੀ ਏਜੰਸੀਆਂ ਨੂੰ ਸਿੱਧਾ ਕਰੇ।ਪ੍ਰਧਾਨ ਕਾਲੜਾ ਵੱਲੋਂ ਐਲਾਨ ਕੀਤਾ ਗਿਆ ਕਿ ਆੜ੍ਹਤੀਆਂ ਦੀ ਸੂਬੇ ਭਰ ਵਿੱਚ ਵੱਧ ਫੀਸਦੀ ਆੜ੍ਹਤ ਕਰਨ ਤੇ ਬਕਾਇਆ ਦੇਣ ਦਾ ਜੋ ਮੁੱਖ ਮੰਤਰੀ ਪੰਜਾਬ ਨੇ ਵਾਅਦਾ ਕੀਤਾ ਸੀ, ਉਹ ਪੂਰਾ ਨਾ ਹੋਇਆ ਤਾਂ ਪੰਜਾਬ ਭਰ ਦੇ ਆੜ੍ਹਤੀ ਹੜਤਾਲ ਕਰਨਗੇ।ਉਨ੍ਹਾਂ ਨਾਲ ਹੀ ਖਰੀਦ ਏਜੰਸੀਆਂ ਵੱਲੋਂ ਝੋਨਾ ਖ੍ਰੀਦਣ 'ਤੇ ਬਾਅਦ ਆੜ੍ਹਤੀਆਂ ਤੋਂ ਸ਼ਾਰਟੇਜ ਲੈਣ ਨੂੰ ਇਸ ਵਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਮੰਡੀ ਵਿੱਚ ਟਰੱਕਾਂ ਦਾ ਠੇਕਾ ਲੈਣ ਵਾਲੇ ਠੇਕੇਦਾਰ ਆਪਣੀ ਜ਼ਿੰਮੇਵਾਰੀ ਤੋਂ ਭੱਜੇ ਤਾਂ ਕੋਈ ਵੀ ਆੜ੍ਹਤੀ ਪੰਜਾਬ ਭਰ ਵਿੱਚ ਇਸ ਵਾਰ ਆਪਣੇ ਪੱਧਰ 'ਤੇ ਝੋਨੇ ਦੀ ਲਿਫਟਿੰਗ ਨਹੀਂ ਕਰਵਾਏਗਾ।ਇਸ ਦੇ ਨਾਲ ਹੀ ਏਜੰਸੀਆਂ ਵੱਲੋਂ ਖ੍ਰੀਦਿਆ ਗਿਆ ਝੋਨਾ ਸੈਲਰਾਂ ਵੱਲੋਂ ਰਿਜੈਕਟ ਕਰਨ 'ਤੇ ਆੜ੍ਹਤੀ ਕਿਸਾਨ ਤੇ ਸੈਲਰਾਂ ਵਾਲਿਆਂ ਵਿੱਚ ਪਿੱਸ ਪੱਤੀ ਲਈ ਵਿਚੋਲਗੀ ਨਹੀਂ ਕਰੇਗਾ।ਉਨ੍ਹਾਂ ਸਾਫ ਕਿਹਾ ਕਿ ਖਰੀਦ ਏਜੰਸੀਆਂ ਪਹਿਲਾਂ ਹੀ ਝੋਨਾ ਇਸ ਵਾਰ ਸੋਚ ਸਮਝ ਕੇ ਝੋਨਾ ਖ੍ਰੀਦਣ, ਨਿਯਮਾਂ ਅਨੁਸਾਰ ਝੋਨਾ ਖ੍ਰੀਦਣ, ਜੇ ਝੋਨਾ ਉਨ੍ਹਾਂ ਦੇ ਨਿਯਮਾਂ ਅਨੁਸਾਰ ਸਹੀ ਨਹੀਂ ਤਾਂ ਉਸ ਨੂੰ ਰਿਜੈਕਟ ਕਰਨ।

ਪ੍ਰਧਾਨ ਕਾਲੜਾ ਨੇ ਆਨਲਾਈਨ ਓਟੀਪੀ ਸਿਸਟਮ ਦਾ ਵੀ ਬਾਈਕਾਟ ਕਰਦਿਆਂ ਕਿਹਾ ਕਿ ਇਹ ਕੰਮ ਜਿਨ੍ਹਾਂ ਦਾ ਹੈ ਸਰਕਾਰ ਉਸ ਵਿਭਾਗ ਨੂੰ ਸੌਂਪੇ।ਪ੍ਰਧਾਨ ਕਾਲੜਾ ਵੱਲੋਂ ਵੱਡੇ ਇਕੱਠ ਵਿੱਚ ਰੱਖੇ ਗਏ ਇਨ੍ਹਾਂ ਮਤਿਆਂ ਨੂੰ ਸਾਰਿਆਂ ਨੇ ਇੱਕ ਮੱਤ ਹੱਥ ਖੜੇ ਕਰਕੇ ਪ੍ਰਵਾਨਗੀ ਦਿੱਤੀ।ਕਨਵੈਂਸ਼ਨ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ ਬਰਾੜ, ਜਗਰਾਉਂ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਘਨ੍ਹੱਈਆ ਗੁਪਤਾ ਬਾਂਕਾ, ਸਰਪ੍ਰਸਤ ਕਮਲਜੀਤ ਸਿੰਘ ਮੱਲ੍ਹਾ, ਰਾਜ ਕੁਮਾਰ ਭੱਲਾ, ਜਤਿੰਦਰ ਗਰਗ ਫਰੀਦਕੋਟ, ਰਜੇਸ਼ ਜੈਨ ਮੰਡ ਮੰਡੀ ਮੁਲਖ ਰਾਜ ਪਟਿਆਲਾ, ਅਮਨਦੀਪ ਛੀਨਾ ਅੰਮ੍ਰਿਤਸਰ ਨੇ ਕਿਹਾ ਕਿ ਸਰਕਾਰਾਂ ਵੱਲੋਂ ਹਮੇਸ਼ਾ ਹੀ ਸੂਬੇ ਦੇ ਆੜ੍ਹਤੀਆਂ ਨੂੰ ਨਿਸ਼ਾਨਾ ਬਣਾਇਆ ਜਾਂਦਾ।ਉਨ੍ਹਾਂ ਦੀਆਂ ਸਿਰਾਂ 'ਤੇ ਲਟਕ ਰਹੀਆਂ ਮੰਗਾਂ ਨੂੰ ਪ੍ਰਵਾਨ ਕਰਨ ਦੀ ਥਾਂ ਹਰ ਸਾਲ ਕੋਈ ਨਾ ਕੋਈ ਨਵੀਂ ਮੁਸ਼ਕਲ ਖੜੀ ਕੀਤੀ ਜਾਂਦੀ ਹੈ, ਜਿਸ ਦੇ ਲਈ ਸੂਬੇ ਭਰ ਦੇ ਆੜ੍ਹਤੀਆਂ ਨੂੰ ਇਸੇ ਤਰ੍ਹਾਂ ਇੱਕਜੁੱਟਤਾ ਨਾਲ ਰਹਿਣਾ ਪਵੇਗਾ ਤੇ ਸਰਕਾਰ ਖਿਲਾਫ ਆਪਣੇ ਹੱਕਾਂ ਲਈ ਲੜਨੀ ਪਵੇਗੀ। ਜਗਰਾਉਂ ਦੇ ਆੜ੍ਹਤੀਆਂ ਵੱਲੋਂ ਪ੍ਰਧਾਨ ਘਨ੍ਹੱਈਆ ਗੁਪਤਾ ਬਾਂਕਾ ਸਮੇਤ ਅਹੁਦੇਦਾਰਾਂ ਨੇ ਸੂਬਾ ਪ੍ਰਧਾਨ ਨੂੰ ਸਨਮਾਨਤ ਕੀਤਾ ਗਿਆ।

# ਫਿਰਕੂ, ਫਾਸ਼ੀਵਾਦੀ ਤਾਕਤਾਂ ਨੂੰ ਦੇਸ਼ ਸੱਤਾ ਤੋਂ ਲਾਂਭੇ ਕਰਨਾ ਹੀ ਸ਼ਹੀਦ ਭਗਤ ਸਿੰਘ ਨੂੰ ਸੱਚੀ ਸ਼ਰਧਾਂਜਲੀ : ਚੌਹਾਨ/ਉੱਡਤ

## ਸੀਪੀਆਈ ਵੱਲੋਂ ਸ਼ਹੀਦ ਭਗਤ ਸਿੰਘ ਨੂੰ ਵਰ੍ਹੇਗੰਢ ਮੌਕੇ ਸ਼ਰਧਾ ਦੇ ਫੁੱਲ ਭੇਟ



**ਮਾਨਸਾ (ਆਤਮਾ ਸਿੰਘ ਪਮਾਰ)**-ਸ਼ਹੀਦੇ-ਆਜ਼ਮ ਸ. ਭਗਤ ਸਿੰਘ ਦੀ 118ਵੀਂ ਵਰ੍ਹੇਗੰਢ ਮੌਕੇ ਸੀਪੀਆਈ ਵੱਲੋਂ ਸ਼ਹੀਦ ਭਗਤ ਸਿੰਘ ਦੇ ਬੁੱਤ 'ਤੇ ਫੁੱਲ ਮਾਲਾ ਚੜ੍ਹਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਸੀਪੀਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕ੍ਰਿਸ਼ਨ ਚੌਹਾਨ ਤੇ ਸੀਪੀਆਈ ਦੇ ਸੂਬਾਈ ਆਗੂ ਕਾਮਰੇਡ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਦੇਸ਼ ਦੀ ਸੱਤਾ 'ਤੇ ਫਿਰਕੂ ਫਾਸ਼ੀਵਾਦੀ ਤਾਕਤਾਂ ਦਾ ਕਬਜ਼ਾ ਹੋ ਚੁੱਕਾ ਹੈ, ਸੱਤਾ ਦਾ ਦੁਰਉਪਯੋਗ ਕਰਕੇ ਸਰਕਾਰੀ ਏਜੰਸੀਆਂ ਰਾਹੀਂ ਭਾਰਤ ਦੇ ਲੋਕਾਂ ਵਿੱਚ ਫਿਰਕਾਪ੍ਰਸਤੀ ਦਾ ਜ਼ਹਿਰ ਫੈਲਾਇਆ ਜਾ ਰਿਹਾ ਹੈ ਤੇ ਦੇਸ਼ ਦੀ ਅਜ਼ਾਦੀ ਦੇ ਅਸਲੀ ਨਾਇਕਾਂ ਦੀ ਥਾਂ ਬ੍ਰਿਟਿਸ਼ ਸਾਮਰਾਜ ਦੇ ਝੋਲੀ ਚੁੱਕਾਂ ਨੂੰ ਆਜ਼ਾਦੀ ਦੇ ਪਰਵਾਨਿਆਂ ਵਜੋਂ ਪ੍ਰਚਾਰਿਆ ਜਾ ਰਿਹਾ ਹੈ। ਕਮਿਊਨਿਸਟ ਆਗੂਆਂ ਨੇ ਕਿਹਾ ਕਿ ਦੇਸ਼ ਦੀ ਸੱਤਾ 'ਤੇ ਫਿਰਕੂ ਫਾਸ਼ੀਵਾਦੀ ਤਾਕਤਾਂ ਨੂੰ ਲਾਂਭੇ ਕਰਨਾ ਹੀ ਸ਼ਹੀਦੇ-ਆਜ਼ਮ ਸ. ਭਗਤ ਸਿੰਘ, ਗਦਰੀ ਬਾਬਿਆਂ ਤੇ ਆਜ਼ਾਦੀ ਦੀ ਸੰਗਰਾਮੀਆਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ ਤਾਂ ਕਿ ਭਾਰਤੀ ਲੋਕਤੰਤਰ, ਭਾਰਤੀ ਸੰਵਿਧਾਨ ਤੇ ਸੰਵਿਧਾਨਕ ਸੰਸਥਾਵਾਂ ਦੀ ਰਾਖੀ ਕਰਦਿਆਂ ਸੁਤੰਤਰਤਾ ਸੈਨਾਨੀਆਂ ਦੇ ਸੁਪਨਿਆਂ ਮੁਤਾਬਕ ਬਰਾਬਰੀ ਵਾਲਾ ਸਮਾਜ ਸਿਰਜਣ ਲਈ ਅੱਗੇ ਵਧਿਆ ਜਾ ਸਕੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਤਨ ਭੋਲਾ, ਸੁਖਦੇਵ ਸਿੰਘ ਮਾਨਸਾ, ਹਰਨੇਕ ਮਾਨਸ਼ਾਹੀਆ, ਬੂਟਾ ਸਿੰਘ ਬਾਜੇ ਵਾਲਾ, ਰੋਹਿਤ ਮਾਨਸਾ, ਵਿੱਕੀ ਖੋਖਰ ਆਦਿ ਹਾਜ਼ਰ ਸਨ।

# ਸ਼ਹੀਦਾਂ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਲੈ ਕੇ ਜਾਣ ਦੀ ਮੁੱਖ ਲੋੜ : ਪਾਸਲਾ

## ਪਿੰਡ ਗੁਰਮ ਵਿਖੇ ਸ਼ਹੀਦ ਭਗਤ ਸਿੰਘ ਦਾ ਬੁੱਤ ਸਥਾਪਤ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਗੁਰਮ (ਬਰਨਾਲਾ) ਵਿਖੇ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਸ਼ਹੀਦੇ-ਆਜ਼ਮ ਦਾ ਆਦਮ-ਕੱਦ ਬੁੱਤ ਸਸ ਸਟੇਡ ਗੁਰਮ ਵਿਖੇ ਸਥਾਪਤ ਕੀਤਾ।ਇਹ ਕਾਰਜ ਸਮਾਜ ਸੇਵੀ ਬਾਬਾ ਸੱਚ ਕਾ ਨੰਦ ਦੀ ਅਗਵਾਈ ਹੇਠ ਉਨ੍ਹਾਂ ਦੇ ਪੁੱਤਰਾਂ ਬਾਬਾ ਮਾਨ ਦਾਸ ਗੁਰਮ, ਬਾਬਾ ਅਮ੍ਰਿਤ ਦਾਸ ਦੇ ਅਹਿਮ ਯੋਗਦਾਨ ਨਾਲ ਮੁਕੰਮਲ ਹੋਇਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਆਰ ਐੱਮ ਪੀ ਆਈ ਦੇ ਕੌਮੀ ਸਕੱਤਰ ਮੰਡਲ ਰਾਮ ਪਾਸਲਾ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਦਿਆਂ ਸਮੂਹ ਪਰਿਵਾਰ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਦਾ ਬੁੱਤ ਸਥਾਪਤ ਕਰਨਾ ਬਹੁਤ ਸ਼ਲਾਘਾਯੋਗ ਕਦਮ ਹੈ, ਪਰ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੇ ਸੁਪਨਿਆਂ ਦੀ ਆਜ਼ਾਦੀ ਦੇ ਮਿਸ਼ਨ ਦੀ ਪੂਰਤੀ ਲਈ ਸਾਰਿਆਂ ਨੂੰ ਲਾਮਬੰਦ ਹੋਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਮਹਾਨ ਸੂਰਬੀਰ ਜੋਧਿਆਂ ਦੀ ਵਿਚਾਰਧਾਰਾ ਨੂੰ ਘਰ ਘਰ ਤੱਕ ਲੈ ਕੇ ਜਾਣ ਦੀ ਅਪੀਲ ਕਰਦਿਆਂ ਕਿਹਾ ਕਿ ਸ਼. ਭਗਤ ਸਿੰਘ ਸਿਰਫ 24 ਸਾਲ ਦੀ ਉਮਰ 'ਚ ਹੀ ਇਸ ਨਤੀਜੇ 'ਤੇ ਪਹੁੰਚ ਗਏ ਸਨ ਕਿ ਭਾਰਤ ਨੂੰ ਅੰਗਰੇਜ਼ੀ ਗੁਲਾਮੀ ਤੋਂ ਆਜ਼ਾਦ ਕਰਵਾਉਣਾ ਲਾਜ਼ਮੀ ਹੈ, ਪਰ ਉਸ ਸਮੇਂ ਦੇ ਮੌਕਾਪ੍ਰਸਤ ਲੀਡਰਾਂ ਦੀ ਬਦਨੀਤੀ ਕਰਕੇ ਵੱਡੀਆਂ ਕੁਰਬਾਨੀਆਂ ਦੇ ਬਾਵਜੂਦ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੇ ਸੁਪਨਿਆਂ ਦੀ ਆਜ਼ਾਦੀ ਅਜੇ ਤੱਕ ਵੀ ਨਹੀਂ ਆਈ।ਲੰਬਾ ਸਮਾਂ ਬੀਤ ਜਾਣ ਦੇ ਬਾਵਜੂਦ ਲੋਕ ਮੁਢਲੀਆਂ ਲੋੜਾਂ ਤੋਂ ਵੀ ਵਾਂਝੇ ਹਨ।ਉਨ੍ਹਾਂ ਜ਼ੋਰ ਦਿੱਤਾ ਕਿ ਜੇਕਰ ਅਸੀਂ ਭਗਤ ਸਿੰਘ ਦੇ ਸੁਪਨੇ ਨੂੰ ਸਾਕਾਰ ਕਰਨਾ ਚਾਹੁੰਦੇ ਹਾਂ, ਤਾਂ ਘਰ-ਘਰ, ਪਿੰਡ-ਪਿੰਡ ਉਸ ਦੀ ਵਿਚਾਰਧਾਰਾ ਨੂੰ ਪਹੁੰਚਾਉਣਾ ਪਵੇਗਾ।ਉਨ੍ਹਾਂ ਦੇ ਨਕਸ਼ੇ-ਕਦਮਾਂ 'ਤੇ ਚੱਲ ਕੇ ਹੀ ਅਸੀਂ ਅਸਲ ਸਮਾਜਕ ਬਰਾਬਰੀ, ਨਿਆਂ ਤੇ ਮਨੁੱਖਤਾ ਵਾਲੇ ਰਾਜ ਪ੍ਰਬੰਧ ਦੀ ਸਿਰਜਣਾ ਕਰ ਸਕਦੇ ਹਾਂ।ਸਾਬਕੀ ਨਰਾਇਣ ਦੱਤ ਨੇ ਸੱਚ ਕਾ ਨੰਦ ਗੁਰਮਾਂ ਦੇ ਉਨ੍ਹਾਂ ਦੇ ਪਰਿਵਾਰ ਵੱਲੋਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਮੌਕੇ ਸ਼ਹੀਦ ਦਾ ਬੁੱਤ ਸਥਾਪਤ ਕਰਨ ਦੇ ਕਾਰਜ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ਼ਹੀਦ ਦਾ ਇਹ ਬੁੱਤ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਪ੍ਰੇਰਣਾ ਦਾ ਸਰੋਤ ਬਣੇਗਾ।ਇਸ ਮੌਕੇ ਸਰਪੰਚ ਮਨਜੀਤ ਕੌਰ ਗੁਰਮ, ਕੁਲਦੀਪ ਸਿੰਘ ਗੁਰਮ, ਜੇ ਈ ਸੁਭਾਸ਼ ਭੋਲਾ ਸਿੰਘ ਗੁੰਮਟੀ, ਮਾ: ਦਰਸ਼ਨ ਲਾਲ, ਜਗਤਾਰ ਸਿੰਘ ਢਿੱਲੋਂ, ਜਸਵੀਰ ਸਿੰਘ ਸੀਰਾ, ਕੁਲਵੰਤ ਸਿੰਘ ਮਾਹਮਦਪੁਰ, ਸਾਬਕਾ ਸਰਪੰਚ ਗੁਰਵਿੰਦਰ ਸਿੰਘ ਗੁਰਮ, ਕਰਮਜੀਤ ਸਿੰਘ ਗੁਰਮ, ਕਿਸਾਨ ਆਗੂ ਮੇਜਰ ਸਿੰਘ, ਚੇਤ ਰਾਮ ਗੁਰਮ, ਮੇਘ ਰਾਜ ਜੋਸ਼ੀ, ਮਲਕੀਤ ਸਿੰਘ ਵਜੀਦਕੇ, ਸਹਾਇਕ ਥਾਣੇਦਾਰ ਮਨਜਿੰਦਰ ਸਿੰਘ ਸ਼ੇਰਪੁਰ, ਅਮਰਜੀਤ ਸਿੰਘ ਕੁੱਕੂ ਤੋਂ ਇਲਾਵਾ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ, ਪਿੰਡ ਵਾਸੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ।ਅਖੀਰ 'ਚ ਕਿਸਾਨ ਆਗੂ ਮਾਨ ਸਿੰਘ ਗੁਰਮ ਨੇ ਸੱਚ ਕਾ ਨੰਦ ਗੁਰਮ ਤੇ ਸਮੂਹ ਪਰਿਵਾਰ ਵੱਲੋਂ ਪਹੁੰਚਣ 'ਤੇ ਸਾਰਿਆਂ ਦਾ ਉਚੇਚਾ ਧੰਨਵਾਦ ਕੀਤਾ।

## ਕਾਤਰਾਂ

### ਸੈਂਟਰ ਚਹਿਲਾਂਵਲੀ ਦੀਆਂ ਪ੍ਰਾਇਮਰੀ ਸਕੂਲੀ ਖੇਡਾਂ ਪਹਿਲੀ ਤੋਂ

**ਮਾਨਸਾ (ਆਤਮਾ ਸਿੰਘ ਪਮਾਰ)**-ਸੈਂਟਰ ਸਕੂਲ ਚਹਿਲਾਂਵਾਲੀ ਵਿਖੇ ਸੈਂਟਰ ਪੱਧਰੀ ਖੇਡਾਂ ਕਰਵਾਉਣ ਸਬੰਧੀ ਇੱਕ ਮੀਟਿੰਗ ਸੈਂਟਰ ਹੈੱਡ ਟੀਚਰ ਸ੍ਰ. ਸੰਦੀਪ ਸਿੰਘ ਦੀ ਅਗਵਾਈ ਹੇਠ ਹੋਈ।ਮੀਟਿੰਗ ਵਿੱਚ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਖੇਡਾਂ ਕਰਵਾਉਣ ਲਈ ਵਿਚਾਰ ਚਰਚਾ ਕਰਨ ਉਪਰੰਤ ਫੈਸਲਾ ਕੀਤਾ ਗਿਆ ਕਿ 1 ਅਕਤੂਬਰ ਤੋਂ 4 ਅਕਤੂਬਰ ਤੱਕ ਸੈਂਟਰ ਪੱਧਰੀ ਖੇਡਾਂ ਕਰਵਾਈਆਂ ਜਾਣ।ਇਸ ਮੌਕੇ ਹਰਪ੍ਰੀਤ ਸਿੰਘ ਸੰਧੂ ਗੁਰਵਿੰਦਰ ਬਹਿਣੀਵਾਲ, ਜਗਵੰਤ ਧਾਲੀਵਾਲ ਹਰਮਿੰਦਰ ਸਿੰਘ, ਵਰਿੰਦਰ ਸਿੰਘ ਬਰਾੜ, ਹਰਭਜਨ ਸਿੰਘ ਖੋਜੀ, ਸੁਖਰਾਜ ਸਿੰਘ ਸੰਦੋਹਾ, ਗੁਰਜੀਤ ਸਿੰਘ ਸਿੱਧੂ, ਰਜਿੰਦਰਪਾਲ ਤੇ ਸ਼ੁਖਦੀਪ ਸਿੰਘ ਗਿੱਲ ਆਦਿ ਖੇਡਾਂ ਨਾਲ ਸਬੰਧਤ ਅਧਿਆਪਕ ਹਾਜ਼ਰ ਸਨ।

### ਧੋਖਾਧੜੀ ਦੇ ਦੋਸ਼ 'ਚ ਦੋ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਖਮਾਣੋਂ ਪੁਲਸ ਨੇ ਇੱਕ ਮਹਿਲਾ ਸਣੇ ਦੋ ਵਿਅਕਤੀਆਂ ਵਿਰੁੱਧ ਧੋਖਾਧੜੀ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਚਰਨਜੀਤ ਕੌਰ ਵਾਸੀ ਪਿੰਡ ਲਖਨਪੁਰ ਨੇ ਦੋਸ਼ ਲਗਾਏ ਸਨ ਕਿ ਅਮਰਜੀਤ ਸਿੰਘ ਤੇ ਸੁਖਪ੍ਰੀਤ ਕੌਰ ਨੇ ਨੈਨੀ ਵਰਕ ਪਰਮਿਟ 'ਤੇ ਇੰਗਲੈਂਡ ਭੇਜਣ ਦਾ ਝਾਂਸਾ ਦੇ ਕੇ ਉਸ ਤੋਂ 40 ਲੱਖ ਰੁਪਏ ਵਸੂਲ ਲਏ, ਪਰ ਨਾ ਤਾਂ ਉਕਤ ਵਿਅਕਤੀਆਂ ਵੱਲੋਂ ਉਸ ਦੇ ਪੈਸੇ ਵਾਪਸ ਕੀਤੇ ਗਏ ਤੇ ਨਾ ਹੀ ਉਸ ਨੂੰ ਇੰਗਲੈਂਡ ਭੇਜਿਆ ਗਿਆ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਮਰਜੀਤ ਸਿੰਘ ਵਾਸੀ ਪਟਿਆਲਾ ਤੇ ਸੁਖਪ੍ਰੀਤ ਕੌਰ ਵਾਸੀ ਪਿੰਡ ਬਾਜੇਵਾਲਾ (ਮਾਨਸਾ) ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਖਮਾਣੋਂ ਦੀ ਪੁਲਸ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

### ਸਕੂਲੀ ਖੇਡਾਂ ਪਹਿਲੀ ਤੋਂ ਕਰਾਉਣ ਦਾ ਫ਼ੈਸਲਾ

**ਮਾਨਸਾ (ਆਤਮਾ ਸਿੰਘ ਪਮਾਰ)**-ਸੈਂਟਰ ਸਕੂਲ ਚਹਿਲਾਂਵਾਲੀ ਵਿਖੇ ਸੈਂਟਰ ਪੱਧਰੀ ਖੇਡਾਂ ਕਰਾਉਣ ਦੀ ਜ਼ਰੂਰੀ ਮੀਟਿੰਗ ਸੀ.ਐੱਚ.ਟੀ. ਸੰਦੀਪ ਸਿੰਘ ਦੀ ਅਗਵਾਈ ਹੇਠ ਹੋਈ। ਮੀਟਿੰਗ 'ਚ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਖੇਡਾਂ ਕਰਾਉਣ ਲਈ ਵਿਚਾਰ ਚਰਚਾ ਤੋਂ ਬਾਅਦ ਫੈਸਲਾ ਕੀਤਾ ਗਿਆ ਕਿ 01 ਤੋਂ 04 ਅਕਤੂਬਰ ਤੱਕ ਇਹ ਖੇਡਾਂ ਕਰਾਈਆਂ ਜਾਣਗੀਆਂ।1 ਅਕਤੂਬਰ ਨੂੰ ਅਥੈਟਿਕਸ ਮੁੰਡੇ/ਕੁੜੀਆਂ, ਹੈਂਡਬਾਲ ਮੁੰਡੇ/ਕੁੜੀਆਂ, ਫੁੱਟਬਾਲ ਮੁੰਡੇ/ਕੁੜੀਆਂ ਹੋਣਗੀਆਂ, ਗੋਲਾ ਸੁੱਟਣਾ ਮੁੰਡੇ/ਕੁੜੀਆਂ ਹੋਣਗੀਆਂ। ਬਾਕੀ ਮੁੱਖ ਖੇਡਾਂ 4 ਅਕਤੂਬਰ ਨੂੰ ਖ- ਖੋ ਮੁੰਡੇ/ਕੁੜੀਆਂ, ਕਬੱਡੀ ਮੁੰਡੇ/ਕੁੜੀਆਂ , ਰੱਸਾਕਸ਼ੀ ਮੁੰਡੇ/ਕੁੜੀਆਂ, ਬੈਡਮਿੰਟਨ ਮੁੰਡੇ/ਕੁੜੀਆਂ, ਯੋਗਾ ਮੁੰਡੇ/ਕੁੜੀਆਂ, ਚੈੱਸ ਮੁੰਡੇ/ਕੁੜੀਆਂ ਤੇ ਕੁਸ਼ਤੀਆਂ ਮੁੰਡੇ/ਕੁੜੀਆਂ ਸਰਕਾਰੀ ਪ੍ਰਾਇਮਰੀ ਸਕੂਲ ਰਾਏਪੁਰ ਵਿਖੇ ਹੋਣਗੀਆਂ।4 ਅਕਤੂਬਰ ਨੂੰ ਸਾਰੇ ਫਾਈਨਲ ਮੁਕਾਬਲੇ ਕਰਾਏ ਜਾਣਗੇ।ਇਸ ਮੌਕੇ ਹਰਪ੍ਰੀਤ ਸਿੰਘ ਸੰਧੂ ਗੁਰਵਿੰਦਰ ਬਹਿਣੀਵਾਲ, ਜਗਵੰਤ ਧਾਲੀਵਾਲ, ਹਰਮਿੰਦਰ ਸਿੰਘ, ਵਰਿੰਦਰ ਸਿੰਘ ਬਰਾੜ, ਹਰਭਜਨ ਸਿੰਘ ਖੋਜੀ, ਸੁਖਰਾਜ ਸਿੰਘ ਸੰਦੋਹਾ, ਗੁਰਜੀਤ ਸਿੰਘ ਸਿੱਧੂ, ਰਜਿੰਦਰਪਾਲ ਤੇ ਸ਼ੁਖਦੀਪ ਸਿੰਘ ਗਿੱਲ ਤੋਂ ਇਲਾਵਾ ਖੇਡਾਂ ਨਾਲ ਸਬੰਧਤ ਅਧਿਆਪਕ ਵੀ ਹਾਜ਼ਰ ਸਨ।

# ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਧੂਮਧਾਮ ਨਾਲ ਮਨਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤ ਵਿਕਾਸ ਪ੍ਰੀਸ਼ਦ ਫ਼ਿਰੋਜ਼ਪੁਰ ਸ਼ਹਿਰ ਦੀ ਸ਼ਾਖਾ ਵੱਲੋਂ ਨਾਮਦੇਵ ਚੌਕ ਫ਼ਿਰੋਜ਼ਪੁਰ ਸ਼ਹਿਰ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜਨਮ ਦਿਨ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਪ੍ਰੀਸ਼ਦ ਦੇ ਸਕੱਤਰ ਸ਼ਵਿੰਦਰ ਮਛਰਾਲ ਨੇ ਦੱਸਿਆ ਕਿ ਹਿੰਦੁਸਤਾਨ ਦੀ ਇਸ ਮਹਾਨ ਹਸਤੀ ਨੇ ਆਪਣੀ ਕੁਰਬਾਨੀ ਦੇ ਕੇ ਸਾਨੂੰ ਆਜ਼ਾਦੀ ਦਾ ਤੋਹਫ਼ਾ ਦਿੱਤਾ। ਇਸ ਮੌਕੇ ਸਾਰੇ ਮੈਂਬਰਾਂ ਨੇ ਸਰਦਾਰ ਭਗਤ ਸਿੰਘ ਜੀ ਦੇ ਬੁੱਤ 'ਤੇ ਹਾਰ ਪਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸ਼ਕਤੀ ਚੋਪੜਾ ਨੇ ਸ਼ਹੀਦਾਂ ਨੂੰ ਯਾਦ ਕਰਦਿਆਂ ਇਕ ਗੀਤ ਗਾਇਆ ਤੇ ਮਹਿਲਾ ਪ੍ਰਮੁੱਖ ਜਨਕ ਚੌਧਰੀ ਨੇ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਕਦਮ ਚੁੱਕਣ 'ਤੇ ਜ਼ੋਰ ਦਿੱਤਾ ਤੇ ਦੇਸ਼ ਨੂੰ ਨਸ਼ਾ-ਮੁਕਤ ਕਰਨ ਲਈ ਸਾਰਿਆਂ ਨੂੰ ਅੱਗੇ ਆਉਣ ਲਈ ਕਿਹਾ। ਪ੍ਰੀਸ਼ਦ ਦੇ ਚੇਅਰਮੈਨ ਵਿਨੋਦ ਗੋਇਲ ਨੇ ਆਪਣੇ ਸੰਬੋਧਨ ਵਿੱਚ ਭਗਤ ਸਿੰਘ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਸੁਰੇਸ਼ ਸ਼ਰਮਾ ਨੇ ਆਏ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸ਼ਿਆਮ ਲਾਲ ਕੱਕੜ, ਸੁਰੇਸ਼ ਨਾਰੰਗ, ਯੋਗਿੰਦਰ ਕੱਕੜ, ਪ੍ਰਵੀਨ ਤਲਵਾਰ, ਤਰਸੇਮ ਅਰੋੜਾ, ਰਾਜੇਸ਼ ਧਵਨ, ਵਿਜੇ ਅਰੋੜਾ, ਰਾਮ ਕੁਮਾਰ ਚੋਪੜਾ, ਅਮਿਤ ਕੁਮਾਰ, ਸਖੀਜਾ, ਸੁਰਿੰਦਰ ਸ਼ਰਮਾ, ਪ੍ਰਵੇਸ਼ ਕੁਮਾਰ, ਸੁਭਾਸ਼ ਚੌਧਰੀ, ਨਿਰਮਲਜੀਤ ਅਰੋੜਾ, ਅਵਤਾਰ ਸਿੰਘ ਭੋਲਾ, ਪ੍ਰਕਾਸ਼ ਚੰਦ, ਹੁਕਮਚੰਦ ਸ਼ਰਮਾ, ਸੁਰੇਸ਼ ਧਵਨ, ਸ਼ਕਤੀ ਚੋਪੜਾ, ਨਰੇਸ਼ ਗਰੋਵਰ, ਸੁਨੀਤਾ ਬਜਾਜ, ਸਰੋਜ ਹਾਂਡਾ, ਸੁਦੇਸ਼ ਬੇਰੀ, ਰੇਣੂ ਧਵਨ, ਵਿਜੇ ਸ਼ਰਮਾ, ਸੁਮਨ ਗੁਪਤਾ, ਵਜਿੰਦਰ ਗੁਪਤਾ, ਹਾਜਨ ਆਦਿ ਮੈਂਬਰ ਮੌਜੂਦ ਸਨ।

# ਕਾਂਗਰਸ ਦੇ ਸੰਗਠਨ ਸਿਰਜਨ ਅਭਿਆਨ ਨੇ ਵੱਡੀ ਰੈਲੀ ਦਾ ਰੂਪ ਧਾਰਿਆ

## ਇਕੱਠ ਤੋਂ ਲਗਦੈ 2027 'ਚ ਪੰਜਾਬ 'ਚ ਕਾਂਗਰਸ ਦੀ ਸਰਕਾਰ ਬਣਨਾ ਤੈਅ : ਵਿਵੇਕ ਬਾਂਸਲ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨਾਂ ਦੀ ਚੋਣ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਕਾਂਗਰਸ ਸੰਗਠਨ ਅਭਿਆਨ ਮਹਿਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਵੱਖ ਵੱਖ ਜ਼ਿਲ੍ਹਿਆਂ ਵਿੱਚ ਕਾਂਗਰਸੀਆਂ ਦਾ ਇਕੱਠ ਕਰਕੇ ਵਿਚਾਰ ਵਟਾਂਦਰਾ ਕੀਤਾ ਜਾ ਰਿਹਾ ਹੈ ਤਾਂ ਜੋ ਕਾਬਲ ਤੇ ਯੋਗ ਉਮੀਦਵਾਰਾਂ ਨੂੰ ਜ਼ਿਲ੍ਹਾ ਪ੍ਰਧਾਨ ਲਗਾਇਆ ਜਾ ਸਕੇ। ਇਸ ਮੁਹਿੰਮ ਤਹਿਤ ਜ਼ਿਲ੍ਹਾ ਫਿਰੋਜ਼ਪੁਰ ਦੇ ਕਸਬਾ ਗੁਰੂ ਹਰਸਹਾਏ ਵਿੱਚ ਵੀ ਅੱਜ ਇੱਕ ਕਾਂਗਰਸੀ ਵਰਕਰਾਂ ਦੀ ਮੀਟਿੰਗ ਰੱਖੀ ਗਈ।ਇਸ ਮੀਟਿੰਗ ਨੇ ਇੱਕ ਵੱਡੀ ਵਿਸ਼ਾਲ ਰੈਲੀ ਦਾ ਰੂਪ ਲੈ ਲਿਆ।ਇਸ ਮੀਟਿੰਗ ਵਿੱਚ ਮੁੱਖ ਮਹਿਮਾਨ ਵਜੋਂ ਪੰਜਾਬ ਕਾਂਗਰਸ ਦੇ ਅਬਜ਼ਰਵਰ ਵਿਵੇਕ ਬਾਂਸਲ ਮੁੱਖ ਮਹਿਮਾਨ ਵਜੋਂ ਪੁੱਜੇ ਤੇ ਮੁੱਖ ਮਹਿਮਾਨ ਵਿਵੇਕ ਬਾਂਸਲ ਉੱਥੇ ਹਜ਼ਾਰਾਂ ਦੀ ਤਾਦਾਦ ਵਿੱਚ ਇਕੱਠੇ ਹੋਏ ਕਾਂਗਰਸੀ ਵਰਕਰਾਂ ਨੂੰ ਵੇਖ ਕੇ ਉਨ੍ਹਾਂ ਕਿਹਾ ਕਿ ਇਹ ਕਾਂਗਰਸ ਦੀ ਇੱਕ ਮੀਟਿੰਗ ਨਾ ਰਹਿ ਕੇ ਇੱਕ ਵਿਸ਼ਾਲ ਵੱਡੀ ਕਾਂਗਰਸ ਰੈਲੀ ਬਣ ਗਈ ਹੈ। ਉਨ੍ਹਾਂ ਕਿਹਾ ਕਿ ਇਨਾ ਵੱਡਾ ਵਿਸ਼ਾਲ ਇਕੱਠ ਵੇਖ ਕੇ ਇਹ ਪੂਰੀ ਤਰ੍ਹਾਂ ਤੈਅ ਹੈ ਕਿ ਪੰਜਾਬ ਵਿੱਚ ਹੋਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨਾ ਤੈਅ ਹੈ, ਉੱਥੇ ਹੀ ਪੰਜਾਬ ਕਾਂਗਰਸ ਦੇ ਸਾਬਕਾ ਯੂਥ ਪ੍ਰਧਾਨ ਤੇ ਜਲਾਲਾਬਾਦ ਤੋਂ ਵਿਧਾਇਕ ਰਹਿ ਚੁੱਕੇ ਰਮਿੰਦਰ ਸਿੰਘ ਆਵਲਾ ਨੇ ਭਾਰੀ ਗਿਣਤੀ ਵਿੱਚ ਇਕੱਠੇ ਹੋਏ ਕਾਂਗਰਸੀ ਵਰਕਰਾਂ ਦਾ ਦਿਲੋਂ ਧੰਨਵਾਦ ਕੀਤਾ ਤੇ ਕਿਹਾ ਕਿ ਇਹ ਉਹੀ ਕਾਂਗਰਸੀ ਵਰਕਰ ਹਨ, ਜਿਨ੍ਹਾਂ ਨੇ ਹਰ ਲੀਡਰ ਨੂੰ ਬਣਾਇਆ।

ਅੱਜ ਜੋ ਕੁਝ ਵੀ ਅਸੀਂ ਲੀਡਰ ਹਾਂ ਇਨ੍ਹਾਂ ਕਾਂਗਰਸੀ ਮਿਹਨਤੀ ਇਮਾਨਦਾਰ ਤੇ ਦਿਲਦਾਰ ਵਰਕਰਾਂ ਕਾਰਨ ਹਾਂ।ਇਨ੍ਹਾਂ ਵਰਕਰਾਂ ਦਾ ਮੈਨੂੰ ਤੇ ਮੇਰੇ ਪਰਿਵਾਰ ਨੂੰ ਹਮੇਸ਼ਾ ਹੀ ਬਹੁਤ ਸਾਰਾ ਪਿਆਰ ਮਿਲਿਆ ਹੈ, ਮੈਂ ਕਾਂਗਰਸੀ ਵਰਕਰਾਂ ਦਾ ਹਮੇਸ਼ਾ ਰਿਣੀ ਰਵਾਂਗਾ। ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਵੱਲੋਂ ਜੋ ਵੀ ਜ਼ਿਲ੍ਹਾ ਪ੍ਰਧਾਨ ਲਗਾਇਆ ਜਾਵੇ, ਉਹ ਇਮਾਨਦਾਰ ਤੇ ਆਮ ਵਰਕਰਾਂ ਦੇ ਲਈ ਦਿਨ-ਰਾਤ ਮਿਹਨਤ ਕਰਨ ਵਾਲਾ ਹੋਣਾ ਚਾਹੀਦਾ ਹੈ।ਕਾਂਗਰਸ ਅਬਜ਼ਰਵਰ ਵਿਵੇਕ ਬਾਂਸਲ ਨੇ ਕਿਹਾ ਕਿ ਇਸ ਮੀਟਿੰਗ ਵਿੱਚ ਹੋਇਆ ਵੱਡਾ ਇਕੱਠ ਇਹ ਬਿਆਨ ਕਰ ਰਿਹਾ ਹੈ ਕਿ 2027 'ਚ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨਾ ਪੂਰੀ ਤਰ੍ਹਾਂ ਤੈਅ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਰਾਹੁਲ ਗਾਂਧੀ ਦੇ ਦਿਸ਼ਾ ਨਿਰਦੇਸ਼ਾਂ 'ਤੇ ਕੰਮ ਕਰ ਰਹੀ ਹੈ। ਇਸ ਮੀਟਿੰਗ ਵਿੱਚ ਹਜ਼ਾਰਾਂ ਵਰਕਰਾਂ ਦੇ ਨਾਲ ਨਾਲ ਕਾਂਗਰਸੀ ਆਗੂਆਂ ਅਮਰੀਕ ਸਿੰਘ, ਕਰਤਾਰ ਸਿੰਘ, ਭੀਮ ਕੰਬੋਜ, ਸ਼ਵਿੰਦਰ ਸਿੰਘ ਸਿੱਧੂ, ਵੇਦ ਪ੍ਰਕਾਸ਼, ਰਿੰਕੂ ਸੋਢੀ, ਨਛੱਤਰ ਸਿੰਘ, ਮੀਨੂੰ ਬਰਾੜ, ਜੋਗਿੰਦਰ ਸਰਪੰਚ, ਗੁਰਪ੍ਰੀਤ ਲੱਖੋ ਕੇ, ਸੰਦੀਪ ਕੰਬੋਜ, ਜਸਵੰਤ ਸਿੰਘ, ਮਨਦੀਪ ਸਿੰਘ ਸਿੱਧੂ, ਗੁਰਪ੍ਰੀਤ ਅਵਾਨ, ਸਵਰਨ ਸਿੰਘ ਸੰਧੂ, ਲਖਵਿੰਦਰ ਸਿੰਘ ਤੂਰ, ਕੁਲਵਿੰਦਰ ਸਿੰਘ, ਦਲਜੀਤ ਸਿੰਘ, ਦਲਵਿੰਦਰ ਸਿੰਘ, ਸਿਮੂ ਪਾਸੀ, ਸੋਹਨ ਸਿੰਘ, ਬ੍ਰਿਜ ਭੂਸ਼ਣ, ਰਾਧਾ ਐੱਮ ਸੀ, ਸ਼ਿੰਦਰਪਾਲ ਭੋਲਾ, ਜੌਨੀ ਆਵਲਾ, ਰੋਮਾ ਆਵਲਾ, ਸਚਿਨ ਆਵਲਾ ਆਦਿ ਮੌਜੂਦ ਸਨ।

# ਹਾਈ ਕੋਰਟ 'ਚ ਸੀਨੀਆਰਤਾ ਸੰਬੰਧੀ ਕੇਸ ਦੀ ਅਗਲੀ ਸੁਣਵਾਈ 4 ਦਸੰਬਰ ਨੂੰ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)**-ਪੰਜਾਬ ਐਂਡ ਹਰਿਆਣਾ ਹਾਈਕੋਰਟ ਵਿੱਚ ਸੀਨੀਆਰਤਾ ਸਬੰਧੀ ਯੂਕੋਨ ਫ਼ਰੀਦਕੋਟ ਦੀ ਐਸੋ: ਪ੍ਰੋਫੈਸਰ ਮਨਦੀਪ ਕੌਰ ਵੱਲੋਂ ਸੀਨੀਆਰਤਾ ਸਬੰਧੀ ਬਾਬਾ ਫ਼ਰੀਦ ਮੈਡੀਕਲ ਯੂਨੀਵਰਸਿਟੀ ਵਿਰੁੱਧ ਦਾਇਰ ਕੀਤੀ ਪਟੀਸ਼ਨ ਨੰਬਰ 3366/2020 ਦੀ ਅਗਲੀ ਸੁਣਵਾਈ ਹੁਣ ਆਉਂਦੀ 04 ਦਸੰਬਰ ਨੂੰ ਹੋਵੇਗੀ।24 ਸਤੰਬਰ ਨੂੰ ਮਾਨਯੋਗ ਹਾਈਕੋਰਟ ਵੱਲੋਂ ਇਸ ਕੇਸ ਦੀ ਸੁਣਵਾਈ ਉਪਰੰਤ ਉਕਤ ਆਰਡਰ ਜਾਰੀ ਕੀਤੇ ਗਏ ਹਨ।ਜ਼ਿਕਰਯੋਗ ਹੈ ਕਿ ਬੀ.ਐਫ.ਯੂ.ਐੱਚ.ਐੱਸ. ਵੱਲੋਂ ਯੋਗ ਤੇ ਸਰਕਾਰੀ ਨਿਯਮਾਂ ਅਨੁਸਾਰ ਸੇਵਾ ਸ਼ਰਤਾਂ ਪੂਰੀਆਂ ਕਰਨ ਵਾਲੇ ਸੀਨੀਅਰ ਐਸੋਸੀਏਟ ਪ੍ਰੋਫੈਸਰਾਂ ਦੀਆਂ ਪ੍ਰੋਫੈਸਰਾਂ ਵਜੋਂ ਤਰੱਕੀਆਂ ਕੀਤੀਆਂ ਸਨ।ਮਨਦੀਪ ਕੌਰ ਨੇ ਇਨ੍ਹਾਂ ਪ੍ਰਮੋਸ਼ਨਾਂ ਸਬੰਧੀ ਸੀਨੀਆਰਤਾ ਸੂਚੀ ਆਦਿ ਨੂੰ ਮਾਨਯੋਗ ਪੰਜਾਬ ਐਂਡ ਹਰਿਆਣਾ ਹਾਈਕੋਰਟ ਵਿੱਚ ਚੈਲੰਜ ਕੀਤਾ ਸੀ।ਇਸੇ ਪਟੀਸ਼ਨ ਵਿੱਚ ਪਟੀਸ਼ਨਕਰਤਾ ਵੱਲੋਂ ਪ੍ਰੋ. ਵੰਦਨਾ ਦੀ ਕੀਤੀ ਗਈ ਪ੍ਰਮੋਸ਼ਨ ਨੂੰ ਵੀ ਚੈਲੰਜ ਕੀਤਾ ਗਿਆ ਹੈ।ਪਿਛਲੇ ਕਈ ਸਾਲਾਂ ਤੋਂ ਮਨਦੀਪ ਕੌਰ ਬਨਾਮ ਬਾਬਾ ਫਰੀਦ ਯੂਨੀਵਰਸਿਟੀ ਪਟੀਸ਼ਨ ਦੀ ਚੱਲਦੀ ਸੁਣਵਾਈ ਦੌਰਾਨ ਪਿਛਲੇ ਸਾਲ ਜੁਲਾਈ ਵਿੱਚ ਮਾਨਯੋਗ ਹਾਈਕੋਰਟ ਨੇ ਯੂਨੀਵਰਸਿਟੀ ਕਾਲਜ ਆਫ਼ ਨਰਸਿੰਗ (ਯੂਕੋਨ) ਫ਼ਰੀਦਕੋਟ ਦੀ ਪ੍ਰੋਫੈਸਰ ਵੰਦਨਾ ਨੂੰ ਨੋਟਿਸ ਆਫ ਮੋਸ਼ਨ ਜਾਰੀ ਕਰਕੇ ਆਪਣਾ ਪੱਖ ਪੇਸ਼ ਕਰਨ ਦਾ ਹੁਕਮ ਦਿੱਤਾ ਸੀ।ਜ਼ਿਕਰਯੋਗ ਹੈ ਕਿ ਪ੍ਰੋਫੈਸਰ ਵੰਦਨਾ ਕਈ ਸੰਸਥਾਵਾਂ ਨਾਲ ਜੁੜੇ, ਐਲ.ਬੀ.ਸੀ.ਟੀ. ਲਾਰਡ ਬੁੱਧਾ ਚੈਰੀਟੇਬਲ ਟਰੱਸਟ ਤੇ ਆਲ ਇੰਡੀਆ ਐਸ.ਸੀ/ਬੀ.ਸੀ/ਐਸ.ਟੀ. ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਦੇ ਨੂੰਹ ਹਨ।

ਪ੍ਰਧਾਨ ਢੋਸੀਵਾਲ ਨੇ ਦੱਸਿਆ ਹੈ ਕਿ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਸੀਨੀਆਰਤਾ ਸਬੰਧੀ ਮਾਮਲਾ ਮਾਨਯੋਗ ਪੰਜਾਬ ਐਂਡ ਹਰਿਆਣਾ ਹਾਈਕੋਰਟ ਵਿੱਚ ਪੈਂਡਿੰਗ ਹੋਣ ਦੇ ਬਾਵਜੂਦ ਪਟੀਸ਼ਨ ਕਰਤਾ ਤੇ ਉਸ ਦੇ ਹਮਾਇਤੀ ਵੱਖ-ਵੱਖ ਏਜੰਸੀਆਂ, ਲੋਕ ਪ੍ਰਤੀਨਿਧਤਾ, ਸਰਕਾਰੀ ਅਧਿਕਾਰੀਆਂ ਨੂੰ ਮਿਲ ਕੇ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ ਅਤੇ ਪ੍ਰੈਸ ਰਾਹੀਂ ਉਛਾਲ ਰਹੇ ਹਨ। ਜਾਪਦਾ ਹੈ ਕਿ ਉਹ ਮਾਨਯੋਗ ਅਦਾਲਤ ਦੀ ਕਾਰਵਾਈ ਵਿੱਚ ਅਸਿੱਧੇ ਤੌਰ 'ਤੇ ਦਖਲ ਅੰਦਾਜੀ ਕਰਕੇ ਸਿੱਧੇ ਰੂਪ ਵਿੱਚ ਆਪਣੇ ਸਵਾਰਥ ਦੀ ਪੂਰਤੀ ਲਈ ਯਤਨਸ਼ੀਲ ਹਨ।ਢੋਸੀਵਾਲ ਨੇ ਦੱਸਿਆ ਹੈ ਕਿ ਅਜਿਹਾ ਕਰਨ ਵਾਲੇ ਵਿਅਕਤੀ ਵਿੱਚ ਕੁਝ ਸਰਕਾਰੀ ਕ੍ਰਮਚਾਰੀ ਵੀ ਹਨ, ਜੋ ਆਪਣੀ ਡਿਊਟੀ ਦੌਰਾਨ ਅਜਿਹਾ ਕਰਦੇ ਹਨ।

# ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਹਰ ਇੱਕ ਲਈ ਸਮਾਜਵਾਦੀ ਪ੍ਰਬੰਧ ਚਾਹੁੰਦੀ ਹੈ : ਸੁਖਦਰਸ਼ਨ ਨੱਤ

## ਹੜ੍ਹ ਲਈ ਕੇਂਦਰ ਤੇ ਪੰਜਾਬ ਸਰਕਾਰ ਸਮੇਤ ਭਾਖੜਾ ਬਿਆਸ ਮੈਨੇਜਮੈਂਟ ਜ਼ੁੰਮੇਵਾਰ : ਸੂਰਤ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼ਹੀਦ ਭਗਤ ਸਿੰਘ ਦੇ ਜਨਮ ਦਿਨ 'ਤੇ ਪ੍ਰਗਤੀਸ਼ੀਲ ਮੰਚ ਪੰਜਾਬ ਵੱਲੋਂ ਫਰੀਡਮ ਫਾਈਟਰ ਭਵਨ ਮੋਗਾ ਵਿਖੇ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ ਦਾ ਪਹਿਲਾ ਵਿਸ਼ਾ 'ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਕ ਪ੍ਰਸੰਗਕਤਾ ਤੇ ਪੰਜਾਬ ਦਾ ਭਵਿੱਖ ਵਿਸ਼ੇ' 'ਤੇ ਉੱਘੇ ਚਿੰਤਕ ਸੁਖਦਰਸ਼ਨ ਸਿੰਘ ਨੱਤ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸ਼ਹੀਦ ਭਗਤ ਸਿੰਘ ਸਿਰਫ ਨੌਜਵਾਨਾਂ ਦਾ ਹੀ ਆਦਰਸ਼ ਨਹੀਂ, ਬਲਕਿ ਸਮੁੱਚੇ ਕਿਰਤੀ ਲੋਕਾਂ ਦਾ ਨਾਇਕ ਹੈ।ਜਿੱਥੇ ਉਹ ਇਨਕਲਾਬ ਦਾ ਚਿੰਨ੍ਹ ਹੈ, ਉੱਥੇ ਉਹ ਧਰਮ-ਨਿਰਪੱਖਤਾ ਦਾ ਵੀ ਪ੍ਰਤੀਕ ਹੈ।ਭਗਤ ਸਿੰਘ ਦੀ ਸਮਾਜਵਾਦੀ ਵਿਚਾਰਧਾਰਾ ਹਰ ਇੱਕ ਲਈ ਰੁਜ਼ਗਾਰ ਦੀ ਗਰੰਟੀ ਵਾਲਾ ਪ੍ਰਬੰਧ ਚਾਹੁੰਦੀ ਹੈ, ਪਰ ਸਰਕਾਰਾਂ ਸ਼ਹੀਦਾਂ ਦਾ ਨਾਮ ਵਰਤ ਕੇ ਨੌਜਵਾਨਾਂ ਨੂੰ ਠੱਗਦੀਆਂ ਹਨ।ਸਰਕਾਰਾਂ ਦੀ ਅਸਲ ਨੀਤ ਤੇ ਨੀਤੀ ਨੂੰ ਸਮਝਣ ਲਈ ਨੌਜਵਾਨ ਭਗਤ ਸਿੰਘ ਦਾ ਤੇ ਭਗਤ ਸਿੰਘ ਵਾਗ ਅਧਿਐਨ ਕਰਨ।

ਸੈਮੀਨਾਰ ਦੇ ਦੂਜੇ ਵਿਸ਼ੇ ਪੰਜਾਬ ਦੇ ਹੜ੍ਹ ਕਾਰਨ ਤੇ ਖੇਤੀ ਸਮੱਸਿਆਵਾਂ ਦੇ ਹੱਲ ਬਾਰੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਕਾਮਰੇਡ ਸੂਰਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਆਏ ਹੜ੍ਹ ਸਿਰਫ ਕਿਸਾਨੀ ਲਈ ਹੀ ਨਹੀਂ, ਬਲਕਿ ਸਮੁੱਚੇ ਪੰਜਾਬ ਲਈ ਤਬਾਹੀ ਲੈ ਕੇ ਆਏ ਹਨ।ਇਹ ਹੜ੍ਹ ਕੁਦਰਤੀ ਨਹੀਂ ਹਨ, ਬਲਕਿ ਕੇਂਦਰ ਤੇ ਪੰਜਾਬ ਸਰਕਾਰ ਸਮੇਤ ਭਾਖੜਾ ਬਿਆਸ ਮੈਨੇਜਮੈਂਟ ਇਸ ਲਈ ਜ਼ੁੰਮੇਵਾਰ ਹਨ।ਇਨ੍ਹਾਂ ਨੇ ਸੰਭਾਵਿਤ ਹੜ੍ਹਾਂ ਲਈ ਅਗਾਊਂ ਕੋਈ ਪੁਖਤਾ ਪ੍ਰਬੰਧ ਨਹੀਂ ਕੀਤੇ ਸਨ।ਸਰਕਾਰਾਂ ਪੰਜਾਬ ਦੀ ਕਿਰਸਾਨੀ ਤੋਂ ਦਿੱਲੀ ਮੋਰਚੇ ਤੋਂ ਹਾਰ ਜਾਣ ਦਾ ਬਦਲਾ ਲੈਣਾ ਚਾਹੁੰਦੀਆਂ ਹਨ।ਪੰਜਾਬ ਦੀ ਜ਼ਮੀਨ ਪੰਜਾਬੀਆਂ ਦੀ ਹੈ।ਇਸ 'ਤੇ ਕਾਰਪੋਰੇਟਾਂ ਦਾ ਕਬਜ਼ਾ ਹਰਗਿਜ਼ ਨਹੀਂ ਹੋਣ ਦੇਵਾਂਗੇ।ਮੰਚ ਦੇ ਸੂਬਾਈ ਪ੍ਰਧਾਨ ਬਲਕਰਨ ਮੋਗਾ, ਨਵਜੋਤ ਸਿੰਘ ਜੋਗੇਵਾਲਾ ਤੇ ਅਮਨਦੀਪ ਸਿੰਘ ਸਿੰਘਾਵਾਲਾ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਪ੍ਰਗਤੀਸ਼ੀਲ ਮੰਚ ਵੱਖ ਵੱਖ ਵਿਚਾਰਾਂ ਦੇ ਘੋਲ ਲਈ ਇੱਕ ਸਾਂਝਾ ਪਲੇਟਫਾਰਮ ਮੁਹੱਈਆ ਕਰਵਾਉਂਦੀ ਹੈ।ਇਸ ਮੰਚ 'ਤੇ ਸੁਹਿਰਦ ਵਿਚਾਰਾਂ ਦਾ ਹਮੇਸ਼ਾ ਸਵਾਗਤ ਹੈ।ਇਸ ਮੌਕੇ ਪ੍ਰਗਤੀਸ਼ੀਲ ਮੰਚ ਦੇ ਸ਼ਹਿਰੀ ਕਮੇਟੀ ਦੇ ਪ੍ਰਧਾਨ, ਸਕੱਤਰ ਜਗਜੀਤ ਸਿੰਘ ਭੁੱਲਰ ਤੇ ਬਲਵੰਤ ਸਿੰਘ ਤੋਂ ਇਲਾਵਾ ਗੁਰਮੀਤ ਕੜਿਆਲਵੀ, ਬੀਬੀ ਸ਼ਰਨਜੀਤ ਕੌਰ, ਪਰਮਜੀਤ ਸਿੰਘ ਬਿੱਟੂ, ਰਾਜਿੰਦਰ ਸਿੰਘ, ਅਜੇ ਕੁਮਾਰ, ਹਰਦਿਆਲ ਘਾਲੀ, ਜਗਸੀਰ ਸਿੰਘ ਆਦਿ ਹਾਜ਼ਰ ਸਨ।

# ਨੌਜਵਾਨ ਨਾਲ ਲੱਖਾਂ ਦੀ ਠੱਗੀ, ਡਿਪ੍ਰੈਸ਼ਨ 'ਚ ਆ ਕੇ ਕੀਤੀ ਖ਼ੁਦਕੁਸ਼ੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਪਿੰਡ ਸੋਢੇ ਵਾਲਾ ਵਿਖੇ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਨੌਜਵਾਨ ਵੱਲੋਂ ਵੱਜੀ ਠੱਗੀ ਨੂੰ ਨਾ ਸਹਾਰਦੇ ਹੋਏ ਡਿਪਰੈਸ਼ਨ 'ਚ ਚਲਾ ਗਿਆ ਤੇ ਜ਼ਹਿਰੀਲੀ ਦਵਾਈ ਪੀ ਕੇ ਆਪਣੀ ਜੀਵਨ ਲੀਲ੍ਹਾ ਖਤਮ ਕਰ ਲਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਚਾਰ ਲੋਕਾਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਪੁਲਿਸ ਨੂੰ ਦਿੱਤੇ ਬਿਆਨਾਂ 'ਚ ਮ੍ਰਿਤਕ ਦੀ ਮਾਤਾ ਰਾਜਬੀਰ ਕੌਰ ਨੇ ਦੱਸਿਆ ਕਿ ਉਸ ਦੇ ਪੁੱਤਰ ਅਰਸ਼ਦੀਪ ਸਿੰਘ ਨੂੰ ਵਿਦੇਸ਼ ਭੇਜਣ ਦੇ ਨਾਂ 'ਤੇ ਦੋ ਵੱਖ-ਵੱਖ ਠੱਗਾਂ ਦੇ ਗਰੋਹਾਂ ਨੇ ਲੁੱਟਿਆ। ਰਾਜਬੀਰ ਕੌਰ ਨੇ ਦੱਸਿਆ ਕਿ ਵੀਰਪਾਲ ਕੌਰ, ਸਰਬਜੀਤ ਸਿੰਘ ਦੋਵੇਂ ਧਰਮਕੋਟ, ਮੋਗਾ ਦੇ ਵਸਨੀਕ ਤੇ ਸੁਖਵਿੰਦਰ ਸਿੰਘ ਹੁਸ਼ਿਆਰਪੁਰ ਦਾ ਵਾਸੀ, ਜੋ ਹੁਣ ਧਰਮਕੋਟ ਵਿੱਚ ਰਹਿ ਰਿਹਾ ਹੈ, ਨੇ ਅਰਸ਼ਦੀਪ ਨੂੰ ਵਿਦੇਸ਼ ਭੇਜਣ ਦਾ ਲਾਲਚ ਦੇ ਕੇ ਉਸ ਨਾਲ 6 ਲੱਖ ਰੁਪਏ ਦੀ ਠੱਗੀ ਮਾਰੀ। ਜਦੋਂ ਇਨ੍ਹਾਂ ਲੋਕਾਂ ਨੇ ਅਰਸ਼ਦੀਪ ਨੂੰ ਵਿਦੇਸ਼ ਨਾ ਭੇਜਿਆ, ਤਾਂ ਉਹ ਇਕ ਹੋਰ ਠੱਗ ਰਣਜੀਤ ਸਿੰਘ ਵਾਸੀ ਫਰੀਦਕੋਟ ਦੇ ਸੰਪਰਕ ਵਿੱਚ ਆਇਆ, ਜਿਸ ਨੇ ਵੀ ਉਸ ਨਾਲ ਵਿਦੇਸ਼ ਭੇਜਣ ਦੇ ਨਾਂ 'ਤੇ 4 ਲੱਖ ਰੁਪਏ ਦੀ ਠੱਗੀ ਮਾਰ ਲਈ। ਕੁੱਲ ਮਿਲਾ ਕੇ 10 ਲੱਖ ਰੁਪਏ ਦੀ ਠੱਗੀ ਦਾ ਸ਼ਿਕਾਰ ਹੋਣ ਤੋਂ ਬਾਅਦ ਅਰਸ਼ਦੀਪ ਸਿੰਘ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿਣ ਲੱਗ ਪਿਆ। ਇਸ ਭਾਰੀ ਨੁਕਸਾਨ ਤੋਂ ਉਹ ਡੂੰਘੇ ਡਿਪਰੈਸ਼ਨ ਵਿੱਚ ਚਲਾ ਗਿਆ ਤੇ 26 ਸਤੰਬਰ 2025 ਨੂੰ ਸ਼ਾਮ 6 ਵਜੇ ਇਸੇ ਮਾਨਸਿਕ ਪ੍ਰੇਸ਼ਾਨੀ ਦੇ ਚੱਲਦਿਆਂ ਅਰਸ਼ਦੀਪ ਨੇ ਆਪਣੇ ਘਰ ਵਿੱਚ ਕੋਈ ਜ਼ਹਿਰੀਲੀ ਦਵਾਈ ਪੀ ਕੇ ਖ਼ੁਦਕੁਸ਼ੀ ਕਰ ਲਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸੁਰਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਰਾਜਬੀਰ ਕੌਰ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਮਹਿੰਦਰ ਸਿੰਘ ਸੂਚ ਨੂੰ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀਆਂ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਨੇੜਲੇ ਪਿੰਡ ਛਾਜਲੀ ਵਿਖੇ ਮਹਿੰਦਰ ਸਿੰਘ ਸੂਚ ਦੀ ਆਤਮਿਕ ਸ਼ਾਂਤੀ ਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਸ੍ਰੀ ਸੰਗਤਸਰ ਵਿਖੇ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਰਾਜਨੀਤਕ ਪਾਰਟੀਆਂ, ਜਨਤਕ ਜਥੇਬੰਦੀਆਂ, ਪਿੰਡਾਂ ਦੇ ਸਰਪੰਚ-ਪੰਚ, ਵੱਖ-ਵੱਖ ਕਲੱਬ ਦੇ ਪ੍ਰਧਾਨ, ਮਜ਼ਦੂਰ-ਕਿਸਾਨ ਜਥੇਬੰਦੀਆਂ ਦੇ ਆਗੂ ਤੇ ਮੁਲਜ਼ਮ ਜਥੇਬੰਦੀਆਂ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ।ਆਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮਹਿੰਦਰ ਸਿੰਘ ਨੇ 21 ਸਾਲ ਰੋਡਵੇਜ਼ ਮਹਿਕਮੇ ਵਿੱਚ ਇਮਾਨਦਾਰੀ ਨਾਲ ਕੰਮ ਕੀਤਾ।ਸਾਰੀ ਉਮਰ ਕਿਸੇ ਨਾਲ ਕੋਈ ਵੈਰ ਵਿਰੋਧ ਨਹੀਂ ਕੀਤਾ।ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਉਨ੍ਹਾਂ ਭਗਤ ਸਿੰਘ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਲੋਕਾਂ ਦੀ ਯਾਦ ਵਿੱਚ ਮੇਲੇ ਲੱਗਦੇ ਹਨ, ਜੋ ਚੰਗੇ ਕੰਮ ਕਰਕੇ ਇਸ ਦੁਨੀਆ ਤੋਂ ਜਾਂਦੇ ਹਨ।ਪੀ.ਆਰ.ਟੀ.ਸੀ. ਪੈਨਸ਼ਨ ਵੈੱਲਫੇਅਰ ਐਸੋਸੀਏਸ਼ਨ ਬੁਢਲਾਡਾ ਦੇ ਸੁਖਦੇਵ ਸਿੰਘ ਵੱਲੋਂ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਮਹਿੰਦਰ ਸਿੰਘ ਸਿੱਧੂ ਚੇਅਰਮੈਨ ਪਨਸੀਡ, ਗੁਰਮੇਲ ਸਿੰਘ ਘਰਾਚੋਂ ਚੇਅਰਮੈਨ ਜ਼ਿਲ੍ਹਾ ਪਲਨਿੰਗ ਬੋਰਡ ਸੰਗਰੂਰ, ਜਸਵਿੰਦਰ ਸਿੰਘ ਜਰਨਲ ਸੈਕਟਰੀ ਆਮ ਪਾਰਟੀ, ਗੁਰਵਿੰਦਰ ਸਿੰਘ ਚੱਠਾ ਪੀ.ਏ. ਐੱਮ.ਐੱਲ.ਏ. ਮੈਡਮ ਭਰਾਜ ਤੇ ਕੁਲਤਾਰ ਸਿੰਘ ਸਿੱਧਵਾਂ ਸਪੀਕਰ ਵਿਧਾਨ ਸਭਾ ਪੰਜਾਬ, ਅਮਨ ਅਰੋੜਾ ਕੈਬਨਿਟ ਮੰਤਰੀ ਪੰਜਾਬ ਸਰਕਾਰ, ਸਤਵੀਰ ਸਿੰਘ ਬਖਸ਼ੀਵਾਲਾ ਮੈਂਬਰ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ ਤੇ ਗੁਰਦੁਆਰਾ ਨਾਨਕਪੁਰਾ ਸਾਹਿਬ ਸੁਨਾਮ ਵੱਲੋਂ ਸ਼ੋਕ ਮਤੇ ਭੇਜੇ ਗਏ ਅਤੇ ਜਥੇਦਾਰ ਤੇਜਾ ਸਿੰਘ ਕਮਾਲਪੁਰ, ਹਰਵਿੰਦਰ ਸਿੰਘ ਮੰਡੇਰ ਚੇਅਰਮੈਨ ਮਾਰਕਿਟ ਕਮੇਟੀ ਸਲੂਰ ਘਰਾਟ ਨੇ ਵੀ ਪਰਵਾਰ ਨਾਲ ਦੁੱਖ ਸਾਂਝਾ ਕੀਤਾ।ਇਸ ਤੋਂ ਇਲਾਵਾ ਗੁਰਬਿਆਸ ਸਿੰਘ ਸਰਪੰਚ ਛਾਜਲੀ, ਬਾਵਾ ਸਿੰਘ ਧਾਲੀਵਾਲ, ਬਿਕਰਮਜੀਤ ਸਿੰਘ ਵਿੱਕੀ, ਜਥੇਦਾਰ ਭਰਭੂਰ ਸਿੰਘ ਕਹਾਲ, ਮਨੇਜਰ ਪਰਮਜੀਤ ਸਿੰਘ ਧਾਲੀਵਾਲ, ਬਾਵਾ ਧਾਲੀਵਾਲ, ਉਪਿੰਦਰ ਸਿੰਘ ਹਨੀ, ਮੁਖਤਿਆਰ ਸਿੰਘ ਸਿੱਧੂ ਪ੍ਰਧਾਨ ਕੋ-ਆਪ੍ਰੇਟਿਵ ਸੁਸਾਇਟੀ ਛਾਜਲੀ, ਮਹੰਤ ਅਮਰਜੀਤ ਬਣ, ਜਥੇਦਾਰ ਗੁਰਲਾਲ ਸਿੰਘ ਫਤਿਹਗੜ੍ਹ, ਦਵਿੰਦਰ ਸਿੰਘ ਕਾਂਗਰਸੀ ਛਾਜਲੀ, ਦਰਬਾਰਾ ਸਿੰਘ ਛਾਜਲੀ ਜ਼ਿਲ੍ਹਾ ਸੱਕਤਰ ਬੀ ਕੇ ਯੂ (ਉਗਰਾਹਾਂ), ਅਮਰੀਕ ਸਿੰਘ ਧਾਲੀਵਾਲ (ਸਰਦਾਰ ਪੈਲੇਸ) ਤੇ ਕੰਵਲਜੀਤ ਢੀਂਡਸਾ ਸੀਬਾ ਸਕੂਲ ਆਦਿ ਹਾਜ਼ਰ ਸਨ।ਪਰਵਾਰ ਵੱਲੋਂ ਬੇਟੇ ਕੁਲਵੰਤ ਸਿੰਘ ਤੇ ਹਰਬੰਸ ਸਿੰਘ ਨੇ ਆਈ ਸੰਗਤ ਦਾ ਧੰਨਵਾਦ ਕੀਤਾ। ਸਟੇਜ ਦੀ ਜ਼ਿੰਮੇਵਾਰੀ ਜਸਵੀਰ ਲਾਡੀ ਪੱਤਰਕਾਰ ਨੇ ਨਿਭਾਈ।

# ਝੋਨੇ ਦੀ ਖ੍ਰੀਦ 'ਚ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ : ਰਣਜੋਧ ਹਡਾਣਾ

## ਆੜ੍ਹਤੀਆ ਐਸੋਸੀਏਸ਼ਨ ਵੱਲੋਂ ਹਲਕਾ ਇੰਚਾਰਜ ਰਣਯੋਧ ਹਡਾਣਾ ਸਨਮਾਨਤ



**ਦੇਵੀਗੜ੍ਹ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਝੋਨੇ ਦੇ ਸੀਜ਼ਨ ਦੌਰਾਨ ਕਿਸਾਨਾਂ, ਆੜ੍ਹਤੀਆਂ ਤੇ ਸੈਲਰ ਮਾਲਕਾਂ ਨੂੰ ਝੋਨੇ ਦੀ ਖ੍ਰੀਦ ਤੇ ਢੋਆ-ਢੋਆਈ 'ਚ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ, ਜਿਸ ਲਈ ਟਰੱਕ ਯੂਨੀਅਨ ਦੇਵੀਗੜ੍ਹ ਦੇ ਪ੍ਰਬੰਧ 'ਚ ਵੀ ਤਬਦੀਲੀ ਕਰ ਦਿੱਤੀ ਗਈ ਹੈ ਅਤੇ ਇਸ ਦੀ ਨਵੀਂ ਬਾਡੀ ਬਣਾ ਦਿੱਤੀ ਗਈ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੀ.ਆਰ.ਟੀ.ਸੀ. ਦੇ ਚੇਅਰਮੈਨ ਤੇ ਹਲਕਾ ਸਨੌਰ ਦੇ ਨਵ-ਨਿਯੁਕਤ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆੜ੍ਹਤੀਆ ਐਸੋਸੀਏਸ਼ਨ ਦੇਵੀਗੜ੍ਹ ਤੇ ਸ਼ੈਲਰ ਐਸੋਸੀਏਸ਼ਨ ਦੇਵੀਗੜ੍ਹ ਤੋਂ ਇਲਾਵਾ ਹਲਕੇ ਦੇ ਸਮੁੱਚੇ ਆੜ੍ਹਤੀਆਂ ਵੱਲੋਂ ਸਾਂਝੇ ਤੌਰ 'ਤੇ ਉਨ੍ਹਾਂ ਦੇ ਮਾਣ 'ਚ ਇੱਕ ਨਿੱਜੀ ਹੋਟਲ ਵਿਖੇ ਪ੍ਰਧਾਨ ਵੇਦ ਪ੍ਰਕਾਸ਼ ਗਰਗ ਤੇ ਭੁਪਿੰਦਰ ਸਿੰਘ ਮੀਰਾਂਪੁਰ ਦੀ ਅਗਵਾਈ 'ਚ ਰੱਖੇ ਇਕ ਸਨਮਾਨ ਸਮਾਰੋਹ ਦੌਰਾਨ ਹਲਕੇ ਦੇ ਸਮੁੱਚੇ ਵਪਾਰੀਆਂ ਨੂੰ ਸੰਬੋਧਨ ਕਰਦਿਆਂ ਕੀਤਾ।

ਇਸ ਮੌਕੇ ਹਲਕਾ ਇੰਚਾਰਜ ਰਣਜੋਧ ਨੇ ਕਿਹਾ ਕਿ ਹੁਣ ਜਦੋਂ ਕਿ ਝੋਨੇ ਦਾ ਸੀਜ਼ਨ ਸ਼ੁਰੂ ਹੋ ਚੁੱਕਾ ਹੈ ਤਾਂ ਇਸ ਦੌਰਾਨ ਝੋਨੇ ਦੀ ਫਸਲ ਨੂੰ ਸਾਂਭਣ ਲਈ ਸਰਕਾਰ ਵੱਲੋਂ ਸਾਰੇ ਢੁੱਕਵੇਂ ਪ੍ਰਬੰਧ ਕਰ ਲਏ ਗਏ ਹਨ। ਇਸ ਦੌਰਾਨ ਮੰਡੀਆਂ 'ਚੋਂ ਝੋਨੇ ਸ਼ੈਲਰ ਤੱਕ ਦੀ ਢੋਆ-ਢੋਆਈ ਲਈ ਦੇਵੀਗੜ੍ਹ ਦੀ ਟਰੱਕ ਯੂਨੀਅਨ 'ਚ ਕਾਫੀ ਸੁਧਾਰ ਕੀਤਾ ਗਿਆ ਹੈ।ਇਸ ਯੂਨੀਅਨ ਦੇ ਨਵੇਂ ਪ੍ਰਧਾਨ ਤੇ ਹੋਰ ਅਹੁਦੇਦਾਰ ਬਣਾਏ ਗਏ ਹਨ ਅਤੇ ਉਨ੍ਹਾਂ ਨੂੰ ਕਹਿ ਦਿੱਤਾ ਗਿਆ ਹੈ ਕਿ ਝੋਨੇ ਦੀ ਮੰਡੀਆਂ 'ਚੋਂ ਲਿਫਟਿੰਗ ਸਮੇਂ ਸਿਰ ਕਰਵਾਈ ਜਾਵੇ ਤਾਂ ਜੋ ਆੜ੍ਹਤੀਆਂ ਤੇ ਜ਼ਿਮੀਂਦਾਰਾਂ ਨੂੰ ਮੰਡੀਆਂ 'ਚ ਝੋਨਾ ਉਤਾਰਨ 'ਚ ਕੋਈ ਮੁਸ਼ਕਲ ਪੇਸ਼ ਆ ਸਕੇ।ਇਸ ਮੌਕੇ ਹਡਾਣਾ ਨੇ ਵਪਾਰੀਆਂ ਨੂੰ ਵਿਸ਼ਵਾਸ ਦਿਵਾਇਆ ਹੈ ਕਿ ਮੰਡੀਆਂ 'ਚ ਉਨ੍ਹਾਂ ਨੂੰ ਕਿਸੇ ਕਿਸਮ ਦੀ ਕੋਈ ਵੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਇਸ ਲਈ ਉਹ ਵਪਾਰੀਆਂ ਨਾਲ ਮੋਢੇ ਨਾਲ ਮੋਢਾ ਲਾ ਕੇ ਸਾਥ ਦੇਣਗੇ।ਇਸ ਮੌਕੇ ਸਮੁੱਚੇ ਆੜ੍ਹਤੀ ਤੇ ਸ਼ੈਲਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੇ ਹਡਾਣਾ ਦਾ ਧੰਨਵਾਦ ਕੀਤਾ ਹੈ।ਇਸ ਮੌਕੇ ਉਨ੍ਹਾਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਦੇਵੀਗੜ੍ਹ ਮੰਡੀ ਦੇ ਪ੍ਰਧਾਨ ਵੇਦ ਪ੍ਰਕਾਸ਼ ਗਰਗ, ਸ਼ੈਲਰ ਐਸੋਸੀਏਸ਼ਨ ਦੇਵੀਗੜ੍ਹ ਦੇ ਪ੍ਰਧਾਨ ਭੁਪਿੰਦਰ ਸਿੰਘ ਮੀਰਾਂਪੁਰ ਤੇ ਅਨਾਜ ਮੰਡੀ ਦੁੱਧਨਸਾਧਾਂ ਦੇ ਪ੍ਰਧਾਨ ਭੁਪਿੰਦਰ ਸਿੰਘ ਜੱਜ ਤੋਂ ਇਲਾਵਾ ਰਾਜਵਿੰਦਰ ਗੁਰਮੇਲ ਸਿੰਘ ਫਰੀਦਪੁਰ, ਨਰਿੰਦਰ ਸਿੰਘ ਲੇਹਲਾਂ, ਰਾਜਾ ਧੰਜੂ, ਪ੍ਰਦੀਪ ਜੋਸ਼ਨ ਪ੍ਰਧਾਨ, ਤਰਸੇਮ ਸਿੰਘ ਕੋਟਲਾ, ਗੁਰਪ੍ਰੀਤ ਸਿੰਘ ਇੰਸਪੈਕਟਰ, ਸਵਰਨ ਸਿੰਘ ਰਨਵਾਂ, ਸਿਰੀ ਰਾਮ ਗੁਪਤਾ, ਪ੍ਰਿਥੀਪਾਲ ਸਿੰਘ ਪ੍ਰਧਾਨ ਭੁਨਰਹੇੜੀ, ਚੇਅਰਮੈਨ ਪਵਨ ਕੁਮਾਰ ਸਿੰਗਲਾ, ਟਰੱਕ ਯੂਨੀਅਨ ਦੇ ਚੇਅਰਮੈਨ ਸੁਰਜੀਤ ਸਿੰਘ ਥਿੰਦ, ਜਸਪਾਲ ਸਿੰਗਲਾ, ਸੇਜੇ ਸਿੰਗਲਾ, ਪੂਰਨ ਚੰਦ, ਗਣੇਸ਼ੀ ਲਾਲ, ਯੋਗਰਾਜ, ਅੰਕੁਰ ਗਰਗ, ਜਗਦੀਸ਼ ਕੁਮਾਰ, ਸੋਨੂੰ ਸਿੰਗਲਾ, ਰਿੰਕੂ ਲਾਂਬਾ, ਮਹੇਸ਼ ਸਿੰਗਲਾ, ਸ਼ੈਲੀ, ਰਾਜ ਕੁਮਾਰ, ਜਤਿੰਦਰ ਗਰਗ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਆੜ੍ਹਤੀ ਤੇ ਸ਼ੈਲਰ ਐਸੋਸੀਏਸ਼ਨ ਦੇ ਨੁਮਾਇੰਦੇ ਹਾਜ਼ਰ ਸਨ।

# ਡੀ ਟੀ ਐੱਫ਼ ਪੰਜਾਬ ਦਾ ਵਫਦ ਡੀ ਐੱਸ ਈ (ਅ) ਨੂੰ ਮਿਲਿਆ

**ਮਾਨਸਾ (ਆਤਮਾ ਸਿੰਘ ਪਮਾਰ)**-ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਦੀ ਅਗਵਾਈ 'ਚ ਜਥੇਬੰਦੀ ਦਾ ਇੱਕ ਵਫਦ ਡੀ. ਐੱਸ. ਈ. (ਐਲੀਮੈਂਟਰੀ) ਨੂੰ ਮਿਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਮਾਨਸਾ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਤਾਮਕੋਟ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਅਨੂਪਗੜ੍ਹ ਨੇ ਦੱਸਿਆ ਕਿ ਅਧਿਆਪਕਾਂ ਦੀਆਂ ਭਖਵੀਆਂ ਮੰਗਾਂ ਜਿਵੇਂ ਕਿ ਪ੍ਰਾਇਮਰੀ ਤੋਂ ਮਾਸਟਰ ਕਾਡਰ ਵਿੱਚ ਤਰੱਕੀਆਂ, ਐੱਚ. ਟੀ. ਸੀ. ਐੱਚ. ਟੀ. ਤੇ ਬੀ. ਪੀ. ਈ. ਓ. ਦੀਆਂ ਤਰੱਕੀਆਂ ਕਰਨ, ਸਿਵਲ ਵਰਕਸ ਦੇ ਚੱਲ ਰਹੇ ਕੰਮਾਂ ਦੀਆਂ ਗ੍ਰਾਂਟਾਂ ਜਾਰੀ ਕਰਨ, ਬੰਦ ਕੀਤੇ 800 ਸਕੂਲ ਤੇ ਖ਼ਤਮ ਕੀਤੀਆਂ 2000 ਐੱਚ ਟੀ ਦੀਆਂ ਪੋਸਟਾਂ ਮੁੜ ਸੁਰਜੀਤ ਕਰਨ, ਸੈਂਟਰ ਸਕੂਲਾਂ ਵਿੱਚ ਪੀ ਟੀ ਆਈ ਤੇ ਕੰਪਿਊਟਰ ਅਪ੍ਰੇਟਰ ਦੀ ਅਸਾਮੀ ਦੇਣ, ਕੱਚੇ ਅਧਿਆਪਕਾਂ ਸਮੇਤ ਬਦਲੀਆਂ ਦਾ ਇੱਕ ਹੋਰ ਰਾਉਂਡ ਚਲਾਉਣ, ਕੱਚੇ ਅਧਿਆਪਕਾਂ ਤੋਂ 2364 ਭਰਤੀ ਵਿੱਚ ਗਏ ਅਧਿਆਪਕਾਂ ਨੂੰ ਇੱਕ ਮਹੀਨੇ ਦੀ ਤਨਖਾਹ ਜਮ੍ਹਾਂ ਕਰਵਾਉਣ ਤੋਂ ਛੋਟ ਦੇਣ, 160 ਕੱਚੇ ਅਧਿਆਪਕਾਂ ਦਾ ਤਨਖਾਹ ਵਾਧਾ ਕਰਨ, ਮਿੱਡ ਡੇ ਮੀਲ ਵਰਕਰਾਂ ਦਾ ਤਨਖਾਹ ਵਾਧਾ, ਪ੍ਰਾਇਮਰੀ ਡੇ ਹਰ ਪੱਧਰ 'ਤੇ ਖੇਡ ਫੰਡ ਜਾਰੀ ਕਰਨ, ਸਾਰੇ ਸਕੂਲਾਂ ਵਿੱਚ ਸਫਾਈ ਕਰਮਚਾਰੀ ਤੇ ਪ੍ਰੀ ਪ੍ਰਾਇਮਰੀ ਕਲਾਸਾਂ ਲਈ ਹੈਲਪਰ ਦੇਣ, ਸਮਰਥ ਵਰਗੇ ਬੇਲੋੜੇ ਪ੍ਰੋਜੈਕਟ ਬੰਦ ਕਰਨ, ਅਧਿਆਪਕਾਂ ਤੋਂ ਗ਼ੈਰ ਵਿੱਦਿਅਕ ਕੰਮ ਲੈਣੇ ਬੰਦ ਕਰਨ, ਮਿੱਡ ਡੇ ਮੀਲ ਰਾਸ਼ੀ ਸਮੇਂ ਸਿਰ ਦੇਣ, ਵਰਦੀਆਂ ਦੀ ਗਰਾਂਟ ਸੈਸ਼ਨ ਡੇ ਸ਼ੁਰੂ ਵਿੱਚ ਦੇਣ, ਸਾਲ ਵਿੱਚ ਦੋ ਵਾਰ ਵਰਦੀਆਂ ਦੇਣ, ਕਈ ਜ਼ਿਲ੍ਹਿਆਂ ਵਿੱਚ ਨਰਸਰੀ ਕਲਾਸ ਨੂੰ ਵਰਦੀ ਨਾ ਮਿਲਣ ਦਾ ਮਸਲਾ, 6635, 2364 ਤੇ 5994 ਭਰਤੀਆਂ ਦੀ ਵੇਟਿੰਗ ਲਿਸਟ ਜਾਰੀ ਕਰਨ ਬਾਰੇ ਡੀ ਐੱਸ ਈ (ਐਲੀਮੈਂਟਰੀ) ਨਾਲ ਵਿਚਾਰ ਵਟਾਂਦਰਾ ਕੀਤਾ ਕੀਤਾ ਗਿਆ। ਡੀ ਐੱਸ ਈ (ਐਲੀਮੈਂਟਰੀ) ਨੇ ਜਥੇਬੰਦੀ ਨੂੰ ਭਰੋਸਾ ਦਿਵਾਇਆ ਕਿ ਇਨ੍ਹਾਂ ਮੰਗਾਂ ਦਾ ਛੇਤੀ ਨਿਪਟਾਰਾ ਕਰ ਦਿੱਤਾ ਜਾਵੇਗਾ। ਇਸ ਮੌਕੇ ਸੁਖਵਿੰਦਰ ਸੁੱਖੀ, ਲਖਵੀਰ ਹਰੀਕੇ, ਬਲਜਿੰਦਰ ਬਠਿੰਡਾ, ਜਗਵੀਰਨ ਕੌਰ ਮੋਗਾ, ਮਧੂ ਬਾਲਾ ਮੋਗਾ, ਦਾਤਾ ਸਿੰਘ ਨਮੋਲ, ਰਾਜਵਿੰਦਰ ਸਿੰਘ ਬੈਹਣੀਵਾਲ, ਵਿਕਾਸ ਰਾਮਪੁਰਾ, ਗੁਰਮੀਤ ਝੋਰੜਾ, ਜਸਵਿੰਦਰ ਸਿੰਘ ਮਾਨਸਾ, ਗੁਰਜੀਤ ਸਿੰਘ ਮਾਨਸਾ, ਅਮਰਦੀਪ ਮੋਗਾ, ਜਗਜੀਤ ਮੋਗਾ, ਹਰਬੰਸ ਸਿੰਘ ਪਟਿਆਲਾ, ਰਵਿੰਦਰ ਕੁਮਾਰ, ਰਵਿੰਦਰ ਸੰਗਰੂਰ, ਬਲਕਰਨ ਸਿੰਘ ਬਠਿੰਡਾ, ਨਵਜੋਤ ਕੌਰ ਨਾਭਾ, ਕੁਲਦੀਪ ਸਿੰਘ ਫਰੀਦਕੋਟ, ਹਰਜਸਦੀਪ ਫਰੀਦਕੋਟ, ਸਮਰਜੀਤ ਮਾਨਸਾ ਆਦਿ ਅਧਿਆਪਕ ਆਗੂ ਹਾਜ਼ਰ ਸਨ।

# ਸਾਬਕਾ ਮੰਤਰੀ ਹਰਮੇਲ ਸਿੰਘ ਟੌਹੜਾ ਨੂੰ ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀਆਂ



**ਟੌਹੜਾ (ਪਟਿਆਲਾ) (ਰਾਜਿੰਦਰ ਸਿੰਘ ਥਿੰਦ)**-ਸਾਬਕਾ ਮੰਤਰੀ ਸਵਰਗੀ ਸ੍ਰ. ਹਰਮੇਲ ਸਿੰਘ ਟੌਹੜਾ (77), ਜਿਨ੍ਹਾਂ ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ ਸੀ, ਨਮਿੱਤ ਅੱਜ ਅੰਤਿਮ ਅਰਦਾਸ ਮੌਕੇ ਪਿੰਡ ਟੌਹੜਾ ਵਿਖੇ ਸ਼ਰਧਾਂਜਲੀ ਸਮਾਰੋਹ ਮੌਕੇ ਨਿੱਘੀ ਸ਼ਰਧਾਂਜਲੀ ਅਰਪਿਤ ਕੀਤੀ ਗਈ।ਸਮਾਰੋਹ ਦੌਰਾਨ ਪੰਜਾਬ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਪੰਜਾਬ ਦੇ ਵਿੱਤ ਮੰਤਰੀ ਹਰਪਾਲ ਚੀਮਾ ਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ, ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਅਜੀਤਪਾਲ ਸਿੰਘ ਕੋਹਲੀ ਤੇ ਜਸਵੰਤ ਸਿੰਘ ਗੱਜਣਮਾਜਰਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਵੱਡੀ ਗਿਣਤੀ ਵੱਖ-ਵੱਖ ਧਾਰਮਿਕ, ਸਿਆਸੀ ਤੇ ਸਮਾਜਿਕ ਸ਼ਖ਼ਸੀਅਤਾਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਵਿਧਾਇਕ ਦੇਵ ਮਾਨ ਨੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਤਰਫ਼ੋਂ ਭੇਜਿਆ ਗਿਆ ਸ਼ੋਕ ਸੰਦੇਸ਼ ਟੌਹੜਾ ਪਰਿਵਾਰ ਨੂੰ ਸੌਂਪਿਆ।

ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਹਰਮੇਲ ਸਿੰਘ ਟੌਹੜਾ ਦੇ ਅਕਾਲ ਚਲਾਣੇ ਨਾਲ ਨਾਲ ਜਿੱਥੇ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ, ਉਥੇ ਪੂਰੇ ਪੰਜਾਬ ਦੀ ਸਿਆਸਤ ਵਿੱਚ ਵੀ ਇੱਕ ਖਲਾਅ ਪੈਦਾ ਹੋਇਆ ਹੈ, ਕਿਉਂਕਿ ਸਵਰਗੀ ਟੌਹੜਾ ਆਪਣੇ ਬਜ਼ੁਰਗ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਵੱਲੋਂ ਦੱਸੇ ਰਸਤੇ ਉੱਤੇ ਚਲਕੇ ਲੋਕਾਂ ਦੀ ਸੇਵਾ ਕਰ ਰਹੇ ਸਨ।

ਇਸ ਮੌਕੇ ਪੰਜਾਬ ਸਰਕਾਰ ਵੱਲੋਂ ਵਿੱਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਮੁੱਖ ਮੰਤਰੀ ਭਗਵੰਤ ਸਿੰਘ ਵੱਲੋਂ ਭੇਜਿਆ ਸ਼ੋਕ ਸੰਦੇਸ਼ ਪੜ੍ਹ ਕੇ ਸੁਣਾਇਆ ਤੇ ਕਿਹਾ ਕਿ ਮੁੱਖ ਮੰਤਰੀ ਨੇ ਕਿਹਾ ਹੈ ਕਿ ਹਰਮੇਲ ਸਿੰਘ ਟੌਹੜਾ ਤੇ ਉਨ੍ਹਾਂ ਦੇ ਪਰਿਵਾਰ ਨੇ ਜੋ ਕੁਝ ਸਮਾਜ ਤੇ ਧਰਮ ਦੀ ਸੇਵਾ ਵਾਸਤੇ ਜੋ ਵਡਮੁੱਲਾ ਯੋਗਦਾਨ ਪਾਇਆ ਹੈ, ਉਸ ਨੂੰ ਉਹ ਸਿਜ਼ਦਾ ਕਰਦੇ ਹਨ।ਸਿਹਤ ਮੰਤਰੀ ਨੇ ਟੌਹੜਾ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਟੌਹੜਾ ਪਰਿਵਾਰ ਨਾਲ ਬਹੁਤ ਪੁਰਾਣਾ ਰਿਸ਼ਤਾ ਹੈ ਤੇ ਉਨ੍ਹਾਂ ਸਮੇਤ ਸਾਰਾ ਜਗਤ ਜਾਣਦਾ ਹੈ ਕਿ ਹਰਮੇਲ ਸਿੰਘ ਟੌਹੜਾ ਨੇ ਆਪਣੀ ਵਿਰਾਸਤ ਨੂੰ ਬਾਖੂਬੀ ਅੱਗੇ ਤੋਰਦਿਆਂ ਲੋਕਾਂ ਦੀ ਸੇਵਾ ਕੀਤੀ।ਇਸ ਮੌਕੇ ਹਰਮੇਲ ਸਿੰਘ ਟੌਹੜਾ ਦੀ ਪਤਨੀ ਤੇ ਐੱਸ.ਜੀ.ਪੀ.ਸੀ. ਮੈਂਬਰ ਬੀਬੀ ਕੁਲਦੀਪ ਕੌਰ ਟੌਹੜਾ, ਸਪੁੱਤਰਾਂ ਹਰਿੰਦਰ ਪਾਲ ਸਿੰਘ ਟੌਹੜਾ ਤੇ ਕੰਵਰਵੀਰ ਸਿੰਘ ਟੌਹੜਾ, ਬੇਟੀਆਂ ਜਸਪ੍ਰੀਤ ਕੌਰ ਤੇ ਗੁਰਮਨਪ੍ਰੀਤ ਕੌਰ ਸਮੇਤ ਹੋਰ ਪ੍ਰੀਵਾਰਕ ਮੈਂਬਰਾਂ ਨੇ ਸਮੁੱਚੀ ਸੰਗਤ ਦਾ ਧੰਨਵਾਦ ਕੀਤਾ।

29-SEP-PAGE-6.qxd 9/28/2025 9:36 PM Page 1



## ਧੂਰੀ ਵਿਕਾਸ ਮੰਚ ਨੇ ਸ਼ਹਿਰ 'ਚ ਡਿਵਾਈਡਰ 'ਤੇ ਬੂਟੇ ਲਗਾਏ

### ਮੰਚ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਯਤਨਸ਼ੀਲ ਰਹੇਗਾ : ਢੀਂਡਸਾ



**ਧੂਰੀ (ਮਹਿਰ ਸਿੰਘ ਸੰਧੂ, ਮੋਹਿਤ ਗਰਗ, ਬਿੰਨੀ ਗਰਗ)**-ਇਲਾਕੇ ਦੇ ਉਦਮੀ ਲੋਕਾਂ ਵੱਲੋਂ ਲੋਕ ਮਸਲਿਆਂ ਨੂੰ ਉਭਾਰਨ ਦੇ ਉਦੇਸ਼ ਨਾਲ ਬਣਾਈ ਗਈ ਗੈਰ-ਸਿਆਸੀ ਸੰਸਥਾ ਧੂਰੀ ਵਿਕਾਸ ਮੰਚ ਰਜਿ: ਨੇ ਮੰਚ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਦੀ ਅਗਵਾਈ ਹੇਠ ਵਾਤਾਵਰਣ ਦੀ ਸ਼ੁਧਤਾ ਲਈ ਸ਼ਹਿਰ ਅੰਦਰ ਧੂਰੀ-ਸੰਗਰੂਰ ਸੜਕ ਦੇ ਡਿਵਾਈਡਰ 'ਤੇ ਬੂਟੇ ਲਗਾਏ। ਇਸ ਮੌਕੇ ਮੰਚ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ, ਪ੍ਰਧਾਨ ਅਮਨ ਗਰਗ, ਜਨਰਲ ਸਕੱਤਰ ਹੰਸ ਰਾਜ ਬਜਾਜ ਤੇ ਵਾਈਸ ਚੇਅਰਮੈਨ ਐਡਵੋਕੇਟ ਰਵਿੰਦਰਪਾਲ ਚੌਧਰੀ ਨੇ ਕਿਹਾ ਕਿ ਜਿੱਥੇ ਸੰਸਥਾ ਵੱਲੋਂ ਆਲੇ ਦੁਆਲੇ ਨੂੰ ਹਰਾ ਭਰਾ ਬਣਾਉਣ ਤੇ ਸ਼ਹਿਰ ਨੂੰ ਸੁੰਦਰ ਬਣਾਉਣ ਦਾ ਯਤਨ ਕੀਤਾ ਗਿਆ ਹੈ, ਉਥੇ ਮੰਚ ਵੱਲੋਂ ਸ਼ਹਿਰ ਨੂੰ ਦਰਪੇਸ਼ ਮੁਸ਼ਕਲਾਂ ਤੇ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਅਤੇ ਵਧ ਰਹੇ ਪ੍ਰਦੂਸ਼ਣ ਨੂੰ ਠੱਲਣ ਲਈ ਭਵਿੱਖ 'ਚ ਵੱਖ ਵੱਖ ਤਰ੍ਹਾਂ ਦੇ ਹੋਰ ਬੂਟੇ ਲਗਾਏ ਜਾਣਗੇ, ਜਿਸ ਲਈ ਵਣ ਵਿਭਾਗ ਤੋਂ ਹੋਰ ਬੂਟਿਆਂ ਦੀ ਮੰਗ ਕੀਤੀ ਗਈ ਹੈ।ਮੰਚ ਦੇ ਆਗੂਆਂ ਨੇ ਲੋਕਾਂ ਤੋਂ ਸਹਿਯੋਗ ਦੀ ਉਮੀਦ ਕਰਦਿਆਂ ਕਿਹਾ ਕਿ ਹਰੇ ਭਰੇ ਬੂਟੇ ਜਿੱਥੇ ਸ਼ਹਿਰ ਦੀ ਖੂਬਸੂਰਤੀ ਨੂੰ ਨਿਖਾਰਦੇ ਹਨ, ਉਥੇ ਵਧ ਰਹੇ ਪ੍ਰਦੂਸ਼ਣ ਨੂੰ ਵੀ ਰੋਕਣ 'ਚ ਮਨੁੱਖਤਾ ਲਈ ਬਹੁਤ ਹੀ ਫਾਇਦੇਮੰਦ ਹੁੰਦੇ ਹਨ।

## ਛੀਨੀਵਾਲ ਕਲਾਂ 'ਚ ਭਾਈ ਲਾਲੋ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਰਾਮਗੜ੍ਹੀਆ ਅਕਾਲ ਜਥੇਬੰਦੀ ਹਲਕਾ ਮਹਿਲ ਕਲਾਂ (ਬਰਨਾਲਾ) ਵੱਲੋਂ ਗੁਰਦੁਆਰਾ ਸਾਹਿਬ ਬਾਬਾ ਵਿਸ਼ਵਕਰਮਾ ਪਿੰਡ ਛੀਨੀਵਾਲ ਕਲਾਂ (ਬਰਨਾਲਾ) ਵਿਖੇ ਬ੍ਰਹਮ ਗਿਆਨੀ ਕਿਰਤੀ ਭਾਈ ਲਾਲੋ ਜੀ ਦੇ ਪ੍ਰਕਾਸ਼ ਦਿਵਸ ਨੂੰ ਸਮਰਪਤ ਧਾਰਮਿਕ ਸਮਾਗਮ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਕਰਵਾਇਆ ਗਿਆ।ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਭੋਗ ਉਪਰੰਤ ਵੱਖ-ਵੱਖ ਰਾਗੀ ਜਥਿਆਂ ਨੇ ਗੁਰਇਤਿਹਾਸ ਸੁਣਾਇਆ। ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਆਗੂ ਮੰਗਲ ਸਿੰਘ ਰੁਪਾਲ, ਮੁਕੰਦ ਸਿੰਘ ਰਾਮਗੜ੍ਹੀਆ, ਸੁਖਵਿੰਦਰ ਸਿੰਘ ਧਨੋਆ ਨੇ ਸਮੂਹ ਸੰਗਤਾਂ, ਰਾਮਗੜ੍ਹੀਆ ਭਾਈਚਾਰੇ ਨੂੰ ਭਾਈ ਲਾਲੋ ਜੀ ਦੇ ਪ੍ਰਕਾਸ਼ ਦਿਵਸ ਦੀ ਵਧਾਈ ਦਿੰਦਿਆਂ ਉਨ੍ਹਾਂ ਦੇ ਦਰਸਾਏ ਮਾਰਗ ਉੱਪਰ ਚੱਲਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰਬੰਧਕਾਂ ਨੇ ਵੱਖ-ਵੱਖ ਆਗੂਆਂ ਨੂੰ ਸਨਮਾਨਤ ਕੀਤਾ।ਆਗੂ ਬਲਵੀਰ ਸਿੰਘ ਛੀਨੀਵਾਲ ਨੇ ਰਾਮਗੜ੍ਹੀਆ ਅਕਾਲ ਜਥੇਬੰਦੀ, ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਿਰਤੀ ਭਾਈ ਲਾਲੋ ਜੀ ਨੇ ਸਾਨੂੰ ਹੱਥੀਂ ਕਿਰਤ ਕਰਨ, ਸੱਚਾ ਸੁੱਚਾ ਸਾਦਗੀ ਭਰਿਆ ਜੀਵਨ ਜਿਉਣ ਦਾ ਸੰਦੇਸ਼ ਦਿੱਤਾ।ਇਸ ਮੌਕੇ ਆਗੂ ਜਰਨੈਲ ਸਿੰਘ ਮਠਾੜੂ, ਨਰਿੰਦਰ ਸਿੰਘ ਸੋਹਲ, ਪ੍ਰੀਤਮ ਸਿੰਘ ਛੀਨੀਵਾਲ, ਬਾਬਾ ਬੁੱਧ ਸਿੰਘ, ਜੁਗਿੰਦਰ ਸਿੰਘ ਧੰਜਲ, ਭਰਪੂਰ ਸਿੰਘ ਜਗਦੇ, ਹਰਪ੍ਰੀਤ ਸਿੰਘ ਰਾਜੂ, ਕੁਲਦੀਪ ਸਿੰਘ ਕਾਕਾ, ਧਰਮ ਸਿੰਘ, ਹਰੀ ਸਿੰਘ, ਰਣਜੀਤ ਸਿੰਘ ਧਨੇਰ, ਗੁਰਪ੍ਰੀਤ ਸਿੰਘ ਧਨੇਰ ਆਦਿ ਸਮੇਤ ਸੰਗਤਾਂ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

## ਕੋਟਕਪੂਰਾ ਦੇ ਸ਼ੈਲਰ ਮਾਲਕਾਂ ਲਈ ਵੱਡੀ ਰਾਹਤ ਦਾ ਐਲਾਨ



**ਫਰੀਦਕੋਟ/ਕੋਟਕਪੂਰਾ (ਐਲਿਗਜ਼ੈਂਡਰ ਡਿਸੂਜਾ/ਰਛਪਾਲ ਭੁੱਲਰ)**-ਮਾਰਕੀਟ ਕਮੇਟੀ ਕੋਟਕਪੂਰਾ ਦੇ ਚੇਅਰਮੈਨ ਸ. ਗੁਰਮੀਤ ਸਿੰਘ ਆਰੇਵਾਲਾ ਨੇ ਪ੍ਰੈੱਸ ਕਾਨਫਰੰਸ ਕਰਕੇ ਪੰਜਾਬ ਸਰਕਾਰ ਦੁਆਰਾ ਸ਼ੈਲਰ ਮਾਲਕਾਂ ਲਈ ਸ਼ੁਰੂ ਕੀਤੀ ਗਈ ਓ ਟੀ ਐਸ (ਵਨ-ਟਾਈਮ ਸੈਟਲਮੈਂਟ) ਸਕੀਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਚੇਅਰਮੈਨ ਆਰੇਵਾਲਾ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਤੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਇਹ ਸਕੀਮ ਸੂਬੇ ਵਿੱਚ ਕਾਰੋਬਾਰ ਨੂੰ ਹੁਲਾਰਾ ਦੇਣ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ ਹੈ।ਇਸ ਦਾ ਮੁੱਖ ਉਦੇਸ਼ ਸ਼ੈਲਰ ਮਾਲਕਾਂ ਦੇ ਬਕਾਇਆ ਰੁਪਏ ਨੂੰ ਇੱਕ ਵਾਰ ਦੀ ਭੁਗਤਾਨੀ ਰਾਹੀਂ ਨਿਪਟਾਉਣਾ ਹੈ, ਜਿਸ ਨਾਲ ਉਨ੍ਹਾਂ ਨੂੰ ਵੱਡੀ ਆਰਥਿਕ ਰਾਹਤ ਮਿਲੇਗੀ ਤੇ ਮਾਰਕੀਟ ਵਿੱਚ ਵਪਾਰਕ ਗਤੀਵਿਧੀਆਂ ਸੁਚਾਰੂ ਢੰਗ ਨਾਲ ਚੱਲ ਸਕਣਗੀਆਂ।ਚੇਅਰਮੈਨ ਨੇ ਸਪੱਸ਼ਟ ਕੀਤਾ ਕਿ ਯੋਗ ਸ਼ੈਲਰ ਮਾਲਕ ਮਾਰਕੀਟ ਕਮੇਟੀ ਦੇ ਦਫਤਰ ਵਿਖੇ ਜਾਂ ਆਨਲਾਈਨ ਪ੍ਰਕਿਰਿਆ ਰਾਹੀਂ ਅਪਲਾਈ ਕਰ ਸਕਦੇ ਹਨ।ਇਸ ਸਕੀਮ ਤਹਿਤ ਉਨ੍ਹਾਂ ਲਈ ਖਾਸ ਛੋਟਾਂ ਅਤੇ ਸਹੂਲਤਾਂ ਦਾ ਪ੍ਰਬੰਧ ਕੀਤਾ ਗਿਆ ਹੈ।ਸਕੀਮ ਤਹਿਤ ਜੁਰਮਾਨਿਆਂ ਤੇ ਵਾਧੂ ਵਿਆਜ ਵਿੱਚ ਵੱਡੀ ਛੂਟ ਦਿੱਤੀ ਗਈ ਹੈ, ਜਿਸ ਨਾਲ ਬਕਾਇਆ ਭੁਗਤਾਨ ਕਰਨਾ ਆਸਾਨ ਹੋ ਜਾਵੇਗਾ।ਸ਼ਰਤਾਂ ਅਨੁਸਾਰ, ਸ਼ੈਲਰ ਮਾਲਕਾਂ ਨੂੰ ਰਕਮ ਕਿਸ਼ਤਾਂ ਵਿੱਚ ਅਦਾ ਕਰਨ ਦੀ ਸਹੂਲਤ ਵੀ ਦਿੱਤੀ ਜਾ ਸਕਦੀ ਹੈ।ਚੇਅਰਮੈਨ ਗੁਰਮੀਤ ਸਿੰਘ ਆਰੇਵਾਲਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਜਲਦੀ ਅਪਲਾਈ ਕਰਕੇ ਇਸ ਯਕਮੁਸ਼ਤ ਅਦਾਇਗੀ ਸਕੀਮ ਦਾ ਲਾਭ ਲੈਣ ਤੇ ਆਪਣਾ ਬਕਾਇਆ ਨਿਪਟਾ ਕੇ ਆਰਥਿਕ ਰਾਹਤ ਪ੍ਰਾਪਤ ਕਰਨ।ਉਨ੍ਹਾਂ ਜ਼ੋਰ ਦਿੱਤਾ ਕਿ ਇਸ ਕਦਮ ਨਾਲ ਨਾ ਸਿਰਫ਼ ਸ਼ੈਲਰ ਮਾਲਕਾਂ ਨੂੰ ਫਾਇਦਾ ਹੋਵੇਗਾ, ਸਗੋਂ ਮਾਰਕੀਟ ਵਿੱਚ ਵਪਾਰ ਤੇਜ਼ ਹੋਵੇਗਾ ਅਤੇ ਕਿਸਾਨਾਂ ਤੇ ਸ਼ੈਲਰ ਮਾਲਕਾਂ ਵਿਚਕਾਰ ਭਰੋਸਾ ਵੀ ਵਧੇਗਾ।ਇਸ ਮੌਕੇ ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਸਮੇਤ ਵੱਡੀ ਗਿਣਤੀ ਵਿੱਚ ਸ਼ੈਲਰ ਮਾਲਕ ਹਾਜ਼ਰ ਸਨ।

## ਐੱਸ ਡੀ ਐੱਮ ਤਪਾ ਵੱਲੋਂ ਕੰਬਾਈਨ ਮਾਲਕਾਂ ਨਾਲ ਮੀਟਿੰਗ, ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਦੀ ਅਪੀਲ



**ਤਪਾ (ਮੁਨੀਸ਼ ਬਾਂਸਲ)**-ਉਪ ਮੰਡਲ ਮੈਜਿਸਟਰੇਟ ਤਪਾ ਸ੍ਰੀ ਆਯੂਸ਼ ਗੋਇਲ ਆਈ ਏ ਐੱਸ ਵੱਲੋਂ ਸਬ ਡਵੀਜ਼ਨ ਤਪਾ ਦੇ ਕੰਬਾਈਨ ਮਾਲਕਾਂ ਨਾਲ ਦਫਤਰ ਵਿੱਚ ਮੀਟਿੰਗ ਕੀਤੀ ਗਈ, ਜਿਸ 'ਚ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਝੋਨੇ ਦੀ ਕਟਾਈ ਕਰਨ ਲਈ ਅਪੀਲ ਕੀਤੀ ਗਈ।ਉਨ੍ਹਾਂ ਕਿਹਾ ਕਿ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਈਨਾਂ ਨਾਲ ਝੋਨੇ ਦੀ ਕਟਾਈ ਨਾ ਕੀਤੀ ਜਾਵੇ।ਇਸ ਤੋਂ ਇਲਾਵਾ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕਰਦੇ ਹੋਏ ਵੱਖ ਵੱਖ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕਰਨ ਲਈ ਕਿਹਾ ਗਿਆ।ਇਸ ਤੋਂ ਇਲਾਵਾ ਸਰਕਾਰ ਵੱਲੋਂ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਮੁਹੱਈਆ ਕਰਵਾਈ ਜਾ ਰਹੀ ਮਸ਼ੀਨਰੀ ਸਬੰਧੀ ਜਾਣਕਾਰੀ ਦਿੱਤੀ ਗਈ।ਇਸ ਤੋਂ ਇਲਾਵਾ ਉਨ੍ਹਾਂ ਪਿੰਡ ਛੰਨਾ ਦੇ ਕਲਾਂ 'ਤੇ ਧੌਲਾ ਵਿੱਚ ਪਰਾਲੀ ਪ੍ਰਬੰਧਨ ਸਬੰਧੀ ਕਿਸਾਨਾਂ, ਕਲੱਸਟਰ ਅਫਸਰ/ਸਹਾਇਕ ਕਲੱਸਟਰ/ਨੋਡਲ ਅਫਸਰ ਸਹਿਬਾਨ ਨਾਲ ਮੀਟਿੰਗ ਕੀਤੀ ਗਈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਲਾਈ ਜਾ ਰਹੀ ਪਰਾਲੀ ਪ੍ਰਬੰਧਨ ਮੁਹਿੰਮ ਨੂੰ ਸਫਲ ਬਣਾਉਣ ਲਈ ਲਗਾਤਾਰ ਫੀਲਡ ਵਿੱਚ ਜਾ ਕੇ ਕਿਸਾਨਾਂ ਨਾਲ ਰਾਬਤਾ ਬਣਾਇਆ ਜਾਵੇ ਤੇ ਕਿਸਾਨਾਂ ਨੂੰ ਲੱਕੀ ਡਰਾਅ ਬਾਰੇ ਵੀ ਦੱਸਿਆ ਜਾਵੇ, ਜਿਸ ਤਹਿਤ ਹਰ ਹਫ਼ਤੇ ਇਨਾਮ ਵੰਡੇ ਜਾਣੇ ਹਨ।

## ਸੀਮੇਂਟ ਡੀਲਰਾਂ ਨਾਲ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸਤੀਸ਼ ਅਸੀਜਾ ਦੀਆਂ ਹਦਾਇਤਾਂ 'ਤੇ ਜੀਐਸਟੀ ਰੀਫਾਰਮ 2.0 ਬੈਨਜ਼ੀ ਸ੍ਰੀ ਮੁਕਤਸਰ ਸਾਹਿਬ ਦੇ ਕੋ-ਕਨਵੀਨਰ ਰਾਜਕੁਮਾਰ ਭਟੇਜਾ ਮੋਲੂ ਵੱਲੋਂ ਸੀਮੇਂਟ ਡੀਲਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਰਾਜਕੁਮਾਰ ਭਟੇਜਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਜਿਹੜਾ 2.0 ਰੀਫਾਰਮਸ ਤਹਿਤ ਅਨੇਕਾਂ ਸਮਾਨ ਨੂੰ ਜੀਐਸਟੀ ਤਹਿਤ ਕਰਦਿਆਂ 0 ਕਰ ਦਿੱਤਾ ਗਿਆ ਹੈ।ਉਨ੍ਹਾਂ ਸੀਮੇਂਟ ਡੀਲਰਾਂ ਨੂੰ ਉਤਸ਼ਾਹਿਤ ਕਰਦਿਆਂ ਨੂੰ ਸਹੀ ਤਰੀਕੇ ਨਾਲ ਵਸਤੂਆਂ ਦਾ ਲਾਭ ਪੁਚਾਉਣ ਨੂੰ ਪ੍ਰੇਰਿਆ ਤਾਂ ਜੁ ਮਹਿੰਗਾਈ ਦਰ ਘਟੇ।ਭਾਜਪਾ ਆਗੂ ਅਸ਼ਵਨੀ ਗਿਰਧਰ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਰਵਿੰਦਰ ਕਟਾਰੀਆ, ਕੋ-ਕਨੀਵਨਰ ਪੰਜਾਬ ਸਤੀਸ਼ ਭਟੇਜਾ ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ।

# ਕੈਬਨਿਟ ਮੰਤਰੀ ਖੁੱਡੀਆਂ ਨੇ ਪੰਜਾਵਾ ਵਿਖੇ ਨਵੇਂ ਮੋਘੇ ਦਾ ਕੀਤਾ ਉਦਘਾਟਨ




**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਹੇਠ ਕੈਬਨਿਟ ਮੰਤਰੀ ਸ੍. ਗੁਰਮੀਤ ਸਿੰਘ ਖੁੱਡੀਆਂ ਨੇ ਹਲਕਾ ਲੰਬੀ ਦੇ ਪਿੰਡ ਪੰਜਾਵਾ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਲਗਾਏ ਜਾ ਰਹੇ ਨਵੇਂ ਮੋਘੇ ਦੇ ਕੰਮ ਦਾ ਉਦਘਾਟਨ ਕੀਤਾ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਨਵੇਂ ਮੋਘੇ ਨਾਲ ਇਲਾਕੇ ਦੇ 246 ਕਿਸਾਨਾਂ ਦੇ 1,389 ਏਕੜ ਰਕਬੇ ਨੂੰ ਲੋੜ ਮੁਤਾਬਕ ਪੂਰਾ ਨਹਿਰੀ ਪਾਣੀ ਮਿਲੇਗਾ।ਉਨਵਾ ਦੱਸਿਆ ਕਿ ਇਹ ਨਵਾਂ ਮੋਘਾ ਨੰ. 386325(389890)/ ਆਰ ਹਲਕਾ ਲੰਬੀ ਦੇ ਪਿੰਡ ਪੰਜਾਵਾ ਵਿਖੇ ਲਾਇਆ ਗਿਆ ਹੈ।

ਉਨ੍ਹਾਂ ਕਿਹਾ ਕਿ ਸਰਹਿੰਦ ਫੀਡਰ ਨਹਿਰ ਵਿੱਚ ਪਾਣੀ ਦਾ ਸਪਲਾਈ ਲੈਵਲ ਘੱਟ ਹੋਣ ਕਰਕੇ ਮੋਘੇ ਵਿੱਚ ਪੂਰਾ ਪਾਣੀ ਨਹੀਂ ਪੈਂਦਾ ਸੀ, ਜਿਸ ਕਰਕੇ ਫਸਲਾਂ ਦੇ ਝਾੜ ਵਿੱਚ ਕਮੀ ਆਉਂਦੀ ਸੀ।ਉਨ੍ਹਾਂ ਦੱਸਿਆ ਕਿ ਹੁਣ ਤਕਰੀਬਨ 1060 ਮੀਟਰ ਜ਼ਮੀਨਦੋਜ਼ ਪਾਈਪਾਂ ਪਾਉਣ ਨਾਲ ਮੋਘੇ ਦਾ ਪੂਰਾ ਪਾਣੀ ਕਿਸਾਨਾਂ ਨੂੰ ਮਿਲ ਸਕੇਗਾ, ਜਿਸ ਨਾਲ ਜ਼ਿਮੀਂਦਾਰ ਫਸਲਾਂ ਦਾ ਪੂਰਾ ਝਾੜ ਪ੍ਰਾਪਤ ਕਰ ਸਕਣਗੇ ਤੇ ਨਹਿਰੀ ਪਾਣੀ ਲੱਗਣ ਨਾਲ ਜ਼ਿਮੀਦਾਰਾਂ ਦੀ ਭੌਤਿਕ ਹਾਲਤ ਵਿੱਚ ਵੀ ਸੁਧਾਰ ਹੋਵੇਗਾ।

ਮੰਤਰੀ ਖੁੱਡੀਆਂ ਨੇ ਕਿਹਾ ਕਿ ਅਗਲੀ ਵਾਰ ਕਿਸਾਨਾਂ ਨੂੰ ਝੋਨੇ ਦੀ ਬਿਜਾਈ ਮੌਕੇ ਮਹਿੰਗੇ ਭਾਅ ਦਾ ਡੀਜ਼ਲ ਵਰਤਣ ਦੀ ਲੋੜ ਨਹੀਂ ਪਵੇਗੀ।ਇਸ ਬੱਚਤ ਨਾਲ ਜਿੱਥੇ ਕਿਸਾਨਾਂ ਨੂੰ ਆਰਥਿਕ ਲਾਭ ਹੋਵੇਗਾ ਉਥੇ ਹੀ ਨਹਿਰੀ ਪਾਣੀ ਮਿਲਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਵੀ ਵਾਧਾ ਹੋਵੇਗਾ।ਇਸ ਮੌਕੇ ਇੰਦਰਜੀਤ ਸਿੰਘ ਐਕਸੀਅਨ, ਭੂਮੀ ਤੇ ਜਲ ਸੰਭਾਲ ਵਿਭਾਗ, ਚਰਨਜੀਤ ਸਿੰਘ ਐੱਸਡੀਓ, ਭੂਮੀ ਤੇ ਜਲ ਸੰਭਾਲ ਵਿਭਾਗ, ਹਰਪ੍ਰੀਤ ਸਿੰਘ ਭੂਮੀ ਰੱਖਿਆ ਅਫ਼ਸਰ, ਗੁਰਬਾਜ ਸਿੰਘ ਪੀ ਏ, ਜਗਸੀਰ ਸਿੰਘ ਬਲਾਕ ਪ੍ਰਧਾਨ ਆਦਿ ਹਾਜ਼ਰ ਸਨ।

## ਮੋਬਾਈਲ ਫੋਨ ਹੈਕ ਕਰਕੇ ਖਾਤੇ 'ਚੋਂ 2.30 ਲੱਖ ਰੁਪਏ ਉਡਾਉਣ ਦੇ ਮਾਮਲੇ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਾਈਬਰ ਠੱਗਾਂ ਵੱਲੋਂ ਇੱਕ ਵਿਅਕਤੀ ਦਾ ਮੋਬਾਈਲ ਫੋਨ ਹੈਕ ਕਰਕੇ ਉਸ ਦੇ ਬੈਂਕ ਖਾਤੇ 'ਚੋਂ 2,30,000/- ਰੁਪਏ ਉਡਾਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮਨਮੋਹਨ ਸਿੰਘ ਨਾਮਕ ਵਿਅਕਤੀ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਨੇ ਇੱਕ ਪ੍ਰਾਈਵੇਟ ਬੈਂਕ 'ਚ ਬਚਤ ਖਾਤਾ ਖੁੱਲ੍ਹਵਾਇਆ ਹੋਇਆ ਹੈ, ਜਿਸ ਦੀ ਨੈੱਟ ਬੈਂਕਿੰਗ ਉਸ ਦੇ ਮੋਬਾਈਲ ਫੋਨ 'ਤੇ ਚਲਦੀ ਹੈ।ਮਨਮੋਹਨ ਸਿੰਘ ਨੇ ਪੁਲਸ ਨੂੰ ਦੱਸਿਆ ਕਿ ਨਾਮਾਲੂਮ ਵਿਅਕਤੀ/ਵਿਅਕਤੀਆਂ ਨੇ ਉਸ ਦਾ ਮੋਬਾਈਲ ਫੋਨ ਹੈਕ ਕਰਕੇ ਉਸ ਦੇ ਖਾਤੇ 'ਚੋਂ 2,30,000/- ਰੁਪਏ ਕਢਵਾ ਕੇ ਉਸ ਨਾਲ ਠੱਗੀ ਮਾਰੀ ਹੈ, ਜਿਸ ਸਬੰਧੀ ਪਤਾ ਲੱਗਣ 'ਤੇ ਉਸ ਵੱਲੋਂ ਸਾਈਬਰ ਕ੍ਰਾਈਮ ਹੈਲਪ ਲਾਈਨ 'ਤੇ ਸ਼ਿਕਾਇਤ ਦਰਜ ਕਰਵਾਈ ਗਈ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀ/ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਸਾਈਬਰ ਕ੍ਰਾਈਮ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

## 60 ਮੈਡਲ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ, 29 ਵਿਦਿਆਰਥੀ ਸਟੇਟ ਪੱਧਰ ਲਈ ਚੁਣੇ

**ਸਰਦੂਲਗੜ੍ਹ (ਅਵਤਾਰ ਜਟਾਣਾ)**-69ਵੀਂ ਪੰਜਾਬ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ 'ਚ ਸਵੀਟ ਬਲੋਸਮਸ ਸਕੂਲ ਦੇ 100 ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ 'ਚ ਹਿੱਸਾ ਲਿਆ, ਜਿਵੇਂ ਕਿ ਵਾਲੀਬਾਲ, ਸਕੇਟਿੰਗ, ਬਾਕਸਿੰਗ, ਕਿੱਕ ਬਾਕਸਿੰਗ, ਟੇਬਲ ਟੈਨਿਸ, ਕਰਾਟੇ, ਕਬੱਡੀ, ਤੈਰਾਕੀ, ਬਾਸਕਿਟਬਾਲ, ਤਲਵਾਰਬਾਜ਼ੀ, ਤਾਈਕਵਾਂਡੋ ਤੇ ਅਥਲੈਟਿਕਸ ਅੰਡਰ 11, 14, 17, 19 ਲੜਕੇ, ਲੜਕੀਆਂ ਦੇ ਮੁਕਾਬਲਿਆਂ 'ਚ ਬੱਚਿਆਂ ਨੇ 60 ਮੈਡਲ ਆਪਣੀ ਝੋਲੀ ਵਿੱਚ ਪਾਏ, ਜਿਨ੍ਹਾਂ 'ਚੋਂ 29 ਸੋਨ ਤਮਗੇ, 15 ਚਾਂਦੀ ਤਮਗੇ, 16 ਕਾਂਸੀ ਤਮਗੇ ਜਿੱਤ ਕੇ ਸਕੂਲ ਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ।

ਤਮਗਿਆਂ ਦੀ ਸੂਚੀ ਇਸ ਤਰ੍ਹਾਂ ਹੈ ਬਾਕਸਿੰਗ 13, ਤੈਰਾਕੀ 3 , ਬੀਚ ਵਾਲੀਬਾਲ 2, ਬਾਸਕਟਬਾਲ 1, ਤਲਵਾਰਬਾਜ਼ੀ 1 , ਤਾਈਕਵਾਂਡੋ 4, ਕਰਾਟੇ 3, ਕਿਕ ਬਾਕਸਿੰਗ 5, ਪਾਵਰ ਲਿਫ਼ਟਿੰਗ 1, ਸਕੇਟਿੰਗ 18, ਅਥਲੈਟਿਕਸ 9।ਇਸ ਸ਼ਾਨਦਾਰ ਜਿੱਤ ਸਦਕਾ 29 ਵਿਦਿਆਰਥੀ ਸਟੇਟ ਪੱਧਰ ਖੇਡਾਂ ਲਈ ਚੁਣੇ ਗਏ। ਸਕੂਲ ਦੀ ਪ੍ਰਬੰਧਕ ਕਮੇਟੀ, ਪ੍ਰਿੰਸੀਪਲ ਮੈਡਮ ਮੁਕੇਸ਼ ਸਿੰਘ ਤੇ ਸਮੂਹ ਸਟਾਫ਼ ਨੇ ਕੋਚ (ਹੈੱਡ ਸੁਖਵਿੰਦਰ ਸਿੰਘ, ਸੰਦੀਪ ਕੁਮਾਰ, ਕਰਮਵੀਰ ਸਿੰਘ, ਜੁਗਨਪ੍ਰੀਤ ਸਿੰਘ, ਨਿਰਮਲ ਕੁਮਾਰ, ਪ੍ਰਦੀਪ ਕੌਰ ਤੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## ਸ਼ਹੀਦ ਭਗਤ ਸਿੰਘ ਦੀ ਸਮਾਧੀ 'ਤੇ ਮਹੰਤ ਰਾਜੇਸ਼ ਗਿਰੀ ਨੇ ਕੀਤਾ ਨਮਨ

### ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਹੰਤ ਸ੍ਰੀ ਰਾਜੇਸ਼ ਗਿਰੀ ਜੀ ਸੰਗਠਨ ਸਕੱਤਰ ਸੰਤ ਸਮਾਜ ਟਰੱਸਟ (ਜੰਮੂ ਤੇ ਕਸ਼ਮੀਰ) ਨੇ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਤੇ ਬੀ. ਕੇ. ਦੱਤ ਦੀ ਸਮਾਧੀ 'ਤੇ ਸ਼ਰਧਾਂਜਲੀ ਭੇਟ ਕੀਤੀ।

ਇਸ ਮੌਕੇ ਉਹ ਭਾਵੁਕ ਹੋ ਗਏ ਤੇ ਕਿਹਾ ਕਿ ਸ਼ਹੀਦ ਭਗਤ ਸਿੰਘ ਸਿਰਫ਼ ਇਕ ਨਾਮ ਨਹੀਂ, ਸਗੋਂ ਇਕ ਅਜਿਹੀ ਸੋਚ ਹੈ, ਜੋ ਨੌਜਵਾਨ ਪੀੜ੍ਹੀ ਨੂੰ ਦੇਸ਼ ਭਗਤੀ ਤੇ ਕੁਰਬਾਨੀ ਦੀ ਪ੍ਰੇਰਨਾ ਦਿੰਦੀ ਰਹੇਗੀ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਭਗਤ ਸਿੰਘ ਦੇ ਸੁਪਨਿਆਂ ਵਾਲਾ ਸਮਾਜ ਬਣਾਉਣ ਦੀ ਅਪੀਲ ਕੀਤੀ। ਸੰਤ ਸਮਾਜ ਟਰੱਸਟ (ਜੰਮੂ ਤੇ ਕਸ਼ਮੀਰ) ਦੇ ਸੰਗਠਨ ਸਕੱਤਰ ਮਹੰਤ ਰਾਜੇਸ਼ ਗਿਰੀ ਨੇ ਫ਼ਿਰੋਜ਼ਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਤੇ ਪੀੜਤ ਪਰਵਾਰਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ। ਮਹੰਤ ਜੀ ਨੇ ਕਿਹਾ ਕਿ ਜੰਮੂ-ਕਸ਼ਮੀਰ ਵਿੱਚ ਵੀ ਹੜ੍ਹਾਂ ਕਾਰਨ ਹਾਲਾਤ ਗੰਭੀਰ ਹਨ, ਜਿੱਥੇ ਉਨ੍ਹਾਂ ਦੀ ਸੰਸਥਾ ਲਗਾਤਾਰ ਲੋੜੀਂਦੀਆਂ ਵਸਤੂਆਂ ਮੁਹੱਈਆ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਸਮਾਜਿਕ ਭਲਾਈ, ਸਿੱਖਿਆ ਤੇ ਗਰੀਬਾਂ ਦੀ ਸਹਾਇਤਾ ਕਰਨਾ ਸਾਡਾ ਸਭ ਤੋਂ ਵੱਡਾ ਕਰਤੱਵ ਹੈ।

ਇਸ ਮੌਕੇ ਧਰਮਪਾਲ ਬਾਂਸਲ ਨੇ ਜਾਣਕਾਰੀ ਦਿੱਤੀ ਕਿ ਉਨ੍ਹਾਂ ਦੀਆਂ ਸੰਸਥਾਵਾਂ ਵੱਲੋਂ ਵੀ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਦਵਾਈਆਂ ਤੇ ਡਾਕਟਰੀ ਸਹਾਇਤਾ ਲਈ ਟੀਮਾਂ ਤਿਆਰ ਹਨ। ਸਥਾਨਕ ਲੋਕਾਂ ਨੇ ਇਸ ਉਪਰਾਲੇ ਲਈ ਮਹੰਤ ਰਾਜੇਸ਼ ਗਿਰੀ ਤੇ ਧਰਮਪਾਲ ਬਾਂਸਲ ਦਾ ਧੰਨਵਾਦ ਕੀਤਾ। ਇਸ ਮੌਕੇ ਜਗਦੇਵ ਸਿੰਘ, ਗੁਰੂ ਸ੍ਰੀ ਸੁਰਿਸ਼ੀ ਮਹੰਤ ਜੀ, ਮਹੰਤ ਸ੍ਰੀ ਸੋਮਾ ਅਨੰਦ ਜੀ, ਸੋਨੂੰ ਜੀ (ਰਾਇਸ ਸ਼ੈਲਰ ਮਾਲਕ ਜੰਮੂ ਤੇ ਕਸ਼ਮੀਰ), ਡਾ. ਅਨਿਲ ਪੰਡਿਤ, ਕੈਲਾਸ਼ ਸ਼ਰਮਾ ਆਦਿ ਸ਼ਾਮਲ ਸਨ।

# ਸੁਰਜੀਤ ਥਿੰਦ ਟਰੱਕ ਯੂਨੀਅਨ ਦੇਵੀਗੜ੍ਹ ਦੇ ਚੇਅਰਮੈਨ ਤੇ ਧਿਆਨ ਸਿੰਘ ਪ੍ਰਧਾਨ ਬਣੇ

### ਟਰੱਕ ਅਪ੍ਰੇਟਰਾਂ ਦੇ ਹੱਕਾਂ ਲਈ ਭਗਵੰਤ ਮਾਨ ਸਰਕਾਰ ਵਚਨਬੱਧ : ਹਡਾਣਾ



**ਦੇਵੀਗੜ੍ਹ/ਪਟਿਆਲ਼ਾ (ਰਜਿੰਦਰ ਸਿੰਘ ਥਿੰਦ)**-ਜ਼ਿਮੀਦਾਰਾ ਟਰੱਕ ਯੂਨੀਅਨ ਦੇਵੀਗੜ੍ਹ ਸਮੇਂ-ਸਮੇਂ ਤਾਕਤਵਰ ਹਾਕਮਾਂ ਦਾ ਸ਼ਿਕਾਰ ਹੁੰਦੀ ਰਹੀ ਸੀ, ਜਿਸ ਕਰ ਕੇ ਯੂਨੀਅਨ ਦੇ ਸਮੁੱਚੇ ਆਪ੍ਰੇਟਰਜ਼ ਇਸ ਲੁੱਟ ਦਾ ਸ਼ਿਕਾਰ ਹੁੰਦੇ ਆ ਰਹੇ ਸਨ।ਇਸ ਯੂਨੀਅਨ ਉੱਪਰ ਕਦੇ ਕਿਸੇ ਹਾਕਮ ਤੇ ਕਦੇ ਕਿਸੇ ਹਾਕਮ ਨੇ ਆਪਣੀ ਸਿਆਸੀ ਤਾਕਤ ਨਾਲ ਦਬਦਬਾ ਬਣਾਈ ਰੱਖਿਆ ਅਤੇ ਇਸ ਯੂਨੀਅਨ ਨੂੰ ਖੂਬ ਲੁੱਟਿਆ ਅਤੇ ਗਰੀਬ ਆਪ੍ਰੇਟਰਾਂ ਦੇ ਪੱਲੇ ਹੱਕ ਦੀ ਕਮਾਈ ਵੀ ਨਹੀਂ ਪੈਣ ਦਿੱਤੀ, ਹੁਣ ਜਦੋਂ ਦੇ ਹਲਕਾ ਸਨੌਰ ਨੂੰ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਮਿਲੇ ਹਨ, ਉਦੋਂ ਤੋਂ ਇਸ ਯੂਨੀਅਨ ਦੇ ਸਮੁੱਚੇ ਆਪ੍ਰੇਟਰਾਂ ਨੂੰ ਆਸ ਬੱਝੀ ਹੈ ਕਿ ਚੁਣ ਉਹ ਇਸ ਲੁੱਟ ਤੋਂ ਬਚ ਜਾਣਗੇ। ਇਸ ਗੱਲ ਦਾ ਪ੍ਰਗਟਾਵਾ ਟਰੱਕ ਯੂਨੀਅਨ ਦੇ ਸਰਬਸੰਮਤੀ ਨਾਲ ਹਲਕਾ ਇੰਚਾਰਜ ਰਣਯੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਬਣੇ ਚੇਅਰਮੈਨ ਸੁਰਜੀਤ ਥਿੰਦ ਤੇ ਪ੍ਰਧਾਨ ਧਿਆਨ ਸਿੰਘ ਵੱਲੋਂ ਆਪਣਾ ਅਹੁਦਾ ਸੰਭਾਲਣ ਤੋਂ ਬਾਅਦ ਕੀਤਾ ਗਿਆ। ਇਨ੍ਹਾਂ ਆਗੂਆਂ ਨੇ ਕਿਹਾ ਕਿ ਹਲਕਾ ਇੰਚਾਰਜ ਰਣਜੋਧ ਸਿੰਘ ਨੇ ਯੂਨੀਅਨ ਨੂੰ ਮੁੜ ਲੀਹਾਂ 'ਤੇ ਲਿਆਉਣ ਲਈ ਤਹੱਈਆ ਕੀਤਾ ਤੇ ਕਈ ਮੀਟਿੰਗ ਸਮੁੱਚੇ ਆਪ੍ਰੇਟਰਾਂ ਨਾਲ ਕੀਤੀਆਂ।ਉਨ੍ਹਾਂ ਯੂਨੀਅਨ ਦੇ ਬਣੇ ਹੋਏ ਚਾਰ ਧੜਿਆਂ 'ਚੋਂ ਸਮੁੱਚੇ ਆਪ੍ਰੇਟਰਾਂ ਦੀ ਸਲਾਹ ਨਾਲ ਚਾਰ ਮੈਂਬਰ ਲਏ ਗਏ ਅਤੇ ਉਨ੍ਹਾਂ ਵਿੱਚੋਂ ਹੀ ਪ੍ਰਧਾਨ ਤੇ ਹੋਰ ਅਹੁਦੇਦਾਰ ਬਣਾਉਣ ਦਾ ਫੈਸਲਾ ਸਰਬਸੰਮਤੀ ਨਾਲ ਲਿਆ।ਇਸ ਦੌਰਾਨ ਰਣਜੋਧ ਸਿੰਘ ਹਡਾਣਾ ਦੀ ਸਰਪ੍ਰਸਤੀ ਹੇਠ ਬਿਨਾਂ ਕਿਸੇ ਪੱਖਪਾਤ ਤੇ ਬਿਨਾਂ ਕਿਸੇ ਸਿਆਸੀ ਦਬਾ ਦੇ ਪੁਰਾਣੇ ਆਪ੍ਰੇਟਰ ਤੇ ਪਹਿਲਾਂ ਪ੍ਰਧਾਨ ਰਹਿ ਚੁੱਕੇ ਸੁਰਜੀਤ ਸਿੰਘ ਥਿੰਦ ਨੂੰ ਚੇਅਰਮੈਨ, ਧਿਆਨ ਸਿੰਘ ਹਾਜੀਪੁਰ ਨੂੰ ਪ੍ਰਧਾਨ, ਨਵਦੀਪ ਸਿੰਘ ਨਿੱਪੀ ਨੂੰ ਮੀਤ ਪ੍ਰਧ ਪ੍ਰਧਾਨ ਤੇ ਕੁਲਦੀਪ ਸਿੰਘ ਮਲੱਗਣ ਨੂੰ ਖਜ਼ਾਨਚੀ ਸਹਿਮਤੀ ਨਾਲ ਬਣਾਇਆ ਗਿਆ, ਜਿਨ੍ਹਾਂ ਦਾ ਸਮੁੱਚੇ ਆਪ੍ਰੇਟਰਾਂ ਨੇ ਸਰਬਸੰਮਤੀ ਨਾਲ ਹਾਰ ਪਾ ਕੇ ਸਨਮਾਨ ਕੀਤਾ।ਇਸ ਮੌਕੇ ਰਣਜੋਧ ਸਿੰਘ ਹਡਾਣਾ ਨੇ ਟਰੱਕ ਆਪ੍ਰੇਟਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਭਗਵੰਤ ਮਾਨ ਸਰਕਾਰ ਟਰੱਕ ਆਪ੍ਰੇਟਰਾਂ ਦੇ ਹੱਕਾਂ ਦੀ ਕਰਨ ਲਈ ਵਚਬੱਧ ਹੈ। ਇਸ ਮੌਕੇ ਸਾਹਿਬ ਸਿੰਘ ਰੋਸਾ, ਸਤਨਾਮ ਸਿੰਘ ਸਰਪੰਚ, ਹਰਮਨਦੀਪ ਸਿੰਘ, ਜਸਵੰਤ ਸਿੰਘ, ਜੀਵਨ ਸਿੰਘ, ਹਰਵਿੰਦਰ ਸਿੰਘ ਡੀ.ਸੀ., ਰਘਬੀਰ ਸਿੰਘ, ਬੂਟਾ ਸਿੰਘ ਥਿੰਦ, ਜੱਸਾ ਸਿੰਘ ਅਦਾਲਤੀਵਾਲਾ, ਜਤਿੰਦਰ ਸ਼ਰਮਾ, ਗੁਰਦੇਵ ਸਿੰਘ ਦੱਧਣ, ਸੋਨੂੰ ਹਾਜੀਪੁਰ, ਪਲਵਿੰਦਰ ਸਿੰਘ ਭਲਵਾਨ, ਬੂਟਾ ਸਿੰਘ ਥਿੰਦ ਹਰਬੰਸ ਪੱਪੀ ਦੁੱਧਨ ਗੁੱਜਰਾਂ, ਰਸ਼ਪਾਲ ਸਿੰਘ ਸਰਪੰਚ ਗੁਰਪ੍ਰੀਤ ਸਿੰਘ ਕਾਲਾ, ਬਲਰਾਮ ਸਿੰਘ ਬੱਲਾ, ਗਗਨਦੀਪ ਘੁੱਘੀ, ਰਤੀ ਰਾਮ, ਬਲਵਿੰਦਰ ਸਿੰਘ ਮੀਰਾਪੁਰ, ਬੱਬੂ ਦੇਵੀਗੜ੍ਹ, ਭੋਲਾ ਸਿੰਘ ਧੰਜੂ, ਬਲਵੰਤ ਸਿੰਘ ਤੇ ਸੁਰਜੀਤ ਸਿੰਘ ਖਤੌਲੀ ਆਦਿ ਮੌਜੂਦ ਸਨ।

## ਪੀ ਪੀ ਸੀ ਬੀ ਵੱਲੋਂ ਸ਼ਮਸ਼ਾਨਘਾਟ 'ਚ ਲਗਾਇਆ ਜਾਵੇਗਾ ਏ ਪੀ ਸੀ ਡਿਵਾਇਸ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼ਮਸ਼ਾਨ ਘਾਟ ਵਿੱਚ ਸਸਕਾਰ ਦੌਰਾਨ ਹੋਣ ਵਾਲੇ ਪ੍ਰਦੂਸ਼ਣ ਨੂੰ ਰੋਕਣ ਲਈ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ (ਪੀਪੀਸੀਬੀ) ਵੱਲੋਂ ਨਵੇਂ ਯੰਤਰ ਲਗਾਏ ਜਾਣਗੇ। 'ਏਅਰ ਪਲਿਊਸ਼ਨ ਕੰਟਰੋਲ ਡਿਵਾਇਸ' (ਏਪੀਸੀ) ਨਾਲ ਮੜੀਆਂ 'ਚੋਂ ਨਿਕਲਣ ਵਾਲੇ ਧੂੰਏ, ਰਾਖ਼ ਤੇ ਹਾਨੀਕਾਰਕ ਗੈਸਾਂ ਨੂੰ 90 ਫ਼ੀਸਦ ਤੱਕ ਘੱਟ ਕੀਤਾ ਜਾ ਸਕੇਗਾ।ਹਵਾ ਪ੍ਰਦੂਸ਼ਣ ਰੋਕਥਾਮ ਯੰਤਰ ਦੇ ਨਾਲ ਸਸਕਾਰ ਮੌਕੇ ਨਿਕਲਣ ਵਾਲੇ ਸਸਪੈਂਡਡ ਪਾਰਟੀਕਲ ਮੈਟਰ, ਸਲਫਰ ਡਾਈ-ਆਕਸਾਈਡ, ਨਾਈਟ੍ਰਿਕ ਆਕਸਾਈਡ ਤੇ ਨਾਈਟ੍ਰੋਜਨ ਡਾਈਆਕਸਾਈਡ ਤੇ ਕਾਰਬਨ ਮੋਨੋਆਕਸਾਈਡ ਗੈਸਾਂ ਨੂੰ ਸ਼ੁੱਧ ਕੀਤਾ ਜਾਵੇਗਾ, ਜਿਸ ਨਾਲ ਪ੍ਰਦੂਸ਼ਣ ਕਰ ਕੇ ਹੋਣ ਵਾਲੀਆਂ ਸਿਹਤ ਸਬੰਧੀ ਸਮੱਸਿਆਵਾਂ ਕਾਫੀ ਹੱਦ ਤੱਕ ਘਟਣਗੀਆਂ।ਪੀ ਪੀ ਸੀ ਬੀ ਪਟਿਆਲਾ ਤੋਂ ਇਸ ਪਾਇਲਟ ਪ੍ਰਾਜੈਕਟ ਨੂੰ ਸ਼ੁਰੂ ਕੀਤਾ ਜਾ ਰਿਹਾ ਹੈ। ਇਹ ਅਧੁਨਿਕ ਸਿਸਟਮ ਸਭ ਤੋਂ ਪਹਿਲਾਂ ਪਟਿਆਲਾ ਦੇ ਤ੍ਰਿਪੜੀ ਇਲਾਕੇ ਵਿੱਚ ਸਥਿਤ ਸ਼ਮਸ਼ਾਨ ਘਾਟ ਵਿੱਚ ਲਗਾਇਆ ਜਾਵੇਗਾ।ਇਥੇ ਸਫਲਤਾ ਮਿਲਣ ਤੋਂ ਬਾਅਦ ਇਸ ਨੂੰ ਪੂਰੇ ਪੰਜਾਬ ਦੇ ਸ਼ਮਸ਼ਾਨ ਘਾਟਾਂ ਵਿੱਚ ਲਾਗੂ ਕੀਤਾ ਜਾਵੇਗਾ।ਜਾਣਕਾਰੀ ਅਨੁਸਾਰ ਸ਼ਮਸ਼ਾਨ ਘਾਟ ਵਿੱਚ ਹਵਾ ਪ੍ਰਦੂਸ਼ਣ ਰੋਕਥਾਮ ਯੰਤਰ ਲਗਾਉਣ ਦਾ ਮੁੱਖ ਮਕਸਦ ਲੱਕੜੀ ਅਧਾਰਤ ਅੰਤਿਮ ਸੰਸਕਾਰ ਦੀ ਰਸਮ ਨੂੰ ਜਾਰੀ ਰੱਖਦੇ ਹੋਏ ਧੂੰਏਂ ਤੇ ਜ਼ਹਿਰੀਲੀ ਗੈਸਾਂ ਦਾ ਵਾਤਾਵਰਣ ਤੇ ਸਿਹਤ 'ਤੇ ਅਸਰ ਘਟਾਉਣਾ ਹੈ।

ਹਾਲਾਂਕਿ ਪਹਿਲਾਂ ਵੀ ਸ਼ਮਸ਼ਾਨ ਘਾਟ 'ਚ ਗੈਸ ਤੇ ਇਲੈਕਟ੍ਰਿਕ ਤਕਨੀਕ ਲਾਗੂ ਕੀਤੀ ਗਈ ਸੀ, ਪ੍ਰੰਤੂ ਧਾਰਮਿਕ ਆਸਥਾ ਦੇ ਕਾਰਨ ਇਨ੍ਹਾਂ ਤਕਨੀਕਾਂ ਨੂੰ ਲੋਕਾਂ ਵੱਲੋਂ ਅਪਣਾਇਆ ਨਹੀਂ ਗਿਆ, ਜਿਸ ਦੇ ਮੱਦੇਨਜ਼ਰ ਪੀ ਪੀ ਸੀ ਬੀ ਨੇ ਲੱਕੜੀ ਅਧਾਰਤ ਅੰਤਿਮ ਸੰਸਕਾਰ ਲਈ ਅਧੁਨਿਕ ਯੰਤਰ ਲਗਾਉਣ ਦਾ ਫੈਸਲਾ ਕੀਤਾ ਹੈ। ਇਹ ਸਿਸਟਮ ਦੋ ਪੜਾਅ ਵਿਚ ਸੁੱਕਾ ਤੇ ਗਿੱਲ, ਹੁੱਡ ਅਧਾਰਿਤ ਧੂੰਆਂ ਖਿੱਚਣ ਵਾਲਾ ਸਿਸਟਮ, ਚੰਗਿਆੜੇ ਰੋਕਣ ਵਾਲਾ ਯੰਤਰ ਤੇ ਅਧੁਨਿਕ ਪੱਖੇ ਦੇ ਅਧਾਰ 'ਤੇ ਕੰਮ ਕਰੇਗਾ।ਇਸ ਦੀ ਸਮਰੱਥਾ 8000 ਸੀ ਐਫ ਐਮ ਏਅਰ ਫਲੋ ਨੂੰ ਸਾਂਭਣ ਵਾਲੀ ਹੋਵੇਗੀ, ਜੋਕਿ ਧੂੰਏਂ, ਦੁਰਗੰਧ ਤੇ ਪ੍ਰਦੂਸ਼ਣ ਨੂੰ ਘੱਟ ਕਰਨ ਦੀ ਦਿਸ਼ਾ ਵਿੱਚ ਕੰਮ ਕਰੇਗਾ।

## ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਨੇ ਟੀ ਬੀ ਮਰੀਜ਼ਾਂ ਨੂੰ ਪੋਸ਼ਣ ਕਿੱਟਾਂ ਵੰਡੀਆਂ



**ਤਪਾ ਮੰਡੀ (ਮੁਨੀਸ਼ ਬਾਂਸਲ)**-ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਬਰਨਾਲਾ ਵੱਲੋਂ ਡਿਪਟੀ ਕਮਿਸ਼ਨਰ ਬਰਨਾਲਾ ਤੇ ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਸ੍ਰੀ ਟੀ ਬੈਨਿਥ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਟੀ ਬੀ ਮੁਕਤ ਬਰਨਾਲਾ ਮੁਹਿੰਮ ਅਧੀਨ 110 ਮਰੀਜ਼ਾਂ ਨੂੰ ਪੋਸ਼ਣ ਕਿੱਟਾਂ ਵੰਡੀਆਂ ਗਈਆਂ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਡਾ. ਤੇਅਵਾਸਪ੍ਰੀਤ ਕੌਰ ਨੇ ਦੱਸਿਆ ਕਿ ਇੰਡੀਅਨ ਰੈੱਡ ਕਰਾਸ ਸੁਸਾਇਟੀ ਵੱਲੋਂ ਟੀ ਬੀ ਮਰੀਜ਼ਾਂ ਨੂੰ ਪੋਸ਼ਣ ਕਿੱਟਾਂ ਵੰਡੀਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਬਰਨਾਲਾ ਤੇ ਤਪਾ ਵਿੱਚ 30-30 ਪੋਸ਼ਣ ਕਿੱਟਾਂ ਤੇ ਧਨੌਲਾ ਵਿੱਚ 50 ਪੋਸ਼ਣ ਕਿੱਟਾਂ ਮਰੀਜ਼ਾਂ ਨੂੰ ਵੰਡੀਆਂ ਗਈਆਂ।ਉਨ੍ਹਾਂ ਕਿਹਾ ਕਿ ਨਿਕਸ਼ੈ ਮਿੱਤਰ ਯੋਜਨਾ ਤਹਿਤ ਇਨ੍ਹਾਂ ਕਿੱਟਾਂ ਲਈ ਸਮਾਜ ਸੇਵੀ ਸੰਸਥਾਵਾਂ ਤੇ ਦਾਨੀ ਸੱਜਣਾਂ ਦੀ ਸਹਾਇਤਾ ਲਈ ਜਾ ਰਹੀ ਹੈ। ਜੇਕਰ ਕੋਈ ਜ਼ਿਲ੍ਹਾ ਵਾਸੀ ਕਿੱਟਾਂ ਲਈ ਯੋਗਦਾਨ ਪਾਉਣਾ ਚਾਹੁੰਦਾ ਹੈ ਤਾਂ ਉਹ ਸਿਵਲ ਹਸਪਤਾਲ ਬਰਨਾਲਾ ਵਿੱਚ ਟੀ ਬੀ ਕੰਟਰੋਲ ਅਫ਼ਸਰ ਨਾਲ ਸੰਪਰਕ ਕਰ ਸਕਦਾ ਹੈ।

# ਸ਼ਾਂਤੀ ਤੇ ਸਦਭਾਵਨਾ ਨੂੰ ਉਤਸ਼ਾਹਤ ਕਰਨ 'ਚ ਮੀਡੀਆ ਦੀ ਮਹੱਤਵਪੂਰਨ ਭੂਮਿਕਾ : ਰਾਜਪਾਲ ਬਾਗੜੇ

### ਮੀਡੀਆ ਰੋਜ਼ਾਨਾ ਇਤਿਹਾਸ ਲਿਖ ਰਿਹਾ ਹੈ : ਪ੍ਰੋ. ਸੰਜੇ ਦਿਵੇਦੀ




**ਜੈਤੋ/ਆਬੂ ਰੋਡ (ਸਤੀਸ਼ ਕੁਮਾਰ ਭੀਰੀ)**
ਰਾਜਸਥਾਨ ਦੇ ਰਾਜਪਾਲ ਹਰੀਭਾਉ ਕਿਸ਼ਨ ਰਾਓ ਬਾਗੜੇ ਨੇ ਬ੍ਰਹਮਾਕੁਮਾਰੀ ਇੰਸਟੀਚਿਊਟ ਦੇ ਮੀਡੀਆ ਵਿੰਗ ਦੁਆਰਾ ਆਯੋਜਿਤ ਰਾਸ਼ਟਰੀ ਮੀਡੀਆ ਮਹਾਂਸੰਮੇਲਨ ਦਾ ਉਦਘਾਟਨ ਕੀਤਾ।ਦੇਸ਼ ਭਰ ਦੇ ਪ੍ਰਿੰਟ, ਇਲੈਕਟ੍ਰਾਨਿਕ, ਰੇਡੀਓ ਤੇ ਵੈੱਬ ਮੀਡੀਆ ਦੇ 1,500 ਤੋਂ ਵੱਧ ਪੱਤਰਕਾਰ, ਸੰਪਾਦਕ ਤੇ ਪੱਤਰਕਾਰ ਹਿੱਸਾ ਲੈ ਰਹੇ ਹਨ।ਚਾਰ ਦਿਨਾ ਮਹਾਂਸੰਮੇਲਨ ਸ਼ਾਂਤੀ, ਏਕਤਾ ਤੇ ਵਿਸ਼ਵਾਸ ਦੇ ਵਿਸ਼ਿਆਂ 'ਤੇ ਕੇਂਦ੍ਰਿਤ ਹੋਵੇਗਾ।ਰਾਜਪਾਲ ਹਰੀਭਾਉ ਬਾਗੜੇ ਨੇ ਕਿਹਾ ਕਿ ਮੀਡੀਆ ਸਮਾਜ ਵਿੱਚ ਸ਼ਾਂਤੀ, ਏਕਤਾ ਤੇ ਵਿਸ਼ਵਾਸ ਨੂੰ ਉਤਸ਼ਾਹਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।ਮੀਡੀਆ ਲੋਕਤੰਤਰ ਦੀਆਂ ਜੜ੍ਹਾਂ ਨੂੰ ਪਾਲਦਾ ਹੈ ਤੇ ਇਸ ਨੂੰ ਜ਼ਿੰਦਾ ਰੱਖਦਾ ਹੈ।ਲੋਕਤੰਤਰ ਭਾਰਤ ਦੇ ਲੋਕਾਂ ਦੇ ਖੂਨ ਵਿੱਚ ਹੈ।ਚੰਦਰ ਗੁਪਤ ਦੇ ਰਾਜ ਦੌਰਾਨ ਪਾਟਲੀਪੁੱਤਰ ਵਿੱਚ ਨਗਰ ਪੰਚਾਇਤ ਲਈ 30 ਮੈਂਬਰ ਚੁਣੇ ਗਏ ਸਨ।ਮੈਂ ਇਸ ਬਾਰੇ ਸਾਬਕਾ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਦੀ ਕਿਤਾਬ 'ਇੰਡੀਆ, ਏ ਡਿਸਕਵਰੀ' ਵਿੱਚ ਪੜ੍ਹਿਆ ਸੀ।ਜੇਕਰ ਲੋਕਤੰਤਰ ਵਿੱਚ ਚੁਣੇ ਗਏ ਲੋਕ ਜਾਤ ਦੇ ਬਜਾਏ ਆਪਣੇ ਵਿਚਾਰਾਂ ਤੇ ਰਾਸ਼ਟਰੀ ਹਿੱਤਾਂ ਦੇ ਆਧਾਰ 'ਤੇ ਚੋਣਾਂ ਲੜਦੇ ਹਨ, ਤਾਂ ਲੋਕਤੰਤਰ ਹੋਰ ਮਜ਼ਬੂਤ ਹੋਵੇਗਾ।ਬ੍ਰਹਮਾਕੁਮਾਰੀਆਂ ਦੀ ਮੁੱਖ ਪ੍ਰਸ਼ਾਸਕ ਰਾਜਯੋਗਿਨੀ ਬੀ. ਕੇ. ਮੋਹਿਨੀ ਦੀਦੀ ਨੇ ਕਿਹਾ ਕਿ ਸਾਡਾ ਉਦੇਸ਼ ਸਾਡੇ ਸੰਗਠਨ ਨੂੰ ਉਤਸ਼ਾਹਤ ਕਰਨਾ ਨਹੀਂ ਹੈ, ਪਰ ਅਸੀਂ ਚਾਹੁੰਦੇ ਹਾਂ ਕਿ ਪੱਤਰਕਾਰ ਸ਼ਾਂਤੀ ਲੱਭਣ।ਹਿੰਸਾ ਤੇ ਸਵਾਰਥ ਵਧ ਰਿਹਾ ਹੈ।ਸਾਡੇ ਕੋਲ ਸ਼ਾਂਤੀ ਹੋਣੀ ਚਾਹੀਦੀ ਹੈ, ਪਰ ਹੁਣ ਸਾਨੂੰ ਦੁੱਖ ਝੱਲਣੇ ਪੈ ਰਹੇ ਹਨ।ਸਾਡੀ ਇੱਛਾ ਪੱਤਰਕਾਰਾਂ ਨੂੰ ਸ਼ਾਂਤੀ, ਗਿਆਨ ਤੇ ਖੁਸ਼ੀ ਦੇਣਾ ਹੈ।ਸ਼ਾਂਤੀ ਸਾਡਾ ਸੱਚਾ ਧਰਮ ਹੈ।ਸ਼ਾਂਤੀ ਦਾ ਸਮੁੰਦਰ ਸਾਡਾ ਪਿਤਾ ਹੈ।ਸਾਨੂੰ ਇਸ ਦਾ ਅਭਿਆਸ ਕਰਨਾ ਪਵੇਗਾ; ਇਹ ਸਾਡਾ ਸੁਭਾਅ ਬਣ ਜਾਵੇਗਾ।ਪ੍ਰੋਫੈਸਰ ਸੰਜੇ ਦਿਵੇਦੀ ਮੱਖਣ ਲਾਲ ਚਤੁਰਵੇਦੀ ਨੈਸ਼ਨਲ ਜਰਨਲਿਜ਼ਮ ਯੂਨੀਵਰਸਿਟੀ ਦੇ ਜਨ ਸੰਚਾਰ ਵਿਭਾਗ ਦੇ ਮੁਖੀ, ਪ੍ਰੋਫੈਸਰ ਸੰਜੇ ਦਿਵੇਦੀ ਨੇ ਕਿਹਾ ਕਿ ਪੱਤਰਕਾਰ ਦੇਸ਼ ਦੀ ਸਮਾਜਿਕ ਤੇ ਸੱਭਿਆਚਾਰਕ ਚੇਤਨਾ ਦੇ ਵਾਹਕ ਹਨ।ਮੀਡੀਆ ਦੇਸ਼ ਦੇ ਰੋਜ਼ਾਨਾ ਇਤਿਹਾਸ ਨੂੰ ਲਿਖ ਰਿਹਾ ਹੈ।

ਪੱਤਰਕਾਰ ਭਾਰਤ ਨੂੰ ਦੇਖਣ ਲਈ ਅੱਖਾਂ ਹਨ।ਇਹ ਜਨਤਕ ਸੰਚਾਰ ਵਿੱਚ ਸ਼ਾਮਲ ਲੋਕਾਂ ਨੂੰ ਇਕੱਠੇ ਕਰਨ ਤੇ ਚਰਚਾ ਕਰਨ ਦਾ ਯਤਨ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸਮੱਗਰੀ ਸਿਰਜਣਹਾਰ ਦੇ ਨਾਲ-ਨਾਲ ਸਮੱਗਰੀ ਸੁਧਾਰਕ ਵੀ ਬਣਨਾ ਚਾਹੀਦਾ ਹੈ।ਇਸ ਪ੍ਰੋਗਰਾਮ ਨੂੰ ਬ੍ਰਹਮਾਕੁਮਾਰੀ ਮੀਡੀਆ ਵਿੰਗ ਦੇ ਪ੍ਰਧਾਨ ਬੀ. ਕੇ. ਕਰੁਣਾ ਭਾਈ, ਮੀਡੀਆ ਵਿੰਗ ਦੇ ਉੱਪ ਪ੍ਰਧਾਨ ਬੀ. ਕੇ. ਸਰਲਾ ਦੀਦੀ, ਮੀਡੀਆ ਵਿੰਗ ਦੇ ਰਾਸ਼ਟਰੀ ਕਨਵੀਨਰ ਬੀ. ਕੇ. ਸ਼ਾਂਤਨੂ ਭਾਈ, ਡਾ. ਸੋਹਿਨੀ ਸ਼ਾਸਤਰੀ ਤੇ ਡਾ. ਅਜੀਤ ਪਾਠਕ ਨੇ ਵੀ ਸੰਬੋਧਨ ਕੀਤਾ।ਪ੍ਰੋਗਰਾਮ ਦਾ ਸੰਚਾਲਨ ਜੈਪੁਰ ਦੇ ਜ਼ੋਨਲ ਕੋਆਰਡੀਨੇਟਰ ਬੀ.ਕੇ. ਚੰਦਰਕਲਾ ਦੀਦੀ ਨੇ ਕੀਤਾ।

## ਤਿਉਹਾਰਾਂ ਦੇ ਮੱਦੇਨਜ਼ਰ ਫਰੀਦਕੋਟ ਪੁਲਸ ਵੱਲੋਂ ਵਿਸ਼ੇਸ਼ ਚੈਕਿੰਗ ਮੁਹਿੰਮ

### ਐੱਸ.ਐੱਸ.ਪੀ. ਨੇ ਰਾਤ ਸਮੇਂ ਨਾਕਿਆਂ ਤੇ ਪੈਟਰੋਲਿੰਗ ਪਾਰਟੀਆਂ ਦੀ ਕੀਤੀ ਚੈਕਿੰਗ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜਾ)**-ਆਉਣ ਵਾਲੇ ਤਿਉਹਾਰਾਂ ਦੇ ਸੀਜ਼ਨ ਦੇ ਮੱਦੇਨਜ਼ਰ ਫਰੀਦਕੋਟ ਪੁਲਸ ਵੱਲੋਂ ਜ਼ਿਲ੍ਹੇ ਅੰਦਰ ਰਾਤ ਸਮੇਂ ਸਪੈਸ਼ਲ ਚੈਕਿੰਗ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦੀ ਅਗਵਾਈ ਖੁਦ ਐੱਸ.ਐੱਸ.ਪੀ. ਫਰੀਦਕੋਟ ਡਾ. ਪ੍ਰਗਿਆ ਜੈਨ ਨੇ ਕੀਤੀ।ਉਨ੍ਹਾਂ ਵੱਖ-ਵੱਖ ਪੁਆਇੰਟਾਂ 'ਤੇ ਲੱਗੇ ਨਾਕਿਆਂ ਤੇ ਪੈਟਰੋਲਿੰਗ ਕਰ ਰਹੀਆਂ ਪਾਰਟੀਆਂ ਦੀ ਅਚਨਚੇਤ ਚੈਕਿੰਗ ਕੀਤੀ ਤੇ ਡਿਊਟੀ 'ਤੇ ਮੌਜੂਦ ਪੁਲਸ ਕਰਮਚਾਰੀਆਂ ਦੇ ਕੰਮ ਦੀ ਬਾਰੀਕੀ ਨਾਲ ਸਮੀਖਿਆ ਕਰਦਿਆਂ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ।ਐੱਸ.ਐੱਸ.ਪੀ. ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਮਾਨਯੋਗ ਡੀ.ਜੀ.ਪੀ. ਪੰਜਾਬ ਸ੍ਰੀ ਗੌਰਵ ਯਾਦਵ ਦੇ ਨਿਰਦੇਸ਼ਾਂ ਤਹਿਤ ਚਲਾਈ ਜਾ ਰਹੀ ਇਸ ਵਿਸ਼ੇਸ਼ ਚੈਕਿੰਗ ਦਾ ਮੁੱਖ ਉਦੇਸ਼ ਜ਼ਿਲ੍ਹੇ ਵਿੱਚ ਕ੍ਰਾਈਮ ਕੰਟਰੋਲ ਨੂੰ ਮਜ਼ਬੂਤ ਕਰਨਾ, ਗੈਰ-ਕਾਨੂੰਨੀ ਸਰਗਰਮੀਆਂ ਨੂੰ ਰੋਕਣਾ, ਆਮ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ, ਵਿਸ਼ੇਸ਼ ਚੈਕਿੰਗ ਦਾ ਸ਼ਡਿਊਲ ਤੇ ਕਾਰਵਾਈ ਹੈ। ਉਨ੍ਹਾ ਦੱਸਿਆ ਕਿ ਆਉਣ ਵਾਲੇ ਦਿਨਾਂ ਅੰਦਰ ਵੀ ਇਹ ਸਪੈਸ਼ਲ ਚੈਕਿੰਗ ਮੁਹਿੰਮ ਜਾਰੀ ਰਹੇਗੀ।ਇਸ ਤਹਿਤ ਜ਼ਿਲ੍ਹੇ ਦੇ ਸਮੂਹ ਗਜ਼ਟਿਡ ਅਧਿਕਾਰੀ ਤੇ ਸਮੂਹ ਮੁੱਖ ਅਫ਼ਸਰ ਥਾਣਾ ਵੱਲੋਂ ਸ਼ਾਮ 7 ਵਜੇ ਤੋਂ ਰਾਤ 11 ਵਜੇ ਤੱਕ ਇੱਕ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਜਾਵੇਗੀ।ਇਸ ਦੌਰਾਨ 'ਸ਼ਿਫਟਿੰਗ ਨਾਕਾਬੰਦੀਆਂ' ਵੀ ਕੀਤੀਆਂ ਜਾਣਗੀਆਂ, ਜਿੱਥੇ ਪੁਲਸ ਟੀਮਾਂ ਵੱਲੋਂ ਸ਼ੱਕੀ ਵਿਅਕਤੀਆਂ ਤੇ ਵਾਹਨਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇਗੀ।ਡਾ. ਪ੍ਰਗਿਆ ਜੈਨ ਨੇ ਆਮ ਪਬਲਿਕ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਕਿਸੇ ਵੀ ਸ਼ੱਕੀ ਗਤੀਵਿਧੀ ਜਾਂ ਸ਼ੱਕੀ ਵਿਅਕਤੀ ਬਾਰੇ ਕੋਈ ਜਾਣਕਾਰੀ ਮਿਲਦੀ ਹੈ, ਤਾਂ ਉਹ ਤੁਰੰਤ ਆਪਣੇ ਨਜ਼ਦੀਕ ਦੇ ਥਾਣੇ ਜਾਂ ਪੁਲਸ ਕੰਟਰੋਲ ਰੂਮ 'ਤੇ ਸੰਪਰਕ ਕਰਨ।

## ਪੰਜਾਬ ਵਕਫ ਬੋਰਡ ਦੇ ਚੇਅਰਮੈਨ ਵੱਲੋਂ ਮੁਸਲਿਮ ਭਾਈਚਾਰੇ ਨਾਲ ਮੁਲਾਕਾਤ

### ਮੁਸਲਿਮ ਅਵਾਮ ਦੀਆਂ ਮੰਗਾਂ 'ਤੇ ਜਲਦ ਹੋਵੇਗਾ ਗ਼ੌਰ : ਮੁਹੰਮਦ ਓਵੈਸ਼



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਪਟਿਆਲ਼ਾ ਦੇ ਮੁਸਲਿਮ ਭਾਈਚਾਰੇ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਦੇ ਹੱਲ ਲਈ ਮੁਸਲਿਮ ਆਗੂ ਇੰਜ. ਅਬਦੁੱਲ ਵਾਹਿਦ ਦੀ ਅਗਵਾਈ ਹੇਠ ਪਟਿਆਲ਼ਾ ਵਿਖੇ ਭਾਈਚਾਰੇ ਦੀ ਹੋਈ ਇੱਕ ਵਿਸ਼ੇਸ਼ ਮੀਟਿੰਗ ਵਿੱਚ ਪੰਜਾਬ ਵਕਫ ਬੋਰਡ ਦੇ ਚੇਅਰਮੈਨ ਮੁਹੰਮਦ ਓਵੇਸ਼ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੀਟਿੰਗ ਵਿੱਚ ਮੁਸਲਿਮ ਭਾਈਚਾਰੇ ਦੇ ਸੈਂਕੜੇ ਆਗੂ ਤੇ ਲੋਕ ਸ਼ਾਮਲ ਹੋਏ। ਮੀਟਿੰਗ ਵਿੱਚ ਮੁਸਲਮਾਨ ਭਾਈਚਾਰੇ ਦੇ ਲੋਕਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਬਾਰੇ ਬੋਰਡ ਦੇ ਚੇਅਰਮੈਨ ਨਾਲ ਖੁੱਲ੍ਹ ਕੇ ਵਿਸ਼ੇਸ਼ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਪਟਿਆਲਾ ਮੁਸਲਮਾਨ ਭਾਈਚਾਰੇ ਦੁਆਰਾ ਵਕਫ ਬੋਰਡ ਦੇ ਚੇਅਰਮੈਨ ਮੁਹੰਮਦ ਓਵੇਸ਼ ਨੂੰ ਮੁਸਲਿਮ ਭਾਈਚਾਰੇ ਦੇ ਬੱਚਿਆਂ ਲਈ ਸਕੂਲਾਂ ਦਾ ਪ੍ਰਬੰਧ ਹੋਰ ਵਧਿਆ ਕਰਨ, ਬੱਚਿਆਂ ਲਈ ਸਕੂਲ ਬੱਸ, ਮੁਸਲਿਮ ਭਾਈਚਾਰੇ ਲਈ ਇੱਕ ਕਮਿਊਨਿਟੀ ਸੈਂਟਰ ਬਣਾਉਣ ਤੋਂ ਇਲਾਵਾ ਪਿਛਲੇ ਲੰਬੇ ਸਮੇਂ ਤੋਂ ਮੁਸਲਿਮ ਭਾਈਚਾਰੇ ਲਈ ਕਬਰਿਸਤਾਨ ਬਣਾਉਣ ਸਮੇਤ ਮੁਸਲਿਮ ਭਾਈਚਾਰੇ ਦੀਆਂ ਹੋਰ ਮੰਗਾਂ ਜਲਦ ਪੂਰੀਆਂ ਕਰਨ ਤੇ ਬਣਦੀਆਂ ਸਹੂਲਤਾਂ ਦੇਣ ਸਬੰਧੀ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਬੋਰਡ ਦੇ ਚੇਅਰਮੈਨ ਮੁਹੰਮਦ ਓਵੈਸ਼ ਨੇ ਮੁਸਲਿਮ ਭਾਈਚਾਰੇ ਦੇ ਆਗੂਆਂ ਤੇ ਮੀਟਿੰਗ ਵਿੱਚ ਸ਼ਾਮਲ ਅਵਾਮ ਨੂੰ ਗ਼ੌਰ ਫਰਮਾਇਆ ਕਿ ਉਨ੍ਹਾਂ ਵੱਲੋਂ ਰੱਖੀਆਂ ਮੰਗਾਂ ਨੂੰ ਜਲਦ ਲਾਗੂ ਤੇ ਪੂਰਾ ਕੀਤਾ ਜਾਵੇਗਾ।

## ਸਰਵਹਿੱਤਕਾਰੀ ਵਿੱਦਿਆ ਮੰਦਰ ਸਕੂਲ ਦਾ ਪ੍ਰਾਂਤਕ ਕਮੇਟੀ ਵੱਲੋਂ ਨਿਰੀਖਣ



**ਕੋਟ ਈਸੇ ਖਾਂ (ਅਰੋੜਾ)**-ਸਰਵਹਿੱਤਕਾਰੀ ਵਿੱਦਿਆ ਮੰਦਰ ਸਕੂਲ ਬਾਬਾ ਸੁੰਦਰ ਦਾਸ ਰੋਡ, ਨੇੜੇ ਬਾਉਲੀ ਮੰਦਰ ਵਿਖੇ ਵਿੱਦਿਅਕ ਮਿਆਰ ਤੇ ਸਕੂਲ ਦੇ ਪ੍ਰਬੰਧਕ ਵਿਵਸਥਾ ਦਾ ਨਰੀਖਣ ਕਰਨ ਲਈ ਵਿਸ਼ੇਸ਼ ਕਮੇਟੀ ਵੱਲੋਂ ਦੌਰਾ ਕੀਤਾ ਗਿਆ, ਜਿਸ ਵਿੱਚ ਪ੍ਰਾਂਤ ਕਾਰਜਕਾਰਨੀ ਮੈਂਬਰ ਸ੍ਰੀਮਤੀ ਮੰਜੂ ਅਰੋੜਾ ਤੇ ਮੁਲਾਂਕਣ ਪ੍ਰਾਂਤ ਮੁੱਖੀ ਸ੍ਰੀਮਤੀ ਨੀਲਮ ਸ਼ਰਮਾ ਸ਼ਾਮਲ ਸਨ, ਜਿਨ੍ਹਾਂ ਦਾ ਸਵਾਗਤ ਸਕੂਲ ਮੁਖੀ ਮੈਡਮ ਜੋਤੀ ਸ਼ਰਮਾ ਨੇ ਕੀਤਾ।ਕਮੇਟੀ ਮੈਂਬਰਾਂ ਨੇ ਬੱਚਿਆਂ ਨਾਲ ਪੜ੍ਹਾਈ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਤੇ ਮਾਪਿਆਂ ਨਾਲ ਮੁਲਾਕਾਤ ਕਰਕੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਸੁਝਾਅ ਮੰਗੇ।ਅੰਤ ਵਿੱਚ ਪ੍ਰਬੰਧਕ ਕਮੇਟੀ ਮੈਂਬਰਾਂ ਮੀਟਿੰਗ ਕੀਤੀ, ਜਿਸ ਵਿੱਚ ਪ੍ਰਬੰਧਕ ਜਗਦੀਸ਼ ਚੰਦਰ, ਵਿਵੇਕ ਕੁਮਾਰ, ਗੋਪਾਲ ਗਰਗ, ਸਤਵੰਤ ਸਿੰਘ ਸਿੱਧੂ ਹਾਜ਼ਰ ਸਨ। ਵਿਭਾਗ ਸਚਿਵ ਸੱਤਪਾਲ ਦੇਵ ਨਰੂਲਾ ਨੇ ਵਿਸਥਾਰ ਨਾਲ ਆਏ ਪ੍ਰਾਂਤਕ ਨਰੀਖਣ ਮੰਡਲ ਨੂੰ ਸਕੂਲ ਦੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਤੇ ਸਕੂਲ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਹਿਯੋਗ ਦੀ ਮੰਗ ਕੀਤੀ।ਸਕੂਲ ਨਰੀਖਣ ਮੰਡਲ ਨੇ ਕਿਹਾ ਕਿ ਸਕੂਲ ਦੀ ਮੌਜੂਦਾ ਸਥਿਤੀ ਬਾਰੇ ਪ੍ਰਾਂਤਕ ਕਮੇਟੀ ਵੱਲੋਂ ਹਰ ਸਹਾਇਤਾ ਦਿੱਤੀ ਜਾਵੇਗੀ।

## ਐੱਨ ਐੱਸ ਐੱਸ ਵਲੰਟੀਅਰਾਂ ਨੇ ਗੁਰਦੁਆਰਾ ਸਾਹਿਬ ਦੀ ਕੀਤੀ ਸਫਾਈ



**ਗਿੱਦੜਬਾਹਾ/ਮੁਕਤਸਰ ਸਾਹਿਬ (ਜਸਵੰਤ ਗਿੱਲ ਛੱਤਿਆਣਾ/ਸ਼ਮਿੰਦਰਪਾਲ, ਓਮ ਪ੍ਰਕਾਸ਼ ਸੇਖੂ, ਪੂਜਾ)**-ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਵਿਖੇ ਯੁਵਕ ਸੇਵਾਵਾਂ ਵਿਭਾਗ ਦੇ ਕੁਲਵਿੰਦਰ ਸਿੰਘ ਡਿਪਟੀ ਡਾਇਰੈਕਟਰ ਪੰਜਾਬ ਤੇ ਦਵਿੰਦਰ ਲੋਟੇ ਅਸਿਸਟੈਂਟ ਡਾਇਰੈਕਟਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਕੂਲ ਦੇ ਪ੍ਰਿੰਸੀਪਲ ਮੈਡਮ ਪਰਮਜੀਤ ਕੌਰ ਦੀ ਯੋਗ ਅਗਵਾਈ ਵਿੱਚ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਦੇ ਦੂਸਰੇ ਦਿਨ ਦੀ ਸ਼ੁਰੂਆਤ ਗੁਰਜੋਤ ਸਿੰਘ ਲੈਕਚਰਾਰ ਕੈਮਿਸਟਰੀ ਵੱਲੋਂ ਵਲੰਟੀਅਰਾਂ ਨੂੰ ਯੋਗ ਆਸਣ ਕਰਵਾ ਕੇ ਕੀਤੀ। ਸੈਮੀਨਾਰ ਵਿੱਚ ਮੁੱਖ ਬੁਲਾਰੇ ਵਜੋਂ ਏਐੱਸਆਈ ਹਰਿਮੰਦਰ ਸਿੰਘ ਇੰਚਾਰਜ ਟੀਮ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਤੇ ਬਲੌਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਹਰਿਮੰਦਰ ਸਿੰਘ ਨੇ ਵਲੰਟੀਅਰਾਂ ਨੂੰ ਸੰਬੋਧਨ ਕਰਦੇ ਹੋਏ ਵਲੰਟੀਅਰਾਂ ਨੂੰ ਟ੍ਰੈਫਿਕ ਦੇ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕਰਦੇ ਹੋਏ ਟਰੈਪ ਨਿਯਮਾਂ ਸੰਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਨਸ਼ੇ ਤੋਂ ਦੂਰ ਰਹਿ ਕੇ ਚੰਗੀ ਸਿਹਤ ਬਣਾਉਣ ਲਈ ਤੇ ਟ੍ਰੈਫਿਕ ਦੇ ਨਿਯਮਾਂ ਸਬੰਧੀ ਪੂਰੀ ਜਾਣਕਾਰੀ ਲੈ ਕੇ ਟ੍ਰੈਫਿਕ ਨਿਯਮਾਂ ਦੀ ਪਾਲਣ ਕਰਨਾ ਅੱਜ ਸਮੇਂ ਦੀ ਮੁੱਖ ਲੋੜ ਹੈ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਜੀਤ ਸਿੰਘ ਬਰਾੜ ਨੇ ਐੱਨ ਐੱਸ ਵਲੰਟੀਰਾਂ ਨੂੰ ਵਧੀਆ ਵਲੰਟੀਅਰ ਹੋਣ ਲਈ ਬਣਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਐੱਨਐੱਸਐੱਸ ਦੇ ਕੈਂਪ ਵਲੰਟੀਅਰ ਨੂੰ ਸਮਾਜਿਕ ਸਮਾਜ ਦੀ ਭਲਾਈ ਲਈ ਅੱਗੇ ਹੋ ਕੇ ਕੰਮ ਕਰਨ ਲਈ ਉਤਸ਼ਾਹਤ ਕਰਦੇ ਹਨ।ਇਸ ਮੌਕੇ ਪ੍ਰੋਗਰਾਮ ਅਫਸਰ ਬਲਕਰਨ ਸਿੰਘ ਬਰਾੜ, ਲੈਕਚਰਾਰ ਸੁਖਦੀਪ ਸਿੰਘ ਮਾਨ ਪੰਜਾਬੀ ਲੈਕਚਰਾਰ ਨੇ ਦੱਸਿਆ ਕਿ ਅੱਜ ਐੱਨਐੱਸਐੱਸ ਵਲੰਟੀਅਰਾਂ ਨੇ ਦਸ਼ਮਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਰਨ ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਸ੍ਰੀ ਗੁਪਤਸਰ ਸਾਹਿਬ ਪਿੰਡ ਛੱਤਿਆਣਾ ਦੀ ਸਫਾਈ ਕੀਤੀ।ਇਸ ਮੌਕੇ ਮੰਚ ਸੰਚਾਲਨ ਦੀ ਭੂਮਿਕਾ ਗੁਰਜੋਤ ਸਿੰਘ ਲੈਕਚਰਾਰ ਕੈਮਿਸਟਰੀ ਨੇ ਬਾਖੂਬੀ ਨਿਭਾਈ।ਇਸ ਮੌਕੇ ਸੁਖਦੀਪ ਸਿੰਘ ਮਾਨ ਪੰਜਾਬੀ ਲੈਕਚਰਾਰ, ਅਮਨਦੀਪ ਕੌਰ, ਮਨਦੀਪ ਕੌਰ, ਗੁਰਪ੍ਰੀਤ ਕੌਰ, ਬੇਅੰਤ ਕੌਰ, ਸ਼ਰਨਜੋਤ ਕੌਰ, ਸੁਖਜਿੰਦਰ ਕੌਰ ਤੋਂ ਇਲਾਵਾ ਸਮੂਹ ਸਟਾਫ ਹਾਜ਼ਰ ਸੀ।

## 'ਆਪ' ਦੇ ਯੂਥ ਵਿੰਗ ਨੇ ਲਗਾਇਆ ਖੂਨਦਾਨ ਕੈਂਪ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਕਾਰੀ ਡਿਵੈਲਪਮੈਂਟ ਬੋਰਡ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਆਮ ਆਦਮੀ ਪਾਰਟੀ ਦੇ ਯੂਥ ਵਿੰਗ ਵੱਲੋਂ ਹਲਕਾ ਪ੍ਰਧਾਨ ਦਿਲਪ੍ਰੀਤ ਸਿੰਘ ਭੱਟੀ ਦੀ ਅਗਵਾਈ ਦੇ ਵਿੱਚ ਐੱਮ ਐੱਲ ਏ ਦਫਤਰ ਵਿਖੇ ਖੂਨਦਾਨ ਕੈਂਪ ਲਾਇਆ ਗਿਆ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਖੂਨਦਾਨੀਆਂ ਦੀ ਹੌਸਲਾ ਅਫਜ਼ਾਈ ਕੀਤੀ।ਉਨ੍ਹਾਂ ਉਕਤ ਕਾਰਜ ਦੇ ਲਈ ਆਪ ਦੇ ਯੂਥ ਵਿੰਗ ਦੀ ਵੀ ਖੂਬ ਸ਼ਲਾਘਾ ਕੀਤੀ। ਇਸ ਮੌਕੇ ਹਲਕਾ ਪ੍ਰਧਾਨ ਦਿਲਪ੍ਰੀਤ ਸਿੰਘ ਭੱਟੀ ਨੇ ਜਿੱਥੇ ਖੂਨ ਦਾਨ ਕਰਨ ਵਾਲੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ, ਉੱਥੇ ਹੀ ਵਿਧਾਇਕ ਲਖਬੀਰ ਸਿੰਘ ਰਾਏ ਦਾ ਵੀ ਧੰਨਵਾਦ ਕੀਤਾ ਕਿ ਉਨ੍ਹਾਂ ਦੀ ਰਹਿਨੁਮਾਈ ਸਦਕਾ ਹਲਕੇ ਅੰਦਰ ਪਾਰਟੀ ਦੀਆਂ ਗਤੀਵਿਧੀਆਂ ਨਿਰੰਤਰ ਜਾਰੀ ਹਨ।ਇਸ ਮੌਕੇ ਇੰਡਸ ਮੈਡੀਸਿਟੀ ਹਸਪਤਾਲ ਬਲੱਡ ਸੈਂਟਰ ਲੁਧਿਆਣਾ ਦੀ ਡਾ. ਸਵੇਤਾ ਅਗਰਵਾਲ ਨੇ ਦੱਸਿਆ ਕਿ ਖੂਨ ਦੇ 60 ਯੂਨਿਟ ਇਕੱਤਰ ਹੋਏ ਹਨ।ਹਰ ਵਿਅਕਤੀ ਨੂੰ ਖੂਨਦਾਨ ਦੇ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਸੇਵਕ ਸਿੰਘ ਭੱਟੀ, ਹਰਮਨਦੀਪ ਬਧੌਛੀ, ਹਿਤੇਸ਼ ਉਪਲ, ਅਨਮੋਲ ਗਿਰਧਰ, ਹਰਪ੍ਰੀਤ, ਸੰਦੀਪ ਬਲਾੜੀ, ਪੈਰੀ ਰੰਘੇੜਾ, ਮਾਨ ਸਿੰਘ, ਮਨਜੀਤ ਸਰਪੰਚ ਦਾਦੂ ਮਾਜਰਾ, ਰਮੇਸ਼ ਕੁਮਾਰ ਸੋਨੂੰ, ਪ੍ਰਿਤਪਾਲ ਜੱਸੀ, ਗੁਰਸੇਵਕ ਭਮਾਰਸੀ, ਗੁਰੀ ਸਨੌਰ ਆਦਿ ਹਾਜ਼ਰ ਸਨ।

# ਸਿਰਸਾ ਦੀ ਧਮਕੀ ਤੋਂ ਬਾਅਦ ਕਿਸਾਨ ਆਗੂ 'ਤੇ ਦਰਜ ਪਰਚਾ ਦੋ ਘੰਟਿਆਂ 'ਚ ਕੀਤਾ ਰੱਦ

## ਧਾਰਮਿਕ ਯਾਤਰਾ 'ਤੇ ਗਏ ਆਗੂ 'ਤੇ ਦਰਜ ਕੀਤਾ ਸੀ ਪੁਲਸ ਨੇ ਝੂਠਾ ਮਾਮਲਾ



**ਨਿਹਾਲ ਸਿੰਘ ਵਾਲਾ, (ਲਵਲੀ ਕੁਮਾਰ)**-ਧਾਰਮਿਕ ਯਾਤਰਾ ਲਈ ਸੱਚਖੰਡ ਹਜ਼ੂਰ ਸਾਹਿਬ ਗਏ ਇੱਕ ਅੰਮ੍ਰਿਤਧਾਰੀ ਕਿਸਾਨ ਆਗੂ 'ਤੇ ਉਸ ਦੀ ਗੈਰ-ਹਾਜ਼ਰੀ ਵਿੱਚ ਹੋਈ ਲੜਾਈ ਵਿੱਚ ਥਾਣਾ ਨਿਹਾਲ ਸਿੰਘ ਵਾਲਾ ਦੀ ਪੁਲਸ ਵੱਲੋਂ ਉਸ ਖਿਲਾਫ ਦਰਜ ਕੀਤੇ ਝੂਠੇ ਮਾਮਲੇ ਨੂੰ ਸਿੱਖ ਆਗੂ ਤੇ ਲੋਕ ਭਲਾਈ ਇਨਸਾਫ ਵੈੱਲਫੇਅਰ ਸੁਸਾਇਟੀ ਦੇ ਮੁੱਖ ਸੇਵਾਦਾਰ ਜਥੇਦਾਰ ਬਲਦੇਵ ਸਿੰਘ ਸਿਰਸਾ ਦੀ ਐੱਸ.ਐੱਸ.ਪੀ. ਦਾ ਦਫਤਰ ਘੇਰਨ ਦੀ ਧਮਕੀ ਤੋਂ ਬਾਅਦ ਮੋਗਾ ਜ਼ਿਲ੍ਹਾ ਦੀ ਪੁਲਸ ਨੂੰ ਅੰਤ ਵਿੱਚ ਕੌੜਾ ਅੱਕ ਚੱਬਣ ਲਈ ਮਜਬੂਰ ਹੋਣਾ ਪਿਆ ਅਤੇ 10 ਮਹੀਨੇ ਪਹਿਲਾਂ ਦਰਜ ਕੀਤਾ ਇਹ ਝੂਠਾ ਮਾਮਲਾ ਦੋ ਘੰਟਿਆਂ ਅੰਦਰ ਹੀ ਰੱਦ ਕਰਨਾ ਪਿਆ।ਆਪਣੇ ਇਸ ਝੂਠੇ ਮਾਮਲੇ ਨੂੰ ਰੱਦ ਕਰਵਾਉਣ ਲਈ ਪੀੜਤ ਸਰਬਜੀਤ ਸਿੰਘ ਮਾਛੀਕੇ ਨੇ ਆਪਣੀ ਬੇਗੁਨਾਹੀ ਦੇ ਮੋਗਾ ਪੁਲਸ ਨੂੰ ਸੈਂਕੜੇ ਸਬੂਤ ਦਿੱਤੇ, ਪਰ ਪੁਲਸ ਮੈਂ ਨਾ ਮਾਨੂੰ ਦੇ ਸਿਧਾਂਤ 'ਤੇ ਪਹਿਰਾ ਦਿੰਦੀ ਰਹੀ।ਅੰਤ ਜਥੇਦਾਰ ਸਿਰਸਾ ਨੇ ਪੀੜਤ ਸਰਬਜੀਤ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਮਾਛੀਕੇ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਦਿਆਂ ਜ਼ਿਲ੍ਹਾ ਮੋਗਾ ਦੀ ਪੁਲਸ ਨੂੰ ਅਲਟੀਮੇਟਮ ਦਿੰਦਿਆਂ ਇਹ ਮਾਮਲਾ ਰੱਦ ਕਰਨ ਲਈ ਕਿਹਾ ਸੀ ਤੇ ਅਜਿਹਾ ਨਾ ਕਰਨ 'ਤੇ ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੁਲਸ ਨੇ ਪੀੜਤ ਨੂੰ ਇਨਸਾਫ ਨਾ ਦਿੱਤਾ ਤਾਂ ਉਨ੍ਹਾਂ ਵੱਲੋਂ ਕੀਤੇ ਤਿੱਖੇ ਸੰਘਰਸ਼ ਵਿੱਚ ਹੋਣ ਵਾਲੇ ਨੁਕਸਾਨ ਦੀ ਜ਼ਿੰਮੇਵਾਰੀ ਜ਼ਿਲ੍ਹਾ ਮੋਗਾ ਪੁਲਸ ਦੀ ਹੋਵੇਗੀ।ਉਨ੍ਹਾਂ ਐੱਸ.ਐੱਸ.ਪੀ. ਦਫਤਰ ਘੇਰਨ ਦੀ ਚਿਤਾਵਨੀ ਵੀ ਦਿੱਤੀ ਸੀ, ਜਿਸ ਕਾਰਨ ਮੋਗਾ ਜ਼ਿਲ੍ਹੇ ਦੀ ਪੁਲਸ ਨੂੰ ਹੱਥਾਂ ਪੈਰਾਂ ਦੀ ਪੈ ਗਈ।ਜਥੇਦਾਰ ਸਿਰਸਾ ਨੇ ਕਿਹਾ ਕਿ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਗੁਰੂ ਘਰ ਗਏ ਸਰਬਜੀਤ ਸਿੰਘ ਨੂੰ ਜ਼ਮੀਨੀ ਵਿਵਾਦ ਦੌਰਾਨ ਮਾਛੀਕੇ ਵਿੱਚ ਘਟਨਾ ਸਥਾਨ 'ਤੇ ਦਿਖਾ ਕੇ ਉਸ ਖਿਲਾਫ ਝੂਠਾ ਪਰਚਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਰਬਜੀਤ ਸਿੰਘ ਆਪਣੇ 6 ਸਾਥੀਆਂ ਸਮੇਤ 10/12/2024 ਨੂੰ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਗੁਰੂ ਘਰ ਗਏ ਸੀ, 17/12/2024 ਨੂੰ ਸ਼ਾਮ ਨੂੰ ਵਾਪਸ ਆਏ ਸੀ, ਪਿੰਡ ਵਿੱਚ ਝਗੜਾ 14/12/2024 ਨੂੰ ਹੁੰਦਾ ਹੈ, ਜਦੋਂਕਿ ਉਸ ਸਮੇਂ ਸਰਬਜੀਤ ਸਿੰਘ ਹਜ਼ੂਰ ਸਾਹਿਬ ਸੀ।ਪੀੜਤ ਸਰਬਜੀਤ ਸਿੰਘ ਨੂੰ ਹਜ਼ੂਰ ਸਾਹਿਬ ਤੋਂ ਵਾਪਸ ਆਉਣ 'ਤੇ ਪਤਾ ਲੱਗਾ ਕਿ ਉਸ ਖਿਲਾਫ ਝੂਠਾ ਪਰਚਾ ਦਰਜ ਹੋ ਗਿਆ ਹੈ, ਜਿਸ ਤੋਂ ਬਾਅਦ ਉਸ ਨੇ ਪੁਲਸ ਦੇ ਉੱਚ ਅਧਿਕਾਰੀਆਂ ਤੋਂ ਲੈ ਕੇ ਜ਼ਿਲ੍ਹਾ ਪੁਲਸ ਮੁਖੀ ਤੱਕ ਨੂੰ ਇਸ ਝੂਠੇ ਮਾਮਲੇ ਦੀ ਜਾਂਚ ਦੀ ਮੰਗ ਕੀਤੀ ਸੀ, ਜਿਸ ਦੀ ਜਾਂਚ ਡੀ ਐੱਸ ਪੀ ਨਿਹਾਲ ਸਿੰਘ ਵਾਲਾ ਨੇ ਕੀਤੀ, ਪਰ ਪੁਲਸ ਨੇ ਉਸ ਨੂੰ ਇਨਸਾਫ ਦੇਣ ਦੀ ਬਜਾਏ ਉਸ ਖਿਲਾਫ ਕੋਰਟ ਵਿੱਚ ਚਲਾਨ ਪੇਸ਼ ਕਰ ਦਿੱਤਾ ਸੀ।ਬਲਦੇਵ ਸਿੰਘ ਸਿਰਸਾ ਨੇ ਚੀਫ ਸੈਕਟਰੀ ਪੰਜਾਬ, ਡੀ.ਜੀ.ਪੀ. ਪੰਜਾਬ ਪੁਲਸ, ਗ੍ਰਹਿ ਮੰਤਰੀ ਪੰਜਾਬ ਨੂੰ ਭੇਜੇ ਪੱਤਰ ਵਿੱਚ ਇਸ ਝੂਠੇ ਮਾਮਲੇ ਨੂੰ ਤੁਰੰਤ ਰੱਦ ਕਰਨ ਦੀ ਮੰਗ ਸੀ ਅਤੇ ਇਸ ਮਾਮਲੇ ਵਿੱਚ ਸ਼ਾਮਲ ਪੁਲਸ ਅਧਿਕਾਰੀਆਂ 'ਤੇ ਕਾਰਵਾਈ ਦੀ ਮੰਗ ਕੀਤੀ, ਪਰ ਪੁਲਸ ਦੇ ਕੰਨ 'ਤੇ ਜੂੰ ਨਹੀਂ ਸੀ ਸਰਕੀ।

# ਕਲਯੁਗੀ ਪੁੱਤ ਹੀ ਨਿਕਲਿਆ ਮਾਂ ਦਾ ਕਾਤਲ

## ਐੱਨ ਆਰ ਆਈ ਨਾਲ ਨਾਜਾਇਜ਼ ਸੰਬੰਧ ਹੋਣ ਦਾ ਕਰਦਾ ਸੀ ਸ਼ੱਕ



**ਹੁਸ਼ਿਆਰਪੁਰ/ਗੜ੍ਹਸ਼ੰਕਰ, (ਬਲਵੀਰ ਸਿੰਘ ਸੈਣੀ)**-ਜ਼ਿਲ੍ਹਾ ਹੁਸ਼ਿਆਰਪੁਰ ਦੇ ਕਸਬਾ ਗੜ੍ਹਸ਼ੰਕਰ ਦੇ ਪਿੰਡ ਮੋਰਾਂਵਾਲੀ ਵਿਖੇ ਐੱਨ ਆਰ ਆਈ ਤੇ ਉਸ ਦੀ ਕੇਅਰ ਟੇਕਰ ਔਰਤ ਦੇ ਹੋਏ ਦੋਹਰੇ ਕਤਲ ਮਾਮਲੇ 'ਚ ਮ੍ਰਿਤਕ ਔਰਤ ਦਾ ਪੁੱਤ ਹੀ ਆਪਣੀ ਮਾਂ ਦਾ ਕਾਤਲ ਨਿਕਲਿਆ ਹੈ, ਜਿਸ ਨੇ ਆਪਣੇ ਸਾਥੀਆਂ ਨਾਲ ਮਿਲਕੇ ਮਾਂ ਦੇ ਨਾਜਾਇਜ਼ ਸੰਬੰਧਾਂ ਦੇ ਸ਼ੱਕ ਕਾਰਨ ਇਸ ਕਤਲ ਨੂੰ ਅੰਜਾਮ ਦਿੱਤਾ। ਜ਼ਿਕਰਯੋਗ ਹੈ ਕਿ ਪਿੰਡ ਮੋਰਾਂਵਾਲੀ ਵਿਖੇ ਐੱਨਆਰਆਈ ਸੰਤੋਖ ਸਿੰਘ ਪੁੱਤਰ ਗਿਆਨ ਸਿੰਘ ਜੋ ਕੈਨੇਡਾ ਰਹਿੰਦਾ ਹੈ ਅਤੇ ਪਿਛਲੇ ਕੁਝ ਸਮੇਂ ਤੋਂ ਪਿੰਡ ਆਇਆ ਹੋਇਆ ਸੀ ਅਤੇ ਉਸ ਦੇ ਘਰ 'ਚ ਕੇਅਰ ਟੇਕਰ ਵਜੋਂ ਰਹਿੰਦੀ ਔਰਤ ਮਨਜੀਤ ਕੌਰ ਪਤਨੀ ਲਖਵਿੰਦਰ ਸਿੰਘ ਵਾਸੀ ਬਾਠਾਂ ਥਾਣਾ ਨੂਰਮਹਿਲ (ਜਲੰਧਰ) ਦਾ ਕੁਝ ਦਿਨ ਪਹਿਲਾਂ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਜਿਸ ਬਾਰੇ ਵੀਰਵਾਰ ਦੀ ਸਵੇਰ ਪਤਾ ਲੱਗਣ 'ਤੇ ਇਲਾਕੇ ਵਿਚ ਸਨਸਨੀ ਫੈਲ ਗਈ। ਥਾਣਾ ਗੜ੍ਹਸ਼ੰਕਰ ਦੇ ਐੱਸ ਐੱਚ ਓ ਇੰਸਪੈਕਟਰ ਗਗਨਦੀਪ ਸਿੰਘ ਦੇ ਬਿਆਨਾਂ 'ਤੇ ਪੁਲਸ ਵਲੋਂ ਦਰਜ ਮਾਮਲੇ ਅਨੁਸਾਰ ਮਨਜੀਤ ਕੌਰ ਅਤੇ ਐੱਨਆਰਆਈ ਦੇ ਇਸ ਕਤਲ ਦੀ ਘਟਨਾ ਵਾਪਰੀ ਸੀ ਜਿਸ ਸੰਬੰਧੀ ਕੀਤੀ ਤਫਤੀਸ਼ ਮੁਤਾਬਿਕ ਇਹ ਸਾਹਮਣੇ ਆਇਆ ਕਿ ਇਸ ਕਤਲ ਦੀ ਵਾਰਦਾਤ ਨੂੰ ਮ੍ਰਿਤਕ ਔਰਤ ਦੇ ਪੁੱਤਰ ਮਨਦੀਪ ਸਿੰਘ ਵਾਸੀ ਬਾਠਾਂ ਹਾਲ ਵਾਸੀ ਮੋਰਾਂਵਾਲੀ ਨੇ ਆਪਣੇ 2-3 ਸਾਥੀਆਂ ਨਾਲ ਮਿਲ ਕੇ ਅੰਜਾਮ ਦਿੱਤਾ ਹੈ। ਜਾਣਕਾਰੀ ਮੁਤਾਬਿਕ ਮਨਦੀਪ ਸਿੰਘ ਦੇ ਐੱਨ ਆਰ ਆਈ ਨਾਲ ਨਾਜਾਇਜ਼ ਸੰਬੰਧ ਹੋਣ ਦਾ ਸ਼ੱਕ ਕਰਦਾ ਸੀ ਅਤੇ ਉਸ ਨੂੰ ਸੰਤੋਖ ਸਿੰਘ ਦੇ ਨਾਲ ਨਾਜਾਇਜ਼ ਸੰਬੰਧ ਰੱਖਣ ਤੋਂ ਰੋਕਦਾ ਸੀ, ਇਸੇ ਰੰਜਿਸ਼ ਕਰਕੇ ਮਨਦੀਪ ਸਿੰਘ ਉਰਫ ਦੀਪ ਨੇ ਆਪਣੇ 2-3 ਸਾਥੀਆਂ ਨਾਲ ਮਿਲ ਕੇ ਦੋਵਾਂ ਦਾ ਕਤਲ ਕਰ ਦਿੱਤਾ। ਪੁਲਸ ਵਲੋਂ ਘਟਨਾ ਨੇ ਮਨਦੀਪ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ ਜਦਕਿ ਬਾਕੀਆਂ ਦੀ ਭਾਲ ਕੀਤੀ ਜਾ ਰਹੀ ਹੈ।

# ਪੰਜਾਬ ਤੇ ਕੇਂਦਰ ਸਰਕਾਰ ਦੇ ਅਰਥੀ ਫੂਕ ਮੁਜ਼ਾਹਰੇ 6 ਨੂੰ



**ਲੌਂਗੋਵਾਲ, (ਪ੍ਰਦੀਪ ਸੱਪਲ)** ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੀ ਬਲਾਕ ਸੰਗਰੂਰ ਦੀ ਮੀਟਿੰਗ ਪਿੰਡ ਮੰਗਵਾਲ ਦੇ ਗੁਰੂਘਰ ਵਿਖੇ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਕੁਲਵਿੰਦਰ ਸੋਨੀ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ 'ਚ ਸੂਬਾ ਕਾਰਜਕਾਰੀ ਆਗੂ ਜਸਵਿੰਦਰ ਲੌਂਗੋਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

ਸੂਬਾ ਕਾਰਜਕਾਰੀ ਆਗੂ ਜਸਵਿੰਦਰ ਲੌਂਗੋਵਾਲ ਨੇ ਕਿਹਾ ਕਿ ਪੰਜਾਬ ਵਿੱਚ ਹੜ੍ਹਾਂ ਨਾਲ ਫ਼ਸਲਾਂ, ਪਸ਼ੂਆਂ ਤੇ ਘਰਾਂ ਦਾ ਵੱਡੀ ਪੱਧਰ ਤੇ ਨੁਕਸਾਨ ਹੋਇਆ ਹੈ ਅਤੇ 60 ਦੇ ਕਰੀਬ ਇਨਸਾਨੀ ਜਾਨਾਂ ਚਲੀਆਂ ਗਈਆਂ ਹਨ, ਪਰ ਪੰਜਾਬ ਸਰਕਾਰ ਨਿਗੂਣੇ ਮੁਆਵਜ਼ੇ ਸਿਰਫ ਐਲਾਨਾਂ ਵਿੱਚ ਦੇ ਕੇ ਪੰਜਾਬ ਦੇ ਕਿਸਾਨਾਂ-ਮਜ਼ਦੂਰਾਂ ਨਾਲ ਕੋਝਾ ਮਜ਼ਾਕ ਕਰ ਰਹੀ ਹੈ।ਦੂਜੇ ਪਾਸੇ ਕਿਸਾਨਾਂ ਉੱਪਰ ਪਰਾਲੀ ਸਾੜਨ ਦੇ ਪਰਚੇ ਦਰਜ ਕਰਨ ਦੇ ਨਾਲ-ਨਾਲ ਕਿਸਾਨਾਂ ਦੀਆਂ ਗ੍ਰਿਫ਼ਤਾਰੀਆਂ ਕਰ ਰਹੀ ਹੈ, ਜਦਕਿ ਖੇਤੀ ਕਿੱਤੇ ਵਿੱਚੋਂ ਪ੍ਰਦੂਸ਼ਣ ਦੀ ਦਰ 6 ਪ੍ਰਤੀਸ਼ਤ ਤੋਂ ਵੀ ਘੱਟ ਹੈ, ਜਿਹੜੀ ਸੁਪਰੀਮ ਕੋਰਟ ਕਿਸਾਨਾਂ ਨੂੰ ਗ੍ਰਿਫ਼ਤਾਰ ਕਰਨ ਦੇ ਹੁਕਮ ਦੇ ਰਹੀ ਹੈ। ਉਹੀ ਸੁਪਰੀਮ ਕੋਰਟ ਵੱਲੋਂ 200 ਰੁਪਏ ਪ੍ਰਤੀ ਕੁਇੰਟਲ ਦੇ ਮੁਆਵਜ਼ੇ ਪਰਾਲੀ ਦੇ ਹੱਲ ਲਈ ਦੇਣ ਲਈ ਸਰਕਾਰਾਂ ਨੂੰ ਕਿਹਾ ਹੈ, ਪਰ ਕਿਸੇ ਵੱਲੋਂ ਵੀ ਬੋਨਸ ਕਿਸਾਨਾਂ ਨੂੰ ਨਾ ਦੇ ਕੇ ਧੱਕੇ ਨਾਲ ਪਰਚੇ ਪਾ ਕੇ ਗ੍ਰਿਫ਼ਤਾਰੀਆਂ ਕੀਤੀਆਂ ਜਾ ਰਹੀਆਂ ਹਨ, ਜ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ।ਇਸ ਲਈ ਹੜ੍ਹਾਂ ਦੇ ਨੁਕਸਾਨ ਦਾ ਕਿਸਾਨ-ਮਜ਼ਦੂਰ ਮੋਰਚੇ ਵੱਲੋਂ ਮੰਗਿਆ ਮੁਆਵਜ਼ਾ ਦਿਵਾਉਣ ਤੇ ਪੰਜਾਬ ਸਰਕਾਰ ਵੱਲੋਂ ਪਰਾਲੀ ਸਾੜਨ ਤੇ ਕਿਸਾਨਾਂ ਦੀਆਂ ਕੀਤੀਆਂ ਜਾ ਰਹੀਆਂ ਗ੍ਰਿਫ਼ਤਾਰੀਆਂ ਦੇ ਵਿਰੋਧ ਵਜੋਂ 6 ਅਕਤੂਬਰ ਨੂੰ ਬਲਾਕ ਪੱਧਰੀ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਦੇ ਅਰਥੀ ਫੂਕ ਮੁਜ਼ਾਹਰੇ ਕੀਤੇ ਜਾਣਗੇ। ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਪਰਵਾਰ ਵਿੱਚ ਵੀ ਵੱਡੀ ਪੱਧਰ 'ਤੇ ਵਾਧਾ ਹੋਇਆ।ਇਸ ਸਮੇਂ ਕੁਲਵਿੰਦਰ ਸੋਨੀ ਲੌਂਗੋਵਾਲ ਨੇ ਭਾਕਿਯੂ ਉਗਰਾਹਾਂ ਨੂੰ ਛੱਡ ਕੇ ਭਾਕਿਯੂ ਆਜ਼ਾਦ ਵਿੱਚ ਸੈਂਕੜੇ ਸਾਥੀਆਂ ਸਮੇਤ ਸ਼ਾਮਲ ਹੋਏ, ਜਿਨ੍ਹਾਂ ਵਿੱਚ ਗੁਰਵਿੰਦਰ ਮੰਗਵਾਲ, ਗੁਰਦੀਪ ਕਮੋਮਾਜਰਾ, ਰਣਜੀਤ ਸਿੰਘ ਭੋਲਾ, ਗੁਰਵਿੰਦਰ ਬਡਰੁੱਖਾਂ, ਹਰਵਿਆਲ ਸਿੰਘ ਕਮੋਮਾਜਰਾ, ਸੁਰਜੀਤ ਸਿੰਘ ਗੋਦਾਰਾ, ਪਾਲ ਸਿੰਘ ਗੋਦਾਰਾ, ਜੋਨੀ ਸਿੰਘ ਰਜਵਾੜਾ, ਦਲਜੀਤ ਸਿੰਘ ਜੀਤੀ, ਭੁਪਿੰਦਰ ਸਿੰਘ ਨਾਈਵਾਲਾ, ਜਗਸੀਰ ਸਿੰਘ ਗੋਦਾਰਾ, ਭੁਪਿੰਦਰ ਸਿੰਘ ਕਮੋਮਾਜਰਾ ਆਦਿ ਨੂੰ ਜੀ ਆਇਆਂ ਆਖਿਆ।

# ਯੂਥ ਕਲੱਬ ਪੰਜਾਬ ਨੇ ਸਿਹੋੜਾ ਖੁਰਦ ਵਿਖੇ ਖੂਨਦਾਨ ਕੈਂਪ ਲਗਾਇਆ



**ਪਠਾਨਕੋਟ, (ਦਵਿੰਦਰ ਸਿੰਘ)**-ਸ਼ਹੀਦੇ ਆਜ਼ਮ ਸ. ਭਗਤ ਸਿੰਘ ਦੇ ਜਨਮਦਿਵਸ 'ਤੇ ਪੂਰੇ ਪੰਜਾਬ ਅੰਦਰ ਯੂਥ ਕਲੱਬ ਪੰਜਾਬ ਵੱਲੋਂ ਖੂਨਦਾਨ ਕੈਂਪ ਲਗਾਏ ਜਾ ਰਹੇ ਹਨ। ਨੌਜਵਾਨਾਂ ਵਿੱਚ ਇੱਕ ਵੱਖਰਾ ਜੋਸ਼ ਵੇਖਣ ਨੂੰ ਮਿਲ ਰਿਹਾ ਹੈ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਸਿਹੋੜਾ ਖੁਰਦ ਵਿਖੇ ਯੂਥ ਕਲੱਬ ਪੰਜਾਬ ਵੱਲੋਂ ਲਗਾਏ ਗਏ ਖੂਨਦਾਨ ਕੈਂਪ ਵਿੱਚ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਹਿਬ ਸਿੰਘ ਸਾਬਾ, ਤਰਸੇਮ ਸਿੰਘ ਯੂਥ ਕੋਆਰਡੀਨੇਟਰ ਹਲਕਾ ਭੋਆ, ਪ੍ਰੇਮ ਸਿੰਘ, ਵਿੱਕੀ ਚੰਡੀਗੜ੍ਹ, ਰਵੀ ਸਰਪੰਚ ਮਿਆਨੀ, ਬਿੱਟੂ ਸਰਪੰਚ, ਸਾਹਿਲ ਰਮਕਾਲਮਾਂ, ਸਿਮਰ, ਜਤਿੰਦਰ ਭਗਵਾਨਪੁਰ, ਛੋਟੂ ਸਰਪੰਚ, ਸ਼ਸ਼ੀ ਪਾਲ ਸਿੰਘ, ਕਮਲਦੀਪ, ਮਾਨਸੂ, ਪਵਨ, ਬੋਧ ਰਾਜ, ਕੰਨੂ ਕੋਠੀ, ਮਦਨ ਲਾਲ ਅਤੇ ਹੋਰ ਯੂਥ ਕਲੱਬ ਦੇ ਮੈਂਬਰ ਸਾਹਿਬਾਨ ਹਾਜ਼ਰ ਸਨ।ਉਨ੍ਹਾਂ ਕਿਹਾ ਕਿ ਪੰਜਾਬ 'ਚ ਜਦੋਂ ਆਪ ਦੀ ਸਰਕਾਰ ਬਣੀ ਸੀ ਤਾਂ ਸ਼ਹੀਦੇ ਆਜ਼ਮ ਸ. ਭਗਤ ਸਿੰਘ ਦੇ ਜੱਦੀ ਪਿੰਡ ਵਿਖੇ ਸੰਹੁ-ਚੁੱਕ ਕੇ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਦਾ ਸਫਰ ਜਾਰੀ ਕੀਤਾ ਗਿਆ ਸੀ।ਉਨ੍ਹਾਂ ਅੱਜ ਦੇ ਲਗਾਏ ਗਏ ਖੂਨਦਾਨ ਕੈਂਪ ਦੇ ਚਲਦਿਆਂ ਨੌਜਵਾਨਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਆਓ ਸਾਰੇ ਮਿਲ ਕੇ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਦਾ ਭਾਰਤ ਸਿਰਜੀਏ।

# ਕੋਟ ਫਤੂਹੀ ਵਿਖੇ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਕੋਟ ਫਤੂਹੀ ਐਸ ਜੀ ਆਰ ਹਸਪਤਾਲ ਮੰਨਣਹਾਣਾ ਰੋਡ ਕੋਟ ਫਤੂਹੀ ਵਿਖੇ ਡਾਕਟਰ ਪਰਮਿੰਦਰ ਸੂਦ ਦੀ ਅਗਵਾਈ ਹੇਠ ਸ਼ਹੀਦੇ-ਏ-ਆਜ਼ਮ ਸਰਦਾਰ ਭਗਤ ਸਿੰਘ ਦਾ ਜਨਮ ਦਿਹਾੜਾ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ ਅਤੇ ਸਮੂਹ ਸਟਾਫ ਵੱਲੋਂ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ ਕੇਕ ਕੱਟ ਕੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਡਾਕਟਰ ਪਰਮਿੰਦਰ ਸੂਦ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਕਿ ਸਾਨੂੰ ਸ਼ਹੀਦਾ ਦੀ ਕੁਰਬਾਨੀ ਨੂੰ ਸਦਾ ਯਾਦ ਰੱਖਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਭਰ ਜਵਾਨੀ ਵਿੱਚ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਆਪਣੇ ਦੇਸ਼ ਨੂੰ ਆਜ਼ਾਦੀ ਦਿਵਾਉਣ ਲਈ ਅਤੇ ਗੁਲਾਮੀ ਦੀਆਂ ਜੰਜੀਰਾਂ ਨੂੰ ਮੁਕਤ ਕਰਨ ਲਈ ਫਾਂਸੀ ਦਾ ਰੱਸਾ ਚੁੰਮ ਕੇ ਸਦਾ ਲਈ ਅਮਰ ਹੋ ਗਏ। ਇਸ ਮੌਕੇ ਡਾਕਟਰ ਪਰਮਿੰਦਰ ਸੂਦ ਨੇ ਕਿਹਾ ਕਿ ਸਾਨੂੰ ਸ਼ਹੀਦ ਭਗਤ ਸਿੰਘ ਜੀ ਦੀ ਕੁਰਬਾਨੀ ਨੂੰ ਸਦਾ ਯਾਦ ਰੱਖਣਾ ਚਾਹੀਦਾ ਹੈ। ਜਿਨ੍ਹਾਂ ਨੇ ਆਪਣੀ ਜਾਨ ਦੇਸ਼ ਕੌਮ ਤੋਂ ਕੁਰਬਾਨ ਕਰਕੇ ਸਾਨੂੰ ਆਜ਼ਾਦੀ ਲੈ ਕੇ ਦਿੱਤੀ ਹੈ। ਜਿਸ ਆਜ਼ਾਦੀ ਦਾ ਅਸੀਂ ਅੱਜ ਆਨੰਦ ਮਾਣ ਰਹੇ ਹਾਂ। ਸਾਨੂੰ ਸ਼ਹੀਦਾਂ ਦੀ ਕੁਰਬਾਨੀ ਨੂੰ ਸਦਾ ਯਾਦ ਰੱਖਣਾ ਚਾਹੀਦਾ ਹੈ। ਇਸ ਮੌਕੇ ਸਮਾਗਮ ਦੇ ਅੰਤ ਵਿੱਚ ਸ਼ਹੀਦੇ ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਲੱਡੂ ਵੰਡੇ ਗਏ।ਰਾਮ ਪ੍ਰਕਾਸ਼ ਸੂਦ ਗੀਹਲਾ, ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ, ਡਾਕਟਰ ਗਗਨਦੀਪ ਸਿੰਘ ਗੋਪਾਲੀਆ, ਨੀਲਮ ਕੁਮਾਰ ਪਚਨੰਗਲਾ, ਡਾਕਟਰ ਭੁਪਿੰਦਰ ਕੁਮਾਰ ਕੋਟ ਫਤੂਹੀ, ਡਾਕਟਰ ਐਮ ਐਸ ਕੋਲ ਨੰਗਲ ਕਲਾਂ, ਡਾਕਟਰ ਪ੍ਰਦੀਪ ਕੁਮਾਰ ਕੋਟ ਫਤੂਹੀ, ਗੀਤੂ, ਭੀਮਾ, ਬਲਜਿੰਦਰ ਸਿੰਘ ਸਰਹਾਲਾ ਕਲਾਂ, ਅਕਾਸ਼, ਮਨਜੀਤ ਸਿੰਘ ਲਾਲਪੁਰ, ਵੰਸ਼, ਬਲਵੀਰ ਕੌਰ, ਮਿੰਟੂ, ਚੰਨਾ, ਸੰਤੋਸ ਕੁਮਾਰੀ, ਸੰਜੈ ਆਦਿ ਹਾਜ਼ਰ ਸਨ।

# ਵਧੀਆ ਸੇਵਾਵਾਂ ਲਈ ਅਧਿਆਪਕ ਨਿੱਕੂਵਾਲ ਦਾ ਸਨਮਾਨ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਪ੍ਰਵਾਸੀ ਪੰਜਾਬੀ ਫਰੈਂਡਸ ਕਲੱਬ ਨੰਗਲ ਡੈਮ ਟੋਰਾਂਟੋ ਕੈਨੇਡਾ ਵੱਲੋਂ ਸ਼ਹੀਦ-ਏ-ਆਜਮ ਸਰਦਾਰ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਪਿੰਡ ਢੇਰ ਵਿਖੇ ਕਰਵਾਏ ਸਮਾਗਮ ਦੌਰਾਨ ਸਰਕਾਰੀ ਪ੍ਰਾਇਮਰੀ ਸਕੂਲ ਅੱਪਰ ਮੀਢਵਾਂ ਵਿਖੇ ਤੈਨਾਤ ਈ ਟੀ ਟੀ ਅਧਿਆਪਕ ਜਰਨੈਲ ਸਿੰਘ ਨਿੱਕੂਵਾਲ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਕਲੱਬ ਦੇ ਪ੍ਰਧਾਨ ਪ੍ਰਵਾਸੀ ਭਾਰਤੀ ਬਲਜੀਤ ਸਿੰਘ ਬਡਵਾਲ ਦੀ ਅਗਵਾਈ ਹੇਠ ਹੋਏ ਸਮਾਗਮ ਵਿੱਚ ਬੋਲਦਿਆਂ ਵਾਤਾਵਰਣ ਪ੍ਰੇਮੀ ਗੁਰਪ੍ਰੀਤ ਸਿੰਘ ਗਰੇਵਾਲ ਨੇ ਪਹਿਲਾਂ ਸ਼ਹੀਦ-ਏ-ਆਜਮ ਸਰਦਾਰ ਭਗਤ ਸਿੰਘ ਦੇ ਜੀਵਨ ਤੇ ਵਿਚਾਰ ਚਰਚਾ ਕੀਤੀ।ਉਪਰੰਤ ਕਿਹਾ ਕਿ ਅਧਿਆਪਕ ਨਿੱਕੂਵਾਲ ਵੱਲੋਂ ਜਿੱਥੇ ਅਧਿਆਪਨ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ।ਉੱਥੇ ਹੀ ਖੇਡਾਂ ਨੂੰ ਪ੍ਰਫੁੱਲਤ ਕਰਨ ਦੇ ਨਾਲ ਨਾਲ ਵਾਤਾਵਰਣ ਸੰਭਾਲ ਅਤੇ ਸਮਾਜ ਸੁਧਾਰ ਲਈ ਵੀ ਕੰਮ ਕੀਤਾ ਜਾ ਰਿਹਾ ਹੈ।ਅੰਤ ਵਿੱਚ ਅਧਿਆਪਕ ਨਿੱਕੂਵਾਲ ਨੇ ਕਲੱਬ ਦੇ ਪ੍ਰਧਾਨ ਸਮੇਤ ਸਮੁੱਚੇ ਮੈਂਬਰਾਂ ਦਾ ਇਸ ਦਿੱਤੇ ਸਨਮਾਨ ਲਈ ਧੰਨਵਾਦ ਕੀਤਾ। ਇਸ ਮੌਕੇ ਯੋਗੇਸ਼ ਸਚਦੇਵਾ, ਸ਼ਿਵ ਕੁਮਾਰ ਕਾਲੀਆ, ਭਾਜਪਾ ਦੇ ਮੰਡਲ ਪ੍ਰਧਾਨ ਮੋਹਿਤ ਸ਼ਰਮਾ, ਅਮਰੀਕ ਸਿੰਘ ਪੰਮੀ, ਕੁਲਦੀਪ ਸਿੰਘ ਪਰਮਾਰ, ਸੁਰਿੰਦਰ ਸਿੰਘ ਭਟਨਾਗਰ, ਮਨਜੀਤ ਸਿੰਘ ਮਾਵੀ, ਮਨਿੰਦਰ ਰਾਣਾ ਆਦਿ ਵੀ ਹਾਜਰ ਸਨ।

# ਬਸਪਾ 9 ਨੂੰ ਫਿਲੌਰ 'ਚ ਕਰੇਗੀ ਮਹਾਂ-ਰੈਲੀ : ਕਰੀਮਪੁਰੀ



**ਹੁਸ਼ਿਆਰਪੁਰ (ਓ ਪੀ ਰਾਣਾ)**-ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਹੁਸ਼ਿਆਰਪੁਰ ਦੀ ਵਿਸ਼ੇਸ਼ ਮੀਟਿੰਗ ਗੁਰਨਾਮ ਚੌਧਰੀ ਕੋਆਰਡੀਨੇਟਰ ਪੰਜਾਬ ਦੀ ਅਗਵਾਈ ਹੇਠ ਕਮਾਲਪੁਰ ਵਿਖੇ ਹੋਈ। ਇਸ ਮੌਕੇ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਮੁੱਖ ਮਹਿਮਾਨ ਸ਼ਾਮਿਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਕਰੀਮਪੁਰੀ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ 'ਤਖਤ ਬਦਲ ਦਿਓ ਤਾਜ ਬਦਲ ਦਿਓ,ਬੇਈਮਾਨਾਂ ਦਾ ਰਾਜ ਬਦਲ ਦਿਓ' ਨਾਅਰਾ ਬੁਲੰਦ ਹੋਵੇਗਾ ।ਕਰੀਮਪੁਰੀ ਨੇ ਕਿਹਾ ਕਿ 9 ਅਕਤੂਬਰ ਨੂੰ ਬਹੁਜਨ ਸਮਾਜ ਪਾਰਟੀ ਵੱਲੋਂ ਬਸਪਾ ਬਾਨੀ ਕਾਂਸ਼ੀ ਰਾਮ ਦੇ ਪ੍ਰੀ ਨਿਰਵਾਣ ਦਿਵਸ ਤੇ ਫਿਲੌਰ ਵਿਖੇ 'ਤਖਤ ਬਦਲ ਦਿਓ ਤਾਜ ਬਦਲ ਦਿਓ' ਸੂਬਾ ਪੱਧਰ ਤੇ ਮਹਾਂਰੈਲੀ ਕੀਤੀ ਜਾਵੇਗੀ,ਜਿਸ ਦੀਆਂ ਤਿਆਰੀਆਂ ਲਈ ਜਿਲਾ ਹੁਸ਼ਿਆਰਪੁਰ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਪਾਰਟੀ ਦੀ ਜਿੰਮੇਵਾਰ ਲੀਡਰਸ਼ਿਪ ਸ਼ਾਮਿਲ ਹੋਈ। ਇਸ ਮੌਕੇ ਬਸਪਾ ਸਟੇਟ ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ, ਸਟੇਟ ਸੈਕਟਰੀ ਰਣਵੀਰ ਬਾਬਾ, ਸਟੇਟ ਸੈਕਟਰੀ ਮਨਿੰਦਰ ਸ਼ੇਰਪੁਰੀ, ਸਟੇਟ ਸੈਕਟਰੀ ਸੁਖਦੇਵ ਬਿੱਟਾ, ਜਿਲਾ ਪ੍ਰਧਾਨ ਦਲਜੀਤ ਰਾਏ, ਐਡਵੋਕੇਟ ਧਰਮਿੰਦਰ ਦਾਦਰਾ ਜਨਰਲ ਸਕੱਤਰ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਚੱਬੇਵਾਲ,ਉਪ ਪ੍ਰਧਾਨ ਸੋਮਨਾਥ ਬੈਂਸ, ਬਖਸ਼ੀਸ਼ ਭੀਮ ਜਿਲਾ ਕੋਆਰਡੀਨੇਟਰ, ਇੰਚਾਰਜ ਨਿਸ਼ਾਨ ਚੌਧਰੀ, ਮਦਨ ਸਿੰਘ ਬੈਂਸ ਇੰਚਾਰਜ ਹੁਸ਼ਿਆਰਪੁਰ,ਸੁਰਜੀਤ ਮਹਿਮੀ ਪ੍ਰਧਾਨ ਹੁਸ਼ਿਆਰਪੁਰ, ਦਿਨੇਸ਼ ਪਪੂ, ਇਨਚਾਰਜ ਬੰਟੀ ਬਾਜ ਤੋਂ ਇਲਾਵਾ ਵਿਧਾਨ ਸਭਾ ਹਲਕਿਆਂ ਦੇ ਪ੍ਰਧਾਨ ਵੀ ਹਾਜ਼ਰ ਸਨ।

# ਲੜਕੀ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 3.70 ਲੱਖ ਠੱਗੇ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਇਕ ਲੜਕੀ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਉਸ ਕੋਲੋਂ 3 ਲੱਖ 70 ਹਜ਼ਾਰ ਰੁਪਏ ਠੱਗਣ ਦੇ ਦੋਸ਼ ਵਿੱਚ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਇਕ ਲੜਕੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਬਲਦੇਵ ਸਿੰਘ ਨੇ ਦੱਸਿਆ ਕਿ ਦਰਖਾਸਤ ਯੂਆਈਡੀ ਨੰਬਰ 622325 ਮਿਤੀ 18 ਜੁਲਾਈ 2024 ਵੱਲੋਂ ਸੁਖਦੀਪ ਕੌਰ ਪਤਨੀ ਸੰਦੀਪ ਸਿੰਘ ਵਾਸੀ ਸਿਟੀ ਪਲਾਜਾ ਪੈਲੇਸ ਦੇ ਬੈਕਸਾਈਡ ਨੇੜੇ ਮਾਤਾ ਵਾਰਡ ਬਸਤੀ ਨਿਜ਼ਾਮਦੀਨ ਵਾਲੀ ਜ਼ਿਲ੍ਹਾ ਫਿਰੋਜ਼ਪੁਰ ਬਾਅਦ ਪੜਤਾਲ ਉਪ ਕਪਤਾਨ ਪੁਲਸ ਪੀਬੀਆਈ ਫਿਰੋਜ਼ਪੁਰ ਤੇ ਬਾਅਦ ਮਨਜ਼ੂਰੀ ਐੱਸਐੱਸਪੀ ਫਿਰੋਜ਼ਪੁਰ ਵੱਲੋਂ ਥਾਣਾ ਮੌਸੂਲ ਹੋਈ ਕਿ ਉਸ ਦੀ ਲੜਕੀ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਦਵਿੰਦਰ ਕੌਰ ਪੁੱਤਰੀ ਜਸਵੰਤ ਸਿੰਘ ਵਾਸੀ ਪਿੰਡ ਕਰਮੂਵਾਲਾ ਨੇ ਉਸ ਨਾਲ 3 ਲੱਖ 70 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਦੇਵ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਲੜਕੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਮਹਾਰਾਜਾ ਅਗਰਸੈਨ ਜਯੰਤੀ ਧੂਮਧਾਮ ਨਾਲ ਮਨਾਈ



**ਸਰਦੂਲਗੜ੍ਹ (ਅਵਤਾਰ ਜਟਾਣਾ)** ਅਗਰਵਾਲ ਸਭਾ ਵੱਲੋਂ ਮਹਾਰਾਜਾ ਅਗਰਸੈਨ ਜਯੰਤੀ ਰਥ ਯਾਤਰਾ ਕੱਢ ਕੇ ਮਨਾਈ। ਇਹ ਰਥ ਯਾਤਰਾ ਸ਼੍ਰੀ ਹਨੂੰਮਾਨ ਮੰਦਰ ਤੋਂ ਸ਼ੁਰੂ ਹੋ ਕੇ ਵੱਖ-ਵੱਖ ਬਜਾਰਾਂ ਵਿਚੋਂ ਹੁੰਦੀ ਹੋਈ ਪੁਰਾਣਾ ਬਾਜ਼ਾਰ ਸਥਿਤ ਸ਼੍ਰੀ ਸਨਾਤਨ ਧਰਮ ਮੰਦਰ ਧਰਮਸ਼ਾਲਾ ਵਿਖੇ ਸਮਾਪਤ ਹੋਈ। ਰਥ ਯਾਤਰਾ ਵਿੱਚ ਸ਼ਹਿਰ ਦੇ ਸਮੂਹ ਅਗਰਵਾਲ ਪਰਿਵਾਰਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਹਲਕਾ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਵੀ ਯਾਤਰਾ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸ਼ਹਿਰ ਦੀਆਂ ਧਾਰਮਿਕ ਤੇ ਵਪਾਰਕ ਜਥੇਬੰਦੀਆਂ ਵੱਲੋਂ ਸਵਾਗਤੀ ਗੇਟ ਅਤੇ ਰਿਫਰੈਸ਼ਮੈਂਟ ਲਈ ਵੀ ਸਟਾਲ ਵੀ ਲਾਏ ਗਏ। ਇਸ ਮੌਕੇ ਹਲਕਾ ਵਿਧਾਇਕ ਬਣਾਂਵਾਲੀ ਨੇ ਸਮੂਹ ਸੰਗਤਾਂ ਨੂੰ ਮਹਾਰਾਜਾ ਅਗਰਸੈਨ ਜਯੰਤੀ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਮਹਾਰਾਜਾ ਅਗਰਸੈਨ ਜੀ ਬਹੁਤ ਮਹਾਨ ਸ਼ਾਸ਼ਕ ਹੋਏ ਹੈ ਉਨ੍ਹਾਂ ਦੇ ਰਾਜ ਵਿੱਚ ਹਰ ਗਰੀਬ ਨੂੰ ਬਰਾਬਰ ਕਰਨ ਲਈ ਇਕ ਰੁਪਿਆ ਅਤੇ ਇੱਕ ਇੱਟ ਦੇਣ ਦੀ ਪ੍ਰਥਾ ਚਲਾਈ ਗਈ। ਲੋੜ ਹੈ ਸਾਨੂੰ ਭਾਈਚਾਰਕ ਸਾਂਝ ਬਣਾ ਕੇ ਰੱਖਣ ਦੀ ਅਤੇ ਪੂਰਵਜਾਂ ਦੇ ਪਾਏ ਪੂਰਨਿਆਂ ਤੇ ਚੱਲਣ ਦੀ। ਅਗਰਵਾਲ ਸਭਾ ਦੇ ਪ੍ਰਧਾਨ ਸਤੀਸ਼ ਲਹਿਰੀ ਨੇ ਮਹਾਰਾਜਾ ਅਗਰਸੈਨ ਜਯੰਤੀ ਦੇ ਸ਼ੁਭ ਦਿਹਾੜੇ ਤੇ ਸਮੂਹ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਉਨ੍ਹਾਂ ਦੇ ਦੱਸੇ ਰਸਤੇ 'ਤੇ ਚੱਲਣਾ ਚਾਹੀਦਾ ਹੈ ਅਤੇ ਆਪਸੀ ਭਾਈਚਾਰਕ ਸਾਂਝ ਬਣਾ ਕੇ ਰੱਖਣੀ ਚਾਹੀਦੀ ਹੈ।

# ਐੱਨ.ਐੱਸ.ਐੱਸ ਫਾਊਂਡੇਸ਼ਨ ਡੇਅ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਢੱਡੇ ਵਿਖੇ ਐਨ.ਐੱਸ.ਐੱਸ. ਫਾਊਂਡੇਸ਼ਨ ਡੇਅ ਵੱਡੇ ਉਤਸ਼ਾਹ ਨਾਲ ਮਨਾਇਆ ਗਿਆ।ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ ਤੇ ਐਮ.ਡੀ. ਗੁਰਬਿੰਦਰ ਸਿੰਘ ਬੱਲੀ ਨੇ ਵਿਦਿਆਰਥੀਆਂ ਨੂੰ ਐਨ.ਐੱਸ.ਐੱਸ. ਦੇ ਨਾਅਰਿਆਂ ਤੇ ਉਸਦੇ ਮੂਲ ਸਿਧਾਂਤਾਂ ਨਾਲ ਜਾਣੂ ਕਰਾਇਆ ਅਤੇ ਭਾਈ ਘਨੱਈਆ ਦੀ ਨਿਸ਼ਕਾਮ ਸੇਵਾ ਦੀਆਂ ਉਦਾਹਰਣਾਂ ਦੇ ਕੇ ਵਿਦਿਆਰਥੀਆਂ ਨੂੰ ਸਮਝਾਉਣ ਦਾ ਯਤਨ ਕੀਤਾ। ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਪਰਮਿੰਦਰ ਸਿੰਘ ਸਿੱਧੂ ਤੇ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਕੇਕ ਕੱਟ ਕੇ ਐਸ.ਐੱਸ.ਐੱਸ ਦੇ ਇਸ ਦਿਨ ਨੂੰ ਯਾਦਗਾਰ ਬਣਾ ਦਿੱਤਾ।ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਕਿਹਾ ਕਿ ਐਨ.ਐੱਸ.ਐੱਸ. ਦਾ ਮੰਤਵ "Not Me But You" (ਮੈਂ ਨਹੀਂ, ਤੂੰ) ਹੈ, ਜੋ ਵਿਦਿਆਰਥੀਆਂ ਵਿੱਚ ਨਿਸ਼ਕਾਮ ਸੇਵਾ, ਏਕਤਾ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦਾ ਹੈ। ਸਟੇਜ ਸੰਚਾਲਕ ਦੀ ਭੂਮਿਕਾ ਸੰਸਥਾ ਦੇ ਸੀਨੀਅਰ ਪ੍ਰੋ. ਰਾਜਵਿੰਦਰ ਸਿੰਘ ਨੇ ਬਾਖੂਬੀ ਨਿਭਾਈ। ਸੰਸਥਾ ਦੇ ਐਨ.ਐੱਸ.ਐੱਸ. ਵਿਭਾਗ ਦੇ ਵਿਦਿਆਰਥੀਆਂ ਦਾ ਪੋਸਟਰ ਮੇਕਿੰਗ ਮੁਕਾਬਲੇ ਕਰਾਏ ਗਏ। ਡਾਇਰੈਕਟਰ ਮੈਡਮ ਸਿੰਬਲਜੀਤ ਕੌਰ ਤੇ ਖ਼ਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਨੇ ਵਿਦਿਆਰਥੀਆਂ ਐਨ.ਐੱਸ.ਐੱਸ ਡੇਅ 'ਤੇ ਖੁਸ਼ੀ ਜ਼ਾਹਰ ਕਰਦਿਆਂ ਵਿਦਿਆਰਥੀਆਂ ਤੇ ਸਟਾਫ਼ ਦੀ ਸ਼ਲਾਘਾ ਕੀਤੀ ।

# ਕੈਬਨਿਟ ਮੰਤਰੀ ਕਟਾਰੂਚੱਕ ਨੇ ਪਿੰਡ ਸਾਹੂ ਚੱਕ 'ਚ ਕੀਤਾ ਪੁਲ ਦਾ ਨਿਰੀਖਣ

## ਮੌਕੇ 'ਤੇ ਅਧਿਕਾਰੀਆਂ ਨੂੰ ਦਿੱਤੇ ਤੁਰੰਤ ਕੰਮ ਸ਼ੁਰੂ ਕਰਨ ਦੇ ਨਿਰਦੇਸ਼



**ਪਠਾਨਕੋਟ, (ਦਵਿੰਦਰ ਸਿੰਘ)**-ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਸਾਹੂ ਚੱਕ ਤੋਂ ਆਮ ਲੋਕ ਅਤੇ ਪਿੰਡ ਦੀ ਪੰਚਾਇਤ ਕੈਬਨਿਟ ਮੰਤਰੀ ਕਟਾਰੂਚੱਕ ਨੂੰ ਮਿਲੀ ਅਤੇ ਹੜ੍ਹ ਨਾਲ ਪ੍ਰਭਾਵਿਤ ਖੇਤਰ ਬਾਰੇ ਜਾਣੂ ਕਰਵਾਇਆ ਜਿਸ ਤੇ ਕਾਰਵਾਈ ਕਰਦਿਆਂ ਮੰਤਰੀ ਅਪਣੀ ਟੀਮ ਅਤੇ ਵਿਭਾਗੀ ਅਧਿਕਾਰੀਆਂ ਨਾਲ ਮੌਕੇ 'ਤੇ ਪਹੁੰਚੇ ਅਤੇ ਹੜ੍ਹ ਨਾਲ ਹੋਏ ਨੁਕਸਾਨ ਦਾ ਜਾਇਜ਼ਾ ਲਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਹਿਬ ਸਿੰਘ ਸਾਬਾ, ਖੁਸ਼ਬੀਰ ਕਾਟਲ, ਭੁਪਿੰਦਰ ਸਿੰਘ ਕਟਾਰੂਚੱਕ ਅਤੇ ਆਮ ਆਦਮੀ ਪਾਰਟੀ ਦੇ ਹੋਰ ਵੀ ਕਾਰਜਕਰਤਾ ਹਾਜ਼ਰ ਸਨ।ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਵੇਰੇ ਹੀ ਸਾਹੂ ਚੱਕ ਪਿੰਡ ਦੇ ਵਸਨੀਕ ਅਤੇ ਪੰਚਾਇਤ ਵੱਲੋਂ ਉਨ੍ਹਾਂ ਦੇ ਧਿਆਨ ਵਿੱਚ ਸਮੱਸਿਆ ਲਿਆਂਦੀ ਗਈ।ਉਨ੍ਹਾਂ ਕਿਹਾ ਕਿ ਇਹ ਪੁਲ ਸਾਹੂ ਚੱਕ ਤੋਂ ਦਰਜਨਾਂ ਪਿੰਡਾਂ ਨੂੰ ਜੋੜਦਾ ਹੈ ਅਤੇ ਕਰੀਬ 200 ਏਕੜ ਜ਼ਮੀਨ ਪੁਲ ਦੇ ਦੂਸਰੇ ਪਾਸੇ ਵੀ ਹੈ।ਉਨ੍ਹਾਂ ਕਿਹਾ ਕਿ ਇਸ ਪੁਲ ਨੂੰ ਰਾਵੀ ਦੇ ਪਾਣੀ ਨਾਲ ਕਾਫੀ ਨੁਕਸਾਨ ਹੋਇਆ ਅਤੇ ਲੋਕਾਂ ਨੂੰ ਆਵਾਜਾਈ ਵਿੱਚ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਮੌਕੇ 'ਤੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਅੱਜ ਹੀ ਕੰਮ ਸ਼ੁਰੂ ਕਰਵਾਇਆ ਜਾਵੇ ਤਾਂ ਜੋ ਜਲਦੀ ਲੋਕਾਂ ਨੂੰ ਇਹ ਰਸਤਾ ਤਿਆਰ ਕਰਕੇ ਦਿੱਤਾ ਜਾ ਸਕੇ।ਉਨ੍ਹਾਂ ਕਿਹਾ ਕਿ ਪਿੰਡ ਵੱਲੋਂ ਪੱਕੇ ਨਾਲੇ ਅਤੇ ਰਸਤੇ ਦੀ ਵੀ ਮੰਗ ਆਈ ਹੈ। ਉਹ ਕਾਰਜ ਵੀ ਜਲਦੀ ਕਰਵਾ ਕੇ ਲੋਕਾਂ ਨੂੰ ਸਮਰਪਿਤ ਕੀਤੇ ਜਾਣਗੇ।ਇਸ ਮੌਕੇ ਪਿੰਡ ਦੇ ਵਸਨੀਕ ਰਵਿੰਦਰ ਕਸ਼ਿਅਪ ਨੇ ਸਮੱਸਿਆ ਦੇ ਤੁਰੰਤ ਹੱਲ ਹੋਣ 'ਤੇ ਕੈਬਨਿਟ ਮੰਤਰੀ ਪੰਜਾਬ ਦਾ ਧੰਨਵਾਦ ਕੀਤਾ।

# ਸਤਪਾਲ ਕੌਰ ਦੀ ਅੰਤਿਮ ਅਰਦਾਸ ਮੌਕੇ ਦਿੱਤੀ ਭਾਵਪੂਰਨ ਸ਼ਰਧਾਂਜਲੀ



**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**-ਨਾਮਵਰ ਲੇਖਕ ਰਿਪੁਦਮਨ ਸਿੰਘ ਰੂਪ ਦੀ ਧਰਮ ਪਤਨੀ ਸਰਦਾਰਨੀ ਸਤਪਾਲ ਕੌਰ ਜੋ ਕਿ ਬੀਤੇ ਦਿਨੀ ਅਕਾਲ ਚਲਾਣਾ ਕਰ ਗਏ ਸਨ ਦੀ ਅੰਤਿਮ ਅਰਦਾਸ ਗੁਰਦੁਆਰਾ ਦਸਮੇਸ਼ ਦਰਬਾਰ ਵਿਖੇ ਹੋਈ ਜਿੱਥੇ ਪੰਜਾਬ, ਮੁਹਾਲੀ ਅਤੇ ਇਲਾਕੇ ਦੇ ਸੈਕੜਿਆਂ ਦੀ ਗਿਣਤੀ ਵਿੱਚ ਲੇਖਕਾਂ, ਬੁੱਧੀਜੀਵੀਆਂ, ਵਿਦਵਾਨਾਂ, ਨਾਟਕਰਮੀਆ ਤੋਂ ਸਮਾਜਿਕ, ਧਾਰਮਿਕ ਅਤੇ ਸਿਆਸੀ ਜਥੇਬੰਦੀਆਂ ਦੇ ਨੁਮਾਇੰਦਿਆਂ ਤੋਂ ਇਲਾਵਾ ਸਕੇ-ਸੰਬੰਧੀਆਂ ਨੇ ਵਿਛੜੀ ਰੂਹ ਨੂੰ ਆਪਣੀ ਸ਼ਰਧਾਂਜਲੀ ਦਿੱਤੀ। ਸੰਗਤਾਂ ਨੂੰ ਗੁਰਦੁਆਰਾ ਸਾਹਿਬ ਦੇ ਕੀਰਤਨੀ ਜਥੇ ਨੇ ਵੈਰਾਗਮਈ ਗੁਰਬਾਣੀ ਕੀਰਤਨ ਨਾਲ ਜੋੜਿਆ। ਉਪਰੰਤ ਸਰਦਾਰਨੀ ਸਤਪਾਲ ਕੌਰ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਗਈ। ਇਸ ਮੌਕੇ ਉਨ੍ਹਾਂ ਦੇ ਵੱਡੇ ਸਪੁੱਤਰ ਨਾਟਕਕਾਰ ਸੰਜੀਵਨ ਸਿੰਘ ਅਤੇ ਰੰਗਕਰਮੀ ਅਤੇ ਲੇਖਕ ਐਡਵੋਕੇਟ ਰੰਜੀਵਨ ਸਿੰਘ ਨੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ, ਸੰਗਤ ਵੱਲੋਂ ਮਿਲੇ ਪਿਆਰ ਅਤੇ ਸਹਿਯੋਗ ਨੇ ਪਰਵਾਰ ਨੂੰ ਇਸ ਦੁੱਖ ਦੀ ਘੜੀ ਵਿੱਚ ਹੌਸਲਾ ਪ੍ਰਦਾਨ ਕੀਤਾ ਹੈ। ਸੰਜੀਵਨ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਮਾਤਾ ਨੇ ਹਮੇਸ਼ਾਂ ਸੱਚ, ਫਤਿਹ ਅਤੇ ਨੇਕਦਿਲੀ ਦੇ ਰਾਹ 'ਤੇ ਚਲਣ ਦੀ ਪ੍ਰੇਰਣਾ ਦਿੱਤੀ, ਜਿਸ ਕਾਰਨ ਉਹਨਾਂ ਦੀ ਜ਼ਿੰਦਗੀ ਹਮੇਸ਼ਾ ਯਾਦਗਾਰ ਰਹੇਗੀ। ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ, ਇਪਟਾ, ਪੰਜਾਬ ਦੇ ਜਨਰਲ ਸੱਕਤਰ ਇੰਦਰਜੀਤ ਰੂਪੋਵਾਲੀ, ਦੁਬਈ ਤੋਂ ਉਚੇਚਾ ਆਈ ਸੰਤੋਖ ਸਿੰਘ ਧੀਰ ਦੀ ਪੰਜਵੀਂ ਧੀ ਕਵਿਤਰੀ ਕੁਲਵਿੰਦਰ ਕੌਰ ਕੋਮਲ, ਕੁਲਜੀਤ ਬੇਦੀ (ਡਿਪਟੀ ਮੇਅਰ ਨਗਰ ਨਿਗਮ ਮੁਹਾਲੀ) ਨੇ ਕਿਹਾ ਕਿ ਆਪਣੀ ਪਤਨੀ ਸਤਿਪਾਲ ਕੌਰ ਦੀ ਬਦੌਲਤ ਹੀ ਰਿਪੁਦਮਨ ਸਿੰਘ ਰੂਪ ਆਪਣੇ ਭੈਣਾਂ-ਭਾਈਆਂ ਅਤੇ ਸਕੇ-ਸੰਬੰਧੀਆਂ ਨਾਲ ਅੜ੍ਹੇ-ਥੁੜ੍ਹੇ ਉਨ੍ਹਾਂ ਕੰਮ ਆ ਸਕਿਆ, ਦਰਜਨ ਦੇ ਕਰੀਬ ਸਾਹਿਤਕ ਕਿਤਾਬਾਂ ਲਿਖ ਸਕਿਆਂ, ਆਪਣੇ ਮੁਲਾਜ਼ਮ ਸਾਥੀਆਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਲਈ ਮੂਹਰਲੀ ਕਤਾਰ ਵਿਚ ਸਰਗਰਮ ਰਹਿਕੇ ਅਨੇਕਾਂ ਵਾਰ ਜੇਲ ਜਾ ਸਕਿਆ, ਸਮਾਜਿਕ ਮਸਲੇ ਬੇਬਾਕੀ ਅਤੇ ਦਲੇਰੀ ਨਾਲ ਉਭਾਰ ਸਕਿਆ।ਮੰਚ ਦੀ ਜ਼ਿੰਮੇਵਾਰੀ ਬੇਬਾਕ ਸ਼ਾਇਰ ਜਗਦੀਪ ਸਿੱਧੂ ਨੇ ਨਿਭਾਈ। ਕੇਂਦਰੀ ਪੰਜਾਬੀ ਲੇਖਕ ਸਭਾ, ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ, ਸਪਵਨ ਫਾਊਡੇਸ਼ਨ, ਚੰਡੀਗੜ੍ਹ ਲੇਖਕ ਸਭਾ, ਨਗਰ ਨਿਗਮ ਮੁਹਾਲੀ ਪੈਨਸ਼ਰਜ਼ ਅਸੋਸੀਏਸ਼ਨ, ਵਿਸ਼ਵ ਵਾਰਤਾ, ਅਦਾਰਾ ਨਵੀਂ ਦੁਨੀਆਂ ਐਡਮਿੰਟਨ ਕੇਨੈਡਾ, ਆਦਾ ਹੁਣ,ਗੁਪਤਾ ਮੈਡੀਕੋਜ਼, ਪੰਜਾਵ ਸਟੇਟ ਕੌਂਸ਼ਲ (ਸੀ.ਪੀ.ਆਈ), ਪੰਜਾਬ, ਸਾਡ ਯੁੱਗ,ਸਾਹਿਤ ਕਲਾ ਸਭਿਆਚਾਰ ਮੰਚ ਮੁਹਾਲੀ, ਸੁਰ ਸਾਂਝ ਕਲਾ ਮੰਚ, ਪੰਜਾਬੀ ਸਾਹਿਤ ਅਕਾਡਮੀ, ਚੰਡੀਗੜ੍ਹ ਆਦਿ ਸੰਸਥਾਵਾਂ ਨੇ ਸ਼ੋਕ ਮਤੇ ਭੇਜੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਮੰਤਰੀ ਬਲਵੀਰ ਸਿੰਘ ਸਿੱਧੂ, ਲੇਖਕ ਅਤੇ ਵਿਦਵਾਨ ਜਸਬੀਰ ਭੁੱਲਰ, ਡਾ. ਦਵਿੰਦਰ ਸਿੰਘ ਬੋਹਾ, ਸੁਰਿੰਦਰ ਗਿੱਲ, ਪ੍ਰੋ. ਬ੍ਰਹਮ ਜਗਦੀਸ਼ ਸਿੰਘ, ਗੁਰਦੇਵ ਕੌਰ ਪਾਲ, ਮਨਮੋਹਨ ਸਿੰਘ ਦਾਓਂ, ਦਲਜੀਤ ਕੌਰ ਦਾਓਂ, ਡਾ. ਲਾਭ ਸਿੰਘ ਖੀਵਾ, ਡਾ. ਗੁਰਮੇਲ ਸਿੰਘ, ਸੁਰਜੀਤ ਸੁਮਨ, ਭੁਪਿੰਦਰ ਮਲਿਕ, ਸੀ.ਪੀ.ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ, ਅਮਰੀਕ ਸਿੰਘ ਸੋਮਲ (ਸੀਨੀਅਰ ਡਿਪਟੀ ਮੇਅਰ), ਮਨਜੀਤ ਸੇਠੀ (ਸਾਬਕਾ ਡਿਪਟੀ ਮੇਅਰ), ਲਖਵਿੰਦਰ ਕੌਰ ਗਰਚਾ ਸੀਨੀਅਰ ਅਕਾਲੀ ਲੀਡਰ ਪਰਮਜੀਤ ਸਿੰਘ ਕਾਹਲੋਂ, ਸਮਾਜਿਕ ਕਾਰਕੁਨ ਸਤਬੀਰ ਸਿੰਘ ਧਨੋਆਂ, ਐਡਵਕੇਟ ਦਰਸ਼ਨ ਸਿੰਘ ਧਾਲੀਵਾਲ, ਕਹਾਣੀਕਾਰ ਸਵਰਗੀ ਸੁਖਜੀਤ ਦੀ ਧਰਮ ਪਤਨੀ ਸ੍ਰੀਮਤੀ ਗੁਰਦੀਪ ਕੌਰ, ਦਿਲਸ਼ੇਰ ਚੰਦੇਲ (ਸਾਬਕਾ ਡੀ ਐਸ ਪੀ), ਅਰੁਨ ਸੈਣੀ (ਐਸ ਐਸ ਪੀ ਵਿਜੀਲੈਂਸ), ਗੁਰਦਰਸ਼ਨ ਸਿੰਘ ਮਾਵੀ, ਸੀਨੀਅਰ ਐਡਵੋਕੇਟ ਆਰ ਐਸ ਚੀਮਾ (ਸਾਬਕਾ ਐਡਵੋਕੇਟ ਜਰਨਲ), ਡਾ. ਕਾਮਰੇਡ ਅਵਤਾਰ ਸਿੰਘ ਪਾਲ, ਗੁਰਦੇਵ ਕੌਰ ਪਾਲ, ਅਰਵਿੰਦਰ ਪਾਲ ਸ਼ਰਮਾ, ਡਾ. ਵਰਿੰਦਰ ਸਿੰਘ, ਬਲਵਿੰਦਰ ਸਿੰਘ (ਉੱਤਮ ਸਵੀਟਸ) ਸੁਰਿੰਦਰ ਰਸੂਲਪੁਰੀ, ਰਾਬਿੰਦਰ ਸਿੰਘ ਰੱਬੀ, ਇੰਦਰਜੀਤ ਮੋਗਾ, ਭੁਪਿੰਦਰ ਮਟੌਰੀਆਂ, ਗੁਰਕ੍ਰਿਪਾਲ ਅਸ਼ਕ, ਡਾਕਟਰ ਜਸਵੰਤ ਸਿੰਘ, ਡਾ. ਕਰਮ ਸਿੰਘ ਵਕੀਲ, ਅਰਵਿੰਦਰ ਪਾਲ, ਗੁਰਮੇਲ ਸਿੰਘ ਸਿੱਧੂ ਆਦਿ ਹਾਜ਼ਰ ਸਨ।ਅੰਤ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਿਆ।


# ਕਲਾਸੀਫਾਈਡ ਇਸ਼ਤਿਹਾਰ

## Change of Name

I, Vijay Kumar s/o Jog Raj r/o H.No 1293/4 Adampur , Jalandhar, Punjab. Have changed my minor son name Nikhil Mehara to Nikhil Mehra.

I, Sarabjit Kumar S/o Santokh Ram R/o Vill. Salarpur, PO. Raipur, Jalandhar, Punjab 144402 has changed my name from Sarabjit Kumar to Sarbjit Kumar.

I, Amit S/o Amrit Lal R/o H.NO WB-279, Ward NO.36, Ali Mohalla , Jalandhar-144001 , Punjab have changed my name from Amit to Amit Kumar Dhamija. All concerned may note.

I, Sukhwinder Singh s/o Kulwinder Singh r/o VPO. Kukar Pind, Distt. Jalandhar have changed my name to given name as Sukhwinder & Surname as Singh. All Please Note.

I, Kulvir s/o Kulwinder Heera r/o H.No. 3588/13, Mohalla Ghazipur, Adampur Doaba, Ps. Adampur, Distt. Jalandhar have changed my name to Kulvir Heera. All Please Note.

I, Monika W/o Rajesh Kholi R/o H.No. 599/4, Dilbagh Nagar Extension, Grover Colony, Jalandhar, Punjab have changed my name from Monika to Monika Kohli. (Kohli as surname) All Please Note.

I, Parveen Kaur D/o Ram Singh R/o Vill. Bharo Mazara, Po. Dosanjh Khurd, Tehsil Banga, SBS Nagar have changed my name from Parveen Kaur to Kaur Parveen (Surname as Kaur) All Please Note.

I, hitherto known as Manjeet Kaur W/o Gurpreet Singh R/o VPO. Mehrampur, Teh. Banga, SBS Nagar, Punjab -144518 have changed my name and shall hereafter be known as Manpreet Kaur.

I, Priya Kumar D/o Baljinder Kumar r/o H.No. 347, Deol Nagar, Nakodar Road, Jalandhar, Punjab have changed my name to Given name as Priya & Surname as Kumar. All Please Note.

I, Saneha D/o Paramjit Kumar R/o H.No. 308, New Abadi Jallowal, Jalandhar have changed my name from Saneha to Saneha Kumar (Surname as Kumar) All Please Note.

I, Shubham S/o Paramjit Kumar R/o H.No. 308, New Abadi Jallowal, Jalandhar have changed my name from Shubham to Shubham Kumar (Surname as Kumar)

## ਬੇਦਖਲੀ ਨੋਟਿਸ

ਮੈਂ, ਗੁਰਮੀਤ ਸਿੰਘ ਪੁੱਤਰ ਪਿਆਰਾ ਸਿੰਘ, ਪਿੰਡ ਰਾਜੋਮਾਜਰਾ (ਸੰਗਰੂਰ) ਆਪਣੀ ਲੜਕੀ ਤਰਨਜੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਮੈਂ, ਰਾਜ ਕੁਮਾਰ ਪੁੱਤਰ ਜੋਹਲ ਸਿੰਘ ਵਾਸੀ ਮਕਾਨ ਨੰ: 470/1, ਗੁਲਾਬ ਦੇਵੀ ਰੋਡ, ਨਿਊ ਸ਼ਹੀਦ ਬਾਬੂ ਲਾਭ ਸਿੰਘ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਭਾਨੂ ਵਾ ਉਸਦੀ ਪਤਨੀ ਕੁਸੁਮ ਲਤਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ ਰਣਜੀਤ ਕੌਰ ਵਿਧਵਾ ਕੇਵਲ ਸਿੰਘ, ਪਿੰਡ ਸੈਦੋ ਲੇਹਲ, ਤਹਿਸੀਲ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਆਪਣੀ ਲੜਕੀ ਕੁਲਵਿੰਦਰ ਕੌਰ (ਸ਼ਾਦੀ-ਸ਼ੁਦਾ) ਨੂੰ ਕਹਿਣਿਓਂ ਬਾਹਰੀ ਹੋਣ ਕਾਰਨ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ, ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

## ਨਾਂਅ ਦੀ ਬਦਲੀ

ਮੈਂ, ਦੀਪਕ ਕੁਮਾਰ ਵਰਮਾ ਪੁੱਤਰ ਜਗਦੇਵ ਸਿੰਘ, ਵਾਸੀ ਵਾਰਡ ਨੰਬਰ 9-ਏ/231/32, ਦਸਮੇਸ਼ ਨਗਰ ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਦੀਪਕ ਕੁਮਾਰ ਰੱਖ ਲਿਆ ਹੈ।

ਮੈਂ, ਨਿਤਿਨ ਪੁੱਤਰ ਕਰਮਜੀਤ ਸਿੰਘ ਵਾਸੀ ਮਸਤ ਕਲੋਨੀ, ਪਿੰਡ ਕੋਟ ਸਦੀਕ, ਕਾਲਾ ਸੰਘਾ ਰੋਡ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਨਿਤਿਨ ਤੋਂ ਬਦਲ ਕੇ ਨੀਤਿਨ ਸਿੰਘ ਸੰਧੂ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ। (ਆਰ)

## PUBLIC NOTICE

Patients Records of AAS the Rehab Centre, Khun Khun, P.O. Kang Shabu, Nakodar Road Jalandhar-144630, Disposed off for more than 3 years. As Per The notification of punjab Govt.

## Lost and Found

ਮੈਂ, ਪ੍ਰਸ਼ੋਤਮਾ ਦੇਵੀ ਪਤਨੀ ਧਰਮੇਂਦਰ ਸਿੰਘ ਵਾਸੀ 50, ਮੀਰਾ ਕਲੋਨੀ, ਪਿੰਡ ਨਾਹਲ, ਜਲੰਧਰ ਬਿਆਨ ਕਰਦੀ ਹਾਂ ਕਿ ਇੱਕ ਅਸਲ ਰਜਿਸਟਰੀ ਜਿਸ ਦਾ ਬੇਨਾਮਾ ਨੰ. 2019/20/187/1/2119 ਮਿਤੀ 31-05-2019 ਸਬ ਰਜਿਸਟਰਾਰ ਜਲੰਧਰ 11 ਦੀ ਕਾਪੀ ਕਰਵਾਣ ਵਾਸਤੇ ਬਜ਼ਾਰ ਸ਼ੇਰ ਸਿੰਘ ਕਲੋਨੀ ਗਈ ਸੀ ਅਤੇ ਮੇਰੇ ਪਾਸੋ ਕਿਧਰੇ ਗੁੰਮ ਹੋ ਗਈ ਹੈ ਇਹ ਕਿ ਮੈ ਲੱਭਣ ਦੀ ਬਹੁਤ ਕੋਸ਼ਿਸ਼ ਕੀਤੀ ਪਰ ਇਹ ਕਿਤੇ ਨਹੀ ਮਿਲਿਆ। ਜੇ ਕਿਸੇ ਨੂੰ ਇਹ ਅਸਲ ਬੇਨਾਮਾ ਮਿਲਦਾ ਹੈ ਤੇ ਦਿੱਤੇ ਗਏ ਪਤੇ ਤੇ ਸੰਪਰਕ ਕਰ ਸਕਦਾ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## COURT NOTICE

(Complaint-138 Negotiable Instrument Act)
In The Court of
Ms. Lovepreet Kaur Swaich
Judicial Magistrate 1st Class, Ludhiana
Kotak Mahindra Bank
Vs Shiv Muni Yadav
CNR No. PBLD03-030288-2024
COMA/8551/2024

1.) Shiv Muni Yadav Relative Of Address:S/O Ram Nath Yadav, R/O N4/35 C-6- 2, Karaundi Sunderpur Hindu Vishwavidhyalay, Varanasi-221005, Uttar Pradesh

Whereas it has been proved to the satisfaction of this court that you the accused above named cannot be served in the ordinary way of service. Hence this proclamation under section 82 CRPC is hereby issued against you with a direction that you should appear personally before the court on 01.10.2025 at 10:00 a.m or within 30 days from the date of publication of this proclamation. Take notice that, in default of your part to appear as directed above the above said case will be heard and determined as per law, in your absence. Given under my hand and seal of the court.

For details logon to https://highcourtchd.gov.in/?trs=district_notice&district=ludhiana

Dated, this day of 22.09.2025

Judicial Magistrate 1st Class Ludhiana.

## CRIMINAL COURTS, LUDHIANA

In The Court of Ms. Chandan
Judicial Magistrate Ist Class Ludhiana
Next Date, Purpose of case, Orders and judgments as well as other case information is available on http://ecourts.gov.in

Case No. :- COMA/11987/2017
M/S J.s. Trading Company
Vs M/S Yogesh Company
Police Station/Fir No. Division 1/0/2017
PPBLD030375492017
NEXT DATE: 24-10-2025
138 of Negotiable Instruments Act
Proclamation Requiring The Appearance of a Person accused
Detail of offence:-
Notice To:
M/S Yogesh Company
Other :- D-178, Focal Point Extension, Jalandhar Through Its Prop./Authorised Person Sh. Sham Honda, Punjab

Whereas complaint/case has been made before me that M/S Yogesh Company Other :- R/O D-178, Focal Point Extension, Jalandhar Through Its Prop./Authorised Person Sh. Sham Honda, Punjab has committed (or is suspected to have committed) the offence punishable under section 138 of Negotiable Instruments Act and it has been returned to a warrant of arrest there upon issued that the said M/S YOGESH COMPANY cannot be found, and whereas it has been shown to my satisfaction that the said M/S YOGESH COMPANY has absconded (or is concealing himself/herself to avoid the service of the said warrant); Proclamation is hereby made that the said M/S YOGESH COMPANY is required to appear before this court (or before me) on 24-10-2025 to answer the said complaint/case.

Judicial Magistrate Ist Class Ludhiana
Dated this day of 19-09-2025.

## CRIMINAL COURTS, LUDHIANA

In The Court of Ms. Shruti
Judicial Magistrate - Ist Class Ludhiana
Next Date, Purpose of case, Orders and Judgments as well as other case Information is available on http://ecourts.gov.in

Case No. :- COMA/42989/2022
Kotak Mahindra Bank LTD
Vs Mohnit Singh
Police Station/Fir No. Division 5/000/0
PBLD03-060546-2022
NEXT DATE: 14-11-2025
138 of Negotiable Instruments Act
Proclamation requiring the Appearance of a person accused
Detail of offence:-
Notice To:
Mohnit Singh
Son of Harprem Kumar Singh resident of Village Fatehgarh Sahib Near Gurudwara Sahib Fatehgarh Sahib-140412


Whereas complaint/case has been made before me that Mohnit Singh:- R/O Son of Harprem Kumar Singh Resident of Village Fatehgarh Sahib Near Gurudwara Sahib Fatehgarh Sahib-140412 has committed (or is suspected to have committed) the offence punishable under section 138 of Negotiable Instruments Act and it has been returned to a warrant of arrest thereupon issued that the said MOHNIT SINGH cannot be found, and whereas it has been shown to my satisfaction that the said MOHNIT SINGH has absconded (or is concealing himself/herself to avoid the service of the said warrant); Proclamation is hereby made that the said MOHNIT SINGH is required to appear before this Court (or before me) on 14-11-2025 to answer the said complaint/case.

Judicial Magistrate - Ist Class Ludhiana
Dated, this day of 25-09-2025.


# ਚੋਰੀ ਦੇ ਮੋਟਰਸਾਈਕਲ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਦੋ ਵਿਅਕਤੀਆਂ ਨੂੰ ਚੋਰੀ ਦੇ ਇੱਕ ਮੋਟਰਸਾਈਕਲ ਤੇ ਦੋ ਮੋਬਾਇਲ ਫੋਨਾਂ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਜਦ ਪੁਲਸ ਪਾਰਟੀ ਨਜ਼ਦੀਕ ਟਰੱਕ ਯੂਨੀਅਨ ਬਾਰਡਰ ਰੋਡ ਫਿਰੋਜ਼ਪੁਰ ਸ਼ਹਿਰ ਪਾਸ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਅਵੀਨਾਸ਼ ਪੁੱਤਰ ਸ਼ਿੰਦਾ ਤੇ ਲਖਵਿੰਦਰ ਸਿੰਘ ਪੁੱਤਰ ਜੰਗੀਰ ਸਿੰਘ ਵਾਸੀਅਨ ਆਵਾ ਬਸਤੀ ਫਿਰੋਜ਼ਪੁਰ ਸ਼ਹਿਰ, ਜੋ ਮੋਬਾਇਲ ਫੋਨ ਤੇ ਮੋਟਰਸਾਈਕਲ ਖੋਹਣ ਦੇ ਆਦੀ ਹਨ, ਅੱਜ ਵੀ ਕਿਸੇ ਵਾਰਦਾਤ ਨੂੰ ਅੰਜ਼ਾਮ ਦੇਣ ਲਈ ਖੋਹੇ ਹੋਏ ਮੋਟਰਸਾਈਕਲ ਬਿਨਾਂ ਨੰਬਰੀ 'ਤੇ ਨਜ਼ਦੀਕ ਲੇਬਰ ਯੂਨੀਅਨ ਬਾਰਡਰ ਰੋਡ ਫਿਰੋਜ਼ਪੁਰ ਸ਼ਹਿਰ ਪਾਸ ਘੁੰਮ ਰਹੇ ਹਨ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ ਇਕ ਵੀਵੋ ਮੋਬਾਇਲ ਫੋਨ, ਇਕ ਓਪੋ ਫੋਨ ਤੇ ਇਕ ਮੋਟਰਸਾਈਕਲ ਬਿਨਾਂ ਨੰਬਰੀ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।


## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਬਿਨੈਕਾਰ ਦਾ ਨਾਮ : **ਕੁੰਦਨ ਲਾਲ** ਪਿਤਾ/ਪਤੀ ਦਾ ਨਾਮ : **ਬਚਨ ਲਾਲ**

ਪਤਾ: H.no.1317/9 ST No. 4 Baba Budha Ji Nagar Rama Mandi Jalandhar, Tehsil-Jalandhar-1/ District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।

ਨਾਮ : **ਰੋਬਿਨ ਕੁਮਾਰ ਡਿਮ** ਪੱਕਾ ਪਤਾ: H.no.1317/9 ST No. 4 Baba Budha Ji Nagar Rama Mandi Jalandhar,Jalandhar-1, Jalandhar, Punjab ਵਿਦੇਸ਼ੀ ਪਤਾ : Rua Prof DR Mota Pinto Bloco C Lote 8 4 Esquerda 8600 616 Lagos Portugal/ ਰੂਆ ਪ੍ਰੋ ਡੀ ਆਰ ਮੋਟਾ ਪਿੰਟੋ ਬਲੋਕੋ ਸੀ ਲੋਟੇ 8 4 ਇਸੀਕਉਰਦਾ 8600 616 ਲਾਗੋਸ ਪੋਰਟੁਗਲ ਉਮਰ/ਜਨਮ ਮਿਤੀ : 27-(16/01/1998)

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।

ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 26.09.2025 ਨੂੰ ਜਾਰੀ ਹੋਇਆ।

ਨੰਬਰ 79/ਨੰਬਰ/ਰੀਡਰ ਮਿਤੀ 26.09.2025 ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## MUNICIPAL COUNCIL, FEROZEPUR ਨਗਰ ਕੌਂਸਲ, ਫਿਰੋਜ਼ਪੁਰ

ਪ੍ਰਾਪਰਟੀ ਦੀ ਮਾਲਕੀ ਤਬਦੀਲੀ ਸਬੰਧੀ ਪਬਲਿਕ ਨੋਟਿਸ।

ਨੰਬਰ/ 3259 ਵਿਸ਼ਾ - ਪ੍ਰਾਪਰਟੀ ਦੀ ਮਾਲਕੀ ਤਬਦੀਲ ਕਰਨ ਸਬੰਧੀ। ਮਿਤੀ/ 24/9/25

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦਫਤਰ ਦੇ ਰਸੀਟ ਨੰ. 1065 ਮਿਤੀ 12.09.2025 ਰਾਹੀਂ ਪ੍ਰਾਪਰਟੀ ਟੈਕਸ ਬ੍ਰਾਂਚ ਵਿੱਚ ਸ੍ਰੀਮਤੀ ਰਾਜਵਿੰਦਰ ਕੌਰ ਪੁਤਰੀ ਅਜੀਤ ਸਿੰਘ ਉਰਫ ਜੀਤ ਸਿੰਘ ਫਿਰੋਜ਼ਪੁਰ ਸ਼ਹਿਰ ਵਲੋਂ ਬਿਨੈ ਪੱਤਰ ਦਿੱਤਾ ਹੈ ਕਿ ਇਕ ਮਕਾਨ ਵਾਕਿਆ ਮੁਹੱਲਾ ਨਾਨਕ ਪੁਰਾ ਬਸਤੀ ਕੰਬੋਜ ਵਾਲੀ ਅਤੇ ਇਕ ਮਕਾਨ ਵਾਕਿਆ ਬਸਤੀ ਕੰਬੋਜ ਵਾਲੀ ਫਿਰੋਜ਼ਪੁਰ ਸ਼ਹਿਰ ਵਿਖੇ ਸਥਿਤ ਹੈ। ਇਸ ਦੀ ਮਾਲਕੀ ਉਸ ਦੇ ਪਿਤਾ ਸਵ. ਅਜੀਤ ਸਿੰਘ ਪੁੱਤਰ ਸ੍ਰੀ ਧਰਮ ਸਿੰਘ ਦੀ ਹੈ ਜੋ ਕਿ ਰਿਸ਼ਤੇ ਵਿਚ ਪ੍ਰਾਰਥੀ ਦਾ ਪਿਤਾ ਲੱਗਦਾ ਹੈ। ਜਿਸ ਦੀ ਮੌਤ ਮਿਤੀ 10.11.2021 ਨੂੰ ਹੋ ਚੁੱਕੀ ਹੈ ਅਤੇ ਆਪ ਦੀ ਮਾਤਾ ਸ੍ਰੀਮਤੀ ਸੁਰਿੰਦਰ ਕੌਰ ਦੀ ਮੌਤ ਮਿਤੀ 21.04.2024 ਨੂੰ ਹੋ ਚੁੱਕੀ ਹੈ। ਉਨ੍ਹਾਂ ਦੀ ਮੌਤ ਤੋਂ ਬਾਅਦ ਤਹਿਸੀਲਦਾਰ ਵਲੋਂ ਜਾਰੀ ਵਾਰਸਨਾਮੇ ਅਨੁਸਾਰ ਹੇਠ ਲਿਖੇ ਮੁਤਾਬਿਕ ਕਾਨੂੰਨੀ ਵਾਰਸ ਹਨ

| ਲੜੀ ਨੰ. | ਨਾਮ (ਸ੍ਰੀ/ਸ੍ਰੀਮਤੀ) | ਮ੍ਰਿਤਕ ਨਾਲ ਰਿਸ਼ਤਾ | ਮੈਰਿਡ ਸਟੇਟਸ |
| --- | --- | --- | --- |
| 1 | ਅਮਨਜੀਤ ਸਿੰਘ | ਪੁੱਤਰ | ਮੈਰਿਡ |
| 2 | ਤਰਨਦੀਪ ਸਿੰਘ | ਪੁੱਤਰ | ਮੈਰਿਡ |
| 3 | ਰਾਜਵਿੰਦਰ ਕੌਰ | ਪੁੱਤਰੀ | ਮੈਰਿਡ |
| 4 | ਜਸਬੀਰ ਕੌਰ | ਪੁੱਤਰੀ | ਮੈਰਿਡ |
| 5 | ਬਲਜੀਤ ਕੌਰ | ਪੁੱਤਰੀ | ਮੈਰਿਡ |

ਇਸ ਤੋਂ ਇਲਾਵਾ ਪ੍ਰਾਰਥੀ ਦੁਆਰਾ ਲਿਖੇ ਗਏ ਪੱਤਰ ਮੁਤਾਬਿਕ ਅਤੇ ਨਾਲ ਨੱਥੀ ਵਾਰਸਨਾਮੇ ਅਨੁਸਾਰ ਉਕਤ ਤੋਂ ਇਲਾਵਾ ਹੋਰ ਕੋਈ ਕਾਨੂੰਨੀ ਵਾਰਸ ਨਹੀ ਹੈ। ਨੱਥੀ ਦਸਤਾਵੇਜ਼ ਮੁਤਾਬਿਕ ਇਸ ਮਕਾਨ ਦੀ ਰਜਿਸਟਰੀ ਵਸੀਕਾ ਨੰ. 690 ਮਿਤੀ 13.05.1981 ਰਾਹੀਂ ਸਬ ਰਜਿਸਟਰਾਰ ਫਿਰੋਜ਼ਪੁਰ ਰਾਹੀਂ ਖੁੱਦ ਖਰੀਦ ਕੀਤੀ ਮਾਲਕੀ ਹੈ। ਪ੍ਰਾਰਥੀ ਦੁਆਰਾ ਦਿੱਤੇ ਆਪਣੇ ਸਵੈ ਘੋਸ਼ਨਾ ਪੱਤਰ, ਅਧਾਰ ਕਾਰਡ ਦੀ ਕਾਪੀ, ਮੌਤ ਦਾ ਸਰਟੀਫਿਕੇਟ ਅਤੇ ਹੋਰ ਦਸਤਾਵੇਜ਼ ਦੇ ਕੇ ਇਸ ਪ੍ਰਾਪਰਟੀ ਨੂੰ ਆਪਣੇ ਨਾਮ ਤੇ ਕਰਵਾਉਣ ਦੀ ਦਰਖਾਸਤ ਦਿੱਤੀ ਹੈ। ਉਕਤ ਮਾਲਕੀ ਤਬਦੀਲੀ ਸਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼/ਸੁਝਾਅ ਹੋਵੇ ਤਾਂ ਉਹ ਆਪਣਾ ਇਤਰਾਜ਼/ਸੁਝਾਅ ਇਸ ਪਬਲਿਕ ਨੋਟਿਸ ਦੇ ਪ੍ਰਕਾਸ਼ਿਤ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਲਿਖਤੀ ਸਮੇਤ ਸਬੂਤ ਨਿਮਨ ਹਸਤਾਖਰ ਦੇ ਦਫਤਰ ਵਿਖੇ ਪੇਸ਼ ਕਰੇ। ਉਕਤ ਮਿੱਥੇ ਸਮੇਂ ਤੋਂ ਬਾਅਦ ਕਿਸੇ ਵੀ ਇਤਰਾਜ਼/ਸੁਝਾਅ ਤੇ ਅਮਲ ਨਹੀ ਕੀਤਾ ਜਾਵੇ ਅਤੇ ਬਿਨ੍ਹਾ ਹੋਰ ਇਤਜਾਰ ਕੀਤੇ ਉਕਤ ਮਾਲਕੀ ਤਬਦੀਲੀ ਨਗਰ ਕੌਂਸਲ ਦੇ ਪ੍ਰਾਪਰਟੀ ਰਿਕਾਰਡ ਵਿੱਚ ਕਰ ਦਿੱਤੀ ਜਾਵੇਗੀ। ਕਾਰਜ ਸਾਧਕ ਅਫਸਰ, ਨਗਰ ਕੌਂਸਲ, ਫਿਰੋਜ਼ਪੁਰ।

# ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਦਰਸਾਏ ਮਾਰਗ 'ਤੇ ਚੱਲ ਕੇ ਹੀ ਦੇਸ਼ ਬਚਾਇਆ ਜਾ ਸਕੇਗਾ : ਤਲਵਿੰਦਰ ਹੀਰ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੰਗੋਵਾਲ)**

ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜਨਮ ਦਿਵਸ ਦੀਆਂ ਸਮੂਹ ਇਨਕਲਾਬੀ ਸਾਥੀਆਂ ਨੂੰ ਮੁਬਾਰਕਾਂ ਦਿੰਦੇ ਹੋਏ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਕਿਹਾ ਕਿ ਦੇਸ਼ ਨੂੰ ਸੂਬੇ ਨੂੰ ਮੌਜੂਦਾ ਨਿਕੰਮੇ ਤੇ ਲੁਟੇਰੇ ਹਾਕਮਾਂ ਤੋਂ ਬਚਾਉਣ ਲਈ ਸ਼ਹੀਦ-ਏ-ਆਜ਼ਮ ਦੇ ਦਰਸਾਏ ਮਾਰਗ 'ਤੇ ਚੱਲਣ 'ਤੇ ਉਨਾਂ ਦੀ ਸੋਚ ਅਪਨਾਉਣ ਦੀ ਸਖ਼ਤ ਲੋੜ ਹੈ। ਮਾਤਾ ਵਿੱਦਿਆਵਤੀ ਤੇ ਪਿਤਾ ਸਰਦਾਰ ਕਿਸ਼ਨ ਸਿੰਘ ਦੇ ਘਰ ਜਨਮੇ ਯੋਧੇ ਨੇ ਮਹਿਜ਼ 23 ਸਾਲ ਦੀ ਉਮਰ ਹੀ ਦੁਨੀਆ ਭਰ ਦੇ ਮਹਾਨ ਵਿਦਵਾਨਾਂ ਤੇ ਯੁੱਗ ਪਲਟਾਉਣ ਵਾਲੇ ਯੋਧਿਆਂ ਦੇ ਵਿਚਾਰਾਂ ਬਾਰੇ ਡੂੰਘਾਈ ਨਾਲ ਅਧਿਐਨ ਕਰਦਿਆਂ ਉਦੋਂ ਹੀ ਇਹ ਸਾਰ ਤੱਤ ਕੱਢ ਦਿੱਤਾ ਸੀ ਕਿ ਸਿਰਫ਼ ਬੰਦੂਕਾਂ ਤੇ ਪਿਸਤੌਲਾਂ ਨਾਲ ਦੇਸ਼ ਆਜ਼ਾਦ ਨਹੀਂ ਕਰਾਇਆ ਜਾ ਸਕੇਗਾ ਸਗੋਂ ਇਸ ਦੇ ਲਈ ਦੇਸ਼ ਵਾਸੀਆਂ ਨੂੰ ਵਧੀਆਂ ਵਿਚਾਰਾਂ ਰਾਹੀਂ ਵਿਚਾਰੀ ਤੌਰ 'ਤੇ ਹਥਿਆਰਬੰਦ ਤੇ ਜਥੇਬੰਦ ਕਰਨਾ ਪਵੇਗਾ ਤੇ ਰਾਜ ਨਾਲੋਂ ਵੱਧ ਸਮਾਜ ਨੂੰ ਬਦਲਣਾ ਪਵੇਗਾ।ਜੋ ਉਨ੍ਹਾਂ ਨੇ ਤੇ ਉਨ੍ਹਾਂ ਦੇ ਸਾਥੀ ਸ਼ਹੀਦਾਂ ਨੇ ਦੁਨੀਆ ਨੂੰ ਕਰ ਕੇ ਵਿਖਾਇਆ ਵੀ ਤੇ ਗੋਰੇ ਸਾਮਰਾਜ ਦੀਆਂ ਜੜ੍ਹਾਂ ਹਿਲਾ ਕੇ ਰੱਖ ਦਿੱਤੀਆਂ। ਪਰ ਜੋ ਖਦਸ਼ਾ ਸ਼ਹੀਦ-ਏ-ਆਜ਼ਮ ਨੇ ਉਦੋਂ ਪ੍ਰਗਟ ਕੀਤਾ ਸੀ ਕਿ ਇਹ ਆਜ਼ਾਦੀ ਅਧੂਰੀ ਰਹੇਗੀ ਤੇ ਅੰਗਰੇਜ਼ਾਂ ਦੀ ਥਾਂ ਜੋ ਆਪਣੇ ਹਾਕਮ ਹੋਣਗੇ ਉਹ ਦੇਸ਼ ਦੇ ਕਿਰਤੀ ਲੋਕਾਂ ਲਈ ਹੋਰ ਵੀ ਵੱਧ ਨੁਕਸਾਨਦੇਹ ਤੇ ਖ਼ਤਰਨਾਕ ਸਾਬਤ ਹੋਣਗੇ।ਅੱਜ ਸੌ ਫ਼ੀਸਦੀ ਸੱਚ ਸਾਬਤ ਹੋ ਰਿਹਾ ਹੈ। ਕਾਰਪੋਰੇਟ ਘਰਾਣਿਆਂ ਤੇ ਸਿਆਸਤਦਾਨਾਂ ਨੂੰ ਛੱਡ ਕੇ ਬਾਕੀ ਸਾਰੇ ਦੇਸ਼ ਵਾਸੀ ਨਰਕ ਤੋਂ ਭੈੜੀ ਜੂਨ ਹੰਢਾਉਣ ਲਈ ਮਜਬੂਰ ਹਨ ਅਤੇ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਜਾਰੀ ਹੈ ਜਿਸ ਦੇ ਖਾਤਮੇ ਲਈ ਸਾਰੇ ਵਰਗਾਂ ਦੇ ਲੋਕਾਂ ਨੂੰ ਏਕਾ ਕਰਕੇ ਸਾਂਝੇ ਸੰਘਰਸ਼ਾਂ ਰਾਹੀਂ ਆਪਣੇ ਹੱਕਾਂ ਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਰਖਵਾਲੀ ਕਰਨੀ ਪਵੇਗੀ। ਇਸ ਮੌਕੇ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ, ਕੁਲਦੀਪ ਸਿੰਘ ਸਰਪੰਚ, ਬਲਵਿੰਦਰ ਕੁਮਾਰ ਸਰਪੰਚ, ਜਸਵਿੰਦਰ ਸਿੰਘ ਬੰਗਾ, ਕੌਂਸਲਰ ਸੀਤਾ ਰਾਮ, ਗੁਰਦੀਪ ਸਿੰਘ ਚੇਲਾ, ਮਨੂ ਭਾਰਗਵ, ਸਾਵਣ ਕੁਮਾਰ, ਵਿਨੇ ਕੁਮਾਰ ਹਰਸ਼ ਐਰੀ ਸਮੇਤ ਵੱਡੀ ਗਿਣਤੀ ਇਨਕਲਾਬੀ ਸੋਚ ਨੂੰ ਪ੍ਰਣਾਏ ਸਾਥੀਆਂ ਨੇ ਸ਼ਮੂਲੀਅਤ ਕੀਤੀ ਤੇ ਸਮੁੱਚੇ ਦੇਸ਼ ਵਾਸੀਆਂ ਨੂੰ ਆਪਣੇ ਮਹਾਨ ਯੋਧੇ ਦੇ ਵਿਚਾਰਾਂ ਨੂੰ ਅਪਨਾਉਣ 'ਤੇ ਜ਼ੋਰ ਦਿੱਤਾ।

# ਹੜ੍ਹ ਪੀੜਤਾਂ ਲਈ ਖਾਲਸਾ ਕਾਲਜ ਮਾਹਿਲਪੁਰ ਤੋਂ ਰਾਹਤ ਸਮੱਗਰੀ ਦੀ ਖੇਪ ਰਵਾਨਾ

**ਮਾਹਿਲਪੁਰ (ਸ਼ਫ਼ਰੀ)**- ਸਿੱਖ ਵਿਦਿਅਕ ਕੌਂਸਲ ਦੀ ਮੈਨੇਜਮੈਂਟ ਵੱਲੋਂ ਆਪਣੇ ਪ੍ਰਬੰਧ ਅਧੀਨ ਚੱਲ ਰਹੀਆਂ ਤਿੰਨ ਸੰਸਥਾਵਾਂ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ, ਸੰਤ ਬਾਬਾ ਹਰੀ ਸਿੰਘ ਖਾਲਸਾ ਕਾਲਜ ਆਫ ਐਜੂਕੇਸ਼ਨ ਮਾਹਿਲਪੁਰ ਅਤੇ ਸੰਤ ਬਾਬਾ ਹਰੀ ਸਿੰਘ ਮਾਡਲ ਸਕੂਲ ਮਾਹਿਲਪੁਰ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਦੇ ਵਿੱਤੀ ਸਹਿਯੋਗ ਨਾਲ ਪੰਜਾਬ ਦੇ ਮਾਝਾ ਖੇਤਰ ਵਿੱਚ ਪਿਛਲੇ ਦਿਨੀਂ ਆਏ ਹੜ੍ਹਾਂ ਤੋਂ ਪ੍ਰਭਾਵਿਤ ਲੋੜਵੰਦ ਲੋਕਾਂ ਲਈ



ਵਿਸ਼ੇਸ਼ ਰਾਹਤ ਸਮੱਗਰੀ ਦੀ ਖੇਪ ਸਿੱਖ ਐਜੂਕੇਸ਼ਨਲ ਕੌਂਸਲ ਦੇ ਦਫ਼ਤਰ (ਖਾਲਸਾ ਕਾਲਜ ਮਾਹਿਲਪੁਰ) ਤੋਂ ਰਵਾਨਾ ਕੀਤੀ ਗਈ। ਇਸ ਮੌਕੇ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ, ਮੈਨੇਜਰ ਇੰਦਰਜੀਤ ਸਿੰਘ ਭਾਰਟਾ, ਖਜ਼ਾਨਚੀ ਵੀਰਇੰਦਰ ਸ਼ਰਮਾ ਅਤੇ ਗੁਰਦਿਆਲ ਸਿੰਘ ਕਹਾਰਪੁਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਪਿਛਲੇ ਦਿਨੀਂ ਆਏ ਹੜ੍ਹਾਂ ਨੇ ਪੰਜਾਬ ਦੇ ਅਨੇਕਾਂ ਜ਼ਿਲਿਆਂ ਵਿੱਚ ਵੱਡੀ ਤਬਾਹੀ ਮਚਾਈ ਹੈ ਜਿਨ੍ਹਾਂ ਦੀ ਮਦਦ ਲਈ ਕੌਂਸਲ ਦੇ ਅਹੁਦੇਦਾਰਾਂ, ਸਟਾਫ ਤੇ ਵਿਦਿਆਰਥੀਆਂ ਨੇ ਆਪਣੀ ਨੇਕ ਕਮਾਈ ਵਿੱਚੋਂ ਦਸਵੰਧ ਕੱਢ ਕੇ ਵੱਡਾ ਉੱਦਮ ਕੀਤਾ ਹੈ। ਇਸ ਮੌਕੇ ਖਾਲਸਾ ਕਾਲਜ ਮਾਹਿਲਪੁਰ ਦੇ ਪ੍ਰਿੰ ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਸਿੱਖ ਐਜੂਕੇਸ਼ਨਲ ਕੌਂਸਲ ਦੇ ਅਹੁਦੇਦਾਰਾਂ, ਤਿੰਨਾਂ ਸੰਸਥਾਵਾਂ ਦੇ ਪ੍ਰਿੰਸੀਪਲ, ਸਟਾਫ਼ ਅਤੇ ਵਿਦਿਆਰਥੀਆਂ ਦਾ ਇਸ ਉਪਰਾਲੇ ਲਈ ਧੰਨਵਾਦ ਕੀਤਾ। ਇਸ ਮੌਕੇ ਬੀ ਐੱਡ ਕਾਲਜ ਦੇ ਪ੍ਰਿੰਸੀਪਲ ਡਾ. ਰੋਹਤਾਂਸ਼, ਸਕੂਲ ਦੇ ਪ੍ਰਿੰਸੀਪਲ ਸ਼ਿੱਬੂ ਮੈਥਿਊ ਸਮੇਤ ਤਿੰਨਾਂ ਸੰਸਥਾਵਾਂ ਦਾ ਟੀਚਿੰਗ ਤੇ ਨਾਨ ਟੀਚਿੰਗ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਰੋਟਰੀ ਕਲੱਬ ਕੋ-ਪਾਇਲਟਸ ਟੀਮ ਵੱਲੋਂ 'ਆਪਣਾ ਘਰ' 'ਚ ਮਨੋਰੰਜਨ ਪ੍ਰੋਗਰਾਮ

**ਰੂਪਨਗਰ (ਰਜਿੰਦਰ ਸੈਣੀ)**- ਰੋਟਰੀ ਕਲੱਬ ਰੂਪਨਗਰ ਦੀ ਕੋ-ਪਾਇਲਟਸ ਟੀਮ ਵੱਲੋਂ ਬਜ਼ੁਰਗਾਂ ਦੇ 'ਆਪਣਾ ਘਰ' ਹਵੇਲੀ ਕਲਾਂ ਵਿਖੇ ਇਕ ਮਨੋਰੰਜਨ ਪ੍ਰੋਗਰਾਮ ਕੀਤਾ ਗਿਆ। ਪ੍ਰੋਗਰਾਮ ਦਾ ਅਰੰਭ ਕਰਵਾਉਂਦੇ ਹੋਏ ਕਲੱਬ ਦੀ ਪ੍ਰਧਾਨ ਵੰਦਨਾ ਸ਼ਰਮਾ ਨੇ ਬਜ਼ੁਰਗਾਂ ਨੂੰ ਆਪਣੀ ਜੀਵਨ ਸ਼ੈਲੀ ਨੂੰ ਵਧੀਆ ਢੰਗ ਨਾਲ ਜੀਊਣ ਲਈ ਪ੍ਰੇਰਤ ਕਰਦੇ ਹੋਏ ਉਸਾਰੂ ਸੋਚ ਅਪਣਾਉਣ ਲਈ ਕਿਹਾ।ਉਨ੍ਹਾਂ ਕਿਹਾ ਕਿ ਬਜ਼ੁਰਗਾਂ ਕੋਲ ਆਪਣੇ ਜੀਵਨ ਦਾ ਅਮੀਰ ਖਜ਼ਾਨਾ ਹੈ ਜੋ ਨਵੀਂ ਪੀੜ੍ਹੀ ਦਾ ਮਾਰਗ ਦਰਸ਼ਨ ਕਰਦਾ ਹੈ। ਉਨ੍ਹਾਂ ਦੀ ਟੀਮ ਨੂੰ ਵੀ ਇੱਥੇ ਆ ਕੇ ਨਵਾਂ ਉਤਸ਼ਾਹ



ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਅੱਜ ਦਾ ਇਹ ਪ੍ਰੋਗਰਾਮ ਰੋਟਰੀ ਕਲੱਬ ਵਲੋਂ ਇਸ ਸਾਲ ਤੋਂ ਅਰੰਭ ਕੀਤੇ ਕਲੱਬ ਦੇ ਪਰਿਵਾਰਕ ਮੈਂਬਰਾਂ ਨੂੰ ਸਮਾਜ ਸੇਵਾ ਲਈ ਸਮਰਪਿਤ ਹੋਣ ਦਾ ਇਕ ਹਿੱਸਾ ਹੈ। ਇਸ ਮੌਕੇ ਤੇ ਬਲਿਊ ਬ੍ਰਡਜ਼ ਸਕੂਲ ਦੇ ਬੱਚਿਆਂ ਨੇ ਨਾਚ ਦਾ ਸ਼ਾਨਦਾਰ ਪ੍ਰੋਗਰਾਮ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ।ਪ੍ਰੋਗਰਾਮ ਦੌਰਾਨ ਤੰਬੋਲਾ, ਪਾਸਿੰਗ ਦਾ ਪਾਰਸਲ, ਗੀਤ ਦੀ ਪਹਿਚਾਣ ਵਰਗੀਆਂ ਰੋਚਕ ਖੇਡਾਂ ਦਾ ਸਭ ਨੇ ਭਰਪੂਰ ਅਨੰਦ ਮਾਣਿਆ। ਕੁਝ ਬਜ਼ੁਰਗਾਂ ਨੇ ਖੁਦ ਗੀਤ ਪੇਸ਼ ਕਰਕੇ ਪ੍ਰੋਗਰਾਮ ਦੀ ਸ਼ਾਨ ਨੂੰ ਹੋਰ ਵੀ ਅਨੰਦਮਈ ਬਣਾ ਦਿੱਤਾ।ਇਸ ਮੌਕੇ ਤੇ ਆਪਣਾ ਘਰ ਸੰਸਥਾ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਰਾਜਿੰਦਰ ਸੈਣੀ ਨੇ ਕਲੱਬ ਮੈਂਬਰਾਂ ਨੂੰ ਜੀ ਆਇਆਂ ਨੂੰ ਕਹਿੰਦੇ ਹੋਏ ਕਲੱਬ ਵਲੋਂ ਬਜ਼ੁਰਗਾਂ ਪ੍ਰਤੀ ਉਸਾਰੂ ਸੋਚ ਅਪਨਾਉਣ ਦੀ ਪ੍ਰਸੰਸਾ ਕੀਤੀ। ਇਸ ਮੌਕੇ ਸੰਸਥਾ ਦੇ ਟਰੱਸਟੀ ਬਲਬੀਰ ਸਿੰਘ ਸੈਣੀ, ਐਡਵੋਕੇਟ ਰਾਵਿੰਦਰ ਸਿੰਘ ਮੁੰਡਰਾ, ਬਲਵਿੰਦਰ ਕੌਰ, ਜਗਦੇਵ ਸਿੰਘ, ਦਲਜੀਤ ਸਿੰਘ, ਬਹਾਦਰਜੀਤ ਸਿੰਘ, ਕਲੱਬ ਵਲੋਂ ਗਗਨਦੀਪ ਸੈਣੀ, ਕਿਰਨ ਵਾਲਿਆ, ਅਮੀਸਾ ਸਚਦੇਵਾ ਤੇ ਸੰਗੀਤਾ ਸੂਦ ਹਾਜ਼ਰ ਸਨ।

# ਗੁਰਦੁਆਰਾ ਮਿੱਠਾ ਟਿਵਾਣਾ ਵਿਖੇ ਸਾਲਾਨਾ ਯੱਗ ਸਮਾਗਮ ਸੰਪੰਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੇਵਾ ਪੰਥੀ ਸੰਪਰਦਾ ਦੇ ਪ੍ਰਸਿੱਧ ਅਸਥਾਨ ਡੇਰਾ ਹਰੀ ਭਗਤ ਪੁਰਾ ਗੁਰਦੁਆਰਾ ਮਿੱਠਾ ਟਿਵਾਣਾ ਹੁਸ਼ਿਆਰਪੁਰ ਵਿਖੇ ਸੱਚਖੰਡ ਵਾਸੀ ਮਹੰਤ ਬਾਬਾ ਹਰੀ ਸਿੰਘ ਜੀ ਤੇ ਮਹੰਤ ਬਾਬਾ ਭਗਤ ਸਿੰਘ ਦੀ 130ਵੀਂ ਤੇ 118ਵੀਂ ਯਾਦ ਵਿੱਚ ਸਾਲਾਨਾ ਯੱਗ ਸਮਾਗਮ ਸੰਪਨ ਹੋ ਗਿਆ ।ਜੁੱਗੋ ਜੁੱਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਸਰਪ੍ਰਸਤੀ ਅਤੇ ਸੇਵਾ ਪੰਥੀ ਅਸਥਾਨ ਦੇ ਮੁਖੀ ਸ੍ਰੀਮਾਨ ਮਹੰਤ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ ਦੀ ਅਗਵਾਈ 'ਚ ਹੋਏ ਇਸ ਸਲਾਨਾ ਯੱਗ ਸਮਾਗਮ ਵਿੱਚ ਦੇਸ਼ ਅਤੇ ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀਆਂ ਭਰੀਆਂ। ਸ੍ਰੀ ਅਖੰਡ ਪਾਠ ਸਾਹਿਬਾਨ ਦੀ ਲੜੀ ਦੇ ਭੋਗ ਉਪਰੰਤ ਸਜਾਏ ਗਏ ਵਿਸ਼ੇਸ਼ ਕੀਰਤਨ ਦੀਵਾਨ ਵਿੱਚ ਪੰਥ ਪ੍ਰਸਿੱਧ ਕੀਰਤਨੀ ਪਦਮ ਸ੍ਰੀ ਭਾਈ ਹਰਜਿੰਦਰ ਸਿੰਘ ਜੀ ਸ੍ਰੀਨਗਰ ਵਾਲੇ, ਭਾਈ ਮਨਿੰਦਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ , ਭਾਈ ਸਤਨਾਮ ਸਿੰਘ ਕੁਹਾੜਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਸ਼ੌਕੀਨ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਜਬਰਤੋੜ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ,ਭਾਈ ਕੁਲਦੀਪ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ,ਭਾਈ ਸਰਵਣ ਸਿੰਘ ਜੀ ਹਜਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ,ਭਾਈ ਕੁਲਦੀਪ ਸਿੰਘ ਜੀ, ਭਾਈ ਤਰਨਦੀਪ ਸਿੰਘ ਅਤੇ ਮਿੱਠਾ ਟਿਵਾਣਾ ਕੀਰਤਨ ਕੌਂਸਲ ਅਤੇ ਇਸਤਰੀ ਸਤਸੰਗ ਸਭਾ ਦੀਆਂ ਬੀਬੀਆਂ ਦੇ



ਜਥਿਆਂ ਨੇ ਧੁਰ ਕੀ ਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ । ਇਸ ਸਮਾਗਮ ਵਿੱਚ ਉਚੇਚੇ ਤੌਰ ਤੇ ਸੰਤ ਬਾਬਾ ਸਰਬਜੋਤ ਸਿੰਘ ਊਨਾ ਸਾਹਿਬ ਵਾਲੇ, ਮਹੰਤ ਰਮਿੰਦਰ ਦਾਸ ਮੁਖੀ ਡੇਰਾ ਬਾਬਾ ਚਰਨ ਸ਼ਾਹ ਬਹਾਦਰਪੁਰ, ਗਿਆਨੀ ਗੁਰਬਚਨ ਸਿੰਘ ਜੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ,ਸੰਤ ਕਰਮਜੀਤ ਸਿੰਘ ਜੀ ਸੇਵਾਪੰਥੀ,ਸੰਤ ਸੁਰਿੰਦਰ ਸਿੰਘ ਜੀ ਸੇਵਾਪੰਥੀ,ਸੁਆਮੀ ਜੀ ਕਥੈਲਸੰਤ ਚਮਕੌਰ ਸਿੰਘ ਜੀ ਅੰਮ੍ਰਿਤਸਰ, ਬਾਬਾ ਉਂਕਾਰ ਦਾਸ ਜੀ ਲੁਧਿਆਣਾ, ਸੰਤ ਅਮਰਜੀਤ ਸਿੰਘ ਜੀ ਹਰਖੋਵਾਲ,ਸੰਤ ਬਲਵੰਤ ਸਿੰਘ ਜੀ ਹਰਖੋਵਾਲ,ਸੰਤ ਤਰਲੋਚਨ ਸਿੰਘ ਜੀ ਬਿਰਕਤਾ ਵਾਲੇ,ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ,ਬਾਬਾ ਅਵਤਾਰ ਸਿੰਘ ਭੀਖੋਵਾਲ, ਸੰਤ ਅਮਨਦੀਪ ਸਿੰਘ ਜੀ ਸੇਵਾਪੰਥੀ, ਸੁਆਮੀ ਸ਼ਾਂਤਾਨੰਦ ਜੀ ਜਲੰਧਰ, ਬਾਬਾ ਪਰਮਜੀਤ ਸਿੰਘ ਜੀ ਹੰਸਾਲੀ ਵਾਲੇ, ਬਾਬਾ ਅਜੀਤ ਸਿੰਘ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਤਲਵੰਡੀ ਅਰਾਈਆਂ, ਐਡਵੋਕਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਕਮੇਟੀ, ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਮੈਂਬਰ ਸ਼੍ਰੋਮਣੀ ਕਮੇਟੀ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ । ਬਾਬਾ ਸਰਬਜੋਤ ਸਿੰਘ ਜੀ ਊਨਾ ਸਾਹਿਬ ਵਾਲਿਆਂ ਨੇ ਸੇਵਾ ਬੰਤੀ ਸੰਪਰਦਾ ਦੇ ਮਹਾਂਪੁਰਖਾਂ ਸੰਤ ਬਾਬਾ ਹਰੀ ਸਿੰਘ ਜੀ 130ਵੀ ਅਤੇ ਮਹੰਤ ਬਾਬਾ ਭਗਤ ਸਿੰਘ ਜੀ 118ਵੀਂ ਯਾਦ ਮਨਾਉਂਦਿਆਂ ਸੇਵਾਪੰਥੀ ਸੰਪਰਦਾ ਦੇ ਮਹਾਂਪੁਰਖਾਂ ਦੀ ਸੇਵਾ ਸਿਮਰਨ ਤੇ ਅਣਥੱਕ ਬੰਦਗੀ ਅਤੇ ਕਮਾਈ ਦੀਆਂ ਬਰਕਤਾਂ ਨਾਲ ਸੰਗਤਾਂ ਨੂੰ ਸ਼ਰਸ਼ਾਰ ਕੀਤਾ । ਡੇਰਾ ਮੁਖੀ ਸ੍ਰੀਮਾਨ ਮਹੰਤ ਬਾਬਾ ਪ੍ਰਿਤਪਾਲ ਸਿੰਘ ਜੀ ਸੇਵਾ ਪੰਥੀ ਨੇ ਆਈਆਂ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਅਹਿਮ ਸ਼ਖ਼ਸ਼ੀਅਤਾਂ ਦਾ ਸਨਮਾਨ ਕੀਤਾ। ਮੰਚ ਸੰਚਾਲਨ ਬਾਬਾ ਬਹਾਦਰ ਸਿੰਘ ਜੀ ਮਿੱਠਾ ਟਿਵਾਣਾ ਨੇ ਕੀਤਾਐ। ਸਮਾਗਮ ਦੌਰਾਨ ਗੁਰੂ ਕਾ ਲੰਗਰ, ਖੀਰ ਤੇ ਮਾਲ ਪੂੜਿਆਂ ਦੇ ਲੰਗਰ ਅਤੁੱਟ ਵਰਤਾਏ ਗਏ।

# ਘਰ ਦੇ ਬਾਹਰ ਲੱਗਾ ਬਿਜਲੀ ਦਾ ਮੀਟਰ ਚੋਰੀ

**ਕਾਲਾ ਸੰਘਿਆਂ (ਮਨਜੀਤ ਮਾਨ)**-ਸਥਾਨਕ ਕਸਬੇ ਤੋਂ ਇਕ ਵਿਅਕਤੀ ਦੇ ਘਰ ਦੇ ਬਾਹਰ ਲੱਗਾ ਬਿਜਲੀ ਦਾ ਮੀਟਰ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।



ਜਾਣਕਾਰੀ ਦਿੰਦੇ ਹੋਏ ਪੀੜ੍ਹਤ ਇੰਦਰਜੀਤ ਸਿੰਘ ਪੁੱਤਰ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਉਹਨਾਂ ਦੇ ਪਰਵਾਰ ਦੇ ਚਾਰ ਘਰ ਕਾਲਾ ਸੰਘਿਆਂ ਦੇ ਜੈ ਰਾਮਪੁਰ ਰੋਡ ਤੇ ਰਹਿੰਦੇ ਹਨ ਅਤੇ ਸਾਡੇ ਮੀਟਰ ਵੀ ਘਰਾਂ ਦੇ ਬਾਹਰ ਇਕ ਖੰਭੇ ਦੇ ਨਾਲ ਡੱਬੇ ਵਿੱਚ ਲੱਗੇ ਹੋਏ ਹਨ। ਉਨ੍ਹਾਂ ਕਿਹਾ ਕਿ ਮੀਟਰਾਂ ਵਾਲੇ ਡੱਬੇ ਦਾ ਦਰਵਾਜ਼ਾ ਖੁੱਲ੍ਹਾ ਹੋਇਆ ਸਾਡੇ ਇਕ ਪਰਿਵਾਰ ਦੇ ਮੈਂਬਰ ਨੇ ਵੇਖਿਆ ਅਤੇ ਉਸ ਨੇ ਵੇਖਿਆ ਕਿ ਇਕ ਮੀਟਰ ਡੱਬੇ ਵਿੱਚੋਂ ਗਾਇਬ ਸੀ। ਇੰਦਰਜੀਤ ਨੇ ਦੱਸਿਆ ਕਿ ਚੋਰਾਂ ਵੱਲੋਂ ਮੀਟਰ ਚੋਰੀ ਕਰਕੇ ਸਾਡੇ ਘਰ ਦੀ ਸਿੱਧੀ ਸਪਲਾਈ ਸਿੱਧੀ ਜੋੜ ਦਿੱਤੀ ਜਿਸ ਕਰਕੇ ਸਾਨੂੰ ਵੀ ਮੀਟਰ ਚੋਰੀ ਦਾ ਪਤਾ ਨਹੀਂ ਲੱਗਾ। ਉਹਨਾਂ ਕਿਹਾ ਕਿ ਜਦੋਂ ਸਾਨੂੰ ਪਤਾ ਲੱਗਾ ਕਿ ਅਸੀਂ ਬਿਜਲੀ ਬੋਰਡ ਨੂੰ ਸੂਚਨਾ ਦਿੱਤੀ। ਉਹਨਾਂ ਕਿਹਾ ਕਿ ਕਾਗਜ਼ੀ ਕਾਰਵਾਈ ਪੂਰੀ ਕਰਕੇ ਵਿਭਾਗ ਵਲੋਂ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਜਿਹਨਾਂ ਵੱਲੋਂ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਕਾਕਾ ਅਮਨਦੀਪ ਸਿੰਘ ਮੱਟੂ ਦੀ ਯਾਦ 'ਚ ਖ਼ੂਨਦਾਨ ਕੈਂਪ ਲਗਾਇਆ

**ਮਾਹਿਲਪੁਰ (ਸ਼ਫ਼ਰੀ)**

ਸ਼ਹੀਦ ਭਗਤ ਸਿੰਘ ਚੈਰੀਟੇਬਲ ਸੁਸਾਇਟੀ ਗੜ੍ਹਸ਼ੰਕਰ ਦੇ ਪ੍ਰਧਾਨ ਦਰਸ਼ਨ ਸਿੰਘ ਮੱਟੂ ਅਤੇ ਚੇਅਰਪਰਸਨ ਬੀਬੀ ਸੁਭਾਸ਼ ਮੱਟੂ ਵਲੋਂ ਇਲਾਕੇ ਦੀਆਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਅਪਣੇ ਲਾਡਲੇ ਕਾਕਾ ਅਮਨਦੀਪ ਸਿੰਘ ਮੱਟੂ ਦੀ ਸਦੀਵੀ ਯਾਦ ਨੂੰ ਸਮਰਪਿਤ 17ਵਾਂ ਸਵੈਂ ਇਛੁੱਕ ਖ਼ੂਨਦਾਨ ਕੈਂਪ ਡਾਕਟਰ ਅਜੈ ਬੱਗਾ ਦੀ ਅਗਵਾਈ ਹੇਠ ਬੀ.ਡੀ.ਸੀ ਬਲੱਡ ਸੈਂਟਰ ਨਵਾਂਸ਼ਹਿਰ ਦੇ ਤਕਨੀਕੀ ਸਹਿਯੋਗ ਨਾਲ ਹੋਟਲ ਪਿੰਕ ਰੋਜ਼ ਗੜ੍ਹਸ਼ੰਕਰ ਵਿਖੇ ਲਗਾਇਆ ਗਿਆ। ਇਸ ਕੈਂਪ ਦਾ



ਉਦਘਾਟਨ ਬੀਬੀ ਸੁਭਾਸ਼ ਮੱਟੂ ਅਤੇ ਰਸ਼ਪਾਲ ਕੌਰ ਸਮੇਤ 6 ਬੀਬੀਆਂ ਵਲੋਂ ਸਾਂਝੇ ਤੌਰ ਤੇ ਕੀਤਾ। ਇਸ ਕੈਂਪ ਵਿੱਚ ਜਿਥੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਤੇ ਮੋਟੀਵੇਟਰਾ ਨੇ ਪਹੁੰਚ ਕੇ ਖ਼ੂਨਦਾਨ ਕੀਤਾ ਅਤੇ 76 ਯੂਨਿਟ ਖ਼ੂਨ ਇਕੱਤਰ ਹੋਏ। ਉਥੇ ਹੀ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਦੀ ਹੌਂਸਲਾ ਅਫ਼ਜ਼ਾਈ ਕਰਕੇ ਪ੍ਰਬੰਧਕਾਂ ਵੱਲੋਂ ਕੀਤੇ ਜਾ ਰਹੇ ਇਸ ਨੇਕ ਕਾਰਜ ਦੀ ਸ਼ਲਾਘਾ ਕੀਤੀ। ਇਸ ਮੌਕੇ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਤੇ ਮੋਹਤਬਰਾਂ ਦਾ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸਾਬਕਾ ਵਿਧਾਇਕ ਲਵ ਕੁਮਾਰ ਗੋਲਡੀ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਰਜਿੰਦਰ ਸਿੰਘ ਸ਼ੂਕਾ, ਡਾ. ਹਰਿੰਦਰ ਸਿੰਘ ਬਾਠ, ਗੁਰਨੇਕ ਸਿੰਘ ਭੱਜਲ, ਹਰਭਜਨ ਸਿੰਘ ਅਟਵਾਲ, ਚਰਨਜੀਤ ਸਿੰਘ ਚੰਨੀ ਓਐਸਡੀ ਡਿਪਟੀ ਸਪੀਕਰ ਪੰਜਾਬ, ਡਾ.ਦੀਪਕ ਕੁਮਾਰ, ਡਾ. ਤਰਸੇਮ ਸਿੰਘ, ਰਾਕੇਸ਼ ਕਪੂਰ, ਗੋਲਡੀ ਸਿੰਘ ਬੀਹੜਾ, ਕੌਂਸਲਰ ਹਰਪ੍ਰੀਤ ਸਿੰਘ, ਚਰਨਪ੍ਰੀਤ ਸਿੰਘ ਲਾਡੀ, ਮੋਟੀਵੇਟਰ ਸੰਦੀਪ ਸ਼ਰਮਾ, ਡਾ.ਅਵਤਾਰ ਸਿੰਘ, ਡਾ. ਲਖਵਿੰਦਰ ਕੁਮਾਰ, ਡਾ.ਹਰਪ੍ਰੀਤ ਰਾਓ, ਹੈਪੀ ਸਾਧੋਵਾਲ, ਰੌਕੀ ਮੋਇਲਾ, ਸ਼ਿੰਦਾ ਗੋਲਿਆਂ, ਭੁਪਿੰਦਰ ਰਾਣਾ, ਪ੍ਰੀਤ ਪਾਰੋਵਾਲ, ਪ੍ਰੋਫੈਸਰ ਬਿੱਕਰ ਸਿੰਘ, ਹਰਦੇਵ ਰਾਏ, ਪੀ.ਐਲ ਸੂਦ, ਡਾ. ਹਰਬੰਸ ਲਾਲ, ਮੋਹਨ ਸਿੰਘ ਥਿਆੜਾ, ਲਖਵਿੰਦਰ ਲੱਖਾ, ਜਗਦੀਸ਼ ਰਾਏ, ਅਸ਼ਵਨੀ ਰਾਣਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਨਾਮਵਰ ਸਖਸ਼ੀਅਤਾਂ ਅਤੇ ਮੋਟੀਵੇਟਰ ਹਾਜ਼ਰ ਸਨ।

# ਸਿੱਖਿਆ ਵਿਭਾਗ ਨੇ ਚਾੜ੍ਹੇ ਹੁਕਮ : ਖੇਡਾਂ, ਐੱਸ ਐੱਮ ਸੀ ਟ੍ਰੇਨਿੰਗ ਤੇ ਪ੍ਰੀਖਿਆਵਾਂ ਕਰਾਓ ਨਾਲੋ-ਨਾਲ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ (ਡੀ.ਟੀ.ਐੱਫ਼.) ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਸੂਬਾ ਸਕੱਤਰ ਮਹਿੰਦਰ ਕੌੜਿਆਂਵਾਲੀ, ਸੰਯੁਕਤ ਸਕੱਤਰ ਮੁਕੇਸ਼ ਕੁਮਾਰ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਜਨਰਲ ਸਕੱਤਰ ਇੰਦਰ ਸੁਖਦੀਪ ਸਿੰਘ ਓਢਰਾ ਅਤੇ ਵਿੱਤ ਸਕੱਤਰ ਮਨਜੀਤ ਸਿੰਘ ਦਸੂਹਾ ਨੇ ਸਿੱਖਿਆ ਵਿਭਾਗ ਵਲੋਂ ਬਗੈਰ ਕੋਈ ਵਿਦਿਅਕ ਕੈਲੰਡਰ ਬਣਾਏ ਅਧਿਆਪਕਾਂ ਨੂੰ ਇੱਕੋ ਸਮੇਂ ਵੱਖ-ਵੱਖ ਕੰਮਾਂ ਵਿੱਚ ਉਲਝਾਉਣ ਦੀ ਸਖ਼ਤ ਨਿਖੇਧੀ ਕੀਤੀ ਹੈ। ਉਹਨਾਂ ਕਿਹਾ ਕਿ ਇਨ੍ਹਾਂ ਦਿਨਾਂ ਵਿੱਚ ਸੂਬੇ ਦੇ ਸਕੂਲਾਂ ਵਿੱਚ ਸਤੰਬਰ ਮਹੀਨੇ ਦੀਆਂ ਟਰਮ ਪ੍ਰੀਖਿਆਵਾਂ ਚੱਲ ਰਹੀਆਂ ਹਨ ਜੋ ਕਿ ਅਗਲੇ ਹਫ਼ਤੇ ਤੱਕ ਚੱਲਣਗੀਆਂ ਅਤੇ ਸੋਮਵਾਰ ਤੋਂ ਪ੍ਰਾਇਮਰੀ ਸਕੂਲਾਂ ਦੀਆਂ ਖੇਡਾਂ ਸ਼ੁਰੂ ਹੋ ਰਹੀਆਂ ਹਨ। ਸਿੱਖਿਆ ਵਿਭਾਗ ਨੇ ਜਿਨ੍ਹਾਂ ਦਿਨਾਂ ਵਿੱਚ ਪ੍ਰਾਇਮਰੀ ਸਕੂਲਾਂ ਦੀਆਂ ਖੇਡਾਂ ਕਰਵਾਉਣ ਦੇ ਹੁਕਮ ਦਿੱਤੇ ਸਨ, ਹੁਣ ਉਨ੍ਹਾਂ ਦਿਨਾਂ ਵਿੱਚ ਹੀ ਸਕੂਲਾਂ ਵਿੱਚ ਨਵੀਆਂ ਬਣੀਆਂ ਸਕੂਲ ਮੈਨੇਜਮੈਂਟ ਕਮੇਟੀਆਂ (ਐੱਸ.ਐੱਮ.ਸੀ.) ਦੀਆਂ ਟ੍ਰੇਨਿੰਗਾਂ ਕਰਾਉਣ ਦੇ ਹੁਕਮ ਜਾਰੀ ਕਰ ਦਿੱਤੇ ਹਨ। ਵਿਦਿਆਰਥੀਆਂ ਦੇ ਸਤੰਬਰ ਟਰਮ ਪ੍ਰੀਖਿਆਵਾਂ ਦੇ ਨਾਲ ਹੀ ਚੋਣ ਕਮਿਸ਼ਨ ਵਲੋਂ ਪਹਿਲਾਂ ਹੀ ਸੂਬੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ (ਐੱਸ.ਆਈ.ਆਰ.) ਦਾ ਕੰਮ ਚੱਲ ਰਿਹਾ ਹੈ ਜਿਸ ਵਿੱਚ ਵੱਡੀ ਗਿਣਤੀ ਵਿੱਚ ਅਧਿਆਪਕ ਬੀ.ਐੱਲ.ਓ. ਵਜੋਂ ਡਿਊਟੀਆਂ ਨਿਭਾ ਰਹੇ ਹਨ ਜਿਨ੍ਹਾਂ ਨੂੰ ਕਿ ਵੱਖ ਵੱਖ ਵਿਧਾਨ ਸਭਾ ਹਲਕਿਆਂ ਦੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵਲੋਂ ਪਹਿਲਾਂ ਹੀ ਸਕੂਲਾਂ ਤੋਂ ਫ਼ਾਰਗ ਕਰਵਾ ਕੇ ਬੀ.ਐੱਲ.ਓ. ਦੇ ਕੰਮਾਂ ਉੱਤੇ ਤਾਇਨਾਤ ਕੀਤਾ ਹੋਇਆ ਹੈ। ਅਜਿਹੇ ਵਿੱਚ ਅਧਿਆਪਕਾਂ ਦਾ ਕਹਿਣਾ ਹੈ ਕਿ ਓਹ ਇਸ ਭੰਬਲਭੂਸੇ ਵਿੱਚ ਫ਼ਸੇ ਹਨ ਕਿ ਓਹ ਆਪਣੇ ਸਕੂਲਾਂ ਦੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਲੈ ਕੇ ਜਾਣ, ਐੱਸ.ਐੱਮ.ਸੀ. ਦੀਆਂ ਟ੍ਰੇਨਿੰਗਾਂ ਵਿੱਚ ਭਾਗ ਲੈਣ ਜਾਂ ਬੀ.ਐੱਲ.ਓ. ਡਿਊਟੀ ਕਰਨ ?

## ਦੁਸਹਿਰਾ 2 ਨੂੰ ਧੂਮਧਾਮ ਨਾਲ ਮਨਾਇਆ ਜਾਏਗਾ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਬੇਦੀ ਤੇ ਨੇਕੀ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਤਿਉਹਾਰ 2 ਅਕਤੂਬਰ ਨੂੰ ਨੂਰਮਹਿਲ ਵਿਖੇ ਬੜੀ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ।ਇਸ ਮੌਕੇ ਤੇ ਦੇਵੀ ਦੇਵਤਿਆਂ ਨਾਲ ਸਬੰਧਤ ਝਾਕੀਆਂ ਦਰਸਾਈਆਂ ਜਾਣਗੀਆਂ। ਦੁਸਹਿਰਾ ਗਰਾਊਂਡ ਵਿੱਚ ਪਟੱਕਿਆ ਤੇ ਆਤਿਸ਼ਬਾਜ਼ੀਆਂ ਆਦਿ ਚਲਾਈਆਂ ਜਾਣਗੀਆਂ। ਅਤੇ ਰਾਵਣ,ਕੁੰਭਕਰਨ ਅਤੇ ਮੇਘਨਾਥ ਦੇ ਪੁਤਲਿਆਂ ਨੂੰ ਅੱਗਨੀ ਭੇਟ ਕੀਤਾ ਜਾਵੇਗਾ।

# ਤੇਹਿੰਗ ਕਾਲਜ 'ਚ ਨਾਟਕ 'ਇਹ ਕੇਹੀ ਰੁੱਤ ਆਈ' ਖੇਡਿਆ

**ਨੂਰਮਹਿਲ, ਫਿਲੌਰ (ਬਾਲ ਕ੍ਰਿਸ਼ਨ ਬਾਲੀ, ਨਿਰਮਲ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਫਿਲੌਰ ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਧੀਨ ਅਜ਼ਾਦ ਰੰਗ ਮੰਚ ਕਲਾ ਭਵਨ, ਫਗਵਾੜਾ ਦੀ ਟੀਮ ਵੱਲੋਂ 'ਇਹ ਕੇਹੀ ਰੁੱਤ ਆਈ' ਨਾਟਕ ਦੀ ਪੇਸ਼ਕਾਰੀ ਕੀਤੀ ਗਈ। ਪ੍ਰਿੰਸੀਪਲ ਡਾ.ਪਰਮਜੀਤ ਕੌਰ ਜੱਸਲ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦਿਆਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਸਮਾਜਕ ਅਲਾਮਤ ਤੋਂ ਬਚਦਿਆਂ ਤਰੱਕੀ ਦੀ ਮੰਜ਼ਿਲ ਨੂੰ ਸਰ ਕਰਨ ਵੱਲ ਅਗ੍ਰਸਰ ਹੋਣਾ ਚਾਹੀਦਾ ਹੈ । ਸਾਨੂੰ ਆਪਣੇ ਗੁਰੂਆਂ, ਪੀਰਾਂ ਅਤੇ ਸ਼ਹੀਦਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਪੰਜਾਬੀ ਵਿਭਾਗ ਦੇ ਡਾ. ਪਰਮਜੀਤ ਕੌਰ ਦੀ ਅਗਵਾਈ ਵਿੱਚ ਹੋਏ ਇਸ ਇਕ ਰੋਜ਼ਾ ਸਮਾਗਮ ਵਿੱਚ ਅਜ਼ਾਦ ਰੰਗਮੰਚ ਕਲਾ ਭਵਨ, ਫਗਵਾੜਾ ਵੱਲੋਂ ਨਸ਼ੇ ਦੀ ਸਮੱਸਿਆ ਨੂੰ ਦਿਖਾਉਂਦੇ ਹੋਏ ਨਾਟਕ ਦੀ ਪੇਸ਼ਕਾਰੀ ਕੀਤੀ ਗਈ। ਪ੍ਰੋ. ਬਲਰਾਜ ਸਿੰਘ ਨੇ ਮੰਚ ਸੰਚਾਲਕ ਦੀ ਭੂਮਿਕਾ ਨਿਭਾਈ । ਵਿਦਿਆਰਥੀਆਂ ਨੇ ਆਪਣੀ ਸਮਰਪਣ ਭਾਵਨਾ ਦਿਖਾਉਂਦਿਆਂ ਨਸ਼ਿਆਂ ਤੋਂ ਬਚਣ ਦਾ ਪ੍ਰਣ ਕੀਤਾ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਪ੍ਰੋ: ਵਿਸ਼ਾਲੀ ਪਸਰਿਚਾ, ਪ੍ਰੋ: ਜਸਪ੍ਰੀਤ ਕੌਰ, ਪ੍ਰੋ: ਬਬਿਤਾ ਕੁਮਾਰੀ, ਪ੍ਰੋ:ਰੁਪਿੰਦਰ ਸਿੰਘ, ਪ੍ਰੋ: ਮਨਿੰਦਰ ਸਿੰਘ, ਪ੍ਰੋ: ਮਨਦੀਪ ਕੌਰ, ਪ੍ਰੋ: ਰਾਜਨ ਮਿਤੂ, ਪ੍ਰੋ: ਕਿਰਨਦੀਪ ਕੌਰ, ਪ੍ਰੋ: ਕਮਲਪ੍ਰੀਤ ਕੌਰ, ਪ੍ਰੋ: ਸੋਨਿਆ, ਪ੍ਰੋ:ਅਨੁਜ ਸ਼ਰਮਾ, ਪ੍ਰੋ: ਮਨੀਸ਼ ਤ੍ਰੇਹਨ, ਪ੍ਰੋ: ਨਵਦੀਪ ਕੌਰ ਅਤੇ ਵਿਦਿਆਰਥੀ ਮੌਜੂਦ ਸਨ। ਤੇਹਿੰਗ ਪਿੰਡ ਦੀ ਪੰਚਾਇਤ ਅਤੇ ਪਤਵੰਤੇ ਸੱਜਣਾਂ ਤੀਰਥ ਸਿੰਘ ਜੌਹਲ, ਜਥੇਦਾਰ ਕੁਲਵਿੰਦਰ ਸਿੰਘ ਸਰਪੰਚ, ਨਿਰਮਲ ਸਿੰਘ (ਸਾਥੀਆਂ ਸਮੇਤ), ਪੰਚ ਜਸਵੀਰ ਸਿੰਘ, ਪੰਚ ਸ਼ਰਨਜੀਤ ਸਿੰਘ, ਪੰਚ ਗੁਰਮੇਜ ਕੌਰ, ਪੰਚ ਬਲਵਿੰਦਰ ਕੌਰ, ਪੰਚ ਜਤਿੰਦਰ ਸਿੰਘ, ਸਾਬਕਾ ਪੰਚ ਸੁਖਵੰਤ ਸਿੰਘ, ਤੇਜਾ ਸਿੰਘ ਜੌਹਲ, ਪਿੰਡ ਤੇਹਿੰਗ, ਸੁਨੀਤਾ ਰਾਨੀ, ਸੁਖਦੇਵ ਸਿੰਘ, ਜਸਵੀਰ ਸਿੰਘ, ਲਖਵਿੰਦਰ ਸਿੰਘ, ਸਾਬਕਾ ਪੰਚ ਗੁਰਵਿੰਦਰ ਸਿੰਘ ਨੇ ਵੀ ਇਸ ਸਮਾਗਮ ਵਿੱਚ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।





# ਬਸੀ ਵਾਹਿਦ ਛਿੰਝ ਮੇਲੇ ਦੇ ਪਟਕੇ ਦੀ ਕੁਸ਼ਤੀ ਅਲੀ ਜੰਮੂ ਨੇ ਜਿੱਤੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਨਜ਼ਦੀਕੀ ਪਿੰਡ ਬਸੀ ਵਾਹਿਦ ਵਿਖੇ ਸਲਾਨਾ ਛਿੰਝ ਮੇਲਾ ਸਿੱਧ ਸ੍ਰੀ ਬਾਬਾ ਬਾਲਕ ਨਾਥ ਜੀ ਅਤੇ ਲੱਖ ਦਾਤਾ ਦੀ ਰਹਿਮਤ ਸਦਕਾ ਸਵ. ਦੇਵ ਰਾਜ ਸਰੋਆ ਦੇ ਫਰਜੰਗ ਅਨਿਲ ਕੁਮਾਰ ਬੰਟੀ ਪ੍ਰਧਾਨ ਹਲਕਾ ਹਰਿਆਣਾ ਭੂੰਗਾ ਬੇਗਮਪੁਰਾ ਟਾਈਗਰ ਫੋਰਸ ਦੇ ਸੁਚੱਜੇ ਪ੍ਰਬੰਧਾਂ ਹੇਠ ਬੜੀ ਸ਼ਾਨੋ ਸ਼ੌਕਤ ਨਾਲ ਕਰਵਾਇਆ ਗਿਆ। ਇਸ ਛਿੰਝ ਮੇਲੇ ਵਿੱਚ ਪੰਜਾਬ ਤੋਂ ਇਲਾਵਾ ਹਿਮਾਚਲ ਪ੍ਰਦੇਸ਼ ਅਤੇ ਜੰਮੂ ਤੋਂ ਆਏ ਲੱਗਭਗ 30 ਪਹਿਲਵਾਨਾਂ ਨੇ ਹਿੱਸਾ



ਲਿਆ। ਸਰੋਆ ਪਰਵਾਰ ਵੱਲੋਂ ਕਰਵਾਈ ਗਈ ਛਿੰਝ ਵਿੱਚ ਪਟਕੇ ਦੀ ਕੁਸ਼ਤੀ ਸੇਠੀ ਹੁਸ਼ਿਆਰਪੁਰ ਨੂੰ ਚਿੱਤ ਕਰਕੇ ਜੰਮੂ ਤੋਂ ਆਏ ਪਹਿਲਵਾਨ ਅਲੀ ਜੰਮੂ ਨੇ ਜਿੱਤੀ ਅਤੇ ਛੋਟੀ ਰੁਮਾਲੀ ਦੀ ਕੁਸ਼ਤੀ ਪਹਿਲਵਾਨ ਗੁਲਾਮ ਹੁਸੈਨ ਹੁਸ਼ਿਆਰਪੁਰ ਨੂੰ ਚਿੱਤ ਕਰਕੇ ਜੰਮੂ ਤੋਂ ਆਏ ਹੋਏ ਪਹਿਲਵਾਨ ਸ਼ਰੀਫ ਜੰਮੂ ਨੇ ਜਿੱਤੀ। ਕੁਸ਼ਤੀ ਨੂੰ ਚਾਰ ਚੰਨ ਲਾਉਣ ਵਾਸਤੇ ਬੇਗਮਪੁਰਾ ਟਾਈਗਰ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ, ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਹੈਪੀ ਫਤਿਹਗੜ੍ਹ, ਵਿੱਕੀ ਪੁਰਹੀਰਾਂ, ਅਮਰੀਕ ਸਿੰਘ ਰਾਜੂ, ਰਵੀ ਸੁੰਦਰ ਨਗਰ, ਰਾਮ ਮੂਰਤੀ ਸ਼ੇਰਪੁਰ, ਸਾਬੀ ਡੀਜੇ ਆਦਿ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਛਿੰਝ ਮੇਲੇ ਵਿੱਚ ਆਏ ਹੋਏ ਪਹਿਲਵਾਨਾਂ ਨੂੰ ਸਾਈਂ ਗੀਤਾ ਸ਼ਾਹ ਕਾਦਰੀ ਅਤੇ ਬਾਬਾ ਸਰਬਜੀਤ ਦਾਸ ਨੇ ਅਸ਼ੀਰਵਾਦ ਦਿੱਤਾ। ਛਿੰਝ ਮੇਲੇ ਵਿੱਚ ਰੈਫਰੀ ਦੀ ਡਿਊਟੀ ਪਹਿਲਵਾਨ ਅਸ਼ੋਕ ਅਤੇ ਦੀਪੂ ਆਦੀਆਂ ਨੇ ਨਿਭਾਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨੇਕੂ ਅਜਨੋਹਾ, ਸਰਤਾਜ, ਮਨਪ੍ਰੀਤ, ਰਾਜਵੀਰ, ਗੁਰਪ੍ਰੀਤ, ਰਵੀ, ਗੋਪੀ, ਨਵਜੋਤ ਨੂਰਾ, ਦਵਿੰਦਰ ਦੀਪਾ, ਸੁਰਿੰਦਰ ਪਾਲ ਲੰਬੜਦਾਰ, ਲੰਬੜਦਾਰ ਜਗਦੀਸ਼ ਲਾਲ, ਅਮਰਜੀਤ ਸਿੰਘ ਮੈਂਬਰ ਪੰਚਾਇਤ, ਕੁਲਦੀਪ ਸਿੰਘ ਮੈਂਬਰ ਪੰਚਾਇਤ, ਬੰਸਦੀਪ, ਸਮਨੀਤ, ਮਨਪ੍ਰੀਤ ਕੌਰ, ਨਵਨੀਤ ਕੌਰ, ਰਵਜੋਤ ਕੌਰ, ਸਮਰਪਿਤ ਸਿੰਘ, ਰਾਹੁਲ ਕਲੋਤਾ ਦੁਬਈ, ਸ਼ਾਲੂ, ਨਵਜੋਤ, ਸਾਹਿਲ, ਮਨਵੀਰ, ਦੀਪਕ ਆਦਿ ਹਾਜ਼ਰ ਸਨ।

# ਆਲ ਇੰਡੀਆ ਕਾਂਗਰਸ ਦੇ ਆਬਜ਼ਰਵਰ ਲਾਲਜੀ ਦੇਸਾਈ ਪਹੁੰਚੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ

**ਬਲਾਚੌਰ (ਜਸਵਿੰਦਰ ਬੈਂਸ)**- ਕਾਂਗਰਸ ਪਾਰਟੀ ਲੋਕਾਂ ਦੇ ਦਿਲਾਂ ਵਿੱਚ ਰਾਜ ਕਰਨ ਵਾਲੀ ਪਾਰਟੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਕੀਤਾ ਗਿਆ। ਲਾਲਜੀ ਦੇਸਾਈ 1933 ਆਬਜ਼ਰਵਰ ਆਪਣੇ ਸਾਥੀਆਂ ਸਾਧੂ ਸਿੰਘ ਧਰਮਸੋਤ ਸਾਬਕਾ ਮੰਤਰੀ, ਨਿਰਮਲ ਖੈਰਾ ਸਮੇਤ ਸੰਗਠਨ ਸਿਰਜਣ ਅਭਿਆਨ ਤਹਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸ਼ਹਿਰ ਬਲਾਚੌਰ ਵਿਖੇ ਪਹੁੰਚੇ। ਉਨ੍ਹਾਂ ਵੱਲੋਂ ਕਾਂਗਰਸ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਪ੍ਰੈਸ ਕਾਨਫਰੰਸ ਕੀਤੀ ਗਈ। ਉਸ ਉਪਰੰਤ ਕਮੇਟੀ ਮੈਂਬਰਾਂ ਨਾਲ ਇੱਕ-ਇੱਕ ਕਰਕੇ ਮੀਟਿੰਗ ਕਰ ਪਿਛਲੇ 3 ਸਾਲਾਂ ਦੀ ਕਾਰਗੁਜ਼ਾਰੀ ਬਾਰੇ ਡਾਟਾ ਲਿਆ ਗਿਆ। ਉਨ੍ਹਾਂ ਦਾ ਦੌਰਾ 30 ਸਤੰਬਰ ਤੱਕ ਚੱਲੇਗਾ ਜੋ ਕਿ ਨਵਾਂਸ਼ਹਿਰ ਅਤੇ ਬੰਗਾ ਤੋਂ ਹੁੰਦੇ ਹੋਏ ਬਲਾਚੌਰ ਵਿੱਚ ਵਾਪਸ ਆਵੇਗਾ।ਇਸ ਮੌਕੇ ਲਾਲਜੀ ਦੇਸਾਈ ਪ੍ਰਧਾਨ ਸੇਵਾ ਦਲ ਭਾਰਤ, ਸਾਧੂ ਸਿੰਘ ਧਰਮਸੋਤ ਜੰਗਲਾਤ ਮੰਤਰੀ, ਨਿਮਰਲ ਖੈਰਾ, ਚੌਧਰੀ ਦਰਸ਼ਨ ਲਾਲ ਮੰਗੂਪੁਰ ਸਾਬਕਾ ਵਿਧਾਇਕ ਬਲਾਚੌਰ, ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਅਗੰਦ ਸੈਣੀ ਸਾਬਕਾ ਵਿਧਾਇਕ ਨਵਾਂਸ਼ਹਿਰ, ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ ਬੰਗਾ, ਰਾਜ ਕੁਮਾਰ ਜ਼ਿਲ੍ਹਾ ਪ੍ਰਧਾਨ ਸੇਵਾ ਦਲ, ਉਪਕਾਰ ਸਿੰਘ ਜ਼ਿਲ੍ਹਾ ਪ੍ਰਧਾਨ ਐਸ.ਸੀ. ਸੈੱਲ, ਅਮਰੀਕ ਸਿੰਘ ਜ਼ਿਲ੍ਹਾ ਪ੍ਰਧਾਨ ਬੀ.ਸੀ. ਸੈੱਲ, ਕੁਲਵਰਨ ਸਿੰਘ ਬਲਾਕ ਪ੍ਰਧਾਨ ਬੰਗਾ, ਰਾਮਦਾਸ ਸਿੰਘ ਬਲਾਕ ਪ੍ਰਧਾਨ ਔੜ, ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਬਲਾਚੌਰ, ਰੋਹਿਤ ਚੋਪੜਾ ਬਲਾਕ ਪ੍ਰਧਾਨ ਨਵਾਂਸ਼ਹਿਰ-1, ਸਰਬਜੀਤ ਸਿੰਘ ਬਲਾਕ ਪ੍ਰਧਾਨ ਨਵਾਂਸ਼ਹਿਰ-2, ਹਰਜੀਤ ਸਿੰਘ ਜਾਡਲੀ ਮੀਤ ਪ੍ਰਧਾਨ, ਵਿਜੇ ਕੁਮਾਰ ਮੀਤ ਪ੍ਰਧਾਨ, ਰਾਜਿੰਦਰ ਸ਼ਰਮਾ ਮੀਤ ਪ੍ਰਧਾਨ ਡੀ.ਸੀ.ਸੀ., ਦੇਸਰਾਜ ਕੁਮਾਰ ਜਨਰਲ ਸੱਕਤਰ, ਬਲਦੇਵ ਰਾਜ ਜਨਰਲ ਸੱਕਤਰ, ਹਰਪਾਲ ਸਿੰਘ ਸੱਕਤਰ, ਵਰਿੰਦਰ ਕੁਮਾਰ ਸੱਕਤਰ, ਦਵਿੰਦਰ ਕੁਮਾਰ ਸੱਕਤਰ, ਬਲਵਿੰਦਰ ਕੁਮਾਰ ਸੱਕਤਰ, ਰਾਜਿੰਦਰ ਸਿੰਘ ਸ਼ਿੰਦੀ ਦਫਤਰ ਸੱਕਤਰ, ਰਿੱਕੀ ਬਜਾਜ ਖਜ਼ਾਨਚੀ, ਡਾ. ਸ਼ਾਦੀ ਲਾਲ, ਕਮਲਜੀਤ ਮਹਿਮੀ, ਗਿਆਨ ਚੰਦ ਬੰਗਾ, ਹਰਭਜਨ ਸਿੰਘ, ਦਰਬਜੀਤ ਸਿੰਘ, ਸੁਰਿੰਦਰ ਸ਼ਿੰਦਾ ਬੁਲਾਰਾ ਡੀ.ਸੀ.ਸੀ., ਤਰਸੇਮ ਲਾਲ ਜਿੰਦਰ ਪ੍ਰਧਾਨ ਐਸ.ਸੀ.ਸੈੱਲ, ਸੋਨੂੰ ਰੈਲ ਮਾਜਰਾ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।



# ਬੋਰਵੈੱਲਾਂ/ਟਿਊਬਵੈੱਲਾਂ ਦੀ ਖੁਦਾਈ ਤੇ ਮੁਰੰਮਤ 'ਤੇ ਪਾਬੰਦੀ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਜ਼ਿਲ੍ਹਾ ਮੈਜਿਸਟ੍ਰੇਟ ਅੰਕੁਰਜੀਤ ਸਿੰਘ ਨੇ ਸੁਪਰੀਮ ਕੋਰਟ ਦੇ ਹੁਕਮ ਦੀ ਰੋਸ਼ਨੀ 'ਚ ਜਲ ਸ੍ਰੋਤ ਮੰਤਰਾਲਾ ਭਾਰਤ ਸਰਕਾਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਤਹਿਤ ਬੋਰਵੈੱਲਾਂ/ਟਿਊਬਵੈੱਲਾਂ ਦੀ ਖੁਦਾਈ/ਮੁਰੰਮਤ ਦੇ ਮੱਦੇਨਜ਼ਰ ਸ਼ਹਿਰੀ ਅਤੇ ਪੇਂਡੂ ਖੇਤਰਾਂ 'ਚ ਕੱਚੀਆਂ ਖੂਹੀਆਂ ਅਤੇ ਟਿਊਬਵੈੱਲ ਪੁੱਟਣ ਕਾਰਨ ਲੋਕਾਂ ਅਤੇ ਬੱਚਿਆਂ ਦੇ ਇਨ੍ਹਾਂ ਬੋਰਵੈਲਾਂ 'ਚ ਡਿਗਣ ਦੇ ਖਦਸ਼ੇ ਦੇ ਮੱਦੇਨਜ਼ਰ ਜ਼ਿਲ੍ਹੇ ਵਿਚ ਬਿਨਾਂ ਮਨਜ਼ੂਰੀ ਬੋਰਵੈੱਲ ਪੁੱਟਣ ਜਾਂ ਡੂੰਘੇ ਕਰਨ 'ਤੇ ਰੋਕ ਲਾਈ ਹੈ। ਜ਼ਿਲ੍ਹਾ ਮੈਜਿਸਟਰੇਟ ਨੇ ਇਸ ਕਾਰਜ ਲਈ ਸਮਰੱਥ ਅਧਿਕਾਰੀ ਪਾਸੋਂ ਬਾ-ਸ਼ਰਤ ਪ੍ਰਵਾਨਗੀ ਨੂੰ ਲਾਜ਼ਮੀ ਕਰ ਦਿੱਤਾ ਹੈ।ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਹੁਕਮ ਅਨੁਸਾਰ ਜ਼ਮੀਨ ਮਾਲਕ ਵਾਸਤੇ ਬੋਰਵੈੱਲ ਪੁੱਟਣ ਤੋਂ ਪਹਿਲਾਂ ਸਬੰਧਤ ਜ਼ਿਲ੍ਹਾ ਕੁਲੈਕਟਰ, ਸਬੰਧਤ ਗ੍ਰਾਮ ਪੰਚਾਇਤ, ਨਗਰ ਕੌਂਸਲ, ਜਨ ਸਿਹਤ ਵਿਭਾਗ, ਭੂਮੀ ਰੱਖਿਆ ਵਿਭਾਗ (ਗਰਾਊਂਡ ਵਾਟਰ) ਨੂੰ 15 ਦਿਨ ਪਹਿਲਾਂ ਸੂਚਿਤ ਕਰਨਾ ਜ਼ਰੂਰੀ ਹੋਵੇਗਾ ਅਤੇ ਖੂਹ ਅਤੇ ਬੋਰਵੈੱਲ ਪੁੱਟਣ ਜਾਂ ਮੁਰੰਮਤ ਕਰਨ ਵਾਲੀਆਂ ਸਾਰੀਆਂ ਏਜੰਸੀਆਂ ਦੀ ਰਜਿਸਟ੍ਰੇਸ਼ਨ ਹੋਣੀ ਲਾਜ਼ਮੀ ਹੈ। ਇਸੇ ਤਰ੍ਹਾਂ ਖੂਹ/ਬੋਰਵੈੱਲ ਪੁੱਟਣ ਜਾਂ ਮੁਰੰਮਤ ਵਾਲੀ ਥਾਂ 'ਤੇ ਡਰਿਲਿੰਗ ਏਜੰਸੀ ਦਾ ਅਤੇ ਖੂਹ ਪੁਟਾਏ ਜਾਣ ਵਾਲੇ ਮਾਲਕ ਦਾ ਪੂਰੇ ਪਤੇ ਵਾਲਾ ਸਾਈਨ ਬੋਰਡ ਲਗਾਇਆ ਜਾਵੇ ਜਿਸ 'ਤੇ ਏਜੰਸੀ ਦਾ ਰਜਿਸਟ੍ਰੇਸ਼ਨ ਨੰਬਰ ਵੀ ਲਿਖਿਆ ਹੋਵੇ। ਇਸ ਦੇ ਨਾਲ ਹੀ ਬੋਰਵੈੱਲ ਦੇ ਆਲੇ-ਦੁਆਲੇ ਕੰਡਿਆਲੀ ਤਾਰ ਅਤੇ ਇਸ ਨੂੰ ਸਟੀਲ ਪਲੇਟ ਦੇ ਢੱਕਣ ਨਾਲ ਨੱਟ ਬੋਲਟ ਲਗਾ ਕੇ ਬੰਦ ਕਰਨਾ ਲਾਜ਼ਮੀ ਹੋਵੇਗਾ ਅਤੇ ਖੂਹ/ਬੋਰ ਦਾ ਢੱਕਣ ਕੇਸਿੰਗ ਪਾਇਪ ਨਾਲ ਨੱਟ ਬੋਲਟ ਨਾਲ ਫਿਕਸ ਹੋਣਾ ਚਾਹੀਦਾ ਹੈ।ਜਾਰੀ ਹੁਕਮਾਂ ਅਨੁਸਾਰ ਖੂਹ/ਬੋਰਵੈੱਲ ਦੇ ਆਲੇ-ਦੁਆਲੇ ਸੀਮਿੰਟ/ਕੰਕਰੀਟ ਦਾ ਪਲੇਟਫ਼ਾਰਮ ਜੋ ਜ਼ਮੀਨੀ ਪੱਧਰ ਤੋਂ 0.30 ਮੀਟਰ ਨੀਵਾਂ ਅਤੇ 0.30 ਮੀਟਰ ਉੱਚਾ ਹੋਵੇ, ਦੀ ਉਸਾਰੀ ਲਾਜ਼ਮੀ ਹੋਵੇਗੀ। ਇਸ ਤੋਂ ਇਲਾਵਾ ਖੂਹ/ਬੋਰਵੈਲ ਪੁੱਟਣ ਜਾਂ ਮੁਰੰਮਤ ਉਪਰੰਤ ਜੇਕਰ ਖਾਲੀ ਥਾਂ ਕੋਈ ਹੋਵੇ ਤਾਂ ਉਸ ਨੂੰ ਮਿੱਟੀ ਨਾਲ ਭਰਿਆ ਜਾਵੇ ਅਤੇ ਕੰਮ ਪੂਰਾ ਹੋਣ ਉਪਰੰਤ ਜ਼ਮੀਨੀ ਪੱਧਰ ਨੂੰ ਪਹਿਲਾਂ ਜਿਹਾ ਕੀਤਾ ਜਾਵੇ। ਖੂਹ ਜਾਂ ਬੋਰਵੈਲ ਨੂੰ ਕਿਸੇ ਵੀ ਹਾਲਤ 'ਚ ਖੁੱਲ੍ਹਾ ਨਾ ਛੱਡਿਆ ਜਾਵੇ। ਕੋਈ ਵੀ ਵਿਅਕਤੀ ਖੂਹ/ਬੋਰਵੈਲ ਪੁੱਟਣ ਜਾਂ ਮੁਰੰਮਤ ਕਰਨ ਲਈ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀ ਲਿਖਤੀ ਪ੍ਰਵਾਨਗੀ ਲਵੇਗਾ ਅਤੇ ਉਨ੍ਹਾਂ ਦੀ ਦੇਖ-ਰੇਖ ਤੋਂ ਬਿਨਾਂ ਕੰਮ ਨਹੀਂ ਕਰਵਾਏਗਾ।ਪੇਂਡੂ ਇਲਾਕੇ 'ਚ ਸਰਪੰਚ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਅਤੇ ਸ਼ਹਿਰੀ ਇਲਾਕੇ 'ਚ ਜਨ ਸਿਹਤ ਵਿਭਾਗ, ਭੂਮੀ ਰੱਖਿਆ (ਗਰਾਊਂਡ ਵਾਟਰ), ਨਗਰ ਕੌਂਸਲਾਂ ਦੇ ਜੂਨੀਅਰ ਇੰਜੀਨੀਅਰਾਂ ਅਤੇ ਕਾਰਜਕਾਰੀ ਇੰਜੀਨੀਅਰਾਂ ਵੱਲੋਂ ਆਪਣੇ-ਆਪਣੇ ਅਧਿਕਾਰ ਖੇਤਰ ਦੀ ਇਸ ਸਬੰਧੀ ਬਾਕਾਇਦਾ ਰਿਪੋਰਟ ਤਿਆਰ ਕੀਤੀ ਜਾਵੇਗੀ ਕਿ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਕਿੰਨੇ ਬੋਰਵੈੱਲ/ ਖੂਹ ਆਦਿ ਨਵੇਂ ਖੁਦਵਾਏ ਗਏ, ਕਿੰਨਿਆਂ ਦੀ ਮੁਰੰਮਤ ਕਰਵਾਈ, ਕਿੰਨੇ ਵਰਤੋਂ ਵਿੱਚ ਹਨ ਅਤੇ ਕਿੰਨੇ ਭਰਵਾਏ ਗਏ। ਇਹ ਰਿਪੋਰਟ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਦੇ ਦਫ਼ਤਰ ਨੂੰ ਹਰ ਮਹੀਨੇ ਭੇਜੀ ਜਾਵੇਗੀ। ਇਹ ਹੁਕਮ 30 ਨਵੰਬਰ ਤੱਕ ਲਾਗੂ ਰਹੇਗਾ।

# ਝੋਨੇ ਦੀ ਖਰੀਦ ਮਾਰਕੀਟ ਕਮੇਟੀ ਢਿਲਵਾਂ ਦੇ ਚੇਅਰਮੈਨ ਨੇ ਆਰੰਭ ਕਰਵਾਈ

**ਕਪੂਰਥਲਾ (ਮਨਜੀਤ ਮਾਨ)**-ਮਾਰਕੀਟ ਕਮੇਟੀ ਢਿਲਵਾਂ ਦੇ ਚੇਅਰਮੈਨ ਸ੍ਰੀ ਕੁਲਦੀਪ ਪਾਠਕ ਵੱਲੋਂ ਅਨਾਜ ਮੰਡੀ ਲੱਖਣ ਕੇ ਪੱਡਾ ਵਿਖੇ ਝੋਨੇ ਦੀ ਖਰੀਦ ਬਰਾੜ ਟ੍ਰੇਡਿੰਗ ਕੰਪਨੀ ਦੇ ਆੜਤੀ ਅਮਰੀਕ ਸਿੰਘ ਬਰਾੜ ਦੀ ਆੜਿਤ ਤੇ ਕਿਸਾਨ ਅਮਰੀਕ ਸਿੰਘ ਦੀ ਢੇਰੀ ਦੀ ਖੁੱਲ੍ਹੀ ਬੋਲੀ ਰਾਹੀਂ



ਪਨਗਰੇਨ ਦੇ ਇੰਸਪੈਕਟਰ ਇੰਦਰਪ੍ਰੀਤ ਸਿੰਘ ਨੇ ਸਰਕਾਰ ਵੱਲੋਂ ਐਲਾਨੀ ਸਰਕਾਰੀ ਐਮ ਐਸ ਪੀ ਭਾਅ 2389 ਪ੍ਰਤੀ ਕੁਇੰਟਲ ਖਰੀਦ ਕੀਤੀ। ਇਸ ਮੌਕੇ ਤੇ ਕਿਸਾਨਾਂ ਤੇ ਆੜਤੀਆਂ ਨੂੰ ਮਾਰਕੀਟ ਕਮੇਟੀ ਢਿਲਵਾਂ ਦੇ ਚੇਅਰਮੈਨ ਕੁਲਦੀਪ ਪਾਠਕ ਨੇ ਦੱਸਿਆ ਕਿ ਤੁਹਾਡੇ ਇਲਾਕੇ ਨੂੰ ਲੱਖਣ ਕੇ ਪੱਡਾ ਮੰਡੀ ਵਿਖੇ ਆਧੁਨਿਕ ਸਹੂਲਤਾਂ ਵਾਲੀ ਸ਼ੈੱਡ 87 ਲੱਖ ਰੁਪਏ ਖਰਚ ਕਰਕੇ ਪ੍ਰਦਾਨ ਕੀਤੀ ਗਈ ਹੈ ਤੇ ਹੋਰ ਵੀ ਸਹੂਲਤਾਂ ਲਈ ਮਾਰਕੀਟ ਕਮੇਟੀ ਢਿੱਲਵਾਂ ਯਤਨਸ਼ੀਲ ਹੈ। ਉਹਨਾਂ ਕਿਹਾ ਕਿ ਕਿਸਾਨਾਂ ਨੂੰ ਮੰਡੀ ਵਿੱਚ ਸੁੱਕੀ ਤੇ ਤੇ ਪੱਕੀ ਹੋਈ ਫਸਲ ਲਿਆਉਣ ਤਾਂ ਕਿ ਫਸਲ ਮੰਡੀ ਵਿੱਚ ਆਉਂਦਿਆਂ ਹੀ ਖਰੀਦ ਹੋ ਸਕੇ ਤੇ ਕਿਸਾਨ ਆਪਣਾ ਜੇ ਫਾਰਮ ਜਰੂਰ ਲੈਣ ਤੇ ਬੋਲੀ ਆਪਣੀ ਹਾਜ਼ਰੀ ਵਿੱਚ ਕਰਵਾਉਣ ਤਾਂ ਕਿ ਉਹਨਾਂ ਨੂੰ ਕਿਸੇ ਕਿਸਮ ਦੀ ਵੀ ਮੁਸ਼ਕਿਲ ਪੇਸ਼ ਨਾ ਆਏ।

# ਰਾਜਨੀਤਕ ਸੱਤਾ, ਸਾਮਰਾਜਵਾਦ ਤੇ ਪੂੰਜੀਵਾਦ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਹੋਣ ਤੋਂ ਰੋਕ ਰਹੇ : ਰਾਣਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਸ਼ਹੀਦ ਦੇ ਆਜ਼ਮ ਭਗਤ ਸਿੰਘ ਦਾ ਜਨਮ ਦਿਨ ਇਕ ਸ਼ਰਧਾਂਜਲੀ ਮੀਟਿੰਗ ਕਰਕੇ ਮਨਾਇਆ ਗਿਆ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਾਥੀ ਕਰਨ ਸਿੰਘ ਰਾਣਾ ਸੂਬਾਈ ਜਨਰਲ ਸਕੱਤਰ ਨੇ ਕਿਹਾ ਕਿ ਆਜ਼ਾਦੀ ਘੋਲ ਦੇ ਨਾਇਕ ਨੇ ਲੋਕਾਂ ਦੇ ਸਾਹਮਣੇ ਪਹਿਲੀ ਵੇਰ ਕਿਰਤੀ ਵਰਗ ਦੀ ਰਾਜਨੀਤੀ ਪੇਸ਼ ਕੀਤੀ ਸੀ। ਸਾਨੂੰ ਸਾਰਿਆਂ ਨੂੰ ਭਗਤ ਸਿੰਘ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਤੇ ਚੱਲਣ ਦਾ ਅਹਿਦ ਕਰਨਾ ਚਾਹੀਦਾ ਹੈ। ਉਨਾਂ ਚਿੰਤਾ ਪ੍ਰਗਟ ਕੀਤੀ ਕਿ ਮੋਦੀ ਸਰਕਾਰ ਦੇਸ਼ ਵਿੱਚ ਅਜਿਹੀਆਂ ਨੀਤੀਆਂ ਲਾਗੂ ਕਰ ਰਹੀਆਂ ਹਨ ਜਿਹੜੀਆਂ ਸਾਮਰਾਜਵਾਦ ਅਤੇ ਪੂੰਜੀਵਾਦ ਤੋਂ ਨਿਰਦੇਸ਼ਤ ਹਨ। ਇਹਨਾਂ ਨੀਤੀਆਂ ਕਾਰਨ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਵੱਡੀ ਰੁਕਾਵਟ ਪੈਦਾ ਕੀਤੀ ਜਾ ਰਹੀ ਹੈ।ਉਹਨਾਂ ਸਮੁੱਚੇ ਲੋਕਾਂ ਨੂੰ ਅਪੀਲ ਕੀਤੀ ਕਿ 27 ਅਕਤੂਬਰ ਦੇ ਪੱਕੇ ਮੋਰਚੇ ਨੂੰ ਸਫਲ ਕਰਨ ਲਈ ਤਿਆਰੀਆਂ ਵਿੱਡ ਦਿੱਤੀਆਂ ਜਾਣ ਅਤੇ ਲੋਕਾਂ ਦਾ ਸਹਿਯੋਗ ਲਿਆ ਜਾਵੇ। ਇਸ ਮੌਕੇ ਸਾਥੀ ਮਨੋਹਰ ਲਾਲ, ਬੀਬੀ ਸ਼ਸ਼ੀ ਰਾਣਾ ਸਾਬਕਾ ਸਰਪੰਚ, ਕਰਨੈਲ ਸਿੰਘ ਭੱਲਾ, ਸਤਪਾਲ ਸਾਰੋਵਾਲ, ਮੋਹਣ ਸਿੰਘ, ਬੀਬੀ ਕਮਲਜੀਤ ਕੌਰ ਅਤੇ ਪ੍ਰਤਾਪ ਸਿੰਘ ਰਾਣਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

## ਦੁਸਹਿਰਾ ਕਰਵਾਉਣ ਸੰਬੰਧੀ ਮੀਟਿੰਗ

**ਕਪੂਰਥਲਾ (ਮਨਜੀਤ ਮਾਨ)**-ਰਾਮਾ ਕ੍ਰਿਸ਼ਨਾ ਡਰਾਮਾਟਿਕ ਕਲੱਬ ਰਜਿ: ਢਿੱਲਵਾਂ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰਾਂ ਇਸ ਸਾਲ ਵੀ ਢਿੱਲਵਾਂ ਵਿਚ ਦੁਸਹਿਰਾ ਕਰਵਾਉਣ ਸਬੰਧੀ ਇੱਕ ਮੀਟਿੰਗ ਪ੍ਰਧਾਨ ਰਮੇਸ਼ ਕੁਮਾਰ ਬੱਗਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਰਮੇਸ਼ ਕੁਮਾਰ ਬੱਗਾ ਨੇ ਦੱਸਿਆ ਕਿ ਹਰ ਸਾਲ ਦੀ ਤਰਾਂ ਇਸ ਸਾਲ ਵੀ ਦੁਸਹਿਰਾ ਦਾ ਤਿਉਹਾਰ 2 ਅਕਤੂਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢਿੱਲਵਾਂ ਦੀ ਗਰਾਊਂਡ ਵਿਖੇ ਧੂਮ ਧਾਮ ਨਾਲ ਮਨਾਇਆ ਜਾਵੇਗਾ।ਇਸ ਮੌਕੇ ਕੁਲਦੀਪ ਪਾਠਕ ਚੇਅਰਮੈਨ ਮਾਰਕੀਟ ਕਮੇਟੀ ਢਿੱਲਵਾਂ, ਐਡਵੋਕੇਟ ਕਰਨ ਬੱਗਾ, ਸੰਜੀਵ ਸ਼ਰਮਾ ਸਾਬਕਾ ਐੱਮ ਸੀ ਤੇ ਹੋਰ ਮੈਂਬਰ ਹਾਜ਼ਰ ਸਨ।

# ਸਿੱਖਿਆ ਕ੍ਰਾਂਤੀ ਵਾਲੀ ਸਰਕਾਰ ਨੇ ਗੈਰ-ਵਿੱਦਿਅਕ ਕਾਰਜਾਂ 'ਚ ਉਲਝਾਏ ਅਧਿਆਪਕ : ਜੀ ਟੀ ਯੂ ਪੰਜਾਬ (ਵਿਗਿਆਨਿਕ)

**ਮਹਿਤਪੁਰ (ਰਾਜਾ)**- ਗੌਰਮਿੰਟ ਟੀਚਰਜ਼ ਯੂਨੀਅਨ (ਵਿਗਿਆਨਿਕ) ਪੰਜਾਬ ਦੇ ਸੂਬਾ ਪ੍ਰਧਾਨ ਨਵਪ੍ਰੀਤ ਸਿੰਘ ਬੱਲੀ ਅਤੇ ਸੂਬਾ ਸਕੱਤਰ ਸੁਰਿੰਦਰ ਕੰਬੋਜ, ਵਿੱਤ ਸਕੱਤਰ ਸੋਮ ਸਿੰਘ ਪ੍ਰੈਸ ਸਕੱਤਰ ਨਰਾਇਣ ਦੱਤ ਤਿਵਾੜੀ ਦੀ ਅਗਵਾਈ ਵਿੱਚ ਮੀਟਿੰਗ ਕੀਤੀ ਗਈ। ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਨੇ ਅਕਸਰ ਹੀ ਆਪਣੇ ਭਾਸ਼ਣ ਵਿੱਚ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਧਿਆਪਕਾਂ ਕੋਲੋਂ ਗੈਰ ਵਿੱਦਿਅਕ ਕੰਮ ਨਹੀਂ ਕਰਵਾਏ ਜਾਣਗੇ ਪਰ ਵੇਖਣ ਵਿੱਚ ਆਇਆ ਹੈ ਕਿ ਸਿੱਖਿਆ ਵਿਭਾਗ ਦੇ ਅਧਿਆਪਕਾਂ ਦੀਆਂ ਵੱਡੀ ਗਿਣਤੀ ਵਿੱਚ ਵੋਟਾਂ ਦੀ ਸੁਧਾਈ ਸਬੰਧੀ ਬੀ ਐਲ ਓ ਅਤੇ ਸੁਪਰਵਾਈਜ਼ਰ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ ਇਹਨਾਂ ਦਿਨਾਂ 'ਚ ਵਿਦਿਆਰਥੀਆਂ ਦੇ ਪੇਪਰ ਹੋ ਰਹੇ ਹਨ ਅਤੇ ਸਿੱਖਿਆ ਵਿਭਾਗ ਵੱਲੋਂ ਖੇਡਾਂ ਵੀ ਕਰਵਾਈਆਂ ਜਾ ਰਹੀਆਂ ਹਨ। ਪਹਿਲਾਂ ਹੀ ਸਕੂਲਾਂ ਵਿੱਚ ਵਿਭਾਗ ਵੱਲੋਂ ਅਧਿਆਪਕਾਂ 'ਤੇ ਕਾਫੀ ਜ਼ਿੰਮੇਵਾਰੀ ਲਗਾਈਆਂ ਗਈਆਂ ਹਨ ਜਿਵੇਂ ਮਿਡ ਡੇ ਮੀਲ, ਸਿਵਲ ਵਰਕਸ ਦੀਆਂ ਗਰਾਂਟਾਂ ਨੂੰ ਮੱਦ ਅਨੁਸਾਰ ਖਰਚ ਕਰਕੇ ਸਕੂਲ ਦੇ ਰਿਕਾਰਡ ਨੂੰ ਸਮੇਂ ਸਿਰ ਪੂਰਾ ਕਰਨਾ ਅਤੇ ਸਿੱਖਿਆ ਵਿਭਾਗ ਵੱਲੋਂ ਮੰਗੀ ਗਈ ਸੂਚਨਾ ਨੂੰ ਸਮੇਂ ਸਿਰ ਭੇਜਣਾ , ਇਸ ਤੋਂ ਇਲਾਵਾ ਰਹਿੰਦੀ ਖੂੰਹਦੀ ਕਸਰ ਜ਼ਿਲ੍ਹਾ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਨੇ ਵੱਖ ਵੱਖ ਬਲਾਕਾਂ ਵਿੱਚ ਲਗਭਗ 450 ਦੇ ਕਰੀਬ ਸਿੱਖਿਆ ਵਿਭਾਗ ਦੇ ਕਰਮਚਾਰੀਆਂ ਦੀਆਂ ਖੇਤਾਂ ਵਿੱਚ ਪਰਾਲੀ ਤੇ ਰਹਿੰਦ ਖੂੰਹਦ ਨੂੰ ਸਾੜਨ ਤੋਂ ਰੋਕਣ ਲਈ ਵੱਡੀ ਗਿਣਤੀ ਵਿੱਚ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਪਹਿਲਾਂ ਹੀ ਵੱਡੀ ਗਿਣਤੀ ਵਿੱਚ ਬੀਐਲਓ ਲੱਗੇ ਅਧਿਆਪਕਾਂ ਦੇ ਹੁਣ ਬਹੁਤ ਜ਼ਿਆਦਾ ਗਿਣਤੀ ਵਿੱਚ ਪਰਾਲੀ ਤੇ ਰਹਿੰਦ ਖੂੰਹਦ ਵਿੱਚ ਲੱਗੇ ਅਧਿਆਪਕ ਨਾਲ ਸਕੂਲ ਖਾਲੀ ਹੋ ਗਏ ਹਨ ਜਿਸ ਨਾਲ ਸਕੂਲਾਂ 'ਚ ਵਿਦਿਆਰਥੀਆਂ ਦੀ ਪੜ੍ਹਾਈ ਪ੍ਰਭਾਵਿਤ ਹੋ ਰਹੀ ਹੈ। ਇਸ ਤੋਂ ਇਲਾਵਾ ਸਿੱਖਿਆ ਕ੍ਰਾਂਤੀ ਦੇ ਸਲੋਗਨ ਤਹਿਤ ਸਕੂਲਾਂ ਵਿੱਚ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਵੱਲੋਂ ਉਦਘਾਟਨ ਕੀਤੇ ਗਏ ਸਨ ਪੂਰੇ ਪੰਜਾਬ ਵਿੱਚ ਅਧਿਆਪਕਾਂ ਵੱਲੋਂ ਆਪਣੀਆਂ ਜੇਬਾਂ ਵਿੱਚੋਂ ਹਜ਼ਾਰਾਂ ਰੁਪਏ ਖ਼ਰਚ ਕਰਕੇ ਉਦਘਾਟਨੀ ਪ੍ਰੋਗਰਾਮਾਂ ਨੂੰ ਨੇਪਰੇ ਚੜ੍ਹਾਇਆ ਗਿਆ ਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਖ਼ਰਚ ਕੀਤੀ ਰਕਮ ਦੇ ਬਿੱਲ ਜਮ੍ਹਾਂ ਕਰਵਾ ਦਿੱਤੇ ਗਏ ਸੀ ਜਦੋਂ ਅਧਿਆਪਕਾਂ ਨੂੰ ਕੋਲੋਂ ਖ਼ਰਚ ਕੀਤੇ ਪੈਸੇ ਦੇਣ ਦੀ ਵਾਰੀ ਆਈ ਤਾਂ ਵਿਭਾਗ ਨੇ ਨਵਾਂ ਫ਼ੁਰਮਾਨ ਜਾਰੀ ਕਰ ਦਿੱਤਾ ਕਿ ਪੈਸੇ ਸਿੱਧੇ ਦੁਕਾਨਦਾਰਾਂ ਦੇ ਖਾਤਿਆਂ ਵਿੱਚ ਪਾਏ ਜਾਣਗੇ ਜਿਸ ਤੋਂ ਅਧਿਆਪਕਾਂ ਨੂੰ ਦੁਕਾਨਦਾਰਾਂ ਕੋਲੋਂ ਖ਼ਰਚ ਕੀਤੇ ਆਪਣੇ ਪੈਸੇ ਵਾਪਸ ਲੈਣ ਲਈ ਖੱਜਲ ਖੁਆਰ ਹੋਣਾ ਪਵੇਗਾ। ਜਥੇਬੰਦੀ ਪੁਰਜ਼ੋਰ ਸ਼ਬਦਾਂ 'ਚ ਨਿਖੇਧੀ ਕਰਦੀ ਹੋਈ ਪੰਜਾਬ ਸਰਕਾਰ ਕੋਲੋਂ ਮੰਗ ਕਰਦੀ ਹੈ ਕਿ ਅਧਿਆਪਕਾਂ ਵੱਲੋਂ ਕੋਲੋਂ ਖ਼ਰਚ ਕੀਤੇ ਪੈਸੇ ਸਿੱਧੇ ਅਧਿਆਪਕਾਂ ਨੂੰ ਦਿੱਤੇ ਜਾਣ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਮੁੱਖ ਰੱਖਦਿਆਂ ਅਧਿਆਪਕਾਂ ਦੀਆਂ ਗੈਰ ਵਿੱਦਿਅਕ ਕੰਮਾਂ ਲਈ ਲਗਾਈਆਂ ਗਈਆਂ ਡਿਊਟੀਆਂ ਨੂੰ ਰੱਦ ਕੀਤਾ ਜਾਵੇ। ਇਸ ਮੌਕੇ ਪ੍ਰਗਟ ਸਿੰਘ ਜੰਬਰ ਸ੍ਰੀ ਮੁਕਤਸਰ ਸਾਹਿਬ, ਕੰਵਲਜੀਤ ਸੰਗੋਵਾਲ, ਗੁਰਜੀਤ ਸਿੰਘ ਮੋਹਾਲੀ, ਜਤਿੰਦਰ ਸਿੰਘ ਸੋਨੀ, ਜਗਤਾਰ ਸਿੰਘ ਖਮਾਣੋ, ਸੁੱਚਾ ਸਿੰਘ ਚਾਹਲ, ਲਾਲ ਚੰਦ ਸਮੇਤ ਆਗੂ ਸ਼ਾਮਿਲ ਸਨ। ਉੱਕਤ ਜਾਣਕਾਰੀ ਗੌਰਮਿੰਟ ਟੀਚਰਜ਼ ਯੂਨੀਅਨ (ਵਿਗਿਆਨਿਕ) ਪੰਜਾਬ ਦੇ ਸੂਬਾ ਪ੍ਰਧਾਨ ਨਵਪ੍ਰੀਤ ਸਿੰਘ ਬੱਲੀ ਨੇ ਸਾਂਝੀ ਕੀਤੀ।




# ਇਕੋਤਰੀ ਸਮਾਗਮ ਮੌਕੇ ਪ੍ਰਮੁੱਖ ਸ਼ਖਸ਼ੀਅਤਾਂ ਨੇ ਭਰੀ ਹਾਜ਼ਰੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**-ਵਿਸ਼ਵ ਪ੍ਰਸਿੱਧ ਅੰਮ੍ਰਿਤ ਰੂਪੀ ਮਹਾ ਕੁੰਭ ਦੇ ਚਲਦਿਆਂ ਇਕੋਤਰੀ ਸਮਾਗਮ ਮੌਕੇ ਜਿੱਥੇ ਸੰਤ ਬਾਬਾ ਗੁਰਦਿਆਲ ਸਿੰਘ ਤੇ ਹੋਰ ਸੰਤ ਮਹਾਂਪੁਰਸ਼ ਸੰਗਤ ਨੂੰ ਗੁਰ ਸ਼ਬਦ ਨਾਲ ਜੋੜ ਰਹੇ ਹਨ ਉੱਥੇ ਹੀ ਪੰਥਕ ਸ਼ਖਸ਼ੀਅਤਾਂ ਦੇ ਨਾਲ ਨਾਲ ਸਿਆਸੀ ਤੇ ਹਰ ਵਰਗ ਦੇ ਆਗੂ ਇਕੋਤਰੀ ਲੜੀ ਵਿੱਚ ਨਤਮਸਤਕ ਹੋਣ ਲਈ ਪਹੁੰਚ ਰਹੇ ਹਨ। ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਲਸਾਨੀ ਸ਼ਹਾਦਤ ਨੂੰ ਸਮਰਪਿਤ ਕਰਦਿਆਂ ਸੰਤ ਬਾਬਾ ਗੁਰਦਿਆਲ ਸਿੰਘ ਨੇ ਸੰਗਤਾਂ ਨੂੰ ਕਥਾ ਕੀਰਤਨ ਨਾਲ ਜੋੜਦੇ ਹੋਏ ਕਿਹਾ ਕਿ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਸਮੂਹ ਕਾਇਨਾਤ ਦੀ ਇੱਜਤ ਤੇ ਅਣਖ ਦੇ ਰਖਵਾਲੇ ਸਨ ਜਿਨਾਂ ਦੀ ਬਾਣੀ ਨੇ ਸ਼ਾਂਤੀ ਤਿਆਗ ਤੇ ਨਿਰਭੈਤਾ ਦਾ ਸੰਦੇਸ਼ ਦਿੱਤਾ। ਉਹਨਾਂ ਕਿਹਾ ਕਿ ਗੁਰੂ ਸਾਹਿਬ ਦੀ ਲਸਾਨੀ ਸ਼ਹਾਦਤ ਵਿਸ਼ਵ ਇਤਿਹਾਸ ਚ ਵਿਲੱਖਣ ਹੈ। ਇਸ ਇਕੋਤਰੀ ਲੜੀ ਦੌਰਾਨ ਜਿੱਥੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਉੱਥੇ ਹੀ ਹਲਕਾ ਇੰਚਾਰਜ ਸੰਦੀਪ ਸਿੰਘ ਸੀਕਰੀ, ਹਲਕਾ ਇੰਚਾਰਜ ਮਨਜੀਤ ਸਿੰਘ ਦਸੂਹਾ, ਚੇਅਰਮੈਨ ਹਰਮੀਤ ਸਿੰਘ ਔਲਖ, ਸੁਖਵਿੰਦਰ ਸਿੰਘ ਮੂਨਕ, ਬਿਕਰਮ ਸਿੰਘ ਲਾਲੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਈਆਂ।

# ਮਨਰੇਗਾ ਕਾਨੂੰਨ ਅਨੁਸਾਰ 100 ਦਿਨ ਦਾ ਕੰਮ ਦੇਣਾ ਯਕੀਨੀ ਬਣਾਇਆ ਜਾਵੇ : ਤਰਸੇਮ ਪੀਟਰ

**ਮਹਿਤਪੁਰ (ਰਾਜਾ)**- ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਇੱਕ ਵਫਦ ਨੇ ਬੀ ਡੀ ਪੀ ਓ ਮਹਿਤਪੁਰ ਧਾਲੀਵਾਲ ਨੂੰ ਮਿਲ ਕੇ ਮੰਗ ਕੀਤੀ ਕਿ ਬਾਰਿਸ਼ਾਂ ਨਾਲ ਝੰਬੇ ਬੇਰੁਜ਼ਗਾਰ ਮਜ਼ਦੂਰਾਂ ਨੂੰ ਮਨਰੇਗਾ ਕਾਨੂੰਨ ਅਨੁਸਾਰ 100 ਦਿਨ ਦਾ ਕੰਮ ਦੇਣਾ ਯਕੀਨੀ ਬਣਾਇਆ ਜਾਵੇ। ਜਿਨ੍ਹਾਂ ਮਨਰੇਗਾ ਮਜ਼ਦੂਰਾਂ ਦੇ ਪਿਛਲੇ ਬਕਾਏ ਜਾਰੀ ਕੀਤੇ ਗਏ ਹਨ ਉਹਨਾਂ ਵਿੱਚੋਂ ਵੀ ਕੁਝ ਮਜ਼ਦੂਰਾਂ ਦੇ ਖਾਤਿਆਂ ਵਿੱਚ ਅਜੇ ਤੱਕ ਤਕਨੀਕੀ ਘਾਟ ਕਾਰਨ ਪੈਸੇ ਖਾਤਿਆਂ ਵਿੱਚ ਨਹੀਂ ਪਹੁੰਚੇ, ਉਸ ਨੂੰ ਤੁਰੰਤ ਦੂਰ ਕੀਤਾ ਜਾਵੇ। ਪਿੰਡਾਂ ਵਿੱਚ ਮਨਰੇਗਾ ਦਾ ਕੰਮ ਕਰਵਾਉਣ ਲਈ ਨਿਯੁਕਤ ਕੀਤੀਆਂ ਗਈਆਂ ਮੇਟਾਂ ਨੂੰ ਸਿੱਖਿਅਤ ਕਾਮਿਆਂ ਵਾਲੀ ਮਨਰੇਗਾ ਕਾਨੂੰਨ ਅਨੁਸਾਰ ਉਜਰਤ ਦਿੱਤੀ ਜਾਵੇ। ਵਫਦ ਨੇ ਇਹ ਮੰਗ ਕੀਤੀ ਕਿ ਜਿਨ੍ਹਾਂ ਖੁਸਤਾ ਹਾਲਤ ਗਾਡਰ ਬਾਲਿਆਂ ਵਾਲੇ ਘਰਾਂ ਦੀਆਂ ਛੱਤਾਂ ਬਾਰਿਸ਼ਾਂ ਕਾਰਨ ਨੁਕਸਾਨੀਆਂ ਗਈਆਂ ਹਨ ਉਹਨਾਂ ਨੂੰ ਸਰਕਾਰ ਵੱਲੋਂ ਐਲਾਨੇ ਮੁਆਵਜ਼ੇ ਤੋਂ ਵੀ ਕਿਤੇ ਘੱਟ ਸਿਰਫ 6500 ਖਾਤਿਆਂ ਵਿੱਚ ਭੇਜਿਆ ਜਾ ਰਹੇ ਹਨ। ਬਹੁਤੇ ਪਿੰਡਾਂ ਵਿੱਚ ਤਾਂ ਸਰਵੇਖਣ ਲਈ ਟੀਮਾਂ ਹੀ ਨਹੀਂ ਪਹੁੰਚੀਆਂ। ਯੂਨੀਅਨ ਨੇ ਸਰਕਾਰ 'ਤੇ ਦੋਸ਼ ਲਾਇਆ ਕਿ ਜੇ ਪਿਛਲੇ ਮਹੀਨਿਆਂ ਵਿੱਚ ਬੀ ਡੀ ਪੀ ਓ ਦਫਤਰ ਵੱਲੋਂ ਮਨਰੇਗਾ ਮੁਲਾਜ਼ਮਾਂ ਰਾਹੀਂ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਪੜਤਾਲ ਤੋਂ ਬਾਅਦ ਆਨਲਾਈਨ ਇਸ ਯੋਜਨਾ ਤਹਿਤ ਐਪਲੀਕੇਸ਼ਨ ਭੇਜੀਆਂ ਗਈਆਂ ਸਨ ਉਹਨਾਂ ਨੂੰ ਗਰਾਂਟ ਜਾਰੀ ਕਰ ਦਿੱਤੀ ਜਾਂਦੀ ਤਾਂ ਬਾਰਿਸ਼ਾਂ ਵਿੱਚ ਲੋਕਾਂ ਨੂੰ ਇਹ ਸੰਤਾਪ ਨਾ ਹੰਢਾਉਣਾ ਪੈਂਦਾ। ਉਹਨਾਂ ਸਰਕਾਰ ਤੋਂ ਮੰਗ ਕੀਤੀ ਕਿ ਜੇ ਸਰਕਾਰ ਐਲਾਨਿਆ ਮੁਆਵਜ਼ਾ ਨਹੀਂ ਦੇ ਸਕਦੀ ਤਾਂ ਘੱਟੋ ਘੱਟ ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ ਲੋੜਵੰਦ ਲੋਕਾਂ ਨੂੰ ਕੇਂਦਰ ਸਰਕਾਰ ਤੋਂ ਗਰਾਂਟ ਦਿਵਾਈ ਜਾਵੇ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਨੇ ਕਿਹਾ ਕਿ ਜਿੱਥੇ ਕੇਂਦਰ ਸਰਕਾਰ ਮਨਰੇਗਾ ਦੇ ਬਜਟ ਨੂੰ 98 ਕਰੋੜ ਤੋਂ ਘਟਾ ਕੇ 86 ਕਰੋੜ ਕਰ ਦਿੱਤਾ ਜਿਸ ਜਿਸ ਨਾਲ ਮਜ਼ਦੂਰਾਂ ਦੇ ਕੰਮ ਦਿਨਾਂ ਵਿੱਚ ਭਾਰੀ ਕਟੌਤੀ ਆਈ ਹੈ। ਉੱਥੇ ਪੰਜਾਬ ਸਰਕਾਰ ਮਨਰੇਗਾ ਕਾਨੂੰਨ ਲਾਗੂ ਕਰਨ ਵਿੱਚ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋ ਰਹੀ ਹੈ। ਇਸ ਕਾਰਨ ਮਹਿਤਪੁਰ ਬਲਾਕ ਵਿੱਚ ਚੰਦ ਪਿੰਡਾਂ ਵਿਚ ਹੀ ਮਨਰੇਗਾ ਦਾ ਕੰਮ ਚੱਲ ਰਿਹਾ। ਉਹਨਾਂ ਵਿੱਚੋਂ ਵੀ ਚੰਦ ਮਜ਼ਦੂਰਾਂ ਨੂੰ ਹੀ ਕੰਮ ਮਿਲ ਰਿਹਾ ਹੈ। ਆਉਣ ਵਾਲੇ ਦਿਨਾਂ ਵਿੱਚ ਮਜ਼ਦੂਰਾਂ ਨੂੰ ਲਾਮਬੰਦ ਕਰਨ ਲਈ ਜਥਾ ਮਾਰਚ ਕੀਤੇ ਜਾਣਗੇ।ਮੰਗ ਪੱਤਰ ਦੇਣ ਵਾਲੇ ਆਗੂਆਂ ਵਿੱਚ ਵਿਜੇ ਬਾਠ, ਬਖਸ਼ੋ ਕਰਸ਼ੈਦਪੁਰ, ਹਰਵਿੰਦਰ ਕੌਰ, ਬਖਸ਼ੋ ਮੰਡਿਆਲਾ, ਪੂਜਾ, ਸੋਮਾ ਰਾਣੀ, ਜਸਵਿੰਦਰ ਕੌਰ ਆਦਿ ਸ਼ਾਮਲ ਸਨ।





# ਈ ਐੱਸ ਆਈ ਹਸਪਤਾਲ ਨੇ ਲਾਇਆ ਮੈਡੀਕਲ ਕੈਂਪ

**ਮੋਹਾਲੀ (ਗੁਰਜੀਤ ਬਿੱਲਾ)**- ਕੇਂਦਰ ਸਰਕਾਰ ਦੀ ਮੁਹਿੰਮ 'ਸਿਹਤਮੰਦ ਨਾਰੀ ਮਜ਼ਬੂਤ ਪਰਵਾਰ' ਤਹਿਤ ਸਥਾਨਕ ਈ. ਐਸ.ਆਈ ਹਸਪਤਾਲ ਵੱਲੋਂ ਰਿਆਤ ਬਾਹਰਾ ਕਾਲਜ ਵਿਚ ਮੈਡੀਕਲ ਕੈਂਪ ਲਗਾਇਆ ਗਿਆ। ਹਸਪਤਾਲ ਦੇ ਐਸ.ਐਮ.ਓ. ਡਾ. ਹਰਕੀਰਤ ਕੌਰ ਨੇ ਦੱਸਿਆ ਕਿ ਕੈਂਪ ਵਿਚ ਹਸਪਤਾਲ ਦੇ ਵੱਖ-ਵੱਖ ਡਾਕਟਰਾਂ ਜਿਵੇਂ ਅੱਖਾਂ, ਕੰਨਾਂ, ਦੰਦਾਂ, ਸਰਜਰੀ ਅਤੇ ਗਾਇਨੀ ਰੋਗਾਂ ਦੇ ਮਾਹਰਾਂ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਗਈ। ਕੈਂਪ ਵਿਚ 100 ਤੋਂ ਵੱਧ ਮਰੀਜ਼ਾਂ ਦੀ ਜਾਂਚ ਅਤੇ ਇਲਾਜ ਕੀਤਾ ਗਿਆ ਅਤੇ ਸ਼ੂਗਰ ਤੇ ਐਚ. ਬੀ ਦੇ ਟੈਸਟ ਵੀ ਕੀਤੇ ਗਏ। ਉਨ੍ਹਾਂ ਦੱਸਿਆ ਕਿ ਹੈਲਥ ਸ਼ੋਅਰ ਹਸਪਤਾਲ ਦੇ ਸਹਿਯੋਗ ਨਾਲ ਲਗਾਇਆ ਇਹ ਕੈਂਪ ਸਫ਼ਲਤਾਪੂਰਵਕ ਨੇਪਰੇ ਚੜ੍ਹਿਆ।

# ਨਵੇਂ ਮੈਂਬਰਾਂ ਦੇ ਸ਼ਾਮਲ ਹੋਣ ਨਾਲ ਸੁਸਾਇਟੀ ਨੂੰ ਮਿਲੇਗਾ ਹੋਰ ਬਲ : ਜੇ ਬੀ ਬਹਿਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਅਤੇ ਕਾਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਦੀ ਵਿਸ਼ੇਸ਼ ਮੀਟਿੰਗ ਪ੍ਰਧਾਨ ਜੇ.ਬੀ. ਬਹਿਲ ਦੀ ਅਗਵਾਈ ਵਿੱਚ ਹੋਈ। ਮੀਟਿੰਗ ਦੌਰਾਨ ਸੋਸਾਇਟੀ ਵਿੱਚ ਸ਼ਾਮਲ ਹੋਏ। ਨਵੇਂ ਮੈਂਬਰਾਂ ਵਿੱਚ ਸੁਰਿੰਦਰ ਦੀਵਾਨ, ਸੰਜੇ ਸੂਦ, ਏ. ਐਸ. ਕੰਗ, ਪ੍ਰੋ. ਸੀ.ਬੀ. ਅਰੋੜਾ, ਭਵਦੀਪ ਬਾਲੀ, ਨਰੇਸ਼ ਜੈਨ ਨੂੰ ਫੁੱਲਾਂ ਦੀ ਸਟਿਕ ਦੇ ਕੇ ਸਵਾਗਤ ਕਰਦਿਆਂ ਵਿਧੀਵਤ ਤੌਰ 'ਤੇ ਸੋਸਾਇਟੀ ਵਿੱਚ ਸ਼ਾਮਲ ਕੀਤਾ ਗਿਆ। ਇਸ ਮੌਕੇ ਪ੍ਰੋ. ਦਲਜੀਤ ਸਿੰਘ ਨੇ ਆਏ ਹੋਏ ਨਵੇਂ ਮੈਂਬਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸੋਸਾਇਟੀ ਵਿੱਚ ਸ਼ਾਮਲ ਕਰਨ ਦੀ ਕਾਰਵਾਈ ਪੂਰੀ ਕਰਵਾਈ।ਇਸ ਮੌਕੇ ਸਾਬਕਾ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਨੇ ਨਵੇਂ ਮੈਂਬਰਾਂ ਨੂੰ ਸੋਸਾਇਟੀ ਦੇ ਕੰਮਾਂ ਅਤੇ ਨੇਤਰਦਾਨ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸੋਸਾਇਟੀ ਹੁਣ ਤੱਕ 4118 ਲੋਕਾਂ ਨੂੰ ਨਵੀਆਂ ਅੱਖਾਂ ਲਗਵਾ ਕੇ ਰੌਸ਼ਨੀ ਪ੍ਰਦਾਨ ਕਰ ਚੁੱਕੀ ਹੈ ਅਤੇ ਇਹ ਮੁਹਿੰਮ 1998 ਤੋਂ ਲਗਾਤਾਰ ਜਾਰੀ ਹੈ। ਅਰੋੜਾ ਨੇ ਕਿਹਾ ਕਿ ਸੋਸਾਇਟੀ ਦਾ ਯਤਨ ਹੈ ਕਿ ਦੇਸ਼ ਤੋਂ ਅੰਧੇਪਨ ਨੂੰ ਜੜ੍ਹੋਂ ਖਤਮ ਕੀਤਾ ਜਾਵੇ। ਇਹ ਤਦ ਹੀ ਸੰਭਵ ਹੈ ਜਦੋਂ ਦੇਸ਼ ਦਾ ਹਰ ਮੈਂਬਰ ਇਹ ਪ੍ਰਣ ਕਰੇ ਕਿ ਮਰਨ ਉਪਰੰਤ ਨੇਤ੍ਰਦਾਨ ਲਈ ਪ੍ਰਣ ਪੱਤਰ ਭਰੇਗਾ।ਇਸ ਲਈ ਸੋਸਾਇਟੀ ਪੂਰਾ ਯਤਨ ਕਰ ਰਹੀ ਹੈ ਕਿ ਹੋਰ ਲੋਕ ਨੇਤਰਦਾਨ ਪ੍ਰਣ ਪੱਤਰ ਭਰਨ ਲਈ ਅੱਗੇ ਆਉਣ ਤਾਂ ਜੋ ਅੰਨ੍ਹੇਪਨ ਨੂੰ ਖਤਮ ਕੀਤਾ ਜਾ ਸਕੇ। ਇਸ ਮੌਕੇ ਪ੍ਰਧਾਨ ਜੇ.ਬੀ. ਬਹਿਲ ਨੇ ਕਿਹਾ ਕਿ ਅੱਜ ਸ਼ਹਿਰ ਦੇ ਪ੍ਰਮੁੱਖ ਵਿਅਕਤੀਆਂ ਦੇ ਸੋਸਾਇਟੀ ਵਿੱਚ ਸ਼ਾਮਲ ਹੋਣ ਨਾਲ ਸੋਸਾਇਟੀ ਨੂੰ ਹੋਰ ਮਜ਼ਬੂਤੀ ਮਿਲੀ ਹੈ। ਉਨ੍ਹਾਂ ਦੱਸਿਆ ਕਿ ਜਲਦੀ ਹੀ ਹੋਰ ਕਾਲਜਾਂ ਨਾਲ ਐਮ.ਓ.ਯੂ. ਸਾਇਨ ਕੀਤੇ ਜਾਣਗੇ, ਜਿਸ ਅਧੀਨ ਵੱਡੀ ਗਿਣਤੀ ਵਿੱਚ ਵਿਦਿਆਰਥੀ ਵਰਗ ਨੇਤਰਦਾਨ ਮੁਹਿੰਮ ਨਾਲ ਜੁੜ ਕੇ ਪ੍ਰਣ ਪੱਤਰ ਭਰਨਗੇ ਅਤੇ ਆਪਣੇ ਪਰਵਾਰਾਂ, ਪੜੋਸੀਆਂ ਅਤੇ ਰਿਸ਼ਤੇਦਾਰਾਂ ਨੂੰ ਵੀ ਜਾਗਰੂਕ ਕਰਨਗੇ। ਅੰਤ ਵਿੱਚ ਪ੍ਰਿੰਸੀਪਲ ਡੀ.ਕੇ. ਸ਼ਰਮਾ ਨੇ ਸਾਰੇ ਹਾਜ਼ਰ ਲੋਕਾਂ ਦਾ ਧੰਨਵਾਦ ਕੀਤਾ ।ਇਸ ਮੌਕੇ ਵਿਜੇ ਅਰੋੜਾ, ਅਵਿਨਾਸ਼ ਸੂਦ, ਪ੍ਰਿੰ. ਡੀ.ਕੇ. ਸ਼ਰਮਾ, ਜਸਬੀਰ ਕੰਵਰ, ਪ੍ਰੋ. ਰਾਜੀਵ ਸ਼ਰਮਾ, ਵੀਨਾ ਚੋਪੜਾ, ਅਸ਼ਵਨੀ ਕੁਮਾਰ ਦੱਤਾ, ਈਸ਼ਾਨ ਜੈਨ, ਦਵਿੰਦਰ ਅਰੋੜਾ, ਅਨੀਲਾ ਚੱਡਾ, ਦੀਪਕ ਮੇਹੰਦੀਰੱਤਾ, ਕ੍ਰਿਸ਼ਨ ਕਿਸ਼ੋਰ ਅਤੇ ਹੋਰ ਹਾਜ਼ਰ ਸਨ।



# ਪ੍ਰਭੂ ਸ੍ਰੀ ਰਾਮ ਨੇ ਮਾਨਵਤਾ ਦੇ ਕਲਿਆਣ ਲਈ ਆਪਣਾ ਜੀਵਨ ਬੜਾ ਸਰਲ ਤੇ ਸੰਘਰਸ਼ਮਈ ਬਤੀਤ ਕੀਤਾ : ਦੀਪਕ ਬਹਿਲ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ੍ਰੀ ਅਰਜੁਨ ਕਲੱਬ ਟਾਂਡਾ ਦੇ ਪ੍ਰਧਾਨ ਰਣਜੀਤ ਸਿੰਘ ਸਿੱਧੂ, ਵਿਨੋਦ ਕੁਮਾਰ, ਗਿੰਨੀ ਅਰੋੜਾ ਅਤੇ ਸਮੂਹ ਕਲੱਬ ਮੈਂਬਰਾਂ ਵੱਲੋਂ ਕਰਵਾਈ ਜਾ ਰਹੀ ਰਾਮਲੀਲ੍ਹਾ ਮੰਚਨ ਵਿੱਚ ਸਰੂਪਨਖਾ ਨਾਈਟ ਦਾ ਉਦਘਾਟਨ ਸਨਾਤਨ ਧਰਮ ਸਭਾ ਉੜਮੁੜ ਦੇ ਪ੍ਰਧਾਨ ਦੀਪਕ ਬਹਿਲ ਨੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਸ਼ਿਵ ਸ਼ਕਤੀ ਕਲੱਬ ਪ੍ਰਧਾਨ ਸੋਨੂੰ ਖੁੱਲਰ, ਪਵਨ ਚੱਡਾ, ਦੁਸਹਿਰਾ ਕਮੇਟੀ ਪ੍ਰਧਾਨ ਸ਼ੁਭਮ ਬਿੱਲਾ, ਦੀਪਕ ਮਾਹਲਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਪ੍ਰਧਾਨ ਦੀਪਕ ਬਹਿਲ ਨੇ ਪ੍ਰਭੂ ਸ੍ਰੀ ਰਾਮ ਜੀ ਦੇ ਜੀਵਨ 'ਤੇ ਆਧਾਰਿਤ ਕਰਵਾਈ ਜਾ ਰਹੀ ਰਾਮਲੀਲ੍ਹਾ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਪ੍ਰਭੂ ਸ੍ਰੀ ਰਾਮ ਜੀ ਨੇ ਇਸ ਧਰਤੀ 'ਤੇ ਮਾਨਵਤਾ ਦੇ ਕਲਿਆਣ ਲਈ ਆਪਣਾ ਸਾਰਾ ਜੀਵਨ ਬੜਾ ਸਰਲ ਅਤੇ ਸੰਘਰਸ਼ਮਈ ਬਤੀਤ ਕੀਤਾ।ਇਸ ਮੌਕੇ ਅਰਜੁਨ ਕਲੱਬ ਟਾਂਡਾ ਦੇ ਪ੍ਰਧਾਨ ਰਣਜੀਤ ਸਿੱਧੂ, ਵਿਨੋਦ ਕੁਮਾਰ, ਗਿਨੀ ਅਰੋੜਾ, ਅਭਿਮਨੀ ਤਲਵਾੜ, ਅਸ਼ੋਕ ਵਰਮਾ, ਪਰਵੀਨ ਕਪੂਰ, ਅਨੁਰਾਗ ਸ਼ਰਮਾ, ਹੈਪੀ, ਰਿੰਕੂ, ਹਿਮਾਂਸ਼ੂ, ਰਣਜੀਤ ਰਾਣਾ, ਗੌਰਵ ਅਤੇ ਹੋਰ ਕਲੱਬ ਮੈਂਬਰਾਂ ਨੇ ਆਏ ਹੋਏ ਮਹਿਮਾਨਾਂ ਨੂੰ ਪ੍ਰਭੂ ਸ੍ਰੀ ਰਾਮ ਦੇ ਸਰੂਪ ਦੇ ਕੇ ਸਨਮਾਨਤ ਕੀਤਾ।ਇਸੇ ਤਰ੍ਹਾਂ ਸ੍ਰੀ ਰਾਮਾ ਡਰਾਮਾਟਿਕ ਕਲੱਬ ਉੜਮੁੜ ਦੇ ਪ੍ਰਧਾਨ ਵਿਕਾਸ ਮੈਦਾਨ, ਨਵਦੀਪ ਸ਼ਤਰੂ ਅਤੇ ਸਮੂਹ ਕਲੱਬ ਮੈਂਬਰਾਂ ਵੱਲੋਂ ਰਾਮਲੀਲ੍ਹਾ ਮੰਚਣ ਦੌਰਾਨ ਸਰੂਪਨਖਾਂ ਨਾਈਟ ਦਾ ਉਦਘਾਟਨ ਸਨਾਤਨ ਧਰਮ ਸਭਾ ਦੇ ਪ੍ਰਧਾਨ ਦੀਪਕ ਬਹਿਲ ਨੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਸਨਾਤਨ ਧਰਮ ਸਭਾ ਉੜਮੁੜ ਦੇ ਸਾਬਕਾ ਪ੍ਰਧਾਨ ਸੁਰਿੰਦਰ ਬਬਲਾ, ਦੁਸ਼ਹਿਰਾ ਕਮੇਟੀ ਪ੍ਰਧਾਨ ਸ਼ੁਭਮ ਬਿੱਲਾ, ਸੋਨੂੰ ਖੁੱਲਰ, ਪਵਨ ਚੱਡਾ, ਵਿਕਾਸ ਮਰਵਾਹਾ, ਜੋਗੇਸ਼ ਹਾਂਡਾ, ਲਕਸ਼ੇ ਬਹਿਲ, ਵਿਮਲ ਅਰੋੜਾ, ਨਰਿੰਦਰ ਅਰੋੜਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਪ੍ਰਧਾਨ ਦੀਪਕ ਬਹਿਲ ਨੇ ਕਿਹਾ ਕਿ ਅਜਿਹੀਆਂ ਕਰਵਾਈਆਂ ਜਾ ਰਹੀਆਂ ਰਾਮਲੀਲਾਵਾਂ ਸਦਕੇ ਨਵੀਂ ਪੀੜ੍ਹੀ ਨੂੰ ਪ੍ਰਭੂ ਸ੍ਰੀ ਰਾਮ ਜੀ ਦੇ ਇਤਿਹਾਸ ਅਤੇ ਉਨ੍ਹਾਂ ਦੀ ਜੀਵਨੀ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ। ਇਸ ਮੌਕੇ ਤੇ ਸਮੂਹ ਕਲੱਬ ਮੈਂਬਰਾਂ ਪੰਕਜ ਸੱਚਦੇਵਾ, ਬ੍ਰਹਮ ਸੈਣੀ, ਲਲਿਤ ਕੁਮਾਰ, ਮੋਨੂੰ ਪੁਰੀ, ਵਿਜੇ ਕਸ਼ਯਪ, ਮਾਸਟਰ ਸੋਨੂੰ, ਮਨੂੰ ਵੱਲੋਂ ਮੁੱਖ ਮਹਿਮਾਨ ਦੀਪਕ ਬਹਿਲ ਅਤੇ ਹੋਰ ਮਹਿਮਾਨਾਂ ਨੂੰ ਸਿਰੋਪੇ ਪਾ ਕੇ ਸਨਮਾਨਤ ਕੀਤਾ ਗਿਆ।



# ਭਗਤ ਸਿੰਘ ਦੇ ਜਨਮ ਦਿਵਸ ਨੂੰ ਸਮਰਪਤ ਸਮਾਗਮ ਕਰਵਾਇਆ

**ਅੱਡਾਂ ਸਰਾਂ (ਜਸਵੀਰ ਕਾਜਲ)**- ਸ਼ਹੀਦ-ਏ ਆਜ਼ਮ ਭਗਤ ਸਿੰਘ ਦੇ 118 ਜਨਮ ਦਿਵਸ ਨੂੰ ਸਮਰਪਤ ਸਮਾਗਮ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ ਵੱਲੋਂ ਭੂੰਗਾ ਵਿਖੇ ਪ੍ਰਧਾਨ ਰਵਿੰਦਰ ਸਿੰਘ ਕਾਹਲੋਂ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ। ਇਸ ਸਮਾਗਮ ਵਿੱਚ ਭਾਸ਼ਣ ਅਤੇ ਕਵਿਤਾਵਾਂ ਰਾਹੀਂ ਸ਼ਹੀਦ ਭਗਤ ਸਿੰਘ ਦੇ ਜੀਵਨ, ਫਲਸਫੇ ਅਤੇ ਕੁਰਬਾਨੀ ਭਰੇ ਜਜ਼ਬੇ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸੰਬੋਧਨ ਕਰਦਿਆ ਰਵਿੰਦਰ ਸਿੰਘ ਕਾਹਲੋਂ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ ਨੇ ਕਿਹਾ ਕਿ ਜੋ ਕੌਮਾਂ ਆਪਣੇ ਸ਼ਹੀਦਾਂ ਨੂੰ ਭੁੱਲ ਜਾਂਦੀਆਂ ਹਨ, ਉਹ ਜ਼ਿਆਦਾ ਦੇਰ ਤੱਕ ਜਿਉਂਦੀਆਂ ਨਹੀਂ ਰਹਿੰਦੀਆਂ, ਭਗਤ ਸਿੰਘ ਇੱਕ ਮਨੁੱਖ ਨਹੀ, ਇੱਕ ਸੋਚ ਹੈ ਜੋ ਹਮੇਸ਼ਾ ਜ਼ਿੰਦਾ ਰਹੇਗੀ। ਇਸ ਮੌਕੇ ਡਾ. ਲਖਵੀਰ ਸਿੰਘ ਐਮ.ਡੀ. ਅਨਹਦ ਹੈਲਥ ਕੇਅਰ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਤਿਆਗ ਕੇ ਚੰਗੇ ਸਮਾਜ ਦੀ ਸਿਰਜਣਾ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਸੁਮਨਾ ਦੇਵੀ ਸੀ.ਈ.ਓ. ਕੰਡੀ ਐਫ.ਪੀ.ਓ. ਦਸੂਹਾ ਨੇ ਕਿਹਾ ਕਿ ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਦੀ ਸੋਚ 'ਤੇ ਪਹਿਰਾ ਦੇਣਾ ਚਾਹੀਦਾ ਹੈ। ਵਿਕਾਸ਼ ਸ਼ਰਮਾ ਬੋਰਡ ਆਫ ਡਾਇਰੈਕਟਰ ਅਮ੍ਰਿਤ ਧਾਰਾ ਐਫ.ਪੀ.ਓ. ਨੇ ਕਿਹਾ ਕਿ ਨੌਜਵਾਨਾਂ ਨੂੰ ਹੱਥੀਂ ਮਿਹਨਤ ਕਰਨ ਦੇ ਨਾਲ ਨਾਲ ਸਵੈ ਰੁਜ਼ਗਾਰ ਨੂੰ ਵੀ ਆਪਣੀ ਜ਼ਿੰਦਗੀ ਵਿੱਚ ਅਪਣਾਉਣਾ ਚਾਹੀਦਾ ਹੈ। ਇਸ ਮੌਕੇ ਸਮਾਜ ਸੇਵਾ ਦੇ ਖੇਤਰ ਵਿੱਚ ਵਧੀਆ ਕਾਰਗੁਜ਼ਾਰੀ ਕਰਨ ਵਾਲੀਆ ਸ਼ਖਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਮਨਕੀਰਤ ਸਿੰਘ ਕਾਹਲੋਂ, ਜਸਦੀਪ ਸਿੰਘ ਕਾਹਲੋਂ, ਰਾਜਵੀਰ ਕੌਰ ਬੀ.ਓ.ਡੀ. ਅਨਹਦ ਹੈਲਥ ਕੇਅਰ, ਕਾਜਲ, ਪਰਮਜੀਤ ਸਿੰਘ ਬੋਰਡ ਆਫ ਡਾਇਰੈਕਟਰ ਸ਼ਿਵਾਲਿਕ ਐਫ.ਪੀ.ਓ., ਬਲਦੇਵ ਰਾਜ ਬੀ.ਓ.ਡੀ. ਅਨਹਦ ਹੈਲਥ ਕੇਅਰ, ਗੁਰਵਿੰਦਰ ਸਿੰਘ, ਰਾਜ ਦੇਵੀ, ਬੀ.ਓ.ਡੀ. ਅਨਹਦ ਹੈਲਥ ਕੇਅਰ, ਜੋਗਿੰਦਰ ਸਿੰਘ, ਮਨਜੀਤ ਕੌਰ, ਹਰਪ੍ਰੀਤ ਕੌਰ, ਸਿਮਰਨ, ਰਜਨੀ ਬਾਲਾ, ਗੁਰਮੀਤ ਕੌਰ, ਜਸਵੰਤ ਸਿੰਘ, ਬਲਵੀਰ ਸਿੰਘ, ਗਿਆਨ ਸਿੰਘ, ਸੰਤੋਖ ਕੌਰ, ਹਰਦੇਵ ਕੌਰ, ਸੰਦੀਪ ਸਿੰਘ, ਅੰਜੂ ਬਾਲਾ, ਕਮਲਜੀਤ ਕੌਰ, ਰਾਜਨ ਆਦਿ ਹਾਜ਼ਰ ਸਨ।



# ਕੁਲਜੀਤ ਸਿੰਘ ਰੰਧਾਵਾ ਵੱਲੋਂ ਜ਼ੀਰਕਪੁਰ ਦੇ ਨਗਲਾ 'ਚ ਝੋਨੇ ਦੀ ਖਰੀਦ ਦੀ ਸ਼ੁਰੂਆਤ

**ਜ਼ੀਰਕਪੁਰ (ਵਿਨੈ ਕੁਮਾਰ ਜੈਨ)**-ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਜ਼ੀਰਕਪੁਰ ਖੇਤਰ ਵਿੱਚ ਪੈਂਦੇ ਨਗਲਾ ਵਿਖੇ ਝੋਨੇ ਦੀ ਖਰੀਦ ਦੀ ਰਸਮੀ ਸ਼ੁਰੂਆਤ ਕਰਵਾਈ।ਸੀਜ਼ਨ ਦੀ ਸਫਲ ਸ਼ੁਰੂਆਤ 'ਤੇ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਵਧਾਈ ਦਿੰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਇਸ ਵਾਰ ਖਰੀਦ ਪਿਛਲੇ ਸਾਲਾਂ ਨਾਲੋਂ ਪਹਿਲਾਂ ਸ਼ੁਰੂ ਕੀਤੀ ਗਈ ਹੈ, ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਲਈ ਵਧੇਰੇ ਸਮਾਂ ਮਿਲ ਸਕੇ। ਉਨ੍ਹਾਂ ਅਪੀਲ ਕੀਤੀ ਕਿ ਕਿਸਾਨ ਸਿਰਫ਼ ਉਸੇ ਸਮੇਂ ਵਾਢੀ ਕਰਨ ਜਦੋਂ ਫਸਲ ਪੂਰੀ ਤਰ੍ਹਾਂ ਪੱਕ ਜਾਵੇ, ਤਾਂ ਜੋ ਨਿਰਧਾਰਤ 17 ਪ੍ਰਤੀਸ਼ਤ ਨਮੀ ਦੀ ਸੀਮਾ ਤੋਂ ਵੱਧ ਨਾ ਹੋਵੇ।ਉਨ੍ਹਾਂ ਕਿਹਾ ਕਿ ਕਿਸਾਨ ਸਿਰਫ਼ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲਿਆਉਣ ਅਤੇ ਪਰਾਲੀ ਸਾੜਨ ਤੋਂ ਪਰਹੇਜ਼ ਕਰਦੇ ਹੋਏ ਜ਼ਿੰਮੇਵਾਰੀ ਨਾਲ ਫਸਲ ਦੀ ਰਹਿੰਦ-ਖੂੰਹਦ ਦਾ ਪ੍ਰਬੰਧਨ ਕਰਨ। ਵਿਧਾਇਕ ਨੇ ਭਰੋਸਾ ਦਿਵਾਇਆ ਕਿ ਮੰਡੀਆਂ 'ਚ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਸਾਡੀ ਸਰਕਾਰ ਵਚਨਬੱਧ ਹੈ।ਇਸ ਮੌਕੇ ਬਲਾਕ ਪ੍ਰਧਾਨ ਅਮਨ ਸੈਣੀ, ਕਿਸਾਨ ਵੀਰ , ਆੜ੍ਹਤੀ ਤੇ ਅਧਿਕਾਰੀ ਮੌਜੂਦ ਰਹੇ।



# ਐੱਨ ਆਰ ਆਈ ਨੇ ਸਿਹਤ ਕੇਂਦਰ ਦੀ ਰਿਪੇਅਰ ਕਰਵਾਈ

**ਆਦਮਪੁਰ (ਪਰਮਜੀਤ ਸਿੰਘ)**- ਪਿੰਡ ਛੱਡ ਕੇ ਗਏ ਪਰਦੇਸ ਵਸੇ ਜੋ ਐਨ.ਆਰ. ਆਈਜ਼ ਦਾ ਆਪਣੇ ਪਿੰਡ ਲਈ ਕੁੱਝ ਚੰਗਾ ਕਰਨ ਲਈ ਮਨ ਹਮੇਸ਼ਾ ਤਤਪਰ ਰਹਿੰਦਾ ਹੈ। ਇਸੇ ਤਹਿਤ ਆਦਮਪੁਰ ਹਲਕੇ ਅਧੀਨ ਆਉਂਦੇ ਪਿੰਡ ਪਧਿਆਣਾ ਤੋਂ ਪਰਦੇਸ ਗਏ ਗੁਰਸ਼ਿੰਦਰ ਸਿੰਘ ਐਨ.ਆਰ.ਆਈ. ਆਪਣੇ ਪਿੰਡ ਪ੍ਰਤੀ ਵੀ ਦਰਦ ਰੱਖਦੇ ਹਨ ਅਤੇ ਪਿੰਡ ਨੂੰ ਜੋ ਵੀ ਜ਼ਰੂਰਤ ਹੁੰਦੀ ਹੈ ਸਮੇਂ ਸਮੇਂ ਤੇ ਉਹਨਾਂ ਵੱਲੋਂ ਮਦਦ ਕੀਤੀ ਜਾਂਦੀ ਹੈ। ਉਹਨਾਂ ਵਲੋਂ ਆਪਣੇ ਜੱਦੀ ਪਿੰਡ ਪਧਿਆਣਾ ਵਿਖੇ ਆਯੂਸ਼ਮਾਨ ਅਰੋਗਿਆ ਕੇਂਦਰ ਪਧਿਆਣਾ (ਸਿਹਤ ਕੇਂਦਰ) ਦੀ ਸਾਰੀ ਵੈਲਡਿੰਗ ਨੂੰ ਪਿੰਡ ਦੀ ਪੰਚਾਇਤ ਦੀ ਦੇਖ ਰੇਖ ਹੇਠ ਰਿਪੇਅਰ ਕਰਵਾ ਕੇ ਰੰਗ ਰੋਗਨ ਕਰਵਾਇਆ ਗਿਆ। ਇਸ 'ਤੇ ਸਿਹਤ ਕੇਂਦਰ ਪਿੰਡ ਪਧਿਆਣਾ ਦੇ ਪੂਰੇ ਸਟਾਫ ਕਰਮਵੀਰ ਕੌਰ (ਸੀ.ਐਚ.ਓ.), ਸੁਖਬੀਰ ਕੌਰ (ਏ.ਐਨ.ਐਮ.), ਨੀਰਜ ਕੁਮਾਰ (ਐਮ.ਪੀ.ਐਚ. ਡਬਲਿਊ) (ਮੇਲ), ਰਣਜੀਤ ਕੌਰ ਆਸ਼ਾ ਵਰਕਰ, ਅਤੇ ਪਿੰਡ ਦੇ ਪੰਚਾਇਤ ਮੈਂਬਰਾਂ ਸਰਪੰਚ ਬਲਜੀਤ ਸਿੰਘ, ਪੰਚ ਗੁਰਦੇਵ ਸਿੰਘ ਵੱਲੋਂ ਵੱਲੋਂ ਐਨ.ਆਰ.ਆਈ. ਗੁਰਸ਼ਿੰਦਰ ਸਿੰਘ ਦੇ ਘਰ ਜਾ ਕੇ ਉਹਨਾਂ ਦਾ ਸਮੇਤ ਸਾਰੇ ਪਰਵਾਰ ਦਾ ਸਨਮਾਨ ਕਰਦੇ ਹੋਏ ਤਹਿ ਦਿਲੋਂ ਧੰਨਵਾਦ ਕੀਤਾ ਗਿਆ।



# ਸਿਹਤ ਮੰਤਰੀ ਨੇ ਮਰੀਜ਼ਾਂ ਲਈ ਵੰਡੀਆਂ ਰਾਸ਼ਨ ਕਿੱਟਾਂ

**ਨਵਾਂਸ਼ਹਿਰ (ਮਨੋਜ ਕੁਮਾਰ, ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਇੱਥੇ ਟੀ.ਬੀ. ਦੇ ਮਰੀਜ਼ਾਂ ਨੂੰ ਡਿਪਟੀ ਕਮਿਸ਼ਨਰ ਦਫ਼ਤਰ ਵੱਲੋਂ ਮੁਹੱਈਆ ਕਰਵਾਈਆਂ ਰਾਸ਼ਨ ਕਿੱਟਾਂ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਮਰੀਜ਼ਾਂ ਦੇ ਮਿਆਰੀ ਇਲਾਜ ਤੋਂ ਇਲਾਵਾ ਉਨ੍ਹਾਂ ਦੀ ਹਰ ਸੰਭਵ ਮਦਦ ਲਈ ਵਚਨਬੱਧ ਹੈ। ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਲੋੜਵੰਦ ਮਰੀਜ਼ਾਂ ਨੂੰ ਰਾਸ਼ਨ ਕਿੱਟਾਂ ਦੇਣ ਮੌਕੇ ਸਿਹਤ ਮੰਤਰੀ ਨੇ ਕਿਹਾ ਕਿ ਟੀ.ਬੀ. ਦੇ ਖਾਤਮੇ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਜਿਨ੍ਹਾਂ ਵਿੱਚ ਮੁਫ਼ਤ ਟੈਸਟ, ਦਵਾਈਆਂ ਅਤੇ ਲੋੜਵੰਦ ਮਰੀਜ਼ਾਂ ਨੂੰ ਕਿੱਟਾਂ ਦੀ ਵੰਡ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਿਵਲ ਹਸਪਤਾਲ ਨਵਾਂਸ਼ਹਿਰ ਵਿਖੇ ਟੀ.ਬੀ. ਦੇ ਮਰੀਜ਼ਾਂ ਲਈ ਇਲਾਜ ਦੀ ਹਰ ਸਹੂਲਤ ਮੁਫ਼ਤ ਦਿੱਤੀ ਜਾ ਰਹੀ ਹੈ ਅਤੇ ਮਰੀਜ਼ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਸਥਾਪਤ ਸਰਕਾਰੀ ਹਸਪਤਾਲਾਂ ਤੋਂ ਵੀ ਦਵਾਈਆਂ ਪ੍ਰਾਪਤ ਕਰ ਸਕਦੇ ਹਨ। ਸਿਹਤ ਮੰਤਰੀ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹਰ ਮਹੀਨੇ 100 ਤੋਂ ਵੱਧ ਰਾਸ਼ਨ ਕਿੱਟਾਂ ਵੰਡੀਆਂ ਜਾਂਦੀਆਂ ਹਨ ਜਿਨ੍ਹਾਂ ਵਿੱਚ ਦਾਲਾਂ, ਪ੍ਰੋਟੀਨ ਆਧਾਰਤ ਖਾਣ ਵਾਲੇ ਪਦਾਰਥ ਅਤੇ ਲੋੜੀਂਦਾ ਰਾਸ਼ਨ ਸ਼ਾਮਲ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਲੋੜਵੰਦ ਮਰੀਜ਼ ਸਿਵਲ ਹਸਪਤਾਲ ਜਾਂ ਹੋਰਨਾਂ ਹਸਪਤਾਲਾਂ ਵਿੱਚ ਰਜਿਸਟਰ ਹੋ ਜਾਂਦੇ ਹਨ ਉਨ੍ਹਾਂ ਨੂੰ ਮਾਸਿਕ ਰਾਸ਼ਨ ਦੀ ਸਹੂਲਤ ਦਿੱਤੀ ਜਾਂਦੀ ਹੈ। ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸਮਾਜਿਕ ਤੇ ਧਾਰਮਿਕ ਸੰਸਥਾਵਾਂ, ਗੈਰ ਸਰਕਾਰੀ ਸੰਸਥਾਵਾਂ ਅਤੇ ਡਿਪਟੀ ਕਮਿਸ਼ਨਰ ਦਫ਼ਤਰ ਵੱਲੋਂ ਟੀ.ਬੀ. ਦੇ ਮਰੀਜ਼ਾਂ ਦੀ ਭਲਾਈ ਲਈ ਸਮੇਂ-ਸਮੇਂ 'ਤੇ ਲੋੜੀਂਦੀ ਮਦਦ ਕੀਤੀ ਜਾਂਦੀ ਹੈ। ਇਸ ਮੌਕੇ ਪੰਜਾਬ ਰਾਜ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਬੋਰਡ ਦੇ ਵਾਈਸ ਚੇਅਰਮੈਨ ਲਲਿਤ ਮੋਹਨ ਪਾਠਕ, ਐਸ.ਡੀ.ਐਮ ਅਨਮਜਯੋਤ ਕੌਰ, ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ, ਐਸ.ਐਮ.ਓ. ਡਾ. ਸਤਵਿੰਦਰ ਪਾਲ, ਟੀ.ਬੀ. ਦੇ ਡਾਕਟਰ ਕਿਸ਼ਨ ਰਾਏ ਤੋਂ ਇਲਾਵਾ ਮਰੀਜਾਂ ਦੇ ਅਟੈਂਡੈਂਟ ਵੀ ਮੌਜੂਦ ਸਨ।



# ਨਾਰਥ ਜ਼ੋਨ ਬੈਂਕ ਸਟਾਫ਼ ਸੁਸਾਇਟੀ ਵੱਲੋਂ ਖੜਕਾਂ ਸਕੂਲ ਨੂੰ 5 ਪੱਖੇ ਦਾਨ



**ਹੁਸ਼ਿਆਰਪੁਰ (ਓ ਪੀ ਰਾਣਾ)**- ਨਾਰਥ ਜ਼ੋਨ ਬੈਂਕ ਸਟਾਫ਼ ਕੋਆਪਰੇਟਿਵ ਸੋਸਾਇਟੀ, ਥ੍ਰਿਫਟ ਐਂਡ ਕਰੈਡਿਟ ਸੋਸਾਇਟੀ ਲਿਮਿਟੇਡ ਹੁਸ਼ਿਆਰਪੁਰ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੜਕਾਂ (ਹੁਸ਼ਿਆਰਪੁਰ) ਨੂੰ 5 ਸੀਲਿੰਗ ਪੱਖੇ ਦਾਨ ਕਰਕੇ ਸਮਾਜ ਸੇਵਾ ਦੀ ਇੱਕ ਮਿਸਾਲ ਪੇਸ਼ ਕੀਤੀ। ਇਸ ਯੋਗਦਾਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵਧੀਆ ਸੁਵਿਧਾਵਾਂ ਉਪਲਬਧ ਕਰਵਾਉਣਾ ਅਤੇ ਪੜ੍ਹਾਈ ਦਾ ਮਾਹੌਲ ਹੋਰ ਸੁਖਾਵਾਂ ਬਣਾਉਣਾ ਹੈ।ਸੋਸਾਇਟੀ ਦੇ ਮੁੱਖ ਅਹੁਦੇਦਾਰ ਪੀ.ਐਸ. ਸ਼ਰਮਾ ਅਤੇ ਪ੍ਰਸਿੱਧ ਸਮਾਜ ਸੇਵੀ ਪ੍ਰੀਤਮ ਦਾਸ ਨੇ ਦੱਸਿਆ ਕਿ ਸਿੱਖਿਆ ਸੰਸਥਾਵਾਂ ਨੂੰ ਬੁਨਿਆਦੀ ਸੁਵਿਧਾਵਾਂ ਦੇਣਾ ਸਮਾਜ ਦਾ ਫਰਜ਼ ਹੈ। ਸੋਸਾਇਟੀ ਦੇ ਪ੍ਰਧਾਨ ਜੋਗਦੇਵ ਸਿੰਘ ਨੇ ਕਿਹਾ ਕਿ ਇਹ ਛੋਟਾ ਯੋਗਦਾਨ ਵੀ ਵਿਦਿਆਰਥੀਆਂ ਲਈ ਵੱਡਾ ਆਰਾਮ ਲਿਆਵੇਗਾ ਅਤੇ ਉਨ੍ਹਾਂ ਨੂੰ ਗਰਮ ਮੌਸਮ ਵਿੱਚ ਪੜ੍ਹਾਈ ਕਰਨ ਵਿੱਚ ਸੁਵਿਧਾ ਮਿਲੇਗੀ।ਇਸ ਮੌਕੇ ਸੇਵਾਮੁਕਤ ਪ੍ਰਬੰਧਕ (ਐਨ.ਪੀ.ਏ.) ਹਰੀਸ਼ ਮਨੋਚਾ, ਰਿਟਾਇਰਡ ਚੀਫ਼ ਮੈਨੇਜਰ ਕੇ.ਸੀ. ਸ਼ਰਮਾ, ਰਿਟਾਇਰਡ ਮੈਨੇਜਰ ਐਸ.ਬੀ.ਆਈ. ਪ੍ਰੀਤਮ ਦਾਸ, ਨਿਰਦੇਸ਼ਕ ਸੰਤ ਲਾਲ ਅਤੇ ਕੋਸ਼ਾਧਿਕਾਰੀ ਡੀ.ਪੀ. ਸ਼ਾਰਦਾ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਤੋਂ ਇਲਾਵਾ ਜੋਗਾ ਸਿੰਘ, ਰਾਕੇਸ਼ ਹੀਰਾ, ਕੰਤਾਂ ਸੋਢੀ, ਅਸ਼ੋਕ ਸ਼ਰਮਾ ਅਤੇ ਹਰਭਜਨ ਸਿੰਘ ਵੀ ਪ੍ਰੋਗਰਾਮ ਵਿੱਚ ਸ਼ਾਮਲ ਹੋਏ।ਸਕੂਲ ਪ੍ਰਿੰਸੀਪਲ ਤਰਲੋਚਨ ਸਿੰਘ ਨੇ ਸੋਸਾਇਟੀ ਦੇ ਯੋਗਦਾਨ ਦੀ ਸਰਾਹਨਾ ਕਰਦਿਆਂ ਕਿਹਾ ਕਿ ਪਿੰਡਾਂ ਦੇ ਸਰਕਾਰੀ ਸਕੂਲਾਂ ਨੂੰ ਇਸ ਤਰ੍ਹਾਂ ਦੇ ਸਹਿਯੋਗ ਦੀ ਬਹੁਤ ਜ਼ਰੂਰਤ ਹੈ।

# ਬਲਾਕ ਔੜ ਤੇ ਬੰਗਾ 'ਚ ਬਿਨਾਂ ਮਨਜ਼ੂਰੀ ਟਿਊਬਵੈੱਲ ਤੇ ਸਬਮਰਸੀਬਲ ਪੰਪ ਲਾਉਣ 'ਤੇ ਪਾਬੰਦੀ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਿਲ੍ਹਾ ਮੈਜਿਸਟ੍ਰੇਟ ਅੰਕੁਰਜੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਸੈਂਟਰਲ ਗਰਾਊਂਡ ਵਾਟਰ ਅਥਾਰਟੀ ਵੱਲੋਂ ਬਲਾਕ ਔੜ ਅਤੇ ਬੰਗਾ ਨੂੰ ਨੋਟੀਫਾਈਡ ਏਰੀਆ ਐਲਾਨਿਆ ਹੋਣ ਕਰਕੇ ਇਸ ਖੇਤਰ ਵਿੱਚ ਬਿਨਾਂ ਐਨ.ਓ.ਸੀ. ਤੋਂ ਟਿਊਬਵੈੱਲ/ਸਬਮਰਸੀਬਲ ਪੰਪ ਲਾਉਣ 'ਤੇ ਪਾਬੰਦੀ ਲਗਾਈ ਹੈ। ਜਾਰੀ ਹੁਕਮਾਂ ਅਨੁਸਾਰ ਬਲਾਕ ਔੜ ਅਤੇ ਬੰਗਾ ਵਿੱਚ ਲੋੜੀਂਦੀ ਮਨਜ਼ੂਰੀ ਤੋਂ ਬਿਨਾਂ ਟਿਊਬਵੈੱਲ/ਸਬਮਰਸੀਬਲ ਨਹੀਂ ਲਾਇਆ ਜਾ ਸਕਦਾ ਅਤੇ ਜੇਕਰ ਕਿਸੇ ਨੇ ਪ੍ਰਵਾਨਿਤ ਕੰਮਾਂ ਵਿਚੋਂ ਟਿਊਬਵੈੱਲ/ਸਬਮਰਸੀਬਲ ਲਾਉਣਾ ਹੈ ਤਾਂ ਉਹ ਐਨ. ਓ. ਸੀ ਲਈ ਡਿਪਟੀ ਕਮਿਸ਼ਨਰ ਦਫ਼ਤਰ ਵਿਚ ਅਪਲਾਈ ਕਰਕੇ ਮਨਜ਼ੂਰੀ ਪ੍ਰਾਪਤ ਕਰੇਗਾ। ਅਣ-ਅਧਿਕਾਰਤ ਟਿਊਬਵੈੱਲ/ਸਬਮਰਸੀਬਲ ਦੀ ਜਾਂਚ ਕਰਨ ਲਈ ਪਿੰਡਾਂ ਵਿਚ ਸਬੰਧਤ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਅਤੇ ਸ਼ਹਿਰਾਂ ਵਿਚ ਸਬੰਧਤ ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ ਦੀ ਜ਼ਿੰਮੇਵਾਰੀ ਨਿਰਧਾਰਤ ਕੀਤੀ ਗਈ ਹੈ। ਇਹ ਹੁਕਮ ਲਾਗੂ ਕਰਵਾਉਣ ਲਈ ਸੀਨੀਅਰ ਪੁਲਿਸ ਕਪਤਾਨ ਸ਼ਹੀਦ ਭਗਤ ਸਿੰਘ ਨਗਰ, ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਔੜ/ਬੰਗਾ ਅਤੇ ਕਾਰਜ ਸਾਧਕ ਅਫ਼ਸਰ ਨਗਰ ਕੌਂਸਲ ਬੰਗਾ ਜ਼ਿੰਮੇਵਾਰ ਹੋਣਗੇ। ਇਹ ਹੁਕਮ 30 ਨਵੰਬਰ 2025 ਤੱਕ ਲਾਗੂ ਰਹੇਗਾ।

# ਚੋਰੀ ਦੀ ਵਾਰਦਾਤ 'ਚ ਦੋ ਚੋਰ ਨਾਮਜ਼ਦ

**ਖਰੜ (ਹਰਨਾਮ ਸਿੰਘ ਡੱਲਾ)**-ਜ਼ਿਲ੍ਹਾ ਪੁਲਸ ਮੋਹਾਲੀ ਵਲੋਂ ਗੈਰ ਸਮਾਜੀ ਤੱਤਾਂ ਵਿਰੁੱਧ ਛੇੜੀ ਮੁਹਿੰਮ ਦੌਰਾਨ ਥਾਣਾ ਸਦਰ ਖਰੜ ਨੇ ਰੀਤੂ ਸ਼ਰਮਾ ਪੁੱਤਰੀ ਰਛਪਾਲ ਸ਼ਰਮਾ ਵਾਸੀ ਕੋਠੀ ਨੰਬਰ 4291 ਨਿਊ ਸੰਨੀ ਇਨਕਲੇਵ ਖਰੜ ਦੀ ਸ਼ਿਕਾਇਤ ਉੱਤੇ ਕਾਰਵਾਈ ਕਰਦਿਆਂ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਰੀਤੂ ਸ਼ਰਮਾਂ ਵਲੋਂ ਉਸ ਦੇ ਘਰ ਵਿੱਚੋਂ ਇੱਕ ਹਾਈਡਰਾ ਮਸ਼ੀਨ,ਐੱਲ ਸੀ ਡੀ ਅਤੇ ਪੰਜ ਲੱਖ ਤੋਂ ਵੱਧ ਦਾ ਹੋਰ ਸਮਾਨ ਚੋਰੀ ਹੋਣ ਉੱਤੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮੁਕੱਦਮਾ ਥਾਣਾ ਸਦਰ ਖਰੜ ਵਿੱਚ ਕੇਸ ਦਰਜ ਹੋ ਚੁੱਕਾ ਸੀ। ਜਿਸ ਉੱਤੇ ਸ੍ਰੀ ਹਰਮਨਦੀਪ ਸਿੰਘ (ਆਈ ਪੀ ਐੱਸ) ਸੀਨੀਅਰ ਪੁਲਿਸ ਕਪਤਾਨ ਮੋਹਾਲੀ ਦੀਆਂ ਹਦਾਇਤਾਂ ਅਨੁਸਾਰ ਮਨਪ੍ਰੀਤ ਸਿੰਘ (ਪੀ ਪੀ ਐੱਸ) ਦਿਹਾਤੀ ਜ਼ਿਲ੍ਹਾ ਮੁਹਾਲੀ ਅਤੇ ਕਰਨ ਸਿੰਘ ਸੰਧੂ ਉਪ ਪੁਲਿਸ ਕਪਤਾਨ ਖਰੜ ਨੇ ਪ੍ਰੈੱਸ ਨੋਟ ਰਾਹੀਂ ਜਾਣਕਾਰੀ ਦਿੰਦਿਆਂ ਕਿਹਾ ਕਿ ਉਕਤ ਕੇਸ ਦੀ ਮੁਸਤੈਦੀ ਨਾਲ ਛਾਣਬੀਣ ਕਰਦਿਆਂ ਹੌਲਦਾਰ ਪ੍ਰੇਮ ਕੁਮਾਰ ਨੇ ਦੋਸ਼ੀ ਜਤਿਨ ਅਤੇ ਗੁਰਅੰਕਾਰ ਸਿੰਘ ਨੂੰ ਨਾਮਜ਼ਦ ਕੀਤਾ ਹੈ ਅਤੇ ਉਨ੍ਹਾਂ ਪਾਸੋਂ ਕਿਰਾਏ ਦੇ ਫਲੈਟ ਵਿਚੋਂ ਗ੍ਰਿਫਤਾਰ ਕਰਕੇ ਇੱਕ ਹਾਈਡਰਾ ਮਸ਼ੀਨ ਅਤੇ ਐੱਲ ਸੀ ਡੀ ਬਰਾਮਦ ਕੀਤੀ ਗਈ ਹੈ। ਅਤੇ ਮੁਲਜ਼ਮਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਦੋ ਦਿਨਾਂ ਰਿਮਾਂਡ ਲੈ ਲਿਆ ਗਿਆ ਹੈ।



# ਉਦੇਸੀਆਂ ਵਿਖੇ ਤਿੰਨ ਰੋਜ਼ਾ ਉਰਸ ਸਮਾਪਤ

**ਆਦਮਪੁਰ (ਪਰਮਜੀਤ ਸਿੰਘ)**-ਆਦਮਪੁਰ ਦੇ ਪਿੰਡ ਉਦੇਸੀਆਂ ਵਿਖੇ ਹਜਰਤ ਬਾਬਾ ਸ਼ਾਹ ਕਮਾਲ ਜੀ ਸਾਈਂ ਜੁਮਲੇ ਸ਼ਾਹ ਜੀ ਵੈਲਫੇਅਰ ਸੁਸਾਇਟੀ ਉਦੇਸੀਆਂ ਵਲੋਂ ਸਾਈਂ ਜੁਮਲੇ ਸ਼ਾਹ ਦਾ 59ਵਾਂ ਅਤੇ ਸੱਯਦ ਫਕੀਰ ਬੀਬੀ ਸ਼ਰੀਫਾਂ ਦਾ ਪਹਿਲਾ ਤਿੰਨ ਰੋਜ਼ਾ ਉਰਸ ਨਗਰ ਪੰਚਾਇਤ, ਸੰਗਤਾਂ, ਇਲਾਕਾ ਵਾਸੀਆਂ ਅਤੇ ਪ੍ਰਵਾਸੀ ਵੀਰਾਂ ਦੇ ਸਹਿਯੋਗ ਨਾਲ ਬੜੇ ਉਤਸ਼ਾਹ ਨਾਲ ਕਰਵਾਇਆ ਗਿਆ। ਉਰਸ ਦੇ ਪਹਿਲੇ ਦਿਨ ਚਿਰਾਗ ਰੋਸ਼ਨ ਕੀਤੇ ਗਏ। ਇਸ ਤੋਂ ਬਾਅਦ ਸਾਰੀ ਰਾਤ ਕਵਾਲਾਂ ਦਰਬਾਰ ਵਿਚ ਹਾਜ਼ਰੀ ਲਗਵਾਈ। ਦੂਜੇ ਦਿਨ ਸਵੇਰੇ ਝੰਡੇ ਅਤੇ ਚਾਦਰ ਦੀ ਰਸਮ ਅਦਾ ਕੀਤੀ ਗਈ ਤੇ ਮੁਹੰਮਦ ਸਲੀਮ ਕਵਾਲ, ਵਨੀਤ ਖਾਨ, ਸ਼ੌਕਤ ਦੀਵਾਨਾ ਕਵਾਲ ਪਟਿਆਲਾ, ਕੁਲਦੀਪ ਕਾਦਰ, ਅਬੀਦ ਅਲੀ ਮਤੋਈ ਸਮੇਤ ਹੋਰ ਕਵਾਲਾਂ ਨੇ ਮਹਿਫਲ ਸਜਾਈ। ਉਰਸ ਦੌਰਾਨ ਕਿਰਨਾ ਮਹੰਤ, ਬਾਬਾ ਪ੍ਰਿਥੀ ਪਾਲ ਸਿੰਘ ਬਾਲੀ, ਸੰਤ ਸਰਵਣ ਸਿੰਘ ਜਬੜ, ਬਾਬਾ ਜਨਕ, ਬਾਬਾ ਅਸ਼ੋਕ ਜਲੰਧਰ, ਸੰਤ ਸੋਢੀ ਕੰਦੋਲਾ, ਸੰਤ ਮਹਾਵੀਰ ਸਿੰਘ, ਬਾਬਾ ਅਮਰਜੀਤ ਸਿੰਘ, ਬਾਬਾ ਭੁਪਿੰਦਰ ਸਿੰਘ ਅਣਖੀ, ਗੋਰਾ ਸਾਈਂ ਅੰਮ੍ਰਿਤਸਰ, ਬੀਬੀ ਹਰਜੀਤ ਕੌਰ, ਸੰਤ ਪਰਮਿੰਦਰ ਸਿੰਘ, ਸੰਤ ਹਰਪ੍ਰੀਤ ਸਿੰਘ ਸ਼ੇਰਪੁਰ, ਸੰਤ ਪ੍ਰਦੀਪ ਦਾਸ ਕਠਾਰ, ਗਿਆਨੀ ਜੋਗਿੰਦਰ ਸਿੰਘ, ਸੰਤ ਗੁਰਮੀਤ ਸਿੰਘ, ਸੰਤ ਬਲਵੰਤ ਸਿੰਘ, ਸੰਤ ਜੋਗਾ ਸਿੰਘ, ਸੰਤ ਮਹਿੰਦਰ ਸਿੰਘ, ਬਾਬਾ ਮਨਜ਼ੂਰ ਅਹਿਮਦ, ਸੰਤ ਜਸਵੰਤ ਸਿੰਘ, ਸੰਤ ਹਰਕ੍ਰਿਸ਼ਨ ਸਿੰਘ ਸੋਢੀ, ਬਾਬਾ ਨਾਨਕ ਗਿਰ, ਕਾਕਾ ਬਾਬਾ, ਸਾਈਂ ਤਾਜ ਮੁਹੰਮਦ, ਸੰਤ ਇੰਦਰ ਦਾਸ, ਸੰਤ ਮਹਿੰਦਰ ਦਾਸ, ਸੰਤ ਗੁਰਮੀਤ ਸਿੰਘਾ, ਗੋਪੀ ਮੰਹਤ, ਬੀਬੀ ਸਤਿਆ, ਸਾਈਂ ਸਰਵਨ, ਸੰਤ ਹਰਮੀਤ ਸਿੰਘ, ਸੰਤ ਨਿਰਮਲ ਸਿੰਘ, ਸੰਤ ਸੁਰਿੰਦਰ ਦਾਸ, ਕਾਲੂ ਤੇ ਹੋਰ ਮਹਾਪੁਰਸ਼ਾਂ ਨੇ ਸੰਗਤਾਂ ਨੂੰ ਅਸ਼ੀਰਵਾਦ ਦਿੱਤਾ। ਇਸ ਦੌਰਾਨ ਬਲਰਾਜ ਬਿਲਗਾ, ਰਣਜੀਤ ਰਾਣਾ, ਪ੍ਰਤਾਪ ਰਾਣਾ, ਕੁਲਵਿੰਦਰ ਕਿੰਦਾ, ਬੂਟਾ ਮੁਹੰਮਦ, ਐਂਕਰ ਬਲਦੇਵ ਰਾਹੀਂ, ਦਲਵਿੰਦਰ ਦਿਆਲਪੁਰ, ਐਲਕਸ ਸਾਬਰਕੋਟੀ, ਕੁਮਾਰ ਰਾਜਨ, ਸਮੇਤ ਹੋਰ ਕਲਾਕਾਰਾਂ ਨੇ ਸੂਫੀਆਨਾ ਕਲਾਮਾਂ ਰਾਹੀਂ ਦਰਬਾਰ ਵਿਚ ਹਾਜ਼ਰੀ ਲਗਵਾਈ। ਵੇਦ ਪ੍ਰਕਾਸ਼ ਸ਼ਾਹ, ਪਵਨ ਕੁਮਾਰ ਟੀਨੂੰ, ਸਾਬਕਾ ਵਿਧਾਇਕ ਕੇ.ਡੀ ਭੰਡਾਰੀ, ਅਮਿਤ ਤਨੇਜਾ ਵਿਸ਼ੇਸ਼ ਤੌਰ 'ਤੇ ਮੇਲੇ ਵਿਚ ਹਾਜ਼ਰੀ ਲਗਾਉਣ ਲਈ ਆਏ। ਇਸ ਮੌਕੇ ਈਸ਼ਾ, ਜਸਵੀਰ, ਗੁਰਨਾਮ, ਖੁਸ਼ੀ ਮੁੰਹਮਦ, ਸੁਰਿੰਦਰ ਸਿੱਦੂ ਯੂਐਸਏ, ਵਿੱਕੀ ਬਲੂਜਾ ਸ਼ਿਵਮ ਬਲੂਜਾ, ਬਲਜਿੰਦਰ ਸਿੰਘ ਬਾਸਲ ਕਨੇਡਾ, ਸੋਨੂੰ, ਬਲਜੀਤ ਸਿੰਘ ਹਰੀਪੁਰ, ਨਿਰਮਲ ਸਿੰਘ ਸਰਪੰਚ ਹਰੀਪੁਰ, ਜਸਵਿੰਦਰ ਸਿੰਘ, ਹਤਿੰਦਰ ਮਹਿਤਾ, ਨਵਦੀਪ ਅਹੀਰ, ਡਾ ਬਲਵਿੰਦਰ ਸਿੰਘ, ਧੀਰਜ ਅਹੀਰਸਵਿੰਦਰ ਥਿਆੜਾ, ਬਲਜਿੰਦਰ ਸਿੰਘ, ਆਸਵੰਤ , ਅਵਤਾਰ ਸਿੰਘ, ਪਰਮਿੰਦਰ ਸਿੰਘ ਵਰਿਆਣਾ, ਬਿੱਕਰ, ਦਰਸ਼ਨ ਲਾਲ, ਵਿਪਨ ਮਹਿਤਾ, ਨਿਸ਼ਚੇ, ਡਾ. ਜਗਦੀਸ਼, ਡਾ. ਸਰਵ ਮੋਹਣ ਟੰਡਨ, ਰਾਜ ਕੁਮਾਰ ਪਾਲ, ਮਨਮੋਹਨ ਸਿੰਘ ਬਾਬਾ ਤੇ ਹੋਰਨਾਂ ਨੇ ਸੰਗਤਾਂ ਨੂੰ ਮੇਲੇ ਦੀਆਂ ਵਧਾਈਆਂ ਦਿੱਤੀਆਂ।



# ਇਕੋਤਰੀ ਸਮਾਗਮ ਦੌਰਾਨ ਬਾਬਾ ਬੰਤਾ ਸਿੰਘ ਤੇ ਹੋਰ ਮਹਾਂਪੁਰਸ਼ਾਂ ਕੀਤੀ ਸ਼ਿਰਕਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਵਿਸ਼ਵ ਪ੍ਰਸਿੱਧ ਮਹਾਨ ਸਲਾਨਾ ਇਕੋਤਰੀ ਸਮਾਗਮ ਮੌਕੇ ਸਜਾਏ ਗਏ ਵਿਸ਼ਾਲ ਗੁਰਮਤਿ ਸਮਾਗਮ ਦੌਰਾਨ ਸੰਤ ਬਾਬਾ ਗੁਰਦਿਆਲ ਸਿੰਘ ਤੋਂ ਇਲਾਵਾ ਹੋਰ ਕਈ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। 23 ਦਿਨਾਂ ਤੱਕ ਨਿਰੰਤਰ ਚੱਲਣ ਵਾਲੇ ਇਸ ਅੰਮ੍ਰਿਤਮਈ ਕੁੰਭ ਵਿਚ ਡੁਬਕੀ ਲਗਾਉਣ ਲਈ ਜਿਥੇ ਦੇਸ਼ਾਂ-ਵਿਦੇਸ਼ਾਂ ਤੋਂ ਸੰਗਤਾਂ ਭਾਰੀ ਗਿਣਤੀ ਵਿਚ ਟਾਂਡਾ ਪੁੱਜੀਆਂ ਹਨ, ਉਥੇ ਇਸ ਸਮਾਗਮ ਨੂੰ ਲੈ ਕੇ ਸੰਗਤਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ । ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਬਾਬਾ ਬੰਤਾ ਸਿੰਘ ਮੁੰਡਾ ਪਿੰਡ ਵਾਲਿਆਂ ਨੇ ਸੰਗਤਾਂ ਦੇ ਸਨਮੁਖ ਹੁੰਦਿਆਂ ਟਾਂਡਾ ਵਿਚ ਕਰਵਾਏ ਜਾਂਦੇ ਇਸ ਵਿਸ਼ਾਲ ਗੁਰਮਤਿ ਸਮਾਗਮ ਨੂੰ ਪੰਜਾਬ ਦੀ ਧਰਤੀ 'ਤੇ ਸਭ ਤੋਂ ਲੰਬਾ ਸਮਾਂ ਚੱਲਣ ਵਾਲਾ ਗੁਰਮਤਿ ਸਮਾਗਮ ਦੱਸਿਆ। ਸੰਤ ਬਾਬਾ ਗੁਰਦਿਆਲ ਸਿੰਘ ਨੇ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਤ ਇਨ੍ਹਾਂ ਸਮਾਗਮਾਂ ਲਈ ਸੰਗਤਾਂ ਨੂੰ ਲਾਹਾ ਖੱਟਣ ਦਾ ਸੱਦਾ ਦਿੱਤਾ। ਸੰਤ ਬਾਬਾ ਗੁਰਦਿਆਲ ਸਿੰਘ ਨੇ ਇਸ ਮੌਕੇ ਇਕੋਤਰੀ ਸਮਾਗਮ ਵਿੱਚ ਪੁੱਜੇ ਬਾਬਾ ਬੰਤਾ ਸਿੰਘ ਮੁੰਡਾ ਪਿੰਡ ਵਾਲਿਆਂ ਤੋਂ ਇਲਾਵਾਂ ਹੋਰ ਕਈ ਮਹਾਂਪੁਰਸ਼ਾਂ ਨੂੰ ਉਚੇਚੇ ਰੂਪ ਵਿਚ ਪੁੱਜਣ ਲਈ ਜਿੱਥੇ ਸਿਰੋਪਾਓ ਭੇਟ ਕਰ ਸਨਮਾਨਿਤ ਕੀਤਾ। ਉਹਨਾਂ ਕਿਹਾ ਕਿ 6 ਅਕਤੂਬਰ ਨੂੰ ਅਲੌਕਿਕ ਨਗਰ ਕੀਰਤਨ ਸਜਾਏ ਜਾਣਗੇ ਅਤੇ ਨਗਰ ਕੀਰਤਨ ਦੀ ਆਰੰਭਤਾ ਸਵੇਰੇ 10 ਵਜੇ ਕੀਤੀ ਜਾਵੇਗੀ ਅਤੇ 7 ਅਕਤੂਬਰ ਨੂੰ 101 ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਭੋਗ ਪੈਣਗੇ , ਉੱਥੇ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ਾਲ ਗੁਰਮਤਿ ਕੀਰਤਨ ਸਮਾਗਮ ਕਾਰਵਾਇਆ ਤੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾਵੇਗਾ ।



# ਨਾਮੀ ਸ਼ੂਟਰ ਵਰਿੰਦਰ ਸਿੰਘ ਦੀ ਇਨਕਾਊਂਟਰ ਦੌਰਾਨ ਮੌਤ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਜ਼ਿਲ੍ਹਾ ਪੁਲਸ ਨਵਾਂਸ਼ਹਿਰ ਦੇ ਵੱਲੋਂ ਇੱਕ ਨਾਮੀ ਸ਼ੂਟਰ ਦਾ ਇਨਕਾਊਂਟਰ ਕੀਤਾ ਗਿਆ। ਇਸ ਮੌਕੇ ਡੀ ਆਈ ਜੀ ਸਤਿੰਦਰ ਸਿੰਘ ਡੀ ਆਈ ਜੀ ਰੇਜ ਲੁਧਿਆਣਾ ਨੇ ਨਵਾਂਸ਼ਹਿਰ ਵਿਖੇ ਪ੍ਰੈਸ ਕਾਨਫਰੰਸ ਕੀਤੀ। ਉਨ੍ਹਾਂ ਦੇ ਨਾਲ ਐੱਸ ਐੱਸ ਪੀ ਡਾ. ਮਹਿਤਾਬ ਸਿੰਘ ਵੀ ਹਾਜ਼ਰ ਸਨ। ਉਨ੍ਹਾਂ ਦੱਸਿਆ ਕਿ ਪੁਲਸ ਨੂੰ ਉਸ ਵੇਲੇ ਵੱਡੀ ਸਫਲਤਾ ਹਾਸਿਲ ਹੋਈ ਹੈ ਪੁਲਸ ਵਲੋਂ ਇੱਕ ਨਾਮੀ ਸ਼ੂਟਰ ਵਰਿੰਦਰ ਸਿੰਘ ਪਿੰਡ ਪੰਡੋਰੀ ਗੁਲ ਤਰਨਤਾਰਨ ਦਾ ਰਹਿਣ ਵਾਲਾ ਸੀ ਉਸਦਾ ਇਨਕਾਊਂਟਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਸ਼ੂਟਰ ਦੇ ਵੱਲੋਂ ਨਵਾਂਸ਼ਹਿਰ ਸਮੇਤ ਇਕ ਵੱਖ ਵੱਖ ਜਗ੍ਹਾ ਤੇ ਵਾਰਦਾਤਾਂ ਵਿੱਚ ਸ਼ਾਮਲ ਸੀ ਅਤੇ ਸ਼ੂਟਰ ਲਗਾਤਾਰ ਮਨੂੰਅਗਵਾਨ, ਤੇ ਗੋਪੀ ਨਵਾਂਸ਼ਹਿਰ ਦੇ ਕਹਿਣ ਤੇ ਜਾਡਲਾ, ਨਵਾਂਸ਼ਹਿਰ ਦੇ ਠੇਕਿਆਂ ਉਪਰ ਗ੍ਰਨੇਡ ਨਾਲ ਹਮਲਾ ਕੀਤਾ ਗਿਆ ਅਤੇ ਹੋਰ ਵੀ ਬਹੁਤ ਸਾਰੀਆਂ ਵਾਰਦਾਤਾਂ ਕੀਤੀਆਂ ਸਨ ਤੇ ਇਸ ਦੀ ਪੁਲਸ ਵੱਲੋਂ ਕਾਫੀ ਸਮੇਂ ਤੋਂ ਭਾਲ ਕੀਤੀ ਜਾ ਰਹੀ ਸੀ ਅਤੇ ਪੁਲਸ ਜਦੋਂ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰ ਰਹੀ ਸੀ ਤਾਂ ਉਹਨਾਂ ਨੂੰ ਪਤਾ ਲੱਗਾ ਕਿ ਇਹ ਨਾਮੀ ਸ਼ੂਟਰ ਘੁੰਮ ਰਿਹਾ ਹੈ ਤਾਂ ਪੁਲਿਸ ਨੇ ਇਸਦੇ ਮੋਟਰਸਾਈਕਲ ਦਾ ਪਿੱਛਾ ਕੀਤਾ ਤਾਂ ਉਸ ਨੇ ਪੁਲਿਸ ਦੇ ਉੱਪਰ ਫਾਇਰ ਕਰਨੇ ਸ਼ੁਰੂ ਕਰ ਦਿੱਤੇ। ਪੁਲਸ ਨੇ ਜਵਾਬੀ ਕਾਰਵਾਈ ਵਿੱਚ ਇਸ ਉਥੇ ਫਾਇਰ ਕੀਤੇ ਤਾਂ ਇਹ ਸ਼ੂਟਰ ਜ਼ਖਮੀ ਹੋ ਗਿਆ ਜਿਸ ਨੂੰ ਸਿਵਲ ਹਸਪਤਾਲ ਨਵਾਂਸ਼ਹਿਰ ਵਿੱਚ ਲਿਆਂਦਾ ਗਿਆ ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ ਗਿਆ। ਇਸ ਮੌਕੇ ਐੱਸ ਪੀ ਜਾਂਚ ਸਰਬਜੀਤ ਸਿੰਘ ਬਾਹੀਆ, ਡੀ ਐਸ ਪੀ ਰਾਜ ਕੁਮਾਰ ਬਜਾੜ, ਸਿਟੀ ਨਵਾਂਸ਼ਹਿਰ ਐੱਸ ਐੱਚ ਓ ਅਵਤਾਰ ਸਿੰਘ ਤੇ ਪੁਲਸ ਪਾਰਟੀ ਹਾਜ਼ਰ ਸਨ।



# ਵੈਟਰਨਰੀ ਇੰਸਪੈਕਟਰਾਂ ਨੇ ਸਰਕਾਰੀ ਸਕੀਮਾਂ ਤੇ ਆਨਲਾਈਨ ਰਿਪੋਰਟਿੰਗ ਦਾ ਕੀਤਾ ਬਾਈਕਾਟ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪਸ਼ੂ ਪਾਲਣ ਵਿਭਾਗ ਵਿੱਚ ਕੰਮ ਕਰਦੇ ਵੈਟਨਰੀ ਇੰਸਪੈਕਟਰ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਜੱਦੋ ਜਹਿਦ ਕਰ ਰਹੇ ਹਨ, ਵਿਭਾਗ ਵਿੱਚ ਕੁੱਲ 4444 ਪੋਸਟਾਂ ਹਨ ਜਿਹਨਾਂ ਵਿੱਚੋਂ 2010 ਪੋਸਟਾਂ ਵੈਟਨਰੀ ਇੰਸਪੈਕਟਰਾਂ ਦੀਆਂ ਹਨ। ਵਿਭਾਗ ਦਾ ਲਗਭਗ 50 ਪ੍ਰਤੀਸ਼ਤ ਹਿੱਸਾ ਵੈਟਨਰੀ ਇੰਸਪੈਕਟਰਾਂ ਦਾ ਹੀ ਹੈ, ਵਿਭਾਗ ਦਾ 90% ਕੰਮ ਵੈਟਨਰੀ ਇੰਸਪੈਕਟਰ ਵੱਲੋਂ ਕੀਤਾ ਜਾਂਦਾ ਹੈ। ਸਰਕਾਰ ਦੀ ਹਰ ਸਕੀਮ ਭਾਵੇਂ ਉਹ ਸੈਕਸ ਸੀਮਨ ਹੋਵੇ, ਡੀਵੋਰਮਿੰਗ ਕੰਪੇਨ, ਹਰ ਤਰ੍ਹਾਂ ਦੀ ਵੈਕਸੀਨੇਸ਼ਨ, ਕੈਟਲ ਸੈਂਸਸ, ਵਿਭਾਗ ਵੱਲੋਂ ਜਾਰੀ ਕੀਤੇ ਗਏ ਟੀਚੇ, ਸੁਰਭੀ ਸੁਕੰਨਿਆ ਸਕੀਮ, ਪਰੋਜਨੀ ਟੈਸਟਿੰਗ ਸਕੀਮ ਆਦਿ ਨੂੰ ਗਰਾਊਂਡ ਲੈਵਲ 'ਤੇ ਇਸ ਕੇਡਰ ਵੱਲੋਂ ਪਹੁੰਚਾਇਆ ਜਾਂਦਾ ਹੈ, ਪਰ ਜਦੋਂ ਵੈਟਨਰੀ ਇੰਸਪੈਕਟਰਾਂ ਦੀਆਂ ਮੁਸ਼ਕਿਲਾਂ ਜਾਂ ਮੰਗਾਂ ਦੀ ਗੱਲ ਆਉਂਦੀ ਹੈ, ਤਾਂ ਵਿਭਾਗ ਦੀ ਅਫਸਰਸ਼ਾਹੀ ਆਪਣੇ ਪ੍ਰਭਾਵ ਨਾਲ ਵੈਟਨਰੀ ਇੰਸਪੈਕਟਰਾਂ ਦੀਆਂ ਮੰਗਾਂ ਵਿੱਚ ਅੜਿੱਕਾ ਖੜ੍ਹਾ ਕਰਦੀ ਹੈ। ਹੁਣ ਤੱਕ ਇੰਸਪੈਕਟਰ ਐਸੋਸੀਏਸ਼ਨ ਦੀਆਂ ਕਈ ਮੀਟਿੰਗਾਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨਾਲ ਹੋ ਚੁੱਕੀਆਂ ਹਨ। ਵਜ਼ੀਰ ਵੈਟਰਨਰੀ ਇੰਸਪੈਕਟਰਾਂ ਦੀਆਂ ਮੰਗਾਂ ਨੂੰ ਲੈ ਕੇ ਆਪਣੀ ਸਹਿਮਤੀ ਵੀ ਦੇ ਚੁੱਕੇ ਹਨ, ਪਰ ਵਿਭਾਗ ਦੀ ਅਫਸਰਸ਼ਾਹੀ ਦੇ ਪ੍ਰਭਾਵ ਹੇਠਾਂ ਉਨ੍ਹਾਂ ਦੀਆਂ ਮੰਗਾਂ ਨੂੰ ਜਾਣਬੁੱਝ ਕੇ ਲਟਕਾਇਆ ਜਾ ਰਿਹਾ। ਇਸ ਦੇ ਸੰਬੰਧ ਵਿੱਚ ਬੀਤੇ ਦਿਨੀਂ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੀ ਇੱਕ ਹੰਗਾਮੀ ਮੀਟਿੰਗ ਹੋਈ, ਜਿਸ ਵਿੱਚ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨਾਂ ਅਤੇ ਸਟੇਟ ਕਮੇਟੀ ਮੈਂਬਰਾਂ ਨੇ ਹਿੱਸਾ ਲਿਆ ਤੇ ਇਹ ਮਹਿਸੂਸ ਕੀਤਾ ਕਿ ਪੰਜਾਬ ਸਰਕਾਰ ਤੇ ਵਿਭਾਗ ਦੀ ਅਫਸਰਸ਼ਾਹੀ ਜਾਣਬੁੱਝ ਕੇ ਵੈਟਰਨਰੀ ਇੰਸਪੈਕਟਰਾਂ ਨੂੰ ਖੱਜਲ ਖੁਆਰ ਕਰ ਰਹੀ ਹੈ। ਤੰਗ ਆ ਕੇ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਨੇ ਵਰਕ ਟੂ ਰੂਲ ਲਾਗੂ ਕਰਨ ਦਾ ਫੈਸਲਾ ਲਿਆ ਹੈ, ਜਿਸ ਤਹਿਤ ਡਿਸਪੈਂਸਰੀ ਜਾਂ ਹਸਪਤਾਲ ਵਿੱਚ ਆਏ ਪਸ਼ੂਆਂ ਨੂੰ ਹੀ ਮੁਢਲੀ ਸਹਾਇਤਾ ਪ੍ਰਦਾਨ ਕੀਤੀ ਜਾਏਗੀ, ਇਸ ਤੋਂ ਇਲਾਵਾ ਕਿਸੇ ਵੀ ਤਰ੍ਹਾਂ ਦੀ ਆਨਲਾਈਨ ਰਿਪੋਰਟਿੰਗ ਰੋਕ ਦਿੱਤੀ ਗਈ ਹੈ ਅਤੇ ਸਰਕਾਰੀ ਸਕੀਮਾਂ ਦਾ ਬਾਈਕਾਟ ਕਰਨ ਦਾ ਫੈਸਲਾ ਲਿਆ ਹੈ।ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਗੁਰਦੀਪ ਸਿੰਘ ਬਾਸੀ ਅਤੇ ਸੂਬਾ ਪ੍ਰੈਸ ਸਕੱਤਰ ਗੁਰਜੀਤ ਸਿੰਘ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਕਿਹਾ ਕਿ ਅਗਰ ਇਨ੍ਹਾਂ ਫੈਸਲਿਆਂ ਨਾਲ ਕਿਸੇ ਪਸ਼ੂ ਪਾਲਕ ਨੂੰ ਕੋਈ ਨੁਕਸਾਨ ਪਹੁੰਚਦਾ ਹੈ ਤਾਂ ਇਸ ਦੀ ਜ਼ਿੰਮੇਵਾਰੀ ਵਿਭਾਗ ਦੀ ਅਫਸਰਸ਼ਾਹੀ ਅਤੇ ਪੰਜਾਬ ਸਰਕਾਰ ਦੀ ਖੁਦ ਦੀ ਹੋਵੇਗੀ। ਜੇਕਰ ਫਿਰ ਵੀ ਪੰਜਾਬ ਸਰਕਾਰ ਨੇ ਉਹਨਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਐਸੋਸੀਏਸ਼ਨ ਆਪਣਾ ਸੰਘਰਸ਼ ਹੋਰ ਤਿੱਖਾ ਕਰੇਗੀ। 10 ਅਕਤੂਬਰ ਤੋਂ ਡਿਪਟੀ ਡਾਇਰੈਕਟਰ ਪੱਧਰ 'ਤੇ ਧਰਨਿਆਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਜਾਵੇਗਾ। ਸਮੂਹ ਵੈਟਨਰੀ ਇੰਸਪੈਕਟਰ ਕਾਲੀ ਦੀਵਾਲੀ ਬਣਾਉਣਗੇ। ਦਵਾਲੀ ਤੋਂ ਬਾਅਦ ਮੰਤਰੀ ਸਾਹਿਬ ਦੇ ਹਲਕੇ ਲੰਬੀ ਵਿਖੇ ਸੂਬਾ ਪੱਧਰੀ ਰੋਸ ਮੁਜ਼ਾਹਰਾ ਕਰਨਗੇ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਛੰਨਾਂ, ਸੂਬਾ ਜਨਰਲ ਸਕੱਤਰ ਵਿਪਨ ਕੁਮਾਰ ਗੋਇਲ, ਰਾਜੀਵ ਮਲਹੋਤਰਾ, ਦਲਜੀਤ ਸਿੰਘ ਚਾਹਲ, ਗੁਰਮੀਤ ਸਿੰਘ ਮਹਿਤਾ, ਵਿਜੇ ਕੁਮਾਰ ਕੰਬੋਜ, ਧਰਮਵੀਰ ਸਿੰਘ ਸਰਾਂ, ਦਮਨਦੀਪ ਸਿੰਘ ਗਿੱਲ, ਸੰਦੀਪ ਚੌਪਰੀ ਪਟਿਆਲਾ, ਸਤਿਨਾਮ ਸਿੰਘ, ਰਾਕੇਸ਼ ਸੈਣੀ, ਰਜਿੰਦਰ ਕੰਬੋਜ, ਹਰਦੀਪ ਸਿੰਘ ਗਿਆਨਾ ਸਮੇਤ ਹੋਰ ਸੂਬਾਈ ਆਗੂ ਸ਼ਾਮਲ ਸਨ।



# ਗੰਗਾਧਰਨ ਤੇ ਪਾਸਲਾ ਨੇ ਕੀਤੀ ਸੋਨਮ ਵਾਂਗਚੁਕ ਰਿਹਾਅ ਕਰਨ ਦੀ ਮੰਗ

**ਜਲੰਧਰ (ਰਾਜੇਸ਼ ਥਾਪਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੀ ਕੇਂਦਰੀ ਕਮੇਟੀ ਨੇ ਲੱਦਾਖ ਤੇ ਲੱਦਾਖੀਆਂ ਦੇ ਹਿਤਾਂ ਦੀ ਰਾਖੀ ਲਈ ਜੂਝਣ ਵਾਲੇ ਲੋਕ ਪੱਖੀ ਕਾਰਕੁੰਨ, ਉੱਘੇ ਬੁੱਧੀਜੀਵੀ ਸੋਨਮ ਵਾਂਗਚੁਕ ਨੂੰ ਯੂ ਏ ਪੀ ਏ ਤਹਿਤ ਗ੍ਰਿਫਤਾਰ ਕਰਨ ਤੇ ਐੱਨ ਐੱਸ ਏ ਅਧੀਨ ਜੋਧਪੁਰ ਜੇਲ੍ਹ 'ਚ ਸੁੱਟਣ ਵਾਲੀ ਕੇਂਦਰ ਸਰਕਾਰ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ।ਅੱਜ ਇੱਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਪਾਰਟੀ ਦੇ ਚੇਅਰਮੈਨ ਕਾਮਰੇਡ ਕੇ. ਗੰਗਾਧਰਨ ਅਤੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਲੱਦਾਖੀ ਬਾਸ਼ਿੰਦਿਆਂ ਨੂੰ ਗੋਲੀਬਾਰੀ ਰਾਹੀਂ ਕਤਲ ਕੀਤੇ ਜਾਣ ਦੀ ਬਰਾਬਰ ਪੁਲਸੀਆ ਕਾਰਵਾਈ ਦੀ ਵੀ ਡੱਟਵੀਂ ਨਿੰਦਿਆ ਕੀਤੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਹੈ ਕਿ ਲੱਦਾਖ ਦੇ ਹਾਲਾਤ ਖਰਾਬ ਹੋਣ ਤੇ ਹਿੰਸਾ ਭੜਕਣ ਲਈ ਸਿੱਧੇ ਤੌਰ 'ਤੇ ਤਾਨਾਸ਼ਾਹ ਸੋਚ ਵਾਲੀ ਮੋਦੀ ਸਰਕਾਰ ਦੀਆਂ ਕੇਂਦਰਵਾਦੀ ਨੀਤੀਆਂ ਤੇ ਵਾਅਦਾ ਖਿਲਾਫੀਆਂ ਜਿੰਮੇਵਾਰ ਹਨ।ਗੰਗਾਧਰਨ ਅਤੇ ਪਾਸਲਾ ਨੇ ਹਾਲਾਤ ਸੁਧਾਰਨ ਲਈ ਸੋਨਮ ਵਾਂਗਚੁਕ ਨੂੰ ਬਿਨਾਂ ਦੇਰੀ ਰਿਹਾਅ ਕਰਨ, ਲੱਦਾਖ ਦੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕਰਨ ਤੇ ਜਮਹੂਰੀਅਤ ਬਹਾਲੀ ਲਈ ਠੋਸ ਕਦਮ ਚੁੱਕਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਹੈ ਕਿ ਲੱਦਾਖ ਅੰਦਰ ਆਮ ਵਰਗੇ ਹਾਲਾਤ ਬਹਾਲ ਕਰਨ ਲਈ ਉੱਥੋਂ ਦੇ ਲੋਕਾਂ ਦੀਆਂ ਸਮੁੱਚੀਆਂ ਸੰਵਿਧਾਨਕ ਮੰਗਾਂ ਤੁਰੰਤ ਮੰਨੀਆਂ ਜਾਣੀਆਂ ਚਾਹੀਦੀਆਂ ਹਨ।

# ਬਾਬਾ ਬਿਸ਼ਨ ਸਿੰਘ ਦੇ ਬਰਸੀ ਸਮਾਗਮ ਦੀ ਅਰੰਭਤਾ

**ਅੱਡਾ ਸਰਾਂ (ਜਸਵੀਰ ਕਾਜਲ)**-ਸੱਚਖੰਡ ਵਾਸੀ ਬਾਬਾ ਬਿਸ਼ਨ ਸਿੰਘ ਦੀ 125ਵੀਂ ਸਾਲਾਨਾ ਬਰਸੀ ਸਮਾਗਮ ਦੇ ਸਬੰਧ ਵਿੱਚ ਪਹਿਲੀ ਲੜੀ ਵਿੱਚ 20 ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਕੀਤੀ ਗਈ। 12 ਅਕਤੂਬਰ ਨੂੰ ਹੋਣ ਜਾ ਰਹੀ ਬਰਸੀ ਸਮਾਗਮ ਤੱਕ ਛੇ ਲੜੀਆਂ ਵਿੱਚ 125 ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ 12 ਅਕਤੂਬਰ ਨੂੰ ਦਿਨ ਰਾਤ ਕੀਰਤਨ ਦਰਬਾਰ ਕਰਵਾਇਆ ਜਾਵੇਗਾ ਜਿਸ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀ,ਰਾਗੀ, ਢਾਡੀ ,ਕਵੀਸ਼ਰੀ ਅਤੇ ਕਥਾ ਵਾਚਕ ਸੰਗਤਾਂ ਨੂੰ ਕੀਰਤਨ ਕਥਾ ਵਿਚਾਰਾਂ ਨਾਲ ਗਰ ਇਤਿਹਾਸ ਨਾਲ ਜੋੜਨਗੇ। ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਬਾਬਾ ਰਣਜੀਤ ਸਿੰਘ ਨੇ ਦੱਸਿਆ ਕਿ ਨਗਰ ਕੰਧਾਲਾ ਜੱਟਾਂ ਦੇ ਬਹੁਤ ਚੰਗੇ ਭਾਗ ਹਨ ਜੋ ਬ੍ਰਹਮ ਗਿਆਨੀ ਬਾਬਾ ਬਿਸ਼ਨ ਸਿੰਘ ਨੇ ਇੱਥੇ ਸਾਡੇ ਨਗਰ ਵਿੱਚ ਬੰਦਗੀ ਕੀਤੀ ਹੈ । ਸਾਰਾ ਸਾਲ ਗੁਰਬਾਣੀ ਕੀਰਤਨ ਦੇ ਪ੍ਰਵਾਹ ਸ੍ਰੀ ਅਖੰਡ ਪਾਠ ਸਾਹਿਬ ਦੇ ਰੂਪ ਵਿੱਚ ਚਲਦੇ ਰਹਿੰਦੇ ਹਨ। ਇਸ ਮੌਕੇ ਬਾਬਾ ਬਿਸ਼ਨ ਸਿੰਘ ਜੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

## ਰਮਿੰਦਰ ਆਵਲਾ ਤੇ ਗਰਨੈਬ ਨੇ ਨਿਯੁਕਤੀ ਪੱਤਰ ਵੰਡੇ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਕਾਂਗਰਸ ਪਾਰਟੀ ਵੱਲੋਂ ਪਾਰਟੀ ਨੂੰ ਮਜ਼ਬੂਤ ਕਰਨ ਲਈ ਨਵੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਦੇ ਤਹਿਤ ਸਾਬਕਾ ਵਿਧਾਇਕ ਰਮਿੰਦਰ ਆਵਲਾ ਤੇ ਜ਼ਿਲ੍ਹਾ ਪ੍ਰਧਾਨ ਗਰਨੈਬ ਸਿੰਘ ਵੱਲੋਂ ਕਿਸਾਨ ਕਾਂਗਰਸ ਪੰਜਾਬ ਦੇ ਜ਼ਿਲ੍ਹਾ ਬਲਾਕ ਪ੍ਰਧਾਨ ਹਰਪ੍ਰੀਤ ਸਿੰਘ ਸਰਪੰਚ ਰਾਣਾ ਪੰਜ ਗਰਾਈਂ, ਦਲਜੀਤ ਸਿੰਘ ਘਾਂਗਾ ਵਾਈਸ ਪ੍ਰਧਾਨ, ਜਸਵੰਤ ਜੋਵਾਏ ਸਿੰਘ ਵਾਲਾ, ਸੁਖਵਿੰਦਰ ਸਿੰਘ ਤਾਰੇ ਵਾਲਾ, ਭੁਪਿੰਦਰ ਸਿੰਘ ਗਹਿਰੀ ਨੂੰ ਨਿਯੁਕਤੀ ਪੱਤਰ ਦਿੱਤੇ ਗਏ।ਇਸ ਸਮੇਂ ਨਵੇਂ ਨਿਯੁਕਤ ਹੋਏ ਅਹੁਦੇਦਾਰਾਂ ਨੇ ਰਵਿੰਦਰ ਆਵਲਾ ਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਪਾਰਟੀ ਦੀਆਂ ਗਤੀਵਿਧੀਆਂ ਵਧਾਉਣ ਦਾ ਨਿਸ਼ਚਾ ਕੀਤਾ।ਇਸ ਮੌਕੇ ਅਮਰੀਕ ਸਿੰਘ, ਕਰਤਾਰ ਸਿੰਘ ਸੂਰ ਵਾਲਾ, ਭੀਮ ਕੰਬੋਜ, ਕੁਲਵਿੰਦਰ ਸਰਪੰਚ, ਸਿੰਪੂ ਪਾਸੀ, ਗਰਨੈਬ ਜਿਲਾ ਪ੍ਰਧਾਨ, ਕੁਲਵਿੰਦਰ ਘਾਂਗਾ ਆਦਿ ਮੌਜੂਦ ਸਨ।

## 1 ਅਕਤੂਬਰ ਦੀ ਭੁੱਖ ਹੜਤਾਲ ਨੂੰ ਲੈ ਕੇ ਜਥੇਬੰਦੀਆਂ ਦੀ ਅਹਿਮ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਮਾਨਸਾ ਵੱਲੋਂ ਸਰਦੂਲਗੜ੍ਹ ਵਿਖੇ 1 ਅਕਤੂਬਰ ਦੀ ਭੁੱਖ ਹੜਤਾਲ ਨੂੰ ਲੈ ਕੇ ਇੱਕ ਅਹਿਮ ਮੀਟਿੰਗ ਦਰਸ਼ਨ ਸਿੰਘ ਅਲੀਸ਼ੇਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਬਲਵਿੰਦਰ ਉਲਕ ਤੇ ਮੇਲਾ ਸਿੰਘ ਨੇ ਕਿਹਾ ਕਿ ਸਰਕਾਰ ਨੇ ਮੁਲਾਜ਼ਮਾਂ ਨਾਲ ਕੀਤਾ ਵਾਅਦਾ ਪੂਰਾ ਨਾ ਕਰਕੇ ਘੋਰ ਅਨਿਆਂ ਕੀਤਾ ਹੈ।ਇਸ ਮੌਕੇ ਬੋਲਦਿਆਂ ਊਧਮ ਮੰਦਰਾਂ ਤੇ ਪ੍ਰਭੂ ਰਾਮ ਨੇ ਕਿਹਾ 1 ਅਕਤੂਬਰ ਦੀ ਭੁੱਖ ਹੜਤਾਲ ਸਰਕਾਰ ਦੇ ਮੁਲਾਜ਼ਮਾਂ ਬਾਰੇ ਕੀਤੇ ਝੂਠੇ ਦਾਅਵਿਆਂ ਦੀ ਫੂਕ ਕੱਢ ਦੇਵੇਗੀ।ਕੇਂਦਰ ਦੀ ਮੋਦੀ ਸਰਕਾਰ ਤੇ ਵਰਦਿਆਂ ਆਗੂਆਂ ਨੇ ਕਿਹਾ ਮੁਲਾਜ਼ਮਾਂ ਨੇ ਯੂ ਪੀ ਐੱਸ ਵਰਗੀਆਂ ਸਕੀਮਾਂ ਲਿਆ ਕੇ ਮੁਲਾਜ਼ਮਾਂ ਦੇ ਅੱਖੀਂ ਘੱਟਾ ਪਾਉਣ ਦਾ ਯਤਨ ਕੀਤਾ ਹੈ, ਪਰ ਮੁਲਾਜ਼ਮਾਂ ਨੇ ਯੂਪੀਐਸ ਨੂੰ ਬੁਰੀ ਤਰ੍ਹਾਂ ਨਕਾਰ ਦਿੱਤਾ ਹੈ।ਸੰਨ 2004 ਤੋਂ ਭਰਤੀ ਮੁਲਾਜ਼ਮ 1972 ਵਾਲੀ ਸੰਪੂਰਨ ਪੈਨਸ਼ਨ ਦੀ ਬਹਾਲੀ ਚਾਹੁੰਦੇ ਹਨ, ਇਸ ਤੋਂ ਘੱਟ ਕੁੱਝ ਵੀ ਮਨਜ਼ੂਰ ਨਹੀਂ।ਹੁਣ ਸਮਾਂ ਆ ਗਿਆ ਹੈ ਕਿ ਸਰਕਾਰ ਪੂਰਨ ਪੈਨਸ਼ਨ ਦੀ ਬਹਾਲੀ ਕਰਕੇ ਮੁਲਾਜ਼ਮਾਂ ਦੀ ਭਵਿੱਖ ਪ੍ਰਤੀ ਚਿੰਤਾ ਨੂੰ ਦੂਰ ਕਰੇ।ਆਗੂਆਂ ਨੇ ਸਮੁੱਚੇ ਮੁਲਾਜ਼ਮ ਵਰਗ ਨੂੰ ਇਸ ਹੜਤਾਲ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਹੈ ਤਾਂ ਜੋ ਸਰਕਾਰ ਤੋਂ ਆਪਣੀ ਚਿਰਾਂ ਤੋਂ ਲਟਕਦੀ ਮੰਗ ਮੰਗ ਮਨਵਾਈ ਜਾ ਸਕੇ।ਇਸ ਮੌਕੇ ਰਾਜ ਕੁਮਾਰ, ਗੁਰਜੰਟ ਬੋਹਾ, ਅੰਗਰੇਜ਼ ਸਿੰਘ, ਅੰਮ੍ਰਿਤਪਾਲ ਸਿੰਘ ਕਰੰਡੀ, ਭਿੰਦਰ ਸਿੰਘ ਮਾਨਖੇੜਾ, ਗੁਰਮੀਤ ਝੁਨੀਰ, ਬਲਵਿੰਦਰ ਸਿੰਘ ਚੂਹੜੀਆ, ਭੁਪਿੰਦਰ ਸਿੰਘ, ਪਰਮਜੀਤ ਸਿੰਘ, ਨਰਿੰਦਰ ਸਿੰਘ, ਗੁਰਪਾਲ ਸਿੰਘ, ਸ਼ਰਦਪਾਲ ਜਟਾਣਾ ਆਦਿ ਆਗੂ ਹਾਜ਼ਰ ਸਨ।

## ਸਕੂਲ ਮੈਨੇਜਮੈਂਟ ਕਮੇਟੀਆਂ ਦੀ ਟ੍ਰੇਨਿੰਗ ਅੱਜ ਤੋਂ : ਮਾਨ




**ਸ੍ਰੀ ਮੁਕਤਸਰ ਸਾਹਿਬ ਸਤੰਬਰ (ਸ਼ਮਿੰਦਰ ਪਾਲ, ਪੂਜਾ)**-ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ.) ਸ੍ਰੀ ਯਾਦਵਿੰਦਰ ਸਿੰਘ ਮਾਨ ਨੇ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀਆਂ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਤੇ ਕਮੇਟੀ ਮੈਂਬਰਾਂ ਨੂੰ ਟ੍ਰੇਨਿੰਗ 29 ਸਤੰਬਰ ਤੋਂ 15 ਅਕਤੂਬਰ ਤੱਕ ਦਿੱਤੀ ਜਾ ਰਹੀ ਹੈ।ਇਸ ਟ੍ਰੇਨਿੰਗ ਦਾ ਸਾਰਾ ਪ੍ਰਬੰਧ ਕਰ ਲਿਆ ਗਿਆ ਹੈ।ਕੁੱਲ 38 ਸਕੂਲਾਂ ਵਿੱਚ ਟ੍ਰੇਨਿੰਗ ਦਾ ਪ੍ਰਬੰਧ ਕੀਤਾ ਗਿਆ ਹੈ।ਮੁੱਖ ਤੌਰ 'ਤੇ ਸੈਂਟਰ ਸਕੂਲ ਵਿੱਚ ਹੀ ਟ੍ਰੇਨਿੰਗ ਸਥਾਨ ਹੈ।ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ.) ਸ੍ਰੀ ਯਾਦਵਿੰਦਰ ਸਿੰਘ ਮਾਨ ਨੇ ਦੱਸਿਆ ਕਿ 547 ਸਰਕਾਰੀ ਪ੍ਰਾਇਮਰੀ ਤੇ ਅੱਪਰ ਪ੍ਰਾਇਮਰੀ ਸਕੂਲਾਂ ਦੀਆਂ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਨੂੰ ਟ੍ਰੇਨਿੰਗ ਦਿੱਤੀ ਜਾਵੇਗੀ।ਹਰ ਸਕੂਲ ਦੀ ਕਮੇਟੀ ਦੇ 16 ਮੈਂਬਰ ਇਸ ਟ੍ਰੇਨਿੰਗ ਵਿੱਚ ਭਾਗ ਲੈਣਗੇ।ਇਨ੍ਹਾਂ ਟ੍ਰੇਨਿੰਗ ਦੀ ਬਲਾਕ ਪੱਧਰ 'ਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਦੇਖ ਰੇਖ ਕਰਨਗੇ।ਇਹ ਟ੍ਰੇਨਿੰਗ ਕਲੱਸਟਰ ਪੱਧਰ 'ਤੇ ਸੈਂਟਰ ਹੈੱਡ ਟੀਚਰ ਦੀ ਅਗਵਾਈ ਹੇਠ ਕਰਵਾਈ ਜਾ ਰਹੀ ਹੈ।ਬਲਾਕ ਰਿਸੋਰਸ ਪਰਸਨ ਟ੍ਰੇਨਿੰਗ ਦੇਣਗੇ।

## ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਵੱਖ-ਵੱਖ ਮੁਕਾਬਲੇ ਕਰਵਾਏ




**ਬਰੇਟਾ (ਰੀਤਵਾਲ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੰਬੰਧਤ ਕ੍ਰਿਸ਼ਨਾ ਕਾਲਜ ਆਫ਼ ਹਾਇਰ ਐਜੂਕੇਸ਼ਨ ਰੱਲੀ ਵਿਖੇ ਸ੍ਰ. ਭਗਤ ਸਿੰਘ ਦੇ ਜਨਮ ਦਿਹਾੜੇ ਤੇ ਉਨ੍ਹਾਂ ਦੀ ਵਿਚਾਰਧਾਰਾ ਸੰਬੰਧੀ ਭਾਸ਼ਣ, ਕਵਿਤਾ, ਪੋਸਟਰ ਮੇਕਿੰਗ, ਕਲੇਅ ਮਾਡਲਿੰਗ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਵੱਖ-ਵੱਖ ਕੋਰਸਾਂ ਦੇ ਵਿਦਿਆਰਥੀਆਂ ਵੱਲੋਂ ਭਾਗ ਲਿਆ ਗਿਆ।ਭਾਸ਼ਣ ਮੁਕਾਬਲੇ ਵਿੱਚ ਪਹਿਲਾ ਸਥਾਨ ਖੁਸ਼ਪ੍ਰੀਤ ਸਿੰਘ ਬੀ. ਏ. ਭਾਗ ਤੀਜਾ, ਦੂਜਾ ਸਥਾਨ ਲਵਪ੍ਰੀਤ ਕੌਰ ਬੀ. ਏ. ਭਾਗ ਤੀਜਾ ਤੇ ਤੀਜਾ ਸਥਾਨ ਸਹਿਜਲੀਨ ਕੌਰ ਬੀ. ਏ. ਭਾਗ ਪਹਿਲਾ ਨੇ ਪ੍ਰਾਪਤ ਕੀਤਾ।ਇਸ ਤਰ੍ਹਾਂ ਪੋਸਟਰ ਮੇਕਿੰਗ ਵਿੱਚ ਪਹਿਲਾ ਸਥਾਨ ਮਨੀਸ਼ਾ ਪਟੇਲ ਬੀ ਏ ਭਾਗ ਪਹਿਲਾ, ਦੂਜਾ ਸਥਾਨ ਲਵਪ੍ਰੀਤ ਸਿੰਘ ਬੀ ਏ ਭਾਗ ਪਹਿਲਾ ਸਥਾਨ ਤੇ ਤੀਜਾ ਸਥਾਨ ਸੁਖਪ੍ਰੀਤ ਸ਼ਰਮਾ ਬੀ ਏ ਭਾਗ ਪਹਿਲਾ ਨੇ ਪ੍ਰਾਪਤ ਕੀਤਾ।ਕਲੇਅ ਮਾਡਲਿੰਗ ਵਾਚ ਪਹਿਲਾ ਸਥਾਨ ਮਨੀਸ਼ਾ ਪਟੇਲ ਬੀ ਏ ਭਾਗ ਪਹਿਲਾ ਨੇ ਪ੍ਰਾਪਤ ਕੀਤਾ।ਕਵਿਤਾ ਵਿੱਚ ਅਮਨਜੋਤ ਕੌਰ ਬੀ ਏ ਭਾਗ ਤੀਜਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਕਾਲਜ ਪ੍ਰਿੰਸੀਪਲ ਡਾ. ਪ੍ਰਕਾਸ ਕੌਰ ਢਿੱਲੋਂ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਅੱਜ ਇਨ੍ਹਾਂ ਸ਼ਹੀਦਾਂ ਦੀ ਕੁਰਬਾਨੀਆਂ ਕਰਕੇ ਹੀ ਅਸੀਂ ਆਜ਼ਾਦੀ ਦਾ ਅਨੰਦ ਮਾਣ ਰਹੇ ਹਾਂ ਅਤੇ ਸਾਡਾ ਵੀ ਫਰਜ਼ ਬਣਦਾ ਹੈ ਕਿ ਅਸੀਂ ਇਨ੍ਹਾਂ ਦੀ ਵਿਚਾਰਧਾਰਾ 'ਤੇ ਖਰੇ ਉਤਰੀਏ।ਇਸ ਮੌਕੇ ਕਾਲਜ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਕਮਲ ਸਿੰਗਲਾ, ਚੇਅਰਮੈਨ ਸ੍ਰੀ ਸੁਖਵਿੰਦਰ ਸਿੰਘ ਚਾਹਲ, ਪ੍ਰਧਾਨ ਡਾ. ਵਿਜੈ ਸਿੰਗਲਾ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਸਟੇਜ ਦਾ ਸੰਚਾਲਨ ਪ੍ਰੋ. ਲਖਵੀਰ ਸਿੰਘ (ਰਾਜਨੀਤੀ ਸ਼ਾਸਤਰ) ਵਿਭਾਗ ਵੱਲੋਂ ਕੀਤਾ ਗਿਆ।

## ਰੇਲਵੇ ਲਾਈਨ ਨੇੜਿਓਂ ਅਣਪਛਾਤੇ ਦੀ ਲਾਸ਼ ਮਿਲੀ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-ਸਥਾਨਕ ਰੇਲਵੇ ਪੁਲਸ (ਜੀ ਆਰ ਪੀ) ਨੂੰ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲਣ ਦੀ ਖਬਰ ਹੈ।ਰੇਲਵੇ ਪੁਲਸ (ਜੀ ਆਰ ਪੀ) ਚੌਂਕੀ ਧੂਰੀ ਦੇ ਸਹਾਇਕ ਥਾਣੇਦਾਰ ਕਰਮਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਧੂਰੀ-ਰਾਜਪੁਰਾ ਰੇਲਵੇ ਲਾਈਨ 'ਤੇ ਧੂਰੀ-ਕੌਲਸੇੜੀ ਦਰਮਿਆਨ ਰੇਲਵੇ ਲਾਈਨ ਨੇੜਿਓਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਬਰਾਮਦ ਕੀਤੀ ਹੈ।ਉਨ੍ਹਾਂ ਦੱਸਿਆ ਕਿ ਭਿਖਾਰੀ ਜਾਪਦੇ ਇਸ 50 ਕੁ ਸਾਲਾ ਵਿਅਕਤੀ ਦੀ ਕੁਦਰਤੀ ਮੌਤ ਹੋਈ ਜਾਪਦੀ ਹੈ, ਜਿਸ ਦੇ ਤੇੜ ਖਾਕੀ ਰੰਗ ਦੀ ਕੈਪਰੀ ਪਹਿਨੀ ਹੋਈ ਹੈ ਤੇ ਦਾਹੜੀ ਕੇਸ ਕੱਟੇ ਹੋਏ ਹਨ। ਅਜੇ ਤੱਕ ਮ੍ਰਿਤਕ ਦੀ ਪਛਾਣ ਨਹੀਂ ਹੋ ਸਕੀ ਤੇ ਮ੍ਰਿਤਕ ਦੀ ਦੇਹ ਨੂੰ ਸ਼ਨਾਖਤ ਲਈ 72 ਘੰਟਿਆਂ ਵਾਸਤੇ ਸਿਵਲ ਹਸਪਤਾਲ ਧੂਰੀ ਦੀ ਮੋਰਚਰੀ 'ਚ ਰੱਖਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਮ੍ਰਿਤਕ ਸਬੰਧੀ ਮੋਬਾਇਲ ਨੰਬਰ-98558-59001 ਜਾਣਕਾਰੀ ਸਾਂਝੀ ਕੀਤੀ ਜਾ ਸਕਦੀ ਹੈ।

## ਡਿਪਟੀ ਕਮਿਸ਼ਨਰ ਨੇ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਦੀਆਂ ਸੁਣੀਆਂ ਸਮੱਸਿਆਵਾਂ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਜ਼ਿਲ੍ਹੇ ਦੇ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ ਆਈ.ਏ.ਐੱਸ. ਨੇ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਨਾਲ ਬੈਠਕ ਕੀਤੀ।ਇਸ ਮੌਕੇ ਉਨ੍ਹਾਂ ਕਿਹਾ ਕਿ ਮਹਾਨ ਆਜ਼ਾਦੀ ਘੁਲਾਟੀਆਂ ਕਾਰਨ ਹੀ ਦੇਸ਼ ਆਜ਼ਾਦੀ ਦਾ ਨਿੱਘ ਮਾਣ ਰਿਹਾ ਹੈ ਅਤੇ ਅਸੀਂ ਹਮੇਸ਼ਾ ਸਾਡੇ ਆਜ਼ਾਦੀ ਘੁਲਾਟੀਆਂ ਦੇ ਰਿਣੀ ਰਹਾਂਗੇ।ਉਨ੍ਹਾਂ ਕਿਹਾ ਕਿ ਸਾਰੇ ਦਫ਼ਤਰਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਦਫ਼ਤਰਾਂ ਵਿੱਚ ਕੰਮ-ਕਾਜ ਲਈ ਆਉਣ ਵਾਲੇ ਆਜ਼ਾਦੀ ਘੁਲਾਟੀਆਂ ਜਾਂ ਉਨ੍ਹਾਂ ਦੇ ਵਾਰਸਾਂ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾਵੇ।ਡਿਪਟੀ ਕਮਿਸ਼ਨਰ ਨੇ ਆਖਿਆ ਕਿ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਦਾ ਕੰਮ ਤਰਜੀਹੀ ਅਧਾਰ 'ਤੇ ਕੀਤਾ ਜਾਵੇਗਾ।ਉਨ੍ਹਾਂ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਸੰਬੰਧਤ ਅਧਿਕਾਰੀਆਂ ਨੂੰ ਤਰਜੀਹੀ ਆਧਾਰ 'ਤੇ ਇਨ੍ਹਾਂ ਸਮੱਸਿਆਵਾਂ ਦਾ ਹੱਲ ਕਰਨ ਦੀ ਹਦਾਇਤ ਕੀਤੀ। ਇਸ ਮੌਕੇ ਐੱਸ.ਡੀ.ਐੱਮ. ਮਾਨਸਾ ਕਾਲਾ ਸ੍ਰੀ ਰਾਮ ਕਾਂਸਲ, ਐੱਸ.ਡੀ.ਐੱਮ. ਬੁਢਲਾਡਾ ਸ੍ਰ. ਗਗਨਦੀਪ ਸਿੰਘ, ਸਹਾਇਕ ਕਮਿਸ਼ਨਰ ਸ੍ਰੀ ਅਜੀਤ ਪਾਲ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਕਵਿਤਾ ਗਰਗ, ਐਕਸੀਅਨ ਭਾਵੁਕ ਸ਼ਰਮਾ, ਕਾਰਜਸਾਧਕ ਅਫ਼ਸਰ ਤੋਂ ਇਲਾਵਾ ਹੋਰ ਅਧਿਕਾਰੀ ਹਾਜ਼ਰ ਸਨ।

## ਕੋਹਲੀ ਤੇ ਮੇਅਰ ਗੋਗੀਆ ਵੱਲੋਂ ਸੜਕ ਦਾ ਉਦਘਾਟਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੀ ਗੋਪਾਲ ਕਲੋਨੀ ਵਿੱਚ 98 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਗਈ ਨਵੀਂ ਸੜਕ ਦਾ ਉਦਘਾਟਨ ਪਟਿਆਲਾ ਸ਼ਹਿਰੀ ਹਲਕੇ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਤੇ ਮੇਅਰ ਕੁੰਦਨ ਗੋਗੀਆ ਵੱਲੋਂ ਰਲ ਕੇ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਮਹਿਤਾ ਵੀ ਮੌਜੂਦ ਸਨ।ਉਦਘਾਟਨ ਸਮਾਰੋਹ ਦੌਰਾਨ ਵਿਧਾਇਕ ਕੋਹਲੀ ਨੇ ਕਿਹਾ ਕਿ ਸੜਕਾਂ ਦੇ ਨਿਰਮਾਣ 'ਤੇ ਸਿੱਧੀ ਨਿਗਰਾਨੀ ਰੱਖੀ ਜਾ ਰਹੀ ਹੈ ਅਤੇ 'ਰੁਬਾਨ 'ਤੇ ਪਹਿਰਾ' ਦਿੰਦੇ ਹੋਏ ਹਰ ਕੰਮ ਦੀ ਗੁਣਵੱਤਾ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਹਰ ਵਿਧਾਇਕ ਨੂੰ 5 ਕਰੋੜ ਰੁਪਏ ਦੇ ਵਿਕਾਸ ਫੰਡ ਜਾਰੀ ਕੀਤੇ ਗਏ ਹਨ, ਜਿਸ ਨਾਲ ਪਟਿਆਲਾ ਵਿੱਚ ਪਹਿਲੀ ਵਾਰੀ ਨਵੇਂ ਵਿਕਾਸ ਕਾਰਜਾਂ ਦੀ ਸ਼ੁਰੂਆਤ ਹੋ ਰਹੀ ਹੈ।ਉਨ੍ਹਾਂ ਦੱਸਿਆ ਕਿ ਇਹ ਨਵੀਂ ਬਣੀ ਸੜਕ ਤੇਜਾਵਾ ਕਲੋਨੀ ਤੋਂ ਲੈ ਕੇ ਮਥੁਰਾ ਕਲੋਨੀ ਤੱਕ ਜਾਵੇਗੀ ਤੇ ਇਲਾਕੇ ਦੇ ਵੱਡੇ ਹਿੱਸੇ ਨੂੰ ਲਾਭ ਹੋਵੇਗਾ।ਇਸ ਦੇ ਨਾਲ ਨਾਲ ਗੋਬ ਗਾਰਡਨ, ਛੋਟਾ ਅਰਾਈ ਮਾਜਰਾ, ਜਗਦੀਸ਼ ਕਲੋਨੀ, ਤੇਜ ਬਾਗ ਕਲੋਨੀ, ਰੋਜ਼ ਕਲੋਨੀ, ਗੋਪਾਲ ਕਲੋਨੀ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪਾਈਪ ਲਾਈਨ ਵਿਛਾਉਣ ਦਾ ਕੰਮ ਤੇਜ਼ੀ ਨਾਲ ਜਾਰੀ ਹੈ।ਇਸ ਮੌਕੇ ਇਲਾਕਾ ਵਾਸੀਆਂ ਨੇ ਵੀ ਸਰਕਾਰ ਤੇ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਅਤੇ ਉਮੀਦ ਜਤਾਈ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਜ਼ਰੂਰੀ ਸੁਵਿਧਾਵਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ।ਇਸ ਮੌਕੇ ਨਗਰ ਨਿਗਮ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ।

## ਜ਼ਿਲ੍ਹੇ ਦੇ ਵਿਧਾਇਕਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਕੀਤੀ ਮੁਲਾਕਾਤ

### ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਮੁਆਵਜ਼ਾ ਦੇਣ ਲਈ ਪੰਜਾਬ ਸਰਕਾਰ ਵਚਨਬੱਧ : ਮਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਫਿਰੋਜ਼ਪੁਰ ਜ਼ਿਲ੍ਹੇ ਵਿੱਚ ਕਾਫੀ ਨੁਕਸਾਨ ਹੋਇਆ, ਜਿਸ ਸਬੰਧੀ ਜ਼ਿਲ੍ਹੇ ਦੇ ਚਾਰ ਵਿਧਾਨ ਸਭਾ ਹਲਕਿਆਂ ਦੇ ਵਿਧਾਇਕਾਂ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨਾਲ ਮੀਟਿੰਗ ਕੀਤੀ ਗਈ।ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਆ, ਵਿਧਾਇਕ ਜ਼ੀਰਾ ਨਰੇਸ਼ ਕਟਾਰੀਆ ਤੇ ਵਿਧਾਇਕ ਗੁਰੂ ਹਰਸਹਾਏ ਫੌਜਾ ਸਿੰਘ ਸਰਾਰੀ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨਾਲ ਜ਼ਿਲ੍ਹੇ ਵਿੱਚ ਆਏ ਹੜ੍ਹ ਕਾਰਨ ਹੋਏ ਲੋਕਾਂ ਦੇ ਨੁਕਸਾਨ ਦੀ ਭਰਪਾਈ, ਮੁਆਵਜ਼ੇ ਤੇ ਰਾਹਤ ਕਾਰਜਾਂ ਬਾਰੇ ਵੀ ਵਿਚਾਰ ਚਰਚਾ ਕੀਤੀ ਗਈ। ਵਿਧਾਇਕ ਸਾਹਿਬਾਨਾਂ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਹੜ੍ਹਾਂ ਨਾਲ ਹੋਏ ਨੁਕਸਾਨ ਦਾ ਜ਼ਿਲ੍ਹਿਆਂ ਵਿੱਚ ਹੋਏ ਨੁਕਸਾਨ ਤੇ ਖਰਾਬੇ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਅਤੇ ਜਲਦ ਮੁਆਵਜ਼ਾ ਦੇਣਾ ਸ਼ੁਰੂ ਕਰ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਸਬੰਧਤ ਵਿਭਾਗਾਂ ਵੱਲੋਂ ਪਿੰਡਾਂ ਵਿੱਚ ਸੜਕਾਂ, ਗਲੀਆਂ, ਬਿਲਡਿੰਗਾਂ ਤੇ ਹੋਰ ਬੁਨਿਆਦੀ ਢਾਂਚੇ ਦੇ ਹੋਏ ਨੁਕਸਾਨ ਦੀ ਰਿਪੇਅਰ ਤੇ ਮੁੜ ਨਿਰਮਾਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਪੰਜਾਬ ਵਾਸੀਆਂ ਨਾਲ ਹਮੇਸ਼ਾ ਖੜੀ ਹੈ ਤੇ ਇਸ ਔਖੀ ਘੜੀ ਵਿੱਚ ਉਨ੍ਹਾਂ ਦੇ ਹੋਏ ਨੁਕਸਾਨ ਦੀ ਭਰਪਾਈ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਸੇਵਾ ਪੱਖਵਾੜੇ ਅਧੀਨ ਭਾਜਪਾ ਨੇ ਮਲੂਕਾ 'ਚ ਅੱਖਾਂ ਦਾ ਕੈਂਪ ਲਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਰਾਸ਼ਟਰਪਿਤਾ ਮਹਾਤਮਾ ਗਾਂਧੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸੇਵਾ ਪੱਖਵਾੜੇ ਅਧੀਨ ਭਾਜਪਾ ਵੱਲੋਂ ਥਾਂ ਥਾਂ ਵੱਖ ਵੱਖ ਪ੍ਰੋਗਰਾਮ ਉਲੀਕੇ ਗਏ ਹਨ, ਜਿਸ ਤਹਿਤ ਸ਼ੁੱਕਰਵਾਰ ਜ਼ਿਲ੍ਹਾ ਪ੍ਰਧਾਨ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਦੀ ਅਗਵਾਈ 'ਚ ਮਲੂਕਾ ਵਿਖੇ ਅੱਖਾਂ ਦਾ ਕੈਂਪ ਲਾਇਆ ਗਿਆ। ਮਲੂਕਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮ ਦਿਨ 17 ਸਤੰਬਰ ਤੋਂ ਆਰੰਭ ਕੀਤਾ ਗਿਆ ਸੇਵਾ ਪੱਖਵਾੜਾ 2 ਅਕਤੂਬਰ ਨੂੰ ਸਮਾਪਤ ਹੋਵੇਗਾ। ਇਸ ਦੌਰਾਨ ਸਫਾਈ ਅਭਿਆਨ, ਖੂਨਦਾਨ ਕੈਂਪ, ਮੈਡੀਕਲ ਕੈਂਪ, ਖੇਡ ਮੁਕਾਬਲੇ ਸੈਮੀਨਾਰ ਤੇ ਵਾਤਾਵਰਨ ਸੰਭਾਲ ਲਈ ਵੱਧ ਤੋਂ ਵੱਧ ਰੁੱਖ ਲਾਉਣ ਦੇ ਪ੍ਰੋਗਰਾਮ ਉਲੀਕੇ ਗਏ ਹਨ। ਅੱਖਾਂ ਦੇ ਕੈਂਪ 'ਚ ਕਿਰਨ ਆਈ ਕੇਅਰ ਤੋਂ ਅੱਖਾਂ ਦੇ ਮਾਹਰ ਡਾਕਟਰ ਕਰਨ ਸਰਭਲ ਤੇ ਉਨ੍ਹਾਂ ਦੇ ਸਟਾਫ ਨੇ 100 ਤੋਂ ਵੱਧ ਲੋਕਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਤੇ ਲੋੜ ਅਨੁਸਾਰ ਲੋਕਾਂ ਨੂੰ ਦਵਾਈਆਂ ਤੇ ਐਨਕਾਂ ਦਿੱਤੀਆਂ।ਮਲੂਕਾ ਨੇ ਕੈਂਪ 'ਚ ਸਹਿਯੋਗ ਕਰਨ ਲਈ ਹਰਜਿੰਦਰ ਸਿੰਘ ਹਮੀਰਗੜ੍ਹ, ਦਰਸ਼ਨ ਸਿੰਘ ਪ੍ਰਧਾਨ ਨਗਰ ਪੰਚਾਇਤ ਮਲੂਕਾ ਦਾ ਧੰਨਵਾਦ ਕੀਤਾ।ਇਸ ਮੌਕੇ ਬਠਿੰਡਾ ਦਿਹਾਤੀ ਦੇ ਇੰਚਾਰਜ ਦੁਰਗੇਸ਼ ਸ਼ਰਮਾ, ਜਰਨਲ ਸਕੱਤਰ ਮੇਜਰ ਸਿੰਘ ਬਰਾੜ, ਜਸਪ੍ਰੀਤ ਸਿੰਘ ਜੱਸਾ, ਮਨਦੀਪ ਸ਼ਰਮਾ ਮਲੂਕਾ, ਬੌਬੀ ਸਿੰਗਲਾ ਭਗਤਾ, ਕੇਵਲ ਭਗਤਾ, ਮੰਦਰ ਸਿੰਘ ਕੋਇਰ ਸਿੰਘਵਾਲਾ, ਬ੍ਰਿਸ਼ ਪਾਲ ਮਲੂਕਾ, ਡਾ. ਸਤਿਗੁਰੂ ਮਲੂਕਾ, ਹਰਪਾਲ ਸਿੰਘ, ਬੂਟਾ ਸਿੰਘ, ਸੁਖਦੇਵ ਸਿੰਘ, ਮੀਡੀਆ ਇੰਚਾਰਜ ਰਤਨ ਸ਼ਰਮਾ ਮਲੂਕਾ ਤੇ ਭਾਜਪਾ ਵਰਕਰ ਹਾਜ਼ਰ ਸਨ।

## ਪੀ ਜੀ ਆਈ 'ਚ ਔਰਤਾਂ ਦੀ ਸਿਹਤ ਸੰਭਾਲ ਸੰਬੰਧੀ ਸੈਮੀਨਾਰ



**ਸਮਰਾਲਾ (ਸੁਰਜੀਤ ਸਿੰਘ)**

ਪੀਜੀਆਈ ਚੰਡੀਗੜ੍ਹ ਦੇ ਗਾਈਨਾਕੋਲੋਜੀ ਵਿਭਾਗ ਵਿੱਚ ਔਰਤਾਂ ਦੀਆਂ ਬਿਮਾਰੀਆਂ ਸੰਬੰਧੀ ਪ੍ਰੋ. ਪੂਜਾ ਸਿੱਕਾ ਦੀ ਅਗਵਾਈ ਵਿੱਚ 'ਸਿਹਤਮੰਦ ਔਰਤ, ਮਜ਼ਬੂਤ ਪਰਵਾਰ' ਮੁਹਿੰਮ ਤਹਿਤ ਸੈਮੀਨਾਰ ਕੀਤਾ ਗਿਆ।ਇਸ ਮੌਕੇ ਪ੍ਰੋ. ਪੂਜਾ ਸਿੱਕਾ ਨੇ ਓਪੀਡੀ ਵਿੱਚ ਹਾਜ਼ਰ ਔਰਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਔਰਤਾਂ ਵਿੱਚ ਜਾਗਰੂਕਤਾ ਦੀ ਘਾਟ ਕਾਰਨ ਜ਼ਿਆਦਾਤਰ ਔਰਤਾਂ ਗਰਭਾਸ਼ਯ ਦੀ ਬਲੀਡਿੰਗ ਨੂੰ ਨਜ਼ਰਅੰਦਾਜ਼ ਕਰ ਦਿੰਦੀਆਂ ਹਨ ਤੇ ਚੁੱਪ-ਚਾਪ ਇਹ ਤਕਲੀਫ ਬਰਦਾਸ਼ਤ ਕਰਦੀਆਂ ਰਹਿੰਦੀਆਂ ਹਨ।ਪ੍ਰੋ. ਸਿੱਕਾ ਨੇ ਕਿਹਾ ਕਿ ਜ਼ਿਆਦਾ ਖੂਨ ਵਹਿਣ ਦੇ ਲੱਛਣਾਂ ਨੂੰ ਪਛਾਣ ਕੇ ਸਮੇਂ-ਸਿਰ ਇਲਾਜ ਲੈਣ ਦੀ ਲੋੜ ਹੈ।ਪ੍ਰੋ. ਪੂਜਾ ਸਿੱਕਾ ਨੇ ਜ਼ੋਰ ਦਿੱਤਾ ਕਿ ਔਰਤਾਂ ਨੂੰ ਖੂਨ ਵਹਿਣਾ ਹਮੇਸ਼ਾ ਕੇਵਲ ਪ੍ਰਜਨਨ ਸੰਬੰਧੀ ਸਮੱਸਿਆਵਾਂ ਨਾਲ ਨਹੀਂ ਜੋੜਨਾ ਚਾਹੀਦਾ।ਇਹ ਸਮਝਣਾ ਵੀ ਜ਼ਰੂਰੀ ਹੈ ਕਿ ਹੋਰ ਅੰਦਰੂਨੀ ਸਿਹਤ ਸਮੱਸਿਆਵਾਂ ਵੀ ਇਸ ਦਾ ਕਾਰਨ ਹੋ ਸਕਦੀਆਂ ਹਨ।ਮਿਸਾਲ ਦੇ ਤੌਰ 'ਤੇ ਜਿਗਰ ਦੇ ਕਮਜ਼ੋਰ ਹੋਣ ਨਾਲ ਪਲੇਟਲੈਟਸ ਦੀ ਉਤਪੱਤੀ ਜਾਂ ਕੰਮ ਪ੍ਰਭਾਵਿਤ ਹੋ ਸਕਦਾ ਹੈ, ਜਿਸ ਕਰਕੇ ਰਕਤਸ੍ਰਾਵ ਦੀਆਂ ਸਮੱਸਿਆਵਾਂ ਪੈਦਾ ਹੋ ਜਾਂਦੀਆਂ ਹਨ।ਇਸ ਨਾਲ ਮਾਸਿਕ ਧਰਮ ਦੌਰਾਨ ਬਹੁਤ ਜ਼ਿਆਦਾ ਰਕਤਸ੍ਰਾਵ ਹੋ ਸਕਦਾ ਹੈ, ਕਿਉਂਕਿ ਸਧਾਰਨ ਕਲਾਟਿੰਗ ਪ੍ਰਕਿਰਿਆ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਨਹੀਂ ਕਰਦੀ ਅਤੇ ਰਕਤਸ੍ਰਾਵ ਸਮੇਂ 'ਤੇ ਨਹੀਂ ਰੁਕਦਾ।ਖੂਨ ਵਹਿਣ ਦੇ ਇਲਾਜ ਬਾਰੇ ਪ੍ਰੋ. ਸਿੱਕਾ ਨੇ ਕਿਹਾ ਕਿ ਜਦੋਂ ਵੀ ਕਿਸੇ ਔਰਤ ਨੂੰ ਅਸਧਾਰਣ ਗਰਭਾਸ਼ਯ ਰਕਤਸ੍ਰਾਵ ਹੋਵੇ, ਤਾਂ ਉਸ ਨੂੰ ਚਿਕਿਤਸਕ ਨਾਲ ਸੰਪਰਕ ਕਰਨਾ ਜ਼ਰੂਰੀ ਹੈ ਤਾਂ ਜੋ ਅਸਲ ਕਾਰਨ ਦੀ ਸਹੀ ਪਛਾਣ ਹੋ ਸਕੇ ਅਤੇ ਯੋਗ ਇਲਾਜ ਮਿਲ ਸਕੇ।ਸਰਵਾਈਕਲ ਕੈਂਸਰ ਬਾਰੇ ਪ੍ਰੋ. ਸਿੱਕਾ ਨੇ ਦੱਸਿਆ ਕਿ ਉੱਚ-ਖਤਰੇ ਵਾਲੇ ਲਗਾਤਾਰ ਸੰਕਰਮਣ ਕਾਰਨ ਪੂਰਵ-ਕੈਂਸਰ ਗੱਠਾਂ ਬਣ ਸਕਦੀਆਂ ਹਨ, ਜੋ ਅੱਗੇ ਜਾ ਕੇ ਕੈਂਸਰ ਵਿੱਚ ਤਬਦੀਲ ਹੋ ਸਕਦੀਆਂ ਹਨ।ਸਰਵਾਈਕਲ ਕੈਂਸਰ ਦੀ ਰੋਕਥਾਮ ਲਈ ਟੀਕਾਕਰਨ ਸਭ ਤੋਂ ਪ੍ਰਭਾਵਸ਼ਾਲੀ ਹੈ।ਇਹ ਟੀਕਾ ਯੌਨ ਕਿਰਿਆ ਸ਼ੁਰੂ ਹੋਣ ਤੋਂ ਪਹਿਲਾਂ ਆਮ ਤੌਰ 'ਤੇ 15 ਸਾਲ ਦੀ ਉਮਰ ਦੇ ਆਸ-ਪਾਸ ਲਗਾਇਆ ਜਾਣਾ ਚਾਹੀਦਾ ਹੈ।ਜੇ ਸ਼ੁਰੂ ਵਿੱਚ ਹੀ ਟੀਕਾ ਲਗਾ ਦਿੱਤਾ ਜਾਵੇ ਤਾਂ ਇਸ ਦੀ ਪ੍ਰਭਾਵਸ਼ੀਲਤਾ ਲਗਭਗ 99% ਤੱਕ ਰਹਿੰਦੀ ਹੈ।ਐਚਪੀਵੀ ਟੀਕਾਕਰਨ ਦਾ ਮੁੱਖ ਉਦੇਸ਼ ਕੁੜੀਆਂ ਨੂੰ ਸੁਰੱਖਿਆ ਪ੍ਰਦਾਨ ਕਰਨਾ ਹੈ।ਉਨ੍ਹਾਂ ਨੂੰ ਟੀਕੇ ਦੀਆਂ ਸਾਰੀਆਂ ਖੁਰਾਕਾਂ ਪੂਰੀ ਕਰਨ ਦੀ ਲੋੜ ਹੈ।ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਰਾਹੀਂ ਪੀਜੀਆਈ ਜੱਚਾ ਤੇ ਬੱਚੇ ਦੀ ਸਿਹਤ ਸੁਧਾਰ ਲਈ ਵਚਨਬੱਧ ਹੈ।

## ਪ੍ਰਾਇਮਰੀ ਸਕੂਲ ਬਰਨ 'ਚ ਭਗਤ ਸਿੰਘ ਦਾ ਜਨਮ ਦਿਨ ਮਨਾਇਆ

**ਮਾਨਸਾ (ਆਤਮਾ ਸਿੰਘ ਪਮਾਰ)**-ਸਰਕਾਰੀ ਪ੍ਰਾਇਮਰੀ ਸਕੂਲ ਬਰਨ ਵਿਖੇ ਸ਼ਹੀਦੇ ਆਜ਼ਮ ਸ੍ਰ. ਭਗਤ ਸਿੰਘ ਦਾ ਜਨਮ ਦਿਨ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਜਗਸੀਰ ਸਿੰਘ ਆਦਮਕੇ ਸਕੂਲ ਮੁਖੀ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਬਰਨ ਤੇ ਸਮੂਹ ਸਟਾਫ ਵੱਲੋਂ ਫੁੱਲ ਅਰਪਣ ਕਰਕੇ ਕੀਤੀ ਗਈ।ਸ਼੍ਰੀਮਤੀ ਸੰਦੀਪ ਕੌਰ ਬਰਨ, ਸ੍ਰੀ ਹਰਦੀਪ ਸਿੰਘ ਧਨ ਸਿੰਘ ਖਾਨਾ ਤੇ ਸ੍ਰੀਮਤੀ ਸੰਦੀਪ ਕੌਰ ਝੰਡੂਕੇ ਵੱਲੋਂ ਵਿਦਿਆਰਥੀਆਂ ਨੂੰ ਸ਼ਹੀਦੇ ਆਜ਼ਮ ਸ੍ਰ. ਭਗਤ ਸਿੰਘ ਦੇ ਜੀਵਨ, ਸੰਘਰਸ਼ ਤੇ ਸੁਪਨਿਆਂ ਬਾਰੇ ਚਾਨਣਾ ਪਾਇਆ। ਸਮਾਗਮ ਦੇ ਅਖੀਰ 'ਚ ਸਕੂਲ ਮੁਖੀ ਵੱਲੋਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਵਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਸ਼ਹੀਦ ਭਗਤ ਸਿੰਘ ਦੇ ਜੀਵਨ, ਸੰਘਰਸ਼ ਤੋਂ ਪ੍ਰੇਰਣਾ ਲੈਣੀ ਚਾਹੀਦੀ ਹੈ ਤੇ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਵੱਧ ਤੋਂ ਵੱਧ ਮਿਹਨਤ ਕਰਨੀ ਚਾਹੀਦੀ ਹੈ।ਅਵਤਾਰ ਸਿੰਘ ਬਰਨ ਸਿੱਖਿਆਰਥੀ ਅਧਿਆਪਕ ਵੱਲੋਂ ਸਕੂਲ ਦੇ ਸਾਰੇ ਵਿਦਿਆਰਥੀਆਂ ਨੂੰ ਫਲ ਵੰਡੇ ਗਏ।ਸਮੂਹ ਸਟਾਫ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

## ਕੋਈ ਜਾਨੀ-ਮਾਲੀ ਨੁਕਸਾਨ ਹੋਇਆ ਤਾਂ ਸਰਕਾਰ ਹੋਵੇਗੀ ਜ਼ਿੰਮੇਵਾਰ : ਰਾਠੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਰਕਾਰੀ ਰਾਜਿੰਦਰਾ ਹਸਪਤਾਲ ਵਿਖੇ ਨਰਸਿੰਗ ਸਟਾਫ ਸੋਧੇ ਗਏ ਪੇ ਸਕੇਲਾਂ ਤੇ ਕੇਂਦਰ ਦੇ ਆਧਾਰ 'ਤੇ ਸੱਤਵਾਂ ਪੇ ਕਮਿਸ਼ਨ ਲਾਗੂ ਕਰਨ ਦੀ ਮੰਗ ਨੂੰ ਲੈ ਕੇ ਸੰਘਰਸ਼ ਦੇ ਮੈਦਾਨ ਵਿੱਚ ਨਰਸਿੰਗ ਸਟਾਫ ਦੇ ਹੱਕ ਵਿੱਚ ਅੱਜ ਸ਼੍ਰੋਮਣੀ ਅਕਾਲੀ ਦਲ ਨਿੱਤਰ ਆਇਆ। ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਸ਼ਹਿਰੀ ਦੇ ਪ੍ਰਧਾਨ ਅਮਿਤ ਸਿੰਘ ਰਾਠੀ ਪਹਿਲਾਂ ਦੇਰ ਰਾਤ ਤੱਕ ਨਰਸਿੰਗ ਸਟਾਫ ਨਾਲ ਧਰਨੇ 'ਤੇ ਡਟੇ ਰਹੇ ਅਤੇ ਸਵੇਰੇ ਫੇਰ ਤੋਂ ਪੱਤਰਕਾਰਾਂ ਨਾਲ ਪ੍ਰੈੱਸ ਕਾਨਫਰੰਸ ਕਰਕੇ ਪ੍ਰਧਾਨ ਅਮਿਤ ਸਿੰਘ ਰਾਠੀ ਨੇ ਐਲਾਨ ਕੀਤਾ ਕਿ ਜਦੋਂ ਤੱਕ ਨਰਸਿੰਗ ਸਟਾਫ ਨੂੰ ਉਨ੍ਹਾਂ ਦੇ ਹੱਕ ਨਹੀਂ ਮਿਲ ਜਾਂਦੇ, ਉਦੋਂ ਤੱਕ ਉਹ ਨਰਸਿੰਗ ਸਟਾਫ ਦਾ ਸਾਥ ਦੇਣਗੇ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਛੱਤਾਂ 'ਤੇ ਚੜ੍ਹੇ ਨਰਸਿੰਗ ਸਟਾਫ ਦੇ ਪ੍ਰਤੀਨਿਧੀਆਂ ਦਾ ਕੋਈ ਨੁਕਸਾਨ ਹੁੰਦਾ ਹੈ ਤਾਂ ਉਸ ਲਈ ਸਿੱਧੇ ਤੌਰ 'ਤੇ ਸਰਕਾਰ, ਸਿਹਤ ਮੰਤਰੀ ਤੇ ਹਸਪਤਾਲ ਦੇ ਐੱਮ ਐੱਸ ਜ਼ਿੰਮੇਵਾਰ ਹੋਣਗੇ।ਉਨ੍ਹਾਂ ਕਿਹਾ ਕਿ ਇੱਕ ਪਾਸੇ ਸਰਕਾਰ ਨੌਜਵਾਨਾਂ ਨੂੰ ਨੌਕਰੀਆਂ ਦੇਣ ਦਾ ਵਾਅਦਾ ਕਰ ਰਹੀ ਹੈ ਤੇ ਦੂਜੇ ਪਾਸੇ ਨਰਸਿੰਗ ਸਟਾਫ ਦਾ ਪੇ ਸਕੇਲ ਘਟਾ ਕੇ ਨਰਸਿੰਗ ਸਟਾਫ ਨੂੰ ਬੇਰੁਜ਼ਗਾਰ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ, ਜਿਹੜਾ ਕਿ ਸਰਾਸਰ ਧੱਕੇਸ਼ਾਹੀ ਹੈ।ਜ਼ਿਲ੍ਹਾ ਪ੍ਰਧਾਨ ਰਾਠੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸੂਬੇ ਵਿੱਚ ਸਰਕਾਰ ਨੂੰ ਲੋਕਾਂ ਦੇ ਹੱਕਾਂ 'ਤੇ ਡਾਕੇ ਨਹੀਂ ਮਾਰਨ ਦਿੱਤੇ ਜਾਣਗੇ।ਰਾਠੀ ਨੇ ਐਲਾਨ ਕੀਤਾ ਕਿ ਅਕਾਲੀ ਦਲ ਨਰਸਿੰਗ ਸਟਾਫ ਨਾਲ ਡੱਟ ਕੇ ਖੜੇਗਾ ਤੇ ਉਨ੍ਹਾਂ ਦੇ ਹੱਕ ਦਿਵਾ ਕੇ ਰਹੇਗਾ।ਇਸ ਮੌਕੇ ਕਰਨਵੀਰ ਸਿੰਘ ਸਾਹਨੀ ਸ਼ਹਿਰੀ ਪ੍ਰਧਾਨ, ਦਿਹਾਤੀ ਪ੍ਰਧਾਨ ਅਮ੍ਰਿਤਪਾਲ ਸਿੰਘ ਲੰਗ, ਸਹਿਜ ਸਾਹਨੀ, ਸੁਖਪਾਲ ਕਾਲੇਕਾ, ਕੌਂਸਲਰ ਕਰਨ ਗਿੱਲ ਬਡੂੰਗਰ, ਜਗਪ੍ਰੀਤ ਸਿੰਘ ਬੱਬਰ, ਸਿਮਰਨਜੀਤ ਸਿੰਘ ਸਨੀ ਆਦਿ ਹਜ਼ਾਰ।

## ਡਾ. ਹਰੀ ਸਿੰਘ ਹਾਂਸ ਦੇ ਦੇਹਾਂਤ 'ਤੇ ਵੱਖ-ਵੱਖ ਆਗੂਆਂ ਵੱਲੋਂ ਦੁੱਖ ਸਾਂਝਾ



**ਜਗਰਾਉਂ (ਨਛੱਤਰ ਸੰਧੂ)**-ਜਗਰਾਉਂ ਸ਼ਹਿਰ ਦੇ ਨਾਮੀ ਡਾਕਟਰ ਹਰੀ ਸਿੰਘ ਹਾਂਸ ਦੀ ਸੰਖੇਪ ਜਿਹੀ ਬਿਮਾਰੀ ਕਾਰਨ ਮੌਤ ਹੋ ਗਈ।ਉਹ 72 ਸਾਲ ਦੀ ਉਮਰ ਦੇ ਸਨ।ਇਸ ਮੌਕੇ ਡਾਕਟਰ ਹਰੀ ਸਿੰਘ ਹਸਪਤਾਲ ਦੇ ਮੁੱਖ ਡਾਕਟਰ ਤੇ ਉਨ੍ਹਾਂ ਦੇ ਬੇਟੇ ਪ੍ਰਭਜੋਤ ਸਿੰਘ ਨਾਲ ਦੁੱਖ ਸਾਂਝਾ ਕਰਦਿਆਂ ਸਾਬਕਾ ਵਿਧਾਇਕ ਐੱਸ ਆਰ ਕਲੇਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਮਾਨ ਸਿੰਘ ਗਰਚਾ, ਸਰਪੰਚ ਬਿੰਦਰ ਸਿੰਘ ਮਨੀਲਾ, ਡਾਕਟਰ ਦੀਪਕ ਕਲਿਆਨੀ, ਡਾ. ਅਵਤਾਰ ਸਿੰਘ, ਡਾ. ਅਮਿਤ ਚਕਰਵਰਤੀ, ਰਾਜ ਕੁਮਾਰ ਭੱਲਾ, ਡਾ. ਕਿਸਨ ਸਿੰਘ, ਡਾ. ਰਾਕੇਸ਼ ਕੁਮਾਰ ਗੁਪਤਾ, ਡਾ. ਅਸ਼ਵਨੀ ਕੁਮਾਰ, ਜਗਜੀਤ ਸਿੰਘ ਕਾਉਂਕੇ, ਗੁਰਪ੍ਰੀਤ ਸਿੰਘ ਕਾਉਂਕੇ ਆਦਿ ਆਗੂਆਂ ਨੇ ਡਾ. ਹਰੀ ਸਿੰਘ ਹਾਂਸ ਦੇ ਅਕਾਲ ਚਲਾਣੇ 'ਤੇ ਦੁੱਖ ਪ੍ਰਗਟ ਕੀਤਾ।ਪਰਵਾਰ ਵੱਲੋਂ ਉਨ੍ਹਾਂ ਨਮਿੱਤ ਰੱਖੇ ਗਏ ਪਾਠ ਦਾ ਭੋਗ 30 ਸਤੰਬਰ ਮੰਗਲਵਾਰ ਨੂੰ ਪਵੇਗਾ।

## ਐਸੋਸੀਏਟ ਅਧਿਆਪਕ ਚੜ੍ਹੇ ਸਰਕਾਰ ਦੇ ਝੂਠੇ ਲਾਰਿਆਂ ਦੀ ਭੇਟ : ਯੂਨੀਅਨ ਆਗੂ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**

ਪੰਜਾਬ ਸਰਕਾਰ ਵੱਲੋਂ ਜੁਲਾਈ 2023 ਵਿੱਚ ਸਿਰਫ ਤਨਖਾਹ ਵਾਧੇ ਦੇ ਨਿਯੁਕਤੀ ਪੱਤਰ ਦੇ ਕੇ 12710 ਕੱਚੇ ਅਧਿਆਪਕਾਂ ਨੂੰ ਗੁੰਮਰਾਹ ਕੀਤਾ।ਬਹੁਤ ਲੰਮੇ ਸਮੇਂ ਤੋਂ ਪੰਜਾਬ ਦੇ ਸਕੂਲਾਂ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਕੱਚੇ ਅਧਿਆਪਕ ਅੱਜ ਵੀ ਪੰਜਾਬ ਸਰਕਾਰ ਦੁਆਰਾ ਕੀਤੇ ਵਾਅਦੇ ਨੂੰ ਪੂਰਾ ਕਰਨ ਦੀ ਉਡੀਕ ਕਰ ਰਹੇ ਹਨ, ਕਿਉਂਕਿ ਪੰਜਾਬ ਸਰਕਾਰ ਵੱਲੋਂ ਨਿਯੁਕਤੀ ਪੱਤਰ ਦੇ ਕੇ ਜੁਆਇਨ ਕਰਵਾਉਣ ਉਪਰੰਤ ਕਿਹਾ ਸੀ ਕਿ ਪੇਅ ਸਕੇਲ ਇੱਕ ਸਾਲ ਦੇ ਅੰਦਰ ਅੰਦਰ ਲਗਾ ਦਿੱਤਾ ਜਾਵੇਗਾ, ਅੱਜ ਸਾਡਾ ਪਰਖ ਸਮਾਂ ਵੀ ਪੂਰਾ ਹੋ ਚੁੱਕਾ ਹੈ, ਪਰ ਕਿਸੇ ਪ੍ਰਕਾਰ ਦੀ ਕੋਈ ਵੀ ਸਹੂਲਤ ਜੋ ਇੱਕ ਰੈਗੂਲਰ ਮੁਲਾਜ਼ਮ ਨੂੰ ਮਿਲਦੀ ਨਹੀਂ ਦਿੱਤੀ।ਜਿਸ ਕਾਰਨ ਸਾਡੇ ਸਾਥੀ ਕਾਫੀ ਪ੍ਰੇਸ਼ਾਨ ਹਨ, ਕਈ ਸਾਥੀ ਮਹਿੰਗਾਈ ਵੱਧ ਜਾਣ ਕਰਕੇ ਤੇ ਸਰਕਾਰ ਦੇ ਵਾਰ ਵਾਰ ਝੂਠੇ ਲਾਰਿਆਂ ਕਰਕੇ ਡਿਪਰੈਸ਼ਨ ਦਾ ਸ਼ਿਕਾਰ ਹੋ ਚੁੱਕੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੂਬਾ ਮੀਤ ਪ੍ਰਧਾਨ ਜਗਸੀਰ ਸਿੰਘ ਸੰਧੂ ਤੇ ਸੀਨੀਅਰ ਮੀਤ ਪ੍ਰਧਾਨ ਅਸ਼ੋਕ ਕੁਮਾਰ ਹਾਂਡਾ ਨੇ ਕੀਤਾ।

ਆਗੂਆਂ ਨੇ ਦੱਸਿਆ ਕਿ ਬੀਤੇ ਕੱਲ੍ਹ ਸਾਡੇ ਬੜੇ ਹੀ ਜੁਝਾਰੂ ਤੇ ਮਿਹਨਤੀ ਸਾਥੀ ਐਸੋਸੀਏਟ ਪ੍ਰਾਇਮਰੀ ਅਧਿਆਪਕ ਮਲਕੀਤ ਸਿੰਘ ਸੰਗਰੂਰ, ਜਿਸ ਨੇ ਆਪਣੀ ਜ਼ਿੰਦਗੀ ਦੀ ਜੀਵਨ ਲੀਲ੍ਹਾ ਖਤਮ ਕਰ ਲਈ, ਪੰਜਾਬ ਸਰਕਾਰ ਦੇ ਝੂਠੇ ਲਾਰਿਆਂ ਨੇ ਇਸ ਤੋਂ ਪਹਿਲਾਂ ਵੀ ਪਤਾ ਨਹੀਂ ਸਾਡੇ ਕਿੰਨੇ ਸਾਥੀਆਂ ਦੀ ਜਾਨ ਲਈ ਹੈ।ਦੂਜੇ ਪਾਸੇ ਸਾਡੇ ਸਾਥੀ ਬਿਨਾਂ ਕਿਸੇ ਸਹੂਲਤ ਤੋਂ ਨੌਕਰੀ ਤੋਂ ਰਿਟਾਇਰ ਹੋ ਕੇ ਘਰ ਜਾ ਰਹੇ ਹਨ ਤੇ 58-60 ਸਾਲ ਦੀ ਨੌਕਰੀ ਕਰਨ ਤੋਂ ਬਾਅਦ ਸਿਰਫ ਤੇ ਸਿਰਫ ਘਰ ਡਿਪਰੈਸ਼ਨ ਲੈ ਕੇ ਹੀ ਜਾਂਦਾ।ਅਸੀਂ ਆਪਣੇ ਸਾਥੀ ਮਲਕੀਤ ਸਿੰਘ, ਜੋ ਕੱਲ੍ਹ ਇਸ ਦੁਨੀਆ ਨੂੰ ਅਲਵਿਦਾ ਕਹਿ ਗਿਆ, ਉਸ ਲਈ ਅਸੀਂ ਪੰਜਾਬ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਉਂਦੇ ਹਾਂ।ਜੇਕਰ ਸਰਕਾਰ ਨੇ ਪੂਰਾ ਪੇਅ ਸਕੇਲ ਦੇ ਕੇ ਬਣਦੇ ਭੱਤੇ ਦਿੱਤੇ ਹੁੰਦੇ ਤਾਂ ਸ਼ਾਇਦ ਅੱਜ ਮਲਕੀਤ ਸਿੰਘ ਇਸ ਦੁਨੀਆ 'ਚ ਹੁੰਦਾ।ਜੇਕਰ ਸਰਕਾਰ ਚਾਹੇ ਤਾਂ ਆਪਣੇ ਵਾਅਦੇ ਅਨੁਸਾਰ ਸਾਡੇ ਸਾਥੀਆਂ ਨੂੰ ਪੇਅ ਸਕੇਲ ਦੇ ਕੇ ਸਹੀ ਤਰੀਕੇ ਨਾਲ ਰੈਗੂਲਰ ਕਰਕੇ ਸਾਡੇ ਸਾਥੀਆਂ ਨੂੰ ਇਨ੍ਹਾਂ ਸਮੱਸਿਆਵਾਂ ਤੋਂ ਬਾਹਰ ਕੱਢ ਸਕਦੀ ਹੈ।ਯੂਨੀਅਨ ਆਗੂਆਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਹਮਦਰਦੀ ਪ੍ਰਗਟ ਕੀਤੀ ਤੇ ਨਾਲ ਹੀ ਨਾਲ ਪੰਜਾਬ ਸਰਕਾਰ ਨੂੰ ਕੋਸਦਿਆਂ ਮਲਕੀਤ ਸਿੰਘ ਦੇ ਪਰਿਵਾਰ ਲਈ ਮੁਆਵਜ਼ੇ ਦੀ ਮੰਗ ਕੀਤੀ, ਜੋ ਇੱਕ ਰੈਗੂਲਰ ਮੁਲਾਜ਼ਮ ਨੂੰ ਦਿੱਤਾ ਜਾਂਦਾ ਹੈ।ਪੰਜਾਬ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਜਲਦ ਸਾਡੀਆਂ ਮੰਗਾਂ ਦਾ ਨਿਵਾਰਨ ਕਰਕੇ ਸਾਡੇ ਸਾਥੀਆਂ ਨੂੰ ਅਜਿਹੀਆਂ ਮੁਸ਼ਕਲਾਂ ਤੋਂ ਨਿਜਾਤ ਦਿਵਾਏ।

## ਯੂਥ ਕਾਂਗਰਸ ਆਗੂ ਨੇ ਗੁਰਦੁਆਰਾ ਸਾਹਿਬ ਨਤਮਸਤਕ ਹੋ ਕੇ ਸ਼ੁਰੂ ਕੀਤੀਆਂ ਸਰਗਰਮੀਆਂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਯੂਥ ਕਾਂਗਰਸ ਦੇ ਆਗੂ ਕਮਲਜੀਤ ਸਿੰਘ ਚੱਕ ਨੇ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਆਪਣੇ ਪਰਿਵਾਰ ਤੇ ਟੀਮ ਸਮੇਤ ਨਤਮਸਤਕ ਹੋ ਕੇ ਗੁਰੂ ਸਾਹਿਬਾਨ ਦਾ ਓਟ ਆਸਰਾ ਲੈਣ ਉਪਰੰਤ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਲੋਕਾਂ ਦੀ ਸੇਵਾ ਦੇ ਸਫ਼ਰ ਦੀ ਸ਼ੁਰੂਆਤ ਕੀਤੀ।ਇਸ ਸਮੇਂ ਗੁਰਦੁਆਰਾ ਸਾਹਿਬ ਕਮੇਟੀ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ, ਕਰਨੈਲ ਸਿੰਘ ਚੈਪਈ, ਬਾਬਾ ਹਰੀ ਸਿੰਘ, ਆਤਮਾ ਸਿੰਘ ਨੰਬਰਦਾਰ ਦੀ ਅਗਵਾਈ ਹੇਠ ਕਮਲਜੀਤ ਸਿੰਘ ਚੱਕ ਨੂੰ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਆਗੂ ਕਮਲਜੀਤ ਸਿੰਘ ਚੱਕ ਨੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਦਿੱਤੇ ਮਾਣ ਸਤਿਕਾਰ ਲਈ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਅੱਜ ਪਹਿਲੇ ਦਿਨ ਹਲਕਾ ਮਹਿਲ ਕਲਾਂ ਅੰਦਰ ਪਾਰਟੀ ਸਰਗਰਮੀਆਂ ਦੀ ਸ਼ੁਰੂਆਤ ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਇਤਿਹਾਸਕ ਅਸਥਾਨ ਉੱਪਰ ਨਮਸਕਾਰ ਕਰਕੇ ਵਾਹਿਗੁਰੂ ਅੱਗੇ ਅਰਦਾਸ ਬੇਨਤੀ ਕੀਤੀ ਹੈ।ਉਹ ਪਾਰਟੀ ਆਗੂਆਂ ਦੀ ਸਲਾਹ ਅਨੁਸਾਰ ਹੀ ਕਾਂਗਰਸ ਦੀ ਮਜ਼ਬੂਤੀ ਲਈ ਹਲਕਾ ਮਹਿਲ ਕਲਾਂ ਦੇ ਪਿੰਡ ਪਿੰਡ ਜਾ ਕੇ ਪਾਰਟੀ ਆਗੂਆਂ, ਵਰਕਰਾਂ ਨਾਲ ਤਾਲਮੇਲ ਕਾਇਮ ਕਰਨਗੇ।ਇਸ ਮੌਕੇ ਸਾਬਕਾ ਸਰਪੰਚ ਬਲੌਰ ਸਿੰਘ ਤੋਤੀ, ਗੁਰਮੇਲ ਸਿੰਘ ਗੇਲੀ, ਭਾਈ ਚਮਕੌਰ ਸਿੰਘ, ਜਗਦੇਵ ਸਿੰਘ, ਭਾਈ ਨੱਥਾ ਸਿੰਘ ਤੇ ਪਰਿਵਾਰਕ ਮੈਂਬਰ ਹਾਜ਼ਰ ਸਨ।

## ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ ਵੱਲੋਂ ਐਕਸ਼ਨ ਰਿਸਰਚ ਵਰਕਸ਼ਾਪ



**ਬਰਨਾਲਾ (ਰਾਜਿੰਦਰ ਬਰਾੜ)**

ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ, ਬਰਨਾਲਾ ਦੁਆਰਾ ਐੱਸ ਡੀ ਕਾਲਜ ਆਫ਼ ਐਜੂਕੇਸ਼ਨ ਦੇ ਸਹਿਯੋਗ ਨਾਲ ਇੱਕ ਰੋਜ਼ਾ ਐਕਸ਼ਨ ਰਿਸਰਚ ਵਰਕਸ਼ਾਪ ਦਾ ਸਫ਼ਲਤਾਪੂਰਵਕ ਕਰਵਾਈ ਗਈ।ਇਸ ਮੌਕੇ ਡਾਇਟ ਪ੍ਰਿੰਸੀਪਲ ਡਾ. ਮੁਨੀਸ਼ ਮੋਹਨ ਸ਼ਰਮਾ, ਕਾਲਜ ਪ੍ਰਿੰਸੀਪਲ ਡਾ. ਤਪਨ ਕੁਮਾਰ ਸਾਹੂ, ਐੱਸ ਡੀ ਕਾਲਜ ਫਾਰਮੇਸੀ, ਪ੍ਰਿੰਸੀਪਲ ਡਾਕਟਰ ਵਿਜੇ ਬਾਂਸਲ ਅਤੇ ਮੁੱਖ ਅਧਿਆਪਕ ਕੁਲਦੀਪ ਸਿੰਘ ਛਾਪਾ ਮੁੱਖ ਮਹਿਮਾਨ ਦੇ ਤੌਰ 'ਤੇ ਪ੍ਰੋਗਰਾਮ ਵਿੱਚ ਸ਼ਾਮਲ ਹੋਏ।ਡਾਇਟ ਪ੍ਰਿੰਸੀਪਲ ਡਾ. ਮੁਨੀਸ਼ ਮੋਹਨ ਸ਼ਰਮਾ ਨੇ ਐਕਸ਼ਨ ਰਿਸਰਚ ਵਰਕਸ਼ਾਪ ਦੇ ਉਦੇਸ਼ ਤੇ ਮਕਸਦ ਬਾਰੇ ਦੱਸਦਿਆਂ ਇਸ ਨੂੰ ਸਕੂਲ ਸਕੂਲ ਵਿੱਚ ਸਿੱਖਣ-ਸਿਖਾਉਣ ਦੀ ਪ੍ਰਕਿਰਿਆ ਉੱਤੇ ਲਾਗੂ ਕਰਨ ਲਈ ਪ੍ਰੇਰਿਤ ਕੀਤਾ।ਪ੍ਰਿੰਸੀਪਲ ਡਾ. ਤਪਨ ਕੁਮਾਰ ਸਾਹੂ ਨੇ ਵਰਕਸ਼ਾਪ ਦੇ ਵਿਸ਼ੇ ਨੂੰ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਸੰਦਰਭ ਵਿੱਚ ਪੇਸ਼ ਕੀਤਾ।ਉਨ੍ਹਾਂ ਅਧਿਆਪਕਾਂ ਲਈ ਰਿਸਰਚ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਪ੍ਰਿੰਸੀਪਲ ਡਾ. ਵਿਜੇ ਬਾਂਸਲ ਨੇ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਦੇ ਮੈਡੀਕਲ ਤੇ ਨਿਊਰੋਜੀਕਲ ਪੱਖਾਂ ਬਾਰੇ ਰੌਸ਼ਨੀ ਪਾਈ।ਵਰਕਸ਼ਾਪ ਦੇ ਪਹਿਲੇ ਸੈਸ਼ਨ ਵਿੱਚ ਰਿਸੋਰਸ ਪਰਸਨ ਡਾ. ਸੀਮਾ ਸ਼ਰਮਾ ਵੱਲੋਂ ਐਕਸ਼ਨ ਰਿਸਰਚ ਦੇ ਮੂਲ ਭਾਗ ਦੀ ਵਿਆਖਿਆ ਕੀਤੀ ਗਈ।ਦੂਜੇ ਸੈਸ਼ਨ ਵਿੱਚ ਡਾ. ਜਸਲੀਨ ਕੌਰ ਨੇ ਅਸਲ ਕਲਾਸ ਰੂਮ ਸਮੱਸਿਆਵਾਂ ਦੀਆਂ ਉਦਾਹਰਨਾਂ ਰਾਹੀਂ ਐਕਸ਼ਨ ਰਿਸਰਚ ਦੀ ਵਿਹਾਰਿਕ ਸਮਝ ਦਿੱਤੀ।ਅੰਤ ਵਿੱਚ ਕਾਲਜ ਦੇ ਵਾਈਸ ਪ੍ਰਿੰਸੀਪਲ ਪ੍ਰੋਫੈਸਰ ਬਰਿੰਦਰ ਕੌਰ ਤੇ ਡਾਇਟ ਵੱਲੋਂ ਡੀ ਆਰ ਸੀ ਕਮਲਦੀਪ ਨੇ ਮੁੱਖ ਮਹਿਮਾਨਾਂ, ਕਾਲਜ ਪ੍ਰੋਫੈਸਰ ਸਾਹਿਬਾਨ, ਅਧਿਆਪਕਾਂ ਤੇ ਪ੍ਰੀ-ਸਰਵਿਸ ਅਧਿਆਪਕਾਂ ਦਾ ਵਰਕਸ਼ਾਪ ਵਿੱਚ ਭਾਗ ਲੈਣ ਲਈ ਧੰਨਵਾਦ ਕੀਤਾ।ਡਾਕਟਰ ਨਵਨੀਤ ਕੌਰ ਵੱਲੋਂ ਸਟੇਜ ਸੰਚਾਲਕ ਦੀ ਭੂਮਿਕਾ ਬਾਖੂਬੀ ਨਿਭਾਈ ਗਈ। ਵਰਕਸ਼ਾਪ ਵਿੱਚ ਭਾਗ ਲੈਣ ਵਾਲੇ ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ, ਸਟੇਸ਼ਨਰੀ ਤੇ ਰਿਫਰੈਸ਼ਮੈਂਟ ਦਿੱਤੀ ਗਈ।

## ਮਾਂ-ਪੁੱਤ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ

**ਮਹਿਲ ਕਲਾਂ (ਪ੍ਰਦੀਪ ਸਿੰਘ ਅਣਖੀ)**-ਥਾਣਾ ਮਹਿਲ ਕਲਾਂ ਪੁਲਸ ਨੇ ਨਸ਼ਿਆਂ ਵਿਰੁੱਧ ਕਾਰਵਾਈ ਕਰਦਿਆਂ 85 ਨਸ਼ੀਲੀਆਂ ਗੋਲੀਆਂ ਸਮੇਤ ਮਾਂ-ਪੁੱਤ ਨੂੰ ਗ੍ਰਿਫ਼ਤਾਰ ਕੀਤਾ ਹੈ।ਥਾਣਾ ਮਹਿਲ ਕਲਾਂ ਦੇ ਮੁੱਖ ਅਫਸਰ ਸਰਬਜੀਤ ਸਿੰਘ ਨੇ ਕਿਹਾ ਕਿ ਇਹ ਕਾਰਵਾਈ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਐੱਸ.ਐੱਸ.ਪੀ. ਬਰਨਾਲਾ ਮੁਹੰਮਦ ਸਰਫ਼ਰਾਜ ਆਲਮ ਦੇ ਦਿਸ਼ਾ-ਨਿਰਦੇਸ਼ਾਂ ਤੇ ਡੀ.ਐੱਸ.ਪੀ. ਮਹਿਲ ਕਲਾਂ ਜਤਿੰਦਰਪਾਲ ਸਿੰਘ ਦੀ ਅਗਵਾਈ ਹੇਠ ਮਹਿਲ ਕਲਾਂ ਪੁਲਸ ਵੱਲੋਂ ਹੌਲਦਾਰ ਬਲਵਿੰਦਰ ਸਿੰਘ ਦੀ ਅਗਵਾਈ ਹੇਠ ਕੀਤੀ ਜਾ ਰਹੀ ਗਸ਼ਤ ਦੌਰਾਨ ਕਲਾਲਾ ਰੋਡ ਰਾਏਸਰ ਦੇ ਇਲਾਕੇ 'ਚ ਗੁਪਤ ਸੂਚਨਾ ਦੇ ਅਧਾਰ 'ਤੇ ਕੀਤੀ ਗਈ।ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਦੋਵਾਂ ਮੁਲਜ਼ਮਾਂ ਦੀ ਪਛਾਣ ਸੁਖਪਾਲ ਕੌਰ ਉਰਫ਼ ਰਾਮ ਪਿਆਰੀ ਪਤਨੀ ਸੇਵਕ ਸਿੰਘ, ਪ੍ਰਦੀਪ ਸਿੰਘ ਪੁੱਤਰ ਸੇਵਕ ਸਿੰਘ ਵਜੋਂ ਹੋਈ ਹੈ।ਥਾਣਾ ਮਹਿਲ ਕਲਾਂ ਵਿੱਚ ਦੋਵਾਂ ਖ਼ਿਲਾਫ਼ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਮਾਤਾ ਗੁਜਰੀ ਸਕੂਲ ਨੇ ਜ਼ੋਨਲ ਐਥਲੈਟਿਕਸ ਟੂਰਨਾਮੈਂਟ 'ਚ 11 ਤਮਗੇ ਜਿੱਤੇ



**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਦੇ ਵਿਦਿਆਰਥੀਆਂ ਨੇ 69ਵੀਂ ਜ਼ੋਨਲ ਐਥਲੈਟਿਕਸ ਟੂਰਨਾਮੈਂਟ ਜੋ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਗਵਾਨਪੁਰ ਜੱਟਾਂ ਵਿੱਚ ਆਯੋਜਿਤ ਹੋਇਆ, ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕੀਤਾ।ਸਕੂਲ ਦੇ ਖਿਡਾਰੀਆਂ ਨੇ 2 ਸੋਨੇ, 4 ਚਾਂਦੀ ਤੇ 5 ਕਾਂਸੀ ਦੇ ਤਮਗੇ ਹਾਸਲ ਕਰਕੇ ਕਾਬਿਲੇ-ਤਾਰੀਫ਼ ਉਪਲਬਧੀ ਪ੍ਰਾਪਤ ਕੀਤੀ।ਸਕੂਲ ਦੇ ਹੋਣਹਾਰ ਖਿਡਾਰੀ ਏਕਮਪ੍ਰੀਤ ਸਿੰਘ ਨੇ 200 ਮੀਟਰ ਦੌੜ ਵਿੱਚ ਗੋਲਡ ਮੈਡਲ, ਗੁਰਕੀਰਤ ਸਿੰਘ 100 ਮੀਟਰ ਦੌੜ ਵਿੱਚ ਗੋਲਡ ਮੈਡਲ ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ।ਵਿਕਰਮਜੀਤ ਸਿੰਘ ਨੇ ਭਾਲਾ ਫੈਂਕ 'ਚ ਸਿਲਵਰ ਮੈਡਲ, ਗੁਰਕੀਰਤ ਸਿੰਘ 200 ਮੀਟਰ ਦੌੜ 'ਚ ਸਿਲਵਰ ਮੈਡਲ, ਵਿਕਰਮਜੀਤ ਸਿੰਘ ਨੇ ਸ਼ਾਟਪੁੱਟ 'ਚ ਸਿਲਵਰ ਮੈਡਲ, ਰੂਹਾਨ ਨੇ ਭਾਲਾ ਫੈਂਕ 'ਚ ਸਿਲਵਰ ਮੈਡਲ ਪ੍ਰਾਪਤ ਕੀਤਾ।ਯੁਵਰਾਜ ਸਿੰਘ 200 ਮੀਟਰ ਦੌੜ 'ਚ ਬਰੋਂਜ ਮੈਡਲ, ਏਕਮਪ੍ਰੀਤ ਸਿੰਘ ਨੇ 100 ਮੀਟਰ ਦੌੜ 'ਚ ਬਰੋਂਜ ਮੈਡਲ, ਵਿਕਰਮਜੀਤ ਸਿੰਘ ਨੇ ਡਿਸਕਸ ਥ੍ਰੋ 'ਚ ਬਰੋਂਜ ਮੈਡਲ, ਵਿਕਰਮਜੀਤ ਸਿੰਘ ਨੇ ਭਾਲਾ ਫੈਂਕ 'ਚ ਬਰੋਂਜ ਮੈਡਲ, ਰੂਹਾਨ ਨੇ 400 ਮੀਟਰ ਦੌੜ 'ਚ ਬਰੋਂਜ ਮੈਡਲ ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ।ਸਕੂਲ ਦੇ ਨਿਰਦੇਸ਼ਕ ਸਰਦਾਰ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਸ੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸ੍ਰੀਮਤੀ ਮਮਤਾ ਮੱਕੜ, ਕੋਚ ਹਿਮਾਂਸ਼ੂ, ਕੋਚ ਅਰਸ਼ਦੀਪ ਤੇ ਕੋਚ ਸਮੀਰ ਮੁਹੰਮਦ ਨੇ ਖਿਡਾਰੀਆਂ ਨੂੰ ਉਨ੍ਹਾਂ ਦੀ ਇਸ ਵੱਡੀ ਉਪਲਬਧੀ 'ਤੇ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਇਹ ਜਿੱਤ ਖਿਡਾਰੀਆਂ ਦੀ ਮਿਹਨਤ, ਸਮਰਪਣ ਤੇ ਕੋਚਿੰਗ ਦਾ ਨਤੀਜਾ ਹੈ।ਉਨ੍ਹਾਂ ਉਮੀਦ ਜਤਾਈ ਕਿ ਬੱਚੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਕੂਲ ਤੇ ਮਾਪਿਆਂ ਦਾ ਨਾਮ ਚਮਕਾਉਣਗੇ।

## ਪਟਾਕਿਆਂ ਦੀ ਵਿਕਰੀ ਲਈ ਆਰਜ਼ੀ ਲਾਇਸੈਂਸਾਂ ਵਾਸਤੇ ਡਰਾਅ 8 ਨੂੰ

**ਬਰਨਾਲਾ (ਮੁਨੀਸ਼ ਬਾਂਸਲ)**-ਦੀਵਾਲੀ/ਗੁਰਪੁਰਬ ਦੇ ਤਿਉਹਾਰ ਨੂੰ ਵੇਖਦੇ ਹੋਏ ਪਟਾਕਿਆਂ ਦੇ ਆਰਜ਼ੀ ਲਾਇਸੈਂਸ ਲਈ ਅਪਲਾਈ ਕਰਨ ਵਾਲਿਆਂ ਲਈ ਡਰਾਅ 8 ਅਕਤੂਬਰ ਨੂੰ ਕੱਢੇ ਜਾਣਗੇ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਟੀ ਬੈਨਿਥ ਨੇ ਦੱਸਿਆ ਕਿ ਆਮ ਪਬਲਿਕ ਵੱਲੋਂ ਪਟਾਕਿਆਂ ਦੀ ਵਿਕਰੀ ਲਈ 29 ਸਤੰਬਰ ਤੋਂ 1 ਅਕਤੂਬਰ ਤੱਕ ਅਸਥਾਈ ਲਾਇਸੰਸ ਲੈਣ ਲਈ ਸੇਵਾ ਕੇਂਦਰਾਂ 'ਤੇ ਅਪਲਾਈ ਕੀਤਾ ਜਾ ਸਕੇਗਾ, ਜਿਸ ਸਬੰਧੀ 8 ਅਕਤੂਬਰ ਨੂੰ ਸਵੇਰੇ 11 ਵਜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਡਰਾਅ ਕੱਢਿਆ ਜਾਵੇਗਾ।ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਟਾਖੇ ਵੇਚਣ ਲਈ ਸਵੇਰੇ 10 ਵਜੇ ਤੋਂ ਸ਼ਾਮ 7:30 ਵਜੇ ਤੱਕ ਦਾ ਸਮਾਂ ਨਿਰਧਾਰਤ ਕੀਤਾ ਗਿਆ ਹੈ।ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਮੈਰਿਜ ਪੈਲੇਸਾਂ ਵਿੱਚ ਵਿਆਹ ਤੇ ਹੋਰ ਸਮਾਗਮਾਂ ਮੌਕੇ ਪਟਾਕੇ ਚਲਾਉਣ ਲਈ ਵੱਖਰਾ ਲਾਇਸੰਸ ਲੈਣਾ ਹੋਵੇਗਾ, ਜਿਸ ਦੀ ਪੂਰਨ ਜ਼ਿੰਮੇਵਾਰੀ ਮੈਰਿਜ ਪੈਲੇਸ ਦੇ ਮਾਲਕ ਦੀ ਹੋਵੇਗੀ।

## ਹਰਚੰਦ ਸਿੰਘ ਬਰਸਟ ਵੱਲੋਂ 8 ਕਰੋੜ ਦੇ ਵਿਕਾਸ ਕਾਰਜਾਂ ਦਾ ਉਦਘਾਟਨ

### ਸਮਾਣਾ ਹਲਕੇ ਦੇ ਵਿਕਾਸ ਕੰਮਾਂ 'ਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਅੰਮ੍ਰਿਤਸਰ ਵਿਖੇ ਬੀਤੇ ਸਮੇਂ ਦੌਰਾਨ ਪੰਜਾਬ ਦੀਆਂ ਲਿੰਕ ਸੜਕਾਂ ਦੇ ਨਵੀਨੀਕਰਨ ਤੇ ਮੁਰੰਮਤ ਦੀ ਸ਼ੁਰੂਆਤ ਕੀਤੀ ਗਈ ਸੀ।ਇਸੇ ਲੜੀ ਤਹਿਤ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ 8 ਕਰੋੜ ਰੁਪਏ ਦੀ ਲਾਗਤ ਨਾਲ ਵਿਧਾਨ ਸਭਾ ਹਲਕਾ ਸਮਾਣਾ ਅਧੀਨ ਪੈਂਦੀਆਂ ਵੱਖ-ਵੱਖ ਲਿੰਕ ਸੜਕਾਂ ਦੀ ਉਸਾਰੀ ਦੇ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ ਹੈ।ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ ਤੋਂ ਗੱਜੂਮਾਜਰਾ ਤੇ ਕੁਤਬਨਪੁਰ (ਪਿੰਡ ਗੱਜੂਮਾਜਰਾ, ਲਲੌਛੀ, ਦਾਨੀਪੁਰ, ਮਾਜਰੀ ਕੁਤਬਨਪੁਰ) ਲਿੰਕ ਰੋਡ ਦੀ ਉਸਾਰੀ ਦੇ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ।ਇਹ 13.30 ਕਿਲੋਮੀਟਰ ਲੰਬਾਈ ਵਾਲੀ ਸੜਕ ਕਰੀਬ 6.56 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ।ਇਸੇ ਤਰ੍ਹਾਂ ਪਟਿਆਲਾ-ਸਮਾਣਾ ਰੋਡ ਤੋਂ ਸਮਾਣਾ ਧਨੌਰੀ ਰੋਡ ਵਾਇਆ ਫਤਿਹਪੁਰ ਕਾਕੜਾ (ਪਿੰਡ ਫਤਿਹਪੁਰ ਕਾਕੜਾ ਤੇ ਜਮਾਲਪੁਰ) ਜਾਣ ਵਾਲੀ 5.34 ਕਿਲੋਮੀਟਰ ਲੰਬਾਈ ਵਾਲੀ ਲਿੰਕ ਸੜਕ ਦੀ ਉਸਾਰੀ ਦੇ ਕੰਮ ਦਾ ਉਦਘਾਟਨ ਕੀਤਾ ਗਿਆ।ਇਹ ਸੜਕ ਲਗਭਗ 1.32 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ।ਇਸ ਤੋਂ ਇਲਾਵਾ ਪਟਿਆਲਾ-ਸੰਗਰੂਰ ਰੋਡ ਤੋਂ ਭੇਡਪੁਰਾ ਜਾਣ ਵਾਲੀ ਲਿੰਕ ਸੜਕ ਦੀ ਉਸਾਰੀ ਦਾ ਕੰਮ ਵੀ ਸ਼ੁਰੂ ਕਰਵਾਇਆ ਗਿਆ, ਜਿਸ 'ਤੇ ਕਰੀਬ 11.86 ਲੱਖ ਰੁਪਏ ਖਰਚ ਆਵੇਗਾ।ਇਸ ਮੌਕੇ ਸ੍ਰ. ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਪੇਂਡੂ ਲਿੰਕ ਸੜਕਾਂ ਦੇ ਨਵੀਨੀਕਰਨ ਤੇ ਨਿਰਮਾਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਲਾਕਾ ਨਿਵਾਸੀਆਂ ਵੱਲੋਂ ਇਨ੍ਹਾਂ ਲਿੰਕ ਸੜਕਾਂ ਨੂੰ ਬਣਵਾਉਣ ਦੀ ਲੰਬੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਪੂਰਾ ਕਰਦਿਆਂ ਹੋਇਆਂ ਇਨ੍ਹਾਂ ਲਿੰਕ ਸੜਕਾਂ ਦੇ ਨਿਰਮਾਣ ਕਾਰਜ ਨੂੰ ਸ਼ੁਰੂ ਕਰਵਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਹਲਕਾ ਸਮਾਣਾ ਦੀਆਂ ਸੜਕਾਂ ਤੇ ਵਿਕਾਸ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਦੌਰਾਨ ਸਮੂਹ ਪਿੰਡ ਵਾਸੀਆਂ ਨੇ ਸਰਕਾਰ ਦੇ ਵਿਕਾਸਕਾਰੀ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਡੀ ਐੱਮ ਓ ਅਸਲਮ ਮੁਹੰਮਦ, ਕਾਰਜਕਾਰੀ ਇੰਜੀਨੀਅਰ ਅੰਮ੍ਰਿਤਪਾਲ ਸਿੰਘ, ਅਮਰਜੀਤ ਸਿੰਘ ਸਰਪੰਚ ਭੇਡਪੁਰਾ, ਹਰਪਿੰਦਰ ਸਿੰਘ ਰਾਠੀ ਗੱਜੂਮਾਜਰਾ, ਡੀ ਡੀ ਐੱਮ ਓ ਭਰਪੂਰ ਸਿੰਘ, ਐੱਸ.ਡੀ.ਓ. ਸਤਨਾਮ ਸਿੰਘ, ਜੇ. ਈ. ਪੰਕਜ ਮਹਿਰਾ ਸਮੇਤ ਮੰਡੀ ਬੋਰਡ ਦੇ ਅਧਿਕਾਰੀ ਤੇ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

## ਸੁਖਵਿੰਦਰ ਗਰੇਵਾਲ ਯੂਥ ਕਾਂਗਰਸ ਦੇ ਜ਼ਿਲ੍ਹਾ ਜਨਰਲ ਸਕੱਤਰ ਨਿਯੁਕਤ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਭਾਰਤੀ ਯੂਥ ਕਾਂਗਰਸ (ਆਈਵਾਈਸੀ) ਦੇ ਇੰਚਾਰਜ ਕ੍ਰਿਸ਼ਨਾ ਅਲਾਵਰੂ, ਪ੍ਰਧਾਨ ਉਦੈ ਭਾਨੂ ਚਿੱਬ, ਪੰਜਾਬ ਯੂਥ ਕਾਂਗਰਸ (ਪੀਵਾਈਸੀ) ਇੰਚਾਰਜ ਡਾ. ਸਮ੍ਰਿਤੀ ਰੰਜਨ ਲੇਨਕਾ ਤੇ ਪ੍ਰਧਾਨ ਮੋਹਿਤ ਮਹਿੰਦਰਾ ਵੱਲੋਂ ਉਚਿਤ ਵਿਚਾਰ-ਵਟਾਂਦਰੇ ਤੋਂ ਬਾਅਦ ਸੁਖਵਿੰਦਰ ਸਿੰਘ ਗਰੇਵਾਲ ਨੂੰ ਜ਼ਿਲ੍ਹਾ ਯੂਥ ਕਾਂਗਰਸ ਕਮੇਟੀ ਬਰਨਾਲਾ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਸੀਨੀਅਰ ਲੀਡਰਸਿਪ ਵੱਲੋਂ ਸੁਖਵਿੰਦਰ ਸਿੰਘ ਗਰੇਵਾਲ ਨੂੰ ਨਿਯੁਕਤੀ ਪੱਤਰ ਸੌਂਪਿਆ ਗਿਆ।

ਇਸ ਮੌਕੇ ਸੁਖਵਿੰਦਰ ਸਿੰਘ ਗਰੇਵਾਲ ਨੇ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਆਪਣਾ ਪੂਰਾ ਸਮਾਂ ਕਾਂਗਰਸ ਪਾਰਟੀ ਨੂੰ ਸਮਰਪਤ ਕਰਨਗੇ ਤੇ ਜ਼ਮੀਨੀ ਪੱਧਰ 'ਤੇ ਪਾਰਟੀ ਨੂੰ ਮਜ਼ਬੂਤ ਕਰਨ ਤੇ ਆਪਣੀ ਮਿਹਨਤ ਨਾਲ ਪਾਰਟੀ ਨੂੰ ਵਿਕਸਤ ਕਰਨ 'ਚ ਸੀਨੀਅਰ ਲੀਡਰਸ਼ਿਪ ਨਾਲ ਸਹਿਯੋਗ ਕਰਨਗੇ। ਇਸ ਮੌਕੇ ਯੂਥ ਕਾਂਗਰਸ ਜਰਨਲ ਸਕੱਤਰ ਪੰਜਾਬ ਏਪੀ ਢਿੱਲੋਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਸੁਖਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ, ਗੁਰੀ ਭੱਠਲ, ਜਸਨਦੀਪ ਸਮਰਾ, ਸੁਖਵੀਰ ਸਿੰਘ, ਬਲਜੀਤ ਸਿੰਘ ਫੌਜੀ, ਚਰਨਜੀਤ ਸਿੰਘ ਕਾਕਾ, ਪ੍ਰਦੀਪ ਸਿੰਘ, ਕਰਨਵੀਰ, ਗਗਨ ਦੁੱਗ, ਮਣੀ, ਟੋਨੀ, ਗਗਨ ਨੇ ਸੁਖਵਿੰਦਰ ਸਿੰਘ ਗਰੇਵਾਲ ਦੀ ਇਸ ਨਿਯੁਕਤੀ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ।

29 Sep Page 11-Majha-25.qxd 9/28/2025 10:59 PM Page 1



# ਭਗਤ ਸਿੰਘ ਰੁਜ਼ਗਾਰ ਗਰੰਟੀ ਕਾਨੂੰਨ ਬਣਾਉਣ ਅਤੇ ਸ਼ੇਰੋਂ ਖੰਡ ਮਿੱਲ ਨੂੰ ਮੁੜ ਚਾਲੂ ਕਰਨ ਦੀ ਮੰਗ

ਚੋਹਲਾ ਸਾਹਿਬ (ਰਮਨ ਚੱਢਾ)-ਕੁੱਲ ਹਿੰਦ ਕਿਸਾਨ ਸਭਾ ਵੱਲੋਂ ਨੇੜਲੇ ਪਿੰਡ ਦਦੇਹਰ ਸਾਹਿਬ ਵਿਖੇ ਦੇਸ਼ ਦੇ ਮਹਾਨ ਸਪੂਤ ਭਗਤ ਸਿੰਘ ਦਾ ਜਨਮ ਦਿਨ ਦਾ ਜਨਮ ਦਿਨ ਮਨਾਇਆ ਗਿਆ।ਇਸ ਮੀਟਿੰਗ ਦੀ ਪ੍ਰਧਾਨਗੀ ਹਰਦਿਆਲ ਸਿੰਘ ਫੌਜੀ, ਬਾਬਾ ਸੁਖਦੇਵ ਸਿੰਘ ਤੇ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਨੇ ਕੀਤੀ।



ਇਸ ਮੌਕੇ ਇੱਕਠੇ ਹੋਏ ਕਿਸਾਨਾਂ/ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ, ਜ਼ਿਲ੍ਹਾ ਸਕੱਤਰ ਬਲਕਾਰ ਸਿੰਘ ਵਲਟੋਹਾ ਤੇ ਸਰਵ ਭਾਰਤ ਨੌਜਵਾਨ ਸਭਾ ਦੇ ਆਗੂ ਬਲਰਾਜ ਕੁਮਾਰ ਨੇ ਕਿਹਾ ਕਿ ਅੱਜ ਬੇਰੁਜ਼ਗਾਰੀ ਕਾਰਨ ਪੰਜਾਬ ਤੇ ਦੇਸ਼ ਦੀ ਜਵਾਨੀ ਤਬਾਹ ਹੋ ਰਹੀ ਹੈ। ਭਗਤ ਸਿੰਘ ਤੇ ਹੋਰ ਦੇਸ਼ ਭਗਤ ਯੋਧਿਆਂ ਦੀ ਸੋਚ ਦਾ ਦੇਸ਼ ਬਣਾਉਣ ਲਈ ਜ਼ਰੂਰੀ ਹੈ ਕਿ ਇੱਥੋਂ ਦੀ ਜਵਾਨੀ ਤੇ ਕਿਸਾਨੀ ਨੂੰ ਬਚਾਇਆ ਜਾਵੇ।ਮਜ਼ਦੂਰਾਂ ਦੀ ਜ਼ਿੰਦਗੀ ਉੱਚੀ ਚੁੱਕਣ ਲਈ ਕਾਨੂੰਨ ਬਣਾਏ ਜਾਣ।ਇਸ ਸਭ ਲਈ ਸਭ ਤੋਂ ਪਹਿਲਾਂ ਕੇਂਦਰ ਸਰਕਾਰ ਵੱਲੋਂ ਭਗਤ ਸਿੰਘ ਰੁਜ਼ਗਾਰ ਗਰੰਟੀ ਕਾਨੂੰਨ ਬਣਾਇਆ ਜਾਵੇ ਜਿਸ ਤਹਿਤ ਹਰ ਨੌਜਵਾਨ ਮੁੰਡੇ ਕੁੜੀ ਨੂੰ ਉਸਦੀ ਲਿਆਕਤ ਅਨੁਸਾਰ ਰੁਜ਼ਗਾਰ ਦਿੱਤਾ ਜਾਵੇ ਤਾਂ ਕਿ ਅੱਜ ਦਾ ਨੌਜਵਾਨ ਗਲਤ ਕੰਮਾਂ ਵਿੱਚ ਫ਼ਸਣ ਦੀ ਬਜਾਏ ਦੇਸ਼ ਦੇ ਲੋਕਾਂ ਦੀ ਸੇਵਾ ਕਰ ਸਕੇ। ਇਸ ਮੌਕੇ ਬੋਲਦਿਆਂ ਮਹਾਂਬੀਰ ਸਿੰਘ ਗਿੱਲ ਨੇ ਕਿਹਾ ਕਿ ਮੌਜੂਦਾ ਮੁੱਖ ਮੰਤਰੀ ਵੱਲੋਂ ਚੋਣਾਂ ਜਿੱਤਣ ਲਈ ਵਾਅਦਾ ਕੀਤਾ ਗਿਆ ਸੀ ਕਿ ਇਸ ਇਲਾਕੇ ਦੀ ਇੱਕੋ ਇੱਕ ਸ਼ੇਰੋਂ ਖੰਡ ਮਿੱਲ ਮੁੜ ਚਾਲੂ ਕੀਤੀ ਜਾਵੇਗੀ, ਪਰ ਹੁਣ ਸਰਕਾਰ ਇਸਦੀ ਸੌ ਏਕੜ ਜ਼ਮੀਨ ਵੇਚਣ ਲੱਗੀ ਜਿਸ ਵਿਰੁੱਧ ਸੰਯੁਕਤ ਕਿਸਾਨ ਮੋਰਚਾ ਦੇ ਝੰਡੇ ਹੇਠ ਕੁੱਲ ਹਿੰਦ ਕਿਸਾਨ ਸਭਾ ਸੰਘਰਸ਼ ਕਰੇਗੀ।ਉਨ੍ਹਾਂ ਕਿਹਾ ਕਿ ਸ਼ੇਰੋਂ ਖੰਡ ਮਿੱਲ ਕਿਸੇ ਕੀਮਤ ਨਹੀਂ ਵਿਕਣ ਦਿੱਤੀ ਜਾਵੇਗੀ।ਉਨ੍ਹਾਂ ਅਪੀਲ ਕੀਤੀ ਕਿ ਭਲਕੇ ਸ਼ੇਰੋਂ ਖੰਡ ਮਿੱਲ ਅੱਗੇ ਦਿੱਤੇ ਜਾ ਰਹੇ ਧਰਨੇ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇ।ਇਸ ਮੌਕੇ ਇਹ ਵੀ ਮੰਗ ਕੀਤੀ ਗਈ ਕਿ ਹੜ੍ਹ ਪੀੜਤ ਕਿਸਾਨਾਂ ਨੂੰ ਪ੍ਰਤੀ ਏਕੜ ਸੱਤਰ ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ।ਹਰ ਮਜ਼ਦੂਰ ਨੂੰ ਇੱਕ ਲੱਖ ਰੁਪਏ ਪ੍ਰਤੀ ਘਰ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾਵੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਦੇਸ਼ ਭਗਤ ਸੰਤ ਬਾਬਾ ਵਿਸਾਖਾ ਸਿੰਘ ਦਦੇਹਰ ਤੇ ਭਗਤ ਸਿੰਘ ਦੀ ਸੋਚ ਦਾ ਦੇਸ਼ ਬਣਾਉਣ ਲਈ ਸੰਘਰਸ਼ ਸ਼ੀਲ ਹੋਈਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਪਿਸ਼ੌਰਾ ਸਿੰਘ, ਸੇਵਾ ਸਿੰਘ, ਗੁਰਬਿੰਦਰ ਸਿੰਘ ਮੈਂਬਰ, ਮੁਖਤਿਆਰ ਸਿੰਘ, ਹਰਪਾਲ ਚੋਹਲਾ, ਜੱਸ ਪ੍ਰਤਾਪ ਸਿੰਘ, ਤਰਸੇਮ ਸਿੰਘ ਸਮੇਤ ਬਹੁਤ ਸਾਰੇ ਨੌਜਵਾਨ, ਕਿਸਾਨ ਅਤੇ ਮਜ਼ਦੂਰ ਹਾਜ਼ਰ ਸਨ।

# ਕੇਕ ਕੱਟ ਕੇ ਮਨਾਇਆ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਲੋਕ ਭਲਾਈ ਮੰਚ ਪੰਜਾਬ ਵਲੋਂ ਮੰਚ ਦੇ ਮੁੱਖ ਦਫਤਰ ਕੱਚੀ ਮਿੱਟੀ ਰੋਡ ਏਕਤਾ ਨਗਰ ਢਪੱਈ ਵਿਖੇ ਮਾਸਟਰ ਸੁਖਦੇਵ ਸਿੰਘ ਦੀ ਪ੍ਰਧਾਨਗੀ ਹੇਠ ਵਿਸ਼ਾਲ ਇਕੱਤਰਤਾ ਕਰਕੇ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਜੀ ਦਾ118ਵਾਂ ਜਨਮ ਦਿਨ ਕੇਕ ਕੱਟ ਕੇ ਮਨਾਇਆ ਗਿਆ।

ਇਸ ਸਮੇਂ ਹੋਈ ਇਕੱਤਰਤਾ ਨੂੰ ਬਲਬੀਰ ਸਿੰਘ ਝਾਮਕਾ, ਕੁਲਦੀਪ ਸਿੰਘ ਦਸਮੇਸ਼ ਨਗਰ, ਵਿਜੇ ਸਿੰਦਰਾ, ਸਰਬਜੀਤ ਸਿੰਘ ਹੈਰੀ ਅਤੇ ਗੁਰਮੁਖ ਸਿੰਘ ਸ਼ੇਰਗਿੱਲ ਨੇ ਸੰਬੋਧਨ ਕੀਤਾ।ਮੰਚ ਦੇ ਆਗੂਆਂ ਨੇ ਪ੍ਰਣ ਕੀਤਾ ਕਿ ਉਹ ਲੋਕ ਭਲਾਈ ਦੇ ਕਾਰਜ ਕਰਦਿਆਂ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਦਾ ਦੇਸ਼ ਬਨਾਉਣ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ।

ਇਸ ਸਮੇਂ ਉਪਰੋਕਤ ਤੋਂ ਇਲਾਵਾ ਰਣਜੀਤ ਸਿੰਘ ਰਾਣਾ, ਅਮਰੀਕ ਸਿੰਘ, ਸੰਦੀਪ ਸਿੰਘ, ਕਿਸ਼ਨ ਲਾਲ, ਸੰਦੀਪ ਸਿੰਘ ਝਾਮਕਾ, ਲਵ ਢਪੱਈ, ਸ਼ੰਕਰ ਢਪੱਈ, ਤੀਰਥ ਰਾਮ, ਬਲਦੇਵ ਸਿੰਘ, ਪਰਵਿੰਦਰ ਸਿੰਘ,ਸਾਹਿਲ, ਬਲਦੇਵ ਸਿੰਘ, ਪਰਦੀਪ ਕੁਮਾਰ, ਜਗਦੀਸ਼ ਸਿੰਘ, ਜੀਤਲਾਲ, ਸਰਦੂਲ ਸਿੰਘ ਢਪੱਈ, ਸੋਨੂ, ਅਰਸ਼ਦੀਪ, ਕਸ਼ਮੀਰ ਸਿੰਘ ਢਪੱਈ, ਕੋਮਲਪ੍ਰੀਤ ਕੌਰ, ਪੂਜਾ ਤੇ ਮਨੀਸ਼ ਕੁਮਾਰ ਸ਼ਾਮਲ ਸਨ।

# ਆਰ ਐੱਮ ਪੀ ਆਈ ਵੱਲੋਂ ਡੀ ਸੀ ਦਫਤਰ ਅੰਮ੍ਰਿਤਸਰ ਵਿਖੇ ਰੋਸ ਮੁਜ਼ਾਹਰਾ

## * ਸੂਬਾ ਸਰਕਾਰ ਤੋਂ ਹੜ੍ਹ ਪੀੜਤਾਂ ਲਈ ਢੁਕਵੇਂ ਮੁਆਵਜ਼ੇ ਦੀ ਕੀਤੀ ਮੰਗ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਭਾਰਤ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਵੱਲੋਂ ਹੜ੍ਹ ਪੀੜਤਾਂ ਦੇ ਜਾਨੀ-ਮਾਲੀ, ਫ਼ਸਲਾਂ ਤੇ ਹੋਰ ਹੋਏ ਨੁਕਸਾਨ ਦਾ ਢੁਕਵਾਂ ਮੁਆਵਜ਼ਾ ਲੈਣ ਸਬੰਧੀ ਅਤੇ ਸੂਬੇ ਦੇ ਹੜ੍ਹ ਪੀੜਤਾਂ ਦੀ ਹੋਈ ਦੁਰਦਸ਼ਾ ਬਾਰੇ ਕੇਂਦਰ ਤੇ ਪੰਜਾਬ ਸਰਕਾਰ ਨੂੰ ਜਾਣੂ ਕਰਵਾਉਣ ਅਤੇ ਪ੍ਰਸ਼ਾਸਨਿਕ ਮਸ਼ੀਨਰੀ ਵੱਲੋਂ ਉਨ੍ਹਾਂ ਪ੍ਰਤੀ ਅਪਣਾਈ ਜਾ ਰਹੀ ਅਣਗਹਿਲੀ ਖਿਲਾਫ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਦਫਤਰ ਸਾਹਮਣੇ ਵੱਡਾ ਰੋਸ ਮੁਜ਼ਾਹਰਾ ਕੀਤਾ ਗਿਆ ਜਿਸ ਵਿੱਚ ਜ਼ਿਲ੍ਹੇ ਭਰ 'ਚੋਂ ਹਜ਼ਾਰਾਂ ਦੀ ਗਿਣਤੀ ਵਿੱਚ ਪਾਰਟੀ ਦੇ ਆਗੂ, ਕਾਰਕੁੰਨ , ਨੌਜਵਾਨ ਤੇ ਹੋਰ ਮਿਹਨਤਕਸ਼ ਲੋਕ ਪਾਰਟੀ ਦੇ ਝੰਡੇ ਲੈ ਕੇ ਨਾਅਰੇ ਮਾਰਦੇ ਸ਼ਾਮਿਲ ਹੋਏ।ਮੁਜ਼ਾਹਰੇ ਦੀ ਪ੍ਰਧਾਨਗੀ ਆਰਐੱਮਪੀਆਈ ਦੇ ਆਗੂਆਂ ਹਰਪ੍ਰੀਤ ਸਿੰਘ ਬੁਟਾਰੀ, ਕੁਲਵੰਤ ਸਿੰਘ ਮੱਲ੍ਹੂਨੰਗਲ, ਜਗਤਾਰ ਸਿੰਘ ਕਰਮਪੁਰਾ ਤੇ ਮੁਖਤਿਆਰ ਸਿੰਘ ਮੁਹਾਵਾ ਨੇ ਕੀਤੀ ਜਿੱਥੇ ਸਮੂਹ ਬੁਲਾਰਿਆਂ ਨੇ ਪੁਰਜ਼ੋਰ ਮੰਗ ਕੀਤੀ ਕਿ ਕੇਂਦਰ ਸਰਕਾਰ ਸੂਬੇ ਦੇ ਹੜ੍ਹ ਪੀੜਤਾਂ ਦੇ ਵੱਡੇ ਪੱਧਰ 'ਤੇ ਹੋਏ ਨੁਕਸਾਨ ਦੀ ਪੂਰਤੀ ਅਤੇ ਉਨ੍ਹਾਂ ਦੇ ਮੁੜ ਵਸੇਬੇ ਅਤੇ ਪੰਜਾਬ ਦੇ ਲੋਕਾਂ ਨੂੰ ਮੁੜ ਪੈਰਾਂ 'ਤੇ ਖੜਾ ਕਰਨ ਲਈ ਪੰਜਾਬ ਨੂੰ ਘੱਟੋ ਘੱਟ 40 ਹਜ਼ਾਰ ਕਰੋੜ ਰੁਪਏ ਅੰਤ੍ਰਿਮ ਰਾਹਤ ਵਜੋਂ ਦਿੱਤੇ ਜਾਣ ਅਤੇ ਪੰਜਾਬ ਸਰਕਾਰ ਵੀ ਹੜ੍ਹ ਪੀੜਤਾਂ ਨੂੰ ਰਾਹਤ ਦੇਣ ਲਈ ਆਪਣਾ ਵੱਡਾ ਯੋਗਦਾਨ ਪਾਵੇ। ਧਰਨੇ ਦੌਰਾਨ ਹੜ੍ਹ ਪੀੜਤਾਂ ਦਾ ਯੋਗ ਮੁਆਵਜ਼ਾ ਲੈਣ ਲਈ ਡੀਸੀ ਅੰਮ੍ਰਿਤਸਰ ਰਾਹੀਂ ਪ੍ਰਧਾਨ ਮੰਤਰੀ ਭਾਰਤ ਸਰਕਾਰ ਤੇ ਮੁੱਖ



ਮੰਤਰੀ ਪੰਜਾਬ ਨੂੰ ਮੰਗ ਪੱਤਰ ਦਿੱਤੇ ਗਏ ਉੱਥੇ ਅੰਤਰਰਾਜੀ ਕਿਰਤੀ ਰਾਖੀ ਲਈ ਮੁੱਖ ਮੰਤਰੀ ਪੰਜਾਬ ਨੂੰ ਵੀ ਡੀਸੀ ਰਾਹੀਂ ਮੰਗ ਪੱਤਰ ਦਿੱਤਾ ਗਿਆ! ਇਸ ਸਮੇਂ ਹੋਰਨਾਂ ਤੋਂ ਇਲਾਵਾ ਗੁਰਨਾਮ ਸਿੰਘ ਭਿੰਡਰ, ਟਹਿਲ ਸਿੰਘ ਚੇਤਨਪੁਰਾ, ਮਾਨ ਸਿੰਘ ਮੁਹਾਵਾ, ਪਲਵਿੰਦਰ ਸਿੰਘ ਮਹਿਸਮਪੁਰਾ, ਮੰਗਲ ਸਿੰਘ ਟਾਂਡਾ, ਸਰਬਜੀਤ ਸਿੰਘ ਭਿੰਡਰ, ਵਿਰਸਾ ਸਿੰਘ ਪਟਿਆਲਾ, ਪ੍ਰੋ. ਮਾਲਕ ਸਿੰਘ ਗੁਰਾਲਾ, ਸੁਖਦੇਵ ਸਿੰਘ ਕੱਕੜ, ਪਾਰਟੀ ਦੇ ਆਗੂ ਜੱਗਾ ਸਿੰਘ ਡੱਲਾ, ਗਾਇਕ ਗੁਰਪਾਲ ਗਿੱਲ ਸੈਦਪੁਰ, ਪਲਵਿੰਦਰ ਸਿੰਘ ਝੁਬਾਲ ਤੇ ਦੇਸਾ ਸਿੰਘ ਭਿੰਡੀ ਔਲਖ ਆਦਿ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

# ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ 6 ਨੂੰ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਤਰਕਸ਼ੀਲ ਸੁਸਾਇਟੀ ਪੰਜਾਬ ਮਾਝਾ ਜ਼ੋਨ ਦੀ ਵਿਸ਼ੇਸ਼ ਮੀਟਿੰਗ ਮਾਸਟਰ ਤਸਵੀਰ ਸਿੰਘ ਦੀ ਪ੍ਰਧਾਨਗੀ ਵਿੱਚ ਹੋਈ।ਮੀਟਿੰਗ ਵਿੱਚ ਜ਼ੋਨ ਮੁਖੀ ਸੰਦੀਪ ਧਾਰੀਵਾਲ ਭੋਜਾ, ਮੁਖਤਾਰ ਸਿੰਘ ਗੋਪਾਲਪੁਰ, ਤਰਲੋਚਨ ਸਿੰਘ ਗੁਰਦਾਸਪੁਰ, ਸੁਮੀਤ ਸਿੰਘ ਅੰਮ੍ਰਿਤਸਰ, ਜਸਪਾਲ ਬਾਸਰਕੇ, ਕੈਪਟਨ ਮਾਨਾਵਾਲਾ, ਦੀਵਾਨ ਧਾਰੀਵਾਲ ਭੋਜਾ, ਪ੍ਰੀਤਪਾਲ ਮੇਲਾ ਰਾਮ ਆਦਿ ਸ਼ਾਮਿਲ ਹੋਏ।ਮੀਟਿੰਗ ਦੌਰਾਨ ਵਿਦਿਆਰਥੀ ਚੇਤਨਾ ਪ੍ਰੀਖਿਆ ਸਬੰਧੀ ਵਿਚਾਰ ਚਰਚਾ ਕੀਤੀ ਗਈ।ਤਰਕਸ਼ੀਲ ਆਗੂਆਂ ਨੇ ਦੱਸਿਆ ਕਿ 29 ਅਤੇ 31 ਅਗਸਤ ਨੂੰ ਹੋਣ ਵਾਲੀ ਚੇਤਨਾ ਪਰਖ ਪ੍ਰੀਖਿਆ ਹੜ੍ਹਾਂ ਕਰਕੇ ਮੁਲਤਵੀ ਕਰ ਦਿੱਤੀ ਗਈ ਸੀ ਜੋ ਹੁਣ ਇਹ ਪ੍ਰੀਖਿਆ ਮਾਝਾ ਜ਼ੋਨ ਦੇ ਸਕੂਲਾਂ ਵਿੱਚ 6 ਅਕਤੂਬਰ ਦਿਨ ਸੋਮਵਾਰ ਨੂੰ ਕਰਵਾਈ ਜਾ ਰਹੀ ਹੈ ਜੋ ਮਹਾਨ ਗਦਰੀ ਬੀਬੀ ਗੁਲਾਬ ਕੌਰ ਨੂੰ ਸਮਰਪਿਤ ਹੈ।ਪ੍ਰੀਖਿਆ ਦਾ ਉਦੇਸ਼ ਵਿਦਿਆਰਥੀਆਂ ਨੂੰ ਵਹਿਮਾਂ ਭਰਮਾਂ, ਸਮਾਜਿਕ ਬੁਰਾਈਆਂ ਵਿਰੁੱਧ ਜਾਗਰੂਕ ਕਰਨਾ ਅਤੇ ਮਹਾਨ ਵਿਗਿਆਨੀਆਂ ਤੇ ਦੇਸ਼ ਭਗਤਾਂ ਦੇ ਰੂਬਰੂ ਕਰਨਾ ਅਤੇ ਵਿਗਿਆਨਿਕ ਸੋਚ ਪੈਦਾ ਕਰਨਾ ਹੈ।ਸੁਸਾਇਟੀ ਦੇ ਮਾਝਾ ਜ਼ੋਨ ਮੀਡੀਆ ਮੁਖੀ ਰਜਵੰਤ ਬਾਗੜੀਆ ਨੇ ਦੱਸਿਆ ਕਿ



ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ ਏਰੀਆ ਵਿੱਚ ਪ੍ਰੀਖਿਆ ਸਬੰਧੀ ਨਿਗਰਾਨਾਂ ਦੀ ਡਿਊਟੀ ਲਗਾ ਦਿੱਤੀ ਗਈ ਹੈ।

ਇਹ ਪ੍ਰੀਖਿਆ ਓ. ਐੱਮ. ਆਰ. ਸ਼ੀਟ ਤੇ ਹੋਵੇਗੀ, ਜਿਸ ਵਿੱਚ ਕੁੱਲ 60 ਪ੍ਰਸ਼ਨ ਪੁੱਛੇ ਜਾਣਗੇ, ਪੇਪਰ ਦਾ ਸਮਾਂ 40 ਮਿੰਟ ਦਾ ਹੋਵੇਗਾ।ਹਰ ਕਲਾਸ ਦੀ ਅਲੱਗ ਅਲੱਗ ਮੈਰਿਟ ਲਿਸਟ ਬਣਾਈ ਜਾਏਗੀ।ਪ੍ਰੀਖਿਆ ਵਿੱਚ ਵਧੀਆ ਕਾਰਗੁਜ਼ਾਰੀ ਵਿਖਾਉਣ ਵਾਲੇ ਵਿਦਿਆਰਥੀਆਂ ਨੂੰ ਕਿਤਾਬਾਂ ਦੇ ਸੈੱਟ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

# ਜ਼ਿਲ੍ਹਾ ਸਾਹਿਤ ਕੇਂਦਰ ਵੱਲੋਂ ਧਾਰੀਵਾਲ 'ਚ ਕਵੀ ਦਰਬਾਰ ਤੇ ਸਨਮਾਨ ਸਮਾਰੋਹ ਦਾ ਆਯੋਜਨ

## * ਜਨਵਾਦੀ ਗੀਤਕਾਰ ਸਵਿੰਦਰ ਸਿੰਘ ਭਾਗੋਵਾਲੀਆ ਨੂੰ ਸਨਮਾਨਿਤ ਕੀਤਾ ਗਿਆ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਅਤੇ ਹਿੰਦੂ ਕੰਨਿਆ ਮਹਾਂਵਿਦਿਆਲਿਆ ਧਾਰੀਵਾਲ ਦੇ ਵਿਸ਼ੇਸ਼ ਸਹਿਯੋਗ ਨਾਲ ਕਾਲਜ ਦੇ ਆਡੀਟੋਰੀਅਮ ਵਿੱਚ ਵਿਸ਼ਾਲ ਕਵੀ ਦਰਬਾਰ ਅਤੇ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਾਹਿਤਕਾਰਾਂ ਦੀ ਟੀਮ ਆਡੀਟੋਰੀਅਮ ਵਿੱਚ ਪਹੁੰਚਣ ਤੇ ਕਾਲਜ ਪ੍ਰਿੰਸੀਪਲ ਡਾ ਰਜਵਿੰਦਰ ਕੌਰ ਨਾਗਰਾ ਦੀ ਅਗਵਾਈ ਹੇਠ ਵਿਦਿਆਰਥਣਾਂ ਨੇ ਜ਼ੋਰਦਾਰ ਤਾੜੀਆਂ ਨਾਲ ਸਾਹਿਤਕਾਰਾਂ ਦਾ ਸਵਾਗਤ ਕੀਤਾ।ਸਮਾਰੋਹ ਦੇ ਪ੍ਰਧਾਨਗੀ ਮੰਡਲ ਵਿੱਚ ਡਾ. ਲੇਖ ਰਾਜ, ਸੁਲੱਖਣ ਸਰਹੱਦੀ, ਪ੍ਰਿੰਸੀਪਲ ਡਾ ਰਜਵਿੰਦਰ ਕੌਰ ਨਾਗਰਾ, ਮੰਗਤ ਚੰਚਲ, ਦੇਵਿੰਦਰ ਦੀਦਾਰ ਅਤੇ ਤਰਸੇਮ ਸਿੰਘ ਭੰਗੂ ਸੁਸ਼ੋਭਿਤ ਹੋਏ। ਪ੍ਰੋਗਰਾਮ ਦੇ ਆਰੰਭ ਵਿੱਚ ਪਿਛਲੇ ਦਿਨੀਂ ਆਏ ਬੇਕਿਰਕ ਹੜ੍ਹਾਂ ਵੱਲੋਂ ਮਚਾਈ ਗਈ ਤਬਾਹੀ ਦੌਰਾਨ ਕੀਮਤੀ ਜਾਨਾਂ ਗਵਾਉਣ ਵਾਲੇ ਲੋਕਾਂ ਅਤੇ ਜ਼ਿਲ੍ਹਾ ਸਾਹਿਤ ਕੇਂਦਰ ਦੇ ਆਗੂ ਗੁਰਮੀਤ ਸਿੰਘ ਬਾਜਵਾ ਦੇ ਵੱਡੇ ਭਰਾ ਸ. ਹਰਜਿੰਦਰ ਸਿੰਘ ਬਾਜਵਾ ਦੀ ਅਚਾਨਕ ਹੋਈ ਬੇਵਕਤ ਮੌਤ ਤੇ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਦੇ ਨਾਲ ਹੀ ਕਾਲਜ ਦੀ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਹਾਜ਼ਰ ਕਵੀਆਂ ਅਤੇ ਸਾਹਿਤਕਾਰਾਂ ਨੂੰ ਹਾਰਦਿਕ ਜੀ ਆਇਆਂ ਨੂੰ ਆਖਿਆ।ਸਾਹਿਤ ਕੇਂਦਰ ਦੇ ਸੀ. ਮੀਤ ਪ੍ਰਧਾਨ ਸੀਤਲ ਸਿੰਘ ਗੁੰਨੋਪੁਰੀ ਨੇ ਦੱਸਿਆ ਕਿ ਜ਼ਿਲ੍ਹਾ ਸਾਹਿਤ ਕੇਂਦਰ ਪੰਜਾਬੀ ਕਹਾਣੀ ਦੇ ਪਿਤਾਮਾ ਪ੍ਰਿੰਸੀਪਲ ਸੁਜਾਨ ਸਿੰਘ ਦੀ ਯਾਦ ਨੂੰ ਸਦਾਬਹਾਰ ਰੱਖਣ ਹਿੱਤ



ਜ਼ਿਲ੍ਹਾ ਭਰ ਦੀਆਂ ਸਾਹਿਤ ਸਭਾਵਾਂ ਨੂੰ ਇਕੱਤਰ ਕਰਕੇ ਬਣਾਇਆ ਗਿਆ ਜਿਸ ਦੇ ਹੋਰ ਨਿਸ਼ਾਨਿਆਂ ਵਿੱਚ ਮਾਂ ਬੋਲੀ ਪੰਜਾਬੀ ਨੂੰ ਪ੍ਰਫੁੱਲਤ ਕਰਨਾ ਅਤੇ ਨੌਜਵਾਨ ਪੀੜ੍ਹੀ ਨੂੰ ਸਾਹਿਤ ਨਾਲ ਜੋੜਨਾ ਆਦਿ ਹਨ। ਇਸ ਮੌਕੇ ਪ੍ਰਸਿੱਧ ਜਨਵਾਦੀ ਗੀਤਕਾਰ ਅਤੇ ਨਿਧੜਕ ਗਾਇਕ ਸਵਿੰਦਰ ਸਿੰਘ ਭਾਗੋਵਾਲੀਆ ਨੂੰ ਉਨ੍ਹਾਂ ਵੱਲੋਂ ਕੀਤੇ ਪੰਜਾਬੀ ਭਾਸ਼ਾ ਅਤੇ ਸਾਹਿਤ ਵਿੱਚ ਪਾਏ ਗਏ ਯੋਗਦਾਨ ਲਈ ਦੁਸ਼ਾਲਾ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਉਪਰੰਤ ਲੋਕ-ਕਵੀ ਵਿਜੇ ਅਗਨੀਹੋਤਰੀ ਦੇ ਅਰਥ ਭਰਪੂਰ ਗੀਤ ਨਾਲ ਕਵੀ-ਦਰਬਾਰ ਦਾ ਆਗਾਜ਼ ਹੋਇਆ ਜਿਸ ਵਿੱਚ ਬਾਹਰੋਂ ਆਏ ਕਵੀਆਂ ਤੋਂ ਇਲਾਵਾ ਕਾਲਜ ਦੀਆਂ ਬਾਰਾਂ ਵਿਦਿਆਰਥਣਾਂ ਨੇ ਵੀ ਖੂਬਸੂਰਤ ਕਵਿਤਾਵਾਂ ਪੇਸ਼ ਕੀਤੀਆਂ।ਇਸ ਕਵੀ-ਦਰਬਾਰ ਵਿੱਚ ਸੰਸਾਰ ਪ੍ਰਸਿੱਧ ਸ਼ਾਇਰ ਸੁਲੱਖਣ ਸਰਹੱਦੀ, ਡਾ. ਲੇਖ ਰਾਜ, ਬੂਟਾ ਰਾਮ ਆਜ਼ਾਦ, ਗੁਰਪ੍ਰੀਤ ਸਿੰਘ ਰੰਗੀਲਪੁਰ, ਮੰਗਤ ਚੰਚਲ, ਸੁਲਤਾਨ ਭਾਰਤੀ, ਸੀਤਲ ਸਿੰਘ ਗੁੰਨੋਪੁਰੀ, ਬਲਬੀਰ ਸਿੰਘ ਕਲਸੀ, ਪ੍ਰਸ਼ੋਤਮ ਸਿੰਘ ਲਲੀ, ਸੁਖਵਿੰਦਰ ਰੰਧਾਵਾ, ਸੁੱਚਾ ਸਿੰਘ ਪਸਨਾਵਾਲ, ਰਮੇਸ਼ ਜਾਨੂੰ, ਸੰਤੋਖ ਸੋਖੀ, ਕੁਲਜੀਤ ਰੰਧਾਵਾ, ਹਰਪ੍ਰੀਤ ਸਿਮੀ, ਪੂਨਮ ਕੁਮਾਰੀ, ਗੁਰਬਚਨ ਸਿੰਘ ਬਾਜਵਾ, ਬਿਸ਼ਨ ਦਾਸ, ਅਮਰੀਕ ਸਿੰਘ ਲੌਂਗਲ, ਡਾ. ਮਲਕੀਤ ਸੁਹਲ, ਕੁਲਦੀਪ ਸਿੰਘ ਘਾਂਗਲਾ, ਤਰਸੇਮ ਸਿੰਘ ਭੰਗੂ, ਜਗਨਨਾਥ ਨਿਮਾਣਾ, ਗੁਰਦੇਵ ਸਿੰਘ ਭੁੱਲਰ, ਪ੍ਰੀਤ ਰਾਣਾ, ਪਰਮਜੀਤ ਸੰਧੂ, ਨਿਸ਼ਾਨ ਸਿੰਘ ਜੱਗਾਸਿੰਘ, ਜਸਵਿੰਦਰ ਅਨਮੋਲ, ਰਜਿੰਦਰ ਸਿੰਘ ਛੀਨਾ, ਤਰਨਜੋਤ ਕੌਰ, ਬਲਪ੍ਰੀਤ ਕੌਰ, ਰੀਆ, ਮਨੀਸ਼ਾ, ਜੈਸਮੀਨ ਕੌਰ, ਸ਼ੈਫੀਆ, ਪਰਮਜੀਤ ਕੌਰ ਅਤੇ ਹਰਕੀਰਤ ਕੌਰ, ਸੋਨਮ ਸਿੰਘ, ਪਿਆਰਾ ਸਿੰਘ ਭੜਵਾਂ ਅਤੇ ਮਦਨ ਸਿੰਘ ਹਾਜ਼ਰ ਸਨ।ਇਸ ਮੌਕੇ ਦੇਵਿੰਦਰ ਦੀਦਾਰ ਦੀ ਪੁਸਤਕ 'ਸਮੀਖਿਆ ਸੰਸਾਰ', ਮੱਖਣ ਕੁਹਾੜ ਦੀ ਪੁਸਤਕ 'ਬਲਦੇ ਰਾਹਾਂ ਦਾ ਸਫ਼ਰ' ਅਤੇ ਸੀਤਲ ਸਿੰਘ ਗੁਨੋਪੁਰੀ ਦੀ ਪੁਸਤਕ, 'ਮਹਿਕਦੇ ਅਹਿਸਾਸ' ਲੋਕ ਅਰਪਣ ਕੀਤੀਆਂ ਗਈਆਂ ਅਤੇ ਗੁਰਪ੍ਰੀਤ ਰੰਗੀਲਪੁਰ ਦਾ ਗੀਤ 'ਦਿਲ ਦੇ ਰਾਜੇ' ਵੀ ਲੋਕ ਅਰਪਣ ਕੀਤਾ ਗਿਆ।

# ਹੜ੍ਹ ਪ੍ਰਭਾਵਿਤ ਇਲਾਕਿਆਂ ਅੰਦਰ ਫਰੀ ਮੈਡੀਕਲ ਕੈਂਪ ਜਾਰੀ ਰਹਿਣਗੇ: ਚੀਮਾ

ਪੱਟੀ (ਬਲਦੇਵ ਸਿੰਘ ਸੰਧੂ)-ਹੜ੍ਹ ਪ੍ਰਭਾਵਿਤ ਇਲਾਕਿਆਂ ਅੰਦਰ ਬਿਮਾਰੀਆਂ ਤੋਂ ਬਚਾਅ ਲਈ ਫਰੀ ਮੈਡੀਕਲ ਕੈਂਪ ਲਗਾਤਾਰ ਜਾਰੀ ਰਹਿਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਚੀਮਾ ਨੇ ਕੀਤਾ ਉਨ੍ਹਾਂ ਦੱਸਿਆ ਕਿ ਹੜਾਂ ਦੇ ਪ੍ਰਕੋਪ ਹੇਠ ਆਏ ਜ਼ਿਲਾ ਤਰਨ ਤਾਰਨ ਅਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਹਥਾੜ ਏਰੀਏ ਦੇ ਪਿੰਡਾਂ ਵਿੱਚ ਪਾਣੀ ਦੀ ਝਲਾਰ ਕਾਰਨ ਅਨੇਕਾਂ ਤਰ੍ਹਾਂ ਦੀਆਂ ਚਮੜੀ ਦੀਆਂ ਬਿਮਾਰੀਆਂ ਇਨਸਾਨਾਂ ਵਿੱਚ ਫੈਲ ਰਹੀਆਂ ਹਨ ਉਨ੍ਹਾਂ ਬਿਮਾਰੀਆਂ ਦੇ ਮੱਦੇ ਨਜ਼ਰ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਸਟੇਟ ਜ਼ਿਲ੍ਹਾ ਪ੍ਰਧਾਨ ਧੰਨਾ ਮੱਲ ਜੀ ਦੀ ਰਹਿਨੁਮਾਈ ਹੇਠ ਇੱਕ ਮਹੀਨੇ ਤੋਂ ਵੱਧ ਸਮੇਂ ਤੋਂ ਚੱਲ ਰਹੇ ਮੈਡੀਕਲ ਕੈਂਪਾਂ ਦੀ ਲੜੀ ਨੂੰ ਅੱਗੇ ਤੋਰਦਿਆਂ ਹੋਇਆ ਜ਼ਿਲਾ ਸ੍ਰੀ ਮੁਕਤਸਰ ਸਾਹਿਬ ਦੇ ਬਲਾਕਾਂ ਵਿੱਚੋਂ ਕੁਝ ਬਲਾਕ ਜ਼ਿਲਾ ਤਰਨ ਤਾਰਨ ਦੇ ਸਹਿਯੋਗ ਵਿੱਚ ਮੈਡੀਕਲ ਕੈਂਪ ਲਗਾਉਣ ਵਾਸਤੇ ਆਏ ਇਸ ਟੀਮ ਦਾ ਮਾਰਗਦਰਸ਼ਨ ਬਣੇ ਡਾਕਟਰ ਨਛੱਤਰ ਸਿੰਘ ਚੀਮਾ ਜਿਲਾ ਪ੍ਰਧਾਨ ਅਤੇ ਡਾਕਟਰ ਗੁਰਜੀਤ ਸਿੰਘ ਦੁਬਲੀ ਸੂਬਾ ਕਮੇਟੀ ਆਗੂ ਵੱਲੋਂ ਹਥਾੜ ਏਰੀਏ ਦੇ ਵੱਖ



ਵੱਖ ਪਿੰਡਾਂ ਵਿੱਚ ਜਾ ਕੇ ਮੈਡੀਕਲ ਕੈਂਪ ਲਗਾਏ ਗਏ ਅਤੇ ਮੈਡੀਸਨ ਦਿੱਤੀਆਂ ਗਈਆਂ। ਇਸ ਮੌਕੇ ਟੀਮ ਨੇ ਲੋਕਾਂ ਨੂੰ ਦੱਸਿਆ ਕਿ ਜਿੱਥੇ ਸਾਡੇ ਵੱਲੋਂ ਵਾਸਤੇ ਮੈਡੀਕਲ ਕੈਂਪਾਂ ਦੀ ਜ਼ਰੂਰਤ ਹੈ ਉੱਥੇ ਪਸ਼ੂਆਂ ਦੇ ਚਾਰੇ ਦੀ ਵੀ ਜ਼ਰੂਰਤ ਹੈ। ਨਛੱਤਰ ਸਿੰਘ ਚੀਮਾ ਨੇ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਤੋਂ ਵੱਖ-ਵੱਖ ਬਲਾਕਾਂ ਤੋਂ ਆਏ ਹੋਏ ਸਾਥੀਆਂ ਦਾ ਅਸੀਂ ਧੰਨਵਾਦ ਕਰਦੇ ਹਾਂ ਜਿਨਾਂ ਵਿੱਚ ਬਲਾਕ ਪ੍ਰਧਾਨ ਡਾ. ਸੰਦੀਪ, ਚੇਅਰਮੈਨ ਸਤਨਾਮ ਸਿੰਘ, ਵਾਈਸ ਪ੍ਰਧਾਨ ਸੁਰਜੀਤ ਸਿੰਘ ਔਲਖ, ਬਲਾਕ ਪ੍ਰਧਾਨ ਲਖਵਿੰਦਰ ਸਿੰਘ, ਚੇਅਰਮੈਨ ਰਘਬੀਰ ਸਿੰਘ ਅਤੇ ਸਲਾਹਕਾਰ ਗੁਰਪ੍ਰੀਤ ਸਿੰਘ ਸ਼ਾਮਲ ਸਨ।

# ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਜਨਮ ਦਿਨ ਮੌਕੇ ਸੀ ਐੱਚ ਸੀ ਝਬਾਲ ਵਿਖੇ ਖ਼ੂਨਦਾਨ ਕੈਂਪ ਲਗਾਇਆ

ਸਰਾਏ ਅਮਾਨਤ ਖਾਂ/ਝਬਾਲ (ਮੱਖਣ ਮਨੋਜ, ਹਰਜਿੰਦਰ ਸਿੰਘ ਸੋਨੀ)-ਡਾ. ਗੁਰਪ੍ਰੀਤ ਸਿੰਘ ਰਾਏ ਸਿਵਲ ਸਰਜਨ ਜ਼ਿਲ੍ਹਾ ਤਰਨ ਤਾਰਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾ. ਰਾਜੂ ਚੌਹਾਨ ਸੀਨੀਅਰ ਮੈਡੀਕਲ ਅਫਸਰ ਸੀ.ਐੱਚ.ਸੀ. ਝਬਾਲ ਦੀ ਯੋਗ ਅਗਵਾਈ ਹੇਠ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਕਮਿਊਨਿਟੀ ਹੈਲਥ ਸੈਂਟਰ (ਸੀਐੱਚਸੀ) ਝਬਾਲ ਵਿਖੇ ਖ਼ੂਨ ਦਾਨ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਦਾ ਆਰੰਭ ਸੀਨੀਅਰ ਮੈਡੀਕਲ ਅਫ਼ਸਰ ਡਾ. ਰਾਜੂ ਚੌਹਾਨ ਵੱਲੋਂ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਨਮਨ ਕਰਦੇ ਹੋਏ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸ. ਭਗਤ ਸਿੰਘ ਵਰਗੀਆਂ ਮਹਾਨ ਹਸਤੀਆਂ ਨੇ ਆਪਣੀ ਕੁਰਬਾਨੀ ਨਾਲ ਪੀੜ੍ਹੀਆਂ ਨੂੰ ਨਵਾਂ ਜਜ਼ਬਾ ਬਖ਼ਸ਼ਿਆ ਹੈ ਅਤੇ ਨੌਜਵਾਨਾਂ ਲਈ ਉਨ੍ਹਾਂ ਦੀ ਸੋਚ ਹਮੇਸ਼ਾ ਪ੍ਰੇਰਨਾ ਰਹੇਗੀ।ਉਨ੍ਹਾਂ ਕਿਹਾ ਕਿ ਰਕਤ ਦਾਨ, ਜੀਵਨ ਦਾਨ ਹੈ ਜਿਸ ਨਾਲ ਕਈ ਮਨੁੱਖੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ ਜਿਵੇਂ ਕਿ ਹਾਦਸਿਆਂ ਦੇ ਮਰੀਜ਼, ਥੈਲੇਸੀਮੀਆ ਪੀੜਤ ਬੱਚੇ ਅਤੇ ਐਮਰਜੈਂਸੀ ਦੀ ਸਥਿਤੀ ਵਿੱਚ ਮਹਿਲਾਵਾਂ ਲਈ ਸਮੇਂ 'ਤੇ ਖ਼ੂਨ ਮਿਲਣਾ ਸਭ ਤੋਂ ਵੱਡੀ ਸਹਾਇਤਾ ਹੈ।ਇਸ ਕੈਂਪ ਵਿੱਚ ਸਿਵਲ ਹਸਪਤਾਲ ਤੋਂ ਪਹੁੰਚੀ ਮੈਡੀਕਲ ਟੀਮ ਵਿੱਚ ਡਾ. ਸਲਿੰਦਰ ਕੌਰ (ਬੀ.ਟੀ.ਓ) ਗੁਰਬਚਨ ਸਿੰਘ (ਐੱਮ.ਐੱਲ.ਟੀ), ਅੰਗਰੇਜ਼ ਸਿੰਘ (ਐੱਮ.ਐੱਲ.ਟੀ) ਅਤੇ ਮਨਜਿੰਦਰ ਸਿੰਘ (ਐੱਮਐੱਲਟੀ) ਨੇ ਡਿਊਟੀ ਨਿਭਾਈ ਅਤੇ ਖ਼ੂਨ ਦਾਨੀਆਂ ਦੀ ਸੂਚੀ ਵਿੱਚ 21 ਦਾਨੀਆਂ ਦੇ ਨਾਮ ਦਰਜ ਕੀਤੇ। ਯੂਥ ਕਲੱਬ ਪੰਜਾਬ ਦੇ ਹਲਕਾ ਕੁਆਰਡੀਨੇਟਰ ਸੁਖਦੇਵ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਲਖਬੀਰ ਸਿੰਘ, ਕੁਲਵਿੰਦਰ ਸਿੰਘ, ਮਨਪ੍ਰੀਤ ਸਿੰਘ ਅਤੇ ਹਰਮਨਦੀਪ ਸਿੰਘ ਨੇ ਖ਼ੂਨ ਦਾਨੀਆਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਕੀਤਾ ਅਤੇ ਹੋਰ ਲੋਕਾਂ ਨੂੰ ਵੀ ਖ਼ੂਨਦਾਨ ਕਰਨ ਬਾਰੇ ਪ੍ਰੇਰਿਤ ਕੀਤਾ ਗਿਆ।ਸਮਾਰੋਹ ਦੇ ਅੰਤ 'ਤੇ ਇਨਕਲਾਬ ਜ਼ਿੰਦਾਬਾਦ ਦੇ ਨਾਅਰੇ ਗੂੰਜੇ।ਡਾ. ਰਾਜੂ ਚੌਹਾਨ ਨੇ ਖ਼ੂਨ ਦਾਨ ਕਰਨ ਵਾਲੇ ਨੌਜਵਾਨਾਂ ਨੂੰ ਆਪਣੇ ਹੱਥੀਂ ਸਨਮਾਨ ਪੱਤਰ ਵੰਡੇ ਅਤੇ ਮੀਡੀਆ ਰਾਹੀਂ ਲੋਕਾਂ ਨੂੰ ਮਾਨਵਤਾ ਦੇ ਭਲੇ ਲਈ ਖ਼ੂਨਦਾਨ ਵਰਗਾ ਮਹਾਨ ਪੁੰਨ ਦਾ ਕੰਮ ਕਰਨ ਦੀ ਅਪੀਲ ਕੀਤੀ।ਨਾਲ ਹੀ ਉਨ੍ਹਾਂ ਨੇ ਸਭ ਮਹਿਮਾਨਾਂ, ਖ਼ੂਨ ਦਾਤਾਵਾਂ ਅਤੇ ਸਹਿਯੋਗੀ ਸੰਸਥਾਵਾਂ ਦਾ ਧੰਨਵਾਦ ਕੀਤਾ।ਇਸ ਮੌਕੇ ਡਾ. ਰਾਜੂ ਚੌਹਾਨ ਦੇ ਨਾਲ ਮੈਡੀਕਲ ਟੀਮ, ਯੂਥ ਕਲੱਬ ਪੰਜਾਬ ਦੇ ਮੈਂਬਰ ਸਾਹਿਬਾਨ, ਡਾ. ਦੀਪਇੰਦਰ ਸਿੰਘ, ਡਾ. ਸੁਖਵੰਤ ਕੌਰ, ਡਾ. ਸਮਰਿਧੀ, ਗੁਰਬੀਰ ਸਿੰਘ ਹੈਲਥ ਸੁਪਰਵਾਈਜ਼ਰ, ਗੁਰਲਾਲ ਸਿੰਘ ਬਲਾਕ ਐਜੂਕੇਟਰ, ਰਬਿੰਦਰ ਸਿੰਘ ਭੋਜੀਆਂ, ਮੁਨੀਸ਼ ਮਹਿਤਾ ਸੀਨੀਅਰ ਫਾਰਮੇਸੀ ਅਫ਼ਸਰ, ਕੁਲਜੀਤ ਕੌਰ ਨਰਸਿੰਗ ਸਿਸਟਰ, ਵਰਿੰਦਰ ਕੌਰ ਏਐੱਨਐੱਮ., ਗੁਰਮੀਤ ਸਿੰਘ ਅਤੇ ਸਟਾਫ ਤੋਂ ਇਲਾਵਾ ਆਸ਼ਾ ਵਰਕਰਾਂ, ਪਿੰਡ ਦੇ ਮੋਹਤਬਰ, ਸਮਾਜ ਸੇਵੀ, ਅਤੇ ਲੋਕ ਹਾਜ਼ਰ ਸਨ।



# ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਦੀਵਾਨ ਹਾਲ ਦੀ ਸੇਵਾ ਮੁਕੰਮਲ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਛੇਵੇਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ



ਯੋਗ ਅਗਵਾਈ ਹੇਠ ਗੁਰਦੁਆਰਾ ਸਾਹਿਬ ਵਿੱਚ ਨਵੇਂ ਉਸਾਰੇ ਜਾ ਰਹੇ ਦੀਵਾਨ ਹਾਲ ਦੀ ਸੇਵਾ ਦਾ ਕੰਮ ਮੁਕੰਮਲ ਹੋ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਅੱਜ ਤੋਂ ਕੁਝ ਸਮਾਂ ਪਹਿਲਾਂ ਸਰੋਵਰ ਦੇ ਕੋਲ ਦੀਵਾਨ ਹਾਲ ਦੀ ਸੇਵਾ ਦਾ ਕੰਮ ਸ਼ੁਰੂ ਕੀਤਾ ਗਿਆ ਸੀ ਅਤੇ ਸੰਗਤਾਂ ਬੜੇ ਹੀ ਵੱਧ ਚੜ ਕੇ ਉਤਸਾਹ ਦੇ ਨਾਲ ਇਸ ਸੇਵਾ ਵਿੱਚ ਹਿੱਸਾ ਲੈਂਦੀਆਂ ਰਹੀਆਂ ਹਨ ਹੁਣ ਸੰਗਤਾਂ ਦੇ ਸਹਿਯੋਗ ਨਾਲ ਦੀਵਾਨ ਹਾਲ ਦੀ ਕਾਰ ਸੇਵਾ ਦਾ ਕੰਮ ਮੁਕੰਮਲ ਹੋ ਚੁੱਕਾ ਹੈ ਅਤੇ ਜਲਦੀ ਹੀ ਇਸ ਵਿੱਚ ਮੱਸਿਆ ਤੇ ਹੋਰ ਪ੍ਰੋਗਰਾਮ ਦੇ ਦੀਵਾਨ ਸਜਿਆ ਕਰਨਗੇ। ਪ੍ਰਿੰ. ਗੁਰਸੇਵਕ ਸਿੰਘ, ਰਣਜੀਤ ਸਿੰਘ ਰਾਣਾ ਬਾਬੋਵਾਲ, ਨਿੰਦਰ ਸਿੰਘ ਬਾਠ ਭੋਏ, ਸੁਖਵਿੰਦਰ ਸਿੰਘ ਬਾਠ, ਬਾਬਾ ਰਾਜਾ ਸਿੰਘ ਬੁਲਾਰਾ, ਬਾਬਾ ਸੁੱਖਾ ਸਿੰਘ, ਹੈੱਡ ਗ੍ਰੰਥੀ ਗਿਆਨੀ ਸੁਲੱਖਣ ਸਿੰਘ, ਗ੍ਰੰਥੀ ਗਿਆਨੀ ਪਰਮਜੀਤ ਸਿੰਘ, ਜਗਰੂਪ ਸਿੰਘ ਬੋਪਾਰਾਏ, ਰਣਧੀਰ ਸਿੰਘ ਸਰਪੰਚ ਭੋਏ ਅਤੇ ਹੋਰ ਵੱਡੀ ਗਿਣਤੀ ਵਿੱਚ ਇਲਾਕੇ ਦੇ ਮੋਹਤਬਰ ਤੇ ਆਗੂ ਹਾਜ਼ਰ ਸਨ ਜਿਨਾਂ ਕਾਰਜ ਨੂੰ ਨੇਪਰੇ ਚਾੜ੍ਹਨ ਦੀ ਸ਼ਲਾਘਾ ਕੀਤੀ।

# ਰਮਨ ਬਹਿਲ ਨੇ ਰਾਮਲੀਲਾ ਕਲੱਬ ਲਈ ਸਟੇਜ ਤੇ ਕਮਰਿਆਂ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ

ਗੁਰਦਾਸਪੁਰ (ਦਿਨੇਸ਼ ਕੁਮਾਰ)-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਗੁਰਦਾਸਪੁਰ ਵਿਧਾਨ ਸਭਾ ਹਲਕਾ ਦੇ ਇੰਚਾਰਜ ਰਮਨ ਬਹਿਲ ਵੱਲੋਂ ਬੀਤੀ ਰਾਤ ਹਿੰਦੂ ਯੁਵਕ ਸਭਾ ਰਾਮ ਨਾਟਕ ਕਲੱਬ ਵੱਲੋਂ ਲਗਾਈ ਜਾਂਦੀ ਰਾਮਲੀਲ੍ਹਾ ਦੀ ਸਟੇਜ, ਸ਼ੈੱਡ ਅਤੇ ਕਮਰਿਆਂ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ ਗਿਆ।ਨਗਰ ਸੁਧਾਰ ਟਰੱਸਟ ਗੁਰਦਾਸਪੁਰ ਵੱਲੋਂ ਇਸ ਪ੍ਰੋਜੈਕਟ ਉਪਰ 25.98 ਲੱਖ ਰੁਪਏ ਖ਼ਰਚ ਕੀਤੇ ਜਾਣਗੇ।ਇਸ ਮੌਕੇ ਹਿੰਦੂ ਯੁਵਕ ਸਭਾ ਰਾਮ ਨਾਟਕ ਕਲੱਬ ਦੇ ਸਮੂਹ ਮੈਂਬਰਾਂ ਅਤੇ ਸ਼ਹਿਰ ਵਾਸੀਆਂ ਨੂੰ ਵਧਾਈ ਦਿੰਦਿਆਂ ਰਮਨ ਬਹਿਲ ਨੇ ਕਿਹਾ ਕਿ ਗੁਰਦਾਸਪੁਰ ਸ਼ਹਿਰ ਵਿੱਚ ਇਹ ਰਾਮ ਲੀਲ੍ਹਾ ਪਿਛਲੇ 157 ਸਾਲਾਂ ਤੋਂ ਲਗਾਤਾਰ ਚੱਲ ਰਹੀ ਹੈ ਅਤੇ ਕਲੱਬ ਦੇ ਮੈਂਬਰ ਪਿਛਲੀਆਂ ਚਾਰ ਪੀੜ੍ਹੀਆਂ ਤੋਂ ਇਹ ਸੇਵਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਨਾਤਨ ਧਰਮ ਪ੍ਰਤੀ ਇਨ੍ਹਾਂ ਦੀ ਇਹ ਸੇਵਾ ਬਹੁਤ ਮਹਾਨ ਹੈ। ਉਨ੍ਹਾਂ ਕਿਹਾ ਕਿ ਰਾਮਲੀਲਾ ਦਾ ਆਯੋਜਨ ਸਾਡੀ ਨੌਜਵਾਨ ਪੀੜ੍ਹੀ ਨੂੰ ਸਨਾਤਨ ਧਰਮ ਦੇ ਗੌਰਮਈ ਇਤਿਹਾਸ ਤੇ ਕਦਰਾਂ-ਕੀਮਤਾਂ ਨਾਲ ਜੋੜਦਾ ਹੈ।ਉਨ੍ਹਾਂ ਕਿਹਾ ਕਿ ਭਗਵਾਨ ਸ੍ਰੀ ਰਾਮ ਚੰਦਰ ਦੇ ਜੀਵਨ ਤੋਂ ਸਾਨੂੰ ਸੇਧ ਮਿਲਦੀ ਹੈ ਅਤੇ ਪਵਿੱਤਰ ਰਮਾਇਣ ਸਮੁੱਚੀ ਮਾਨਵਤਾ ਲਈ ਚਾਨਣ ਮੁਨਾਰਾ ਹੈ।ਉਨ੍ਹਾਂ ਕਿਹਾ ਕਿ ਹਿੰਦੂ ਯੁਵਕ ਸਭਾ ਰਾਮ ਨਾਟਕ ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਰਾਮਲੀਲਾ ਦੀ ਸਟੇਜ ਅਤੇ ਕਮਰਿਆਂ ਦੀ ਮੰਗ ਕੀਤੀ ਜਾ ਰਹੀ ਸੀ ਅਤੇ ਅੱਜ ਉਨ੍ਹਾਂ ਨੂੰ ਇਸ ਗੱਲ ਦੀ ਖ਼ੁਸ਼ੀ ਹੈ ਕਿ ਨਗਰ ਸੁਧਾਰ ਟਰੱਸਟ ਵੱਲੋਂ 25.98 ਲੱਖ ਰੁਪਏ ਕਰਕੇ ਕਲੱਬ ਦੀ ਮੰਗ ਪੂਰੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਲਦੀ ਹੀ ਸਟੇਜ ਅਤੇ ਕਮਰਿਆਂ ਦੀ ਉਸਾਰੀ ਕਰ ਦਿੱਤੀ ਜਾਵੇਗੀ।ਸ਼੍ਰੀ ਬਹਿਲ ਨੇ ਕਿਹਾ ਕਿ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਵੱਲੋਂ ਜਿੱਥੇ 25.98



ਲੱਖ ਰੁਪਏ ਦੀ ਰਾਮਲੀਲਾ ਦੀ ਸਟੇਜ, ਸ਼ੈੱਡ ਅਤੇ ਕਮਰਿਆਂ ਦੀ ਉਸਾਰੀ ਕੀਤੀ ਜਾਵੇਗੀ ਓਥੇ ਗੀਤਾ ਭਵਨ ਵਿਖੇ ਸੁੱਕਾ ਤਲਾਬ ਦੇ ਨਾਲ ਲੱਗਦੀ ਥਾਂ ਵਿੱਚ ਸਫ਼ਾਈ ਕਰਵਾ ਓਥੇ ਇੰਟਰਲਾਕ ਟਾਈਲਾਂ ਲਗਾਈਆਂ ਜਾਣਗੀਆਂ ਅਤੇ ਔਰਤਾਂ ਤੇ ਮਰਦਾਂ ਲਈ ਵਾਸ਼ਰੂਮ ਬਣਾਏ ਜਾਣਗੇ।ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਉਪਰ ਵੀ ਟਰੱਸਟ ਵੱਲੋਂ 23.50 ਲੱਖ ਰੁਪਏ ਖਰਚ ਕੀਤੇ ਜਾਣਗੇ।ਇਸ ਮੌਕੇ ਉਨ੍ਹਾਂ ਨਾਲ ਸੀਨੀਅਰ ਆਪ ਆਗੂ ਕਬੀਰ ਬਹਿਲ, ਨਗਰ ਸੁਧਾਰ ਟਰਸਟ ਦੇ ਮੈਂਬਰ ਹਿਤੇਸ਼ ਮਹਾਜਨ, ਰਘੂਬੀਰ ਸਿੰਘ, ਪੀਟਰ ਮੱਟੂ, ਨੀਰਜ ਸਲਹੋਤਾਰ, ਜਗਜੀਤ ਸਿੰਘ, ਗੁਰਜੀਵ ਸਿੰਘ ਅਤੇ ਹਿੰਦੂ ਯੁਵਕ ਸਭਾ ਰਾਮ ਨਾਟਕ ਕਲੱਬ ਦੇ ਸਮੂਹ ਅਹੁਦੇਦਾਰ ਤੇ ਮੈਂਬਰ ਅਤੇ ਸ਼ਹਿਰਵਾਸੀ ਵੀ ਹਾਜ਼ਰ ਸਨ।

# ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਨੇ ਮੁਫ਼ਤ ਮੈਡੀਕਲ ਕੈਂਪ ਲਗਾਇਆ, ਸੈਂਕੜੇ ਮਰੀਜ਼ਾਂ ਨੇ ਲਿਆ ਲਾਹਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਦੇ ਨਜ਼ਦੀਕ ਪੈਂਦੇ ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਸ਼ਹਿਜ਼ਾਦਾ ਦੇ ਸਤਿਸੰਗ ਆਸ਼ਰਮ ਵੱਲੋਂ ਹੜ੍ਹਾਂ ਤੋਂ ਪ੍ਰਭਾਵਿਤ ਨਾਲ ਲੱਗਦੇ ਇਲਾਕੇ ਦੇ ਵੱਖ-ਵੱਖ ਪਿੰਡਾਂ ਦੇ ਲੋਕਾਂ ਦੀ ਸਹਾਇਤਾ ਕਰਨ ਦੇ ਮੰਤਵ ਨਾਲ ਆਸ਼ਰਮ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ।ਕੈਂਪ ਵਿੱਚ 700 ਤੋਂ ਵੱਧ ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਉਨ੍ਹਾਂ ਮਰੀਜ਼ਾਂ ਨੂੰ ਲੋੜੀਂਦੀਆਂ ਜ਼ਰੂਰੀ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ।ਇਸ ਕੈਂਪ ਮੌਕੇ ਡਾ. ਜੇ. ਐੱਸ. ਕੁਲਾਰ ਪ੍ਰੋਫੈਸਰ ਅਤੇ ਮੁਖੀ, ਐਨਾਟੋਮੀ ਵਿਭਾਗ, ਸਾਬਕਾ ਮੈਡੀਕਲ ਸੁਪਰਡੈਂਟ, ਜੀ. ਐੱਨ. ਡੀ. ਐੱਚ., ਅਤੇ ਸਾਬਕਾ ਵਾਈਸ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਵੱਲੋਂ ਆਪਣੀ ਟੀਮ ਸਮੇਤ ਪਹੁੰਚ ਕੇ ਮਰੀਜ਼ਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ। ਉਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਸੰਸਥਾ ਦੀ ਸੇਵਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਯਤਨ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਲੋੜਵੰਦਾਂ ਲਈ ਇੱਕ ਵੱਡੀ ਰਾਹਤ ਹੈ।ਇਸ ਮੌਕੇ ਡਾਕਟਰ ਕੁਲਾਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਹੜ੍ਹਾਂ ਤੋਂ ਬਾਅਦ ਦੂਸ਼ਿਤ ਪਾਣੀ ਅਤੇ ਗਿੱਲੇ ਵਾਤਾਵਰਣ ਦੇ ਸੰਪਰਕ ਵਿੱਚ ਆਉਣ ਨਾਲ ਕਈ ਗੰਭੀਰ ਸਿਹਤ ਸਮੱਸਿਆਵਾਂ ਹੋ ਸਕਦੀਆਂ ਹਨ।ਨਮੀ ਦੇ ਲਗਾਤਾਰ ਸੰਪਰਕ ਵਿੱਚ ਰਹਿਣ ਨਾਲ ਫੰਗਲ ਅਤੇ ਬੈਕਟੀਰੀਆ ਵਾਲੀ ਚਮੜੀ ਦੀ ਲਾਗ, ਖੁਜਲੀ, ਲਾਲੀ, ਛਿੱਲਣਾ ਅਤੇ ਜ਼ਖਮ ਹੋ ਸਕਦੇ ਹਨ, ਜਦੋਂ ਕਿ ਲੰਬੇ ਸਮੇਂ ਤੱਕ ਗਿੱਲੇ ਪੈਰ ਟ੍ਰੈਂਚ ਫੁੱਟ ਵਰਗੀਆਂ ਸਥਿਤੀਆਂ ਦਾ ਕਾਰਨ ਬਣ ਸਕਦੇ ਹਨ।ਡਾ. ਕੁਲਾਰ ਨੇ ਨਿੱਜੀ ਸਫਾਈ ਅਤੇ ਸਮੇਂ ਸਿਰ ਇਲਾਜ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਇਹ ਲਾਗਾਂ ਨੂੰ ਰੋਕਣ ਵਿੱਚ ਮਦਦ ਕਰ ਸਕਦਾ ਹੈ।ਮੈਡੀਕਲ ਕੈਂਪ ਦੌਰਾਨ ਡਾਕਟਰ ਸੁਖਮਨ ਕੌਰ ਖੁੱਲਰ, ਡਾ. ਹਰਪ੍ਰੀਤ ਸਿੰਘ, ਡਾ. ਰੂਪਾ, ਡਾ. ਸਿਮਰਨ, ਡਾ. ਦਿਨੇਸ਼ ਕੁਮਾਰ ਅਤੇ ਡਾ. ਵਰੁਣ ਵੱਲੋਂ ਵਧੀਆ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ ।ਉਨ੍ਹਾਂ ਦੇ ਸਮਰਪਣ ਅਤੇ ਅਣਥੱਕ ਯਤਨਾਂ ਨੇ ਕੈਂਪ ਨੂੰ ਸਫਲ ਬਣਾਇਆ।ਇਸ ਮੌਕੇ ਸਾਬਕਾ ਚੇਅਰਮੈਨ ਅਸ਼ੋਕ ਕੁਮਾਰ ਗੋਗੀ, ਰਾਜਨ ਡੋਗਰਾ, ਸੂਰਜ ਨਈਅਰ, ਰਿੰਕੂ ਮਰਵਾਹਾ, ਮਨੀਸ਼ ਅਬਰੋਲ, ਨੀਸ਼ੂ ਮਹਾਜਨ, ਨਰੇਸ਼ ਸੇਠੀ, ਹੇਮਰਾਜ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਹਾਜ਼ਰ ਸਨ ।




# ਤਿਉਹਾਰਾਂ 'ਤੇ ਸਵਦੇਸ਼ੀ ਉਤਪਾਦਾਂ ਨੂੰ ਅਪਣਾਓ : ਤਰੁਣ ਚੁੱਘ



ਛੇਹਰਟਾ, (ਮਨੋਜ ਕੁਮਾਰ)-ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਦੇ ਲਾਹੌਰੀ ਗੇਟ ਦਫ਼ਤਰ ਵਿਚ ਵੱਡੀ ਗਿਣਤੀ ਵਿਚ ਪਾਰਟੀ ਵਰਕਰਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 126ਵੇਂ 'ਮਨ ਕੀ ਬਾਤ' ਦਾ ਸਿੱਧਾ ਪ੍ਰਸਾਰਣ ਸੁਣਿਆ। ਇਸ ਮੌਕੇ ਵੀਡੀਓ ਕਾਨਫਰੰਸਿੰਗ ਰਾਹੀਂ ਸ਼ਾਮਲ ਹੋਏ ਤਰੁਣ ਚੁੱਘ ਨੇ ਨਰਾਤਿਆਂ ਮੌਕੇ ਹਰ ਪਰਿਵਾਰ ਨੂੰ 'ਵੋਕਲ ਫਾਰ ਲੋਕਲ' ਹੋਣ ਦਾ ਪ੍ਰਣ ਲੈਣ ਤੇ ਸਵਦੇਸ਼ੀ ਉਤਪਾਦਾਂ ਨੂੰ ਅਪਣਾ ਕੇ ਦੇਸ਼ ਦੀ ਸਵੈ-ਨਿਰਭਰਤਾ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਚੁੱਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਦਾ ਆਉਣ ਵਾਲੇ ਤਿਉਹਾਰਾਂ ਲਈ 'ਨੈਕਸਟ ਜਨਰੇਸ਼ਨ ਜੀਐੱਸਟੀ ਸੇਵਿੰਗਜ਼ ਫੈਸਟੀਵਲ' ਦਾ ਸੁਨੇਹਾ ਹਰ ਪਰਿਵਾਰ ਲਈ ਦੀਵਾਲੀ ਦਾ ਤੋਹਫ਼ਾ ਹੈ। ਇਹ ਨਾ ਸਿਰਫ਼ ਆਮ ਆਦਮੀ ਨੂੰ ਰਾਹਤ ਪ੍ਰਦਾਨ ਕਰੇਗਾ, ਬਲਕਿ ਛੋਟੇ ਵਪਾਰੀਆਂ ਤੇ ਕਾਰੀਗਰਾਂ ਨੂੰ ਵੀ ਨਵੀਂ ਤਾਕਤ ਪ੍ਰਦਾਨ ਕਰੇਗਾ। ਚੁੱਘ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਨੂੰ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਭਾਜਪਾ ਸਰਕਾਰ ਦੀ ਲੋੜ ਹੈ, ਜੋ ਨਸ਼ੇ ਤੇ ਭ੍ਰਿਸ਼ਟਾਚਾਰ ਨਾਲ ਲੜਦੀ ਹੈ। ਇਸ ਮੌਕੇ ਮਾਨਵ ਤਨੇਜਾ, ਸਰਬਜੀਤ ਸਿੰਘ ਸ਼ੰਟੀ, ਲਵਿੰਦਰ ਬੰਟੀ, ਸ਼ੰਕਰ ਲਾਲ, ਸੰਜੀਵ ਅਰੋੜਾ, ਅਸ਼ੋਕ ਮਨਚੰਦਾ, ਹੈਪੀ ਨਈਅਰ, ਤਰਵਿੰਦਰ ਬਿੱਲਾ, ਤੀਰਥ ਤੁਲੀ, ਨਵਦੀਪ ਭੰਡਾਰੀ, ਅਰੁਣ ਖੰਨਾ, ਬਲਦੇਵ ਸਿੰਘ ਢਿੱਲੋਂ, ਵਰਿਆਮ ਸਿੰਘ ਬਿੱਟੂ, ਅਮਰੀਸ਼ ਕਪੂਰੀਆ, ਕਰਨ ਕਪੂਰੀਆ, ਸੁਖਦੇਵ ਭਗਤ, ਵਿਸ਼ਾਲ ਆਰੀਆ, ਵਰੁਣ ਅਰੋੜਾ, ਚਿੰਟੂ ਮਹਿਰਾ, ਸੁਰਿੰਦਰ ਮਹਿਰਾ, ਲਖਵਿੰਦਰ ਸਿੰਘ ਹੁੰਦਲ, ਮਨੂੰ ਭਗਤ, ਡਾ. ਮਹਿਤਾ, ਮਹਿਲਾ ਮੋਰਚਾ ਵੱਲੋਂ ਚੰਦਰ ਪ੍ਰਭਾ, ਹਰਿਓਮ, ਅਨੂਪ ਅਰੋੜਾ, ਚੰਦਰ ਮੋਹਨ, ਪ੍ਰਭਾਤ ਮਲਹੋਤਰਾ, ਵਿਸ਼ਾਲ ਗਰੋਵਰ, ਰਾਕੇਸ਼ ਕੁਮਾਰ ਵਰਿੰਦਰ ਕੁਮਾਰ, ਰਮਨ ਮਹਿਤਾ, ਤਰੁਣ ਅਰੋੜਾ, ਹੇਮੰਤ ਪਿੰਕੀ, ਰਾਜੇਸ਼ ਮਹਿਤਾ, ਕਾਰਤਿਕ ਮਹਾਜਨ ਸ਼ਾਮਲ ਸਨ।

# ਜ਼ਿਲਾ ਪੱਧਰੀ ਖੇਡਾਂ 'ਚ ਖਾਲਸਾ ਅਕੈਡਮੀ ਮਹਿਤਾ ਚੌਕ ਦੀ ਸ਼ਾਨਦਾਰ ਜਿੱਤ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਅਕੈਡਮੀ ਦੇ ਹਾਕੀ ਵਿਦਿਆਰਥੀਆਂ ਨੇ ਹਾਕੀ ਦੇ ਮੁਕਾਬਲਿਆਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ।ਕੋਚ ਬਲਜਿੰਦਰ ਸਿੰਘ, ਮਨਮੀਤ ਸਿੰਘ ਅਤੇ ਹਰਜੀਤ ਕੌਰ ਦੀ ਅਗਵਾਈ ਹੇਠ ਖਾਲਸਾ ਅਕੈਡਮੀ ਦੀਆਂ ਵਿਦਿਆਰਥਣਾਂ ਨੇ ਅੰਡਰ 14 ਅਤੇ ਅੰਡਰ 17 ਦੇ ਮੈਚ ਜੋ ਕਿ ਖਾਲਸਾ ਕਾਲਜ ਅੰਮ੍ਰਿਤਸਰ ਵਿੱਚ ਖੇਡੇ ਜਾ ਰਹੇ ਸਨ, ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਪਹਿਲਾ ਦਰਜਾ ਹਾਸਿਲ ਕਰਕੇ ਖਾਲਸਾ ਅਕੈਡਮੀ ਦਾ ਨਾਂਅ ਰੌਸ਼ਨ ਕੀਤਾ।ਅੰਡਰ 14 ਦੀਆਂ ਅੱਠ ਲੜਕੀਆਂ ਅਤੇ ਅੰਡਰ 17 ਦੀਆਂ ਅੱਠ ਲੜਕੀਆਂ ਸਟੇਟ ਲੈਵਲ ਤੇ ਸਲੈਕਟ ਕੀਤੀਆਂ ਗਈਆਂ ਅਤੇ ਹੁਣ ਇਹ ਸਟੇਟ ਲੈਵਲ ਦਾ ਮੈਚ ਖੇਡਣਗੀਆਂ।ਅੰਡਰ 17 ਦੇ ਲੜਕੇ ਜੋ ਗਵਰਮੈਂਟ ਸਕੂਲ ਅੰਮ੍ਰਿਤਸਰ ਵਿਖੇ ਖੇਡੇ ਜਾ ਰਹੇ ਹਾਕੀ ਦੇ ਮੈਚ ਵਿੱਚੋਂ ਜਿੱਤ ਕੇ ਤੀਜਾ ਸਥਾਨ ਹਾਸਿਲ ਕਰਕੇ ਟੀਮ ਅਤੇ ਸਕੂਲ ਦਾ ਨਾਂ ਰੌਸ਼ਨ ਕੀਤਾ।ਇਨ੍ਹਾਂ ਲੜਕਿਆਂ ਦੀ ਟੀਮ ਵਿੱਚੋਂ ਕੁੱਲ ਚਾਰ ਲੜਕਿਆਂ ਦੀ ਚੋਣ ਸਟੇਟ ਲੈਵਲ 'ਤੇ ਵੀ ਕੀਤੀ ਗਈ ਜੋ ਕਿ ਸਟੇਟ ਲੈਵਲ ਤੇ ਖੇਡ ਕੇ ਸਕੂਲ ਦਾ ਨਾਮ ਰੌਸ਼ਨ ਕਰਨਗੇ।ਸਕੂਲ ਪੁੱਜਣ 'ਤੇ ਬੱਚਿਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਪ੍ਰਿੰਸੀਪਲ ਨੇ ਹੋਰਨਾਂ ਬੱਚਿਆਂ ਨੂੰ ਵੀ ਖੇਡਾਂ ਪ੍ਰਤੀ ਦਿਲਚਸਪੀ ਵਧਾਉਣ ਲਈ ਕਿਹਾ। ਇਸ ਮੌਕੇ ਡਾਇਰੈਕਟਰ ਪ੍ਰਿੰ. ਡਾ. ਜਤਿੰਦਰ ਸਰਮਾ, ਪ੍ਰਿੰ: ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰ: ਹਰਸ਼ਦੀਪ ਸਿੰਘ ਰੰਧਾਵਾ, ਹਾਕੀ ਕੋਚ ਬਲਜਿੰਦਰ ਸਿੰਘ ਰੰਧਾਵਾ, ਕੋਚ ਮਨਮੀਤ ਸਿੰਘ, ਕੋਚ ਹਰਜੀਤ ਕੌਰ ਅਤੇ ਸਮੂਹ ਅਧਿਆਪਕ ਸਾਹਿਬਾਨ ਨੇ ਜੇਤੂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।




# 4 ਕਿੱਲੋ ਹੈਰੋਇਨ ਸਮੇਤ 2 ਵਿਅਕਤੀ ਗ੍ਰਿਫ਼ਤਾਰ

ਅੰਮ੍ਰਿਤਸਰ, (ਨਰਿੰਦਰ ਜੀਤ ਸਿੰਘ)-ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਦੋ ਵਿਅਕਤੀਆਂ ਨੂੰ 4 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਪਾਕਿਸਤਾਨ ਨਾਲ ਸਬੰਧਤ ਸਰਹੱਦ ਪਾਰੋਂ ਨਸ਼ਾ ਤਸਕਰੀ ਦੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ।ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਅਟਾਰੀ ਦੇ ਵਸਨੀਕ ਆਕਾਸ਼ਦੀਪ ਸਿੰਘ ਉਰਫ਼ ਟੋਨੀ ਅਤੇ ਅੰਮ੍ਰਿਤਸਰ ਦੇ ਬਾਸਰਕੇ ਭੈਣੀ ਦੇ ਵਸਨੀਕ ਪਵਨਬੀਰ ਸਿੰਘ ਵਜੋਂ ਹੋਈ ਹੈ।ਹੈਰੋਇਨ ਬਰਾਮਦ ਕਰਨ ਤੋਂ ਇਲਾਵਾ ਪੁਲਸ ਟੀਮਾਂ ਨੇ ਉਨ੍ਹਾਂ ਦਾ ਹੀਰੋ ਸਪਲੈਂਡਰ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਹੈ, ਜਿਸਦੀ ਵਰਤੋਂ ਉਹ ਖੇਪ ਪਹੁੰਚਾਉਣ ਲਈ ਕਰਦੇ ਸਨ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਪਾਕਿਸਤਾਨ ਅਧਾਰਤ ਤਸਕਰ ਰਾਣਾ ਕਿੰਗ, ਜੋ ਸਰਹੱਦ ਪਾਰੋਂ ਨਸ਼ਿਆਂ ਦੀ ਖੇਪ ਸੁੱਟਣ ਲਈ ਡਰੋਨ ਦੀ ਵਰਤੋਂ ਕਰ ਰਿਹਾ ਹੈ, ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ।ਉਨ੍ਹਾਂ ਦੱਸਿਆ ਕਿ ਸੀਆਈ ਅੰਮ੍ਰਿਤਸਰ ਦੀਆਂ ਟੀਮਾਂ ਨੂੰ ਕਿਸੇ ਵੱਲੋਂ ਸਰਹੱਦੀ ਖੇਤਰ ਤੋਂ ਵੱਡੀ ਮਾਤਰਾ ਵਿੱਚ ਨਸ਼ਿਆਂ ਦੀ ਖੇਪ ਹਾਸਲ ਕਰਨ ਬਾਰੇ ਠੋਸ ਜਾਣਕਾਰੀ ਮਿਲੀ ਸੀ।ਸੀਆਈ ਅੰਮ੍ਰਿਤਸਰ ਦੀ ਪੁਲਸ ਟੀਮ ਨੇ ਜਾਲ ਵਿਛਾਇਆ ਅਤੇ ਦੋਵਾਂ ਮੁਲਜ਼ਮਾਂ ਨੂੰ ਮੰਨੂ ਹਸਪਤਾਲ ਨੇੜੇ ਛੇਹਰਟਾ-ਸੰਨ੍ਹ ਸਾਹਿਬ ਰੋਡ ਅੰਮ੍ਰਿਤਸਰ ਵਿਖੇ ਉਸ ਵੇਲੇ ਘੇਰਾ ਪਾ ਲਿਆ, ਜਦੋਂ ਉਹ ਛੇਹਰਟਾ ਖੇਤਰ ਵਿੱਚ ਦੂਜੀ ਧਿਰ ਨੂੰ ਖੇਪ ਪਹੁੰਚਾਉਣ ਜਾ ਰਹੇ ਸਨ।ਡੀਜੀਪੀ ਨੇ ਕਿਹਾ ਕਿ ਪੂਰੇ ਮਾਡਿਊਲ ਨੂੰ ਬੇਨਕਾਬ ਕਰਨ ਲਈ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਇਆ ਜਾ ਰਿਹਾ ਹੈ।ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।ਇਸ ਸਬੰਧੀ ਪੁਲਸ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐੱਸਐੱਸਓਸੀ), ਅੰਮ੍ਰਿਤਸਰ ਵਿਖੇ ਐੱਨਡੀਪੀਐੱਸ ਐਕਟ ਦੀਆਂ ਧਾਰਾਵਾਂ 21, 25 ਅਤੇ 29 ਤਹਿਤ ਐੱਫਆਈਆਰ ਨੰਬਰ 53 ਮਿਤੀ 28-09-2025 ਦਰਜ ਕੀਤੀ ਗਈ ਹੈ।




# ਅਧਿਆਪਕਾਂ ਨੇ ਹੜ੍ਹ ਪ੍ਰਭਾਵਿਤ ਵਿਦਿਆਰਥੀਆਂ ਨੂੰ ਸਕੂਲ ਬੈਗ ਤੇ ਸਟੇਸ਼ਨਰੀ ਵੰਡੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਹੜ੍ਹਾਂ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਡੇਰਾ ਬਾਬਾ ਨਾਨਕ ਖੇਤਰ ਦੇ ਨਾਲ ਲੱਗਦੇ ਵੱਖ-ਵੱਖ ਪਿੰਡਾਂ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੀ ਮਦਦ ਕਰਨ ਲਈ ਜਿੱਥੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ, ਵੱਖ-ਵੱਖ ਜਥੇਬੰਦੀਆਂ ਵੱਲੋਂ ਕੰਮ ਕੀਤਾ ਜਾ ਰਿਹਾ ਹੈ, ਉਥੇ ਉਨ੍ਹਾਂ ਵਿਦਿਆਰਥੀਆਂ ਦੀ ਸਹਾਇਤਾ ਕਰਨ ਲਈ ਅਧਿਆਪਕ ਵਰਗ ਵੀ ਅੱਗੇ ਆਇਆ ਹੈ ।ਇਸ ਉਤਮ ਕਾਰਜ ਵਿੱਚ ਹਿੱਸਾ ਪਾਉਂਦੇ ਹੋਏ ਅਧਿਆਪਕ ਵਰਗ ਵੱਲੋਂ ਹੈੱਡਮਾਸਟਰ ਹਰਭਜਨ ਲਾਲ ਤੇਜਾ ਕਲਾਂ ਦੀ ਅਗਵਾਈ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਜੌੜੀਆਂ ਕਲਾਂ, ਸਰਕਾਰੀ ਪ੍ਰਾਇਮਰੀ ਸਕੂਲ ਮਹਾਲ ਨੰਗਲ, ਸਰਕਾਰੀ ਪ੍ਰਾਇਮਰੀ ਸਕੂਲ ਬਹਿਲੋਲਪੁਰ ਦੇ 150 ਦੇ ਕਰੀਬ ਵਿਦਿਆਰਥੀਆਂ ਨੂੰ ਸਕੂਲ ਬੈਗ ਤੇ ਸਟੇਸ਼ਨਰੀ ਵੰਡੀ ਗਈ।ਇਸ ਮੌਕੇ ਮਾਸਟਰ ਹਰਭਜਨ ਲਾਲ ਨੇ ਕਿਹਾ ਕਿ ਹੜ੍ਹ ਦੇ ਪਾਣੀ ਨਾਲ ਵਿਦਿਆਰਥੀਆਂ ਦੀਆਂ ਕਾਪੀਆਂ, ਕਿਤਾਬਾਂ ਤੇ ਬੈਗ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ, ਜਿਸ ਕਰਕੇ ਵਿਦਿਆਰਥੀਆਂ ਨੂੰ ਪੜ੍ਹਾਈ ਕਰਨ ਲਈ ਬਹੁਤ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਅਸੀਂ ਸਮੂਹ ਅਧਿਆਪਕਾਂ ਨੇ ਫੈਸਲਾ ਕੀਤਾ ਹੈ ਕਿ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਨਹੀਂ ਹੋਣ ਦਿੱਤਾ ਜਾਵੇਗਾ, ਸੋ ਬੱਚਿਆਂ ਦੀ ਪੜ੍ਹਾਈ ਨੂੰ ਧਿਆਨ ਵਿੱਚ ਰੱਖਦਿਆਂ ਅਧਿਆਪਕ ਵਰਗ ਵੱਲੋਂ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਕੂਲ ਬੈਗ ਤੇ ਸਟੇਸ਼ਨਰੀ ਵੰਡੀ ਗਈ ਹੈ।ਉਨ੍ਹਾਂ ਕਿਹਾ ਕਿ ਅਧਿਆਪਕ ਵਰਗ ਵੱਲੋਂ ਪਹਿਲਾਂ ਵੀ ਹੜ੍ਹਾਂ ਦੌਰਾਨ ਵੱਖ-ਵੱਖ ਪਿੰਡਾਂ ਦੇ ਹੜ੍ਹ ਪ੍ਰਭਾਵਿਤ ਲੋੜਵੰਦ ਲੋਕਾਂ ਨੂੰ ਰਾਹਤ ਸਮੱਗਰੀ ਪਹੁੰਚਾਈ ਗਈ ਸੀ। ਇਸ ਮੌਕੇ ਸਰਕਾਰੀ ਪ੍ਰਾਇਮਰੀ ਸਕੂਲ ਜੌੜੀਆਂ ਕਲਾਂ ਦੇ ਸਕੂਲ ਇੰਚਾਰਜ ਮੈਡਮ ਮਮਤਾ ਸ਼ਰਮਾ ਨੇ ਸਕੂਲ ਵਿਦਿਆਰਥੀਆਂ ਨੂੰ ਸਕੂਲ ਬੈਗ ਅਤੇ ਤੇ ਸਟੇਸ਼ਨਰੀ ਦੇਣ ਤੇ ਸਮੂਹ ਅਧਿਆਪਕਾਂ ਦਾ ਧੰਨਵਾਦ ਕੀਤਾ ।



ਇਸ ਮੌਕੇ ਮਾਸਟਰ ਪਲਵਿੰਦਰ ਸਿੰਘ, ਦਲਜੀਤ ਸਿੰਘ ਖਾਲਸਾ ਮੁੱਖ ਅਧਿਆਪਕ ਖਾਨੋਵਾਲ, ਰਾਜ ਕੁਮਾਰ ਮੈਥ ਮਾਸਟਰ ਠੇਠਰਕੇ, ਸੰਜੀਵ ਮਹਿਤਾ ਕੰਪਿਊਟਰ ਮਾਸਟਰ ਤੇਜਾ ਕਲਾਂ, ਤੇਜਿੰਦਰ ਸਿੰਘ ਵਿਰਦੀ ਪੰਜਾਬੀ ਮਾਸਟਰ ਤੇਜਾ ਕਲਾਂ, ਮੈਡਮ ਜੋਗਿਤਾ ਆਦਿ ਹਾਜ਼ਰ ਸਨ ।

# 'ਯੁਵਾ ਪਰਿਵਾਰ ਸੇਵਾ ਸਮਿਤੀ' ਵੱਲੋਂ ਪ੍ਰੋਗਰਾਮ ਆਯੋਜਿਤ

ਤਰਨ ਤਾਰਨ, (ਪ੍ਰਿਤਪਾਲ ਸਿੰਘ)-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਤਰਨ ਤਾਰਨ ਵੱਲੋਂ 'ਯੁਵਾ ਪਰਿਵਾਰ ਸੇਵਾ ਸਮਿਤੀ' ਦੁਆਰਾ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਗੁਰਮੁਖ ਵੀਰ ਜਗਜੀਤ ਸਿੰਘ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਯੁਵਾ ਅਵਸਥਾ ਜੀਵਨ ਦੀ ਸਭ ਤੋਂ ਨਾਜ਼ੁਕ ਅਵਸਥਾ ਹੁੰਦੀ ਹੈ।



ਨੌਜਵਾਨਾਂ ਦਾ ਮਨ ਅਤੇ ਭਾਵਨਾ ਗਿੱਲੀ ਮਿੱਟੀ ਵਾਂਗ ਹੁੰਦੇ ਹਨ, ਜਿਨ੍ਹਾਂ ਉਤੇ ਨਿਸ਼ਾਨ ਆਸਾਨੀ ਨਾਲ ਪੈ ਜਾਂਦੇ ਹਨ।ਉਨ੍ਹਾਂ ਨੇ ਕਿਹਾ ਕਿ ਨੌਜਵਾਨਾਂ ਦੀ ਊਰਜਾ ਅੱਜ ਸਹੀ ਦਿਸ਼ਾ ਵਿੱਚ ਨਾ ਹੋਣ ਕਾਰਨ ਗਲਤ ਪਾਸੇ ਮੁੜ ਰਹੀ ਹੈ। ਅੱਗੇ ਵਧਣ ਦੀ ਦੌੜ ਕਈ ਵਾਰ ਉਨ੍ਹਾਂ ਨੂੰ ਨਾਜਾਇਜ਼ ਕੰਮਾਂ ਵੱਲ ਧੱਕ ਰਹੀ ਹੈ।ਇਸ ਲਈ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਦੀ ਜ਼ਿੰਮੇਵਾਰੀ ਸਾਰੇ ਸਮਾਜ ਦੀ ਹੈ।ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਨੌਜਵਾਨਾਂ ਦੀਆਂ ਬੇਅੰਤ ਸੰਭਾਵਨਾਵਾਂ ਨਸ਼ੇ ਦੀ ਭੇਟ ਚੜ੍ਹਦੀਆਂ ਜਾ ਰਹੀਆਂ ਹਨ।ਸ਼ਰਾਬ, ਗੋਲੀਆਂ, ਟੀਕਿਆਂ ਅਤੇ ਹੋਰ ਨਸ਼ਿਆਂ ਦੀ ਲਤ ਨੌਜਵਾਨੀ ਨੂੰ ਤਬਾਹ ਕਰ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਜਿਹੜੇ ਨੌਜਵਾਨ ਕਦੇ ਇਲਾਹੀ ਤਰਾਨੇ ਗਾ ਕੇ ਕੁਰਬਾਨੀਆਂ ਦੇਣ ਵਾਲੇ ਸਨ, ਉਹੀ ਅੱਜ ਨਸ਼ਿਆਂ ਦੇ ਗ਼ੁਲਾਮ ਬਣਦੇ ਜਾ ਰਹੇ ਹਨ।ਇਹ ਸਮਾਜ ਅਤੇ ਦੇਸ਼ ਲਈ ਵੱਡੀ ਚਿੰਤਾ ਦਾ ਵਿਸ਼ਾ ਹੈ।ਇਸ ਲਈ ਉਨ੍ਹਾਂ ਨੇ ਨੌਜਵਾਨਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉੱਠੋ, ਜਾਗੋ ਅਤੇ ਮੁੜ ਆਪਣੇ ਮਹਾਨ ਵਿਰਸੇ ਦੇ ਅਸਲੀ ਵਾਰਿਸ ਬਣੋ।

29-Sep-PAGE-12.qxd 9/28/2025 10:55 PM Page 1



**ਜਨਮ ਦਿਨ ਮੁਬਾਰਕ**



ਯਾਸ਼ਿਕਾ, ਸੰਗਰੂਰ

## ਸਾਵਿਤਰੀ ਠਾਕੁਰ ਨੇ ਹੜ੍ਹ ਪ੍ਰਭਾਵਤ ਪਿੰਡਾਂ ਦਾ ਕੀਤਾ ਦੌਰਾ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਪੰਜਾਬ ਵਿੱਚ ਹੜ੍ਹਾਂ ਦੇ ਕਾਰਨ ਹੋਏ ਨੁਕਸਾਨ ਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਪੂਰੀ ਨਜ਼ਰ ਹੈ ਅਤੇ ਹੋਏ ਇਸ ਨੁਕਸਾਨ ਦੀ ਪੂਰਤੀ ਲਈ ਕੇਂਦਰ ਸਰਕਾਰ ਵੱਲੋਂ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤ ਸਰਕਾਰ ਬਾਲ ਵਿਕਾਸ ਮੰਤਰਾਲਾ ਦੇ ਕੇਂਦਰੀ ਵਜ਼ੀਰ ਸਾਵਿਤਰੀ ਠਾਕੁਰ ਨੇ ਵਿਧਾਨ ਸਭਾ ਹਲਕਾ ਟਾਂਡਾ ਦੇ ਹੜ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਨ ਸਮੇਂ ਕੀਤਾ। ਸੀਨੀਅਰ ਭਾਜਪਾ ਆਗੂ ਅਤੇ ਪਲੈਨਿੰਗ ਬੋਰਡ ਹੁਸ਼ਿਆਰਪੁਰ ਦੇ ਸਾਬਕਾ ਚੇਅਰਮੈਨ ਜਵਾਹਰਲਾਲ ਖੁਰਾਣਾ ਦੇ ਯਤਨਾ ਸਦਕਾ ਟਾਂਡਾ ਦੇ ਬੇਟ ਖੇਤਰ ਬਿਆਸ ਦਰਿਆ ਦੇ ਨਾਲ ਲੱਗਦੇ ਪਿੰਡ ਅਬਦੁੱਲਾਪੁਰ, ਫਤਾ ਕੁਲਾ ਤੇ ਗੰਧੋਵਾਲ ਦਾ ਦੌਰਾ ਕਰਨ ਉਪਰੰਤ ਉਨਾਂ ਇੱਕ ਜਨ ਸਭਾ ਨੂੰ ਸੰਬੋਧਨ ਕਰਦੇ ਹੋਏ ਕਿਹਾ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਪੰਜਾਬ ਦੇ ਹੜ ਪ੍ਰਭਾਵਿਤ ਇਲਾਕਿਆਂ ਦੇ ਦੌਰੇ ਦੌਰਾਨ 1400 ਕਰੋੜ ਰੁਪਏ ਮਦਦ ਵਜੋਂ ਐਲਾਨ ਕੀਤੇ ਹਨ ਜੋ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ ਦਿੱਤਾ ਜਾਵੇਗਾ। ਇਸ ਮੌਕੇ ਇਕੱਤਰ ਹੋਏ ਵੱਖ ਵੱਖ ਪਿੰਡਾਂ ਦੇ ਲੋਕਾਂ ਨੇ ਸਾਬਕਾ ਚੇਅਰਮੈਨ ਜਵਾਹਰ ਲਾਲ ਖੁਰਾਣਾ ਦੀ ਅਗਵਾਈ ਵਿੱਚ ਕੇਂਦਰੀ ਮੰਤਰੀ ਨੂੰ ਮੰਗ ਪੱਤਰ ਵੀ ਸੌਂਪਿਆ ਜਿਸ ਵਿੱਚ ਇਲਾਕਾ ਨਿਵਾਸੀਆਂ ਨੇ ਮੰਗ ਕੀਤੀ ਕਿ ਹੜਾ ਕਾਰਨ ਨੁਕਸਾਨੀਆਂ ਗਈਆਂ ਸੜਕਾਂ, ਅਬਦੁੱਲਾਪੁਰ ਦੀ ਸਕੂਲ ਬਿਲਡਿੰਗ ਕੀ ਹਾਲਤ



ਸੁਧਾਰੀ ਜਾਵੇ ਇਸ ਤੋਂ ਇਲਾਵਾ ਦਰਿਆ ਵਿਚਲੀ ਜਮੀਨ ਪੱਧਰੀ ਕਰਕੇ ਦਰਿਆ ਦੇ ਵਹਾਅ ਨੂੰ ਸਹੀ ਕੀਤਾ ਜਾਵੇ, ਬਿਆਸ ਦਰਿਆ ਵੱਲੋਂ ਕਿਸਾਨਾਂ ਦੀ ਜਮੀਨਾਂ ਨੂੰ ਲਗਾਏ ਜਾ ਰਹੇ ਖੋਰੇ ਨੂੰ ਬੰਦ ਕਰਨ ਲਈ ਢੁਕਵੇ ਪ੍ਰਬੰਧ ਕੀਤੇ ਜਾਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਡੀ.ਐਮ ਟਾਂਡਾ ਪਰਮਪ੍ਰੀਤ ਸਿੰਘ, ਜ਼ਿਲ੍ਹਾ ਪ੍ਰਧਾਨ ਭਾਜਪਾ ਅਜੇ ਕੌਸ਼ਲ ਸੇਠੂ, ਮੰਡਲ ਪ੍ਰਧਾਨ ਟਾਂਡਾ ਸ਼ਾਲੂ ਜਹੂਰਾ, ਮੰਡਲ ਪ੍ਰਧਾਨ ਕੰਧਾਲਾ ਜੱਟਾਂ ਚਰਨਜੀਤ ਸਿੰਘ ਲਾਡੀ, ਸਰਪੰਚ ਦੀਦਾਰ ਸਿੰਘ ਆਦਿ ਵੀ ਹਾਜ਼ਰ ਸਨ।

## ਕੁਲਵੰਤ ਸਿੰਘ ਨੇ ਧਾਰਮਿਕ ਸਮਾਗਮ 'ਚ ਕੀਤੀ ਸ਼ਮੂਲੀਅਤ



**ਮੋਹਾਲੀ (ਗੁਰਜੀਤ ਬਿੱਲਾ)**-ਭਾਈ ਲਾਲੋ ਜੀ ਦੇ ਜੀਵਨ ਅਤੇ ਉਨਾਂ ਦੁਆਰਾ ਦਿੱਤੀਆਂ ਗਈਆਂ ਸਿੱਖਿਆਵਾਂ ਨੂੰ ਅੱਜ ਹਰ ਇੱਕ ਮਨੁੱਖ ਨੂੰ ਆਪਣੇ ਜੀਵਨ ਵਿੱਚ ਢਾਲਣਾ ਚਾਹੀਦਾ ਹੈ। ਇਹ ਗੱਲ ਵਿਧਾਇਕ ਕੁਲਵੰਤ ਸਿੰਘ ਨੇ ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਭਾਈ ਲਾਲੋ ਜੀ ਦੇ ਜਨਮ ਦਿਹਾੜੇ ਦੇ ਮੌਕੇ ਤੇ ਸਾਨੂੰ ਸਭਨਾਂ ਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਕਿਰਤ ਕਰੋ ਅਤੇ ਵੰਡ ਛਕੋ ਤੇ ਅਮਲ ਕਰਨ ਦੇ ਲਈ ਹੋਰਨਾਂ ਨੂੰ ਵੀ ਪ੍ਰੇਰਨਾ ਦੇ ਦੇਣ ਦਾ ਉਪਰਾਲਾ ਹਰ ਹੀਲੇ ਕੀਤਾ ਜਾਵੇ, ਵਿਧਾਇਕ ਮੋਹਾਲੀ- ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ। ਸਵੇਰ ਵੇਲੇ ਰਾਮਗੜ੍ਹੀਆ ਭਵਨ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਭਾਈ ਪੁਰਸ਼ੋਤਮ ਸਿੰਘ ਜੀ ਅਤੇ ਸਾਥੀਆਂ ਨੇ ਕੀਰਤਨ ਕੀਤਾ ਅਤੇ ਕਥਾ ਵਿਚਾਰ ਭਾਈ ਬਲਿਹਾਰ ਸਿੰਘ (ਹੈਡ ਗ੍ਰੰਥੀ), ਜਦਕਿ ਇਸਤਰੀ ਸਤਸੰਗ ਜਥੇ ਵੱਲੋਂ ਵੀ ਕੀਰਤਨ ਰਾਹੀਂ ਗੁਰ ਵਿਚਾਰਾਂ ਦੇ ਜਰੀਏ ਸੰਗਤਾਂ ਨੂੰ ਨਿਹਾਲ ਕੀਤਾ।

## ਗਲੋਬਲ ਵਾਰਮਿੰਗ ਦੀ ਸਮੱਸਿਆ ਦਾ ਹੱਲ ਸ੍ਰੀ ਗੁਰੂ ਨਾਨਕ ਦੇਵ ਦੇ ਸੁਨੇਹੇ 'ਚ : ਸੀਚੇਵਾਲ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵਿਸ਼ਵ ਦਰਿਆ ਦਿਵਸ ਦੀ ਪੂਰਬ ਸੰਧਿਆ 'ਤੇ ਸੁਨੇਹਾ ਦਿੰਦਿਆ ਕਿਹਾ ਕਿ ਹਜ਼ਾਰਾਂ ਸਾਲ ਪਹਿਲਾਂ ਦੁਨੀਆਂ ਦੀਆਂ ਸੱਭਿਆਤਾਵਾਂ ਦਾ ਵਿਕਾਸ ਦਰਿਆਵਾਂ ਕਿਨਾਰੇ ਹੀ ਹੋਇਆ ਸੀ। ਸਾਫ਼ ਸੁਥਰੇ ਦਰਿਆ ਹਰ ਦੇਸ਼ ਦੀ ਵਿਰਾਸਤ ਹੁੰਦੇ ਹਨ। ਮੌਸਮ ਦੇ ਵਿਗੜੇ ਮਿਜਾਜ਼ ਕਾਰਨ ਜੋ ਹੜ੍ਹ ਆਏ ਹਨ ਉਸ ਨੇ ਮੂੰਹ ਜ਼ੋਰ ਹੋਏ ਦਰਿਆਵਾਂ ਦੇ ਵਿਕਰਾਲ ਰੂਪ ਨੂੰ ਦਿਖਾਇਆ ਹੈ। ਦੁਨੀਆਂ ਵਿੱਚ ਪੰਜਾਬ ਵਰਗੀ ਧਰਤੀ ਕਿਧਰੇ ਵੀ ਨਹੀਂ ਹੈ ਜਿੱਥੇ ਪੰਜ ਦਰਿਆ ਵਗਦੇ ਹੋਣ ਤੇ ਸੂਬੇ ਦਾ ਨਾਂਅ ਦੇ ਅਰਥ ਵੀ ਪੰਜ ਪਾਣੀਆਂ ਨਾਲ ਭਾਵ ਕਿ ਪੰਜਾਂ ਦਰਿਆਵਾਂ ਨਾਲ ਜੁੜਦੇ ਹਨ। ਪਰ ਅੱਜ ਦੁਨੀਆ ਭਰ ਵਿੱਚ ਵਗਦੇ ਦਰਿਆਵਾਂ ਦੀ ਹੋਂਦ ਖ਼ਤਰੇ ਵਿੱਚ ਪਈ ਹੋਈ। ਕਿਉਂਕਿ ਜਿੱਥੇ ਇਨ੍ਹਾਂ ਤੇ ਨਜ਼ਾਇਜ਼ ਕਬਜ਼ੇ ਹੋ ਰਹੇ ਹਨ ਉੱਥੇ ਹੀ ਇਨ੍ਹਾਂ ਕੁਦਰਤੀ ਸਰੋਤਾਂ ਵਿੱਚ ਬੇਹਤਾਸ਼ਾ ਜ਼ਹਿਰੀਲਾ ਤੇ ਗੰਦਾ ਪਾਣੀ ਪਾਇਆ ਜਾ ਰਿਹਾ ਹੈ।ਸਾਲ 2025 ਵਿੱਚ ਜਿਹੜਾ ਕੌਮਾਂਤਰੀ ਪੱਧਰ 'ਤੇ ਦਰਿਆ ਦਿਵਸ ਮਨਾਇਆ ਜਾ ਰਿਹਾ ਹੈ ਉਸ ਦਾ ਨਾਅਰਾ ਵੀ ਸਮੁੰਦਰ ਤੋਂ ਸਰੋਤ ਤੱਕ-ਨਦੀ ਸਾਨੂੰ ਸਾਰਿਆਂ ਨੂੰ ਜੋੜਦੀ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਅੱਜ ਦੁਨੀਆਂ ਭਰ ਵਿੱਚ ਦਰਿਆਵਾਂ ਅਤੇ ਨਦੀਆਂ ਦੇ ਸੁੱਕਣ ਦਾ ਡਰ ਸਤਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਸਾਰੀਆਂ ਨਦੀਆਂ ਹੀ ਪਲੀਤ ਹੋ ਚੁੱਕੀਆਂ ਹਨ। ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦਾ ਵੀ ਫ਼ੈਸਲਾ ਕੀਤਾ ਹੋਇਆ ਹੈ ਕਿ 25 ਤੋਂ 30 ਫ਼ੀਸਦੀ ਤੱਕ ਪਾਣੀ ਦਰਿਆਵਾਂ ਵਿੱਚ ਵੱਗਣਾ ਲਾਜ਼ਮੀ ਕਰਾਰ ਦਿੱਤਾ ਹੋਇਆ ਹੈ। ਉਹਨਾਂ ਦੱਸਿਆ ਕਿ ਗਲੋਬਲ ਵਾਰਮਿੰਗ ਦਾ ਸਰਲ ਸ੍ਰੀ ਗੁਰੂ ਨਾਨਕ ਦੇਵ ਜੀ ਬਾਣੀ ਵਿੱਚ ਮੌਜੂਦ ਹੈ। ਉਹਨਾਂ ਕਿਹਾ ਗੁਰੂ ਨਾਨਕ ਦੇਵ ਜੀ ਨੇ ਸਾਨੂੰ ਬਹੁਤ ਹੀ ਸਰਲ ਭਾਸ਼ਾ ਵਿੱਚ ਕੁਦਰਤ ਨਾਲ ਇੱਕਮਿਕ ਹੋ ਕੇ ਜੀਵਨ ਬਤੀਤ ਕਰਨ ਲਈ ਪ੍ਰੇਰਿਆ ਹੈ।ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਦਰਿਆਵਾਂ ਦੇ ਵਹਾਅ ਨੂੰ ਵੱਡੇ-ਵੱਡੇ ਡੈਮ ਬਣਾ ਕੇ ਰੋਕਿਆ ਜਾ ਰਿਹਾ ਹੈ। ਹਾਲਾਂ ਕਿ ਡੈਮ ਬਣਾਉਣ ਦੇ ਪਿੱਛੇ ਇੱਕ ਮੰਤਵ ਇਹ ਸੀ ਕਿ ਡੈਮ ਹੜ੍ਹਾਂ ਨੂੰ ਰੋਕਣ ਜਾਂ ਘਟਾਉਣ ਵਿਚ ਸਹਾਈ ਹੁੰਦੇ ਹਨ। ਜ਼ਿਕਰਯੋਗ ਹੈ ਕਿ ਡੈਮਾਂ ਦੇ ਮਾਹਿਰਾਂ ਦਾ ਮੰਨਣਾ ਹੈ ਕਿ ਪੰਜਾਬ ਵਿੱਚ ਜੋ ਹਲਾਤ ਬਣੇ ਹਨ ਉਹ ਡੈਮਾਂ ਵਿੱਚ ਭੰਡਾਰ ਕੀਤੇ ਗਏ ਪਾਣੀ ਨੂੰ ਸਮੇਂ ਸਿਰ ਰਿਲੀਜ਼ ਨਾ ਕਾਰਨ ਬਣੇ ਹਨ। ਇਸੇ ਕਾਰਨ ਦਰਿਆਵਾਂ ਦੇ ਸ਼ੂਕਦੇ ਪਾਣੀਆਂ ਨੇ ਵੱਡੀ ਪੱਧਰ 'ਤੇ ਤਬਾਹੀ ਮਚਾਈ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਕੌਮਾਂਤਰੀ ਪੱਧਰ 'ਤੇ ਮਨਾਏ ਜਾ ਰਹੇ ਦਰਿਆਂ ਦਿਵਸ ਦਾ ਭਾਵ ਇੰਨ੍ਹਾਂ ਦਰਿਆਵਾਂ ਨੂੰ ਇੱਕ ਦਿਨ ਯਾਦ ਕਰਨਾ ਨਹੀਂ ਹੁੰਦਾ। ਸਗੋਂ ਸਾਲ ਦੇ 365 ਦਿਨ ਹੀ ਦਰਿਆ ਸਾਡੀ ਸੋਚ ਤੇ ਹਕੀਕਤਾਂ ਵਿੱਚ ਵਗਣੇ ਚਾਹੀਦੇ ਹਨ।



## ਪੰਜਾਬ ਪੁਲਸ ਵੱਲੋਂ ਸੰਗਠਿਤ ਅਪਰਾਧਾਂ ਦੀ ਰਿਪੋਰਟ ਕਰਨ ਲਈ ਹੈਲਪਲਾਈਨ ਦੀ ਸ਼ੁਰੂਆਤ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਾਗਰਿਕਾਂ ਨੂੰ ਸਸ਼ਕਤ ਬਣਾਉਣ ਅਤੇ ਸੰਗਠਿਤ ਅਪਰਾਧ ਵਿਰੁੱਧ ਜੰਗ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ, ਡਾਇਰੈਕਟਰ ਜਨਰਲ ਆਫ ਪੁਲਿਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਨਾਗਰਿਕਾਂ ਲਈ ਇੱਕ ਸਮਰਪਿਤ ਟੋਲ-ਫ੍ਰੀ ਹੈਲਪਲਾਈਨ 1800-330-1100 ਦੀ ਸ਼ੁਰੂਆਤ ਕੀਤੀ ਤਾਂ ਜੋ ਉਹ ਡਰਾਉਣ-ਧਮਕਾਉਣ, ਜਬਰੀ ਵਸੂਲੀ ਅਤੇ ਗੈਂਗਸਟਰ ਨਾਲ ਸਬੰਧਤ ਗਤੀਵਿਧੀਆਂ ਸਮੇਤ ਸੰਗਠਿਤ ਅਪਰਾਧਾਂ ਦੀ ਗੁਪਤ ਰੂਪ ਵਿੱਚ ਰਿਪੋਰਟ ਕਰ ਸਕਣ।

ਜ਼ਿਕਰਯੋਗ ਹੈ ਕਿ ਇਹ ਹੈਲਪਲਾਈਨ ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਵੱਲੋਂ ਨਾਗਰਿਕਾਂ ਨੂੰ ਸੰਗਠਿਤ ਅਪਰਾਧ ਦੀ ਰਿਪੋਰਟ ਕਰਨ ਲਈ ਇੱਕ ਸਿੱਧਾ ਅਤੇ ਗੁਪਤ ਚੈਨਲ ਪ੍ਰਦਾਨ ਕਰਨ ਲਈ ਸ਼ੁਰੂ ਕੀਤੀ ਗਈ ਹੈ।

ਹੈਲਪਲਾਈਨ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ, ਡੀ ਜੀ ਪੀ ਨੇ ਇਸ ਦੀ ਸ਼ੁਰੂਆਤ ਦੌਰਾਨ 1800-330-1100 'ਤੇ ਇੱਕ ਟ੍ਰਾਇਲ ਕਾਲ ਕੀਤੀ ਅਤੇ ਇਸ ਨਵੀਂ ਪ੍ਰਣਾਲੀ ਦੇ ਕੰਮਕਾਜ ਨੂੰ ਸਮਝਣ ਲਈ ਪ੍ਰਤੀਨਿਧੀ ਨਾਲ ਗੱਲਬਾਤ ਕੀਤੀ।

## ਸ਼ਹੀਦ ਭਗਤ ਸਿੰਘ ਦੇ ਜਨਮ ਦਿਵਸ ਮੌਕੇ ਨੌਜਵਾਨ, ਵਿਦਿਆਰਥੀਆਂ ਨੇ ਕੱਢੀ ਮੋਟਰਸਾਇਕਲ ਰੈਲੀ

**ਫਿਲੌਰ, (ਹਰਜਿੰਦਰ ਕੌਰ ਚਾਹਲ)**

ਸ਼ਹੀਦ ਭਗਤ ਸਿੰਘ ਦੇ ਜਨਮ 118ਵੇਂ ਦਿਵਸ ਮੌਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਅਤੇ ਪੰਜਾਬ ਸਟੂਡੈਂਟਸ ਫੈਡਰੇਸ਼ਨ ਵੱਲੋਂ ਵਿਸ਼ਾਲ ਮੋਟਰ ਸਾਇਕਲ ਰੈਲੀ ਕੱਢੀ ਗਈ, ਜਿਸ ਵਿਚ ਵੱਖ ਵੱਖ ਪਿੰਡਾਂ ਤੋਂ ਆਏ ਨੌਜਵਾਨਾ ਨੇ ਭਗਤ ਸਿੰਘ ਨੂੰ ਯਾਦ ਕਰਦਿਆਂ ਫ਼ਿਰਕਾਪ੍ਰਸਤੀ, ਬੇਰੁਜਗਾਰੀ, ਨਸ਼ਿਆਂ, ਅਨਪੜ੍ਹਤਾ, ਦਲਿਤਾਂ ਤੇ ਔਰਤਾਂ ਉੱਪਰ ਹੋ ਰਹੇ ਅਤਿਆਚਾਰ ਖ਼ਿਲਾਫ਼ ਲੜਾਈ ਜਾਰੀ ਰੱਖਣ ਦਾ ਅਹਿਦ ਲਿਆ। ਜ਼ਿਕਰਯੋਗ ਹੈ ਕਿ ਇਹ ਰੈਲੀ ਫ਼ਿਲੌਰ ਤੋਂ ਹੁੰਦੀ ਹੋਈ ਗੁਰਾਇਆ ਅਤੇ ਫਿਰ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਨੂੰ ਰਵਾਨਾ ਹੋਈ। ਨੌਜਵਾਨਾ ਦੇ ਇਸ ਮੋਟਸਾਈਕਲਾਂ ਮਾਰਚ ਦੀ ਅਗਵਾਈ ਮੱਖਣ ਸੰਗਰਾਮੀ, ਸੁਨੀਲ ਭੈਣੀ, ਗਗਨਦੀਪ ਗੱਗਾ, ਓਂਕਾਰ ਬਿਰਦੀ ਨੇ ਕੀਤੀ। ਇਸ ਮੌਕੇ ਨੌਜਵਾਨਾ ਨੂੰ ਸੰਬੋਧਨ ਕਰਦਿਆ ਸਭਾ ਦੇ ਸੂਬਾਈ ਆਗੂ ਅਜੈ ਫ਼ਿਲੌਰ, ਗੁਰਦੀਪ ਗੋਗੀ ਨੇ ਭਗਤ ਸਿੰਘ ਦੀ ਵਿਚਾਰਧਾਰਾ ਨੂੰ ਘਰ ਘਰ ਪਹੁੰਚਾਉਣ ਦੀ ਅਪੀਲ ਕੀਤੀ ਅਤੇ ਭਗਤ ਸਿੰਘ ਵਲੋ ਸਾਮਰਾਜਵਾਦ ਖ਼ਿਲਾਫ਼ ਸ਼ੁਰੂ ਕੀਤੀ ਲੜਾਈ ਨੂੰ ਤੇਜ਼ ਕਰਨ ਲਈ ਨੌਜਵਾਨਾ ਨੂੰ ਲਾਮਬੰਦ ਹੋਣ ਦਾ ਸੁਨੇਹਾ ਦਿੱਤਾ। ਉਨ੍ਹਾਂ ਅੱਗੇ ਕਿਹਾ ਕਿ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਤੋਂ ਬਚਾਉਣ ਲਈ ਸ਼ਹੀਦਾਂ ਦੇ ਵਿਚਾਰਾਂ ਨਾਲ ਜੁੜਨਾਂ ਸਮੇਂ ਦੀ ਮੁੱਖ ਲੋੜ ਹੈ। ਸਿੱਖਿਆ ਦਾ ਵਪਾਰੀਕਰਨ ਕਰਕੇ ਸਿੱਖਿਆ ਅਮੀਰ ਲੋਕਾਂ ਲਈ ਰਾਖਵੀਂ ਕੀਤੀ ਜਾ ਰਹੀ ਹੈ ਅਤੇ ਗਰੀਬ ਬੱਚਿਆ ਨੂੰ ਸਿੱਖਿਆ ਪ੍ਰਾਪਤ ਕਰਨ ਦੇ ਅਧਿਕਾਰ ਤੋਂ ਦੂਰ ਰੱਖਿਆ ਜਾ ਰਿਹਾ ਹੈ । ਜਿਸ ਦੇ ਖਿਲਾਫ ਨੌਜਵਾਨਾਂ ਨੂੰ ਲਾਮਬੰਦ ਹੋ ਕੇ ਸੰਘਰਸ਼ ਕਰਨਾ ਸਮੇਂ ਦੀ ਅਹਿਮ ਜਰੂਰਤ ਹੈ। ਇਸ ਮੌਕੇ, ਸਨੀ ਜੱਸਲ, ਰਿੱਕੀ, ਓਂਕਾਰ ਬਿਰਦੀ, ਰਸ਼ਪਾਲ ਬਿਰਦੀ ਪਾਰਸ ਫ਼ਿਲੌਰ, ਸੰਦੀਪ ਸਿੰਘ, ਤਰਜਿੰਦਰ ਧਾਲੀਵਾਲ, ਜਸਪ੍ਰੀਤ ਸਿੰਘ, ਰਮਨ ਸਿੰਘ ਆਦਿ ਨੌਜਵਾਨ ਹਾਜ਼ਰ ਸਨ।



## ਸ਼ਹੀਦ ਭਗਤ ਸਿੰਘ ਦੇ ਜਨਮ ਦਿਵਸ ਮੌਕੇ 'ਇਨਕਲਾਬੀ ਸਟੂਡੈਂਟਸ ਫੈਡਰੇਸ਼ਨ' ਦਾ ਗਠਨ




**ਫਿਲੌਰ (ਨਿਰਮਲ)**

ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਤੇਹਿੰਗ ਫਿਲੌਰ ਅੰਦਰ ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਮਨਾਇਆ ਗਿਆ ਤੇ ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਨੇ ਜਥੇਬੰਦੀ 'ਇਨਕਲਾਬੀ ਸਟੂਡੈਂਟਸ ਫੈਡਰੇਸ਼ਨ' ਦਾ ਗਠਨ ਕੀਤਾ ਗਿਆ । ਇਸ ਮੌਕੇ ਪ੍ਰੈਸ ਨਾਲ ਗੱਲ ਬਾਤ ਕਰਦਿਆਂ ਫੈਡਰੇਸ਼ਨ ਦੀ ਟੀਮ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਵਿਚਾਰਾਂ ਦੇ ਸਮਾਜ ਦੀ ਸਿਰਜਣਾ ਕਰਨ ਲਈ ਸਾਨੂੰ ਨੌਜਵਾਨਾਂ ਨੂੰ ਅੱਗੇ ਆਉਣ ਦੀ ਲੋੜ ਹੈ। ਉਹਨਾ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਤੇਹਿੰਗ ਫਿਲੌਰ ਦੇ ਵਿਦਿਆਰਥੀ ਕਾਲਜ ਦੀ ਬਿਹਤਰੀ ਲਈ ਆਪਣਾ ਯੋਗਦਾਨ ਪਾਉਣਗੇ ।ਉਹਨਾ ਕਿਹਾ ਕਿ ਸਾਡੇ ਕੋਲ ਗੁਰੂਆਂ ਪੀਰਾਂ, ਸ਼ਹੀਦਾਂ ਦਾ, ਗਦਰੀ ਬਾਬਿਆਂ ਦਾ ਮਹਾਨ ਵਿਰਸਾ ਹੈ। ਇਸ ਵਿਰਸੇ ਨੂੰ ਸੰਭਾਲਣ ਦੀ ਲੋੜ ਹੈ। ਸ਼ਹੀਦਾਂ ਦੇ ਦਿਨ ਮਨਾਉਣੇ ਚਾਹੀਦੇ ਹਨ । ਵਿਦਿਆਰਥੀ ਆਗੂਆਂ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਮੌਕੇ ਜਥੇਬੰਦੀ ਦਾ ਗਠਨ ਕੀਤਾ ਗਿਆ ਜੋ ਕਿ ਸਾਡੇ ਲਈ ਬਹੁਤ ਮਾਣ ਵਾਲੀ ਗੱਲ ਹੈ। ਆਉਣ ਵਾਲੇ ਸਮੇ ਵਿੱਚ ਇਨਕਲਾਬੀ ਸਟੂਡੈਂਟਸ ਫੈਡਰੇਸ਼ਨ ਦੇ ਹੋਰ ਕਾਲਜਾਂ ਅੰਦਰ ਵੀ ਯੂਨਿਟ ਸਥਾਪਿਤ ਕੀਤੇ ਜਾਣਗੇ । ਇਸ ਮੌਕੇ ਪਰਸ਼ੋਤਮ ਸਿੰਘ, ਅਨੂ ਸੰਭਰਵਾਲ, ਅਨੀਤਾ ਰਾਣੀ, ਸਿਮਰਨ ਕੌਰ, ਅਕਾਸ਼ ਸੰਧੂ, ਪੰਕਜ ਬੈਂਸ, ਗੁਰਪ੍ਰੀਤ ਸਿੰਘ, ਗੁਰਜੋਤ, ਜਸਪ੍ਰੀਤ ਸਿੰਘ, ਹਰਮਨ, ਪਰਮਵੀਰ ਭੰਡਾਲ, ਲਵਪ੍ਰੀਤ ਕੌਰ, ਪਰਮਿੰਦਰ, ਜਸਪ੍ਰੀਤ ਕੌਰ ਤੇ ਹੋਰ ਵਿਦਿਆਰਥੀ ਸ਼ਾਮਲ ਸਨ।

## ਜਨਮ ਦਿਨ 'ਤੇ ਰਿਸ਼ਤੇਦਾਰਾਂ ਨੂੰ ਸ਼ਗਨ ਦੇ ਤੌਰ 'ਤੇ ਕਿਤਾਬਾਂ ਦਿੱਤੀਆਂ

**ਬੰਗਾ (ਅਵਤਾਰ ਕਲੇਰ)**

ਸਾਡੇ ਸਮਾਜ ਅੰਦਰ ਖੁਸ਼ੀ ਗਮੀ ਦੇ ਮੌਕਿਆਂ ਤੇ ਕੱਪੜੇ ਅਤੇ ਹੋਰ ਵਸਤਾਂ ਦੇਣ ਦੀ ਰਸਮ ਪ੍ਰਚਲਿਤ ਹੈ। ਸਾਡੀ ਸੋਚ ਨੂੰ ਉਲਝਾ ਕੇ ਰੱਖ ਦਿੱਤਾ ਹੈ। ਲੋਕ ਨਾ ਚਾਹੁੰਦੇ ਹੋਏ ਵੀ ਮਜਬੂਰਨ ਕਈ ਨਵੇਂ ਰਸਮਾਂ, ਰਿਵਾਜਾਂ ਵਿੱਚ ਫਸ ਕੇ ਰਹਿ ਗਏ ਹਨ। ਅਜਿਹੇ ਮਾਹੌਲ ਦੇ ਚੱਲਦਿਆਂ ਵੀ ਕੁੱਝ ਲੋਕ ਨਵੀਆਂ ਪਿਰਤਾਂ ਪਾ ਰਹੇ ਹਨ। ਸਮਾਜ ਨੂੰ ਸੇਧ ਦੇਣ ਲਈ ਲੀਕ ਤੋਂ ਹਟ ਕੇ ਕਾਰਜ ਕਰ ਰਹੇ ਹਨ। ਜਿਸ ਨਾਲ ਸਮਾਜ ਵਿੱਚ ਚੇਤਨਾ ਦੇ ਪੱਧਰ ਵਿੱਚ ਵਾਧਾ ਹੋਵੇ ਅਤੇ ਲੋਕ ਨਿੱਤ ਦੇ ਮਸਲਿਆਂ ਦੇ ਕਾਰਨਾਂ ਦੇ ਸਨਮੁੱਖ ਹੋਣ। ਆਲੇ ਦੁਆਲੇ ਵਾਪਰ ਰਹੀਆਂ ਘਟਨਾਵਾਂ ਪ੍ਰਤੀ ਵਿਗਿਆਨਕ ਦ੍ਰਿਸ਼ਟੀਕੋਣ ਅਪਣਾਉਣ ਦੇ ਯੋਗ ਹੋ ਜਾਣ। ਅਜਿਹੇ ਯਤਨਾਂ ਤਹਿਤ ਇੰਜ. ਜਸਵੀਰ ਸਿੰਘ ਮੋਰੋਂ ਵਲੋਂ ਆਪਣੇ ਦੋਹਤੇ ਪ੍ਰਭ ਦੀਦਾਰ ਦੇ ਜਨਮ ਸੰਬੰਧੀ ਕਰਵਾਏ ਗਏ ਸਮਾਗਮ ਦੌਰਾਨ ਆਏ ਹੋਏ ਰਿਸ਼ਤੇਦਾਰਾਂ ਨੂੰ ਸ਼ਗਨ ਦੇ ਤੌਰ ਤੇ ਕਿਤਾਬਾਂ ਦੇ ਕੇ ਸਨਮਾਨਤ ਕੀਤਾ। ਇਹ ਸਮਾਗਮ ਧੰਨਾ ਰਾਮ ਪਾਲ ਦੇ ਸਮੂਹ ਪਰਵਾਰ ਵਲੋਂ ਆਯੋਜਤ ਕੀਤਾ ਗਿਆ। ਇਸ ਸਮਾਗਮ ਵਿੱਚ ਚਰਨ ਦਾਸ, ਇੰਜ ਪਰਮਜੀਤ, ਹਰਮੇਸ਼ ਸਿੰਘ ਰਵਿੰਦਰ ਰਵੀ, ਤਰਸੇਮ ਲਾਲ, ਸੁੱਖ ਚੰਦ, ਰਵਿੰਦਰ ਕੁਮਾਰ, ਸਾਬਕਾ ਸਰਪੰਚ ਸਿਮਰਪਾਲ, ਰੇਸ਼ਮ ਕੌਰ,ਆਸ਼ਾ ਰਾਣੀ, ਅਨੀਤਾ,ਮਧੂ ਬਾਲਾ,ਜੋਤੀ ਪਾਲ, ਮਨਪ੍ਰੀਤ ਕੌਰ, ਰੇਸ਼ਮ ਸਿੰਘ, ਬਰਿਜ ਲਾਲ, ਮਾਸਟਰ ਅਵਤਾਰ ਆਦਿ ਵਿਸ਼ੇਸ਼ ਤੌਰ ਸ਼ਾਮਿਲ ਹੋਏ। ਕਿਤਾਬਾਂ ਦਾ ਸ਼ਗਨ ਮਿਲਣ ਤੇ ਹੋਈ ਹੈਰਾਨੀ ਅਤੇ ਖੁਸ਼ੀ ਚਰਚਾ ਵਿੱਚ ਤਬਦੀਲ ਹੋ ਗਈ। ਇਸ ਕਾਰਜ ਦੀ ਸਭਨਾਂ ਵਲੋਂ ਸ਼ਲਾਘਾ ਕੀਤੀ ਗਈ।



## 35 ਪਰਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਆਮ ਆਦਮੀ ਪਾਰਟੀ ਨੂੰ ਇੱਥੇ ਵਾਰਡ ਨੰਬਰ 6 ਵਿੱਚ ਉਸ ਵੇਲੇ ਹੋਰ ਤਾਕਤ ਮਿਲੀ ਜਦੋਂ ਇੱਥੇ ਕੋਈ 35 ਪਰਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ ਜਿਨਾਂ ਦੇ ਵਿੱਚ ਅਮਨਦੀਪ ਬੱਗਾ, ਕਮਲਜੀਤ ਲੰਗਾਹ, ਅਮਰਜੀਤ ਲੰਗਾਹ ਫਰੋਦ ਲੰਗਾਹ, ਗੋਪਾਲ, ਹੈਰੀ, ਮੋਹਨ ਲਾਲ, ਜੀਵਨਪਾਲ, ਜੋਗਿੰਦਰ ਪਾਲ, ਮਹਿੰਦਰ ਪਾਲ, ਮਹਿੰਦਰ ਕੁਮਾਰ ਤੇ ਇਹਨਾਂ ਦੇ ਨਾਲ ਹੋਰ ਬਹੁਤ ਸਾਰੇ ਇਹਨਾਂ ਦੇ ਪਰਵਾਰ ਸ਼ਾਮਿਲ ਹੋਇਆ ਹਨ। ਇਹ ਸ਼ਮੂਲੀਅਤ ਰਾਕੇਸ਼ ਕੁਮਾਰ ਰਿੰਕੂ ਦੇ ਯਤਨਾ ਸਦਕਾ ਹੋਈ ਦਸਿਆ ਗਿਆ ਹੈ। ਇਸ ਮੌਕੇ ਤੇ ਮਾਰਕੀਟ ਕਮੇਟੀ ਨੂਰਮਹਿਲ ਦੇ ਚੇਅਰਮੈਨ ਲਖਬੀਰ ਸਿੰਘ ਸ਼ੀਰ ਉਪਲ, ਹਲਕਾ ਕੋਡੀਨੇਟਰ ਯੂਥ ਵਿੰਗ ਰਜਨੀਸ਼ ਬੱਬਰ, ਹਲਕਾ ਕੋਆਰਡੀਨੇਟਰ ਐਸ ਸੀ ਵਿੰਗ, ਪ੍ਰੇਮ ਕੁਮਾਰ ਰਾਜੂ ਉੱਪਲ,ਐਮਸੀ ਰਾਜਾ ਮਿਸਰ, ਪ੍ਰਮੋਦ ਸੇਖੜੀ, ਦਵਿੰਦਰ ਸੰਧੂ ਬਲਾਕ ਪ੍ਰਧਾਨ, ਸ਼ਾਲੂ ਤਕਿਆਰ, ਗੱਗੀ ਮਹਿਨ, ਰਾਕੇਸ਼ ਸ਼ਰਮਾ, ਸੰਜੀਵ ਸੂਦ, ਸੁਖਦੇਵ ਲੰਗਾਹ, ਸੰਦੀਪ ਬੱਤਰਾ, ਸੈਂਚੂ ਵੱਧਵਾ, ਸੁਮਨ ਰਾਣੀ ਨਰਿੰਦਰ ਕੌਰ, ਸੋਨੂ, ਮਿੱਤੂ, ਜਸਬੀਰ ਸਿੰਘ ਧੰਜਲ ਸੰਗਠਨ ਇੰਚਾਰਜ ਹਲਕਾ ਨਕੋਦਰ ਮੌਜੂਦ ਸੀ। ਜ਼ਿਕਰਯੋਗ ਹੈ ਕਿ ਪਾਰਟੀ ਵੱਲੋ ਰਾਕੇਸ਼ ਕੁਮਾਰ ਰਿੰਕੂ ਨੂੰ ਨੂਰਮਹਿਲ ਸ਼ਹਿਰੀ ਪ੍ਰਧਾਨ ਜਲਦ ਐਲਾਨਿਆ ਜਾ ਰਿਹਾ ਹੈ।

## ਜਗਦੀਪ ਸਿੰਘ ਮਾਂਗਟ ਦੇ ਪਿਤਾ ਦੀ ਮੌਤ 'ਤੇ ਪ ਸ ਸ ਫ ਵੱਲੋਂ ਦੁੱਖ ਦਾ ਪ੍ਰਗਟਾਵਾ

**ਜਲੰਧਰ, (ਨ ਜ ਸ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਪ੍ਰੇਸ ਬਿਆਨ ਰਾਹੀਂ ਪ ਸ ਸ ਫ ਦੇ ਸੂਬਾ ਫੈਡਰਲ ਕੌਂਸਲ ਮੈਂਬਰ ਅਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਜਨਰਲ ਸਕੱਤਰ ਸਾਥੀ ਜਗਦੀਪ ਸਿੰਘ ਮਾਂਗਟ ਦੇ ਪਿਤਾ ਦਲਜੀਤ ਸਿੰਘ ਮਾਂਗਟ ਦੇ ਅਚਾਨਕ ਸਦੀਵੀ ਵਿਛੋੜਾ ਦੇ ਜਾਣ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਜਾਂਦਾ ਹੈ। ਉਹਨਾਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਜੱਥੇਬੰਦੀ ਵਲੋਂ ਉਹਨਾਂ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਦੀ ਕਾਮਨਾ ਕੀਤੀ ਹੈ। ਇਸ ਮੌਕੇ ਕਰਮਜੀਤ ਬੀਹਲਾ, ਸੁਖਵਿੰਦਰ ਚਾਹਲ, ਮੱਖਣ ਵਾਹਿਦਪੁਰੀ, ਹਰਮਨਪ੍ਰੀਤ ਕੌਰ ਗਿੱਲ, ਇੰਦਰਜੀਤ ਵਿਰਦੀ, ਗੁਰਬਿੰਦਰ ਸਿੰਘ, ਜਤਿੰਦਰ ਕੁਮਾਰ, ਗੁਰਦੇਵ ਸਿੰਘ ਸਿੱਧੂ, ਕਿਸ਼ੋਰ ਚੰਦ ਗਾਜ, ਰਕੇਸ਼ ਕੁਮਾਰ ਅਮਲੋਹ, ਗੁਰਪ੍ਰੀਤ ਰੰਗੀਲਪੁਰ, ਜਸਵਿੰਦਰ ਸੋਜਾ, ਨਿਰਭੈ ਸਿੰਘ ਸ਼ੰਕਰ, ਬਲਵਿੰਦਰ ਸਿੰਘ ਭੁੱਟੋ, ਅਮਰੀਕ ਸਿੰਘ, ਚਮਕੌਰ ਸਿੰਘ ਨਾਭਾ, ਸਰਬਜੀਤ ਪੱਟੀ, ਡੂੰਮਣ ਸਿੰਘ ਕਾਠਗੜ੍ਹ, ਮਨੋਹਰ ਲਾਲ ਸ਼ਰਮਾ, ਰਜਿੰਦਰ ਰਿਆੜ, ਤਰਸੇਮ ਮਾਧੋਪੁਰੀ, ਸਿਮਰਜੀਤ ਸਿੰਘ ਬਰਾੜ, ਪੂਰਨ ਸਿੰਘ ਸੰਧੂ, ਸੁਭਾਸ਼ ਚੰਦਰ, ਮੋਹਣ ਸਿੰਘ ਪੂਨੀਆ, ਬੋਬਿੰਦਰ ਸਿੰਘ, ਅਨਿਲ ਕੁਮਾਰ, ਮਾਲਵਿੰਦਰ ਸਿੰਘ, ਪ੍ਰਭਜੀਤ ਰਸੂਲਪੁਰ, ਕੁਲਦੀਪ ਪੂਰੋਵਾਲ, ਜਸਵਿੰਦਰਪਾਲ ਕਾਂਗੜ, ਦਰਸ਼ਣ ਚੀਮਾ ਆਦਿ ਆਗੂ ਵੀ ਹਾਜ਼ਰ ਸਨ।

## ਸ਼ਹੀਦ ਭਗਤ ਸਿੰਘ ਦੇ ਜਨਮ ਦਿਨ 'ਤੇ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ ਵੱਲੋਂ ਸ਼ਰਧਾਂਜਲੀ ਭੇਟ



**ਹੁਸ਼ਿਆਰਪੁਰ ( ਓ ਪੀ ਰਾਣਾ)**- ਸ਼ਹੀਦ ਭਗਤ ਸਿੰਘ ਜਨਮ ਦਿਨ ਦੇ ਮੌਕੇ 'ਤੇ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ ਹੁਸ਼ਿਆਰਪੁਰ ਨਗਰ ਯੂਨਿਟ ਵੱਲੋਂ ਸ਼ਹੀਦ ਭਗਤ ਸਿੰਘ ਚੌਂਕ, ਹੁਸ਼ਿਆਰਪੁਰ ਵਿਖੇ ਫੁਲ ਅਰਪਿਤ ਕਰਕੇ ਮਹਾਨ ਕ੍ਰਾਂਤੀਕਾਰੀ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਦੀਪ ਚੰਦ ਨਗਰ ਅਧਿਆਕਸ਼ ਹੁਸ਼ਿਆਰਪੁਰ ਅਤੇ ਅਰਵਿੰਦ ਸ਼ਰਮਾ ਉਪ ਪ੍ਰਧਾਨ ਨੇ ਪ੍ਰੋਗਰਾਮ ਦੀ ਅਗਵਾਈ ਕੀਤੀ। ਜਲੰਧਰ ਵਿਭਾਗ ਸਹਿਯੋਜਕ ਅੰਕਿਤ ਕੁੰਦਰਾ, ਜੋ ਖੇਤਰ ਵਿੱਚ ਸੰਗਠਨਕ ਕਾਰਜਾਂ ਨੂੰ ਮਜ਼ਬੂਤ ਕਰ ਰਹੇ ਹਨ, ਖ਼ਾਸ ਤੌਰ 'ਤੇ ਮੌਜੂਦ ਰਹੇ ਅਤੇ ਕਾਰਕੁਨਾਂ ਨੂੰ ਪ੍ਰੇਰਿਤ ਕੀਤਾ। ਪਾਰਸ ਬਨੋਟਾ ਸਮੇਤ ਮੈਂਬਰ ਭਾਸਕਰ ਸ਼ਰਮਾ, ਬਿੱਟੂ ਸਿੰਘ, ਆਦਿਤਿਆ ਸ਼ਾਹ, ਵਿਸ਼ਾਲ ਤਨਵਰ, ਹਰਪ੍ਰੀਤ ਸਿੰਘ, ਪੰਕਜ, ਭਾਨੂ, ਆਯੁਸ਼ ਅਤੇ ਵੰਸ਼ ਮਨਕੋਟੀਆ ਵੀ ਹਾਜਰ ਸਨ।ਮੰਤਰੀ ਭਾਸਕਰ ਸ਼ਰਮਾ ਨੇ ਕਿਹਾ ਕਿ ਅਖਿਲ ਭਾਰਤੀ ਵਿਦਿਆਰਥੀ ਪਰਿਸ਼ਦ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ ਵਰਗੇ ਮਹਾਨ ਕ੍ਰਾਂਤੀਕਾਰੀਆਂ ਤੋਂ ਪ੍ਰੇਰਣਾ ਮਿਲਦੀ ਹੈ। ਭਗਤ ਸਿੰਘ ਦਾ ਸੁਪਨਾ ਇੱਕ ਜਾਗਰੂਕ, ਆਤਮਨਿਰਭਰ ਅਤੇ ਰਾਸ਼ਟਰੀ ਭਾਵਨਾ ਨਾਲ ਭਰਪੂਰ ਭਾਰਤ ਸੀ। ਵਿਦਿਆਰਥੀ ਪ੍ਰੀਸ਼ਦ ਉਸੇ ਵਿਚਾਰਧਾਰਾ 'ਤੇ ਚਲਦਿਆਂ ਵਿਦਿਆਰਥੀਆਂ ਵਿਚ ਕਾਰਜ ਕਰ ਰਹੀ ਹੈ।

## ਵਿਸ਼ਵ ਪੰਜਾਬੀ ਦਿਵਸ ਮਨਾਇਆ

**ਕਰਤਾਰਪੁਰ (ਹਰਮੇਸ਼ ਦੱਤ)**

ਮਹਿੰਦਰਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਿਆਲਪੁਰ ਵਿੱਚ ਬਾਬਾ ਫ਼ਰੀਦ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਵਿਸ਼ਵ ਪੰਜਾਬੀ ਦਿਵਸ ਮਨਾਇਆ ਗਿਆ ਜਿਸ ਵਿਚ ਵਿਦਿਆਰਥੀਆਂ ਨੇ ਪੰਜਾਬੀ ਭਾਸ਼ਾ ਦੀ ਮਹੱਤਤਾ ਦਰਸਾਉਂਦੇ ਹੋਏ ਕਵਿਤਾਵਾਂ ਪੇਸ਼ ਕੀਤੀਆਂ ਤੇ ਵੱਖੋ ਵੱਖਰੇ ਸਲੋਗਨ ਲਿਖੇ।ਇਸ ਦਾ ਉਦੇਸ਼ ਪੂਰੇ ਵਿਸ਼ਵ ਵਿੱਚ ਵਸਦੇ ਸਮੂਹ ਪੰਜਾਬੀਆਂ ਨੂੰ ਆਪਣੀ ਮਾਤਾ ਭਾਸ਼ਾ ਨਾਲ ਜੋੜਨਾ ਤੇ ਵਿਸ਼ਵ ਅੰਦਰ ਪੰਜਾਬੀ ਭਾਸ਼ਾ ਨੂੰ ਮਾਣ ਦੇਣਾ ਹੈ। ਪਰਮਜੀਤ ਕੌਰ ਢਾਅ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਵੇਂ ਅੱਜ ਦੇ ਸਮੇਂ ਵਿੱਚ ਸਾਡੇ ਲਈ ਸਾਰੀਆਂ ਭਾਸ਼ਾਵਾਂ ਸਿੱਖਣਾ ਜ਼ਰੂਰੀ ਹੈ ਪਰ ਸਾਨੂੰ ਆਪਣੀ ਮਾਤ ਭਾਸ਼ਾ ਪੰਜਾਬੀ ਨੂੰ ਕਦੇ ਨਹੀਂ ਭੁਲਾਉਣਾ ਚਾਹੀਦਾ। ਇਹ ਸਾਡੇ ਗੁਰੂਆਂ ਦੀ ਭਾਸ਼ਾ ਹੈ, ਇਸ ਦੇ ਵਿੱਚ ਬਾਣੀ ਰਚੀ ਗਈ ਹੈ। ਇਸ ਤੋਂ ਇਲਾਵਾ ਇਹ ਉਹ ਬੋਲੀ ਹੈ ਜੋ ਅਸੀਂ ਮਾਂ ਤੋਂ ਆਪ ਮੁਹਾਰੇ ਗ੍ਰਹਿਣ ਕਰਦੇ ਹਾਂ ਸਾਡਾ ਸਾਰਿਆਂ ਦਾ ਫ਼ਰਜ਼ ਬਣਦਾ ਹੈ ਕਿ ਆਪਣੀ ਮਾਤ ਭਾਸ਼ਾ ਪੰਜਾਬੀ ਨੂੰ ਵਿਸ਼ਵ ਅੰਦਰ ਮਾਣ ਦਈਏ ਤੇ ਹਰ ਸਾਲ 23 ਸਤੰਬਰ ਨੂੰ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਈਏ ।ਇਸ ਤੋਂ ਇਲਾਵਾ ਪਰਮਜੀਤ ਕੌਰ ਕਾਹਲੋਂ ਨੇ ਵੀ ਵਿਦਿਆਰਥੀਆਂ ਨੂੰ ਮਾਤ ਭਾਸ਼ਾ ਦੀ ਮਹੱਤਤਾ ਬਾਰੇ ਦੱਸਦਿਆਂ ਪੰਜਾਬੀ ਬੋਲਣ ਤੇ ਪੰਜਾਬੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਮੂਹ ਸਕੂਲ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।



## ਲੋੜਵੰਦ ਵਿਅਕਤੀਆਂ ਨੂੰ ਦੰਦਾਂ ਦੇ ਡੈਂਚਰ ਦਿੱਤੇ



**ਜੇਜੋ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਡੇਰਾ ਲੋਹ ਲੰਗਰ ਗੁਰਦੁਆਰਾ ਸੁਸਾਇਟੀ ਪਿੰਡ ਨੰਗਲ ਖੁਰਦ ਵੱਲੋਂ ਲੋੜਵੰਦ ਮਰੀਜ਼ਾਂ ਨੂੰ ਦੰਦਾਂ ਦੇ ਡੈਂਚਰ ਵੰਡੇ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਵਿਕਰਮਜੀਤ ਸਿੰਘ ਨੇ ਦੱਸਿਆ ਕਿ ਡੇਰਾ ਬਿਸ਼ਨਪੁਰੀ ਨੰਗਲ ਖੁਰਦ ਵਿਖੇ ਹਰ ਸ਼ਨੀਵਾਰ ਨੂੰ ਸ਼ਾਮੀ 3 ਤੋਂ 5 ਵਜੇ ਤੱਕ ਡਾਕਟਰ ਵਰੁਨ ਸਹੋਤਾ ਅਤੇ ਡਾਕਟਰ ਪਰਮਿੰਦਰ ਕੌਰ ਵਿਸ਼ੇਸ਼ ਤੌਰ 'ਤੇ ਪਹੁੰਚਦੇ ਹਨ। ਇਸ ਮੌਕੇ ਮਰੀਜ਼ਾਂ ਦੀਆ ਦੰਦਾਂ, ਸਕਿਨ ਅਤੇ ਹੋਰ ਬਿਮਾਰੀਆਂ ਦਾ ਚੈੱਕ ਕਰਕੇ ਮੁਫਤ ਦਵਾਈ ਦਿਤੀ ਜਾਂਦੀ ਹੈ। ਸੰਤ ਵਿਕਰਮਜੀਤ ਸਿੰਘ ਨੇ ਦੱਸਿਆ ਕਿ ਸੁਸਾਇਟੀ ਦੇ ਮੈਂਬਰ ਸੁਸਾਇਟੀ ਦੇ ਕੰਮਕਾਰ ਨੂੰ ਹੋਰ ਵੀ ਉਸਾਰੂ ਢੰਗ ਨਾਲ ਚਲਾਉਣ ਲਈ ਹਰ ਤਰ੍ਹਾਂ ਦੇ ਉਪਰਾਲੇ ਕਰਦੇ ਰਹਿੰਦੇ ਹਨ।

## ਹੜ੍ਹ ਪੀੜਤਾਂ ਦੀ ਸਹਾਇਤਾ ਲਈ ਫੰਡ ਭੇਟ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਗੌਰਮੈਂਟ ਟੀਚਰ ਯੂਨੀਅਨ ਪੰਜਾਬ ਵਲੋਂ ਇੱਕ ਪਹਿਲ ਕੀਤੀ ਗਈ ਜਿਸ ਵਿੱਚ ਰੂਪਨਗਰ ਇਕਾਈ ਵੱਲੋਂ ਸਮੂਹ ਅਧਿਆਪਕਾਂ ਦੇ ਸਹਿਯੋਗ ਨਾਲ ਹੜ ਪੀੜਤਾਂ ਦੀ ਸਹਾਇਤਾ ਲਈ ਫੰਡ ਇਕੱਠਾ ਕੀਤਾ ਗਿਆ ਜਿਸ ਵਿੱਚ ਸਮੂਹ ਅਧਿਆਪਕਾਂ ਵੱਲੋਂ ਵੱਧ ਚੜ ਕੇ ਯੋਗਦਾਨ ਪਾਇਆ ਗਿਆ। ਇਸ ਇਕੱਤਰ ਰਾਸ਼ੀ ਨਾਲ ਪਿਛਲੇ ਦਿਨੀ ਬੁੰਗਾ ਸਾਹਿਬ ਵਿਖੇ ਨੁਕਸਾਨੇ ਗਏ ਘਰਾਂ ਦੇ ਮਾਲਕਾਂ ਨੂੰ ਸਹਾਇਤਾ ਦਿੱਤੀ ਗਈ। ਉਸੇ ਲੜੀ ਵਿੱਚ ਗੁਰਦੁਆਰਾ ਸ੍ਰੀ ਅਨੰਦਗੜ੍ਹ ਸਾਹਿਬ ਅਨੰਦਪੁਰ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਸਤਨਾਮ ਸਿੰਘ ਨੂੰ ਇਕ ਲੱਖ ਰੁਪਏ ਦੀ ਰਾਸ਼ੀ ਭੇਟ ਕੀਤੀ ਗਈ ਤਾਂ ਜੋ ਬਾਬਾ ਜੀ ਦੁਆਰਾ ਜਿਹੜਾ ਸੇਵਾ ਦਾ ਕੰਮ ਚਲਾਇਆ ਜਾ ਰਿਹਾ ਉਸ ਵਿੱਚ ਯੋਗਦਾਨ ਪਾਇਆ ਜਾ ਸਕੇ। ਬਾਬਾ ਸਤਨਾਮ ਸਿੰਘ ਹੜ੍ਹ ਪੀੜਤਾਂ ਲਈ ਵੱਡੇ ਪੱਧਰ ਤੇ ਕੰਮ ਕਰ ਰਹੇ ਹਨ। ਇਸ ਲਈ ਉਨ੍ਹਾਂ ਨੂੰ ਸਹਾਇਤਾ ਰਾਸ਼ੀ ਦਿੱਤੀ ਗਈ। ਇਸ ਮੌਕੇ ਗੁਰਬਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ, ਪ੍ਰਿੰਸੀਪਲ ਸ਼ਰਨਜੀਤ ਸਿੰਘ, ਪ੍ਰਿੰਸੀਪਲ ਜਗਤਾਰ ਸਿੰਘ, ਪ੍ਰਿੰਸੀਪਲ ਰਕੇਸ਼ ਮੋਹਣ ਸ਼ਰਮਾ, ਕੁਲਦੀਪ ਗਿੱਲ, ਅਵਨੀਤ ਚੱਡਾ, ਸੰਜੀਵ ਸੋਨੀ, ਸੰਜੀਵ ਮੋਠਾਪੁਰ, ਕਮਲ ਸਹਿਗਲ, ਵਿਕਾਸ, ਸੋਨੀ, ਗੁਰਚਰਨ, ਅਨੰਦਪੁਰ ਕੇਸਰ ਸਿੰਘ, ਸਰਬਜੀਤ ਸਿੰਘ, ਹਰਮੇਸ਼ ਸੈਨੀ ਸੁਰਿੰਦਰ ਪਾਲ ਸਤਬੀਰ ਸਿੰਘ ਗੁਲਜ਼ਾਰ ਰਾਣਾ,ਹਰਮੀਤ ਸਿੰਘ ਸੈਂਟਰ ਹੈਡ,ਯੋਗਰਾਜ , ਸੋਮਨਾਥ, ਜਸਕਰਨ ਸਿੰਘ, ਮੈਡਮ ਕੁਲਜਿੰਦਰ ਕੌਰ ਅਤੇ ਹੋਰ ਸਾਥੀ ਸ਼ਾਮਿਲ ਸਨ। ਇਸ ਮੌਕੇ ਬਾਬਾ ਸਤਨਾਮ ਸਿੰਘ ਵੱਲੋ ਸਾਰੇ ਸਾਥੀਆਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਦੀ ਬਖਸ਼ਿਸ਼ ਕੀਤੀ।





## ਖਟਕੜ ਕਲਾਂ ਵਿਖੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਜ਼ਿਲ੍ਹਾ ਲੀਡਰਸ਼ਿਪ ਹੋਈ ਨਤਮਸਤਕ

**ਬੰਗਾ (ਅਵਤਾਰ ਕਲੇਰ)**-ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਦੇ 118ਵੇਂ ਜਨਮ ਦਿਨ ਤੇ ਖਟਕੜ ਕਲਾਂ ਵਿਖੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜ਼ਿਲ੍ਹਾ ਜਥੇਦਾਰ ਸੁਖਦੀਪ ਸਿੰਘ ਦੀ ਅਗਵਾਈ ਹੇਠ ਜ਼ਿਲ੍ਹੇ ਦੀ ਲੀਡਰਸ਼ਿਪ ਅਤੇ ਪਾਰਟੀ ਵਰਕਰ ਨਤਮਸਤਕ ਹੋਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਖਦੀਪ ਸਿੰਘ ਸ਼ੁਕਾਰ ਨੇ ਕਿਹਾ ਕਿ ਦੇਸ਼ ਨੂੰ ਆਜ਼ਾਦ ਕਰਾਉਣ ਲਈ ਭਗਤ ਸਿੰਘ ਅਤੇ ਉਸ ਦੇ ਸਾਥੀਆਂ ਅਤੇ ਅਕਾਲੀਆਂ ਨੇ ਕੁਰਬਾਨੀਆਂ ਦਿੱਤੀਆਂ ਅਤੇ ਸਾਡਾ ਦੇਸ਼ ਅਜ਼ਾਦ ਹੋਇਆ। ਆਜ਼ਾਦੀ ਤੋਂ ਬਾਅਦ ਪੰਜਾਬੀਅਤ ਲਈ,ਪੰਜਾਬ ਮਾਂ ਬੋਲੀ ਅਤੇ ਸਿੱਖੀ ਲਈ ਪ੍ਰਕਾਸ਼ ਸਿੰਘ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨੇ ਤਸੀਹੇ ਝੱਲੇ,ਜੇਲਾ ਕੱਟੀਆਂ ਅਤੇ ਕੁਰਬਾਨੀਆਂ ਦਿੱਤੀਆਂ। ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ 'ਚ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਅਗਵਾਈ ਵਾਲੀ ਸਰਕਾਰ ਬਣੇਗੀ। ਇਸ ਮੌਕੇ ਸੁਖਦੀਪ ਸਿੰਘ, ਸਤਨਾਮ ਸਿੰਘ ਲਾਦੀਆਂ, ਧਰਮਿੰਦਰ ਸਿੰਘ ਨੰਬਰਦਾਰ ਮੰਢਾਲੀ, ਨਵਦੀਪ ਸਿੰਘ ਅਨੋਖਰਵਾਲ,ਜੀਤ ਭਾਟੀਆ ਐਮ ਸੀ ਬੰਗਾ, ਗੁਰਿੰਦਰ ਸਿੰਘ ਚੱਕ ਮੰਡੇਰ, ਜਸਵਿੰਦਰ ਸਿੰਘ ਮਾਨ, ਸੁਰਜੀਤ ਸਿੰਘ ਮਾਂਗਟ, ਬਲਵੰਤ ਸਿੰਘ ਕਟਾਰੀਆ, ਪ੍ਰਿਤਪਾਲ ਸਿੰਘ ਮੁੰਨਾ ਆਦਿ ਹਾਜ਼ਰ ਸਨ।

## ਪੇਂਡੂ ਮਜ਼ਦੂਰ ਯੂਨੀਅਨ ਦੀ ਮੀਟਿੰਗ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਪੇਂਡੂ ਮਜ਼ਦੂਰ ਯੂਨੀਅਨ ਇਲਾਕਾ ਨੂਰਮਹਿਲ ਦੀ ਇੱਕ ਮੀਟਿੰਗ ਸਾਥੀ ਚੰਨਣ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੀਟਿੰਗ ਵਿੱਚ ਹੜ੍ਹ ਪੀੜਿਤ ਲੋਕਾਂ ਨਾਲ ਹਮਦਰਦੀ ਪ੍ਰਗਟ ਕੀਤੀ ਗਈ। ਹੜ੍ਹਾਂ ਕਾਰਨ ਲੋਕਾਂ ਦਾ ਲੱਖਾਂ ਦਾ ਨੁਕਸਾਨ ਹੋ ਗਿਆ, ਬਹੁਤ ਸਾਰੀਆਂ ਕੀਮਤੀ ਜਾਨਾਂ ਵੀ ਚਲੇ ਗਈਆਂ। ਫਸਲਾਂ ਤਬਾਹ ਹੋ ਗਈਆਂ, ਮਾਲ ਡੰਗਰ ਅਤੇ ਕੀਮਤੀ ਸਮਾਨ ਪਾਣੀ ਵਿੱਚ ਰੁੜ ਗਿਆ। ਇਸ ਤਰਾਂ ਦੀਆਂ ਆਫਤਾਂ ਦਾ ਪਹਿਲਾ ਕੋਈ ਵੀ ਪ੍ਰਬੰਧ ਨਹੀਂ ਕੀਤਾ ਗਿਆ। ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੰਚ ਵੱਲੋਂ ਪੀੜਿਤ ਪਰਵਾਰਾਂ ਲਈ ਯੋਗ ਮੁਆਵਜ਼ੇ ਲਈ ਐਸ ਡੀ ਐਮ ਅਤੇ ਡੀ ਸੀ ਦਫਤਰਾਂ ਮੂਹਰੇ ਧਰਨੇ ਪ੍ਰਦਰਸ਼ਨ ਕਰਕੇ ਮੁੱਖ ਮੰਤਰੀ ਤੇ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਭੇਜੇ ਗਏ। ਧਰਨੇ ਪ੍ਰਦਰਸ਼ਨਾਂ ਦੀ ਬਦੌਲਤ ਸਰਕਾਰਾਂ ਵੱਲੋ ਜੋ ਮੁਆਵਜਾ ਦੇਣ ਦਾ ਐਲਾਨ ਵੀ ਕੀਤਾ ਹੈ ਬਹੁਤ ਹੀ ਘੱਟ ਹੈ । ਮਜ਼ਦੂਰਾਂ ਦੇ ਢੱਠੇ ਮਕਾਨਾ ਦੀ ਅਜੇ ਤੱਕ ਸਹੀ ਢੰਗ ਨਾਲ ਕੋਈ ਵੈਰੀਫਿਕੇਸ਼ਨ ਹੀ ਕਰਨ ਲਈ ਨਹੀਂ ਆਇਆ। ਗਰੀਬ ਲੋਕ ਦਫਤਰਾਂ ਦੇ ਚੱਕਰ ਕੱਟ ਰਹੇ ਹਨ। ਪੇਂਡੂ ਮਜਦੂਰ ਯੂਨੀਅਨ ਵੱਲੋਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਹੈ ਕਿ ਅਗਰ ਸਰਕਾਰ ਨੇ ਯੋਗ ਮੁਆਵਜਾ ਨਾ ਦਿੱਤਾ, ਵੈਰੀਫਿਕੇਸ਼ਨ ਕਰਨ ਵਿੱਚ ਦੇਰੀ ਕੀਤੀ, ਨੁਕਸਾਨੇ ਗਏ ਘਰਾਂ ਦੀਆਂ ਦਰਖ਼ਾਸਤਾਂ ਲੈਣ ਵਿੱਚ ਆਨਾ ਕਾਨੀ ਕੀਤੀ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸਾਥੀ ਹੰਸ ਰਾਜ ਪੱਬਵਾਂ ਵੀ ਸ਼ਾਮਿਲ ਹੋਏ।



## ਲਿਵਾਸਾ ਹਸਪਤਾਲ ਵੱਲੋਂ ਵਾਕਥਾਨ ਦਾ ਆਯੋਜਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਵਿਸ਼ਵ ਦਿਲ ਦਿਵਸ ਦੇ ਮੌਕੇ 'ਤੇ ਲਿਵਾਸਾ ਹਸਪਤਾਲ ਹੁਸ਼ਿਆਰਪੁਰ ਵੱਲੋਂ ਇਕ ਵਿਸ਼ਾਲ ਵਾਕਥਾਨ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸ਼ਹਿਰ ਭਰ ਤੋਂ 300 ਤੋਂ ਵੱਧ ਹਿੱਸੇਦਾਰਾਂ ਨੇ ਭਾਗ ਲਿਆ। ਹਿੱਸੇਦਾਰਾਂ ਵਿੱਚ ਹਸਪਤਾਲ ਦਾ ਸਟਾਫ, ਸੀਨੀਅਰ ਡਾਕਟਰ, ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਅਤੇ ਆਮ ਲੋਕ ਸ਼ਾਮਲ ਸਨ। ਇਹ ਵਾਕਥਾਨ ਲਗਭਗ 3 ਕਿਲੋਮੀਟਰ ਲੰਬਾ ਸੀ। ਜਿਸ ਦਾ ਮਕਸਦ ਲੋਕਾਂ ਵਿੱਚ ਦਿਲ ਦੀਆਂ ਬਿਮਾਰੀਆਂ ਪ੍ਰਤੀ ਜਾਗਰੂਕਤਾ ਫੈਲਾਉਣਾ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ। ਇਸ ਮੌਕੇ 'ਤੇ ਮੁੱਖ ਮਹਿਮਾਨ ਵਜੋਂ ਆਈ ਏ ਐੱਸ ਸ਼੍ਰੀਮਤੀ ਓਇਸ਼ੀ ਮੰਡਲ ਨੇ ਸ਼ਿਰਕਤ ਕੀਤੀ ਤੇ ਸਭ ਹਿੱਸੇਦਾਰਾਂ ਦਾ ਹੌਸਲਾ ਵਧਾਇਆ। ਆਪਣੇ ਸੰਦੇਸ਼ ਵਿੱਚ ਉਨ੍ਹਾਂ ਨੇ ਕਿਹਾ ਕਿ ਅੱਜ ਦੇ ਵਿਅਸਤ ਜੀਵਨ ਵਿੱਚ ਲੋਕ ਅਕਸਰ ਆਪਣੀ ਸਿਹਤ ਨੂੰ ਨਜ਼ਰ ਅੰਦਾਜ਼ ਕਰਦੇ ਹਨ। ਨਿਯਮਿਤ ਕਸਰਤ, ਸੰਤੁਲਿਤ ਖੁਰਾਕ ਅਤੇ ਤਣਾਅ-ਰਹਿਤ ਜੀਵਨ ਸ਼ੈਲੀ ਦਿਲ ਦੀਆਂ ਬਿਮਾਰੀਆਂ ਤੋਂ ਬਚਾਵ ਲਈ ਜ਼ਰੂਰੀ ਹੈ। ਉਨ੍ਹਾਂ ਨੇ ਲਿਵਾਸਾ ਹਸਪਤਾਲ ਵੱਲੋਂ ਕੀਤੇ ਜਾ ਰਹੇ ਇਸ ਯਤਨ ਦੀ ਸਰਾਹਨਾ ਕੀਤੀ।ਲਿਵਾਸਾ ਹਸਪਤਾਲ ਦੇ ਕਾਰਡੀਓਲੋਜੀ ਵਿਭਾਗ ਦੇ ਡਾਇਰੈਕਟਰ ਡਾ. ਰਵੀ ਕੁਮਾਰ ਵੀ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਭਾਰਤ ਵਿੱਚ ਜਵਾਨਾਂ ਵਿੱਚ ਦਿਲ ਦੀਆਂ ਬਿਮਾਰੀਆਂ ਤੇਜ਼ੀ ਨਾਲ ਵੱਧ ਰਹੀਆਂ ਹਨ। ਕਾਰਡੀਓਲੋਜਿਸਟ ਡਾ. ਯੋਗੇਸ਼ ਚੰਦਰ ਨੇ ਇਸ ਮੌਕੇ 'ਤੇ ਹਸਪਤਾਲ ਨੇ ਸਪੈਸ਼ਲ ਹਾਰਟ ਹੈਲਥ ਪੈਕੇਜ ਸਿਰਫ 999 'ਚ ਅਤੇ ਐਂਜੀਓਗ੍ਰਾਫੀ ਕੇਵਲ 8,000 ਵਿੱਚ ਉਪਲਬਧ ਕਰਵਾਉਣ ਦੀ ਘੋਸ਼ਣਾ ਕੀਤੀ ਹੈ। ਇਹ ਆਫਰ 15 ਅਕਤੂਬਰ ਤੱਕ ਲਾਗੂ ਰਹੇਗੀ, ਤਾਂ ਜੋ ਵੱਧ ਤੋਂ ਵੱਧ ਲੋਕ ਇਸਦਾ ਲਾਭ ਲੈ ਸਕਣ।




## ਭਗਤ ਸਿੰਘ ਦੇ ਸੁਪਨੇ ਸਾਕਾਰ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ : ਰੰਧਾਵਾ

**ਡੇਰਾਬੱਸੀ, (ਵਿਨੈ ਕੁਮਾਰ ਜੈਨ)**

ਯੂਥ ਕਲੱਬ ਪੰਜਾਬ ਦੇ ਹਲਕਾ ਡੇਰਾਬੱਸੀ ਤੋਂ ਕੋਆਰਡੀਨੇਟਰ ਪ੍ਰਤਾਪ ਸਿੰਘ ਵਿਰਕ ਦੀ ਅਗਵਾਈ ਵਿੱਚ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਡੇਰਾਬੱਸੀ ਹਲਕੇ ਦੇ ਵੱਖ-ਵੱਖ ਯੂਥ ਕਲੱਬ ਮੈਂਬਰ ਸਮੇਤ ਮੁਬਾਰਕਪੁਰ ਦੇ ਡੀ ਐਸ ਪੀ ਦਫ਼ਤਰ ਵਿਖੇ ਸਥਿਤ ਇਤਿਹਾਸਕ ਕੋਠੜੀ ਪਹੁੰਚੇ। ਇਸ ਥਾਂ 'ਤੇ ਅੰਗਰੇਜ਼ ਹਕੂਮਤ ਦੀਆਂ ਜੜ੍ਹਾਂ ਹਿਲਾਉਣ ਵਾਲੇ ਇਨਕਲਾਬੀ ਯੋਧੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਨੂੰ ਸਜ਼ਾ ਸੁਣਾਏ ਜਾਣ ਤੋਂ ਪਹਿਲਾਂ ਇੱਕ ਰਾਤ ਲਈ ਰੱਖਿਆ ਗਿਆ ਸੀ।ਸ਼ਹੀਦ-ਏ-ਆਜ਼ਮ ਦੇ 118ਵੇਂ ਜਨਮ ਦਿਨ ਮੌਕੇ ਵਿਧਾਇਕ ਰੰਧਾਵਾ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਅਸੀਂ ਅੱਜ ਜੋ ਸੁਖ-ਸ਼ਾਂਤੀ ਨਾਲ ਜੀਵਨ ਬਤੀਤ ਕਰ ਰਹੇ ਹਾਂ, ਉਹ ਬੇਅੰਤ ਇਨਕਲਾਬੀਆਂ ਦੇ ਬਲੀਦਾਨ ਅਤੇ ਕੁਰਬਾਨੀਆਂ ਦੀ ਬਦੌਲਤ ਹੈ। ਭਗਤ ਸਿੰਘ ਅਜਿਹੇ ਮਹਾਨ ਯੋਧਾ ਸਨ ਜਿਨ੍ਹਾਂ ਨੇ ਸਿਰਫ਼ 23 ਸਾਲ ਦੀ ਉਮਰ ਵਿੱਚ ਫਾਂਸੀ ਚੜ੍ਹ ਕੇ ਇਤਿਹਾਸ ਰਚਿਆ। ਉਨ੍ਹਾਂ ਦਾ ਨਾਅਰਾ ਇਨਕਲਾਬ ਜ਼ਿੰਦਾਬਾਦ ਅੱਜ ਵੀ ਹਰ ਨੌਜਵਾਨ ਨੂੰ ਪ੍ਰੇਰਿਤ ਕਰਦਾ ਹੈ।ਸ਼ਰਧਾਂਜਲੀ ਸਮਾਗਮ ਵਿੱਚ ਐਸ.ਐਚ.ਓ. ਡੇਰਾਬੱਸੀ, ਕੌਂਸਲਰ, ਸਰਪੰਚ, ਐਮ.ਸੀ. ਸਾਹਿਬਾਨ, ਆਮ ਆਦਮੀ ਪਾਰਟੀ ਦੇ ਵਰਕਰ ਅਤੇ ਹਲਕੇ ਦੇ ਵੱਖ-ਵੱਖ ਯੂਥ ਕਲੱਬਾਂ ਦੇ ਮੈਂਬਰ ਹਾਜ਼ਰ ਸਨ।ਅੰਤ ਵਿੱਚ ਸਾਰਿਆਂ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਉਨ੍ਹਾਂ ਦੇ 118ਵੇਂ ਜਨਮ ਦਿਨ ਮੌਕੇ ਸ਼ਰਧਾਂਜਲੀ ਦੇ ਫੁੱਲ ਭੇਂਟ ਕਰਕੇ ਨਮਨ ਕੀਤਾ ਗਿਆ।



## ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਨੇ ਟਰੈਕ ਐਪ ਸੰਬੰਧੀ ਗਤੀਵਿਧੀ ਮੁਕੰਮਲ ਤੌਰ 'ਤੇ ਬੰਦ ਕਰਨ ਦਾ ਕੀਤਾ ਐਲਾਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਕਈ ਵਰ੍ਹਿਆਂ ਤੋਂ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੀਆਂ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਨੇ ਸਰਕਾਰ ਦੇ ਲਾਰਿਆਂ ਤੋਂ ਦੁਖੀ ਹੋ ਕੇ ਪੋਸਟਾਂ ਨੇ ਟਰੈਕ ਐਪ ਸਬੰਧੀ ਗਤੀਵਿਧੀ ਮੁਕੰਮਲ ਤੌਰ 'ਤੇ ਬੰਦ ਕਰਨ ਦਾ ਐਲਾਨ ਕਰ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਆਂਗਨਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਜਲੰਧਰ ਸੀਟੂ ਦੇ ਜ਼ਿਲਾ ਪ੍ਰਧਾਨ ਨਿਰਲੇਪ ਕੌਰ ਤੇ ਜ਼ਿਲ੍ਹਾ ਜਨਰਲ ਸਕੱਤਰ ਕ੍ਰਿਸ਼ਨਾ ਕੁਮਾਰੀ ਨੇ ਦੱਸਿਆ ਕਿ ਆਪਣੀਆਂ ਮੰਗਾਂ ਦੀ ਖ਼ਾਤਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਕਈ ਸਾਲਾਂ ਤੋਂ ਲੰਮਾ ਸੰਘਰਸ਼ ਕਰ ਰਹੀਆਂ ਹਨ ਪ੍ਰੰਤੂ ਸਰਕਾਰਾਂ ਵੱਲੋਂ ਲਾਰਿਆਂ ਦੇ ਸਿਵਾਏ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਕੁਝ ਵੀ ਨਹੀਂ ਦਿੱਤਾ ਗਿਆ। ਉਹਨਾਂ ਦੱਸਿਆ ਕਿ ਮਾਨਯੋਗ ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਆਂਗਣਵਾੜੀ ਵਰਕਰ ਤੇ ਹੈਲਪਰ ਨੂੰ ਗ੍ਰੈਚੂਟੀ ਦੇ ਘੇਰੇ ਵਿੱਚ ਲਿਆਉਣਾ, ਪੋਸ਼ਣ ਟਰੈਕ ਉੱਤੇ ਕੰਮ ਕਰਨ ਲਈ ਮੋਬਾਈਲ ਫੋਨ ਅਤੇ ਵਾਈਫਾਈ ਦਾ ਪ੍ਰਬੰਧ ਕਰਨਾ, ਪੰਜ ਮਹੀਨੇ ਦੇ ਮਾਣ ਭੱਤੇ ਨੂੰ ਤੁਰੰਤ ਲਾਗੂ ਕਰਨਾ, ਆਂਗਣਵਾੜੀ ਵਰਕਰਾਂ ਨੂੰ ਅਪਮਾਨਜਨਕ ਸ਼ਬਦਾਵਲੀ ਦੀ ਵਰਤੋਂ ਕਰਨ ਵਾਲੇ ਅਫ਼ਸਰਾਂ ਦੇ ਖਿਲਾਫ ਕਾਰਵਾਈ ਕਰਨਾ, ਨਵੀਆਂ ਹਦਾਇਤਾਂ ਵਿੱਚ ਤਰੁੱਟੀਆਂ ਦੀ ਗੱਲਬਾਤ ਰਾਹੀਂ ਸੋਧ ਕਰਨਾ ਅਤੇ 325 ਦੇ ਕੱਟੇ ਹੋਏ ਪੈਸੇ ਏਰੀਅਰ ਬਣਾ ਕੇ ਤੁਰੰਤ ਲਾਗੂ ਕਰਨ ਵਰਗੀਆਂ ਮੰਗਾਂ ਸਰਕਾਰ ਨੇ ਠੰਡੇ ਬਸਤੇ ਵਿੱਚ ਪਾ ਕੇ ਰੱਖੀਆਂ ਹੋਈਆਂ ਹਨ ਜਿਸ ਕਰਕੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ 'ਚ ਸਰਕਾਰ ਪ੍ਰਤੀ ਰੋਸ ਹੈ।ਉਹਨਾਂ ਦੱਸਿਆ ਕਿ ਸਮੇਂ ਸਮੇਂ 'ਤੇ ਸਰਕਾਰ ਨੂੰ ਆਪਣੀਆਂ ਮੰਗਾਂ ਪ੍ਰਤੀ ਯੂਨੀਅਨ ਨੇ ਮੰਗ ਪੱਤਰ ਵੀ ਦਿੱਤੇ ਅਤੇ ਹੇਠਲੇ ਪੱਧਰ 'ਤੇ ਸੰਘਰਸ਼ ਵੀ ਕੀਤਾ, ਪ੍ਰੰਤੂ ਹਰ ਵਾਰੀ ਸਰਕਾਰ ਦੇ ਕਿਸੇ ਨੁਮਾਇੰਦੇ ਵੱਲੋਂ ਮੰਗਾਂ ਮੰਨਣ ਦਾ ਭਰੋਸਾ ਦੇ ਕੇ ਯੂਨੀਅਨ ਦੇ ਸੰਘਰਸ਼ ਨੂੰ ਤਾਰਪੀਡੋ ਕਰਨ ਦੇ ਯਤਨ ਕੀਤੇ ਗਏ। ਹੁਣ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ 29 ਸਤੰਬਰ ਤੋਂ ਮੁਕੰਮਲ ਤੌਰ 'ਤੇ ਹੜ੍ਹਤਾਲ ਕਰਨ ਅਤੇ ਪੋਸ਼ਣ ਟਰੈਕ ਪੂਰਨ ਤੌਰ 'ਤੇ ਬੰਦ ਕਰਨ ਦਾ ਫੈਸਲਾ ਕੀਤਾ ਹੈ। ਉਹਨਾਂ ਦੱਸਿਆ ਕਿ ਇਸ ਦੌਰਾਨ ਪੋਸ਼ਣ ਟਰੈਕ ਸਬੰਧੀ ਕੋਈ ਵੀ ਗਤੀਵਿਧੀ ਨਹੀਂ ਕੀਤੀ ਜਾਵੇਗੀ ਤੇ ਹੁਣ ਯੂਨੀਅਨ ਵੱਲੋਂ ਵਰਕਰਾਂ ਤੇ ਹੈਲਪਰਾਂ ਦੀਆਂ ਹੱਕੀ ਮੰਗਾਂ ਮੰਨਣ ਸਬੰਧੀ ਸਰਕਾਰ ਨੂੰ ਮਜ਼ਬੂਰ ਕਰ ਦਿੱਤਾ ਜਾਵੇਗਾ।

